19-APRIL-PAGE-1.qxd 4/18/2025 8:54 PM Page 1


ਸ਼ਨੀਵਾਰ, 19 ਅਪ੍ਰੈਲ, 2025

7 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082 }

ਜਿਲਦ/VOL. : 73

ਅੰਕ/NO. : 318

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • SATURDAY, 19 APRIL, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਧਨਖੜ ਦੇ ਕਿੰਤੂ 'ਤੇ ਸਿੱਬਲ ਦਾ ਪਰੰਤੂ
# ਰਾਸ਼ਟਰਪਤੀ ਨੂੰ ਕਮਜ਼ੋਰ ਕਰ ਕੌਣ ਰਿਹੈ?



**ਨਵੀਂ ਦਿੱਲੀ** : ਸਾਬਕਾ ਕੇਂਦਰੀ ਮੰਤਰੀ ਤੇ ਇਸ ਵੇਲੇ ਰਾਜ ਸਭਾ ਦੇ ਮੈਂਬਰ ਕਪਿਲ ਸਿੱਬਲ ਨੇ ਤਾਮਿਲਨਾਡੂ ਦੇ ਰਾਜਪਾਲ ਆਰ ਐੱਨ ਰਵੀ ਵੱਲੋਂ ਬਿੱਲਾਂ ਨੂੰ ਮਨਜ਼ੂਰੀ ਦੇਣ ਵਿੱਚ ਦੇਰੀ 'ਤੇ ਸੁਪਰੀਮ ਕੋਰਟ ਦੇ ਫੈਸਲੇ ਉੱਤੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਦੀਆਂ ਟਿੱਪਣੀਆਂ ਲਈ ਉਨ੍ਹਾ ਨੂੰ ਸ਼ੁੱਕਰਵਾਰ ਲੰਮੇ ਹੱਥੀਂ ਲੈਂਦਿਆਂ ਕਿਹਾ ਕਿ ਉਪ ਰਾਸ਼ਟਰਪਤੀ ਨੂੰ ਗਿਆਨ ਹੋਣਾ ਚਾਹੀਦਾ ਹੈ ਕਿ ਰਾਜਪਾਲ ਤੇ ਰਾਸ਼ਟਰਪਤੀ ਮੰਤਰੀ ਪ੍ਰੀਸ਼ਦ ਦੀ ਸਹਾਇਤਾ ਤੇ ਸਲਾਹ ਨਾਲ ਚੱਲਦੇ ਹਨ।

ਧਨਖੜ ਨੇ ਵੀਰਵਾਰ ਕਿਹਾ ਸੀ ਕਿ ਸੁਪਰੀਮ ਕੋਰਟ ਸੁਪਰ ਪਾਰਲੀਮੈਂਟ ਨਹੀਂ ਬਣ ਸਕਦੀ ਤੇ ਰਾਸ਼ਟਰਪਤੀ ਨੂੰ ਹਦਾਇਤਾਂ ਦੇਣੀਆਂ ਨਹੀਂ ਸ਼ੁਰੂ ਕਰ ਸਕਦੀ। (ਸੁਪਰੀਮ ਕੋਰਟ ਨੇ ਤਾਮਿਲਨਾਡੂ ਦੇ ਰਾਜਪਾਲ ਨੂੰ ਬਿੱਲ ਤਿੰਨ ਮਹੀਨਿਆਂ ਵਿੱਚ ਕਲੀਅਰ ਕਰਨ ਦੇ ਫੈਸਲੇ ਵਿੱਚ ਇਹ ਵੀ ਕਿਹਾ ਸੀ ਕਿ ਜੇ ਕੋਈ ਬਿੱਲ ਵਿਚਾਰਨ ਲਈ ਰਾਸ਼ਟਰਪਤੀ ਕੋਲ ਆਉਂਦਾ ਹੈ ਤਾਂ ਉਹ ਵੀ ਤਿੰਨ ਮਹੀਨਿਆਂ ਵਿੱਚ ਮਨਜ਼ੂਰੀ ਦੇਣ ਜਾਂ ਨਾ ਦੇਣ ਦਾ ਫੈਸਲਾ ਕਰਨ।)ਸਿੱਬਲ ਨੇ ਕਿਹਾ ਕਿ ਧਨਖੜ ਦਾ ਬਿਆਨ ਅਸੰਵਿਧਾਨਕ ਹੈ ਤੇ ਉਨ੍ਹਾ ਰਾਜ ਸਭਾ ਦੇ ਕਿਸੇ ਸਭਾਪਤੀ (ਉਪ ਰਾਸ਼ਟਰਪਤੀ) ਨੂੰ ਇਸ ਤਰ੍ਹਾਂ ਦਾ ਸਿਆਸੀ ਬਿਆਨ ਦਿੰਦੇ ਨਹੀਂ ਦੇਖਿਆ। ਸੁਪਰੀਮ ਕੋਰਟ ਦੀ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਕਪਿਲ ਸਿੱਬਲ ਨੇ ਕਿਹਾ ਕਿ ਰਾਜਪਾਲ ਵੱਲੋਂ ਬਿੱਲ ਰੋਕਣ ਦਾ ਮਤਲਬ ਅਸਲ 'ਚ ਵਿਧਾਨ ਮੰਡਲ ਦੀ ਸਰਬਉੱਚਤਾ 'ਚ ਦਖਲਅੰਦਾਜ਼ੀ ਹੈ। ਉਨ੍ਹਾ ਕਿਹਾ, 'ਧਨਖੜ ਜੀ ਪੁੱਛਦੇ ਹਨ ਕਿ ਰਾਸ਼ਟਰਪਤੀ ਦੀਆਂ ਤਾਕਤਾਂ ਨੂੰ ਕਿਵੇਂ ਘੱਟ ਕੀਤਾ ਜਾ ਸਕਦਾ ਹੈ, ਪਰ ਉਨ੍ਹਾ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਤਾਕਤਾਂ ਨੂੰ ਕੌਣ ਘਟਾ ਰਿਹਾ ਹੈ?

ਸਿੱਬਲ ਨੇ ਪ੍ਰੈੱਸ ਕਾਨਫਰੰਸ ਵਿੱਚ ਕਿਹਾ—ਅੱਜ ਸਵੇਰੇ ਕਈ ਅਖਬਾਰਾਂ 'ਚ ਜਦ ਮੈਂ ਧਨਖੜ ਸਾਹਿਬ ਦਾ ਭਾਸ਼ਣ ਪੜ੍ਹਿਆ ਤਾਂ ਦੁੱਖ ਤੇ ਹੈਰਾਨੀ ਹੋਈ, ਕਿਉਂਕਿ ਅਦਾਲਤੀ ਅਦਾਰਿਆਂ, ਚਾਹੇ ਉਹ ਸੁਪਰੀਮ ਕੋਰਟ ਹੋਵੇ ਜਾਂ ਹਾਈ ਕੋਰਟ, 'ਤੇ ਹੀ ਵਿਸ਼ਵਾਸ ਰਹਿ ਗਿਆ ਹੈ। ਮੈਨੂੰ ਲੱਗਦਾ ਹੈ ਕਿ ਜਦ ਸਰਕਾਰ ਦੇ ਲੋਕਾਂ ਨੂੰ ਨਿਆਂ ਪਾਲਿਕਾ ਦੇ ਫੈਸਲੇ ਪਸੰਦ ਨਹੀਂ ਆਉਂਦੇ ਤਾਂ ਉਹ ਦੋਸ਼ ਲਾਉਣੇ ਸ਼ੁਰੂ ਕਰ ਦਿੰਦੇ ਹਨ ਕਿ ਇਹ ਹੱਦ ਤੋਂ ਬਾਹਰ ਹੋ ਗਈ ਹੈ। ਜਦ ਪਸੰਦ ਆਉਂਦੇ ਹਨ ਤਾਂ ਆਪੋਜ਼ੀਸ਼ਨ ਨੂੰ ਕਹਿੰਦੇ ਹਨ ਕਿ ਇਹ ਤਾਂ ਸੁਪਰੀਮ ਕੋਰਟ ਨੇ ਫੈਸਲਾ ਕੀਤਾ ਸੀ। ਫਿਰ ਚਾਹੇ ਧਾਰਾ 370 ਹੋਵੇ ਜਾਂ ਰਾਮ ਮੰਦਰ ਦਾ ਫੈਸਲਾ ਹੋਵੇ, ਇਸ 'ਤੇ ਕਹਿੰਦੇ ਹਨ ਕਿ ਇਹ ਤਾਂ ਸੁਪਰੀਮ ਕੋਰਟ ਦਾ ਫੈਸਲਾ ਸੀ। ਜਿਹੜਾ ਫੈਸਲਾ ਤੁਹਾਨੂੰ ਸਹੀ ਨਾ ਲੱਗੇ, ਸੋਚ ਦੇ ਹਿਸਾਬ ਨਾਲ ਸਹੀ ਨਾ ਹੋਵੇ ਤਾਂ ਗਲਤ ਹੈ ਅਤੇ ਜਿਹੜਾ ਸੋਚ ਦੇ ਹਿਸਾਬ ਨਾਲ ਹੈ ਤਾਂ ਉਹ ਠੀਕ ਹੈ।

ਸਿੱਬਲ ਨੇ ਅੱਗੇ ਕਿਹਾ—ਮੈਂ ਧਨਖੜ ਜੀ ਦਾ ਬੜਾ ਆਦਰ ਕਰਦਾ ਹਾਂ, ਪਰ ਉਨ੍ਹਾ ਕਿਹਾ ਹੈ ਕਿ ਆਰਟਕੀਲ 142 ਨਿਊਕਲੀਅਰ ਮਿਜ਼ਾਈਲ ਹੈ, ਇਹ ਕਿਵੇਂ ਕਹਿ ਸਕਦੇ ਹਨ? ਉਨ੍ਹਾ ਨੂੰ ਪਤਾ ਹੈ ਕਿ ਆਰਟੀਕਲ 142 ਰਾਹੀਂ ਸੁਪਰੀਮ ਕੋਰਟ ਨੂੰ ਸੰਵਿਧਾਨ ਨੇ ਹੱਕ ਦਿੱਤਾ ਹੈ, ਨਾ ਕਿ ਕਿਸੇ ਸਰਕਾਰ ਨੇ, ਤਾਂ ਕਿ ਇਨਸਾਫ ਹੋ ਸਕੇ। ਜਦ ਰਾਸ਼ਟਰਪਤੀ ਆਪਣਾ ਫੈਸਲਾ ਕਰਦੇ ਹਨ ਤਾਂ ਕੈਬਨਿਟ ਦੇ ਸੁਝਾਅ ਨਾਲ ਕਰਦੇ ਹਨ। ਇਸੇ ਤਰ੍ਹਾਂ ਵਿਧਾਨ ਸਭਾ ਵਿੱਚ ਜਦ ਕੋਈ ਬਿੱਲ ਪਾਸ ਹੁੰਦਾ ਹੈ ਤਾਂ ਮਨਜ਼ੂਰੀ ਲਈ ਰਾਜਪਾਲ ਕੋਲ ਜਾਂਦਾ ਹੈ। ਸੰਵਿਧਾਨ ਨੇ ਉਨ੍ਹਾ ਨੂੰ ਹੱਕ ਦਿੱਤਾ ਹੈ ਕਿ ਉਹ ਟਿੱਪਣੀ ਕਰਕੇ ਬਿੱਲ ਨੂੰ ਵਾਪਸ ਘੱਲ ਸਕਦਾ ਹੈ। ਜਦ ਦੁਬਾਰਾ ਵਿਧਾਨ ਸਭਾ ਪਾਸ ਕਰ ਦੇਵੇ ਤਾਂ ਰਾਜਪਾਲ ਨੂੰ ਦਸਤਖਤ ਕਰਨੇ ਪੈਂਦੇ ਹਨ, ਇਹ ਸੰਵਿਧਾਨ ਕਹਿੰਦਾ ਹੈ। ਰਾਜਪਾਲ ਇਹ ਵੀ ਕਰ ਸਕਦਾ ਹੈ ਕਿ ਉਹ ਵਿਚਾਰਨ ਲਈ ਕਿਸੇ ਬਿੱਲ ਨੂੰ ਰਾਸ਼ਟਰਪਤੀ ਕੋਲ ਘੱਲ ਸਕਦਾ ਹੈ। ਰਾਸ਼ਟਰਪਤੀ ਨਿੱਜੀ ਤੌਰ 'ਤੇ ਕੁਝ ਨਹੀਂ ਕਰਦਾ, ਉਹ ਕੇਂਦਰੀ ਕੈਬਨਿਟ ਦੀ ਸਲਾਹ ਲੈਂਦਾ ਹੈ ਕਿ ਕੀ ਕਰਨਾ ਹੈ। ਧਨਖੜ ਜੀ ਨੂੰ ਇਹ ਪਤਾ ਹੋਣਾ ਚਾਹੀਦਾ ਹੈ। ਕੋਈ ਰਾਸ਼ਟਰਪਤੀ ਦੀ ਤਾਕਤ ਨੂੰ ਕਿਵੇਂ ਘਟਾ ਸਕਦਾ ਹੈ? ਆਖਰ ਕੌਣ ਘਟਾ ਰਿਹਾ ਹੈ?

ਸਿੱਬਲ ਨੇ ਕਿਹਾ ਕਿ ਜੇ ਸੰਸਦ ਬਿੱਲ ਪਾਸ ਕਰੇ ਤਾਂ ਕੀ ਰਾਸ਼ਟਰਪਤੀ ਉਸ ਨੂੰ ਲੈ ਕੇ ਬੈਠ ਸਕਦਾ ਹੈ ਕਿ ਦਸਤਖਤ ਨਹੀਂ ਕਰਨੇ। ਰਾਸ਼ਟਰਪਤੀ ਅਜਿਹਾ ਨਹੀਂ ਕਰ ਸਕਦਾ। ਉਹ ਟਿੱਪਣੀ ਕਰਕੇ ਵਾਪਸ ਘੱਲ ਸਕਦਾ ਹੈ। ਦੁਬਾਰਾ ਮਨਜ਼ੂਰੀ ਲਈ ਆਉਣ 'ਤੇ ਦਸਤਖਤ ਕਰਨੇ ਪੈਂਦੇ ਹਨ। ਇਹ ਸੰਵਿਧਾਨ ਦੀ ਪਰੰਪਰਾ ਹੈ। ਜੇ ਦਸਤਖਤ ਨਹੀਂ ਕਰੇਗਾ ਤਾਂ ਕਿਸੇ ਨੂੰ ਇਹ ਪੁੱਛਣ ਦਾ ਅਧਿਕਾਰ ਨਹੀਂ ਕਿ ਕਿਉਂ ਨਹੀਂ ਦਸਤਖਤ ਕੀਤੇ? ਮੈਨੂੰ ਇਸ ਗੱਲ ਦੀ ਹੈਰਾਨੀ ਹੈ ਕਿ ਕਦੇ ਰਿਜੀਜੂ ਕਹਿੰਦੇ ਹਨ ਕਿ ਕੀ ਹੋ ਰਿਹਾ ਹੈ? ਕਦੇ ਮੇਘਵਾਲ ਜੀ ਕਹਿੰਦੇ ਹਨ ਕਿ ਨਿਆਂ ਪਾਲਿਕਾ ਨੂੰ ਹੱਦ ਵਿੱਚ ਰਹਿਣਾ ਚਾਹੀਦਾ ਹੈ। ਧਨਖੜ ਜੀ ਕਹਿੰਦੇ ਹਨ ਕਿ ਪੁਰਾਣੇ ਸਮੇਂ ਵਿੱਚ ਜਦ ਸੁਪਰੀਮ ਕੋਰਟ ਵਿੱਚ ਅੱਠ ਜੱਜ ਸਨ ਤਾਂ ਪੰਜ ਜੱਜ ਫੈਸਲਾ ਕਰਦੇ ਸਨ। ਹੁਣ ਤਾਂ ਏਨੇ ਜੱਜ ਹੋ ਗਏ ਹਨ, ਪਰ ਦੋ ਹੀ ਜੱਜ ਫੈਸਲਾ ਕਰ ਰਹੇ ਹਨ।

ਧਨਖੜ ਨੇ ਰਾਜ ਸਭਾ ਦੇ ਟਰੇਨੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਸੀ ਕਿ ਕੁਝ ਅਜਿਹੇ ਜੱਜ ਹਨ, ਜਿਹੜੇ ਕਾਨੂੰਨ ਬਣਾ ਰਹੇ ਹਨ, ਕਾਰਜਕਾਰੀ ਕੰਮ ਕਰ ਰਹੇ ਹਨ ਅਤੇ ਸੁਪਰ ਪਾਰਲੀਮੈਂਟ ਵਜੋਂ ਕੰਮ ਕਰ ਰਹੇ ਹਨ। ਰਾਸ਼ਟਰਪਤੀ ਨੂੰ ਸਮਾਂ-ਸੀਮਾ ਵਿੱਚ ਫੈਸਲੇ ਲੈਣ ਲਈ ਕਿਹਾ ਜਾਂਦਾ ਹੈ ਅਤੇ ਜੇ ਅਜਿਹਾ ਨਹੀਂ ਹੁੰਦਾ ਤਾਂ ਬਿੱਲ ਆਪੇ ਕਾਨੂੰਨ ਬਣ ਜਾਂਦਾ ਹੈ। ਸਾਡੇ ਜੱਜ ਕਾਨੂੰਨ ਬਣਾਉਣਗੇ, ਸੁਪਰ ਪਾਰਲੀਮੈਂਟ ਵਜੋਂ ਕੰਮ ਕਰਨਗੇ ਅਤੇ ਉਨ੍ਹਾਂ ਦੀ ਜਵਾਬਦੇਹੀ ਨਹੀਂ ਹੋਵੇਗੀ, ਕਿਉਂਕਿ ਦੇਸ਼ ਦਾ ਕਾਨੂੰਨ ਉਨ੍ਹਾਂ 'ਤੇ ਲਾਗੂ ਨਹੀਂ ਹੁੰਦਾ।

ਬਿੱਲਾਂ ਨੂੰ ਸਮੇਂ ਸਿਰ ਮਨਜ਼ੂਰੀ ਦੇਣ ਦੇ ਸੁਪਰੀਮ ਕੋਰਟ ਦੇ ਦੋ ਜੱਜਾਂ ਦੇ ਫੈਸਲੇ ਬਾਰੇ ਧਨਖੜ ਦੇ ਬਿਆਨ ਨੂੰ ਲੈ ਕੇ ਸਿੱਬਲ ਨੇ ਉਨ੍ਹਾ ਨੂੰ ਇੰਦਰਾ ਗਾਂਧੀ ਦਾ ਕੇਸ ਚੇਤੇ ਕਰਾਉਂਦਿਆਂ ਕਿਹਾ ਕਿ 1975 ਵਿੱਚ ਸੁਪਰੀਮ ਕੋਰਟ ਦੇ ਇੱਕ ਜੱਜ ਜਸਟਿਸ ਕ੍ਰਿਸ਼ਨਾ ਅਈਅਰ ਨੇ ਇੰਦਰਾ ਗਾਂਧੀ ਦੀ ਚੋਣ ਰੱਦ ਕਰ ਦਿੱਤੀ ਸੀ, ਉਹ ਧਨਖੜ ਜੀ ਨੂੰ ਮਨਜ਼ੂਰ ਸੀ, ਪਰ ਹੁਣ ਦੋ ਜੱਜਾਂ ਦੇ ਸਰਕਾਰ ਖਿਲਾਫ ਫੈਸਲੇ 'ਤੇ ਉਹ ਕਿੰਤੂ ਕਰ ਰਹੇ ਹਨ।

# ਏ ਸੀ, ਪੱਖੇ ਲਾਹੁਣ ਲੱਗੀ ਕੋਰਟ ਦੀ ਟੀਮ ਤਾਂ ਮਚੀ ਹਫੜਾ-ਦਫੜੀ

**ਪਟਿਆਲਾ**
**(ਰਾਜਿੰਦਰ ਸਿੰਘ ਥਿੰਦ)**




ਭਾਰਤ-ਪਾਕਿਸਤਾਨ ਦੀ ਵੰਡ ਨੂੰ 77 ਸਾਲ ਬੀਤ ਚੁੱਕੇ ਹਨ, ਪਰ ਜ਼ਖਮ ਹਾਲੇ ਵੀ ਨਹੀਂ ਭਰੇ। ਵੰਡ ਤੋਂ ਬਾਅਦ ਆਪਣੀ ਗੁਆਚੀ ਜ਼ਮੀਨ ਲਈ ਪਟਿਆਲਾ ਦੇ ਇਕ ਪਰਵਾਰ ਨੇ 77 ਸਾਲਾਂ ਤੱਕ ਹੇਠਲੀ ਅਦਾਲਤ ਤੋਂ ਲੈ ਕੇ ਸੁਪਰੀਮ ਕੋਰਟ ਤੱਕ ਕਾਨੂੰਨੀ ਲੜਾਈ ਲੜੀ। ਜ਼ਮੀਨ ਸਰਕਾਰ ਨੇ ਵੇਚ ਦਿੱਤੀ ਸੀ। ਕੋਰਟ ਨੇ ਪਟਿਆਲਾ ਪ੍ਰਸ਼ਾਸਨ ਨੂੰ ਜ਼ਮੀਨ ਵਾਪਸ ਕਰਨ ਜਾਂ ਪੈਸੇ ਦੇਣ ਦਾ ਆਦੇਸ਼ ਦਿੱਤਾ ਸੀ। ਜਦੋਂ ਆਦੇਸ਼ ਦੀ ਪਾਲਣਾ ਨਹੀਂ ਹੋਈ ਤਾਂ ਵੀਰਵਾਰ ਨੂੰ ਕੋਰਟ ਦੀ ਟੀਮ ਡੀ ਸੀ ਦਫਤਰ, ਕਮਿਸ਼ਨਰ ਦਫਤਰ, ਐੱਸ ਡੀ ਐੱਮ ਦਫਤਰ ਤੇ ਤਹਿਸੀਲ ਦਫਤਰ 'ਚ ਲੱਗੇ ਏਸੀ, ਪੱਖੇ, ਕੁਰਸੀਆਂ, ਟੇਬਲ, ਵਾਟਰ ਕੂਲਰ ਤੇ ਅਲਮਾਰੀ ਚੁੱਕਣ ਪਹੁੰਚ ਗਈ।

ਇਸ ਦੌਰਾਨ ਡੀ ਸੀ ਦਫਤਰ ਦੀ ਨਾਜਰ ਬ੍ਰਾਂਚ ਦੇ ਅਧਿਕਾਰੀ, ਟੀਮ ਤੇ ਪਟੀਸ਼ਨਰਾਂ ਨੂੰ ਪਹਿਲਾਂ ਡੀ ਬਲਾਕ 'ਚ ਲੈ ਗਏ, ਜਿੱਥੇ ਕੰਡਮ ਸਾਮਾਨ ਪਿਆ ਸੀ, ਪਰ ਟੀਮ ਨੇ ਉਸ ਸਾਮਾਨ ਨੂੰ ਚੁੱਕਣ ਤੋਂ ਇਨਕਾਰ ਕਰ ਦਿੱਤਾ। ਇਸ ਦੌਰਾਨ ਸਮਝਾਉਣ ਲਈ ਪੁਲਸ ਅਧਿਕਾਰੀ ਵੀ ਬੁਲਾਏ ਗਏ, ਪਰ ਕੋਰਟ ਦੇ ਨਿਰਦੇਸ਼ਾਂ ਨੂੰ ਦੇਖ ਕੇ ਸਾਰੇ ਚਲੇ ਗਏ। ਇਸ ਦੇ ਬਾਅਦ ਏ ਡੀ ਸੀ ਈਸ਼ਾ ਸਿੰਗਲ ਨੇ ਟੀਮ ਤੇ ਪਟੀਸ਼ਨਰਾਂ ਨਾਲ ਗੱਲਬਾਤ ਕੀਤੀ ਤੇ ਪਟੀਸ਼ਨਰਾਂ ਨੂੰ ਸੋਮਵਾਰ ਦਾ ਸਮਾਂ ਦਿੱਤਾ।ਪਟੀਸ਼ਨਰ ਕਮਾਲ ਅਹਿਮਦ ਨੇ ਦੱਸਿਆ ਕਿ ਉਨ੍ਹਾਂ ਦੀ ਪਰਵਾਰਕ ਮੈਂਬਰ ਕਨੀਜ਼ ਫਾਤਿਮਾ ਸਾਲ 1947 ਤੋਂ ਪਹਿਲਾਂ ਇੱਥੇ ਪਟਿਆਲਾ ਦੇ ਪਿੰਡ ਝਿਲ 'ਚ ਰਹਿੰਦੀ ਸੀ। ਵੰਡ ਦੇ ਬਾਅਦ ਉਨ੍ਹਾਂ ਨੂੰ ਪਿੰਡ ਛੱਡਣਾ ਪਿਆ ਤੇ ਮਾਲੇਰਕੋਟਲਾ ਜ਼ਿਲ੍ਹੇ 'ਚ ਰਹਿਣ ਲੱਗੀ। ਮਾਹੌਲ ਠੀਕ ਹੋਣ ਦੇ ਬਾਅਦ ਉਹ ਪਿੰਡ ਝਿਲ 'ਚ ਆਪਣੀ ਜ਼ਮੀਨ ਲੱਭਣ ਪਹੁੰਚੀ ਤਾਂ ਪਤਾ ਲੱਗਾ ਕਿ ਸਰਕਾਰ ਨੇ ਜ਼ਮੀਨ ਵੇਚ ਦਿੱਤੀ। ਇਸ ਦੇ ਬਾਅਦ ਉਨ੍ਹਾਂ ਦੇ ਬਜ਼ੁਰਗਾਂ ਨੇ ਜ਼ਮੀਨ ਲੈਣ ਲਈ ਕੋਰਟ 'ਚ ਅਪੀਲ ਕੀਤੀ। 2008 'ਚ ਫਾਤਿਮਾ ਦੀ ਮੌਤ ਹੋ ਗਈ। 2014 'ਚ ਹੇਠਲੀ ਅਦਾਲਤ ਨੇ ਜ਼ਮੀਨ ਵਾਪਸ ਕਰਨ ਦਾ ਫ਼ੈਸਲਾ ਸੁਣਾਇਆ। ਇਸ ਦੇ ਬਾਅਦ ਪ੍ਰਸ਼ਾਸਨ ਨੇ ਹਾਈ ਕੋਰਟ 'ਚ ਅਪੀਲ ਕੀਤੀ। ਹਾਈ ਕੋਰਟ ਨੇ ਵੀ ਹੇਠਲੀ ਅਦਾਲਤ ਦੇ ਫ਼ੈਸਲੇ 'ਤੇ ਮੋਹਰ ਲਗਾਈ ਤਾਂ ਮਾਮਲਾ ਸੁਪਰੀਮ ਕੋਰਟ ਤੱਕ ਪਹੁੰਚਿਆ। ਸੁਪਰੀਮ ਕੋਰਟ ਨੇ ਵੀ 2023 'ਚ ਉਨ੍ਹਾਂ ਦੇ ਹੱਕ 'ਚ ਫ਼ੈਸਲਾ ਸੁਣਾਉਂਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਨੂੰ ਉਸ ਲੈਵਲ ਦੀ ਜ਼ਮੀਨ ਜਾਂ ਫਿਰ ਮੌਜੂਦਾ ਮਾਰਕੀਟ ਰੇਟ ਦੇ ਹਿਸਾਬ ਨਾਲ ਪੈਸੇ ਦੇਣ ਦਾ ਫ਼ੈਸਲਾ ਸੁਣਾਇਆ।

ਚਾਰ ਮਹੀਨੇ ਪਹਿਲਾਂ ਮਾਮਲੇ 'ਚ ਹੇਠਲੀ ਅਦਾਲਤ ਨੇ ਡੀ ਸੀ ਦੀ ਗੱਡੀ ਇਸ ਕੇਸ ਨਾਲ ਅਟੈਚ ਕਰ ਦਿੱਤੀ ਤੇ ਨਾਲ ਹੀ ਡੀ ਡੀ ਪੀ ਓ ਦੀ ਗੱਡੀ ਨੂੰ ਵੀ ਅਟੈਚ ਕਰਨ ਦਾ ਨਿਰਦੇਸ਼ ਦਿੱਤਾ। ਇਸ ਦੇ ਨਾਲ ਹੀ ਡੀ ਸੀ ਦਫਤਰ, ਕਮਿਸ਼ਨਰ ਦਫਤਰ, ਐੱਸ ਡੀ ਐੱਮ ਦਫਤਰ ਤੇ ਤਹਿਸੀਲ ਦਫਤਰ ਦੇ ਏ ਸੀ, ਪੱਖੇ, ਕੁਰਸੀਆਂ, ਟੇਬਲ, ਵਾਟਰ ਕੂਲਰ ਤੇ ਅਲਮਾਰੀ ਤੱਕ ਨੂੰ ਅਟੈਚ ਕਰਨ ਦੇ ਨਿਰਦੇਸ਼ ਜਾਰੀ ਕੀਤੇ। ਇਨ੍ਹਾਂ ਨਿਰਦੇਸ਼ਾਂ 'ਤੇ ਹੀ ਵੀਰਵਾਰ ਨੂੰ ਉਹ ਕੋਰਟ ਟੀਮ ਨਾਲ ਇੱਥੇ ਡੀ ਸੀ ਦਫਤਰ 'ਚ ਕਾਰਵਾਈ ਕਰਾਉਣ ਲਈ ਪਹੁੰਚੇ ਸਨ।

## ਅੰਮ੍ਰਿਤਪਾਲ ਇੱਕ ਸਾਲ ਹੋਰ ਡਿਬਰੂਗੜ੍ਹ ਰਹੇਗਾ

**ਚੰਡੀਗੜ੍ਹ** : ਪੰਜਾਬ ਸਰਕਾਰ ਨੇ ਅੰਮ੍ਰਿਤਪਾਲ ਸਿੰਘ ਦੀ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਕੌਮੀ ਸੁਰੱਖਿਆ ਐਕਟ ਅਧੀਨ ਹਿਰਾਸਤ ਵਿੱਚ ਇੱਕ ਸਾਲ ਦਾ ਵਾਧਾ ਕਰ ਦਿੱਤਾ ਹੈ। ਸੀਨੀਅਰ ਪੁਲਸ ਅਧਿਕਾਰੀਆਂ ਨੇ ਕਿਹਾ ਕਿ ਕੁਝ ਵਾਧੂ ਸਬੂਤਾਂ ਕਾਰਨ ਕਿ ਅੰਮ੍ਰਿਤਪਾਲ ਰਾਜ ਦੀ ਕਾਨੂੰਨ ਵਿਵਸਥਾ ਲਈ ਖਤਰਾ ਬਣਿਆ ਹੋਇਆ ਹੈ।

'ਵਾਰਿਸ ਪੰਜਾਬ ਦੇ' ਜਥੇਬੰਦੀ ਦਾ ਆਗੂ ਅੰਮ੍ਰਿਤਪਾਲ ਸਿੰਘ ਅਪਰੈਲ 2023 ਤੋਂ ਹਿਰਾਸਤ ਵਿੱਚ ਹੈ। ਉਸ ਨੇ ਹਿਰਾਸਤ ਵਿਚ ਰਹਿੰਦਿਆਂ ਹੀ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਖਡੂਰ ਸਾਹਿਬ ਹਲਕੇ ਤੋਂ ਚੋਣ ਜਿੱਤੀ ਸੀ।

## ਹਾਦਸੇ 'ਚ ਮਸੇਰੇ ਭਰਾਵਾਂ ਦੀ ਮੌਤ




**ਮਾਨਸਾ** : ਨੇੜਲੇ ਪਿੰਡ ਚਕੇਰੀਆਂ ਦੇ ਪੁਰਾਣੇ ਡੇਰੇ ਕੋਲ ਵੀਰਵਾਰ ਰਾਤ ਕੁੱਤੇ ਅੱਗੇ ਆ ਜਾਣ ਕਾਰਨ ਫਾਰਚੂਨਰ ਗੱਡੀ ਪਲਟ ਗਈ ਅਤੇ ਇੱਕ ਅਮਰੀਕੀ ਨਾਗਰਿਕ ਤੇ ਉਸ ਦੇ ਮਾਸੀ ਦੇ ਪੁੱਤ ਦੀ ਮੌਤ ਹੋ ਗਈ। ਉਨ੍ਹਾਂ ਦੇ ਦੋ ਦੋਸਤ ਜ਼ਖਮੀ ਹੋ ਗਏ। ਇਹ ਨੌਜਵਾਨ ਮਾਨਸਾ ਤੋਂ ਆਪਣੇ ਪਿੰਡ ਚਕੇਰੀਆਂ ਮੁੜ ਰਹੇ ਸਨ। ਅਮਰੀਕਾ ਵਾਸੀ ਗਗਨਦੀਪ ਸਿੰਘ ਮਾਨਸ਼ਾਹੀਆ ਦਾ ਲੰਘੀ 9 ਜਨਵਰੀ ਨੂੰ ਲੁਧਿਆਣਾ ਦੀ ਕੁੜੀ ਨਾਲ ਵਿਆਹ ਹੋਇਆ ਸੀ। ਉਸ ਨੇ ਥੋੜ੍ਹੇ ਦਿਨਾਂ ਤੱਕ ਅਮਰੀਕਾ ਮੁੜਨਾ ਸੀ। ਗਗਨਦੀਪ (27) ਮਾਸੀ ਦੇ ਮੁੰਡੇ ਅਮਨ ਵਾਸੀ ਧੂਰੀ ਤੇ ਦੋ ਦੋਸਤਾਂ ਹਰਮਨ ਸਿੰਘ ਤੇ ਲਵਜੀਤ ਸਿੰਘ ਨਾਲ ਵੀਰਵਾਰ ਦੀ ਰਾਤ ਚਕੇਰੀਆਂ ਤੋਂ ਮਾਨਸਾ ਕਿਸੇ ਕੰਮ ਗਿਆ ਸੀ। ਮੁੜਦਿਆਂ ਕਰੀਬ ਸਾਢੇ 10 ਵਜੇ ਚਕੇਰੀਆਂ ਦੇ ਪੁਰਾਣੇ ਡੇਰੇ ਲਾਗੇ ਉਨ੍ਹਾਂ ਦੀ ਗੱਡੀ ਅੱਗੇ ਕੁਝ ਕੁੱਤੇ ਆ ਗਏ। ਉਨ੍ਹਾਂ ਦਾ ਬਚਾਅ ਕਰਦੇ ਸਮੇਂ ਗੱਡੀ ਆਪਾ ਖੋ ਬੈਠੀ ਤੇ ਸੜਕ 'ਤੇ ਪਲਟੀਆਂ ਖਾਂਦੀ ਹੋਈ ਦੂਰ ਤੱਕ ਜਾ ਡਿੱਗੀ। ਅਮਨ ਦੀ ਤਾਂ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਗਗਨਦੀਪ ਨੇ ਹਸਪਤਾਲ 'ਚ ਦਮ ਤੋੜ ਦਿੱਤਾ।

## ਮਾਂ ਦੀ ਇੱਛਾ ਕੀਤੀ ਪੂਰੀ



**ਕੋਲਕਾਤਾ** : ਬੰਗਾਲ ਭਾਜਪਾ ਦੇ ਸਾਬਕਾ ਪ੍ਰਧਾਨ ਦਿਲੀਪ ਘੋਸ਼ (60) ਨੇ ਮਾਂ ਦੀ ਇੱਛਾ ਪੂਰੀ ਕਰਦਿਆਂ ਪਾਰਟੀ ਸਹਿਯੋਗੀ ਰਿੰਕੂ ਮਜੂਮਦਾਰ ਨਾਲ ਸ਼ੁੱਕਰਵਾਰ ਵਿਆਹ ਕਰਵਾ ਲਿਆ। ਉਹ 2021 ਤੋਂ ਇੱਕ-ਦੂਜੇ ਨੂੰ ਜਾਣਦੇ ਸਨ। ਆਰ ਐੱਸ ਐੱਸ 'ਚ ਰਹੇ ਘੋਸ਼ ਹੁਣ ਤੱਕ ਅਣਵਿਆਹੇ ਸਨ, ਜਦੋਂਕਿ ਮਜੂਮਦਾਰ ਦਾ ਦੂਜਾ ਵਿਆਹ ਹੈ। ਪਹਿਲੇ ਵਿਆਹ ਤੋਂ ਇੱਕ ਪੁੱਤਰ ਹੈ।

## ਮੋਦੀ ਦੀ ਟਰੰਪ ਦੇ ਖਾਸਮ-ਖਾਸ ਮਸਕ ਨਾਲ ਗੱਲਬਾਤ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਮੋਦੀ ਨੇ ਅਮਰੀਕੀ ਪ੍ਰਸ਼ਾਸਨ ਵਿੱਚ ਮਜ਼ਬੂਤ ਪ੍ਰਭਾਵ ਰੱਖਣ ਵਾਲੇ ਦੁਨੀਆ ਦੇ ਸਭ ਤੋਂ ਅਮੀਰ ਵਿਅਕਤੀ ਐਲਨ ਮਸਕ ਨਾਲ ਗੱਲਬਾਤ ਕੀਤੀ। ਮੋਦੀ ਨੇ ਐੱਕਸ 'ਤੇ ਕਿਹਾ, 'ਅਸੀਂ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ। ਇਸ ਸਾਲ ਦੇ ਸ਼ੁਰੂ ਵਿੱਚ ਵਾਸ਼ਿੰਗਟਨ ਡੀ ਸੀ 'ਚ ਸਾਡੀ ਮੀਟਿੰਗ ਦੌਰਾਨ ਅਸੀਂ ਜਿਨ੍ਹਾਂ ਵਿਸ਼ਿਆਂ ਨੂੰ ਰੱਖਿਆ ਸੀ, ਉਹ ਇਸ ਗੱਲਬਾਤ ਦੇ ਮੁੱਖ ਬਿੰਦੂ ਸਨ। ਅਸੀਂ ਤਕਨਾਲੋਜੀ ਅਤੇ ਨਵੀਨਤਾ ਦੇ ਖੇਤਰਾਂ ਵਿੱਚ ਸਹਿਯੋਗ ਲਈ ਅਥਾਹ ਸੰਭਾਵਨਾਵਾਂ 'ਤੇ ਚਰਚਾ ਕੀਤੀ। ਭਾਰਤ ਇਨ੍ਹਾਂ ਖੇਤਰਾਂ ਵਿੱਚ ਅਮਰੀਕਾ ਨਾਲ ਭਾਈਵਾਲੀ ਨੂੰ ਅੱਗੇ ਵਧਾਉਣ ਲਈ ਵਚਨਬੱਧ ਹੈ।'

## ਸਾਬਕਾ ਚੀਫ ਜਸਟਿਸ ਟੀ ਐੱਸ ਠਾਕੁਰ ਦੀ ਦੁੱਲਟ ਨੂੰ ਨਾਂਹ

**ਨਵੀਂ ਦਿੱਲੀ** : ਭਾਰਤ ਦੇ ਸਾਬਕਾ ਚੀਫ ਜਸਟਿਸ ਟੀ ਐੱਸ ਠਾਕੁਰ ਨੇ ਭਾਰਤੀ ਖੁਫੀਆ ਏਜੰਸੀ 'ਰਾਅ' ਦੇ ਸਾਬਕਾ ਮੁਖੀ ਏ ਐੱਸ ਦੁੱਲਟ ਦੀ ਕਿਤਾਬ 'ਦੀ ਚੀਫ ਮਨਿਸਟਰ ਐਂਡ ਦੀ ਸਪਾਈ' ਵਿੱਚ ਨੈਸ਼ਨਲ ਕਾਨਫਰੰਸ ਦੇ ਮੁਖੀ ਫਾਰੂਕ ਅਬਦੁੱਲਾ ਸੰਬੰਧੀ ਕੁਝ ਅੰਸ਼ਾਂ ਬਾਰੇ ਪੈਦਾ ਹੋਏ ਸਿਆਸੀ ਵਿਵਾਦ ਦੇ ਹਵਾਲੇ ਨਾਲ ਕਿਤਾਬ ਦੀ ਸ਼ੁੱਕਰਵਾਰ ਨੂੰ ਘੁੰਢ ਚੁਕਾਈ ਲਈ ਰੱਖੇ ਸਮਾਗਮ ਵਿੱਚ ਸ਼ਾਮਲ ਹੋਣ ਤੋਂ ਐਨ ਮੌਕੇ 'ਤੇ ਇਨਕਾਰ ਕਰ ਦਿੱਤਾ। ਫਾਰੂਕ ਅਬਦੁੱਲਾ ਨੇ ਬੁੱਧਵਾਰ ਦੁੱਲਟ ਦੇ ਇਸ ਦਾਅਵੇ ਨੂੰ ਖਾਰਜ ਕਰ ਦਿੱਤਾ ਸੀ ਕਿ ਉਨ੍ਹਾ ਧਾਰਾ 370 ਹਟਾਉਣ ਦਾ ਨਿੱਜੀ ਤੌਰ 'ਤੇ ਸਮਰਥਨ ਕੀਤਾ ਸੀ। ਅਬਦੁੱਲਾ ਨੇ ਦੋਸ਼ ਲਗਾਇਆ ਕਿ ਦੁੱਲਟ ਕਿਤਾਬ ਦੇ ਪ੍ਰਚਾਰ ਲਈ 'ਸਸਤੀ ਸ਼ੋਹਰਤ' ਦਾ ਸਹਾਰਾ ਲੈ ਰਹੇ ਹਨ।

## ਅਮਰੀਕਾ ਦਾ ਯਮਨ 'ਤੇ ਹਮਲਾ, 38 ਮੌਤਾਂ

**ਦੁਬਈ** : ਯਮਨ ਵਿੱਚ ਹੂਤੀ ਬਾਗੀਆਂ ਦੇ ਕਬਜ਼ੇ ਵਾਲੀ ਰਾਸ ਈਸਾ ਤੇਲ ਬੰਦਰਗਾਹ ਉੱਤੇ ਅਮਰੀਕਾ ਵੱਲੋਂ ਕੀਤੇ ਹਵਾਈ ਹਮਲਿਆਂ 'ਚ 38 ਵਿਅਕਤੀਆਂ ਦੀ ਮੌਤ ਹੋ ਗਈ ਹੈ ਤੇ 102 ਜ਼ਖਮੀ ਹੋ ਗਏ। ਹੂਤੀ ਬਾਗੀਆਂ ਦੇ ਨਿਊਜ਼ ਚੈਨਲ ਨੇ ਹਮਲੇ ਤੋਂ ਬਾਅਦ ਦੇ ਹਾਲਾਤ ਦਾ ਗ੍ਰਾਫਿਕ ਫੁਟੇਜ਼ ਪ੍ਰਸਾਰਤ ਕੀਤਾ, ਜਿਸ ਵਿੱਚ ਹਮਲੇ ਵਾਲੀ ਥਾਂ ਲਾਸ਼ਾਂ ਖਿੰਡੀਆਂ ਨਜ਼ਰ ਆ ਰਹੀਆਂ ਹਨ। ਅਮਰੀਕੀ ਫੌਜ ਦੀ 'ਸੈਂਟਰਲ ਕਮਾਂਡ' ਨੇ ਕਿਹਾ ਕਿ ਅਮਰੀਕੀ ਫੌਜ ਨੇ ਈਰਾਨ ਹਮਾਇਤੀ ਹੂਤੀ ਅੱਤਵਾਦੀਆਂ ਲਈ ਈਂਧਣ ਦੇ ਇਸ ਸਰੋਤ ਨੂੰ ਖਤਮ ਕਰਨ ਤੇ ਉਨ੍ਹਾਂ ਨੂੰ ਗੈਰਕਾਨੂੰਨੀ ਮਾਲੀਏ ਤੋਂ ਵਿਹੂਣਾ ਕਰਨ ਲਈ ਇਹ ਕਾਰਵਾਈ ਕੀਤੀ।

# ਪੁਲਸ ਲਈ ਸਿਰਦਰਦ ਬਣਿਆ ਹੋਇਆ ਸੀ ਹੈਪੀ ਪਾਸ਼ੀਆਂ




**ਚੰਡੀਗੜ੍ਹ** : ਅਮਰੀਕੀ ਸੁਰੱਖਿਆ ਏਜੰਸੀਆਂ ਵੱਲੋਂ ਗ੍ਰਿਫਤਾਰ ਕੀਤਾ ਹਰਪ੍ਰੀਤ ਸਿੰਘ ਉਰਫ ਹੈਪੀ ਪਾਸ਼ੀਆਂ ਪੰਜਾਬ ਪੁਲਸ ਲਈ ਵੱਡੀ ਸਿਰਦਰਦੀ ਰਿਹਾ ਹੈ। ਪੰਜਾਬ ਵਿੱਚ 16 ਗ੍ਰਨੇਡ ਹਮਲਿਆਂ ਪਿੱਛੇ ਉਸ ਦਾ ਹੱਥ ਦੱਸਿਆ ਜਾਂਦਾ ਹੈ। ਅਮਰੀਕਾ ਦੀ ਸੰਘੀ ਜਾਂਚ ਏਜੰਸੀ (ਐੱਫ ਬੀ ਆਈ) ਅਤੇ ਐਨਫੋਰਸਮੈਂਟ ਐਂਡ ਰਿਮੂਵਲ ਅਪ੍ਰੇਸ਼ਨਜ਼ (ਈ ਆਰ ਓ) ਨੇ ਗ੍ਰਨੇਡ ਹਮਲਿਆਂ ਤੇ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਕੇਸ ਵਿੱਚ ਲੋੜੀਂਦੇ ਦਹਿਸ਼ਤਗਰਦ ਪਾਸ਼ੀਆ ਨੂੰ ਸੈਕਰਾਮੈਂਟੋ ਤੋਂ ਗ੍ਰਿਫ਼ਤਾਰ ਕੀਤਾ ਹੈ।

ਐੱਫ ਬੀ ਆਈ ਨੇ ਕਿਹਾ ਕਿ ਹੈਪੀ ਪਾਸ਼ੀਆਂ ਦੋ ਕੌਮਾਂਤਰੀ ਦਹਿਸ਼ਤਗਰਦ ਗਰੁੱਪਾਂ ਨਾਲ ਜੁੜਿਆ ਹੋਇਆ ਹੈ ਅਤੇ ਅਮਰੀਕਾ ਵਿੱਚ ਗੈਰ-ਕਾਨੂੰਨੀ ਢੰਗ ਨਾਲ ਦਾਖਲ ਹੋਇਆ ਸੀ। ਉਸ ਨੇ ਗ੍ਰਿਫਤਾਰੀ ਤੋਂ ਬਚਣ ਲਈ ਬਰਨਰ ਫੋਨਾਂ ਦੀ ਵਰਤੋਂ ਕੀਤੀ।

ਅਜਨਾਲਾ ਦੇ ਪਿੰਡ ਪਾਸ਼ੀਆਂ ਦਾ ਰਹਿਣ ਵਾਲਾ ਹੈਪੀ ਪਾਸ਼ੀਆਂ ਅਪਰਾਧਕ ਅਤੇ ਦਹਿਸ਼ਤੀ ਸਰਗਰਮੀਆਂ ਵਿੱਚ ਵਿਆਪਕ ਸ਼ਮੂਲੀਅਤ ਕਰਕੇ ਪੰਜਾਬ ਪੁਲਸ ਲਈ ਵੱਡੀ ਚੁਣੌਤੀ ਬਣ ਕੇ ਉੱਭਰਿਆ ਹੈ। ਕੌਮੀ ਜਾਂਚ ਏਜੰਸੀ (ਐੱਨ ਆਈ ਏ) ਨੇ ਪਾਸ਼ੀਆਂ ਅਤੇ ਉਸ ਦੇ ਸਾਥੀ ਹਰਵਿੰਦਰ ਸਿੰਘ ਰਿੰਦਾ ਨੂੰ 2024 ਦੇ ਚੰਡੀਗੜ੍ਹ ਗ੍ਰਨੇਡ ਹਮਲੇ ਸਮੇਤ ਕਈ ਦਹਿਸ਼ਤੀ ਘਟਨਾਵਾਂ ਵਿੱਚ ਚਾਰਜਸ਼ੀਟ ਕੀਤਾ ਸੀ।

ਪੰਜਾਬ ਵਿੱਚ ਘੱਟੋ-ਘੱਟ 16 ਗ੍ਰਨੇਡ ਹਮਲਿਆਂ ਨਾਲ ਹੈਪੀ ਪਾਸ਼ੀਆਂ ਨੂੰ ਜੋੜਿਆ ਗਿਆ ਹੈ, ਜਿਨ੍ਹਾਂ ਵਿੱਚ ਪੁਲਸ ਥਾਣਿਆਂ, ਧਾਰਮਕ ਸਥਾਨਾਂ ਅਤੇ ਭਾਜਪਾ ਆਗੂ ਮਨੋਰੰਜਨ ਕਾਲੀਆ ਵਰਗੇ ਸਿਆਸੀ ਆਗੂਆਂ ਦੇ ਘਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਇਹ ਹਮਲੇ ਡਰ ਪੈਦਾ ਕਰਨ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਕਮਜ਼ੋਰ ਕਰਨ ਦੀ ਇੱਕ ਵਿਆਪਕ ਰਣਨੀਤੀ ਦਾ ਹਿੱਸਾ ਸਨ। ਪਾਸ਼ੀਆਂ ਨੇ ਸਤੰਬਰ 2024 ਵਿੱਚ ਚੰਡੀਗੜ੍ਹ ਦੇ ਸੈਕਟਰ 10 ਵਿਚ ਇੱਕ ਘਰ 'ਤੇ ਗ੍ਰਨੇਡ ਹਮਲੇ ਦੀ ਯੋਜਨਾ ਬਣਾਈ ਸੀ। ਹਮਲੇ ਦੌਰਾਨ ਜਲੰਧਰ ਦੇ ਸਾਬਕਾ ਐੱਸ ਪੀ ਜਸਕੀਰਤ ਸਿੰਘ ਚਾਹਲ ਅਤੇ ਉਨ੍ਹਾ ਦੇ ਪਰਵਾਰ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਜਾਂਚ ਤੋਂ ਪਤਾ ਲੱਗਾ ਕਿ ਹਮਲੇ ਨੂੰ ਅਮਰੀਕਾ ਬੈਠੇ ਪਾਸ਼ੀਆਂ ਦੀ ਮਦਦ ਨਾਲ ਅੰਜਾਮ ਦਿੱਤਾ ਗਿਆ ਸੀ। ਪੰਜਾਬ ਦੇ ਰਾਏ ਮੱਲ ਪਿੰਡ ਵਿੱਚ ਕਾਂਸਟੇਬਲ ਦੇ ਘਰ 'ਤੇ ਗ੍ਰਨੇਡ ਹਮਲੇ ਵਿੱਚ ਵੀ ਪਾਸ਼ੀਆਂ ਦਾ ਹੱਥ ਸੀ। ਉਸ ਨੇ ਬੜੀ ਦਲੇਰੀ ਨਾਲ ਸੋਸ਼ਲ ਮੀਡੀਆ 'ਤੇ ਹਮਲੇ ਦੀ ਜ਼ਿੰਮੇਵਾਰੀ ਲਈ ਤੇ ਸਿੱਧੇ ਤੌਰ 'ਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਚੁਣੌਤੀ ਦਿੱਤੀ।

ਪਾਸ਼ੀਆਂ ਨੇ ਪਾਕਿਸਤਾਨ ਸਥਿਤ ਦਹਿਸ਼ਤਗਰਦ ਹਰਵਿੰਦਰ ਸਿੰਘ ਸੰਧੂ ਉਰਫ ਰਿੰਦਾ ਨਾਲ ਮਿਲ ਕੇ ਪੰਜਾਬ ਵਿੱਚ ਦਹਿਸ਼ਤੀ ਮਡਿਊਲ ਸਥਾਪਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਇਹ ਮਡਿਊਲ ਫਿਰੌਤੀ, ਤਸਕਰੀ ਅਤੇ ਹਿੰਸਕ ਕਾਰਵਾਈਆਂ ਵਿੱਚ ਸ਼ਾਮਲ ਹਨ।

ਪਾਸ਼ੀਆਂ ਨੈੱਟਵਰਕ ਦੇ 2022 ਵਿੱਚ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਵਿੱਚ ਸ਼ਾਮਲ ਹੋਣ ਦਾ ਸ਼ੱਕ ਹੈ, ਜੋ ਪੰਜਾਬ ਦੇ ਗਰੋਹਾਂ ਅਤੇ ਕੌਮਾਂਤਰੀ ਦਹਿਸ਼ਤੀ ਨੈੱਟਵਰਕਾਂ ਦਰਮਿਆਨ ਗੱਠਜੋੜ ਨੂੰ ਉਜਾਗਰ ਕਰਦਾ ਹੈ।

ਪਾਸ਼ੀਆਂ ਨੇ ਵੱਖ-ਵੱਖ ਦੇਸ਼ ਦੇ ਕੋਡਾਂ ਵਾਲੇ ਅਣਪਛਾਤੇ ਫੋਨਾਂ ਦੀ ਵਰਤੋਂ ਕਰਕੇ ਪੁਲਸ ਨੂੰ ਲਗਾਤਾਰ ਚਕਮਾ ਦਿੱਤਾ ਹੈ, ਜਿਸ ਕਾਰਨ ਉਸ ਦੀ ਸਥਿਤੀ ਦਾ ਪਤਾ ਲਗਾਉਣਾ ਮੁਸ਼ਕਲ ਹੋ ਗਿਆ। ਚੰਡੀਗੜ੍ਹ ਅਤੇ ਰਾਏ ਮੱਲ ਪਿੰਡ ਵਰਗੇ ਹਮਲਿਆਂ ਤੋਂ ਬਾਅਦ ਪਾਸ਼ੀਆਂ ਨੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਆਪਣੀ ਸ਼ਮੂਲੀਅਤ ਬਾਰੇ ਸ਼ੇਖੀ ਮਾਰੀ ਤੇ ਅਧਿਕਾਰੀਆਂ ਨੂੰ ਖੁੱਲ੍ਹ ਕੇ ਚੁਣੌਤੀ ਦਿੱਤੀ। 2021 ਵਿੱਚ ਮਨੁੱਖੀ ਤਸਕਰੀ ਨੈੱਟਵਰਕ ਰਾਹੀਂ ਅਮਰੀਕਾ ਵਿੱਚ ਗੈਰ-ਕਾਨੂੰਨੀ ਦਾਖਲੇ ਮਗਰੋਂ ਪਾਸ਼ੀਆਂ ਨੇ ਵਿਦੇਸ਼ ਵਿੱਚ ਬੈਠ ਕੇ ਦਹਿਸ਼ਤੀ ਕਾਰਵਾਈਆਂ ਨੂੰ ਅੰਜਾਮ ਦਿੱਤਾ। ਉਸ ਨੇ ਪੰਜਾਬ ਪੁਲਸ ਲਈ ਵੱਡੀਆਂ ਰੁਕਾਵਟਾਂ ਖੜ੍ਹੀਆਂ ਕੀਤੀਆਂ, ਜੋ ਉਸ ਦੀ ਕੌਮਾਂਤਰੀ ਪਹੁੰਚ ਨੂੰ ਰੋਕਣ ਲਈ ਸੰਘਰਸ਼ ਕਰ ਰਹੀ ਸੀ।

## ਪਾਸ਼ੀਆਂ ਦੇ ਦੋ ਸਾਥੀ ਹੈਰੋਇਨ ਤੇ ਅਸਲੇ ਸਣੇ ਗ੍ਰਿਫ਼ਤਾਰ

**ਅੰਮ੍ਰਿਤਸਰ** : ਦਿਹਾਤੀ ਪੁਲਸ ਨੇ ਇੱਕ ਮਾਮਲੇ ਦੀ ਚੱਲ ਰਹੀ ਜਾਂਚ ਦੌਰਾਨ ਇੱਕ ਹੈਂਡ ਗਰਨੇਡ ਅਤੇ 183 ਗਰਾਮ ਹੈਰੋਇਨ ਬਰਾਮਦ ਕੀਤੀ ਹੈ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਬਲਜਿੰਦਰ ਸਿੰਘ ਕੋਲੋਂ ਪੁੱਛ-ਪੜਤਾਲ ਦੌਰਾਨ ਇਹ ਨਵੀਂ ਬਰਾਮਦਗੀ ਹੋਈ ਹੈ। ਬਲਜਿੰਦਰ ਸਿੰਘ ਤੋਂ ਇਲਾਵਾ ਪੁਲਸ ਨੇ ਪਲਵਿੰਦਰ ਸਿੰਘ ਉਰਫ ਪਾਲਾ ਨੂੰ ਗ੍ਰਿਫਤਾਰ ਕੀਤਾ ਸੀ, ਜਿਸ ਕੋਲੋਂ ਇੱਕ ਗਲੌਕ ਪਿਸਤੌਲ ਅਤੇ 523 ਗਰਾਮ ਹੈਰੋਇਨ ਬਰਾਮਦ ਕੀਤੀ ਸੀ। ਇਸ ਬਰਾਮਦਗੀ ਸਮੇਂ ਉਸ ਨੇ ਪੁਲਸ 'ਤੇ ਗੋਲੀ ਚਲਾਈ ਸੀ ਅਤੇ ਜਵਾਬੀ ਕਾਰਵਾਈ ਵਿੱਚ ਪੁਲਸ ਵੱਲੋਂ ਚਲਾਈ ਗੋਲੀ ਨਾਲ ਉਹ ਜ਼ਖਮੀ ਹੋ ਗਿਆ ਸੀ। ਹੁਣ ਤੱਕ ਇਸ ਮਾਮਲੇ ਵਿੱਚ ਇੱਕ ਹੈਂਡ ਗਰਨੇਡ, 606 ਗ੍ਰਾਮ ਹੈਰੋਇਨ, ਦੋ ਪਿਸਤੌਲ, ਮੈਗਜ਼ੀਨ ਅਤੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਜਾ ਚੁੱਕੇ ਹਨ। ਮੁਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਦੋਵੇਂ ਮੁਲਜ਼ਮ ਗੈਂਗਸਟਰ ਹੈਪੀ ਪਾਸ਼ੀਆਂ ਦੇ ਸੰਪਰਕ ਵਿੱਚ ਸਨ ਅਤੇ ਉਸ ਦੇ ਦਿਸ਼ਾ-ਨਿਰਦੇਸ਼ 'ਤੇ ਮੁਜਰਮਾਨਾ ਕਾਰਵਾਈਆਂ ਨੂੰ ਅੰਜਾਮ ਦੇ ਰਹੇ ਸਨ।

## ਏ ਐੱਸ ਆਈ ਤੇ ਸਿਪਾਹੀ 'ਤੇ ਹਮਲਾ

**ਮੁਕਤਸਰ** : ਗਿੱਦੜਬਾਹਾ ਸ਼ਹਿਰ ਦੇ ਭਾਗੂ ਰੋਡ 'ਤੇ ਝੁੱਗੀਆਂ ਵਿੱਚ ਨਸ਼ੀਲੇ ਪਦਾਰਥਾਂ ਦੀ ਭਾਲ ਕਰਨ ਗਏ ਏ ਐੱਸ ਆਈ ਰਾਜ ਬਹਾਦਰ ਤੇ ਕਾਂਸਟੇਬਲ ਜਸਪ੍ਰੀਤ ਸਿੰਘ 'ਤੇ ਵੀਰਵਾਰ ਸ਼ਾਮ ਨੂੰ ਕਥਿਤ ਤੌਰ 'ਤੇ ਹਮਲਾ ਕਰ ਦਿੱਤਾ ਗਿਆ। ਜ਼ਖਮੀ ਪੁਲਸ ਮੁਲਾਜ਼ਮਾਂ ਨੇ ਦੱਸਿਆ ਕਿ ਉਹ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਇਲਾਕੇ ਵਿੱਚ ਗਏ ਸਨ, ਪਰ ਕੁਝ ਮਰਦਾਂ ਅਤੇ ਔਰਤਾਂ ਨੇ ਉਨ੍ਹਾਂ 'ਤੇ ਹਮਲਾ ਕਰ ਦਿੱਤਾ। ਬਾਅਦ ਵਿੱਚ ਉਨ੍ਹਾਂ ਸੀਨੀਅਰ ਅਧਿਕਾਰੀਆਂ ਨੂੰ ਘਟਨਾ ਬਾਰੇ ਸੂਚਿਤ ਕੀਤਾ। ਗਿੱਦੜਬਾਹਾ ਦੇ ਡੀ ਐੱਸ ਪੀ ਅਵਤਾਰ ਸਿੰਘ ਨੇ ਸ਼ੁੱਕਰਵਾਰ ਕਿਹਾ, ਹਮਲਾਵਰਾਂ ਨੇ ਡੰਡਿਆਂ, ਪੱਥਰਾਂ ਅਤੇ ਇੱਟਾਂ ਦੀ ਵਰਤੋਂ ਕੀਤੀ। ਦੋ ਔਰਤਾਂ ਸਮੇਤ ਚਾਰ ਵਿਅਕਤੀਆਂ ਖਿਲਾਫ ਗਿੱਦੜਬਾਹਾ ਪੁਲਸ ਸਟੇਸ਼ਨ 'ਚ ਮਾਮਲਾ ਦਰਜ ਕੀਤਾ ਗਿਆ ਹੈ।

# ਦਿੱਲੀ ਪੁਲਸ ਵੱਲੋਂ ਪਟਿਆਲਾ ਦੇ ਪਿੰਡ ਦਾ ਏਜੰਟ ਗ੍ਰਿਫ਼ਤਾਰ

**ਨਵੀਂ ਦਿੱਲੀ** : ਦਿੱਲੀ ਪੁਲਸ ਨੇ ਪੰਜਾਬ ਦੇ 36 ਸਾਲਾ ਏਜੰਟ ਨੂੰ ਗ੍ਰਿਫਤਾਰ ਕੀਤਾ ਹੈ, ਜੋ 'ਡੰਕੀ ਰੂਟ' ਰਾਹੀਂ ਅਮਰੀਕਾ ਵਿੱਚ ਗੈਰ-ਕਾਨੂੰਨੀ ਪ੍ਰਵੇਸ਼ ਦੀ ਸਹੂਲਤ ਦੇਣ ਵਿੱਚ ਸ਼ਾਮਲ ਸੀ। ਇੱਕ ਅਧਿਕਾਰੀ ਨੇ ਸ਼ੁੱਕਰਵਾਰ ਕਿਹਾ ਕਿ ਏਜੰਟ ਦੀ ਪਛਾਣ ਨਰੇਸ਼ ਕੁਮਾਰ ਵਾਸੀ ਪਿੰਡ ਮਟੌਲੀ (ਪਟਿਆਲਾ) ਵਜੋਂ ਹੋਈ ਹੈ। ਉਸ ਨੂੰ ਅਮਰੀਕਾ ਤੋਂ ਇਕ ਭਾਰਤੀ ਯਾਤਰੀ ਦੇ ਦੇਸ਼ ਨਿਕਾਲੇ ਤੋਂ ਬਾਅਦ ਗ੍ਰਿਫਤਾਰ ਕੀਤਾ ਗਿਆ ਹੈ। ਪੁਲਸ ਮੁਤਾਬਕ ਨਰੇਸ਼ ਕੁਮਾਰ ਨੇ ਕਥਿਤ ਤੌਰ 'ਤੇ ਜਾਲ੍ਹੀ ਸ਼ੈਨੇਗਨ ਵੀਜ਼ਾ ਦਾ ਪ੍ਰਬੰਧ ਕਰਨ ਲਈ ਹੋਰ ਏਜੰਟਾਂ ਨਾਲ ਕੰਮ ਕੀਤਾ ਸੀ ਅਤੇ ਬਾਅਦ ਵਿਚ ਜਾਲ੍ਹਸਾਜ਼ੀ ਨੂੰ ਛੁਪਾਉਣ ਲਈ ਯਾਤਰੀ ਦੇ ਪਾਸਪੋਰਟ ਨਾਲ ਛੇੜਛਾੜ ਕੀਤੀ ਸੀ। ਇਹ ਮਾਮਲਾ 4 ਅਤੇ 5 ਅਪ੍ਰੈਲ ਦੀ ਵਿਚਕਾਰਲੀ ਰਾਤ ਨੂੰ ਉਦੋਂ ਸਾਹਮਣੇ ਆਇਆ, ਜਦੋਂ ਇਕ ਡਿਪੋਰਟੀ ਗੁਰਸਾਹਿਬ ਸਿੰਘ (39) ਅਮਰੀਕਾ ਤੋਂ ਆਈ ਜੀ ਆਈ ਹਵਾਈ ਅੱਡੇ 'ਤੇ ਪਹੁੰਚਿਆ। ਉਸ ਦੇ ਯਾਤਰਾ ਦਸਤਾਵੇਜ਼ਾਂ ਦੀ ਜਾਂਚ ਦੌਰਾਨ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਉਸ ਦੇ ਪਾਸਪੋਰਟ ਦੇ ਇੱਕ ਪੰਨੇ 'ਤੇ ਗੂੰਦ ਦੇ ਨਿਸ਼ਾਨ ਦੇਖੇ, ਜੋ ਛੇੜਛਾੜ ਦੇ ਸੰਕੇਤ ਦਿੰਦੇ ਸਨ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਪੰਜਾਬ ਦੇ ਤਰਨ ਤਾਰਨ ਜ਼ਿਲ੍ਹੇ ਦੇ ਰਹਿਣ ਵਾਲੇ ਗੁਰਸਾਹਿਬ ਸਿੰਘ 'ਤੇ ਬਾਅਦ ਵਿੱਚ ਆਈ ਜੀ ਆਈ ਏਅਰਪੋਰਟ ਪੁਲਸ ਸਟੇਸ਼ਨ ਵਿੱਚ ਮਾਮਲਾ ਦਰਜ ਕੀਤਾ ਗਿਆ ਸੀ। ਉਸ ਨੂੰ ਗ੍ਰਿਫਤਾਰ ਕਰਕੇ ਪੁੱਛਗਿੱਛ ਕੀਤੀ ਗਈ, ਜਿਸ ਦੌਰਾਨ ਉਸ ਨੇ ਕਾਰਵਾਈ ਦੇ ਵੇਰਵਿਆਂ ਦਾ ਖੁਲਾਸਾ ਕੀਤਾ। ਉਸ ਨੇ ਦੱਸਿਆ ਕਿ 2024 ਵਿੱਚ ਸਿੰਗਾਪੁਰ ਤੋਂ ਭਾਰਤ ਵਾਪਸ ਆਉਣ ਤੋਂ ਬਾਅਦ ਉਹ ਗੁਰਦੇਵ ਸਿੰਘ ਉਰਫ 'ਗੁਰੀ' ਨਾਮਕ ਇੱਕ ਏਜੰਟ ਦੇ ਸੰਪਰਕ ਵਿੱਚ ਆਇਆ, ਜਿਸ ਨੇ ਉਸਨੂੰ 20 ਲੱਖ ਰੁਪਏ ਦੇ ਬਦਲੇ ਗੈਰ-ਕਾਨੂੰਨੀ ਢੰਗ ਨਾਲ ਅਮਰੀਕਾ ਵਿੱਚ ਦਾਖਲ ਹੋਣ ਵਿੱਚ ਮਦਦ ਕਰਨ ਦਾ ਵਾਅਦਾ ਕੀਤਾ। ਉਸ ਨੇ 17 ਲੱਖ ਰੁਪਏ ਨਕਦ ਅਦਾ ਕੀਤੇ ਅਤੇ ਬਾਕੀ 3 ਲੱਖ ਰੁਪਏ ਇਕ ਬੈਂਕ ਖਾਤੇ ਵਿੱਚ ਟਰਾਂਸਫਰ ਕਰ ਦਿੱਤੇ, ਜੋ ਕਿ ਨਰੇਸ਼ ਕੁਮਾਰ ਦਾ ਸੀ। ਅਧਿਕਾਰੀ ਨੇ ਕਿਹਾ, 'ਲੰਮੀ ਪੁੱਛਗਿੱਛ ਦੌਰਾਨ ਨਰੇਸ਼ ਕੁਮਾਰ ਨੇ ਜਾਲ੍ਹਸਾਜ਼ੀ ਵਿੱਚ ਆਪਣੀ ਭੂਮਿਕਾ ਕਬੂਲ ਕੀਤੀ ਅਤੇ ਖੁਲਾਸਾ ਕੀਤਾ ਕਿ ਉਹ ਅਤੇ ਉਸ ਦਾ ਭਰਾ ਕਈ ਸਾਲਾਂ ਤੋਂ ਟਰੈਵਲ ਏਜੰਟ ਵਜੋਂ ਕੰਮ ਕਰ ਰਹੇ ਸਨ। ਉਸ ਨੇ ਗੁਰਦੇਵ ਸਿੰਘ ਨਾਲ ਕਮਿਸ਼ਨ ਦੇ ਆਧਾਰ 'ਤੇ ਕੰਮ ਕਰਨ ਦੀ ਗੱਲ ਕਬੂਲ ਕੀਤੀ ਅਤੇ ਯਾਤਰੀ ਤੋਂ 3 ਲੱਖ ਰੁਪਏ ਪ੍ਰਾਪਤ ਕਰਨ ਦੀ ਪੁਸ਼ਟੀ ਕੀਤੀ। ਗੁਰਦੇਵ ਸਿੰਘ ਫਰਾਰ ਹੈ।'


## ਅੱਜ-ਨਾਮਾ

ਥਾਣੇਦਾਰ ਦੋ ਆ ਗਏ ਫਿਰ ਮਾਰ ਥੱਲੇ,
ਕਰ'ਤੇ ਸੁਣੇ ਆ ਦੋਵੇਂ ਸਸਪੈਂਡ ਭਾਈ।
ਹੋਣੀ ਕਈਆਂ 'ਤੇ ਸੁਣੀ ਆ ਕਾਰਵਾਈ,
ਕੋਈ ਨਾ ਉਨ੍ਹਾਂ ਨੂੰ ਕਰੂ ਡਿਫੈਂਡ ਭਾਈ।
ਕੀਤੇ ਇਹੋ ਨਹੀਂ ਸਿਰਫ ਸਸਪੈਂਡ ਦੋਵੇਂ,
ਮੈਸੇਜ ਹੋਰਨਾਂ ਨੂੰ ਹੋ ਗਿਆ ਸੈਂਡ ਭਾਈ।
ਰੱਖਣੀ ਅੱਗੇ ਕੋਈ ਚੌਕਸੀ ਚਾਹੀਦੀ ਆ,
ਕਰਦਾ ਫਿਰੇ ਨਹੀਂ ਕੋਈ ਡਿਫੈਂਡ ਭਾਈ।
ਮਦਦ ਇਨ੍ਹਾਂ ਦੀ ਕਰਨ ਨੂੰ ਆਏ ਜੋ ਵੀ,
ਬਾਂਹੋਂ ਉਹਨੂੰ ਵੀ ਲਉ ਖਾਂ ਪਕੜ ਭਾਈ।
ਆਵੇ ਹੱਥ ਤਾਂ ਸੁੱਕਾ ਨਹੀਂ ਨਿਕਲ ਜਾਵੇ,
ਕਾਨੂੰਨੀ ਏਦਾਂ ਦੀ ਮਾਰਿਉ ਜਕੜ ਭਾਈ।

-ਤੀਸ ਮਾਰ ਖਾਂ

# ਨਾਗਾਪਟੀਨਮ ਦੇ ਲੋਕਾਂ ਦੀ ਪ੍ਰਾਹੁਣਚਾਰੀ ਚਿਰਾਂ ਤੱਕ ਚੇਤਿਆਂ ਦਾ ਹਿਸਾ ਰਹੇਗੀ

**ਨਾਗਾਪਟੀਨਮ (ਤਾਮਿਲਨਾਡੂ)**
**(ਗਿਆਨ ਸੈਦਪੁਰੀ)**




ਕੇਲਿਆਂ ਦੇ ਪੱਤਿਆਂ 'ਤੇ ਭੋਜਨ ਛਕ ਰਹੇ ਡੈਲੀਗੇਟ ਅਤੇ ਆਈ ਡੀ ਪੀ ਡੀ ਵੱਲੋਂ ਲਾਇਆ ਗਿਆ ਮੈਡੀਕਲ ਕੈਂਪ।

ਕੁਲ ਹਿੰਦ ਕਿਸਾਨ ਸਭਾ ਦੀ 30ਵੀਂ ਕੌਮੀ ਕਾਨਫਰੰਸ ਵਿੱਚ ਹਿੱਸਾ ਲੈਣ ਲਈ 19 ਸੂਬਿਆਂ ਵਿੱਚੋਂ 590 ਡੈਲੀਗੇਟ ਇੱਥੇ ਪਹੁੰਚੇ ਹੋਏ ਹਨ। ਸਭ ਆਪੋ- ਆਪਣੀ ਸੰਸਕ੍ਰਿਤੀ ਤੇ ਰੀਤੀ-ਰਿਵਾਜਾਂ ਦਾ ਮਾਣ ਕਰ ਰਹੇ ਹਨ। ਇਸ ਦੇ ਨਾਲ ਹੀ ਉਹ ਨਾਗਾਪਟੀਨਮ (ਤਾਮਿਲਨਾਡੂ) ਦੇ ਲੋਕਾਂ ਦੀ ਪ੍ਰਾਹੁਣਚਾਰੀ ਤੇ ਪੱਬਾਂ ਭਾਰ ਹੋ ਕੇ ਕੀਤੀ ਜਾ ਰਹੀ ਆਓ ਭਗਤ ਤੋਂ ਪ੍ਰਭਾਵਿਤ ਹੋ ਕੇ ਅਸ਼-ਅਸ਼ ਹੀ ਨਹੀਂ ਕਰ ਰਹੇ, ਸਗੋਂ ਵਾਰ-ਵਾਰ ਇੱਥੇ ਆਉਣ ਦੇ ਸਬੱਬ ਤਲਾਸ਼ ਰਹੇ ਹਨ। ਸਾਰੇ ਡੈਲੀਗੇਟ ਪਹਿਲੇ ਦਿਨ ਹੀ ਇੱਥੋਂ ਦੇ ਕਲਾਕਾਰਾਂ ਵੱਲੋਂ ਪੇਸ਼ ਕੀਤੇ ਗਏ ਸੰਗੀਤ ਦੇ ਰੰਗਾਂ ਵਿੱਚ ਰੰਗੇ ਗਏ ਸਨ। ਸੰਗੀਤ ਦੀਆਂ ਸੁਰਾਂ ਨੂੰ ਸਮਝਣ ਲਈ ਭਾਸ਼ਾ ਕਿਧਰੇ ਵੀ ਅੜਿੱਕਾ ਨਾ ਬਣੀ, ਜਦ ਕਿ ਆਮ ਵਿਚਰਨ ਵਰਤਾਰੇ ਵਿੱਚ ਬੋਲੀ ਵੱਡੀ ਸਮੱਸਿਆ ਹੈ। ਗੱਲ ਸਮਝਣ-ਸਮਝਾਉਣ ਲਈ ਇਸ਼ਾਰੇ ਹੀ ਕੰਮ ਆ ਰਹੇ ਹਨ। ਭੋਜਨ ਕੇਲੇ ਦੇ ਪੱਤਿਆਂ 'ਤੇ ਛਕਣਾ ਸ਼ਾਇਦ ਇੱਥੋਂ ਦੇ ਲੋਕਾਂ ਦੀ ਪੁਰਾਣੀ ਸੱਭਿਅਤਾ ਦਾ ਹਿੱਸਾ ਹੈ। ਪੰਜਾਬ ਵਿੱਚੋਂ ਪਹਿਲੀ ਵਾਰ ਆਏ ਡੈਲੀਗੇਟਾਂ ਨੂੰ ਕੇਲੇ ਦੇ ਪੱਤਿਆਂ 'ਤੇ ਪਰੋਸੀ ਹੋਈ ਰੋਟੀ ਖਾਣ ਦਾ ਵਰਤਾਰਾ ਅਜੀਬ ਵੀ ਲੱਗਾ ਤੇ ਚੰਗਾ ਵੀ। ਇੱਥੇ ਇਹ ਵੀ ਦੱਸਣਾ ਠੀਕ ਹੋਵੇਗਾ ਕਿ ਦੱਖਣੀ ਭਾਰਤ ਦੇ ਲੋਕ ਖਾਣਾ ਖਾਣ ਵੇਲੇ ਚਮਚੇ ਦੀ ਵਰਤੋਂ ਨਹੀਂ ਕਰਦੇ। ਦੂਸਰੇ ਸੂਬਿਆਂ ਤੇ ਖਾਸ ਕਰਕੇ ਪੰਜਾਬ ਵਾਲਿਆਂ ਲਈ ਚਮਚੇ ਤੋਂ ਬਿਨਾਂ ਖਾਣਾ ਖਾਣਾ ਮੁਸ਼ਕਿਲ ਹੁੰਦਾ ਹੈ। ਭੋਜਨ ਵਿੱਚ ਪਰੋਸੇ ਗਏ ਵੰਨ-ਸੁਵੰਨੇ ਪਕਵਾਨਾਂ ਦੇ ਸਵਾਦ ਤੇ 'ਦੱਖਣੀ ਖੁਸ਼ਬੂ' ਨੇ ਚਮਚਿਆਂ ਦੀ ਜ਼ਰੂਰੀ ਵਰਤੋਂ ਦੀ ਲੋੜ ਭੁਲਾ ਦਿੱਤੀ। ਇਹ ਆਪਣੀ ਥਾਂ ਹੈ ਕਿ ਚਮਚਿਆਂ ਦੀ ਮੰਗ ਵਾਲੀ ਗੱਲ ਪ੍ਰਬੰਧਕਾਂ ਤੱਕ ਪਹੁੰਚਣ 'ਤੇ ਚਮਚੇ 'ਉਪਲੱਬਧ' ਹੋਣ ਲੱਗ ਪਏ। ਇੱਕ ਲੰਗਰ ਹਾਲ ਵਿੱਚ ਛੇ ਸੌ ਬੰਦੇ ਨੂੰ ਬਿਨਾਂ ਕਤਾਰ ਵਿੱਚ ਲੱਗਿਆਂ ਇੱਕੋ ਵੇਲੇ ਭੋਜਨ ਛਕਾਉਣ ਦਾ ਤਰੀਕਾ ਕੋਈ ਦੱਖਣੀ ਭਾਰਤੀਆਂ ਕੋਲੋਂ ਸਿੱਖੇ।

ਨਾਸ਼ਤਾ, ਦੁਪਹਿਰ ਦਾ ਖਾਣਾ ਤੇ ਰਾਤ ਦੀ ਰੋਟੀ ਖਾਣ ਉਪਰੰਤ ਸਾਰੇ ਮਹਿਮਾਨ ਸਵਾਦ-ਸਵਾਦ ਹੋਏ ਮਹਿਸੂਸ ਹੋਏ, ਖਾਸ ਕਰਕੇ ਪੰਜਾਬੀ। ਭੋਜਨ ਵਿੱਚ ਵਰਤਾਏ ਜਾਂਦੇ ਜ਼ਿਆਦਾ ਵਿਅੰਜਨਾਂ ਕਰਕੇ ਵਰਤਾਵਿਆਂ ਦੀ ਵੱਧ ਗਿਣਤੀ ਵੀ ਰੜਕਦੀ ਨਹੀਂ। ਪ੍ਰਬੰਧਕਾਂ ਦੀ ਬਾਜ਼ ਅੱਖ ਵੇਖਦੀ ਰਹਿੰਦੀ ਹੈ ਕਿ ਕੋਈ ਵਰਤਾਵਾ ਕੁਤਾਹੀ ਤਾਂ ਨਹੀਂ ਕਰਦਾ। ਰੋਟੀ ਆਰਾਮ ਨਾਲ ਹਜ਼ਮ ਹੋ ਜਾਣਾ ਵੀ ਇੱਕ ਅਹਿਮ ਪੱਖ ਹੈ। ਖੈਰ ਪੰਜਾਬ ਦੇ ਵੱਖ-ਵੱਖ ਡੈਲੀਗੇਟਾਂ ਦੇ ਪ੍ਰਭਾਵ ਤੋਂ ਇਹੋ ਗੱਲ ਸਾਹਮਣੇ ਆਈ ਕਿ ਉਹ ਨਾਗਾਪਟੀਨਮ ਦੇ ਵਾਸੀਆਂ ਦੀ ਪ੍ਰਾਹੁਣਚਾਰੀ ਨੂੰ ਚਿਰਾਂ ਤੱਕ ਚੇਤਿਆਂ 'ਚ ਵਸਾ ਕੇ ਰੱਖਣਗੇ। ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ ਅਤੇ ਪੈਰਾ ਮੈਡੀਕਲ ਲੈਬ ਐਜੂਕੇਸ਼ਨਲ ਐਂਡ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਡਾਕਟਰ ਸ਼ਾਂਤੀ ਦੀ ਅਗਵਾਈ ਵਿੱਚ 'ਕਾਮਰੇਡ ਅਤੁਲ ਕੁਮਾਰ ਅਨਜਾਨ ਹਾਲ' ਦੇ ਬਾਹਰ ਲਾਇਆ ਗਿਆ ਮੈਡੀਕਲ ਕੈਂਪ ਵੀ ਡੈਲੀਗੇਟਾਂ ਨੂੰ ਲੋੜ ਅਨੁਸਾਰ ਦਵਾਈਆਂ ਮੁਹੱਈਆ ਕਰਵਾਉਂਦਾ ਰਿਹਾ। ਇੱਕ ਗੱਲ ਹੋਰ, ਜਿਹੜੀ ਭਾਸ਼ਾ ਦੀ ਸਮੱਸਿਆ ਨਾਲ ਹੀ ਸੰਬੰਧਤ ਹੈ। ਕਾਨਫਰੰਸ ਵਾਲੀ ਥਾਂ ਦੋ ਕਿਤਾਬਾਂ ਦੇ ਸਟਾਲ ਲਾਏ ਗਏ ਸਨ। ਇੱਥੇ ਕੋਈ ਵੀ ਗੈਰ ਮਲਿਆਲਮ ਪੁਸਤਕ ਨਹੀਂ ਰੱਖੀ ਗਈ। ਹਿੰਦੀ ਜਾਂ ਪੰਜਾਬੀ ਤਾਂ ਛੱਡੋ ਅੰਗਰੇਜ਼ੀ ਦੀ ਵੀ ਕੋਈ ਕਿਤਾਬ ਉਪਲੱਬਧ ਨਹੀਂ ਹੈ। ਠਹਿਰਨ ਦੇ ਪ੍ਰਬੰਧ ਦਾ ਜ਼ਿਕਰ ਵੀ ਕੁਥਾਂ ਨਹੀਂ ਹੋਵੇਗਾ।ਕਾਨਫਰੰਸ ਦੇ ਪ੍ਰਬੰਧਕਾਂ ਵੱਲੋਂ ਡੈਲੀਗੇਟਾਂ ਦੇ ਠਹਿਰਨ ਦਾ ਪ੍ਰਬੰਧ ਕਾਨਫਰੰਸ ਦੇ ਨਜ਼ਦੀਕ ਤੇ ਆਰਾਮਦਾਇਕ ਹੈ।

## 'ਆਪ' ਸਰਕਾਰ ਡਾ. ਅੰਬੇਡਕਰ ਦੇ ਸਿਧਾਂਤਾਂ 'ਤੇ ਚੱਲ ਰਹੀ : ਬਰਿੰਦਰ ਗੋਇਲ



**ਸੰਗਰੂਰ/ਲਹਿਰਾਗਾਗਾ (ਪ੍ਰਵੀਨ ਸਿੰਘ/ਪਵਨ ਸ਼ਰਮਾ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਐਡਵੋਕੇਟ ਜਨਰਲ ਦਫ਼ਤਰ ਵਿੱਚ ਰਾਖਵਾਂਕਰਨ ਲਾਗੂ ਕਰਕੇ ਡਾ. ਬੀ. ਆਰ. ਅੰਬੇਡਕਰ ਦੇ ਸੁਪਨੇ ਨੂੰ ਸਾਕਾਰ ਕਰ ਦਿਖਾਇਆ ਹੈ।ਉਨ੍ਹਾ ਕਿਹਾ ਕਿ ਇਹ ਕਦਮ ਸਮਾਜਿਕ ਨਿਆਂ ਤੇ ਸਮਾਨਤਾ ਪ੍ਰਤੀ 'ਆਪ' ਸਰਕਾਰ ਦੀ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ।ਲਹਿਰਾ ਵਿਖੇ ਸਥਿਤ ਆਪਣੇ ਦਫ਼ਤਰ ਵਿਖੇ ਪੱਤਰਕਾਰ ਸੰਮੇਲਨ ਦੌਰਾਨ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ ਸਿਧਾਂਤਾਂ ਉੱਤੇ ਚੱਲ ਰਹੀ ਹੈ, ਜਿਸ ਤਹਿਤ ਐਡਵੋਕੇਟ ਜਨਰਲ ਦਫ਼ਤਰ ਵਿੱਚ ਐੱਸ ਸੀ ਭਾਈਚਾਰੇ ਨਾਲ ਸਬੰਧਤ ਸੀਟਾਂ, ਜੋ ਬਹੁਤ ਜ਼ਿਆਦਾ ਆਮਦਨ ਯੋਗਤਾ ਸੀਮਾ ਕਾਰਨ ਖਾਲੀ ਰਹਿ ਜਾਂਦੀਆਂ ਸਨ, ਨੂੰ ਭਰਨ ਲਈ ਸਰਕਾਰ ਨੇ ਅਨੁਸੂਚਿਤ ਜਾਤੀ ਭਾਈਚਾਰੇ ਦੇ ਵਕੀਲਾਂ ਨੂੰ ਦਰਪੇਸ਼ ਲੰਬੇ ਸਮੇਂ ਤੋਂ ਆ ਰਹੀ ਰੁਕਾਵਟ ਨੂੰ ਸਥਾਈ ਤੌਰ 'ਤੇ ਦੂਰ ਕਰ ਦਿੱਤਾ ਹੈ।ਉਨ੍ਹਾਂ ਦੱਸਿਆ ਕਿ ਸਰਕਾਰ ਦੇ ਧਿਆਨ ਵਿੱਚ ਆਇਆ ਸੀ ਕਿ ਐਡਵੋਕੇਟ ਜਨਰਲ ਦਫ਼ਤਰ ਵਿੱਚ ਬਹੁਤ ਜ਼ਿਆਦਾ ਆਮਦਨ ਯੋਗਤਾ ਸੀਮਾ ਕਾਰਨ 58 ਵਿੱਚੋਂ ਲਗਭਗ 15 ਆਸਾਮੀਆਂ ਖਾਲੀ ਰਹਿ ਜਾਂਦੀਆਂ ਸਨ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਇਸ ਪਾੜੇ ਨੂੰ ਠੀਕ ਕਰਨ ਲਈ ਕਾਨੂੰਨ ਅਫਸਰਾਂ ਦੀ ਨਿਯੁਕਤੀ ਸਮੇਂ ਆਮਦਨ ਦੀ ਸੀਮਾ ਨੂੰ ਅੱਧਾ ਕਰਨ ਲਈ ਸੋਧਾਂ ਕੀਤੀਆਂ ਤੇ ਆਮਦਨ ਯੋਗਤਾ ਸ਼ਰਤ ਵਿੱਚ 50% ਕਟੌਤੀ ਕਰ ਦਿੱਤੀ ਹੈ, ਜਿਸ ਨਾਲ ਐੱਸ ਸੀ ਭਾਈਚਾਰੇ ਨੂੰ ਵੱਡੀ ਰਾਹਤ ਮਿਲੀ ਹੈ।

## ਗੁਰਵਿੰਦਰ ਸਿੰਘ ਭੁੱਲਰ ਨੇ ਸੰਭਾਲਿਆ ਥਾਣਾ ਮੁਖੀ ਦਾ ਚਾਰਜ



**ਕੋਟ ਈਸੇ ਖਾਂ (ਅਰੋੜਾ)**-ਥਾਣਾ ਮੁਖੀ ਸੁਨੀਤਾ ਬਾਵਾ ਦੀ ਬਦਲੀ ਹੋ ਜਾਣ ਉਪਰੰਤ ਥਾਣਾ ਮੁਖੀ ਕੋਟ ਈਸੇ ਖਾਂ ਦਾ ਚਾਰਜ ਗੁਰਵਿੰਦਰ ਸਿੰਘ ਭੁੱਲਰ ਨੇ ਸੰਭਾਲ ਲਿਆ ਹੈ।ਚਾਰਜ ਸੰਭਾਲਣ ਮੌਕੇ ਗੱਲਬਾਤ ਕਰਦੇ ਹੋਏ ਗੁਰਵਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਲਾਅ ਐਂਡ ਆਰਡਰ ਦੀ ਸਥਿਤੀ ਨੂੰ ਹਰ ਹਾਲਤ ਬਰਕਰਾਰ ਰੱਖਿਆ ਜਾਵੇਗਾ, ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾ ਕਿਹਾ ਕਿ ਕਸਬੇ 'ਚ ਜੋ ਟ੍ਰੈਫਿਕ ਆਦਿ ਦੀ ਸਮੱਸਿਆ ਹੈ, ਉਸ ਦਾ ਵੀ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਕੰਮ ਪ੍ਰਤੀ ਥਾਣੇ 'ਚ ਆਏ ਕਿਸੇ ਵੀ ਵਿਅਕਤੀ ਨੂੰ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ, ਬਿਨਾਂ ਭੇਦ ਭਾਵ ਦੇ ਸਭ ਦੇ ਕੰਮ ਸਹੀ ਤਰੀਕੇ ਨਾਲ ਕੀਤੇ ਜਾਣਗੇ।ਨਸ਼ੇ ਦੇ ਸੌਦਾਗਰਾਂ ਨੂੰ ਸਖ਼ਤ ਤਾੜਨਾ ਕਰਦੇ ਹੋਏ ਥਾਣਾ ਮੁਖੀ ਨੇ ਕਿਹਾ ਕਿ ਜੇ ਕੋਈ ਨਸ਼ੇ ਦਾ ਧੰਦਾ ਕਰਦਾ ਹੈ, ਉਹ ਆਪਣਾ ਬੋਰੀਆ ਬਿਸਤਰਾ ਲਪੇਟ ਲਵੇ, ਨਹੀਂ ਤਾਂ ਉਨ੍ਹਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ ਅਤੇ ਨਸ਼ਾ ਵੇਚਣ ਵਾਲਿਆਂ ਦੇ ਸੰਬੰਧ 'ਚ ਕਿਸੇ ਦੀ ਕੋਈ ਸਿਫਾਰਸ਼ ਨਹੀਂ ਮੰਨੀ ਜਾਵੇਗੀ।

## ਬਿਹਤਰ ਸਿੱਖਿਆ ਪ੍ਰਣਾਲੀ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਂਦੀ : ਡਾ. ਸਿੰਗਲਾ

### ਸਿੱਖਿਆ ਕ੍ਰਾਂਤੀ ਤਹਿਤ ਹਲਕੇ ਦੇ ਸਕੂਲਾਂ 'ਚ ਕੀਤਾ ਵਿਕਾਸ ਕਾਰਜਾਂ ਦਾ ਉਦਘਾਟਨ



**ਮਾਨਸਾ (ਆਤਮਾ ਸਿੰਘ ਪਮਾਰ)**-ਬਿਹਤਰ ਸਿੱਖਿਆ ਪ੍ਰਣਾਲੀ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਕੇ ਉਨ੍ਹਾਂ ਨੂੰ ਸਮੇਂ ਦੇ ਹਾਣੀ ਬਣਾਉਣ ਵਿੱਚ ਸਹਾਈ ਸਿੱਧ ਹੁੰਦੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਅੱਜ ਉੱਭਾ, ਉੱਭਾ ਬੁਰਜ ਢਿੱਲਵਾਂ ਤੇ ਖੜਕ ਸਿੰਘ ਵਾਲਾ ਪਿੰਡਾਂ ਦੇ ਸਕੂਲਾਂ ਵਿਖੇ ਵੱਖ-ਵੱਖ ਕਾਰਜਾਂ ਦੇ ਉਦਘਾਟਨ ਕਰਦਿਆਂ ਕੀਤਾ।ਵਿਧਾਇਕ ਸਿੰਗਲਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਬੱਚਿਆਂ ਦੇ ਭਵਿੱਖ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਇਹ ਕਾਰਜ ਭਵਿੱਖ ਵਿੱਚ ਵੀ ਲਗਾਤਾਰ ਜਾਰੀ ਰਹਿਣਗੇ, ਕਿਉਂਕਿ ਇੱਕ ਵਧੀਆ ਸਿੱਖਿਆ ਪ੍ਰਣਾਲੀ ਹੀ ਬੱਚਿਆਂ ਦੇ ਵਧੀਆ ਤੇ ਉੱਜਵਲ ਭਵਿੱਖ ਨੂੰ ਤੈਅ ਕਰਦੀ ਹੈ।ਉਨ੍ਹਾਂ ਕਿਹਾ ਕਿ ਸੂਬੇ ਨੂੰ ਰੰਗਲਾ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਵਾਅਦੇ ਮੁਤਾਬਿਕ ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀ ਲਿਆਉਣ ਲਈ ਮੁੱਢ ਤੋਂ ਹੀ ਜ਼ਮੀਨੀ ਪੱਧਰ 'ਤੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਸੀ, ਜਿਸ ਸਦਕਾ ਇਨ੍ਹਾਂ ਖੇਤਰਾਂ ਵਿੱਚ ਵਧੀਆ ਤੇ ਸਾਰਥਕ ਨਤੀਜੇ ਸਾਹਮਣੇ ਆਏ ਹਨ।ਉਦਘਾਟਨ ਸਮਾਰੋਹ ਦੌਰਾਨ ਵਿਧਾਇਕ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਉੱਭਾ ਵਿਖੇ 5 ਲੱਖ 52 ਹਜ਼ਾਰ ਰੁਪਏ ਦੀ ਲਾਗਤ ਨਾਲ ਕਮਰਿਆਂ ਦੀ ਚਾਰਦੀਵਾਰੀ ਤੇ ਵਰਾਂਡੇ ਦੇ ਨਵੀਨੀਕਰਨ ਤੋਂ ਇਲਾਵਾ ਹੋਰ ਕੰਮਾਂ ਦੇ ਉਦਘਾਟਨ ਕੀਤੇ।ਇਸ ਤੋਂ ਇਲਾਵਾ ਸਰਕਾਰੀ ਪ੍ਰਾਇਮਰੀ ਸਕੂਲ ਉੱਭਾ ਬੁਰਜ ਢਿੱਲਵਾਂ ਵਿਖੇ 2 ਲੱਖ 50 ਹਜ਼ਾਰ ਦੀ ਲਾਗਤ ਨਾਲ ਚਾਰਦੀਵਾਰੀ ਦੀ ਮੁਰੰਮਤ, ਸਸਸ ਉਭਾ ਬੁਰਜ ਢਿੱਲਵਾਂ ਵਿਖੇ 11 ਲੱਖ 35 ਹਜ਼ਾਰ ਦੀ ਲਾਗਤ ਨਾਲ ਬਣੀ ਚਾਰਦੀਵਾਰੀ ਤੇ ਸਰਕਾਰੀ ਮਿਡਲ ਸਕੂਲ ਖੜਕ ਸਿੰਘ ਵਾਲਾ ਵਿਖੇ 6 ਲੱਖ 26 ਹਜ਼ਾਰ ਦੀ ਲਾਗਤ ਨਾਲ ਚਾਰਦੀਵਾਰੀ ਅਤੇ 15 ਲੱਖ 2 ਹਜ਼ਾਰ ਰੁਪਏ ਨਾਲ ਬਣੇ 2 ਆਧੁਨਿਕ ਕਮਰਿਆਂ ਦਾ ਉਦਘਾਟਨ ਕੀਤਾ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਮਾਨਸਾ ਗੁਰਪ੍ਰੀਤ ਸਿੰਘ ਭੁੱਚਰ, ਹਲਕਾ ਕੋਆਰਡੀਨੇਟਰ ਅਜੈਬ ਸਿੰਘ, ਡਾ. ਭਰਪੂਰ ਸਿੰਘ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ, ਪਿੰਡ ਵਾਸੀ, ਸਕੂਲ ਮੁਖੀ, ਸਟਾਫ਼ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਸਨ।

## ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਨੀਤੀ ਦੇਸ਼ 'ਚ ਤੋੜ-ਭੰਨ ਕਰਨ ਵਾਲੀ : ਮਾਨ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਿਸੇ ਵੀ ਮੁਲਕ ਦਾ ਗ੍ਰਹਿ ਵਜ਼ੀਰ ਅਜਿਹਾ ਹੋਣਾ ਚਾਹੀਦਾ ਹੈ, ਜੋ ਉਥੇ ਵਸਣ ਵਾਲੀਆਂ ਸਭ ਕੌਮਾਂ, ਧਰਮਾਂ, ਫਿਰਕਿਆਂ, ਕਬੀਲਿਆਂ ਆਦਿ ਨੂੰ ਮਨੁੱਖਤਾ ਪੱਖੀ ਨੀਤੀਆਂ 'ਤੇ ਅਮਲ ਕਰਕੇ ਸਭ ਨੂੰ ਆਪਸੀ ਪਿਆਰ ਮੁਹੱਬਤ ਨਾਲ ਜੋੜ ਕੇ ਰੱਖ ਸਕੇ ਨਾ ਕਿ ਉਸ ਦੀਆਂ ਨੀਤੀਆਂ ਬਹੁ-ਗਿਣਤੀ ਤੇ ਘੱਟ ਗਿਣਤੀ ਕੌਮਾਂ ਵਿੱਚ ਨਫਰਤ ਪੈਦਾ ਕਰਕੇ ਉਸ ਮੁਲਕ ਦੇ ਅਮਨ ਨੂੰ ਸੱਟ ਮਾਰਨ ਵਾਲੀਆਂ ਹੋਣੀਆਂ ਚਾਹੀਦੀਆਂ ਹਨ। ਜੋ ਇੰਡੀਆ ਦੇ ਗ੍ਰਹਿ ਵਜ਼ੀਰ ਅਮਿਤ ਸ਼ਾਹ ਹਨ, ਇਨ੍ਹਾਂ ਦੇ ਹੁਣ ਤੱਕ ਦੇ ਅਮਲ ਅਜਿਹੇ ਰਹੇ ਹਨ, ਜਿਸ ਨਾਲ ਮੁਲਕ ਵਿੱਚ ਵੱਖ-ਵੱਖ ਕੌਮਾਂ, ਧਰਮਾਂ ਵਿੱਚ ਨਫਰਤ ਪੈਦਾ ਹੋਵੇ ਤੇ ਦੰਗੇ ਫਸਾਦ ਹੋਣ। ਗ੍ਰਹਿ ਵਜ਼ੀਰ ਦੀ ਜ਼ਿੰਮੇਵਾਰੀ ਸਮੁੱਚੇ ਵਰਗਾਂ ਨੂੰ ਜੋੜ ਕੇ ਰੱਖਣ ਦੀ ਹੁੰਦੀ ਹੈ ਨਾ ਕਿ ਤੋੜ ਕੇ ਰੱਖਣ ਦੀ, ਪਰ ਅਮਿਤ ਸ਼ਾਹ ਵੱਲੋਂ ਆਪਣੀਆਂ ਏਜੰਸੀਆਂ ਰਾਹੀਂ ਕੈਨੇਡਾ, ਅਮਰੀਕਾ, ਬਰਤਾਨੀਆ, ਪਾਕਿਸਤਾਨ ਤੇ ਇੰਡੀਆ ਵਿੱਚ ਸਿਰਕੱਢ ਸਿੱਖਾਂ ਨੂੰ ਸਾਜ਼ਿਸ਼ੀ ਢੰਗਾਂ ਨਾਲ ਮਰਵਾਇਆ ਗਿਆ ਹੈ, ਜਿਸ ਨੂੰ ਅਮਰੀਕਾ ਸਮੇਤ ਆਈ ਫਾਈਵ ਮੁਲਕਾਂ ਨੇ ਵੀ ਗੰਭੀਰ ਨੋਟਿਸ ਲਿਆ ਹੈ। ਇਨ੍ਹਾਂ ਦੇ ਕੋਈ ਵੀ ਅਮਲ ਇਥੇ ਜਮਹੂਰੀਅਤ ਢੰਗ ਨੂੰ ਵਧਾਉਣ ਜਾਂ ਅਮਨ ਚੈਨ ਕਾਇਮ ਕਰਨ ਵਾਲੇ ਨਹੀਂ ਹਨ, ਜੇਕਰ ਸ੍ਰੀ ਮੋਦੀ ਤੇ ਸ਼ਾਹ ਨੇ ਇੰਡੀਆ ਵਿੱਚ ਆਪਣੇ ਅਜਿਹੇ ਮਨੁੱਖਤਾ ਵਿਰੋਧੀ ਅਮਲਾਂ ਤੋਂ ਤੌਬਾ ਨਾ ਕੀਤੀ, ਤਾਂ ਇਸ ਦੇ ਨਿਕਲਣ ਵਾਲੇ ਭਿਆਨਕ ਨਤੀਜਿਆਂ ਦੇ ਹੋਣ ਵਾਲੇ ਨੁਕਸਾਨ ਤੋਂ ਨਹੀਂ ਬਚ ਸਕਣਗੇ। ਇਹ ਵਿਚਾਰ ਸ੍ਰ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਵੈਸਟ ਬੰਗਾਲ ਵਿੱਚ ਜਿੱਥੇ ਦ੍ਰਿੜ੍ਹ ਤੇ ਬੇਡਰ ਵਿਚਾਰਾਂ ਵਾਲੀ ਬੀਬੀ ਮਮਤਾ ਬੈਨਰਜੀ ਮੁੱਖ ਮੰਤਰੀ ਹਨ, ਦੇ ਸੂਬੇ ਵਿੱਚ ਗ੍ਰਹਿ ਵਜ਼ੀਰ ਅਮਿਤ ਸ਼ਾਹ, ਮੋਦੀ ਤੇ ਬੀਜੇਪੀ-ਆਰ.ਐੱਸ.ਐੱਸ. ਹਕੂਮਤ ਵੱਲੋਂ ਸਾਜ਼ਿਸ਼ੀ ਢੰਗਾਂ ਰਾਹੀਂ ਨਫਰਤ ਪੈਦਾ ਕਰਕੇ ਦੰਗੇ ਫਸਾਦ ਕਰਵਾਉਣ ਤੇ ਉਸ ਵਿਰੋਧੀ ਪਾਰਟੀ ਦੀ ਸਰਕਾਰ ਨੂੰ ਅਸਥਿਰ ਕਰਨ ਦੇ ਮਨੁੱਖਤਾ ਵਿਰੋਧੀ ਅਮਲਾਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਅਤੇ ਅਜਿਹੀਆਂ ਕਾਰਵਾਈਆਂ ਨੂੰ ਅਤਿ ਸ਼ਰਮਨਾਕ ਕਰਾਰ ਦਿੰਦੇ ਹੋਏ ਪ੍ਰਗਟ ਕੀਤੇ।

ਉਨ੍ਹਾਂ ਕਿਹਾ ਕਿ ਸ੍ਰੀ ਅਮਿਤ ਸ਼ਾਹ ਵੱਲੋਂ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਵਿਰੁੱਧ 22 ਮਾਰਚ 2025 ਨੂੰ ਪਾਰਲੀਮੈਂਟ ਵਿੱਚ ਬੋਲਦੇ ਹੋਏ ਸਿੱਖ ਮਨ-ਆਤਮਾਵਾਂ ਨੂੰ ਡੂੰਘੀ ਠੇਸ ਪਹੁੰਚਾਉਣ ਤੋਂ ਵੀ ਗੁਰੇਜ਼ ਨਹੀਂ ਕੀਤਾ ਗਿਆ। ਇਥੋਂ ਤੱਕ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਅਪਮਾਨਿਤ ਕਰਦੇ ਹੋਏ ਬਿਆਨਬਾਜ਼ੀ ਕੀਤੀ ਗਈ। ਮੁਸਲਿਮ ਕੌਮ ਦੀਆਂ ਦਾਨ ਕੀਤੀਆਂ ਜਾਇਦਾਦਾਂ ਦਾ ਪ੍ਰਬੰਧ ਬੰਦ ਕਰਨ ਵਾਲੇ ਤੇ ਮੁਸਲਿਮ ਕੌਮ ਦੀਆਂ ਵਿਧਵਾਵਾਂ, ਯਤੀਮ ਬੱਚਿਆਂ, ਬੇਸਹਾਰਿਆਂ ਦੀ ਦੇਖਭਾਲ ਕਰਨ ਵਾਲੇ ਮੁਸਲਿਮ ਟਰੱਸਟਾਂ ਦੀਆਂ ਜਾਇਦਾਦਾਂ ਉੱਤੇ ਮੰਦਭਾਵਨਾ ਅਧੀਨ ਕਬਜ਼ੇ ਕਰਨ ਹਿੱਤ ਹੀ ਵਕਫ ਬੋਰਡ ਸੰਬੰਧੀ ਨਵਾਂ ਬਿਲ ਲਿਆਂਦਾ ਗਿਆ ਤੇ ਸਮੁੱਚੇ ਮੁਲਕ ਵਿੱਚ ਮੁਸਲਿਮ ਕੌਮ ਦੇ ਮਨ-ਆਤਮਾ ਬੇਚੈਨ ਕਰ ਦਿੱਤੇ ਗਏ। ਇਹ ਹੁਕਮਰਾਨ ਇਹ ਗਲਤ ਸਮਝਦੇ ਹਨ ਕਿ ਡੰਡੇ ਸੋਟੇ ਦੀ ਨੀਤੀ ਨਾਲ ਹੀ ਰਾਜ ਕਰਾਂਗੇ, ਜਦੋਂਕਿ ਗੋਲੀ-ਬੰਦੂਕ ਦੀ ਨੀਤੀ ਤਾਂ ਕਿਸੇ ਮੁਲਕ ਦੇ ਪ੍ਰਬੰਧ ਨੂੰ ਤਹਿਸ-ਨਹਿਸ ਕਰ ਦਿੰਦੀ ਹੈ। ਕੇਵਲ ਉਸ ਮੁਲਕ ਵਿੱਚ ਵਸਣ ਵਾਲੇ ਵੱਖ-ਵੱਖ ਕੌਮਾਂ, ਵਰਗਾਂ ਵਿੱਚ ਪਿਆਰ ਮੁਹੱਬਤ ਨੂੰ ਵਧਾ ਕੇ ਤੇ ਉਨ੍ਹਾਂ ਨੂੰ ਇਨਸਾਫ ਦੇ ਕੇ ਹੀ ਇਕ ਵਧੀਆ ਰਾਜ ਭਾਗ ਚਲਾਇਆ ਜਾ ਸਕਦਾ ਹੈ।

## ਵਿਸ਼ਾਲ ਖ਼ੂਨਦਾਨ ਕੈਂਪ ਭਲਕੇ

**ਸੰਗਰੂਰ (ਪ੍ਰਵੀਨ ਸਿੰਘ)**-ਸਮਾਜ ਸੇਵਾ ਤੇ ਧਾਰਮਿਕ ਸਮਾਗਮਾਂ ਨੂੰ ਸਮਰਪਤ ਨਗਨ ਬਾਬਾ ਸ੍ਰੀ ਸਾਹਿਬ ਦਾਸ ਜੀ ਸੇਵਾ ਦਲ ਵੱਲੋਂ 11ਵਾਂ ਵਿਸ਼ਾਲ ਖ਼ੂਨਦਾਨ ਕੈਂਪ ਸਥਾਨਕ ਅਗਰਵਾਲ ਧਰਮਸ਼ਾਲਾ ਸੁਨਾਮੀ ਗੇਟ ਸੰਗਰੂਰ ਵਿਖੇ 20 ਅਪ੍ਰੈਲ 2025 ਨੂੰ ਸਵੇਰੇ 10-00 ਵਜੇ ਤੋਂ ਦੁਪਹਿਰ 2-00 ਵਜੇ ਤੱਕ ਲਗਾਇਆ ਜਾ ਰਿਹਾ ਹੈ।ਇਹ ਜਾਣਕਾਰੀ ਸੇਵਾ ਦਲ ਦੇ ਪ੍ਰਧਾਨ ਸਮਾਜ ਸੇਵੀ ਹਰੀਸ਼ ਕੁਮਾਰ ਅਰੋੜਾ ਵੱਲੋਂ ਇੱਥੇ ਖ਼ੂਨਦਾਨ ਕੈਂਪ ਸਬੰਧੀ ਪੋਸਟਰ ਤੇ ਕਾਰਡ ਜਾਰੀ ਕਰਨ ਮੌਕੇ ਦਿੱਤੀ ਗਈ।ਕਾਰਡ ਜਾਰੀ ਕਰਨ ਦੀ ਰਸਮ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਤੇ ਸੂਬਾਈ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ ਵੱਲੋਂ ਨਿਭਾਈ ਗਈ। ਇਸ ਮੌਕੇ ਚੇਅਰਮੈਨ ਬਲਜਿੰਦਰ ਸ਼ਰਮਾ, ਵਾਈਸ ਪ੍ਰਧਾਨ ਸੰਜੀਵ ਕੁਮਾਰ ਟੋਨੀ, ਮੀਤ ਪ੍ਰਧਾਨ ਕਾਂਤ ਸ਼ਰਮਾ, ਮੁੱਖ ਸਲਾਹਕਾਰ ਕਮਲ ਸਚਦੇਵਾ, ਵਾਈਸ ਚੇਅਰਮੈਨ ਰਾਜਿੰਦਰ ਕੁਮਾਰ, ਮਲਕੀਤ ਸੈਣੀ ਤੋਂ ਇਲਾਵਾ ਪੰਕਜ ਥਰੇਜਾ, ਅੰਕੁਸ਼ ਸਿੰਗਲਾ, ਅਸ਼ਵਨੀ ਸ਼ਰਮਾ, ਨਿਤਿਨ, ਕੁਲਦੀਪ ਸਿੰਘ ਆਦਿ ਮੌਜੂਦ ਸਨ।


## ਪੰਜਾਬੀ ਯੂਨੀਵਰਸਿਟੀ ਵਿਖੇ 'ਵਿਸ਼ਵ ਸਿੱਖ ਕਾਨਫ਼ਰੰਸ' ਸਫਲਤਾਪੂਰਵਕ ਸੰਪੰਨ

### ਹਰ ਸਾਲ ਹੋਵੇਗੀ ਇਹ ਕਾਨਫ਼ਰੰਸ : ਡਾ. ਸਿੱਧੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਵੱਲੋਂ ਗੁਰੂ ਗੋਬਿੰਦ ਸਿੰਘ ਚੇਅਰ ਵੱਲੋਂ ਕਰਵਾਈ ਗਈ 'ਵਿਸ਼ਵ ਸਿੱਖ ਕਾਨਫ਼ਰੰਸ' ਇਸ ਐਲਾਨ ਨਾਲ ਸਫਲਤਾਪੂਰਵਕ ਸੰਪੰਨ ਹੋ ਗਈ ਕਿ ਇਹ ਕਾਨਫ਼ਰੰਸ ਹਰ ਸਾਲ ਕਰਵਾਈ ਜਾਇਆ ਕਰੇਗੀ।ਚੇਅਰ ਇੰਚਾਰਜ ਡਾ. ਗੁਰਮੀਤ ਸਿੰਘ ਸਿੱਧੂ ਨੇ ਦੱਸਿਆ ਕਿ ਸ਼ਾਮਲ ਹੋਏ ਵਿਦਵਾਨਾਂ ਵੱਲੋਂ ਹਰ ਸਾਲ ਇਸ ਕਾਨਫ਼ਰੰਸ ਨੂੰ ਕਰਵਾਉਣ ਦੀ ਮੰਗ ਕੀਤੀ ਗਈ ਸੀ, ਜਿਸ ਉਪਰੰਤ ਚੇਅਰ ਵੱਲੋਂ ਹਰ ਸਾਲ ਕਾਨਫ਼ਰੰਸ ਕਰਵਾਉਣ ਦਾ ਐਲਾਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਹ ਪਹਿਲੀ ਵਾਰ ਸੀ ਜਦੋਂ ਸਿੱਖ ਧਰਮ ਨਾਲ ਸਬੰਧਤ ਅਹਿਮ ਕਥਾਵਾਚਕ, ਪ੍ਰਚਾਰਕ, ਵਿਦਵਾਨ, ਖੋਜਾਰਥੀ ਆਦਿ ਸਭ ਇੱਕ ਮੰਚ ਉੱਤੇ ਇਕੱਠੇ ਹੋਏ। ਕਾਨਫ਼ਰੰਸ ਦਾ ਵਿਦਾਇਗੀ ਭਾਸ਼ਣ ਦਿੰਦਿਆਂ ਡਾ. ਸੁਖਦਿਆਲ ਸਿੰਘ ਨੇ ਸਿੱਖ ਅਧਿਐਨ ਦੇ ਮੌਜੂਦਾ ਰੁਝਾਨਾਂ ਬਾਰੇ ਵੱਖ-ਵੱਖ ਕੋਣਾਂ ਤੋਂ ਗੱਲ ਕਰਦਿਆਂ ਇਸ ਗੱਲ ਨੂੰ ਉਭਾਰਿਆ ਤੇ ਦੱਸਿਆ ਕਿ ਸਿੱਖ ਅਧਿਐਨ ਦੇ ਵੱਖ-ਵੱਖ ਰੁਝਾਨਾਂ ਬਾਰੇ ਸੰਵਾਦ ਲਗਾਤਾਰ ਜਾਰੀ ਰਹਿਣਾ ਬਹੁਤ ਜ਼ਰੂਰੀ ਹੈ।ਸੋਸ਼ਲ ਸਾਇੰਸਜ਼ ਫ਼ੈਕਲਟੀ ਦੇ ਡੀਨ ਡਾ. ਧਰਮਪਾਲ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਧਰਮ, ਸਮਾਜਿਕ ਵਿਗਿਆਨ, ਆਧੁਨਿਕਤਾ ਆਦਿ ਦੇ ਹਵਾਲੇ ਨਾਲ ਮਹੱਤਵਪੂਰਨ ਗੱਲਾਂ ਕੀਤੀਆਂ। ਕਾਨਫ਼ਰੰਸ ਦੀ ਰਿਪੋਰਟ ਡਾ. ਪਰਦੀਪ ਕੌਰ ਨੇ ਪੇਸ਼ ਕੀਤੀ।ਇਸ ਤੋਂ ਪਹਿਲਾਂ ਕਾਨਫ਼ਰੰਸ ਦੇ ਤੀਜੇ ਦਿਨ ਹੋਏ ਸੱਤਵੇਂ ਅਕਾਦਮਿਕ ਸੈਸ਼ਨ ਦੀ ਪ੍ਰਧਾਨਗੀ ਡਾ. ਜਸਪ੍ਰੀਤ ਕੌਰ ਸੰਧੂ ਨੇ ਕੀਤੀ।ਸਵਾਗਤੀ ਸ਼ਬਦ ਡਾ. ਪਰਦੀਪ ਕੌਰ ਨੇ ਨੇ ਪੇਸ਼ ਕੀਤੇ ਅਤੇ ਇਸ ਸੈਸ਼ਨ ਵਿੱਚ ਕਵਨੀਤ ਕੌਰ ਦੀ ਭੂਮਿਕਾ ਡਾ. ਤੇਜਿੰਦਰ ਕੌਰ ਧਾਲੀਵਾਲ ਵੱਲੋਂ ਨਿਭਾਈ ਗਈ।ਇਸ ਸੈਸ਼ਨ ਵਿੱਚ ਛੇ ਪਰਚੇ ਪੜ੍ਹੇ ਗਏ।ਅੱਠਵਾਂ ਅਕਾਦਮਿਕ ਸੈਸ਼ਨ 'ਸਿੱਖ ਸੰਪਰਦਾਵਾਂ' ਨਾਲ ਸਬੰਧਤ ਰਿਹਾ, ਜਿਸ ਦੀ ਪ੍ਰਧਾਨਗੀ ਡਾ. ਪਰਮਵੀਰ ਸਿੰਘ ਨੇ ਕੀਤੀ।ਇਸ ਮੌਕੇ ਨਿਰਮਲ ਕੁਟੀਆ ਤ੍ਰਿਪੜੀ ਤੋਂ ਬਾਬਾ ਹਰਚਰਨ ਸਿੰਘ ਮੁੱਖ ਮਹਿਮਾਨ ਵਜੋਂ ਪਧਾਰੇ।ਸੈਸ਼ਨ ਦੇ ਸਵਾਗਤੀ ਸ਼ਬਦ ਡਾ. ਰਮਿੰਦਰਜੀਤ ਕੌਰ ਨੇ ਪੇਸ਼ ਕੀਤੇ।ਇਸ ਸੈਸ਼ਨ ਵਿੱਚ ਸੱਤ ਪਰਚੇ ਪੜ੍ਹੇ ਗਏ।

## ਸਰਕਾਰ ਨੇ ਐੱਸ ਸੀ ਵਰਗ ਦੀ ਬਾਂਹ ਫੜੀ : ਸਤਿੰਦਰ ਚੱਠਾ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਨੇ ਪੰਜਾਬ ਸਰਕਾਰ ਵੱਲੋਂ ਐੱਸ ਸੀ ਤੇ ਐੱਸ ਟੀ ਵਰਗ ਦੀ ਬਾਂਹ ਫੜਨ 'ਤੇ ਵਿਸ਼ੇਸ਼ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਪੰਜਾਬ ਸਰਕਾਰ ਨੇ ਲਾਅ ਅਫ਼ਸਰਾਂ ਦੀਆਂ ਨਿਯੁਕਤੀਆਂ ਵਿੱਚ ਐੱਸ ਸੀ ਤੇ ਐੱਸ ਟੀ ਉਮੀਦਵਾਰਾਂ ਨੂੰ ਰਾਖਵੇਂਕਰਨ ਦਾ ਲਾਭ ਦੇਣ ਲਈ ਕਾਨੂੰਨ ਵਿੱਚ ਸੋਧ ਕੀਤੀ ਹੈ ਅਤੇ ਸ਼ਰਤਾਂ ਨੂੰ ਨਰਮ ਵੀ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਸ਼ਰਤਾਂ ਸਖ਼ਤ ਹੋਣ ਕਰਕੇ ਇਹ ਅਸਾਮੀਆਂ ਭਰੀਆਂ ਹੀ ਨਹੀਂ ਸੀ ਜਾਂਦੀਆਂ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪਹਿਲੇ ਦਿਨ ਤੋਂ ਹੀ ਡਾ. ਅੰਬੇਡਕਰ ਦੇ ਸਿਧਾਂਤਾਂ 'ਤੇ ਪਹਿਰਾ ਦੇ ਰਹੀ ਹੈ ਜਦਕਿ ਪਿਛਲੀਆਂ ਸਰਕਾਰਾਂ ਨੇ ਸਿਰਫ਼ ਦਲਿਤ ਭਾਈਚਾਰੇ ਨੂੰ ਆਪਣੇ ਫ਼ਾਇਦੇ ਲਈ ਵਰਤਿਆ ਹੈ।ਉਨ੍ਹਾਂ ਕਿਹਾ ਕਿ ਪਹਿਲੀ ਵਾਰ ਪੰਜਾਬ ਦੇ ਐਡਵੋਕੇਟ ਜਨਰਲ ਦਫ਼ਤਰ ਵਿੱਚ ਰਾਖਵੇਂਕਰਨ ਕਾਨੂੰਨ ਲਾਗੂ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਅਤੇ ਡਾ. ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ 'ਤੇ ਪਹਿਰਾ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਦੇਸ਼ ਨੂੰ ਆਜ਼ਾਦੀ ਮਿਲੇ 75 ਸਾਲਾਂ ਤੋਂ ਵੱਧ ਹੋ ਗਏ ਹਨ, ਪਰ ਦੇਸ਼ ਭਰ ਦੀਆਂ ਸਾਰੀਆਂ ਰਾਜ ਹਾਈ ਕੋਰਟਾਂ ਵਿੱਚ ਸਰਕਾਰੀ ਵਕੀਲਾਂ ਦੀ ਭਰਤੀ ਲਈ ਐੱਸ ਸੀ, ਐੱਸ ਟੀ ਲਈ ਕੋਈ ਰਾਖਵਾਂਕਰਨ ਨਹੀਂ ਸੀ ਪਰ ਹੁਣ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਅਨੁਸੂਚਿਤ ਜਾਤੀਆਂ ਤੇ ਜਨ ਜਾਤੀਆਂ ਦੇ ਵਕੀਲਾਂ ਨੂੰ ਰਾਖਵੇਂ ਕਰਨ ਦਾ ਲਾਭ ਦਿੱਤਾ ਹੈ।

## ਆਲ ਪੰਜਾਬ ਆਂਗਨਵਾੜੀ ਮੁਲਾਜ਼ਮ ਯੂਨੀਅਨ ਦੀ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਲ ਪੰਜਾਬ ਆਂਗਨਵਾੜੀ ਮੁਲਾਜ਼ਮ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ ਦੀ ਮੀਟਿੰਗ ਇੱਥੇ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਸ਼ੀਲਾ ਦੇਵੀ ਤੱਲੇਵਾਲਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਦੌਰਾਨ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਵਿਸ਼ੇਸ਼ ਤੌਰ 'ਤੇ ਪੁੱਜੇ।ਮੀਟਿੰਗ ਦੌਰਾਨ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਪ੍ਰੇਸ਼ਾਨੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਆਗੂਆਂ ਨੇ ਸਪੱਸ਼ਟ ਕੀਤਾ ਕਿ ਕੇਵਾਈਸੀ ਦਾ ਕੰਮ ਆਂਗਨਵਾੜੀ ਵਰਕਰਾਂ ਨਹੀਂ ਕਰਨਗੀਆਂ।ਇਸ ਮੌਕੇ ਹਰਗੋਬਿੰਦ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਮੰਨਣ ਤੋਂ ਆਨਾ-ਕਾਨੀ ਕਰ ਰਹੀ ਹੈ, ਜਿਸ ਕਰਕੇ ਜਥੇਬੰਦੀ ਨੂੰ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੇ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨਾਲ ਵੋਟਾਂ ਵੇਲੇ ਵਾਅਦਾ ਤਾਂ ਇਹ ਕੀਤਾ ਸੀ ਕਿ ਉਨ੍ਹਾਂ ਦੀ ਸਰਕਾਰ ਆਉਣ 'ਤੇ ਵਰਕਰਾਂ ਤੇ ਹੈਲਪਰਾਂ ਦਾ ਮਾਣ ਭੱਤਾ ਦੁੱਗਣਾ ਕੀਤਾ ਜਾਵੇਗਾ, ਪਰ ਅਸਲੀਅਤ ਇਹ ਹੈ ਕਿ ਵਰਕਰਾਂ ਤੇ ਹੈਲਪਰਾਂ ਨੂੰ ਸਮੇਂ ਸਿਰ ਮਾਣ ਭੱਤਾ ਨਹੀਂ ਮਿਲ ਰਿਹਾ।ਉਨ੍ਹਾਂ ਮੰਗ ਕੀਤੀ ਕਿ ਨਵੀਂ ਵਿੱਦਿਆ ਨੀਤੀ ਅਨੁਸਾਰ ਆਂਗਨਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਤੇ ਹੈਲਪਰਾਂ ਨੂੰ ਬਣਦੇ ਗਰੇਡ ਦਿੱਤੇ ਜਾਣ। ਆਂਗਨਵਾੜੀ ਵਰਕਰਾਂ ਨੂੰ ਸਮਾਰਟ ਫੋਨ ਦਿੱਤੇ ਜਾਣ ਅਤੇ ਮਾਣ ਭੱਤਾ ਹਰ ਮਹੀਨੇ ਸਮੇਂ ਸਿਰ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਜਦੋਂ ਤੱਕ ਸਰਕਾਰ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਨਹੀਂ ਮੰਨਦੀ, ਉਦੋਂ ਤੱਕ ਜਥੇਬੰਦੀ ਦਾ ਸੰਘਰਸ਼ ਜਾਰੀ ਰਹੇਗਾ।ਇਸ ਮੌਕੇ ਕੁਲਜੀਤ ਕੌਰ ਗੁਰੂ ਹਰਸਹਾਏ ਬਲਾਕ ਪ੍ਰਧਾਨ, ਜੀਵਨ ਮਖੂ ਬਲਾਕ ਪ੍ਰਧਾਨ, ਕੁਲਵਿੰਦਰ ਕੌਰ ਜ਼ੀਰਾ ਬਲਾਕ ਪ੍ਰਧਾਨ, ਪ੍ਰਕਾਸ਼ ਕੌਰ ਮਮਦੋਟ ਬਲਾਕ ਪ੍ਰਧਾਨ, ਮਨਜੀਤ ਕੌਰ ਫਿਰੋਜ਼ਪੁਰ ਬਲਾਕ ਪ੍ਰਧਾਨ, ਰਾਜ ਕੌਰ ਘੱਲ ਖੁਰਦ ਬਲਾਕ ਪ੍ਰਧਾਨ, ਪਰਮਿੰਦਰ ਕੌਰ ਸੇਰ ਖਾਂ, ਸੁਲਕਸ਼ਨਾ ਮਖੂ, ਗੁਰਮੀਤ ਕੌਰ ਮਖੂ, ਜਸਵੀਰ ਕੌਰ ਮਖੂ, ਪਰਮਜੀਤ ਕੌਰ ਖੋਸਾ ਦਲ ਸਿੰਘ ਆਦਿ ਆਗੂ ਮੌਜੂਦ ਸਨ।

## ਸੁਖਬੀਰ ਸਿੰਘ ਬਾਦਲ ਦੇ ਮੁੜ ਪ੍ਰਧਾਨ ਬਣਨ 'ਤੇ ਲੱਡੂ ਵੰਡੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੁਖਬੀਰ ਸਿੰਘ ਬਾਦਲ ਦੇ ਮੁੜ ਪ੍ਰਧਾਨ ਬਣਨ 'ਤੇ ਜ਼ਿਲ੍ਹੇ ਦੇ ਪਿੰਡ ਡਾਲਾ ਵਿਖੇ ਅਕਾਲੀ ਆਗੂ ਚਰਨਜੀਤ ਸਿੰਘ ਡਾਲਾ ਦੇ ਗ੍ਰਹਿ ਵਿਖੇ ਇੱਕ ਵੱਡਾ ਇਕੱਠ ਕਰਕੇ ਲੱਡੂ ਵੰਡੇ ਗਏ।ਇਸ ਮੌਕੇ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ ਤੇ ਸੀਨੀਅਰ ਆਗੂ ਖਣਮੁੱਖ ਭਾਰਤੀ ਪੱਤੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਤੇ ਚਰਨਜੀਤ ਸਿੰਘ ਡਾਲਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਸਮੁੱਚੇ ਵਰਕਰ ਦਾ ਵਿਸ਼ਵਾਸ ਸੁਖਬੀਰ ਸਿੰਘ ਬਾਦਲ ਵਿੱਚ ਹੈ ਅਤੇ ਜੁਝਾਰੂ ਵਰਕਰ ਚਟਾਨ ਵਾਂਗ ਨਾਲ ਖੜ੍ਹੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਖਣਮੁੱਖ ਭਾਰਤੀ ਪੱਤੋਂ, ਚੇਅਰਮੈਨ ਚਰਨਪ੍ਰੀਤ ਸਿੰਘ ਅੰਟੂ, ਸੁਰਜੀਤ ਸਿੰਘ ਝੰਡੇਆਣਾ ਸਰਕਲ ਪ੍ਰਧਾਨ, ਪ੍ਰਿੰਸੀਪਲ ਨੱਥਾ ਸਿੰਘ ਤਖਾਣਵੱਧ, ਮਾਸਟਰ ਪਰਮਜੀਤ ਸਿੰਘ, ਜਗਰੂਪ ਸਿੰਘ ਡਾਲਾ, ਡਾਕਟਰ ਨਰਿੰਦਰ ਸਿੰਘ ਮੱਦੋਕੇ, ਸੁਖਮੰਦਰ ਸਿੰਘ ਮੱਦੋਕੇ, ਕੇਵਲ ਸਿੰਘ ਡਾਲਾ, ਬਲਜਿੰਦਰ ਸਿੰਘ ਡਾਲਾ, ਮੱਖਣ ਸਿੰਘ ਡਾਲਾ ਆਦਿ ਹਾਜ਼ਰ ਸਨ।ਕੈਪਸਨ-ਸੁਖਬੀਰ ਸਿੰਘ ਬਾਦਲ ਦੇ ਮੁੜ ਪ੍ਰਧਾਨ ਬਣਨ 'ਤੇ ਚਰਨਜੀਤ ਸਿੰਘ ਡਾਲਾ ਦੇ ਗ੍ਰਹਿ ਵਿਖੇ ਲੱਡੂ ਵੰਡਣ ਸਮੇਂ ਸੰਜੀਤ ਸਿੰਘ ਸੰਨੀ ਗਿੱਲ, ਖਣਮੁੱਖ ਭਾਰਤੀ ਪੱਤੋ ਤੇ ਹੋਰ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਨੇ ਕਰਵਾਇਆ ਇੱਕ ਰੋਜ਼ਾ ਸੈਮੀਨਾਰ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਵੱਲੋਂ ਸਿੱਖ ਰਿਸਰਚ ਇੰਸਟੀਟਿਊਟ (ਯੂ ਐੱਸ ਏ) ਅਤੇ ਨਾਮ ਸ਼ਬਦ ਫਾਊਂਡੇਸ਼ਨ ਦੀ ਗੁਰੂ ਗ੍ਰੰਥ ਸਾਹਿਬ ਪ੍ਰੋਜੈਕਟ ਟੀਮ ਦੇ ਸਹਿਯੋਗ ਨਾਲ ਇੱਕ ਰੋਜ਼ਾ ਵਿਸ਼ੇਸ਼ ਸੈਮੀਨਾਰ ਗੁਰੂ ਅਮਰਦਾਸ ਜੀ ਦੀ ਬਾਣੀ 'ਵਾਰ ਸਤ' ਸੰਬੰਧੀ ਆਯੋਜਿਤ ਕੀਤਾ ਗਿਆ।ਇਸ ਮੌਕੇ ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਨੇ ਆਖਿਆ ਕਿ ਗੁਰਬਾਣੀ ਦੀ ਬਹੁਪਰਿਪੇਖੀ ਖੋਜ ਦੀ ਵੱਡੀ ਲੋੜ ਹੈ।ਉਨ੍ਹਾਂ ਇਸ ਉਪਰਾਲੇ ਦੀ ਵਡਿਆਈ ਕਰਦਿਆਂ ਸਿੱਖ ਰਿਸਰਚ ਇੰਸਟੀਟਿਊਟ ਦੀ ਟੀਮ ਨੂੰ ਵਧਾਈ ਦਿੱਤੀ ਅਤੇ ਭਵਿੱਖ 'ਚ ਵੀ ਗੁਰਬਾਣੀ ਖੋਜ ਕਾਰਜ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿਤਾ।ਮੁਖ ਵਕਤਾ ਡਾ. ਜਸਵੰਤ ਸਿੰਘ, ਡਾਇਰੈਕਟਰ,ਗੁਰਬਾਣੀ ਰਿਸਰਚ, ਸਿੱਖ ਰਿਸਰਚ ਇੰਸਟੀਟਿਊਟ, ਯੂ ਐੱਸ ਏ ਨੇ 'ਵਾਰ ਸਤ' ਬਾਣੀ 'ਤੇ ਕੀਤੀ ਗਈ ਖੋਜ ਬਾਰੇ ਜਾਣਕਾਰੀ ਦਿੱਤੀ ਅਤੇ 'ਵਾਰ ਸਤ ਬਾਣੀ' ਦੇ ਰਹਾਉ ਦੇ ਬੰਦ ਦੀ ਵਿਆਖਿਆ ਕਰਦਿਆਂ ਬਾਣੀ ਨਾਲ ਜੁੜੇ ਭਾਵ ਅਰਥਾਂ ਨੂੰ ਸਮਝਾਇਆ।ਉਨ੍ਹਾਂ ਨੇ ਗੁਰੂ ਗ੍ਰੰਥ ਸਾਹਿਬ ਪ੍ਰੋਜੈਕਟ ਦੇ ਵੱਖ-ਵੱਖ ਪੱਖਾਂ ਅਤੇ ਖੋਜ ਕਾਰਜ ਦੀ ਮਹੱਤਤਾ ਤੋਂ ਜਾਣੂ ਕਰਵਾਇਆ।ਸ. ਸੁਰਿੰਦਰ ਪਾਲ ਸਿੰਘ, ਸੀਨੀਅਰ ਰਿਸਰਚ ਐਸੋਸੀਏਟ, ਸਿੱਖ ਰਿਸਰਚ ਇੰਸਟੀਟਿਊਟ ਨੇ ਗੁਰਬਾਣੀ ਦੇ ਅੰਗ੍ਰੇਜ਼ੀ ਅਨੁਵਾਦ ਸਮੇਂ ਆਉਣ ਵਾਲੀਆਂ ਭਾਸ਼ਾਈ, ਵਿਆਕਰਣ ਤੇ ਸਭਿਆਚਾਰਕ ਅਤੇ ਮੁਹਾਵਰੇ ਦੀਆਂ ਚੁਣੌਤੀਆਂ ਬਾਰੇ ਚਰਚਾ ਕੀਤੀ। ਇਸ ਸੰਬੰਧੀ ਗੁਰੂ ਗ੍ਰੰਥ ਸਾਹਿਬ ਪ੍ਰੋਜੈਕਟ ਰਾਹੀਂ ਕੀਤੇ ਹੱਲ ਅਤੇ ਖੋਜ ਬਾਰੇ ਵੀ ਦਸਿਆ।ਡਾ. ਹਰਦੇਵ ਸਿੰਘ ਮੁਖੀ ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਵਿਭਾਗ ਨੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਸੈਮੀਨਾਰ ਦੀ ਮਹੱਤਤਾ ਤੋਂ ਜਾਣੂ ਕਰਵਾਇਆ। ਉਨ੍ਹਾਂ ਆਖਿਆ ਕਿ ਅਜੋਕੇ ਸਮੇਂ ਉਸਾਰੂ ਖੋਜ ਲਈ ਅੰਤਰ-ਸੰਸਥਾਈ ਸਹਿਯੋਗ ਬੇਹਦ ਮਹੱਤਵਪੂਰਨ ਹੋ ਗਿਆ ਹੈ। ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਨੇ ਮਹਿਮਾਨਾਂ, ਖੋਜਾਰਥੀਆਂ ਅਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ।ਸੈਮੀਨਾਰ ਦੀ ਸ਼ੁਰੂਆਤ ਕਨੇਡਾ ਤੋਂ ਆਏ ਬੱਚਿਆਂ ਹਰਕੀਰਤ ਸਿੰਘ ਅਤੇ ਕਰਤਾਰ ਸਿੰਘ ਵੱਲੋਂ ਕੀਤੇ ਗਏ ਸ਼ਬਦ ਗਾਇਨ ਨਾਲ ਹੋਈ।'ਵਾਰ ਸਤ ਬਾਣੀ ਖੋਜ ਕਾਰਜ' ਸੰਗਤ ਅਰਪਣ ਕਰਨ ਤੋਂ ਬਾਅਦ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ। ਇਸ ਸਮਾਗਮ 'ਚ ਯੂਨੀਵਰਸਿਟੀ ਦੇ ਸੰਗੀਤ ਵਿਭਾਗ ਦੇ ਮੁਖੀ ਹਰਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਅਤੇ ਖੋਜਾਰਥੀਆਂ ਨੇ ਸ਼ਿਰਕਤ ਕੀਤੀ।ਸਟੇਜ ਸੰਚਾਲਨ ਦੀ ਭੂਮਿਕਾ ਵਿਕਰਮਜੀਤ ਸਿੰਘ ਨੇ ਨਿਭਾਈ।

## ਨੌਵੇਂ ਪਾਤਸ਼ਾਹ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਦਿਹਾੜਾ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠਾਂ ਦੀ ਆਰੰਭ ਕੀਤੀ ਲੜੀ ਦੇ ਭੋਗ ਵੀ ਪਾਏ ਗਏ। ਗੁਰਦੁਆਰਾ ਸਾਹਿਬ ਵਿਖੇ ਰਾਗੀ ਜਥੇ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ ਅਤੇ ਗ੍ਰੰਥੀ ਸਿੰਘ ਵੱਲੋਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਦਰਸ਼ਨ ਲਾਲ ਜੈਨ, ਭੁਪਿੰਦਰ ਸਿੰਘ ਕਪੂਰ ਮੌਜੂਦ ਸਨ। ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵੀ ਵਰਤਾਏ ਗਏ।

## ਜ਼ਿਲ੍ਹਾ ਬਾਰ ਐਸੋਸੀਏਸ਼ਨ ਤੇ ਲੀਗਲ ਅਵੇਅਰਨੈੱਸ ਮੰਚ ਨੇ ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ




**ਜਲੰਧਰ (ਨ ਜ਼ ਸ)**-ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਜੀ ਦਾ 134ਵਾਂ ਜਨਮ ਦਿਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਜਲੰਧਰ ਤੇ ਲੀਗਲ ਅਵੇਅਰਨੈੱਸ ਮੰਚ ਜਲੰਧਰ ਵੱਲੋਂ ਬਹੁਤ ਸ਼ਰਧਾ ਅਤੇ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਐਡਵੋਕੇਟ ਅਦਿੱਤਿਆ ਜੈਨ ਪ੍ਰਧਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਜਲੰਧਰ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਬਹੁਤ ਵੱਡੀ ਸ਼ਖਸੀਅਤ ਸਨ, ਜਿਨ੍ਹਾਂ ਨੇ ਭਾਰਤ ਦਾ ਸੰਵਿਧਾਨ ਲਿਖਿਆ ਅਤੇ ਵਿਸ਼ਵ ਵਿੱਚ ਭਾਰਤ ਦਾ ਨਾਮ ਰੋਸ਼ਨ ਕੀਤਾ।ਐਡਵੋਕੇਟ ਹਰਭਜਨ ਸਾਂਪਲਾ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਜੀ ਵਿਸ਼ਵ ਰਤਨ ਸਨ, ਜਿਨ੍ਹਾਂ ਦੀਆਂ ਕਿਤਾਬਾਂ ਵਿਦੇਸ਼ਾਂ ਦੀਆਂ ਯੂਨੀਵਰਸਿਟੀਆਂ ਦੇ ਸਿਲੇਬਸ ਵਿੱਚ ਪੜ੍ਹਾਈਆਂ ਜਾਂਦੀਆਂ ਹਨ।ਉਨ੍ਹਾਂ ਦੇ ਬੁੱਤ ਕਈ ਦੇਸ਼ਾਂ ਵਿੱਚ ਸਨਮਾਨ ਵਜੋਂ ਸਥਾਪਤ ਕੀਤੇ ਗਏ ਹਨ, ਜੋ ਅਜ਼ਾਦੀ ਬਰਾਬਰੀ ਤੇ ਭਾਈਚਾਰੇ ਦਾ ਸੰਦੇਸ਼ ਦਿੰਦੇ ਹਨ।ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਜੀ ਦਾ ਜਨਮ ਦਿਨ ਯੂ. ਐੱਨ. ਓ. ਵਿੱਚ ਵੀ ਇਕੁਐਲਿਟੀ ਦਿਵਸ ਵਜੋਂ ਮਨਾਇਆ ਜਾਂਦਾ ਹੈ।ਇਹ ਸਾਡੇ ਭਾਰਤ ਵਾਸਤੇ ਬਹੁਤ ਖੁਸ਼ੀ ਦੀ ਗੱਲ ਹੈ।ਇਸ ਮੌਕੇ ਐਡਵੋਕੇਟ ਨਰਿੰਦਰ ਸਿੰਘ ਸਾਬਕਾ ਪ੍ਰਧਾਨ, ਐਡਵੋਕੇਟ ਬਲਦੇਵ ਪ੍ਰਕਾਸ਼ ਰੱਲ ਸਾਬਕਾ ਪ੍ਰਧਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ, ਐਡਵੋਕੇਟ ਸੰਗੀਤਾ ਸੋਨੀ ਸਾਬਕਾ ਸਹਾਇਕ ਸਕੱਤਰ, ਐਡਵੋਕੇਟ ਹਰਮੇਸ਼ ਮਾਨਵ, ਐਡਵੋਕੇਟ ਕਰਨ ਖੁਲਰ ਤੇ ਦੀਪਕ ਨਾਹਰ ਦਫਤਰ ਪ੍ਰਬੰਧਕ ਐਡਵੋਕੇਟ ਦਵਿੰਦਰ ਮੋਦਗਿੱਲ, ਐਡਵੋਕੇਟ ਰੋਹਿਤ ਗੰਭੀਰ ਸਕੱਤਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਜਲੰਧਰ ਨੇ ਸਟੇਜ ਦਾ ਸੰਚਾਲਨ ਬਹੁਤ ਵਧੀਆ ਢੰਗ ਨਾਲ ਨਿਭਾਇਆ।ਇਸ ਮੌਕੇ ਨਵੇਂ ਬਣੇ ਵਕੀਲਾਂ ਨੂੰ ਪੰਜਾਬੀ ਵਿੱਚ ਭਾਰਤ ਦੇ ਸੰਵਿਧਾਨ ਦੀਆਂ ਕਾਪੀਆਂ ਇਨਾਮ ਵਜੋਂ ਭੇਟ ਕੀਤੀਆਂ ਗਈਆਂ।ਇਸ ਮੌਕੇ ਲੀਗਲ ਅਵੇਅਰਨੈੱਸ ਮੰਚ ਜਲੰਧਰ ਦੇ ਐਡਵੋਕੇਟ ਰਜਿੰਦਰ ਕੁਮਾਰ ਅਜ਼ਾਦ, ਐਡਵੋਕੇਟ ਆਰ ਕੇ ਚੋਪੜਾ, ਐਡਵੋਕੇਟ ਰਾਜ ਕੁਮਾਰ ਬੈਂਸ, ਐਡਵੋਕੇਟ ਰੋਸ਼ਨ ਲਾਲ ਦੁੱਗ, ਐਡਵੋਕੇਟ ਦੀਪਕ ਕੁਮਾਰ ਤੇ ਐਡਵੋਕੇਟ ਅਮਰਜੀਤ ਮਹੇਅ ਵੱਲੋਂ ਮਾਣਯੋਗ ਐਡਵੋਕੇਟ ਅਦਿੱਤਿਆ ਜੈਨ ਪ੍ਰਧਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਜਲੰਧਰ ਤੇ ਐਡਵੋਕੇਟ ਰੋਹਿਤ ਗੰਭੀਰ ਸਕੱਤਰ ਨੂੰ ਮੋਮੈਂਟੋਜ਼ ਦੇ ਕੇ ਸਨਮਾਨਤ ਕੀਤਾ ਗਿਆ।ਅਖੀਰ ਵਿੱਚ ਲੰਗਰ ਅਟੁੱਟ ਵਰਤਾਇਆ ਗਿਆ।

## ਸਕੂਲ ਨੂੰ ਇਨਵਰਟਰ ਤੇ ਬੈਟਰਾ ਦਾਨ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੀ ਐੱਲ ਗੋਇਲ ਸਟੀਲਜ਼ ਪ੍ਰਾਈਵੇਟ ਲਿਮਿਟਡ ਕੰਪਨੀ ਦੁਗਾਲ ਵੱਲੋਂ ਗਰਮੀ ਦੇ ਮੌਸਮ ਦੌਰਾਨ ਬੱਚਿਆਂ ਨੂੰ ਆਉਣ ਵਾਲੀ ਦਿੱਕਤ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰੀ ਪ੍ਰਾਇਮਰੀ ਸਕੂਲ ਦੁਗਾਲ ਨੂੰ ਇਨਵਰਟਰ ਤੇ ਬੈਟਰਾ ਦਾਨ ਕੀਤਾ ਗਿਆ।ਫਰਮ ਵੱਲੋਂ ਮਦਨ ਲਾਲ ਗੋਇਲ ਤੇ ਆਤਿਸ਼ ਗੋਇਲ ਨੇ ਇਨਵਰਟਰ ਤੇ ਬੈਟਰਾ ਸਕੂਲ ਸਟਾਫ ਨੂੰ ਭੇਟ ਕੀਤਾ।ਸਕੂਲ ਦੇ ਮੁੱਖ ਅਧਿਆਪਕ ਰਾਜਪਾਲ ਸਿੰਘ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਸਕੂਲ ਵਿੱਚ ਇਨਵਰਟਰ ਦੀ ਘਾਟ ਹੋਣ ਕਾਰਨ ਬੱਚਿਆਂ ਨੂੰ ਗਰਮੀ ਦੇ ਮੌਸਮ ਦੌਰਾਨ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਸੀ।ਸਕੂਲ ਸਟਾਫ ਤੇ ਪ੍ਰਬੰਧਕ ਕਮੇਟੀ ਵੱਲੋਂ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਸਟਾਫ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਹਾਜ਼ਰ ਸਨ।

## ਵਿਧਾਇਕ ਨੇ ਫਰਵਾਲੀ, ਝਨੇਰ ਤੇ ਸ਼ੇਰਗੜ੍ਹ ਚੀਮਾ ਦੇ ਸਰਕਾਰੀ ਸਕੂਲ 'ਚ ਕੀਤੇ ਵਿਕਾਸ ਕਾਰਜਾਂ ਦੇ ਉਦਘਾਟਨ

### ਪੰਜਾਬ ਸਰਕਾਰ ਨੇ ਸਿੱਖਿਆ ਨੂੰ ਪਹਿਲ ਦੇ ਕੇ ਲੋਕਾਂ ਦੇ ਸੁਪਨੇ ਕੀਤੇ ਸਾਕਾਰ : ਰਹਿਮਾਨ




**ਮਾਲੇਰਕੋਟਲਾ (ਅਸਗਰ ਪਰਿਹਾਰ)**-ਮਾਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਪੰਜਾਬ ਸਰਕਾਰ ਵੱਲੋਂ ਆਰੰਭੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਹਾਈ ਸਕੂਲ ਫਰਵਾਲੀ, ਸਰਕਾਰੀ ਹਾਈ ਸਕੂਲ ਝਨੇਰ ਤੇ ਸਰਕਾਰੀ ਮਿਡਲ ਸਕੂਲ ਸ਼ੇਰਗੜ੍ਹ ਚੀਮਾ ਵਿਖੇ 20 ਲੱਖ 65 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਕਮਰੇ, ਚਾਰਦੀਵਾਰੀ, ਚਾਰਦੀਵਾਰੀ ਦੀ ਰਿਪੇਅਰ ਤੇ ਹੋਰ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਉਪਰੰਤ ਵਿਦਿਆਰਥੀਆਂ ਦੇ ਸਮਰਪਤ ਕੀਤੇ। ਇਸ ਮੌਕੇ ਵਿਧਾਇਕ ਮਾਲੇਰਕੋਟਲਾ ਦੀ ਪਤਨੀ ਫਰਿਆਲ ਰਹਿਮਾਨ, ਮਾਰਕਿਟ ਕਮੇਟੀ ਮਾਲੇਰਕੋਟਲਾ ਦੇ ਚੇਅਰਮੈਨ ਸ਼੍ਰੀ ਜਾਫਰ ਅਲੀ, ਬਲਾਕ ਪ੍ਰਧਾਨ ਅਬਦੁਲ ਹਲੀਮ ਐੱਮ ਡੀ ਮਿਲਕੋਵੈਲ, ਸਰਪੰਚ ਗੁਰਮੁੱਖ ਸਿੰਘ ਖਾਨਪੁਰ (ਪੀ ਏ ਟੂ ਵਿਧਾਇਕ ਮਾਲੇਰਕੋਟਲਾ), ਯਾਸਰ ਅਰਫਾਤ, ਸਾਜਨ ਅਨਸਾਰੀ ਮੌਜੂਦ ਸਨ। ਨਵੀਂ ਸਿੱਖਿਆ ਕ੍ਰਾਂਤੀ ਦੀ ਵਧਾਈ ਦਿੰਦਿਆ ਵਿਧਾਇਕ ਮਾਲੇਰਕੋਟਲਾ ਡਾ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਨੇ ਜੋ ਸੁਪਨਾ 2022 ਵਿੱਚ ਲੋਕਾਂ ਨੂੰ ਦਿਖਾਇਆ ਸੀ ਹੁਣ ਪੰਜਾਬ ਸਰਕਾਰ ਉਸਨੂੰ ਸਾਕਾਰ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸਿਹਤ ਅਤੇ ਸਿੱਖਿਆ ਆਪ ਸਰਕਾਰ ਦੀ ਵਿਸ਼ੇਸ਼ ਪਹਿਲਕਦਮੀ ਸਦਕਾ ਅੱਜ ਸਰਕਾਰੀ ਸਕੂਲ ਪ੍ਰਾਈਵੇਟ ਸਕੂਲਾਂ ਨੂੰ ਮਾਤ ਪਾ ਰਹੇ ਹਨ। ਲੋਕਾਂ ਵੱਲੋਂ ਨਿਜੀ ਸਕੂਲਾਂ ਨਾਲੋਂ ਸਰਕਾਰੀ ਸਕੂਲਾਂ ਨੂੰ ਤਰਜੀਹ ਦੇਣ ਕਰਕੇ ਇਨ੍ਹਾਂ ਸਕੂਲਾਂ ਵਿੱਚ ਦਾਖਲਿਆਂ ਲਈ ਲਾਈਨਾ ਲੱਗ ਰਹੀਆਂ ਹਨ, ਜਿਸ ਤੋਂ ਪਤਾ ਲੱਗਦਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਇਨ੍ਹਾਂ ਸਕੂਲਾਂ ਦਾ ਵਕਾਰ ਤੇ ਲੋਕਾਂ ਦਾ ਵਿਸ਼ਵਾਸ ਬਹਾਲ ਕੀਤਾ ਹੈ।

ਸਕੂਲ ਪ੍ਰਿੰਸੀਪਲਾਂ ਨੇ ਵਿਧਾਇਕ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ। ਸਮਾਗਮ ਦੌਰਾਨ ਪੁੱਜੇ ਮਾਪਿਆਂ ਤੇ ਵਾਰਸਾਂ ਆਦਿ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਵੱਲੋਂ ਲਿਆਂਦੀ ਗਈ ਪੰਜਾਬ ਸਿੱਖਿਆ ਕ੍ਰਾਂਤੀ ਦੀ ਸ਼ਲਾਘਾ ਕੀਤੀ। ਇਸ ਮੌਕੇ ਵਿਧਾਇਕ ਮਾਲੇਰਕੋਟਲਾ ਨੇ 3 ਲੱਖ ਪ੍ਰਤੀ ਸਕੂਲ ਵਿਸ਼ੇਸ਼ ਗਰਾਂਟ ਦੇਣ ਦਾ ਐਲਾਨ ਵੀ ਕੀਤਾ ਤੇ 21 ਹਜ਼ਾਰ ਰੁਪਏ ਪ੍ਰਤੀ ਸਕੂਲ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵਜੋਂ ਦਿੱਤੇ। ਇਸ ਮੌਕੇ ਹੈੱਡਮਾਸਟਰ ਫਰਵਾਲੀ ਮਨਦੀਪ ਸਿੰਘ, ਮੁਹੰਮਦ ਹਬੀਬ, ਮੁਹੰਮਦ ਅਰਸ਼ਦ, ਬੀ.ਐਨ.ਓ ਇਮਾਰਨ, ਸਰਪੰਚ ਫਰਵਾਲੀ ਗੁਰਮੁੱਖ ਸਿੰਘ, ਜਸਵਿੰਦਰ ਸਿੰਘ ਜੱਸੂ, ਮਨਜੀਤ ਸਿੰਘ, ਬਿਕਾਰ ਸਿੰਘ, ਸਰਕਾਰੀ ਹਾਈ ਸਕੂਲ ਝਨੇਰ ਅਨਵਰ ਅਲੀ, ਸਰਪੰਚ ਜਸਵਿੰਦਰ ਸਿੰਘ, ਦੀਪਤੀ ਗਰਗ, ਰਸਮਿੰਦਰ ਕੌਰ ਤੋਂ ਇਲਾਵਾ ਹੋਰ ਪਿੰਡਾਂ ਦੇ ਮੋਹਤਬਰ, ਮਾਪੇ ਤੇ ਵਿਦਿਆਰਥੀ ਮੌਜੂਦ ਸਨ।

## 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੁਲਸ ਵੱਲੋਂ ਸ਼ੱਕੀ ਘਰਾਂ ਦੀ ਚੈਕਿੰਗ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਪੰਜਾਬ ਸਰਕਾਰ ਦੀ ਨਸ਼ੇ ਨੂੰ ਲੈ ਕੇ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਸ਼ੁੱਕਰਵਾਰ ਐੱਸ ਐੱਸ ਪੀ ਸ੍ਰੀ ਸਰਤਾਜ ਸਿੰਘ ਚਹਿਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਐੱਸ ਪੀ ਦਿਲਪ੍ਰੀਤ ਸਿੰਘ ਤੇ ਡੀ ਐੱਸ ਪੀ ਹਰਵਿੰਦਰ ਸਿੰਘ ਖਹਿਰਾ, ਐੱਸ ਐੱਚ ਓ ਪ੍ਰਤੀਕ ਜਿੰਦਲ ਤੇ ਸੁਨਾਮ ਪੁਲਸ ਵੱਲੋਂ ਦਾਨਾ ਮੰਡੀ ਵਿੱਚ ਨੇੜੇ ਅੰਡਰ ਬ੍ਰਿਜ, ਅਚਨਚੇਤ ਰੇਡ ਕੀਤੀ ਗਈ, ਜਿੱਥੇ ਕਿ ਸ਼ੱਕੀ ਘਰਾਂ ਦੀਆਂ ਤਲਾਸ਼ੀਆਂ ਲਈਆਂ ਗਈਆਂ, ਪਰ ਕੁਝ ਵੀ ਬਰਾਮਦ ਨਹੀਂ ਹੋਇਆ। ਐੱਸ ਪੀ ਦਿਲਪ੍ਰੀਤ ਸਿੰਘ ਨੇ ਦੱਸਿਆ ਕਿ ਪੰਜਾਬ ਪੁਲਸ ਹਰ ਸਮੇਂ ਆਪਣੀ ਡਿਊਟੀ ਨਿਭਾਅ ਰਹੀ ਹੈ, ਅੱਜ ਹਨੇਰੀ ਦੇ ਮੌਸਮ ਵਿੱਚ ਵੀ ਸ਼ੱਕੀ ਘਰਾਂ ਦੀਆਂ ਤਲਾਸ਼ੀਆਂ ਲਈਆਂ ਜਾ ਰਹੀਆਂ ਹਨ ਤੇ ਜੇਕਰ ਕੋਈ ਕਿਸੇ ਕੋਲੋਂ ਕੋਈ ਨਸ਼ੀਲਾ ਪਦਾਰਥ ਮਿਲਦਾ ਹੈ ਤਾਂ ਉਸ 'ਤੇ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ, ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।



ਗੁਰਜੀਤ ਸਿੰਘ ਗਿੱਲ ਨੂੰ ਲੁਧਿਆਣਾ ਮਾਰਕਿਟ ਕਮੇਟੀ ਦਾ ਚੇਅਰਮੈਨ ਦਾ ਅਹੁਦਾ ਸੰਭਾਲਣ 'ਤੇ ਸ੍ਰੀ ਮੁਕਤੇਸ਼ਵਰ ਨਿਸ਼ਕਾਮ ਸੇਵਾ ਸੁਸਾਇਟੀ ਵੱਲੋਂ ਫੁੱਲਾਂ ਦੇ ਗੁਲਦਸਤੇ ਭੇਟ ਕਰ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਨੀਲ ਕਮਲ ਸ਼ਰਮਾ, ਰਕੇਸ਼ ਸ਼ਰਮਾ, ਦਲਜੀਤ ਪੰਪਾ, ਰਜਨੀਸ਼ ਸਰਮਾ ਤੇ ਹੋਰ ਮੌਜੂਦ ਸਨ। (ਫੋਟੋ ਤੇ ਵੇਰਵਾ : ਜਸਦੀਪ ਵਰਤੀਆ, ਲੁਧਿਆਣਾ)



ਨਿਰਮਲ ਸਿੰਘ ਵਾਲਾ ਦੇ ਮੇਨ ਚੌਕ ਵਿੱਚ ਮੀਟਰ ਬਕਸੇ ਹਰ ਸਮੇਂ ਖੁੱਲ੍ਹੇ ਰਹਿੰਦੇ ਹਨ, ਪਰ ਸਬੰਧਤ ਮਹਿਕਮਾ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ ਅਤੇ ਬਿਜਲੀ ਵਿਭਾਗ ਕਿਸੇ ਵੱਡੇ ਹਾਦਸੇ ਦਾ ਇੰਤਜ਼ਾਰ ਕਰ ਰਿਹਾ ਹੈ। ਪਿੰਡ ਦੇ ਐੱਮ ਸੀ ਨੇ ਕਿਹਾ ਕਿ ਇਸ ਖੁੱਲ੍ਹੇ ਪਏ ਮੀਟਰ ਦੇ ਬਕਸਿਆਂ ਦੀ ਸਮੱਸਿਆ ਦਾ ਹੱਲ ਜਲਦੀ ਕਰ ਦਿੱਤਾ ਜਾਵੇਗਾ। (ਫੋਟੋ ਤੇ ਵੇਰਵਾ : ਲਖਣੀ ਕੁਮਾਰ)

## ਸੁਖਵਿੰਦਰ ਗਿੱਲ ਨੇ ਮੰਤਰੀ ਸੌਂਦ ਦੀ ਮੌਜੂਦਗੀ 'ਚ ਸੰਭਾਲਿਆ ਚੇਅਰਮੈਨ ਦਾ ਅਹੁਦਾ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇੱਥੇ ਸਥਾਨਕ ਅਨਾਜ ਮੰਡੀ ਵਿੱਚ ਪੰਜਾਬ ਸਰਕਾਰ ਵੱਲੋਂ ਨਿਯੁਕਤ ਕੀਤੇ ਗਏ ਮਾਰਕੀਟ ਕਮੇਟੀ ਦੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ ਨੇ ਪੰਚਾਇਤੀ ਤੇ ਸੈਰ ਸਪਾਟਾ ਵਿਭਾਗ ਦੇ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਦੀ ਮੌਜੂਦਗੀ ਵਿੱਚ ਅਹੁਦਾ ਸੰਭਾਲਿਆ, ਜਿਨ੍ਹਾਂ ਨਾਲ ਵਿਸ਼ੇਸ਼ ਤੌਰ 'ਤੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਤੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ ਵੀ ਹਾਜ਼ਰ ਸਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ 'ਆਪ' ਸਰਕਾਰ ਨੇ ਅੱਜ ਆਮ ਘਰਾਂ ਦੇ ਨੌਜਵਾਨਾਂ ਨੂੰ ਸੱਤਾ ਵਿੱਚ ਆਉਣ ਦਾ ਮੌਕਾ ਦਿੱਤਾ ਹੈ ਤੇ ਸੁਖਵਿੰਦਰ ਸਿੰਘ ਗਿੱਲ ਵਰਗੇ ਇੱਕ ਮਿਹਨਤੀ ਵਰਕਰ, ਜਿਸ ਨੇ ਪਾਰਟੀ ਲਈ ਤਨਦੇਹੀ ਨਾਲ ਕੰਮ ਕੀਤਾ ਉਸ ਨੂੰ ਇਹ ਅਹੁਦਾ ਦੇ ਕੇ ਨਿਵਾਜ਼ਿਆ। ਮੰਤਰੀ ਸੌਂਦ ਨੇ ਕਿਹਾ ਕਿ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਮਾਛੀਵਾੜਾ ਸਾਹਿਬ ਦੇ ਵਿਕਾਸ ਲਈ ਜਿਸ ਵਿੱਚ ਯਾਦਗਾਰੀ ਵਿਸ਼ਾਲ ਗੇਟ ਸਮੇਤ ਹੋਰ ਜੋ ਵੀ ਮੰਗਾਂ ਹਨ, ਉਹ ਧਿਆਨ ਵਿੱਚ ਲਿਆਂਦੀਆਂ ਹਨ, ਉਨ੍ਹਾਂ ਨੂੰ ਵੀ ਜਲਦ ਪੂਰਾ ਕਰ ਦਿੱਤਾ ਜਾਵੇਗਾ। ਇਸ ਮੌਕੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਸੁਖਵਿੰਦਰ ਸਿੰਘ ਗਿੱਲ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਥਾਪਨਾ ਹੋਈ ਹੈ, ਉਦੋਂ ਤੋਂ ਸਿਰਤੋੜ ਮਿਹਨਤ ਕਰ ਰਹੇ ਹਨ ਤੇ ਅਜਿਹੇ ਜੁਝਾਰੂ ਤੇ ਵਰਕਰਾਂ ਸਦਕਾ 'ਆਪ' ਸਰਕਾਰ ਸੱਤਾ ਵਿੱਚ ਆਈ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ, ਅਸ਼ੋਕ ਸੂਦ, ਜਗਮੀਤ ਸਿੰਘ ਮੱਕੜ, ਨਰਿੰਦਰਪਾਲ ਮੱਕੜ, ਅਮਨਦੀਪ ਸਿੰਘ ਤਨੇਜਾ, ਨੀਰਜ ਕੁਮਾਰ, ਹਰਵਿੰਦਰ ਕੌਰ (ਸਾਰੇ ਕੌਂਸਲਰ), ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਸੁਸ਼ੀਲ ਲੂਥਰਾ, ਗੁਰਨਾਮ ਸਿੰਘ ਨਾਗਰਾ, ਰਾਜੀਵ ਕੌਸ਼ਲ, ਪ੍ਰਦੀਪ ਮਲਹੋਤਰਾ, ਅਰਵਿੰਦਰਪਾਲ ਸਿੰਘ ਵਿੱਕੀ, ਸ਼ਸ਼ੀ ਭਾਟੀਆ, ਬਲਵਿੰਦਰ ਸਿੰਘ ਮਾਨ, ਹਰਕੇਸ਼ ਨਹਿਰਾ, ਮੇਜਰ ਸਿੰਘ ਰਹੀਮਾਬਾਦ, ਜਤਿਨ ਚੌਰਾਇਆ, ਤੇਜਿੰਦਰਪਾਲ ਡੀ. ਸੀ. (ਸਾਰੇ ਆੜ੍ਹਤੀ), ਬਲਜਿੰਦਰ ਸਿੰਘ ਰਿੰਕੂ, ਪ੍ਰਵੀਨ ਮੱਕੜ, ਅੰਮ੍ਰਿਤਾ ਪੁਰੀ, ਪ੍ਰਿੰਸ ਮਿੱਠੇਵਾਲ, ਸਰਪੰਚ ਬਲਪ੍ਰੀਤ ਸਿੰਘ ਸਮਸ਼ਪੁਰ, ਚੇਅਰਮੈਨ ਮੇਜਰ ਸਿੰਘ ਬਾਲਿਓਂ, ਸੁਖਜਿੰਦਰ ਸਿੰਘ ਪਵਾਤ, ਹਰਮਿੰਦਰ ਸਿੰਘ ਗਿੱਲ, ਦਵਿੰਦਰ ਸਿੰਘ ਬਵੇਜਾ, ਰਾਜੇਸ਼ ਲੀਹਲ, ਕਮਾਂਡੈਂਟ ਰਛਪਾਲ ਸਿੰਘ, ਛਿੰਦਰਪਾਲ ਸਮਰਾਲਾ, ਹਰਦੀਪ ਓਸ਼ੋ, ਰਣਧੀਰ ਸਿੰਘ ਧੀਰਾ, ਜਗੀਰ ਸਿੰਘ ਲੌਂਗੀਆ, ਪੀਏ ਨਵਜੀਤ ਸਿੰਘ ਉਟਾਲਾਂ, ਸਤਨਾਮ ਸਿੰਘ ਗੰਭੀਰ, ਨਰਿੰਦਰਪਾਲ ਨਿੰਦੀ, ਨਿਰੰਜਨ ਨੂਰ, ਪ੍ਰਦੀਪ ਸਿੰਘ, ਰਣਜੀਤ ਸਿੰਘ ਜੀਤੀ, ਸੁਰਿੰਦਰ ਨਾਗਪਾਲ ਵੀ ਮੌਜੂਦ ਸਨ।

## ਖੇਤੀਬਾੜੀ ਅਫ਼ਸਰਾਂ ਵੱਲੋਂ ਆੜ੍ਹਤੀਆਂ ਦੇ ਕੰਡੇ-ਵੱਟੇ ਤੇ ਤੋਲ ਦੀ ਚੈਕਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਹਾਇਕ ਮੰਡੀਕਰਨ ਅਫ਼ਸਰ (ਫ਼ਰੀਦਕੋਟ) ਡਾ. ਯਾਦਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤੇ ਹਾਜ਼ਰੀ ਵਿੱਚ ਸ੍ਰੀ ਮੁਕਤਸਰ ਸਾਹਿਬ ਦੀ ਮੁੱਖ ਦਾਣਾ ਮੰਡੀ ਵਿਖੇ ਖੇਤੀਬਾੜੀ ਵਿਕਾਸ ਅਫ਼ਸਰ (ਮਾਰਕੀਟਿੰਗ) ਮਨਮੀਤ ਕੌਰ, ਅਮਨਦੀਪ ਕੌਰ ਤੇ ਪ੍ਰਿਮਲਪ੍ਰੀਤ ਕੌਰ ਵੱਲੋਂ ਆੜ੍ਹਤੀਆਂ ਦੇ ਕੰਡੇ ਵੱਟੇ ਤੇ ਤੋਲ ਚੈੱਕ ਕੀਤੇ ਗਏ। ਇਸ ਮੌਕੇ ਮੌਜੂਦ ਕਿਸਾਨਾਂ ਨੂੰ ਆਪਣੀ ਫ਼ਸਲ ਦੇ ਸੁਚੱਜੇ ਮੰਡੀਕਰਨ ਲਈ ਬੋਲੀ ਸਮੇਂ ਹਾਜ਼ਰ ਰਹਿਣ, ਜਿਨਸ ਦਾ ਸਹੀ ਤੋਲ, ਤਸਦੀਕਸ਼ੁਦਾ ਕੰਡੇ ਵੱਟਿਆਂ ਦੀ ਵਰਤੋਂ ਤੇ ਕੰਡਿਆਂ ਦਾ ਜ਼ਮੀਨ ਤੇ ਇਕਸਾਰ ਲੈਵਲ ਹੋਣਾ ਯਕੀਨੀ ਬਣਾਉਣ ਲਈ ਕਿਹਾ ਗਿਆ ਤਾਂ ਜੋ ਆਪਣੀ ਫ਼ਸਲ ਦਾ ਉਚਿਤ ਵਪਾਰਕ ਮੁੱਲ ਉਨ੍ਹਾਂ ਨੂੰ ਮਿਲ ਸਕੇ। ਇਸ ਮੌਕੇ ਡਿਪਟੀ ਡਾਇਰੈਕਟਰ ਕਪਾਹ ਸ੍ਰੀ ਮੁਕਤਸਰ ਸਾਹਿਬ ਡਾ. ਚਰਨਜੀਤ ਸਿੰਘ ਤੇ ਮਾਰਕੀਟ ਕਮੇਟੀ ਦੇ ਨੁਮਾਇੰਦੇ ਹਾਜ਼ਰ ਸਨ। ਚੈਕਿੰਗ ਦੌਰਾਨ ਤਿੰਨ ਕੰਡਿਆਂ ਵਿੱਚ ਊਣਤਾਈ ਪਾਈ ਗਈ ਤੇ ਮੌਕੇ 'ਤੇ ਬਣਦੀ ਕਾਰਵਾਈ ਕੀਤੀ ਗਈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : ਚੰਦ ਸਿੰਘ ਉਰਫ਼ ਚੰਦ ਫ਼ਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਵਿਧਾਇਕ ਸੋਹਲ ਨੇ ਦਾਨਾ ਮੰਡੀ ਝਬਾਲ ਵਿਖੇ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਹਲਕਾ ਵਿਧਾਇਕ ਡਾ. ਕਸ਼ਮੀਰ ਸੋਹਲ ਦਾਨਾ ਮੰਡੀ ਝਬਾਲ ਵਿਖੇ ਪੁੱਜੇ ਜਿੱਥੇ ਉਨ੍ਹਾਂ ਨੇ ਮਾਰਕਿਟ ਕਮੇਟੀ ਝਬਾਲ ਦੇ ਚੇਅਰਮੈਨ ਬਲਵਿੰਦਰ ਸਿੰਘ ਕੋਟ, ਮਾਰਕੀਟ ਕਮੇਟੀ ਤਰਨਤਾਰਨ ਦੇ ਚੇਅਰਮੈਨ ਡਾ. ਕੁਲਦੀਪ ਸਿੰਘ ਰੰਧਾਵਾ ਨਾਲ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ।ਇਸ ਮੌਕੇ ਉਨ੍ਹਾਂ ਨੇ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਜਿੱਥੇ ਕਿਸਾਨਾਂ ਦੀ ਮੰਡੀਆਂ ਵਿੱਚ ਪੁੱਜੀ ਕਣਕ ਦੀ ਫ਼ਸਲ ਦੇ ਇੱਕ ਇੱਕ ਦਾਣੇ ਨੂੰ ਖਰੀਦ ਕਰਨ, ਖਰੀਦੀ ਫਸਲ ਦਾ ਜਲਦ ਭੁਗਤਾਨ ਅਤੇ ਨਾਲੋਂ ਨਾਲ ਲਿਫਟਿੰਗ ਕਰਵਾਉਣ ਲਈ ਮਾਰਕਿਟ ਕਮੇਟੀ ਝਬਾਲ ਅਧੀਨ ਆਉਂਦੀਆਂ ਮੰਡੀਆਂ ਵਿੱਚ ਸਰਕਾਰੀ ਖਰੀਦ ਕਰ ਰਹੀਆਂ ਖਰੀਦ ਏਜੰਸੀਆਂ ਐਫ਼ਸੀਆਈ, ਪਨਗਰੇਨ ਅਤੇ ਪਨਸਪ ਦੇ ਅਫਸਰਾਂ ਨੂੰ ਹਦਾਇਤਾ ਦਿੱਤੀਆਂ।ਉਥੇ ਹੀ ਕਿਸਾਨ ਭਰਾਵਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰੀ ਮਾਪਦੰਡਾਂ ਤੇ ਪੂਰੀ ਉਤਰਦੀ 12 ਪ੍ਰਤੀਸ਼ਤ ਨਮੀ ਵਾਲੀ ਸੁੱਕੀ ਕਣਕ ਹੀ ਲੈ ਕੇ ਆਉਣ ਤਾਂ ਜੋ ਖੱਜਲ ਖੁਆਰੀ ਤੋਂ ਬਚਿਆ ਜਾ ਸਕੇ।ਜਦੋਂ ਆੜ੍ਹਤੀਆ ਐਸੋਸੀਏਸ਼ਨ ਮੰਡੀ ਝਬਾਲ ਦੇ ਪ੍ਰਧਾਨ ਸ਼ਰਨਜੀਤ ਸਿੰਘ ਭੋਜੀਆਂ ਵੱਲੋਂ ਸਰਕਾਰੀ ਖਰੀਦ ਸ਼ੁਰੂ ਹੋਣ ਤੇ ਲੱਡੂ ਵੰਡਦਿਆਂ ਐਮਐਲਏ ਡਾ. ਕਸ਼ਮੀਰ ਸਿੰਘ ਸੋਹਲ, ਚੇਅਰਮੈਨ ਬਲਵਿੰਦਰ ਸਿੰਘ ਦਿਉਲ ਕੋਟ, ਚੇਅਰਮੈਨ ਤਰਨਤਾਰਨ ਕੁਲਦੀਪ ਸਿੰਘ ਰੰਧਾਵਾ ਅਤੇ ਮਾਰਕਿਟ ਕਮੇਟੀ ਝਬਾਲ ਦੇ ਸਕੱਤਰ ਕੰਵਲਪ੍ਰੀਤ ਸਿੰਘ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਆਮ ਪਾਰਟੀ ਜ਼ਿਲਾ ਯੂਥ ਆਗੂ ਸੰਨੀ ਛੀਨਾ, ਜ਼ਿਲਾ ਟਰਾਂਸਪੋਰਟ ਪ੍ਰਧਾਨ ਆਮ ਪਾਰਟੀ ਰਣਜੀਤ ਸਿੰਘ ਰਾਣਾ ਝਬਾਲ, ਭਾਈ



ਰਣਧੀਰ ਸਿੰਘ ਝਬਾਲ,ਭਾਈ ਪ੍ਰਮਜੀਤ ਸਿੰਘ ਝਬਾਲ, ਸਰੂਪ ਸਿੰਘ ਕੋਟ, ਮਾਰਕਿਟ ਕਮੇਟੀ ਝਬਾਲ ਦੇ ਲੇਖਾਕਾਰ ਬਲਜੀਤ ਸਿੰਘ, ਗ੍ਰੇਡਿੰਗ ਸੁਪਰਵਾਈਜ਼ਰ ਹਰਮਨ ਪਾਲ ਸਿੰਘ ਚੀਮਾ, ਮੰਡੀ ਸੁਪਰਵਾਈਜ਼ਰ ਭੁਪਿੰਦਰਜੀਤ ਸਿੰਘ ਛਿਛਰੇਵਾਲ, ਸਤਿੰਦਰਬੀਰ ਸਿੰਘ, ਆਕਸ਼ਨ ਰਿਕਾਰਡਰ ਮਨਜਿੰਦਰ ਸਿੰਘ ਸੰਧੂ, ਹਰਚੰਦ ਸਿੰਘ, ਪਨਗਰੇਨ ਇੰਸਪੈਕਟਰ ਗੁਰਜੀਤ ਸਿੰਘ ਕੰਗ, ਇੰਸ ਅੰਗਰੇਜ਼ ਸਿੰਘ, ਪਨਸਪ ਇੰਸਪੈਕਟਰ ਸੁਖਦੀਪ ਸਿੰਘ, ਐੱਫਸੀਆਈ ਇੰਸਪੈਕਟਰ ਵਿਨੇ ਤਿਵਾੜੀ, ਸਾਬਕਾ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਝਬਾਲ ਤਸਬੀਰ ਸਿੰਘ ਅੌਲਖ ਠੱਠੀ, ਆੜ੍ਹਤੀ ਗੁਰਜੀਤ ਸਿੰਘ ਝਬਾਲ, ਬਲਕਾਰ ਸਿੰਘ ਸੰਧੂ ਬੁਰਜ, ਗੁਰਸੇਵਕ ਸਿੰਘ ਅੌਲਖ, ਆੜ੍ਹਤੀ ਸਰਪੰਚ ਤੇਜਿੰਦਰ ਸਿੰਘ ਵਿੱਕੀ ਕੋਟ, ਸਰਪੰਚ ਰਣਜੀਤ ਸਿੰਘ ਰਾਣਾ ਭੋਜੀਆਂ, ਸਰਪੰਚ ਸਾਧਾ ਸਿੰਘ ਗੱਗੋਬੂਹਾ, ਸਾਬਕਾ ਸਰਪੰਚ ਸ਼ਾਮ ਸਿੰਘ ਕੋਟ, ਅੰਗਰੇਜ਼ ਸਿੰਘ ਜਗਤਪੁਰਾ, ਸੁਖਵੰਤ ਸਿੰਘ ਸੁੱਖ ਠੱਠੀ, ਤਨਵੀਰ ਇੰਦਰ ਸਿੰਘ ਸੋਨੂੰ ਗੰਡੀਵਿੰਡ, ਸੈਂਡੀ ਨਿਊ ਮਾਝਾ ਰਾਈਸ ਹਰਜੀਤ ਸਿੰਘ ਮਿਰੋਆ ਰਾਈਸ ਮਿੱਲਰਜ਼, ਹਰਪ੍ਰੀਤ ਸਿੰਘ ਹੈਪੀ, ਗੁਰਪ੍ਰੀਤ ਸਿੰਘ ਗੋਲਡੀ ਬੀਐਸ ਰਾਈਸ ਮਿੱਲਰਜ਼, ਬੂਟਾ ਸਿੰਘ ਪੰਜਵੜ, ਲਖਵਿੰਦਰ ਸਿੰਘ ਬਿੱਟੂ ਭੋਜੀਆਂ, ਹਰੀਸ਼ ਲਾਲੀ ਨੰਦਾ, ਸੰਜੀਵ ਸੂਦ, ਸੁਖਰਾਜ ਸਿੰਘ ਝਬਾਲ, ਸੁਖਦੇਵ ਸਿੰਘ ਸੋਹਲ, ਜਤਿੰਦਰ ਸਿੰਘ ਸਰਵਣ ਸ਼ਾਹ ਕੋਟ, ਜਸਬੀਰ ਸਿੰਘ ਅੌਲਖ ਠੱਠੀ, ਹਰਦੀਪ ਸਿੰਘ ਪੰਜਵੜ, ਬਲਜੀਤ ਸਿੰਘ ਬੰਟੀ ਪੰਜਵੜ, ਸਤਿੰਦਰਪਾਲ ਸਿੰਘ ਸੋਹਲ, ਰੁਪਿੰਦਰ ਸਿੰਘ ਮੰਨਣ, ਟੋਨੀ ਸੋਹਲ, ਮੁਖਤਾਰ ਸਿੰਘ ਝਾਮਕਾ, ਪਾਇਲਟ ਪੰਡੋਰੀ, ਮਨਜੀਤ ਸਿੰਘ ਭੋਜੀਆਂ, ਗੁਰਦਿਆਲ ਸਿੰਘ ਝਬਾਲ, ਅੰਗਰੇਜ਼ ਸਿੰਘ ਭੁੱਚਰ, ਮੁਨੀਮ ਸੁਖਦੇਵ ਸਿੰਘ ਬਿੱਲਾ ਕੋਟ, ਬਲਰਾਜ ਸਿੰਘ, ਮਲਕੀਤ ਸਿੰਘ ਮੀਰਪੁਰ, ਮੰਡੀ ਮਜ਼ਦੂਰ ਯੂਨੀਅਨ ਪ੍ਰਧਾਨ ਜੋਗਾ ਸਿੰਘ ਚੀਮਾ, ਦਰਸ਼ਨ ਸਿੰਘ ਪੰਜਵੜ ਆਦਿ ਵੀ ਹਾਜ਼ਰ ਸਨ।

# ਪੰਜਾਬ ਸਰਕਾਰ ਦੀ ਵਾਅਦਾ-ਖਿਲਾਫੀ ਤੋਂ ਭੜਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਅਰਥੀ ਫੂਕ ਪ੍ਰਦਰਸ਼ਨ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਆਪਣੇ ਵਾਜਿਬ ਮਸਲਿਆਂ ਨੂੰ ਲੈ ਕੇ 24 ਅਤੇ 25 ਮਾਰਚ ਨੂੰ ਮੁਹਾਲੀ ਵਿਖੇ ਬਜਟ ਸੈਸ਼ਨ ਦੌਰਾਨ ਕੀਤੀਆਂ ਗਈਆਂ ਦੋ ਰੈਲੀਆਂ ਅਤੇ ਵਿਧਾਨ ਸਭਾ ਵੱਲ ਕੀਤੇ ਗਏ ਰੋਸ ਮਾਰਚ ਸਮੇਂ ਪੁਲਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਮੰਗ ਪੱਤਰ ਪ੍ਰਾਪਤ ਕਰਦੇ ਹੋਏ ਸਾਂਝੇ ਫਰੰਟ ਦੀ ਲੀਡਰਸ਼ਿਪ ਨੂੰ 15 ਅਪਰੈਲ ਨੂੰ ਕੈਬਨਿਟ ਸਬ ਕਮੇਟੀ ਨਾਲ ਪੰਜਾਬ ਸਕੱਤਰੇਤ ਵਿਖੇ ਲਿਖਤੀ ਮੀਟਿੰਗ ਕਰਨ ਦੇ ਦਿੱਤੇ ਸੱਦੇ ਮੁਤਾਬਕ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ 15 ਅਪਰੈਲ ਨੂੰ ਚੰਡੀਗੜ੍ਹ ਪਹੁੰਚੀ ਲੀਡਰਸ਼ਿਪ ਨੂੰ ਮੌਕੇ ਤੇ ਸਕੱਤਰੇਤ ਅਧਿਕਾਰੀਆਂ ਵੱਲੋਂ ਮੀਟਿੰਗ ਬਾਰੇ ਅਗਿਆਨਤਾ ਜ਼ਾਹਰ ਕਰਨ ਦੇ ਰੋਸ ਵਜੋਂ ਲੰਮਾ ਸਫ਼ਰ ਤਹਿ ਕਰਕੇ ਚੰਡੀਗੜ੍ਹ ਪਹੁੰਚੀ ਲੀਡਰਸ਼ਿਪ ਨੇ ਪੰਜਾਬ ਸਰਕਾਰ ਵੱਲੋਂ ਮੁੜ ਮੁੜ ਕੀਤੀ ਜਾ ਰਹੀ ਵਾਅਦਾ ਖਿਲਾਫ਼ੀ ਦਾ ਗੰਭੀਰ ਨੋਟਿਸ ਲੈਂਦੇ ਹੋਏ ਮੌਕੇ 'ਤੇ ਹੀ ਉਸੇ ਦਿਨ ਮੀਟਿੰਗ ਕਰਕੇ ਸਮੁੱਚੇ ਪੰਜਾਬ ਵਿੱਚ 17 ਅਪਰੈਲ ਤੋਂ 22 ਅਪਰੈਲ ਤੱਕ ਜ਼ਿਲ੍ਹਾ ਅਤੇ ਤਹਿਸੀਲ ਹੈੱਡਕੁਆਟਰਾਂ ਤੇ ਮੁੱਖ ਮੰਤਰੀ ਅਤੇ ਕੈਬਨਿਟ ਸਬ ਕਮੇਟੀ ਦੀਆਂ ਅਰਥੀਆਂ ਫੂਕਣ ਦੇ ਦਿੱਤੇ ਸੱਦੇ ਨੂੰ ਲਾਗੂ ਕਰਦਿਆਂ ਅੱਜ ਵੱਖ-ਵੱਖ ਅਦਾਰਿਆਂ ਦੇ ਮੁਲਾਜ਼ਮਾਂ ਪੈਨਸ਼ਨਰਾਂ ਨੇ ਸਥਾਨਕ ਪਾਵਰਕਾਮ ਦੇ ਸਰਕਲ ਗੇਟ ਤੇ ਮੁੱਖ ਮੰਤਰੀ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ।ਆਗੂਆਂ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਖਿਲਾਫ਼ ਵੀ ਜ਼ਬਰਦਸਤ ਨਾਅਰੇਬਾਜ਼ੀ ਕਰਕੇ ਆਪਣੇ ਗੁੱਸੇ ਦਾ ਪ੍ਰਗਟਾਵਾ ਕਰਦੇ ਹੋਏ ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕੀਤਾ।ਇਸ ਮੌਕੇ ਇਕੱਤਰ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸਾਂਝਾ ਫਰੰਟ ਦੇ ਸੂਬਾ ਕਨਵੀਨਰ ਗੁਰਪ੍ਰੀਤ ਸਿੰਘ ਗੰਡੀਵਿੰਡ, ਜਸਵਿੰਦਰ ਸਿੰਘ ਮਾਣੋਚਾਹਲ, ਦਵਿੰਦਰ ਸਿੰਘ, ਮਾਸਟਰ ਸਤਵਿੰਦਰ ਸਿੰਘ, ਜੱਸਾ ਸਿੰਘ ਕੱਦਗਿੱਲ, ਕਰਮ ਸਿੰਘ ਲਾਲਪੁਰਾ, ਸਤਨਾਮ ਸਿੰਘ, ਬਲਦੇਵ ਸਿੰਘ, ਪੂਰਨ ਦਾਸ, ਸਿਮਰਨਜੀਤ ਸਿੰਘ, ਕਵਲਜੀਤ ਕੌਰ, ਦਲਬੀਰ ਸਿੰਘ ਦਿਉਲ, ਚਰਨਜੀਤ ਸਿੰਘ ਝਬਾਲ, ਮਾਸਟਰ ਬਖਸ਼ੀਸ਼ ਸਿੰਘ ਜਵੰਦਾ, ਰਾਕੇਸ਼ ਕੁਮਾਰ ਮਲਹੋਤਰਾ, ਗੁਰਪਾਲ ਸਿੰਘ ਬੰਟੀ, ਲਖਵਿੰਦਰ ਸਿੰਘ ਬਹਿਲਾ, ਕੁਲਵਿੰਦਰ ਸਿੰਘ ਬਾਗੜੀਆਂ, ਗੁਰਮੀਤ ਸਿੰਘ ਗੋਲਾ, ਪਲਵਿੰਦਰ ਸਿੰਘ ਜੋਸਨ, ਜਸਪਰੀਤ ਸਿੰਘ, ਤਰਸੇਮ ਸਿੰਘ ਲਾਲੂ ਘੁੰਮਣ, ਅਮਨਦੀਪ ਸਿੰਘ, ਲਖਬੀਰ ਸਿੰਘ ਰੈਸੀਆਣਾ ਆਦਿ ਨੇ ਕਿਹਾ ਕਿ ਸਰਕਾਰ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੀਆਂ ਆਸ਼ਾ ਅਤੇ ਮਿਡ ਡੇ ਮੀਲ ਵਰਕਰਾਂ ਦੀਆਂ ਤਨਖਾਹਾਂ ਦੁੱਗਣੀਆਂ ਕਰਨ, ਐੱਨਪੀਐੱਸ ਰੱਦ ਕਰਕੇ ਪੁਰਾਣੀ ਪੈਨਸ਼ਨ ਬਹਾਲ ਕਰਨ, ਕੱਚੇ ਅਤੇ ਠੇਕਾ ਮੁਲਾਜ਼ਮਾਂ ਨੂੰ ਤੁਰੰਤ ਪੱਕਾ ਕਰਨ, ਪੈਨਸ਼ਨਰਾਂ ਦੀ ਪੈਨਸ਼ਨ 2.59 ਦੇ ਗੁਣਾਂਕ ਨਾਲ ਤਹਿ ਕਰਨ, ਪੇਂਡੂ ਭੱਤੇ ਸਮੇਤ ਕੱਟੇ ਗਏ ਸਾਰੇ ਭੱਤੇ ਮੁੜ ਬਹਾਲ ਕਰਨ, ਮਹਿੰਗਾਈ ਭੱਤੇ ਨੂੰ ਕੇਂਦਰ ਨਾਲ ਲਿੰਕ ਕਰਕੇ ਰਹਿੰਦੇ ਸਾਰੇ ਬਕਾਇਆਂ ਦਾ ਭੁਗਤਾਨ ਕਰਨ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਛੇਵੇਂ ਤਨਖਾਹ ਕਮਿਸ਼ਨ ਦੇ ਸਾਰੇ ਬਕਾਏ ਤਿੰਨ ਕਿਸ਼ਤਾਂ ਵਿੱਚ ਅਦਾ ਕਰਨ, 17 ਜੁਲਾਈ 2020 ਤੋਂ ਬਾਅਦ ਭਰਤੀ ਕੀਤੇ ਮੁਲਾਜ਼ਮਾਂ ਨੂੰ ਕੇਂਦਰੀ ਸਕੇਲਾਂ ਦੀ ਬਜਾਏ ਪੰਜਾਬ ਦੇ ਸਕੇਲਾਂ ਨਾਲ ਜੋੜਨ, ਮੁਲਾਜ਼ਮਾਂ ਦੇ ਪਰਖ ਸਮੇਂ ਸਬੰਧੀ 15 ਜਨਵਰੀ 2015 ਦੇ ਪੱਤਰ ਨੂੰ ਰੱਦ ਕਰਕੇ ਪਰਖ ਸਮਾਂ 2 ਸਾਲ ਕਰਨ ਅਤੇ ਵਿਕਾਸ ਟੈਕਸ ਦੇ ਨਾਮ ਹੇਠ ਪ੍ਰਤੀ ਮਹੀਨਾ 200 ਰੁਪਏ ਜਜੀਆ ਕੱਟੇ ਜਾਣ ਨੂੰ ਰੱਦ ਕਰਨ ਦੀਆਂ ਚੋਣ ਗਰੰਟੀਆਂ ਦਿੱਤੀਆਂ ਗਈਆਂ ਸਨ ਪ੍ਰੰਤੂ ਅਫਸੋਸ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਇਨ੍ਹਾਂ ਗਰੰਟੀਆਂ ਬਾਰੇ ਹੁਣ ਤੱਕ ਚੁੱਪੀ ਧਾਰੀ ਹੋਈ ਹੈ।ਆਗੂਆਂ ਨੇ ਹੁਣ ਪੰਜਾਬ ਸਰਕਾਰ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ 4 ਮਈ ਨੂੰ ਸਾਂਝਾ ਫਰੰਟ ਦੀ ਜਲੰਧਰ ਵਿੱਚ ਹੋਣ ਵਾਲੀ ਮੀਟਿੰਗ ਵਿੱਚ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

## ਪੰਜਾਬ ਸਰਕਾਰ ਸਿੱਖਿਆ ਦੇ ਢਾਂਚੇ ਨੂੰ ਮੁੜ ਤੋਂ ਲੀਹਾਂ 'ਤੇ ਲਿਆਉਣ ਲਈ ਵਚਨਬੱਧ : ਚੇਅਰਮੈਨ ਸੇਖਵਾਂ



**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਦਾ ਮੁੱਖ ਮੰਤਵ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਸਕੂਲਾਂ ਨੂੰ ਹਰ ਪੱਖੋਂ ਸਰਵੋਤਮ ਸੁਵਿਧਾਵਾਂ ਪ੍ਰਦਾਨ ਕਰਨਾ ਹੈ ਤਾਂ ਜੋ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਦੇ ਕੇ ਸਮੇਂ ਦਾ ਹਾਣੀ ਬਣਾਇਆ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਵਿਧਾਨ ਸਭਾ ਹਲਕਾ ਕਾਦੀਆਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਫ਼ਤਿਹ ਨੰਗਲ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਨੇ ਬਦਤਰ ਹਾਲ ਵਿੱਚ ਪਹੁੰਚੇ ਸਰਕਾਰੀ ਸਕੂਲਾਂ ਤੇ ਸਿਹਤ ਸੰਸਥਾਵਾਂ ਨੂੰ ਤਰਜੀਹੀ ਖੇਤਰ ਮੰਨਦੇ ਹੋਏ ਰਿਕਾਰਡ ਵਿਕਾਸ ਕਰਵਾਇਆ, ਜਿਸ ਸਦਕਾ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਹਰੇਕ ਖੇਤਰ ਵਿੱਚ ਉੱਚੀਆਂ ਮੱਲਾਂ ਮਾਰ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਸਾਡੇ ਸੂਬੇ ਦੀ ਤਰੱਕੀ ਦਾ ਅਧਾਰ ਬਣੇਗੀ ਅਤੇ ਸਰਕਾਰੀ ਸਕੂਲਾਂ ਵਿਚੋਂ ਪੜ੍ਹ ਕੇ ਆਮ ਘਰਾਂ ਦੇ ਬੱਚੇ ਵੱਡੀਆਂ ਉਚਾਈਆਂ ਨੂੰ ਛੂਹਣਗੇ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦਾ ਵਿਕਾਸ ਹੋਣ ਨਾਲ ਸਕੂਲਾਂ ਦੀ ਕਾਇਆ ਕਲਪ ਹੋ ਗਈ ਹੈ। ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੁਣ ਤੱਕ 54 ਹਜ਼ਾਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕਰਕੇ ਕੀਰਤੀਮਾਨ ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਹੁਨਰ ਨੂੰ ਤਰਾਸ਼ ਕੇ ਦਿਲਚਸਪੀ ਮੁਤਾਬਿਕ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਉਹ ਬਾਰ੍ਹਵੀਂ ਪਾਸ ਕਰਨ ਮਗਰੋਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਹਿੱਸਾ ਲੈਣ ਦੇ ਯੋਗ ਬਣਨ ਅਤੇ ਮਨ ਪਸੰਦ ਦੇ ਅਹੁਦਿਆਂ ਉੱਤੇ ਸੇਵਾਵਾਂ ਨਿਭਾਉਣ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰੀ ਵਿਭਾਗਾਂ ਨੂੰ ਮੁਕੰਮਲ ਤੌਰ 'ਤੇ ਭ੍ਰਿਸ਼ਟਾਚਾਰ ਮੁਕਤ ਕਰਨ ਦੀ ਮੁਹਿੰਮ ਵੀ ਸਾਰਥਿਕ ਨਤੀਜੇ ਸਾਹਮਣੇ ਲਿਆ ਰਹੀ ਹੈ। ਉਨ੍ਹਾਂ ਇਸ ਮੌਕੇ ਉਨ੍ਹਾਂ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ।

# ਟਰਾਲੀਆਂ ਤੇ ਵ੍ਹੀਲਚੇਅਰਾਂ ਦੀ ਘਾਟ ਕਾਰਨ ਅੰਮ੍ਰਿਤਸਰ ਹਵਾਈ ਅੱਡੇ 'ਤੇ ਯਾਤਰੀ ਹੁੰਦੇ ਨੇ ਪਰੇਸ਼ਾਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਅਤੇ ਅੰਮ੍ਰਿਤਸਰ ਵਿਕਾਸ ਮੰਚ ਵੱਲੋਂ ਸ਼੍ਰੀ ਗੁਰੂ ਰਾਮ ਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ, ਅੰਮ੍ਰਿਤਸਰ 'ਤੇ ਬੁਨਿਆਦੀ ਯਾਤਰੀ ਸੁਵਿਧਾਵਾਂ ਦੀ ਘਾਟ-ਖਾਸ ਕਰਕੇ ਰਵਾਨਗੀ (ਡਿਪਾਰਚਰ) ਟਰਮੀਨਲ 'ਤੇ ਟਰਾਲੀਆਂ ਅਤੇ ਵ੍ਹੀਲਚੇਅਰ ਸਹਾਇਤਾ ਦੀ ਉਪਲਬਧਤਾ ਨਾ ਹੋਣ 'ਤੇ ਗੰਭੀਰ ਚਿੰਤਾ ਜਤਾਈ ਹੈ। ਇਹ ਮਾਮਲਾ ਮੁੜ ਉਭਰ ਕੇ ਸਾਹਮਣੇ ਉਦੋਂ ਆਇਆ ਜਦੋਂ ਹਵਾਈ ਅੱਡੇ ਦੇ ਵਿਕਾਸ ਅਤੇ ਵਧੇਰੇ ਉਡਾਨਾਂ ਲਈ ਯਤਨਸ਼ੀਲ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਗਲੋਬਲ ਕਨਵੀਨਰ ਅਤੇ ਅੰਮ੍ਰਿਤਸਰ ਵਿਕਾਸ ਮੰਚ ਦੇ ਓਵਰਸੀਜ਼ ਸਕੱਤਰ ਸਮੀਪ ਸਿੰਘ ਗੁਮਟਾਲਾ, ਜੋ ਕਿ ਅਮਰੀਕਾ ਦੇ ਵਸਨੀਕ ਹਨ, ਬੀਤੇ ਦਿਨੀਂ ਅੰਮ੍ਰਿਤਸਰ ਤੋਂ ਦੁਬਈ ਦੀ ਉਡਾਣ ਲੈਣ ਲਈ ਸਵੇਰੇ 6:45 ਵਜੇ ਹਵਾਈ ਅੱਡੇ ਪਹੁੰਚੇ। ਉਹ ਆਪਣੇ ਇੱਕ ਪਰਿਵਾਰਕ ਮੈਂਬਰ ਨਾਲ ਤਿੰਨ ਵੱਡੇ, ਦੋ ਛੋਟੇ ਅਤੇ ਲੈਪਟਾਪ ਬੈਗ ਆਦਿ ਲੈ ਕੇ ਆਏ ਸੀ, ਪਰ ਡਿਪਾਰਚਰ ਟਰਮੀਨਲ ਦੇ ਬਾਹਰ ਕੋਈ ਵੀ ਟਰਾਲੀ ਉਪਲਬਧ ਨਾ ਹੋਣ ਕਰਕੇ, ਉਨ੍ਹਾਂ ਨੂੰ ਸਾਰਾ ਸਾਮਾਨ ਖੁਦ ਹੀ ਵਾਰੋ ਵਾਰੀ ਖਿੱਚ ਕੇ ਅੰਦਰ ਲਿਜਾਣੇ ਪਏ। ਗੁਮਟਾਲਾ ਨੇ ਕਿਹਾ ਕਿ ਰਵਾਨਗੀ ਟਰਮੀਨਲ ਵਾਲੇ ਪਾਸੇ ਇੱਕ ਵੱਖਰਾ, ਸਪਸ਼ਟ ਤੌਰ 'ਤੇ ਨਿਸ਼ਾਨਬੱਧ ਟਰਾਲੀ ਪਿਕਅੱਪ ਜ਼ੋਨ ਬਣਾਉਣ ਅਤੇ ਸਟਾਫ਼ ਨਿਯੁਕਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਜੇ ਲੋੜ ਹੋਵੇ ਤਾਂ ਟਰਾਲੀਆਂ ਦੇ ਕਿਰਾਏ ਲਈ ਆਟੋਮੈਟਿਕ ਭੁਗਤਾਨ ਮਸ਼ੀਨਾਂ ਲਗਾ ਦਿੱਤੀਆਂ ਜਾਣ ਤਾਂ ਜੋ



ਟਰਾਲੀਆਂ ਦਾ ਦੁਰਉਪਯੋਗ ਰੋਕਿਆ ਜਾ ਸਕੇ ਅਤੇ ਜਿਨ੍ਹਾਂ ਨੂੰ ਲੋੜ ਹੈ, ਸਿਰਫ ਉਹੀ ਹੀ ਪੈਸੇ ਪਾ ਕੇ ਇਨ੍ਹਾਂ ਨੂੰ ਲੈ ਸਕਣ। ਗੁਮਟਾਲਾ ਨੇ ਇੱਕ ਹੋਰ ਗੰਭੀਰ ਸਮੱਸਿਆ ਵੱਲ ਵੀ ਧਿਆਨ ਦਿਵਾਇਆ ਕਿ ਰਵਾਨਗੀ ਵਾਲੇ ਪਾਸੇ 'ਤੇ ਵ੍ਹੀਲਚੇਅਰ ਸਹਾਇਤਾ ਲਈ ਕੋਈ ਵਿਸ਼ੇਸ਼ ਬੂਥ ਜਾਂ ਨਿਯਤ ਸਹਾਇਕ ਨਹੀਂ ਹੁੰਦੀ, ਜਿਸ ਨਾਲ ਵੱਡੇ ਉਮਰ ਵਾਲੇ ਅਤੇ ਅੰਗਹੀਣ ਯਾਤਰੀਆਂ ਨੂੰ ਕਾਫੀ ਮੁਸ਼ਕਿਲ ਆਉਂਦੀ ਹੈ। ਕਈ ਵਾਰ, ਜੋ ਸਹਾਇਤਾ ਕਰਮਚਾਰੀ ਮਿਲਦੇ ਹਨ, ਉਹ ਅਕਸਰ ਹੱਦ ਤੋਂ ਵੱਧ ਪੈਸੇ ਮੰਗਦੇ ਹਨ, ਅਤੇ ਲੋੜਵੰਦਾਂ ਦੀ ਲਾਚਾਰੀ ਦਾ ਫਾਇਦਾ ਚੁੱਕਦੇ ਹਨ। ਉਨ੍ਹਾਂ ਆਖ਼ਰ ਵਿੱਚ ਕਿਹਾ ਕਿ ਟਰਾਲੀਆਂ, ਵ੍ਹੀਲਚੇਅਰ ਸਹਾਇਤਾ ਅਤੇ ਵਾਈ-ਫਾਈ ਵਰਗੀਆਂ ਛੋਟੀਆਂ ਪਰ ਮਹੱਤਵਪੂਰਨ ਸੁਵਿਧਾਵਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਮੰਚ ਵੱਲੋਂ ਏਅਰਪੋਰਟ ਡਾਇਰੈਕਟਰ ਐਸ. ਕੇ. ਕਪਾਹੀ ਅਤੇ ਏਅਰਪੋਰਟ ਅਥਾਰਟੀ ਆਫ ਇੰਡੀਆ ਨੂੰ ਇਸ ਮਾਮਲੇ ਬਾਰੇ ਲਿਖਤੀ ਤੌਰ 'ਤੇ ਅਪੀਲ ਕੀਤੀ ਜਾ ਰਹੀ ਹੈ ਤਾਂ ਜੋ ਯਾਤਰੀਆਂ ਦੀ ਸੁਵਿਧਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।

## ਅਨੰਤ ਨੈਸ਼ਨਲ 'ਵਰਸਿਟੀ ਦੇ ਪ੍ਰੋਵੋਸਟ ਡਾ. ਅਨੂਨੇ ਚੌਬੇ ਵੱਲੋਂ ਲੁਧਿਆਣਾ ਦਾ ਦੋ ਦਿਨਾ ਦੌਰਾ

**ਲੁਧਿਆਣਾ** : ਅਨੰਤ ਨੈਸ਼ਨਲ ਯੂਨੀਵਰਸਿਟੀ ਦੇ ਪ੍ਰੋਵੋਸਟ ਡਾ. ਅਨੂਨੇ ਚੌਬੇ ਨੇ 16-17 ਅਪ੍ਰੈਲ ਨੂੰ ਲੁਧਿਆਣਾ ਦਾ ਦੋ ਦਿਨਾ ਦੌਰਾ ਕੀਤਾ।ਲੁਧਿਆਣਾ ਵਿੱਚ ਉਸਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਇੱਕ ਵਿਸ਼ੇ ਵਜੋਂ ਡਿਜ਼ਾਈਨ ਸੋਚ ਅਤੇ ਡਿਜ਼ਾਈਨ ਅਨੁਸ਼ਾਸਨ ਬਾਰੇ ਜਾਗਰੂਕ ਕੀਤਾ।ਡਾ. ਚੌਬੇ ਨੇ ਅਨੰਤ ਨੈਸ਼ਨਲ ਯੂਨੀਵਰਸਿਟੀ ਦੇ ਡਿਜ਼ਾਈਨ ਸਿੱਖਿਆ, ਸਥਿਰਤਾ ਅਤੇ ਨਵੀਨਤਾ ਪ੍ਰਤੀ ਨਵੇਂ ਦ੍ਰਿਸ਼ਟੀਕੋਣ 'ਤੇ ਚਾਨਣਾ ਪਾਇਆ।ਇਸ ਲਈ ਉਸਨੇ ਪ੍ਰਭਾਵਸ਼ਾਲੀ ਵਰਕਸ਼ਾਪਾਂ ਅਤੇ ਇੰਟਰਐਕਟਿਵ ਸੈਸ਼ਨ ਕਰਵਾਏ। ਆਪਣੀ ਫੇਰੀ ਦੌਰਾਨ ਡਾ. ਚੌਬੇ ਨੇ ਸ਼ੇਰਪੁਰ ਕਲਾਂ ਅਤੇ ਰੌਣੀ ਵਿੱਚ ਸਥਿਤ ਸੇਂਟ ਪਾਲ ਮਿੱਤਲ ਸਕੂਲ ਅਤੇ ਸੱਤਿਆ ਭਾਰਤੀ ਸਕੂਲ ਨਾਮਕ ਪ੍ਰਮੁੱਖ ਸਕੂਲਾਂ ਵਿੱਚ ਪ੍ਰੈਕਟੀਕਲ ਵਰਕਸ਼ਾਪਾਂ ਦਾ ਆਯੋਜਨ ਕੀਤਾ। ਅਨੰਤ ਨੈਸ਼ਨਲ ਯੂਨੀਵਰਸਿਟੀ ਦੇ ਸੈਂਟਰ ਆਫ਼ ਡਿਜ਼ਾਈਨ ਐਜੂਕੇਸ਼ਨ ਫਾਰ ਸਕੂਲਜ਼ ਦੁਆਰਾ ਆਯੋਜਿਤ ਇਹ ਵਰਕਸ਼ਾਪਾਂ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਉਦੇਸ਼ਾਂ ਦੇ ਅਨੁਸਾਰ ਹਨ।

# ਕੇਂਦਰ ਸਰਕਾਰ ਨੀਵੇਂ ਪੱਧਰ ਦੀ ਰਾਜਨੀਤੀ ਕਰ ਰਹੀ ਐ : ਸੱਚਰ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪੰਜਾਬ ਪ੍ਰਦੇਸ਼ ਕਾਂਗਰਸ ਦੇ ਸੀਨੀਅਰ ਆਗੂ ਤੇ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਨੈਸ਼ਨਲ ਹੈਰਾਲਡ ਮਾਮਲੇ ਵਿੱਚ ਰਾਹੁਲ ਗਾਂਧੀ, ਸੋਨੀਆ ਗਾਂਧੀ ਅਤੇ ਹੋਰ ਕਾਂਗਰਸ ਨੇਤਾਵਾਂ ਵਿਰੁੱਧ ਈਡੀ ਦੀ ਧੱਕੇਸ਼ਾਹੀ ਅਤੇ ਰਾਜਨੀਤਿਕ ਬਦਲਾਖੋਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸੱਚਰ ਨੇ ਕਿਹਾ ਕਿ ਪਹਿਲਾਂ ਇਸ ਸਰਕਾਰ ਨੇ ਮਨੀ, ਮੀਡੀਆ ਤੇ ਮਸਲ ਪਾਵਰ ਨਾਲ ਵਿਰੋਧੀ ਧਿਰਾਂ ਨੂੰ ਦਬਾਇਆ ਤੇ ਫਿਰ ਬਾਕੀ ਰਹਿੰਦੀਆਂ ਨੂੰ ਆਪਣੀ ਵੱਡੀ ਤਾਕਤ ਈ ਡੀ ਰਾਹੀਂ ਡਰਾ ਕੇ ਦਬਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਪਰ ਸਾਡੇ ਮਹਿਬੂਬ ਆਗੂਆਂ ਨੂੰ ਨਾ ਤਾਂ ਕੋਈ ਡਰਾ ਸਕਿਆ ਤੇ ਨਾ ਹੀ ਕੋਈ ਚੁੱਪ ਕਰਵਾ ਸਕਿਆ, ਸੰਸਦ ਦੇ ਅੰਦਰ ਤੇ ਬਾਹਰ ਵੀ ਰਾਹੁਲ ਗਾਂਧੀ ਨੇ ਉਚੀ ਆਵਾਜ਼ ਵਿੱਚ ਕਿਹਾ ਕਿ ਮੋਦੀ ਜੀ ਅੰਬਾਨੀ ਪਰਿਵਾਰ ਨਾਲ ਤੁਹਾਡੇ ਕੀ ਸਬੰਧ ਹਨ, ਦੇਸ਼ ਦੇ ਲੋਕ ਪੁੱਛਣਾ ਚਾਹੁੰਦੇ ਹਨ, ਜੋ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਮਾਫਕ ਨਹੀਂ ਲੱਗਦਾ। ਇਸ ਮੌਕੇ ਉਨ੍ਹਾਂ ਦੇ ਨਾਲ ਬਲਾਕ ਕਾਂਗਰਸ ਕਮੇਟੀ ਮਜੀਠਾ ਸ਼ਹਿਰੀ ਦੇ ਪ੍ਰਧਾਨ ਨਵਦੀਪ ਸਿੰਘ ਸੋਨਾ, ਬਿਕਰਮ ਬੱਲੂ ਬਾਬਾ, ਤ੍ਰਿਪਤ ਸਿੰਘ ਜੱਜੇਆਣੀ ਤੇ ਹੋਰ ਵੀ ਆਗੂ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਲਗਾਈ ਪਾਬੰਦੀ ਕਾਰਣ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਦੀ ਬਿਜਾਈ ਨਾ ਕੀਤੀ ਜਾਵੇ : ਡਾ. ਅਮਰੀਕ ਸਿੰਘ

**ਬਟਾਲਾ (ਡਾ. ਮਲਵਿੰਦਰ ਸਿੰਘ)**- ਤਹਿਸੀਲ ਕੰਪਲੈਕਸ ਡੇਰਾ ਬਾਬਾ ਨਾਨਕ ਦੇ ਮੀਟਿੰਗ ਹਾਲ ਵਿਖੇ ਬੀਜ ਵਿਕਰੇਤਾਵਾਂ ਨਾਲ ਮੀਟਿੰਗ ਕਰਦਿਆਂ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ ਨੇ ਕਿਹਾ ਕਿ ਪੰਜਾਬ ਵਿੱਚ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਨੀਵਾਂ ਜਾਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਪੱਕਣ ਵਿੱਚ ਵੱਧ ਸਮਾਂ ਲੈਣ ਵਾਲੀ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਦੀ ਬਿਜਾਈ ਕਰਨ ਤੇ ਲਗਾਈ ਪਾਬੰਦੀ ਕਾਰਨ ਕੋਈ ਵੀ ਬੀਜ ਵਿਕ੍ਰੇਤਾ ਗੈਰ-ਪ੍ਰਮਾਣਿਤ ਕਿਸਮਾਂ ਦੇ ਬੀਜ ਦੀ ਵਿਕਰੀ ਨਾ ਕਰਨ। ਜੇਕਰ ਕੋਈ ਵੀ ਬੀਜ ਵਿਕਰੇਤਾ ਪਾਬੰਦੀਸ਼ੁਦਾ ਕਿਸਮਾਂ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਸਖਤ ਕਾਨੂੰਨੀ ਕਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਘੱਟ ਸਮੇਂ ਵਿੱਚ ਪੱਕਣ ਵਾਲੀਆਂ ਝੋਨੇ ਦੀਆ ਕਿਸਮਾਂ ਨੂੰ ਤਰਜੀਹ ਦੇਣ ਲਈ ਜਾਗਰੂਕ ਕੀਤਾ ਜਾਵੇਗਾ। ਪਾਣੀ ਕੁਦਰਤ ਵੱਲੋਂ ਬਖਸ਼ੀ ਅਜਿਹੀ ਬੇਸ਼ਕੀਮਤੀ ਸੌਗਾਤ ਹੈ ਜਿਸ ਦੇ ਬਗੈਰ ਜੀਵਨ ਸੰਭਵ ਨਹੀਂ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਖੇਤੀ ਕਾਰਨ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਵਿਚ ਲਗਾਤਾਰ ਗਿਰਾਵਟ ਆ ਰਹੀ ਹੈ ਅਤੇ ਇਸ ਗਿਰਾਵਟ ਨੂੰ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਲੰਮਾ ਸਮਾਂ ਲੈਣ ਵਾਲੀਆਂ ਕਿਸਮਾਂ ਜਿਵੇਂ ਪੂਸਾ 44, ਪੀਲੀ ਪੂਸਾ ਅਤੇ ਡੋਗਰ ਪੂਸਾ ਕਿਸਮਾਂ ਦੀ ਬਿਜਾਈ ਕਰਨ ਤੇ ਪਾਬੰਦੀ ਲਗਾ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਇਨਾਂ ਕਿਸਮਾਂ ਤੋਂ ਇਲਾਵਾ ਝੋਨੇ ਦੀਆਂ ਦੋਗਲੀਆਂ ਕਿਸਮਾਂ ਦੀ ਬਿਜਾਈ ਤੇ ਵੀ ਪਾਬੰਦੀ ਲਗਾਈ ਗਈ ਹੈ ਤਾਂ ਜੋ ਕਿਸਾਨਾਂ ਨੂੰ ਮੰਡੀਕਰਨ ਸਮੇਂ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਇਸ ਵਾਰ ਪੰਜਾਬ ਵਿੱਚ ਚਾਰ ਪੜਾਵਾਂ ਵਿੱਚ ਝੋਨੇ ਦੀ ਲਵਾਈ ਹੋਵੇਗੀ ਜਿਸ ਅਧੀਨ ਗੁਰਦਾਸਪੁਰ ਜ਼ਿਲ੍ਹੇ ਵਿੱਚ ਝੋਨੇ ਦੀ ਲਵਾਈ ਦਾ ਸਮਾਂ 5 ਜੂਨ ਤੋਂ ਸ਼ੁਰੂ ਹੈ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਵਲੋਂ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਦੀ ਵਿਕਰੀ ਨਾਂ ਕਰਨ ਲਈ ਪੂਰੀ ਸਖਤੀ ਕੀਤੀ ਜਾਵੇਗੀ ਅਤੇ ਇਸਦੇ ਬੀਜ ਨੂੰ ਵਿਕਣ ਨਹੀ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਮੂਹ ਬੀਜ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਹਰੇਕ ਕਿਸਾਨ ਨੂੰ ਬੀਜ ਦੀ ਵਿਕਰੀ ਕਰਨ ਉਪਰੰਤ ਬਿੱਲ ਹਰ ਹਾਲਤ ਵਿੱਚ ਕੱਟ ਕੇ ਦਿੱਤਾ ਜਾਵੇ ਅਤੇ



ਜੇਕਰ ਕੋਈ ਬੀਜ ਵਿਕ੍ਰੇਤਾ ਬਿੱਲ ਦੇਣ ਤੋਂ ਬਗੈਰ ਬੀਜ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਜਿਸ ਵਿਚ ਲਾਇਸੰਸ ਰੱਦ ਵੀ ਕੀਤਾ ਜਾ ਸਕਦਾ। ਉਨ੍ਹਾਂ ਦੱਸਿਆ ਕਿ ਅਣਅਧਿਕਾਰਤ ਕਿਸਮਾਂ ਦੀ ਵਿਕਰੀ ਰੋਕਣ ਲਈ ਸਮੂਹ ਖੇਤੀਬਾੜੀ ਅਫਸਰਾਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆ ਹਨ ਕਿ ਪੂਸਾ 44 ਸਮੇਤ ਹਾਈਬ੍ਰਿਡ ਬੀਜਾਂ ਦੀ ਵਿਕਰੀ ਨਾ ਹੋਣ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪੀਆਰ 126 ਸਮੇਤ ਘੱਟ ਸਮਾਂ ਵਾਲੀਆਂ ਕਿਸਮਾਂ ਦੇ ਬੀਜ ਹੀ ਕਿਸਾਨਾਂ ਨੂੰ ਉਪਲੱਬਦ ਕਰਵਾਏ ਜਾਣਗੇ ਤੇ ਬੀਜ ਡੀਲਰਾਂ 'ਤੇ ਤਿੱਖੀ ਨਜਰ ਰੱਖੀ ਜਾਵੇਗੀ। ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਡਾ. ਸੁਖਬੀਰ ਸਿੰਘ ਸੰਧੂ, ਡਾ.ਗੁਰਪ੍ਰੀਤ ਸਿੰਘ ਬੀਜ ਅਫਸਰ, ਡਾ. ਹਰਮਨਦੀਪ ਸਿੰਘ, ਡਾ. ਗੁਰਪ੍ਰਤਾਪ ਸਿੰਘ, ਡਾ. ਵਿਸ਼ਾਰਦ ਕੁੰਦਰਾ ਖੇਤੀਬਾੜੀ ਵਿਕਾਸ ਅਫਸਰ, ਪੁਨੀਤ ਢਿੱਲੋਂ ਸਮੇਤ ਵੱਡੀ ਗਿਣਤੀ ਵਿਚ ਬੀਜ ਵਿਕ੍ਰੇਤਾ ਹਾਜ਼ਰ ਸਨ।

## ਬਾਜਵਾ ਖਿਲਾਫ ਕੇਸ ਦਰਜ ਕਰਵਾਉਣਾ ਮਾਨ ਸਰਕਾਰ ਦੀ ਬੁਖਲਾਹਟ ਦੀ ਨਿਸ਼ਾਨੀ : ਰਾਜੂ, ਸੁਰਜੀਤ ਬਾਠ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਰਾਜੂ ਭੀਲੋਵਾਲ ਤੇ ਭਗਵੰਤ ਪਾਲ ਸਿੰਘ ਸੱਚਰ ਹਲਕਾ ਇੰਚਾਰਜ ਮਜੀਠਾ ਦੇ ਮੀਡੀਆ ਇੰਚਾਰਜ ਸੁਰਜੀਤ ਸਿੰਘ ਬਾਠ ਭੀਲੋਵਾਲ ਨੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਖਿਲਾਫ ਕੇਸ ਦਰਜ ਕਰਨ ਨੂੰ ਆਮ ਆਦਮੀ ਪਾਰਟੀ ਤੇ ਭਗਵੰਤ ਮਾਨ ਸਰਕਾਰ ਦੀ ਬੁਖਲਾਹਟ ਦੀ ਨਿਸ਼ਾਨੀ ਦੱਸਿਆ ਅਤੇ ਕਿਹਾ ਕਿ ਭਗਵੰਤ ਮਾਨ ਸਰਕਾਰ ਵਿਰੋਧੀਆਂ ਨੂੰ ਡਰਾ ਧਮਕਾ ਕੇ ਕਾਂਗਰਸ ਪਾਰਟੀ ਦੀ ਆਵਾਜ਼ ਨੂੰ ਦਬਾਅ ਨਹੀਂ ਸਕਦੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਵਿਰੋਧੀ ਧਿਰ ਦੇ ਨੇਤਾ ਨਾਲ ਅਜਿਹਾ ਵਿਹਾਰ ਪਹਿਲੀ ਵਾਰ ਦੇਖਿਆ ਹੈ। ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਨੂੰ ਕਾਬੂ ਵਿੱਚ ਰੱਖਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਬੁਰੀ ਤਰਾਂ ਫੇਲ ਸਾਬਤ ਹੋਏ ਹਨ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਖਿਲਾਫ ਝੂਠਾ ਕੇਸ ਦਰਜ ਕਰਕੇ ਆਪਣੀ ਘਟੀਆ ਮਾਨਸਿਕਤਾ ਦਾ ਪ੍ਰਗਟਾਵਾ ਕੀਤਾ ਹੈ ਅਤੇ ਸਰਕਾਰ ਅਜਿਹੀਆਂ ਕਾਰਵਾਈਆਂ ਕਰਕੇ ਕਾਂਗਰਸ ਪਾਰਟੀ ਦੀ ਆਵਾਜ਼ ਨੂੰ ਦਬਾ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਪ੍ਰਤਾਪ ਸਿੰਘ ਬਾਜਵਾ ਖਿਲਾਫ ਕੀਤੀ ਗਈ ਕਾਰਵਾਈ ਨੂੰ ਲੈ ਕੇ ਮੁੱਖ ਮੰਤਰੀ ਪੰਜਾਬ ਅਤੇ ਆਮ ਆਦਮੀ ਪਾਰਟੀ ਦਾ ਡਟ ਕੇ ਵਿਰੋਧ ਕਰਨਗੇ ਤੇ ਭਗਵੰਤ ਮਾਨ ਸਰਕਾਰ ਵੱਲੋਂ ਪ੍ਰਤਾਪ ਸਿੰਘ ਬਾਜਵਾ ਖਿਲਾਫ ਦਰਜ ਕੀਤੇ ਝੂਠੇ ਕੇਸ ਵਾਪਿਸ ਲੈਣ ਲਈ ਮੁੱਖ ਮੰਤਰੀ ਪੰਜਾਬ ਦੇ ਨੱਕ ਵਿੱਚ ਦਮ ਕਰ ਦੇਣਗੇ।

# ਸਿੰਘ ਸਾਹਿਬਾਨ ਦੀ ਬਹਾਲੀ ਸਬੰਧੀ ਸੰਘਰਸ਼ ਦੀ ਅਗਲੀ ਰੂਪ-ਰੇਖਾ ਉਲੀਕਣ ਲਈ ਮੀਟਿੰਗ 27 ਨੂੰ

**ਅੰਮ੍ਰਿਤਸਰ, ਤਰਸਿੱਕਾ, (ਜਸਬੀਰ ਸਿੰਘ ਪੱਟੀ/ਤਰਸੇਮ ਸਿੰਘ ਸਾਧਪੁਰ)**— ਆਪ ਹੁਦਰੇ ਤਰੀਕੇ ਨਾਲ ਹਟਾਏ ਗਏ ਤਖ਼ਤ ਸਾਹਿਬਾਨ ਦੇ ਜਥੇਦਾਰ ਸਿੰਘ ਸਾਹਿਬਾਨ ਦੀ ਬਹਾਲੀ ਸਬੰਧੀ ਸੰਘਰਸ਼ ਦੀ ਅਗਲੀ ਰੂਪ ਰੇਖਾ ਉਲੀਕਣ ਲਈ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਸਿੱਖ ਜਥੇਬੰਦੀਆਂ ਦੀ ਮੀਟਿੰਗ 27 ਅਪ੍ਰੈਲ 2025 ਨੂੰ ਬੁਲਾ ਲਈ ਹੈ।ਇਹ ਇਕੱਤਰਤਾ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਵੇਗੀ।ਇਸ ਸਬੰਧੀ ਦਮਦਮੀ ਟਕਸਾਲ ਨੇ ਕਿਹਾ ਕਿ ਮਾਰਚ ਮਹੀਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਐਗਜ਼ੈਕਟਿਵ ਕਮੇਟੀ ਵੱਲੋਂ ਪੰਥਕ ਸਿਧਾਂਤਾਂ ਨੂੰ ਛਿੱਕੇ ਟੰਗਦੇ ਹੋਏ ਤਿੰਨਾਂ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਨੂੰ ਜਿਸ ਤਰ੍ਹਾਂ ਅਪਮਾਨਜਨਕ ਤਰੀਕੇ ਨਾਲ ਅਹੁਦੇ ਤੋਂ ਹਟਾਇਆ ਗਿਆ ਸੀ, ਉਸ ਉਪਰੰਤ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ, ਸਿੱਖ ਸੰਪਰਦਾਵਾਂ ਅਤੇ ਹੋਰ ਪੰਥਕ ਸ਼ਖ਼ਸੀਅਤਾਂ ਦੇ ਸਹਿਯੋਗ ਨਾਲ ਸਿੰਘ ਸਾਹਿਬਾਨ ਦੀ ਬਹਾਲੀ ਲਈ ਸੰਘਰਸ਼ ਆਰੰਭ ਕੀਤਾ ਗਿਆ ਸੀ ਜਿਸ ਉਪਰੰਤ 28 ਮਾਰਚ 2025 ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਲੱਗੇ ਵਿਸ਼ਾਲ ਰੋਸ ਧਰਨੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦੀ ਬਹਾਲੀ ਲਈ 15 ਅਪ੍ਰੈਲ 2025 ਤੱਕ ਦਾ ਸਮਾਂ ਦਿੱਤਾ ਗਿਆ ਸੀ ਜਿਸ ਦੀ ਮਿਆਦ ਬੀਤਣ ਉਪਰੰਤ ਸੰਤ ਸਮਾਜ ਦੇ ਮਹਾਂਪੁਰਖਾਂ, ਨਿਹੰਗ ਸਿੰਘ ਜਥੇਬੰਦੀਆਂ, ਚੀਫ਼ ਖ਼ਾਲਸਾ ਦੀਵਾਨ, ਸਿੱਖ ਸੰਪਰਦਾਵਾਂ, ਉੱਘੀਆਂ ਪੰਥਕ ਸ਼ਖ਼ਸੀਅਤਾਂ, ਸਿੱਖ ਸਟੂਡੈਂਟ ਫੈਡਰੇਸ਼ਨ ਅਤੇ ਹੋਰ ਵੱਖ-ਵੱਖ ਸੰਸਥਾਵਾਂ ਦੇ ਮੁਖੀ ਸਾਹਿਬਾਨ ਅਤੇ ਉਨ੍ਹਾਂ ਦੇ ਨੁਮਾਇੰਦਿਆਂ ਦੀ ਇੱਕ ਜ਼ਰੂਰੀ ਮੀਟਿੰਗ 27 ਅਪਰੈਲ ਦਿਨ ਐਤਵਾਰ ਨੂੰ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸਵੇਰੇ 11 ਵਜੇ ਬੁਲਾਈ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ 27 ਅਪ੍ਰੈਲ ਨੂੰ ਇਕੱਤਰ ਸਮੂਹ ਸ਼ਖ਼ਸੀਅਤਾਂ ਦੇ ਨਾਲ ਵਿਚਾਰ ਵਟਾਂਦਰੇ ਉਪਰੰਤ ਸਭ ਦੇ ਸਹਿਯੋਗ ਨਾਲ ਹੀ ਕੋਈ ਅਗਲਾ ਫ਼ੈਸਲਾ ਲਿਆ ਜਾਵੇਗਾ। ਉਨ੍ਹਾਂ ਸਮੂਹ ਪੰਥ ਦਰਦੀਆਂ ਨੂੰ ਮੀਟਿੰਗ ਵਿੱਚ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ।

## ਐੱਸਬੀਆਈ ਕਾਰਡ ਤੇ ਟਾਟਾ ਡਿਜੀਟਲ ਵੱਲੋਂ ਟਾਟਾ ਨਿਊ ਐੱਸਬੀਆਈ ਕਾਰਡ ਸ਼ੁਰੂ

**ਲੁਧਿਆਣਾ** : ਐੱਸਬੀਆਈ ਕਾਰਡ ਨੇ ਟਾਟਾ ਡਿਜੀਟਲ ਨਾਲ ਸਾਂਝੇਦਾਰੀ ਵਿੱਚ ਟਾਟਾ ਨਿਊ ਐੱਸਬੀਆਈ ਕਾਰਡ ਦੀ ਸ਼ੁਰੂਆਤ ਕੀਤੀ।ਇਹ ਵਿਲੱਖਣ ਲਾਈਫਸਟਾਈਲ ਕੋ-ਬ੍ਰਾਂਡਡ ਕਰੈਡਿਟ ਕਾਰਡ ਉੱਚ ਗੁਣਵੱਤਾ ਵਾਲੇ ਅਤੇ ਲਾਭਕਾਰੀ ਖਰੀਦ ਅਨੁਭਵ ਦੇਣ ਲਈ ਤਿਆਰ ਕੀਤਾ ਗਿਆ ਹੈ, ਜੋ ਹਰ ਤਰ੍ਹਾਂ ਦੇ ਗਾਹਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਾ ਹੈ।ਇਹ ਕੋ-ਬ੍ਰਾਂਡਡ ਕਾਰਡ ਦੋ ਵੈਰੀਅੰਟਸ ਵਿੱਚ ਪੇਸ਼ ਕੀਤਾ ਗਿਆ ਹੈ: ਟਾਟਾ ਨਿਊ ਇਨਫਿਨਟੀ ਐੱਸਬੀਆਈ ਕਾਰਡ ਟਾਟਾ ਨਿਊ ਪਲੱਸ ਐੱਸਬੀਆਈ ਕਾਰਡ, ਗਾਹਕਾਂ ਨੂੰ ਹਰ ਖਰਚ 'ਤੇ ਇਨਾਮ (ਰਿਵਾਰਡਜ਼) ਮਿਲਦੇ ਹਨ; ਚਾਹੇ ਉਹ ਆਨਲਾਈਨ ਹੋਣ ਜਾਂ ਇਨ-ਸਟੋਰ, ਦੇਸ਼ੀ ਜਾਂ ਵਿਦੇਸ਼ੀ ਮਰਚੈਂਟ ਆਉਟਲੈਟਸ 'ਤੇ।ਇਹ ਇਨਾਮ ਨਿਊਕੋਇਨਜ਼ ਦੇ ਰੂਪ ਵਿੱਚ ਮਿਲਦੇ ਹਨ ਜੋ ਟਾਟਾ ਨਿਊ ਐਪ ਤੇ ਰੀਡੀਮ ਕੀਤੇ ਜਾ ਸਕਦੇ ਹਨ।ਇਸ ਮੌਕੇ ਐੱਸਬੀਆਈ ਕਾਰਡ ਦੀ ਮੈਨੇਜਿੰਗ ਡਾਇਰੈਕਟਰ ਅਤੇ ਸੀਈਓ ਸਲੀਲਾ ਪਾਂਡੇ ਨੇ ਕਿਹਾ ਕਿ ਅੱਜ ਦੇ ਯੁੱਗ ਵਿੱਚ ਜਿੱਥੇ ਗਾਹਕਾਂ ਦੀਆਂ ਪਸੰਦਾਂ ਲਗਾਤਾਰ ਬਦਲ ਰਹੀਆਂ ਹਨ, ਉਥੇ ਉਨ੍ਹਾਂ ਦੀ ਲਾਈਫਸਟਾਈਲ ਦੀਆਂ ਲੋੜਾਂ ਵੀ ਹੋਰ ਜ਼ਿਆਦਾ ਵੰਨਗੀ ਭਰਪੂਰ ਹੋ ਗਈਆਂ ਹਨ।

# ਫਰੀ ਲੀਗਲ ਏਡ, ਮੀਡੀਏਸ਼ਨ ਸੈਂਟਰ ਅਤੇ ਨਾਲਸਾ ਦੀਆਂ ਸਕੀਮਾਂ ਸਬੰਧੀ ਸੈਮੀਨਾਰ ਆਯੋਜਿਤ



**ਚੋਹਲਾ ਸਾਹਿਬ (ਰਮਨ ਚੱਢਾ)**- ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਸ਼੍ਰੀ ਕੰਵਲਜੀਤ ਸਿੰਘ ਬਾਜਵਾ ਅਤੇ ਸ਼੍ਰੀਮਤੀ ਸ਼ਿਲਪਾ ਚੀਫ ਜੁਡੀਸ਼ੀਅਲ ਮਜਿਸਟਰੇਟ ਕੰਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਐਡਵੋਕੇਟ ਸ਼ਰਨਪਾਲ ਸਿੰਘ ਚੌਹਾਨ ਅਤੇ ਪੀਐੱਲਵੀ ਅਸ਼ੋਕ ਕੁਮਾਰ ਵੱਲੋਂ ਫਰੀ ਲੀਗਲ ਏਡ, ਮੀਡੀਏਸ਼ਨ ਸੈਂਟਰ, ਵਿਕਟਮ ਕੰਪਨਸੇਸ਼ਨ, ਪਰਮਾਨੈਂਟ ਲੋਕ ਅਦਾਲਤ, ਨਾਲਸਾ ਦੀਆਂ ਸਕੀਮਾਂ ਅਤੇ ਨੈਸ਼ਨਲ ਲੋਕ ਅਦਾਲਤ ਸੰਬੰਧੀ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਮੱਲਾ ਅਤੇ ਪਿੰਡ ਪਿੰਡੀਆਂ ਵਿਖੇ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ ਵਿੱਚ ਐਡਵੋਕੇਟ ਸ਼ਰਨਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਪੰਜਾਬ ਦੇ ਅਪਰਾਧ ਪੀੜਤਾਂ ਅਤੇ ਉਹਨਾਂ ਤੇ ਨਿਰਭਰਾਂ ਲਈ ਮੁਆਵਜ਼ਾ ਸਕੀਮ, 2011 ਇਸ ਸਕੀਮ ਦੇ ਤਹਿਤ ਅਪਰਾਧ ਪੀੜਤ ਮੁਆਵਜ਼ਾ ਕਮੇਟੀ ਦਾ ਜ਼ਿਲ੍ਹਾ ਅਤੇ ਰਾਜ ਪੱਧਰ ਤੇ ਗਠਨ ਕੀਤਾ ਗਿਆ ਹੈ। ਐਡਵੋਕੇਟ ਸ਼ਰਨਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਮੁਆਵਜ਼ੇ ਦੇ ਹੱਕਦਾਰ ਕੌਣ ਹੁੰਦੇ ਹਨ ਜਿਵੇਂ ਕਿ ਜੇਕਰ ਅਪਰਾਧ ਪੀੜਤ ਜਾਂ ਉਸ ਤੇ ਨਿਰਭਰ ਵਿਅਕਤੀ ਹੇਠ ਮਾਪਦੰਡ ਪੂਰੇ ਕਰਦੇ ਹਨ, ਉਹ ਮੁਆਵਜ਼ੇ ਦੇ ਹੱਕਦਾਰ ਹਨ। ਜਿਵੇਂ ਕਿ ਮੌਤ, ਬਲਾਤਕਾਰ, ਬਲਾਤਕਾਰ ਦੇ ਨਾਲ ਕਤਲ, ਮਨੁੱਖੀ ਤਸਕਰੀ ਦੇ ਪੀੜਤ, ਬੱਚਿਆਂ ਦੇ ਸ਼ੋਸ਼ਣ ਅਤੇ ਅਗਵਾ, ਬੱਚੇ ਨੂੰ ਸਧਾਰਨ ਨੁਕਸਾਨ ਜਾਂ ਚੋਟ, ਔਰਤਾਂ ਅਤੇ ਬੱਚਿਆਂ ਦੇ ਮੁੜ ਵਸੇਬੇ ਲਈ, ਤੇਜ਼ਾਬ ਹਮਲੇ ਦੀ ਪੀੜਤ (1। ਚਿਹਰੇ ਦਾ ਰੂਪ ਵਿਗੜਨ 2। ਚੋਟ ਦੇ ਹੋਰ ਮਾਮਲੇ), ਸਰੀਰ ਦੇ ਕਿਸੇ ਹਿੱਸੇਲਿੰਗ ਦੇ ਨੁਕਸਾਨ ਵਜੇ 40× ਜਾਂ ਉਸ ਤੋਂ ਉੱਪਰ ਦੀ ਅਪੰਗਤਾ ਆਦਿ। ਐਡਵੋਕੇਟ ਸ਼ਰਨਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਦੇ ਬਹੁਤ ਸਾਰੇ ਲਾਭ ਹਨ ਜਿਵੇਂ ਕਿ ਇਸਦੇ ਫ਼ੈਸਲੇ ਨਾਲ ਧਨ ਅਤੇ ਸਮੇਂ ਦੀ ਬੱਚਤ ਹੁੰਦੀ ਹੈ, ਇਸਦੇ ਫ਼ੈਸਲੇ ਦੇ ਖਿਲਾਫ ਕੋਈ ਅਪੀਲ ਨਹੀਂ ਹੁੰਦੀ, ਇਸਦੇ ਫ਼ੈਸਲੇ ਨੂੰ ਦੀਵਾਨੀ ਅਦਾਲਤ ਦੀ ਡਿਗਰੀ ਦੀ ਮਾਨਤਾ ਪ੍ਰਾਪਤ ਹੈ, ਲੋਕ ਅਦਾਲਤ ਵਿੱਚ ਫ਼ੈਸਲਾ ਹੋਣ ਨਾਲ ਧਿਰਾਂ ਵਿੱਚ ਦੁਸ਼ਮਣੀ ਘਟਦੀ ਹੈ ਅਤੇ ਧਿਰਾਂ ਵਿੱਚ ਭਾਈਚਾਰਾ ਵੱਧਦਾ ਹੈ, ਲੋਕ ਅਦਾਲਤ ਵਿੱਚ ਫ਼ੈਸਲੇ ਹੋਣ ਉਪਰੰਤ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵਾਪਿਸ ਮਿਲ ਜਾਂਦੀ ਹੈ। ਇਸ ਤੋਂ ਇਲਾਵਾਂ ਕੋਰਟ ਕੰਪਲੈਕਸ ਤਰਨ ਤਾਰਨ, ਸਬ ਡੀਵੀਜ਼ਨ ਪੱਟੀ ਅਤੇ ਸਬ ਡਵੀਜ਼ਨ ਖਡੂਰ ਸਾਹਿਬ ਵਿਖੇ ਮੀਡੀਏਸ਼ਨ ਸੈਂਟਰ ਬਣਾਏ ਗਏ ਹਨ ਜਿਸ ਵਿੱਚ ਧਿਰਾਂ ਝਗੜੇ ਦਾ ਸਮਝੌਤਾ ਆਪਸੀ ਰਜ਼ਾਮੰਦੀ ਨਾਲ ਕਰਵਾਇਆ ਜਾਂਦਾ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਕਚਹਿਰੀਆਂ ਤਰਨ ਤਾਰਨ ਵਿਖੇ ਪਰਮਾਨੈਂਟ ਲੋਕ ਅਦਾਲਤ ਸਥਾਪਿਤ ਕੀਤੀ ਗਈ ਜਿਸ ਵਿੱਚ ਧਿਰਾ ਦਾ ਆਪਸੀ ਰਜ਼ਾਮੰਦੀ ਨਾਲ ਫੈਸਲਾ ਕਰਵਾਇਆ ਜਾਂਦਾ ਹੈ ਅਤੇ ਸਮੇ ਦੀ ਬਹੁਤ ਬੱਚਤ ਹੁੰਦੀ ਹੈ। ਜ਼ਿਆਦਾ ਜਾਣਕਾਰੀ ਲਈ ਟੋਲ ਫ੍ਰੀ ਨੰਬਰ 1968 ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ ਦੇ ਨੰਬਰ 018522223291 ਤੋਂ ਜਾਣਕਾਰੀ ਲਈ ਜਾ ਸਕਦੀ ਹੈ।

# 'ਸਸ਼ਕਤ ਮਹਿਲਾ ਸ਼ਕਤੀ ਸਮਾਜ' ਵਿਸ਼ੇ 'ਤੇ ਯਾਦਗਾਰੀ ਭਾਸ਼ਣ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਪ੍ਰੋ. (ਡਾ.) ਕਰਮਜੀਤ ਸਿੰਘ ਦੀ ਸਰਪ੍ਰਸਤੀ ਹੇਠ ਸਵਰਗੀ ਸਰਦਾਰਨੀ ਹਰਬੰਸ ਕੌਰ ਦੇ ਸਨਮਾਨ ਵਿੱਚ 'ਸਸ਼ਕਤ ਮਹਿਲਾ ਸ਼ਕਤੀ ਸਮਾਜ' ਵਿਸ਼ੇ ਤੇ ਇੱਕ ਯਾਦਗਾਰੀ ਭਾਸ਼ਣ ਦਾ ਆਯੋਜਨ ਕੀਤਾ ਗਿਆ।ਇਸ ਦਾ ਉਦੇਸ਼ ਸਮਾਜਿਕ ਪਰਿਵਰਤਨ, ਵਿਕਾਸ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਵਿੱਚ ਔਰਤਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਨਾ ਸੀ।ਡਾਬਰ ਇੰਡੀਆ ਲਿਮਟਿਡ ਦੇ ਕਾਰਪੋਰੇਟ ਮਾਮਲਿਆਂ ਦੇ ਉਪ ਪ੍ਰਧਾਨ, ਕਾਰਪੋਰੇਟ ਗਗਨ ਆਹਲੂਵਾਲੀਆ ਨੇ ਮੁੱਖ ਭਾਸ਼ਣ ਵਿਚ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਅਤੇ ਲੀਡਰਸ਼ਿਪ ਵਿਚ ਔਰਤਾਂ ਦੀ ਭੂਮਿਕਾ ਤੋਂ ਇਲਾਵਾ ਡਾਬਰ ਦੇ ਕਰੋੜਾਂ ਦੇ ਲਾਗਤ-ਬਚਤ ਪ੍ਰੋਗਰਾਮ ਦੀ ਅਗਵਾਈ ਕਰਨ ਅਤੇ ਮਹਿਲਾ-ਕੇਂਦ੍ਰਿਤ ਪਹਿਲਕਦਮੀਆਂ ਨੂੰ ਅੱਗੇ ਵਧਾਉਣ ਸਮੇਤ ਔਰਤਾਂ ਦੇ ਪਰਿਵਰਤਨਸ਼ੀਲ ਪ੍ਰਭਾਵ ਦੀ ਭੂਮਿਕਾ ਬਾਰੇ ਵਿਸਥਾਰ ਵਿਚ ਦੱਸਿਆ।ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਸ. ਤਰਲੋਚਨ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸਰਦਾਰਨੀ ਹਰਬੰਸ ਕੌਰ, ਜਿਨ੍ਹਾਂ ਨੇ ਵੰਡ ਦੌਰਾਨ ਨਿੱਜੀ ਨੁਕਸਾਨ ਤੋਂ ਬਾਅਦ ਆਪਣੀ ਜ਼ਿੰਦਗੀ ਨੂੰ ਮੁੜ ਸੁਰਜੀਤ ਕੀਤਾ, ਦੀ ਅਦੁੱਤੇ ਜੀਵਨ ਦੀ ਭਾਵਨਾ ਤੋਂ ਪ੍ਰੇਰਨਾ ਲੈਣ ਬਾਰੇ ਕਿਹਾ।ਪ੍ਰੋ. (ਡਾ.) ਕਰਮਜੀਤ ਸਿੰਘ, ਵਾਈਸ ਚਾਂਸਲਰ ਨੇ ਆਪਣੇ ਭਾਸ਼ਣ ਵਿੱਚ ਨਵੀਨਤਾ ਅਤੇ ਰੁਜ਼ਗਾਰਯੋਗਤਾ ਨੂੰ ਉਤਸ਼ਾਹਿਤ ਕਰਨ ਲਈ ਯੂਨੀਵਰਸਿਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਅਸੀਂ ਇਹ ਯਕੀਨੀ ਬਣਾਉਣ ਲਈ ਕਿ ਸਾਡੇ ਵਿਦਿਆਰਥੀ ਉਦਯੋਗ ਲਈ ਤਿਆਰ ਅਤੇ ਵਿਸ਼ਵ ਪੱਧਰ 'ਤੇ ਸਮਰੱਥ ਹਨ, ਵੱਖ-ਵੱਖ ਵਿਸ਼ਿਆਂ ਵਿੱਚ ਹੁਨਰ-ਅਧਾਰਤ ਕੋਰਸਾਂ ਨੂੰ ਲਿਆ ਰਹੇ ਹਾਂ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨਾ ਸਿਰਫ਼ ਅਕਾਦਮਿਕ ਉੱਤਮਤਾ ਤੇ ਕੇਂਦ੍ਰਿਤ ਹੈ, ਸਗੋਂ ਵਿਦਿਆਰਥੀਆਂ ਨੂੰ ਗਤੀਸ਼ੀਲ ਸੰਸਾਰ ਵਿੱਚ ਵਧਣ-ਫੁੱਲਣ ਲਈ ਲੋੜੀਂਦੇ ਸਾਧਨਾਂ ਅਤੇ ਮਾਨਸਿਕਤਾ ਨਾਲ ਸਸ਼ਕਤ ਬਣਾਉਣ ਤੇ ਵੀ ਕੇਂਦ੍ਰਿਤ ਹੈ।ਪੀਐੱਮਬੀ ਦੇ ਆਰਕੀਟੈਕਟ ਅਤੇ ਸੰਸਥਾਪਕ, ਪ੍ਰਨੀਤ ਬੱਬਰ ਨੇ ਨੌਜਵਾਨ ਔਰਤਾਂ ਨੂੰ ਸਾਧਨਾਂ ਅਤੇ ਕੰਮ ਕਰਨ ਦੀ ਉਸਾਰੂ ਦ੍ਰਿਸ਼ਟੀ ਨਾਲ ਅੱਗੇ ਵਧਣ ਲਈ ਪ੍ਰੇਰਿਆ।ਸਕੂਲ ਆਫ਼ ਸੋਸ਼ਲ ਸਾਇੰਸਜ਼ ਦੇ ਮੁਖੀ ਪ੍ਰੋ. (ਡਾ.) ਅੰਜਲੀ ਮਹਿਰਾ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਔਰਤਾਂ ਨੂੰ ਸਮਾਜ ਵਿਚ ਅੱਗੇ ਵਧਣ ਲਈ ਗਿਆਨਵਾਨ ਹੋਣ ਦਾ ਸੁਨੇਹਾ ਦਿੱਤਾ

## ਕੁੱਟਮਾਰ ਕਰਨ ਵਾਲਿਆਂ ਖ਼ਿਲਾ਼ਫ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਦੀਨਾਨਗਰ ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਸੰਦੀਪ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਭਟੋਇਆ ਨਹਿਰ ਵਾਲਾ ਨੇ ਦੱਸਿਆ ਕਿ 14 ਅਪ੍ਰੈਲ ਨੂੰ ਮੈਂ ਆਪਣੇ ਘਰ ਤੋਂ ਆਪਣੀ ਪਸ਼ੂਆਂ ਵਾਲੀ ਹਵੇਲੀ ਨੂੰ ਜਾ ਰਿਹਾ ਸੀ ਕਿ ਰਜਨੀਸ਼ ਠਾਕੁਰ ਪੁੱਤਰ ਸੁਸ਼ੀਲ ਸਿੰਘ, ਸੰਦੀਪ ਠਾਕੁਰ ਦੀਪੂ ਪੁੱਤਰ ਪ੍ਰੀਤਮ ਸਿੰਘ, ਸੁਨੀਲ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਭਟੋਇਆ ਨਹਿਰ ਵਾਲਾ ਨੇ ਗਲੀ ਵਿੱਚ ਦਸਤੀ ਹਥਿਆਰਾ ਨਾਲ ਸੱਟਾਂ ਮਾਰ ਕੇ ਜ਼ਖਮੀ ਕਰ ਦਿੱਤਾ ਜਦ ਰੌਲਾ ਸੁਣ ਕੇ ਮੇਰੀ ਮਾਤਾ ਦਰਸ਼ਨਾ ਦੇਵੀ ਅਤੇ ਭਰਾ ਮਨਦੀਪ ਸੈਣੀ ਛੁਡਾਉਣ ਲਈ ਅੱਗੇ ਹੋਏ ਤਾਂ ਕਥਿਤ ਦੋਸ਼ੀਆਂ ਨੇ ਉਨਾਂ ਵੀ ਸੱਟਾਂ ਮਾਰ ਕੇ ਜ਼ਖਮੀ ਕਰ ਦਿੱਤਾ। ਪੀੜਤ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਜ਼ੇਰੇ ਇਲਾਜ ਹੈ। ਪੁਲਸ ਨੇ ਉਕਤ ਵਿਅਕਤੀ ਖ਼ਿਲਾਫ਼ ਕਥਿਤ ਦੋਸ਼ੀਆਂ ਖ਼ਿਲਾ਼ਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਮਸ਼ਹੂਰ ਤਬਲਾ ਮਾਰਤੰਡ ਪੰਡਿਤ ਵਿਜੇ ਸ਼ੰਕਰ ਮਿਸ਼ਰਾ ਦਾ ਵਿਸ਼ੇਸ਼ ਭਾਸ਼ਣ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਜ਼ੂਅਲ ਅਤੇ ਪਰਫਾਰਮਿੰਗ ਆਰਟਸ ਵਿਭਾਗ ਦੇ ਮੁਖੀ ਡਾ. ਰਾਜੇਸ਼ ਸ਼ਰਮਾ ਦੀ ਪ੍ਰਧਾਨਗੀ ਹੇਠ 'ਗਿਆਨ ਅੰਮ੍ਰਿਤ' ਲੜੀ ਤਹਿਤ ਇੱਕ ਭਾਸ਼ਣ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਬਨਾਰਸ ਘਰਾਣੇ ਦੇ ਮਸ਼ਹੂਰ ਤਬਲਾ ਮਾਰਤੰਡ ਪੰਡਿਤ ਵਿਜੇ ਸ਼ੰਕਰ ਮਿਸ਼ਰਾ ਮੁੱਖ ਬੁਲਾਰੇ ਸਨ। ਪੰਡਿਤ ਵਿਜੇ ਸ਼ੰਕਰ ਮਿਸ਼ਰਾ ਬਨਾਰਸ ਘਰਾਣੇ ਦੇ ਸੰਗੀਤਕ ਪਰਿਵਾਰ ਨਾਲ ਸਬੰਧਤ ਹਨ ਜੋ ਪਿਛਲੇ 300 ਸਾਲਾਂ ਤੋਂ ਤਬਲਾ ਸੰਗੀਤ ਦੇ ਖੇਤਰ ਵਿੱਚ ਸੰਗੀਤਕ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ। ਉਨ੍ਹਾਂ ਦੇ ਪਿਤਾ ਮਰਹੂਮ ਗਾਮਾ ਜੀ ਮਹਾਰਾਜ ਸਨ ਅਤੇ ਉਨ੍ਹਾਂ ਦੇ ਦਾਦਾ ਤਬਲਾ ਮਾਰਤੰਡ ਸੰਗੀਤ ਸਮਰਾਟ ਬੀਕਾਕੂ ਜੀ ਮਹਾਰਾਜ ਸਨ। ਇਸ ਸਮਾਗਮ ਦਾ ਉਦਘਾਟਨ ਵਿਭਾਗ ਦੇ ਮੁਖੀ ਡਾ. ਰਾਜੇਸ਼ ਸ਼ਰਮਾ ਅਤੇ ਮੁੱਖ ਬੁਲਾਰੇ ਪੰਡਿਤ ਵਿਜੇ ਸ਼ੰਕਰ ਮਿਸ਼ਰਾ ਦੁਆਰਾ ਦੀਪ ਜਗਾ ਕਰਕੇ ਕੀਤਾ ਗਿਆ।ਇਸ ਤੋਂ ਬਾਅਦ ਪੰਡਿਤ ਜੀ ਨੇ ਸੰਗੀਤ ਦੇ ਕਈ ਪਹਿਲੂ ਵਿਸ਼ੇ 'ਤੇ ਆਪਣਾ ਭਾਸ਼ਣ ਪੇਸ਼ ਕੀਤਾ ਅਤੇ ਇਸ ਤੋਂ ਇਲਾਵਾ ਉਨ੍ਹਾਂ ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਬਹੁਤ ਵਧੀਆ ਢੰਗ ਨਾਲ ਦਿੱਤੇ।ਇਸ ਪ੍ਰੋਗਰਾਮ ਦੌਰਾਨ ਸਟੇਜ ਸੰਚਾਲਨ ਡਾ. ਗਵੀਸ਼ ਰਾਏ ਨੇ ਕੀਤਾ।ਇਸ ਮੌਕੇ ਵਿਭਾਗ ਦੇ ਮੁਖੀ ਡਾ. ਰਾਜੇਸ਼ ਸ਼ਰਮਾ, ਮੁੱਖ ਬੁਲਾਰੇ ਪੰਡਿਤ ਵਿਜੇ ਸ਼ੰਕਰ ਮਿਸ਼ਰਾ, ਡਾ. ਗਵੀਸ਼ ਰਾਏ, ਡਾ. ਪ੍ਰਿਯੰਕਾ, ਡਾ. ਰਮਨਦੀਪ ਕੌਰ, ਸਿਧਾਰਥ ਚੈਟਰਜੀ, ਡਾ. ਹਰਮੀਤ ਸਿੰਘ, ਡਾ. ਗੀਤੂ ਬਾਲਾ ਅਤੇ ਪੀਐਚਡੀ ਖੋਜਕਰਤਾ ਸਤਨਾਮ, ਹਸਨ, ਆਦਿ ਤੋਂ ਇਲਾਵਾ ਐਮਪੀਏ ਵੋਕਲ ਅਤੇ ਇੰਸਟਰੂਮੈਂਟ ਦੇ ਸਾਰੇ ਵਿਦਿਆਰਥੀ ਮੌਜੂਦ ਸਨ।

# ਜੀਐੱਨਡੀਯੂ 'ਚ ਤਿੰਨ ਦਿਨਾ ਮੇਲਾ 'ਜਸ਼ਨ-2025' ਧੂਮ ਧੜੱਕੇ ਨਾਲ ਸ਼ੁਰੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਦਿਆਰਥੀ ਕਲਾਕਾਰਾਂ ਦਾ ਯੂਨੀਵਰਸਿਟੀ ਵਿਚ ਚੱਲਣ ਵਾਲਾ ਤਿੰਨ ਰੋਜ਼ਾ ਮੇਲਾ ਜਸ਼ਨ 2025 ਧੂਮ ਧੜੱਕੇ ਨਾਲ ਸ਼ੁਰੂ ਹੋ ਗਿਆ। ਪੰਜਾਬ ਦੇ ਪ੍ਰਸਿੱਧ ਲੋਕ ਨਾਚ ਭੰਗੜੇ ਦੀ ਧਮਾਲ ਅਤੇ ਢੋਲ ਦੇ ਡਗੇ ਨਾਲ ਸ਼ੁਰੂ ਹੋਏ ਜਸ਼ਨ ਦਾ ਵਿਦਿਆਰਥੀ ਸਰੋਤਿਆਂ ਤੋਂ ਇਲਾਵਾ ਫੈਕਲਟੀ ਨੇ ਵੀ ਪਹਿਲੇ ਦਿਨ ਭਰਪੂਰ ਆਨੰਦ ਲਿਆ।ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ ਕਰਮਜੀਤ ਸਿੰਘ ਨੇ ਇਸ ਮੌਕੇ ਜਿਥੇ ਰਸਮੀ ਤੌਰ ਤੇ ਸ਼ਮ੍ਹਾਂ ਰੌਸ਼ਨ ਕਰਕੇ ਜਸ਼ਨ ਦਾ ਆਗਾਜ਼ ਕੀਤਾ ਉਥੇ ਉਨ੍ਹਾਂ ਨੇ ਵਿਦਿਆਰਥੀ ਜੀਵਨ ਦੇ ਵਿਚ ਅਜਿਹੇ ਲੱਗਣ ਵਾਲੇ ਮੇਲਿਆਂ ਦੀ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਪ੍ਰੇਰਿਆ ਕਿ ਵਿਦਿਆਰਥੀ ਪੜ੍ਹਾਈ ਦੇ ਨਾਲ ਨਾਲ ਹੋਰ ਵੀ ਗਤੀਵਿਧੀਆਂ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਤਾਂ ਜੋ ਉਨ੍ਹਾਂ ਦਾ ਵਿਦਿਆਰਥੀ ਜੀਵਨ ਤੋਂ ਬਾਅਦ ਸ਼ੁਰੂ ਹੋਣ ਵਾਲਾ ਜੀਵਨ ਸਫਲਤਾ ਦੀਆਂ ਬੁਲੰਦੀਆਂ ਵੱਲ ਵੱਧ ਸਕੇ।ਉਨ੍ਹਾਂ ਨੇ ਇਸ ਮੌਕੇ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਸਮੇਂ ਯੂਨਵਿਰਸਿਟੀ ਦਾ ਕੈਂਪਸ ਨਸ਼ਾ-ਮੁਕਤ ਕੈਂਪਸ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੇ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ ਜਿਊਣ ਦੀ ਸਲਾਹ ਦਿੰਦਿਆਂ ਕਿਹਾ ਕਿ ਹਰੇਕ ਵਿਦਿਆਰਥੀ ਯੂਨੀਵਰਸਿਟੀ ਬ੍ਰਾਂਡ ਅੰਬੈਸਡਰ ਹੈ ਅਤੇ ਉਨ੍ਹਾਂ ਨੂੰ ਸਿਹਤਮੰਦ ਸਮਾਜ ਸਿਰਜਣ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਨਾਂ ਉਚਾ ਕਰਨ ਲਈ ਵੱਖ ਵੱਖ ਉਸਾਰੂ ਗਤੀਵਿਧੀਆਂ ਦਾ ਹਿੱਸਾ ਬਣਨਾ ਚਾਹੀਦਾ ਹੈ। ਪ੍ਰਬੰਧਕਾਂ ਅਤੇ ਵਿਦਿਆਰਥੀਆਂ ਦੇ ਪ੍ਰਬੰਧਾਂ ਦੀ ਸ਼ਲਾਘਾ ਕਰਦਿਆਂ ਜਸ਼ਨ ਵਿਚ ਭਾਗ ਲੈਣ ਵਾਲੇ ਕਲਾਕਾਰ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੰਦਿਆਂ ਉਨ੍ਹਾਂ ਕਿਹਾ ਕਿ ਦੂਸਰੇ ਵਿਦਿਆਰਥੀ ਵੀ ਮੇਲੇ ਵਿਚ ਭਾਗ ਲੈ ਕੇ ਜਿਥੇ ਵਿਦਿਆਰਥੀ ਜੀਵਨ ਦੀ ਯਾਦ ਨੂੰ ਖ਼ੂਬਸੂਰਤ ਬਣਾ ਰਹੇ ਹਨ ਉਥੇ ਉਨ੍ਹਾਂ ਨੂੰ ਜਸ਼ਨ ਵਿਚਲੀ ਹਿੱਸੇਦਾਰੀ ਜ਼ਿੰਦਗੀ ਨੂੰ ਨਿਖਾਰਨ ਵਿਚ ਵੀ ਕੰਮ ਆਵੇਗੀ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਉਭਾਰਨ ਅਤੇ ਉਘਾੜਨ ਲਈ ਹੋਰ ਵੀ ਚੰਗਾ ਮਾਹੌਲ ਬਣਾ ਕੇ ਦਿੱਤਾ ਜਾਵੇਗਾ।ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਅਤੇ ਸੱਭਿਆਚਾਰ, ਖੇਡਾਂ ਅਤੇ ਅਕਾਦਮਿਕ ਖੇਤਰ ਵਿਚ ਕੀਤੇ ਜਾਣ ਵਾਲੇ ਕੰਮਾਂ ਤੋਂ ਤੋਂ ਜਾਣੂ ਕਰਵਾਉਂਦਿਆਂ ਵਿਦਿਆਰਥੀ ਦੇ ਬਹੁਪੱਖੀ ਵਿਕਾਸ ਪ੍ਰਤੀ ਯੂਨੀਵਰਸਿਟੀ ਦੀ ਪ੍ਰਤੀਬੱਧਤਾ ਨੂੰ ਉਨ੍ਹਾਂ ਨੇ ਮੁੜ ਦੁਹਰਾਇਆ। ਸੰਗੀਤ, ਥੀਏਟਰ, ਡਾਂਸ, ਲਿਟਰੇਰੀ ਅਤੇ ਕੋਮਲ-ਕਲਾਵਾਂ ਦੇ ਚੱਲਣ ਵਾਲੇ ਮੁਕਾਬਲੇ 'ਜਸ਼ਨ-2025' 19 ਅਪ੍ਰੈਲ ਨੂੰ ਸੰਪੰਨ ਹੋਵੇਗਾ।ਇਸ ਵਿਚ ਵੱਖ-ਵੱਖ ਸੱਭਿਆਚਾਰ ਅਤੇ ਕਲਾਂ ਦੀਆਂ ਵੰਨਗੀਆਂ ਦੇ ਮੁਕਾਬਲਿਆਂ ਵਿਚ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀ-ਕਲਾਕਾਰ ਆਪਣੇ ਜੌਹਰ ਵਿਖਾਉਣਗੇ। ਡੀਨ ਵਿਦਿਆਰਥੀ ਭਲਾਈ, ਪ੍ਰੋ. ਹਰਵਿੰਦਰ ਸਿੰਘ ਸੈਣੀ ਨੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਹੋਰ ਮਹਿਮਾਨਾਂ ਨੂੰ ਜੀ ਆਇਆਂ ਆਖਿਆ।ਇਸ ਮੌਕੇ ਰਜਿਸਟਰਾਰ ਪ੍ਰੋ. ਕਰਮਜੀਤ ਸਿੰਘ ਚਾਹਲ, ਗੋਲਡਨ ਜੁਬਲੀ ਸੈਂਟਰ ਦੇ ਇੰਚਾਰਜ, ਡਾ. ਬਲਵਿੰਦਰ ਸਿੰਘ, ਯੁਵਕ ਭਲਾਈ ਇੰਚਾਰਜ, ਡਾ. ਅਮਨਦੀਪ ਸਿੰਘ, ਡਾ. ਅਸ਼ਵਨੀ ਲੁਥਰਾ, ਡਾ. ਕਮਲੇਸ਼ ਗੁਲੇਰੀਆ, ਡਾ. ਮਨਦੀਪ ਕੌਰ ਸੁਰੱਖਿਆ ਅਫਸਰ ਹਰਵਿੰਦਰ ਸਿੰਘ ਸੰਧੂ, ਯੂਨੀਵਰਸਿਟੀ ਸਭਿਆਚਾਰਕ ਗਤੀਵਿਧੀਆਂ ਕਮੇਟੀ ਦੇ ਮੈਂਬਰ, ਵਿਦਿਆਰਥੀ, ਅਧਿਆਪਕ ਅਤੇ ਵਲੰਟੀਅਰ ਹਾਜ਼ਰ ਸਨ।ਪਹਿਲੇ ਦਿਨ ਦਸਮੇਸ਼ ਆਡੀਟੋਰੀਅਮ ਵਿੱਚ ਭੰਗੜੇ ਤੋਂ ਇਲਾਵਾ ਸਕਿਟ, ਕੋਰੀਓਗਰਾਫੀ ਦੇ ਮੁਕਾਬਲੇ ਕਰਵਾਏ ਗਏ ਜਦੋਂਕਿ ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਵਿੱਚ ਮਿਮਕਰੀ, ਨੌਟੰਕੀ, ਗੀਤ ਗਜ਼ਲ, ਲੋਕ ਗੀਤ ਅਤੇ ਕਾਨਫਰੰਸ ਹਾਲ ਵਿਚ ਪੋਇਟੀਕਲ ਸਿੰਪੋਜ਼ੀਅਮ ਅਤੇ ਐਗਸਟੈਂਪੋਰ ਦੇ ਮੁਕਾਬਲੇ ਹੋਏ।18 ਅਪ੍ਰੈਲ ਨੂੰ ਦਸਮੇਸ਼ ਆਡੀਟੋਰੀਅਮ ਵਿੱਚ ਸ਼ਬਦ ਭਜਨ, ਵੈਸਟਰਨ ਗਰੁੱਪ ਡਾਂਸ, ਕਿਰੀਏਟਿਵ ਡਾਂਸ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਯੂਨੀਵਰਸਿਟੀ ਦੇ ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਵਿੱਚ ਸ਼ਾਰਟ ਫਿਲਮ ਮੇਕਿੰਗ, ਇੰਸਟਰੂਮੈਂਟਲ (ਪਰਕਸ਼ਨ), ਇੰਸਟਰੂਮੈਂਟਲ (ਨਾਨ ਪਰਕਸ਼ਨ), ਵੈਸਟਰਨ ਵੋਕਲ ਸੋਲੋ ਦੀਆਂ ਆਈਟਮਾਂ ਕਰਵਾਈਆਂ ਜਾਣਗੀਆਂ।ਆਖਰੀ ਦਿਨ ਯਾਨੀ 19 ਅਪ੍ਰੈਲ ਨੂੰ ਕਾਨਫਰੰਸ ਹਾਲ ਵਿਚ ਕੁਇਜ਼ ਤੇ ਯੂਨੀਵਰਸਿਟੀ ਦੇ ਦਸਮੇਸ਼ ਆਡੀਟੋਰੀਅਮ ਵਿੱਚ ਡਾਂਸ ਟੂ ਨਿਊਨ, ਲੋਕ ਨਾਚ ਗਿੱਧੇ ਦੀਆਂ ਧਮਾਲਾ ਪੈਣਗੀਆਂ ਅਤੇ ਫਿਰ ਜਸ਼ਨ ਦੀ ਟਰਾਫੀ ਸਭ ਤੋਂ ਵੱਧ ਮੁਕਾਬਲਿਆਂ ਵਿਚ ਜੇਤੂ ਰਹਿਣ ਵਾਲੇ ਵਿਭਾਗ ਨੂੰ ਦਿੱਤੀ ਜਾਵੇਗੀ ਉਪਰੰਤ ਇਨਾਮ ਵੰਡ ਸਮਾਗਮ ਹੋਵੇਗਾ।



● ਭੰਗੜੇ ਦੀ ਧਮਾਲ ਨੇ ਜਸ਼ਨ ਦੇ ਉਦਘਾਟਨੀ ਸਮਾਗਮ 'ਚ ਭਰਿਆ ਲੋਕ ਨਾਚ ਦਾ ਰੰਗ

ਨਵਾਂ ਜ਼ਮਾਨਾ

ਸ਼ਨੀਵਾਰ, 19 ਅਪ੍ਰੈਲ 2025

# 'ਟਾਈਮ' ਦੀ ਸੂਚੀ 'ਚ ਵਿਸ਼ਵ ਗੁਰੂ ਨਦਾਰਦ

*ਅਮਰੀਕਾ ਦੇ ਨਾਮੀ ਰਸਾਲੇ 'ਟਾਈਮ' ਨੇ 2025 ਲਈ ਦੁਨੀਆ ਦੀਆਂ ਜਿਹੜੀਆਂ 100 ਹਸਤੀਆਂ ਦੀ ਸੂਚੀ ਜਾਰੀ ਕੀਤੀ ਹੈ, ਉਨ੍ਹਾਂ ਵਿੱਚ ਇੱਕ ਵੀ ਭਾਰਤੀ ਦਾ ਨਾਂਅ ਨਾ ਹੋਣਾ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਹਾਲਾਂਕਿ ਇਹ ਪਹਿਲੀ ਵਾਰ ਨਹੀਂ ਕਿ ਸੂਚੀ ਵਿੱਚ ਕਿਸੇ ਭਾਰਤੀ ਦਾ ਨਾਂਅ ਨਹੀਂ, ਪਰ ਹਾਲੀਆ ਸਾਲਾਂ ਵਿੱਚ ਇਹ ਇੱਕ ਅਸਾਧਾਰਨ ਘਟਨਾ ਹੈ, ਜਦੋਂ ਭਾਰਤ ਵਿਸ਼ਵ ਮੰਚ 'ਤੇ ਆਪਣੀ ਮੌਜੂਦਗੀ ਨੂੰ ਮਜ਼ਬੂਤ ਕਰਨ ਦਾ ਦਾਅਵਾ ਕਰਦਾ ਆ ਰਿਹਾ ਹੈ। ਪ੍ਰਧਾਨ ਮੰਤਰੀ ਭਾਰਤ ਦੇ ਵਿਸ਼ਵ ਗੁਰੂ ਬਣਨ ਦੇ ਜੁਮਲੇ ਉਛਾਲਦੇ ਰਹਿੰਦੇ ਹਨ ਤੇ ਉਨ੍ਹਾ ਦੇ ਚੇਲੇ ਤਾਂ ਮੋਦੀ ਨੂੰ ਹੀ ਵਿਸ਼ਵ ਗੁਰੂ ਦੱਸਦੇ ਹਨ।*

*ਬੰਗਲਾਦੇਸ਼ ਦੇ ਨੋਬੇਲ ਪੁਰਸਕਾਰ ਜੇਤੂ ਤੇ ਉੱਥੋਂ ਦੀ ਅੰਤਰਮ ਸਰਕਾਰ ਦੇ ਮੁੱਖ ਸਲਾਹਕਾਰ ਮੁਹੰਮਦ ਯੂਨਸ ਨੂੰ ਸੂਚੀ ਵਿੱਚ ਸ਼ੁਮਾਰ ਕੀਤਾ ਗਿਆ ਹੈ, ਜਦਕਿ ਪੰਜ ਵਾਰ (2014, 15, 17, 20 ਤੇ 21) ਸੂਚੀ ਵਿੱਚ ਸ਼ਾਮਲ ਹੋਏ ਮੋਦੀ ਇਸ ਵਾਰ ਨਦਾਰਦ ਹਨ। ਮੁਹੰਮਦ ਯੂਨਸ ਨੂੰ 'ਲੀਡਰਜ਼' ਸ਼੍ਰੇਣੀ ਵਿੱਚ ਸ਼ਾਮਲ ਕੀਤਾ ਗਿਆ ਹੈ। ਉਨ੍ਹਾ ਦੀ ਇਹ ਉਪਲੱਬਧੀ ਬੰਗਲਾਦੇਸ਼ ਵਿੱਚ 2024 ਵਿੱਚ ਹੋਈ ਸਿਆਸੀ ਉਥਲ-ਪੁਥਲ ਦੇ ਬਾਅਦ ਉਨ੍ਹਾ ਦੀ ਭੂਮਿਕਾ ਨੂੰ ਦਰਸਾਉਂਦੀ ਹੈ। ਪਿਛਲੇ ਸਾਲ ਵਿਦਿਆਰਥੀ ਅੰਦੋਲਨ ਦੇ ਬਾਅਦ ਤੱਤਕਾਲੀ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਵਾਜਿਦ ਦੀ ਸਰਕਾਰ ਦਾ ਤਖਤਾ ਪਲਟ ਹੋਇਆ ਅਤੇ ਯੂਨਸ ਨੇ ਮੁੱਖ ਸਲਾਹਕਾਰ ਵਜੋਂ ਦੇਸ਼ ਨੂੰ ਲੋਕਤੰਤਰ ਵੱਲ ਲਿਜਾਣ ਦੀ ਜ਼ਿੰਮੇਵਾਰੀ ਸੰਭਾਲੀ।*

*ਸੂਚੀ ਵਿੱਚ ਭਾਰਤ ਦੀ ਗੈਰਹਾਜ਼ਰੀ ਨੇ ਕਈ ਸਵਾਲ ਉਠਾਏ ਹਨ। ਪਿਛਲੇ ਵਰ੍ਹਿਆਂ ਵਿੱਚ ਸੂਚੀ 'ਚ ਮੋਦੀ ਤੋਂ ਇਲਾਵਾ ਅਭਿਨੇਤਰੀ ਆਲੀਆ ਭੱਟ, ਭਲਵਾਨ ਸਾਕਸ਼ੀ ਮਲਿਕ, ਉਦਮੀ ਗੌਤਮ ਅਡਾਨੀ ਅਤੇ ਭਾਰਤੀ ਮੂਲ ਦੇ ਸੱਤਿਆ ਨਡੇਲਾ ਤੇ ਅਜੈ ਬੰਗਾ ਵਰਗਿਆਂ ਨੂੰ ਸ਼ਾਮਲ ਕੀਤਾ ਗਿਆ। ਇਸ ਵਾਰ ਸਿਰਫ ਭਾਰਤੀ ਮੂਲ ਦੀ ਰੇਸ਼ਮ ਕੇਵਲਰਮਾਨੀ ਨੂੰ ਥਾਂ ਮਿਲੀ ਹੈ। ਉਹ ਵਰਟੈਕਸ ਫਾਰਮਾਸਿਊਟੀਕਲਜ਼ ਦੀ ਸੀ ਈ ਓ ਹੈ। ਰੇਸ਼ਮਾ 11 ਸਾਲ ਦੀ ਉਮਰ ਵਿੱਚ ਅਮਰੀਕਾ ਚਲੇ ਗਏ ਸੀ ਤੇ ਹੁਣ ਅਮਰੀਕਾ ਦੀ ਨਾਗਰਿਕ ਹੈ। ਮੋਦੀ ਦੀ ਗੈਰਹਾਜ਼ਰੀ ਨੇ ਸਭ ਤੋਂ ਵੱਧ ਧਿਆਨ ਖਿੱਚਿਆ ਹੈ। 2014 ਵਿੱਚ ਸੱਤਾ ਵਿੱਚ ਆਉਣ ਦੇ ਬਾਅਦ ਤੋਂ ਡਿਜੀਟਲ ਇੰਡੀਆ, ਮੇਕ ਇਨ ਇੰਡੀਆ ਤੇ ਵਿਦੇਸ਼ ਨੀਤੀ ਵਿੱਚ ਸਰਗਰਮੀ ਨੇ ਮੋਦੀ ਨੂੰ ਸਭ ਤੋਂ ਪਹਿਲਾਂ ਟਾਈਮ ਦੀ ਸੂਚੀ ਵਿੱਚ ਥਾਂ ਦਿਵਾਈ ਸੀ। ਹਾਲਾਂਕਿ ਟਾਈਮ ਨੇ 2020 ਤੇ 2021 ਵਿੱਚ ਹਿੰਦੂ ਰਾਸ਼ਟਰਵਾਦ ਨੂੰ ਬੜ੍ਹਾਵਾ ਦੇਣ, ਘੱਟ ਗਿਣਤੀਆਂ 'ਤੇ ਹਮਲਿਆਂ ਤੇ ਪ੍ਰੈੱਸ ਦੀ ਅਜ਼ਾਦੀ 'ਤੇ ਨਕੇਲ ਲਈ ਮੋਦੀ ਦੀ ਤਿੱਖੀ ਨੁਕਤਾਚੀਨੀ ਵੀ ਕੀਤੀ ਸੀ। ਉਸ ਨੇ ਇਕ ਕਵਰ ਪੇਜ 'ਤੇ ਮੋਦੀ ਦੀ ਤਸਵੀਰ ਲਾ ਕੇ ਉਨ੍ਹਾ ਨੂੰ ਚੀਫ ਡਿਵਾਈਡਰ ਯਾਨਿ ਦੇਸ਼ ਤੋੜਨ ਵਾਲਾ ਮੁਖੀਆ ਤੱਕ ਲਿਖ ਦਿੱਤਾ ਸੀ। ਟਾਈਮ ਦੀ ਨਵੀਂ ਸੂਚੀ ਦੱਸਦੀ ਹੈ ਕਿ ਭਾਰਤ ਨੂੰ ਆਪਣੀ ਵਿਸ਼ਵ ਛਵੀ ਸੁਧਾਰਨ ਦੀ ਲੋੜ ਹੈ। ਮੋਦੀ ਨੂੰ ਉਨ੍ਹਾਂ ਮੁੱਦਿਆਂ 'ਤੇ ਧਿਆਨ ਦੇਣਾ ਪਵੇਗਾ, ਜਿਹੜੇ ਕੌਮਾਂਤਰੀ ਪੱਧਰ 'ਤੇ ਅਲੋਚਨਾ ਦਾ ਕਾਰਨ ਬਣ ਰਹੇ ਹਨ, ਜਿਨ੍ਹਾਂ ਵਿੱਚ ਘੱਟ ਗਿਣਤੀਆਂ ਦੀ ਸੁਰੱਖਿਆ ਤੇ ਪ੍ਰੈੱਸ ਦੀ ਅਜ਼ਾਦੀ ਸਭ ਤੋਂ ਅਹਿਮ ਮੁੱਦੇ ਹਨ।*

## ਲੋੜ ਹੈ ਵੱਡੇ ਅਪਰੇਸ਼ਨਾਂ ਦੀ !

*ਨਵੇਂ ਯੁੱਗ ਦੀ ਸ਼ੁਰੂ ਹੋਈ ਰਾਜਨੀਤੀ,*
*ਆਗੂ ਚੁੱਕ ਕੇ ਝੂਠ ਦੀ ਪੰਡ ਫਿਰਦੇ।*
*ਆਪਣੇ ਆਪ ਨੂੰ ਆਖ ਕੇ ਦੁੱਧ ਧੋਤੇ,*
*ਇੱਕ-ਦੂਜੇ ਦੀ ਝਾੜਦੇ ਕੰਡ ਫਿਰਦੇ।*
*ਲਾਹ ਕੇ ਖੁਦ ਦੀ ਕੱਛਾਂ ਦੇ ਵਿੱਚ ਦਿੱਤੀ,*
*ਜਣੇ-ਖਣੇ ਦੀ ਲਾਹਣ ਨੂੰ ਝੰਡ ਫਿਰਦੇ।*
*ਬਾਹਰ ਹੁੰਦੇ ਜੋ ਜਿੱਤ ਤੇ ਹਾਰ ਵਿੱਚੋਂ ,*
*ਕਰਨ ਵਾਸਤੇ ਕੱਠਾ ਉਹ ਫੰਡ ਫਿਰਦੇ।*
*ਜਦੋਂ ਲਾਉਣਗੇ ਲੋਕ ਕਸਵੱਟੀਆਂ 'ਤੇ,*
*ਖਤਮ ਹੋਵੇਗਾ ਉਦੋਂ ਹੀ ਲੁੱਟ ਤੰਤਰ।*
*ਇਹਨੂੰ ਲੋੜ ਹੈ ਵੱਡੇ ਅਪਰੇਸ਼ਨਾਂ ਦੀ,*
*ਬਣ ਗਿਆ ਨਾਸੂਰ ਹੈ ਕੁੱਟ ਤੰਤਰ!*

**-ਗੁਲਪੁਰ**

# ਔਰਤਾਂ ਦੇ ਮਾਮਲਿਆਂ ਪ੍ਰਤੀ ਨਿਆਂ ਪਾਲਿਕਾ ਦੀ ਸੰਵੇਦਨਹੀਣਤਾ

**ਕੰਵਲਜੀਤ ਕੌਰ ਗਿੱਲ**

ਯੂ ਐੱਨ ਕਮਿਸ਼ਨ ਵੱਲੋਂ ਜਾਰੀ ਕੀਤੇ ਐਲਾਨਨਾਮੇ 1993 ਦੇ ਆਰਟੀਕਲ (1) ਵਿੱਚ ਸਪੱਸ਼ਟ ਹੈ ਕਿ ਔਰਤ ਉੱਪਰ ਕਿਸੇ ਵੀ ਪ੍ਰਕਾਰ ਦੀ ਹਿੰਸਾ ਨੂੰ ਔਰਤ ਦੇ ਮੁੱਢਲੇ ਅਧਿਕਾਰਾਂ ਦੀ ਉਲੰਘਣਾ ਬਰਾਬਰ ਮੰਨਿਆ ਗਿਆ ਹੈ। ਨੈਸ਼ਨਲ ਕ੍ਰਾਈਮ ਬਰਾਂਚ ਦੇ ਰਿਪੋਰਟ 2022-23 ਦੇ ਅਨੁਸਾਰ ਭਾਰਤ ਵਿੱਚ ਰੋਜ਼ਾਨਾ 86 ਦੇ ਕਰੀਬ ਔਰਤਾਂ ਵਿਰੁੱਧ ਹਿੰਸਕ ਵਾਰਦਾਤਾਂ ਹੁੰਦੀਆਂ ਹਨ। ਔਸਤਨ 51 ਤੋਂ ਵਧੇਰੇ ਐੱਫ ਆਈ ਆਰ ਦਰਜ ਹੁੰਦੀਆਂ ਹਨ। ਪਿਛਲੇ ਸਾਲ 2023 ਦੇ ਮੁਕਾਬਲੇ 2024 ਵਿੱਚ ਔਰਤਾਂ ਪ੍ਰਤੀ ਹੋਈਆਂ ਜਿਨਸੀ ਸ਼ੋਸ਼ਣ ਦੀਆਂ ਘਟਨਾਵਾਂ ਵਿੱਚ 4 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਬਲਾਤਕਾਰ / ਜਿਨਸੀ ਸ਼ੋਸ਼ਣ/ ਔਰਤਾਂ ਵਿਰੁੱਧ ਹੁੰਦੀਆਂ ਹਿੰਸਕ ਘਟਨਾਵਾਂ ਵਿੱਚੋਂ ਚੌਥੇ ਨੰਬਰ 'ਤੇ ਸਭ ਤੋਂ ਵੱਧ ਹੋਣ ਵਾਲਾ ਅਪਰਾਧ ਹੈ, ਜਿਹੜਾ ਆਮ ਤੌਰ 'ਤੇ ਪੀੜਤ ਦੇ ਜਾਣਕਾਰ, ਦੂਰ-ਨੇੜੇ ਦੀ ਰਿਸ਼ਤੇਦਾਰੀ ਵਿਚੋਂ ਕਿਸੇ ਮਰਦ ਜਾਂ ਪਤੀ/ ਭਰਾ ਦੇ ਦੋਸਤ ਵੱਲੋਂ ਕੀਤਾ ਜਾਂਦਾ ਹੈ। ਇਸ ਅਪਰਾਧ ਨਾਲ ਜੁੜੀਆਂ ਸਮਾਜਿਕ ਬੰਦਸ਼ਾਂ, ਭਾਈਚਾਰਕ ਅਤੇ ਪਰਿਵਾਰਕ ਨਮੋਸ਼ੀ ਦੀਆਂ ਸੰਭਾਵਨਾਵਾਂ ਪੀੜਤ ਔਰਤ ਨੂੰ ਆਪਣੇ ਨਾਲ ਹੋਈ ਭਿਆਨਕ ਵਾਰਦਾਤ ਬਾਰੇ ਖੁੱਲ੍ਹ ਕੇ ਦੱਸਣ ਜਾਂ ਰਿਪੋਰਟ ਕਰਨ ਤੋਂ ਵਰਜਦੀਆਂ ਹਨ। ਨਤੀਜੇ ਵਜੋਂ ਇਸ ਸਰੀਰਕ ਅਤੇ ਮਾਨਸਿਕ ਪੀੜਾ ਨੂੰ ਆਪਣੇ ਜ਼ਿਹਨ ਅੰਦਰ ਸਮੋਈ ਉਹ ਉਮਰ ਭਰ ਲਈ ਮਨੋਵਿਗਿਆਨਿਕ ਤੌਰ 'ਤੇ ਰੋਗੀ ਹੋ ਜਾਂਦੀ ਹੈ। ਜਬਰ ਜ਼ਨਾਹ , ਜਿਨਸੀ ਸ਼ੋਸ਼ਣ ਜਾਂ ਬਲਾਤਕਾਰ ਮਨੁੱਖਤਾ ਵਿਰੁੱਧ ਅਪਰਾਧ ਹੈ, ਜਿਹੜਾ ਸਾਡੇ ਮਰਦ-ਔਰਤ ਨਾ-ਬਰਾਬਰੀ ਵਾਲੇ ਸਮਾਜ ਦੀ ਪਿਤਰੀ ਸੋਚ ਵਿੱਚੋਂ ਉਪਜਦਾ ਹੈ।

ਭਾਰਤੀ ਜਮਹੂਰੀਅਤ ਦੇ ਚਾਰ ਮੁੱਢਲੇ ਥੰਮ੍ਹ ਹਨ- ਪਾਰਲੀਮੈਂਟ, ਸੁਚੱਜਾ ਪ੍ਰਸ਼ਾਸਨ, ਨਿਆਂਪਾਲਿਕਾ ਅਤੇ ਮੀਡੀਆ, ਪਰ ਹਾਲ ਹੀ ਵਿੱਚ ਹੋ ਰਹੀਆਂ ਔਰਤਾਂ ਪ੍ਰਤੀ ਹਿੰਸਕ ਵਾਰਦਾਤਾਂ ਅਤੇ ਉਹਨਾਂ ਪ੍ਰਤੀ ਸੁਣਵਾਈ ਉਪਰੰਤ ਦਿੱਤੇ ਜਾਂਦੇ ਬੇਤੁਕੇ ਫੈਸਲਿਆਂ ਨੇ ਨਿਆਂ ਪਾਲਿਕਾ ਅਤੇ ਨਿਆਂ ਪ੍ਰਣਾਲੀ ਵਿੱਚ ਵਿਸ਼ਵਾਸ ਅਤੇ ਭਰੋਸਗੀ ਉੱਪਰ ਪ੍ਰਸ਼ਨ ਚਿੰਨ੍ਹ ਲਗਾ ਦਿੱਤਾ ਹੈ। ਕਿਸੇ ਵੀ ਅਪਰਾਧ ਵਿਰੁੱਧ ਕੀਤੇ ਫੈਸਲੇ ਅਤੇ ਨਿਆਂ ਪ੍ਰਦਾਨ ਕਰਨ ਵਿੱਚ ਕੀਤੀ ਜਾਂਦੀ ਦੇਰੀ ਨੂੰ ਪੀੜਤ ਨੂੰ ਨਿਆਂ ਦੇਣ ਤੋਂ ਵੰਚਿਤ ਕਰਨ ਬਰਾਬਰ ਹੀ ਮੰਨਿਆ ਜਾਂਦਾ ਹੈ। ਪਿਛਲੇ ਲਗਭਗ ਚਾਰ ਸਾਲਾਂ ਤੋਂ (ਨਵੰਬਰ 10, 2021) ਬਲਾਤਕਾਰ ਨਾਲ ਸੰਬੰਧਤ ਤਿੰਨ ਅਪਰਾਧੀਆਂ ਵਿਰੁੱਧ ਅਲਾਹਾਬਾਦ ਹਾਈ ਕੋਰਟ ਵਿੱਚ ਕੇਸ ਚੱਲ ਰਿਹਾ ਸੀ। ਉਸ ਪ੍ਰਤੀ 17 ਮਾਰਚ ਵਿੱਚ ਫੈਸਲਾ ਦਿੱਤਾ ਗਿਆ ਕਿ ਔਰਤ ਦੇ ਨਿੱਜੀ ਅੰਗਾਂ ਨੂੰ ਛੂਹਣਾ ਅਤੇ ਨਿਰਵਸਤਰ ਕਰਨ ਦੀ ਕੋਸ਼ਿਸ਼ ਕਰਨਾ ਬਲਾਤਕਾਰ ਦੇ ਬਰਾਬਰ ਨਹੀਂ ਮੰਨਿਆ ਜਾ ਸਕਦਾ। ਦਲੀਲ ਇਹ ਦਿੱਤੀ ਗਈ ਕਿ ਬਲਾਤਕਾਰ ਦੀ ਤਿਆਰੀ ਕਰਨਾ ਅਤੇ ਅਸਲ ਵਿੱਚ ਬਲਾਤਕਾਰ ਕਰਨ ਵਿੱਚ ਅੰਤਰ ਹੈ ਅਤੇ ਇਹਨਾਂ ਦੀ ਸਜ਼ਾ ਵੀ ਵੱਖੋ-ਵੱਖ ਹੁੰਦੀ ਹੈ ਇਸ ਲਈ ਇਹਨਾਂ ਤਿੰਨਾਂ ਦੋਸ਼ੀਆਂ ਨੂੰ ਔਰਤ ਦੇ ਜਿਨਸੀ ਸ਼ੋਸ਼ਣ ਵਿਰੁੱਧ ਐਕਟ 2013 ਅਨੁਸਾਰ ਬਲਾਤਕਾਰ ਕਰਨ ਦੀ ਸਜ਼ਾ ਨਹੀਂ ਦਿੱਤੀ ਜਾ ਸਕਦੀ। ਇਹ ਵੀ ਕਿਹਾ ਗਿਆ ਕਿ ਇਸ (ਘਿਨਾਉਣੀ ) ਕਾਰਵਾਈ ਲਈ ਤਿਆਰੀ ਕਰ ਲੈਣਾ ਐਨਾ ਵੱਡਾ ਜੁਰਮ ਨਹੀਂ।

ਅਲਾਹਾਬਾਦ ਹਾਈ ਕੋਰਟ ਦੇ ਇਸ ਫੈਸਲੇ ਦਾ ਵਿਸ਼ਾਲ ਪੱਧਰ 'ਤੇ ਵਿਰੋਧ ਹੋਇਆ ਅਤੇ ਨਿਆਂਇਕ ਕਾਬਲੀਅਤ ਅਤੇ ਪੁਲਸ ਦੀ ਪੁਖ਼ਤਾ ਜਾਂਚ ਬਾਰੇ ਬਹਿਸ ਭਖ਼ ਗਈ ਹੈ। ਨਤੀਜੇ ਵਜੋਂ ਸੁਪਰੀਮ ਕੋਰਟ ਨੇ 26 ਮਾਰਚ ਨੂੰ ਹਾਲ ਦੀ ਘੜੀ ਇਸ ਫ਼ੈਸਲੇ ਉੱਪਰ ਆਪਣੇ ਤੌਰ 'ਤੇ ਰੋਕ ਲਗਾ ਦਿੱਤੀ ਹੈ। ਸੁਪਰੀਮ ਕੋਰਟ ਅਨੁਸਾਰ ਇਹ ਫੈਸਲਾ ਸੰਬੰਧਤ ਜੱਜ, ਜਸਟਿਸ ਰਾਮ ਮਨੋਹਰ ਨਰਾਇਣ ਮਿਸ਼ਰਾ ਦੀ ਇੱਕ ਸੰਗੀਨ ਅਪਰਾਧ ਪ੍ਰਤੀ ਸੰਵੇਦਨਹੀਣਤਾ ਦਰਸਾਉਂਦਾ ਹੈ । ਜਸਟਿਸ ਮਿਸ਼ਰਾ ਦੇ ਆਦੇਸ਼ ਵਿੱਚ ਦਿੱਤੀਆਂ ਦਲੀਲਾਂ ਵਿੱਚੋਂ ਉੱਚ ਦਰਜੇ ਦੀ ਲਾਪਰਵਾਹੀ ਅਤੇ ਔਰਤ ਪ੍ਰਤੀ ਨਫ਼ਰਤ ਝਲਕਦੀ ਹੈ।

ਸੀਨੀਅਰ ਐਡਵੋਕੇਟ ਸ਼ੋਭਾ ਗੁਪਤਾ, ਜੋ ਅਸੀਂ ਭਾਰਤ ਦੀਆਂ ਔਰਤਾਂ ਸੰਸਥਾ ਦੀ ਫਾਊਂਡਰ ਮੈਂਬਰ ਹੈ, ਕਿਹਾ ਕਿ ਜਸਟਿਸ ਮਿਸ਼ਰਾ ਦੁਆਰਾ ਕਾਨੂੰਨ 2013 ਵਿੱਚ ਲਿਖੇ ਸ਼ਬਦਾਂ ਦੇ ਭਾਵ ਅਰਥਾਂ ਦੀ ਗਲਤ ਤਰਜਮਾਨੀ ਕੀਤੀ ਗਈ ਹੈ। ਇਹੋ ਜਿਹੇ ਜੁਰਮ ਪ੍ਰਤੀ ਜੱਜ ਦਾ ਰਵੱਈਆ ਗੈਰ-ਜ਼ਿੰਮੇਵਾਰ ਅਤੇ ਸੰਵੇਦਨਹੀਣ ਹੈ। ਇਕ ਗਿਆਰਾਂ ਸਾਲ ਦੀ ਬੱਚੀ ਨੂੰ ਧੋਖੇ ਨਾਲ ਪੁਲੀ ਹੇਠਾਂ ਲੈ ਕੇ ਜਾਣਾ ਅਤੇ ਉਸ ਨਾਲ ਜ਼ਬਰਦਸਤੀ ਕਰਨ ਨੂੰ ਉੱਤਰ ਪ੍ਰਦੇਸ਼ ਦੀ ਪੁਲਸ ਵੀ ਮਾਮੂਲੀ ਛੇੜਛਾੜ ਹੀ ਕਰਾਰ ਦਿੰਦੀ ਰਹੀ ਹੈ। ਦੇਸ਼ ਵਿਚ ਬੱਚਿਆਂ ਦੀ ਸੁਰੱਖਿਆ ਲਈ ਪੋਕਸੋ ਕਾਨੂੰਨ (2012) ਉਪਰ ਵੀ ਇਸ ਕੇਸ ਵਿੱਚ ਅਮਲ ਨਹੀਂ ਕੀਤਾ ਗਿਆ। ਪੂਰੇ ਸਮਾਜ ਵਿੱਚ ਇਸ ਦਾ ਗਲਤ ਸੰਦੇਸ਼ ਗਿਆ ਹੈ।

ਸੁਪਰੀਮ ਕੋਰਟ ਨੇ ਹਾਈ ਕੋਰਟ ਦੇ ਜੱਜ ਦੁਆਰਾ ਦਿੱਤੇ ਫੈਸਲੇ 'ਤੇ ਆਪਣੇ ਤੌਰ 'ਤੇ ਰੋਕ ਲਗਾ ਕੇ ਹਾਲ ਦੀ ਘੜੀ ਤਾਂ ਨਿਆਂ ਪਾਲਿਕਾ ਦੇ ਵਕਾਰ ਨੂੰ ਬਚਾ ਲਿਆ ਹੈ, ਪਰ ਇਹ ਸਾਰਾ ਕੁਝ ਉੱਚ ਅਹੁਦੇ 'ਤੇ ਬੈਠੇ ਏਨੀ ਕਾਬਲੀਅਤ ਵਾਲੇ ਵਿਅਕਤੀ ਦੀ ਔਰਤ ਪ੍ਰਤੀ ਘਟੀਆ ਸੋਚ ਨੂੰ ਸ਼ਰੇਆਮ ਨੰਗਿਆਂ ਕਰਦਾ ਹੈ। ਉਂਝ ਫੈਸਲੇ ਦੀ ਕਾਰਵਾਈ ਉੱਪਰ ਰੋਕ ਲਗਾਉਣਾ ਜਾਂ ਫੈਸਲਾ ਰਾਖਵਾਂ ਰੱਖਣਾ ਪੀੜਤ ਨੂੰ ਇਨਸਾਫ ਦੇਣਾ ਨਹੀਂ ਹੈ। ਇਸ ਨਾਲ ਅਪਰਾਧੀ ਹੋਰ ਵੀ ਨਿਡਰ ਅਤੇ ਖੁੱਲ੍ਹੇਆਮ ਫਿਰਨ ਲੱਗਦੇ ਹਨ। ਇਹੋ ਜਿਹੇ ਮਾਹੌਲ ਵਿੱਚ ਔਰਤਾਂ ਆਪਣੇ ਆਪ ਨੂੰ ਕਿੱਥੋਂ ਤੱਕ ਸੁਰੱਖਿਅਤ ਸਮਝਣ? ਔਰਤ ਦੇ ਸ਼ਕਤੀਕਰਨ ਦਾ ਅੰਦਾਜ਼ਾ ਇਹੋ ਜਿਹੇ ਵਧ ਰਹੇ ਅਪਰਾਧਾਂ ਅਤੇ ਹਿੰਸਕ ਘਟਨਾਵਾਂ ਤੋਂ ਭਲੀ ਪ੍ਰਕਾਰ ਲਗਾਇਆ ਜਾ ਸਕਦਾ ਹੈ।

ਅੱਜ ਹਰ ਇੱਕ ਰਾਜਨੀਤਕ ਪਲੇਟਫਾਰਮ 'ਤੇ ਬੋਲਦਿਆਂ ਸਰਕਾਰੀ ਮਸ਼ੀਨਰੀ ਦੁਆਰਾ ਔਰਤ ਦੇ ਸ਼ਕਤੀਕਰਨ ਦੀ ਗੱਲ ਕੀਤੀ ਜਾ ਰਹੀ ਹੈ। ਅੱਜ ਤੋਂ ਦੋ ਸਾਲ ਪਹਿਲਾਂ ਵੀ ਪ੍ਰਧਾਨ ਮੰਤਰੀ ਨੇ ਆਜ਼ਾਦੀ ਦਿਵਸ ਮੌਕੇ ਦੇਸ਼ ਦੀ ਜਨਤਾ ਨੂੰ ਸੰਬੋਧਤ ਹੁੰਦਿਆਂ ਕਿਹਾ ਸੀ ਕਿ ਸਾਡੀ ਬੋਲਬਾਣੀ ਅਤੇ ਔਰਤਾਂ ਪ੍ਰਤੀ ਵਿਹਾਰ ਵਿੱਚ ਵਿਗਾੜ ਆ ਚੁੱਕਿਆ ਹੈ । ਰੋਜ਼ਾਨਾ ਜ਼ਿੰਦਗੀ ਵਿੱਚ ਅਸੀਂ ਔਰਤਾਂ ਪ੍ਰਤੀ ਅਪਸ਼ਬਦ ਬੋਲਦੇ ਹਾਂ । ਕੀ ਅਸੀਂ ਇਸ ਕਿਸਮ ਦੇ ਵਿਹਾਰ ਅਤੇ ਸੱਭਿਆਚਾਰ ਤੋਂ ਮੁਕਤੀ ਪਾਉਣ ਦਾ ਅਹਿਦ ਨਹੀਂ ਕਰ ਸਕਦੇ, ਜਿਹੜਾ ਔਰਤਾਂ ਦੀ ਬੇਹੁਰਮਤੀ ਕਰਦਾ ਹੈ? ਇੱਕ ਪਾਸੇ ਔਰਤ ਸਰੋਕਾਰਾਂ ਪ੍ਰਤੀ ਚਿੰਤਿਤ ਹੋਣਾ ਤੇ ਮਸ਼ਵਰੇ ਦੇਣਾ ਅਤੇ ਦੂਜੇ ਪਾਸੇ ਔਰਤਾਂ ਵਿਰੁੱਧ ਅਪਰਾਧ ਕਰਦੇ ਬਸ਼ਿੰਦਿਆਂ ਨੂੰ ਗਾਹੇ-ਬਗਾਨੇ ਪਨਾਹ ਦੇਣਾ ਸਰਕਾਰੀ ਦੋਗਲਾਪਣ ਹੈ। ਇੱਕ ਪਾਸੇ ਨਾਰੀ ਦੇ ਸਨਮਾਨ ਦੀ ਗੱਲ ਕਰਨਾ ਤੇ ਦੂਜੇ ਪਾਸੇ ਉਸੇ ਹੀ ਦਿਨ (15 ਅਗਸਤ 2022 ) ਨੂੰ ਔਰਤ ਦੀ ਸ਼ਰੇਆਮ ਪੱਤ ਲੁੱਟਣ ਵਾਲੇ ਸਜ਼ਾ ਯਾਫਤਾ ਅਪਰਾਧੀਆਂ ਨੂੰ ਬਾਇੱਜ਼ਤ ਜੇਲ੍ਹ ਵਿੱਚੋਂ ਰਿਹਾ ਕਰਨਾ ਨਿਆਂਪ੍ਰਣਾਲੀ 'ਤੇ ਸਵਾਲੀਆ ਚਿੰਨ੍ਹ ਲਗਾਉਂਦੇ ਹਨ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੀ ਤਾਜ਼ਾ ਰਿਪੋਰਟ ਅਨੁਸਾਰ 2005 ਤੋਂ 2025 ਤੱਕ ਔਰਤਾਂ ਵਿਰੁੱਧ ਹੁੰਦੀਆਂ ਅਪਰਾਧਕ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਤੇ ਇਸ ਦੇ ਰੂਪ ਵੀ ਬਦਲ ਰਹੇ ਹਨ । ਕਈ ਵਾਰ ਬਲਾਤਕਾਰ ਜਿਹੇ ਅਪਰਾਧ ਔਰਤ ਦੀ ਪੱਤ ਲੁੱਟਣ ਤੱਕ ਹੀ ਸੀਮਤ ਨਹੀਂ ਹੁੰਦੇ, ਸਗੋਂ ਇਹ ਅਪਰਾਧ ਬਦਲਾ-ਲਊ ਭਾਵਨਾ ਨਾਲ ਵੀ ਕੀਤੇ ਜਾਂਦੇ ਹਨ। ਇਹ ਉਹ ਅਪਰਾਧ ਹੈ, ਇਥੇ ਔਰਤ ਦੇ ਜਿਸਮ ਦਾ ਇਸਤੇਮਾਲ ਉਸ ਦੀ ਜਾਤ, ਧਰਮ ਤੇ ਉਸ ਦੇ ਸਮਾਜ-ਸਮੂਹ ਨੂੰ ਜ਼ਲੀਲ ਕਰਨ ਵਾਸਤੇ ਵੀ ਕੀਤਾ ਜਾਂਦਾ ਹੈ । ਇਸੇ ਲਈ ਇਹ ਅਪਰਾਧ ਆਮ ਚੋਰੀ, ਕਤਲ ਜਿਹੇ ਜੁਰਮਾਂ ਤੋਂ ਭਿੰਨ ਹੈ ਤੇ ਇਸ ਦੀ ਸਜ਼ਾ ਵੀ ਸਖਤ ਤੋਂ ਸਖਤ ਅਰਥਾਤ ਉਮਰ ਕੈਦ ਹੈ, ਪਰ ਜਦੋਂ ਇਨਸਾਫ ਮਿਲਣ ਵਿੱਚ ਦੇਰੀ ਹੁੰਦੀ ਹੈ ਤਾਂ ਪੀੜਤ ਔਰਤ ਮਾਨਸਿਕ, ਮਨੋਵਿਗਿਆਨਿਕ ਅਤੇ ਭਾਵਨਾਤਮਕ ਤੌਰ 'ਤੇ ਸਾਰੀ ਉਮਰ ਲਈ ਰੋਗੀ ਹੋ ਜਾਂਦੀ ਹੈ। ਉਹ ਸਮਾਜ ਵਿੱਚ ਸੁਖਾਵੀਂ ਅਤੇ ਇੱਜ਼ਤ-ਮਾਣ ਵਾਲੀ ਜ਼ਿੰਦਗੀ ਜਿਊਣ ਨੂੰ ਤਰਸਦੀ ਰਹਿ ਜਾਂਦੀ ਹੈ।

ਕਾਨੂੰਨ ਦੀਆਂ ਨਜ਼ਰਾਂ ਵਿੱਚ ਬਲਾਤਕਾਰ ਦੀ ਸਜ਼ਾ ਘਟਾਈ ਜਾਂ ਮਾਫ ਨਹੀਂ ਕੀਤੀ ਜਾ ਸਕਦੀ, ਪਰ ਇੱਥੇ ਤਾਂ ਜਿਹੜੀ ਸਿਆਸੀ ਪਾਰਟੀ ਨੇ 2013 ਵਿੱਚ ਇਹਨਾਂ ਕਾਨੂੰਨਾਂ ਵਿੱਚ ਸੁਧਾਰ ਕਰਕੇ ਬਲਾਤਕਾਰ ਲਈ ਸਜ਼ਾ-ਏ-ਮੌਤ ਤੱਕ ਦਾ ਨਿਯਮ ਪਾਸ ਕਰਵਾਇਆ ਸੀ, ਉਹੀ ਅੱਜ ਮੁਲਜ਼ਮਾਂ ਦੇ ਹੱਕ ਵਿੱਚ, ਕਦੇ ਬਿਲਕਿਸ ਬਾਨੋ, ਕਦੇ ਕਠੂਆ ਦੀ ਅਸਫਾ ਹੁਣ ਨਵੰਬਰ 10, 2021 ਦੇ ਕੇਸ ਦੇ ਹੱਕ ਵਿੱਚ ਨਿਤਰਨ ਲੱਗੀ ਹੈ।

ਅੱਜ ਔਰਤ ਹਰ ਪਹਿਲੂ ਤੋਂ ਆਪਣੇ ਆਪ ਨੂੰ ਅਸੁਰੱਖਿਅਤ ਮਾਹੌਲ ਵਿੱਚ ਮਹਿਸੂਸ ਕਰਦੀ ਹੈ। ਭਾਵੇਂ ਉਹ ਕੰਮ-ਕਾਜੀ ਸਥਾਨ 'ਤੇ ਹੋਵੇ, ਪਬਲਿਕ ਟਰਾਂਸਪੋਰਟ ਵਿੱਚ ਸਫਰ ਕਰ ਰਹੀ ਹੋਵੇ, ਗਲੀ-ਮੁਹੱਲੇ, ਪਾਰਕ ਜਾਂ ਬਾਜ਼ਾਰ ਆਦਿ ਵਿੱਚ ਹੋਵੇ , ਕਿਤੇ ਵੀ ਸੁਰੱਖਿਅਤ ਨਹੀਂ। ਇਹੋ ਜਿਹੇ ਅਣਸੁਖਾਵੇਂ ਅਤੇ ਅਸੁਰੱਖਿਆ ਵਾਲੇ ਮਾਹੌਲ ਵਿੱਚ 'ਬੇਟੀ ਬਚਾਓ' ਦਾ ਹੋਕਾ ਬੇਮਾਇਨਾ ਹੋ ਕੇ ਰਹਿ ਜਾਂਦਾ ਹੈ। ਹਿੰਸਕ ਅਪਰਾਧਾਂ ਨੂੰ ਠੱਲ੍ਹ ਪਾਉਣੀ ਅਤੇ ਔਰਤ ਲਈ ਸੁਰੱਖਿਅਤ ਮਾਹੌਲ ਯਕੀਨੀ ਬਣਾਉਣਾ ਹੀ ਨਾਰੀ ਦਾ ਅਸਲੀ ਸ਼ਕਤੀਕਰਨ ਹੋਵੇਗਾ ।ਔਰਤ ਦੀ ਕੰਮਕਾਜ ਵਿੱਚ ਸ਼ਮੂਲੀਅਤ, ਰਾਜਨੀਤਕ ਹਿੱਸੇਦਾਰੀ ਵਿੱਚ ਵਾਧਾ, ਸਿੱਖਿਆ ਪ੍ਰਾਪਤੀ ਆਦਿ ਸਹੀ ਅਰਥਾਂ ਵਿੱਚ ਉਹਨਾਂ ਹਾਲਤਾਂ ਵਿੱਚ ਹੀ ਸਫਲ ਹੋਣਗੇ, ਜੇਕਰ ਸਮਾਜ ਵਿੱਚੋਂ ਇਹੋ ਜਿਹੀਆਂ ਥਾਵਾਂ 'ਤੇ ਵਿਚਰਨ ਲਈ ਵਾਤਾਵਰਨ ਸੁਖਾਵਾਂ ਹੋਵੇਗਾ। ਦੂਜੇ ਪਾਸੇ ਔਰਤਾਂ ਵਿੱਚ ਸਵੈ-ਵਿਸ਼ਵਾਸ ਦੀ ਭਾਵਨਾ ਦਾ ਹੋਣਾ ਅਤੇ ਸੁਚੇਤ ਰਹਿਣਾ ਵੀ ਅਤਿ ਜ਼ਰੂਰੀ ਹੈ। ਔਰਤ ਜਿੰਨੀ ਦੇਰ ਤੱਕ ਆਪਣੇ ਆਪ ਨੂੰ ਅਬਲਾ ਤੇ ਕਮਜ਼ੋਰ ਸਮਝਦੀ ਰਹੇਗੀ, ਮਰਦ ਦੀਆਂ ਬਾਹੂਬਲੀ ਸ਼ਕਤੀਆਂ ਉਸ ਉੱਪਰ ਹਾਵੀ ਰਹਿਣਗੀਆਂ। ਔਰਤ ਵਿਰੁੱਧ ਹਿੰਸਕ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਨਿਆਂ ਪ੍ਰਣਾਲੀ ਦਾ ਨਿਰਪੱਖ, ਰਾਜਨੀਤਕ ਪਾਰਟੀਆਂ ਦੇ ਪ੍ਰਭਾਵ ਤੋਂ ਦੂਰ ਅਤੇ ਭਾਈ-ਭਤੀਜਾਵਾਦ ਤੋਂ ਮੁਕਤ ਹੋਣਾ ਲਾਜ਼ਮੀ ਹੈ । ਪਰ ਸਭ ਤੋਂ ਵਧੇਰੇ ਜ਼ਰੂਰੀ ਹੈ ਅਦਾਲਤਾਂ ਬਲਾਤਕਾਰ ਜਿਹੇ ਸੰਵੇਦਨਸ਼ੀਲ ਮੁੱਦਿਆਂ ਪ੍ਰਤੀ ਸੰਵੇਦਨਹੀਣ ਫੈਸਲੇ ਦੇਣ ਤੋਂ ਗੁਰੇਜ਼ ਕਰਨਾ।

**# ਸੰਪਰਕ : 98551-22857**

# ਬਿਰਧ ਆਸ਼ਰਮਾਂ 'ਚ ਵਾਧਾ ਚਿੰਤਾ ਦਾ ਵਿਸ਼ਾ

**ਤੇਜਿੰਦਰ ਚੰਡਿਹੋਕ**

ਬਜ਼ੁਰਗ ਸਾਡਾ ਸਰਮਾਇਆ ਹੁੰਦੇ ਹਨ । ਜੇਕਰ ਇਹ ਕਹਿ ਲਈਏ ਕਿ 'ਓਲਡ ਇਜ਼ ਗੋਲਡ' ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ ਕਿਉਂਕਿ ਉਹਨਾਂ ਪਾਸ ਜ਼ਿੰਦਗੀ ਦਾ ਤਜਰਬਾ ਹੁੰਦਾ ਹੈ ਅਤੇ ਅਜੋਕੇ ਸਮੇਂ ਵਿੱਚ ਸਾਨੂੰ ਤਜਰਬਾ ਲੈਣ ਦੀ ਬਹੁਤ ਲੋੜ ਹੈ, ਕਿਉਂਕਿ ਬਿਨਾਂ ਤਜਰਬੇ ਤੋਂ ਜ਼ਿੰਦਗੀ ਵਿਚ ਵਿਚਰਨਾ ਬਹੁਤ ਕਠਿਨ ਹੋ ਗਿਆ ਹੈ। ਵਰਤਮਾਨ ਸਮੇਂ ਸਮਾਜ ਵਿਚ ਬਿਰਧ ਆਸ਼ਰਮਾਂ ਦੀ ਗਿਣਤੀ ਵਿਚ ਵਾਧਾ ਹੁੰਦਾ ਜਾ ਰਿਹਾ ਹੈ, ਜਿਹੜਾ ਚਿੰਤਾ ਦਾ ਵਿਸ਼ਾ ਹੈ । ਸਾਨੂੰ ਇਸ ਬਾਰੇ ਸੋਚਣ ਤੇ ਇਸ ਉਪਰ ਮੰਥਨ ਕਰਨ ਦੀ ਲੋੜ ਹੈ ਕਿ ਜੇਕਰ ਬਜ਼ੁਰਗ ਸਾਡਾ ਸਰਮਾਇਆ ਹਨ ਤਾਂ ਫਿਰ ਬਿਰਧ ਆਸ਼ਰਮਾਂ ਦੀ ਉਸਾਰੀ ਦੀ ਜ਼ਰੂਰਤ ਕਿਉਂ ਹੈ ? ਅਸੀ ਬਜ਼ੁਰਗਾਂ ਤੋਂ ਬੇਮੁੱਖ ਕਿਉਂ ਹੁੰਦੇ ਜਾ ਰਹੇ ਹਾਂ । ਪਹਿਲਾਂ ਪੁਰਾਣਿਆਂ ਜ਼ਮਾਨਿਆਂ ਵਿੱਚ ਇਹ ਨਹੀਂ ਸਨ ਹੁੰਦੇ ।

ਬਿਰਧ ਆਸ਼ਰਮ ਉਹਨਾਂ ਵਿਅਕਤੀਆਂ ਲਈ ਬਣਾਏ ਜਾਂਦੇ ਹਨ, ਜਿਹਨਾਂ ਦੇ ਅੱਗੇ-ਪਿੱਛੇ ਭਾਵ ਜਹਾਨ ਵਿਚ ਕੋਈ ਜਿਊਂਦਾ ਸਾਕ-ਸੰਬੰਧੀ ਨਾ ਹੋਵੇ । ਅਜਿਹੇ ਵਿਅਕਤੀਆਂ ਦੀ ਦੇਖ-ਭਾਲ ਲਈ ਬਿਰਧ ਆਸ਼ਰਮ ਸਰਕਾਰ ਵੱਲੋਂ ਉਸਾਰੇ ਜਾਂਦੇ ਹਨ, ਤਾਂ ਕਿ ਜਿਹਨਾਂ ਦਾ ਕੋਈ ਸਾਕ-ਸੰਬੰਧੀ, ਬੱਚੇ ਜਾਂ ਸੰਭਾਲਣ ਵਾਲਾ ਨਹੀਂ, ਉਹਨਾਂ ਦੀ ਸਾਂਭ-ਸੰਭਾਲ ਕੀਤੀ ਜਾ ਸਕੇ, ਪਰ ਦੇਖਣ-ਸੁਣਨ ਵਿਚ ਆਇਆ ਹੈ ਕਿ ਕਈ ਰੱਜੇ- ਪੁੱਜੇ ਘਰਾਂ ਦੇ ਅਤੇ ਸਮਰੱਥ ਘਰਾਂ ਦੇ ਲੋਕ ਵੀ ਉਹਨਾਂ ਨੂੰ ਬਿਰਧ ਆਸ਼ਰਮ ਵਿੱਚ ਭੇਜ ਦਿੰਦੇ ਹਨ।

ਉਂਜ ਤਾਂ ਅਸੀਂ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਹਰ ਸਾਲ ਇਕ ਅਕਤੂਬਰ ਨੂੰ ਮਨਾਉਂਦੇ ਹਾਂ ਅਤੇ ਦੂਜਿਆਂ ਨੂੰ ਸੇਧ ਦੇਣ ਲਈ ਵੱਡਿਆਂ ਪ੍ਰਤੀ ਸਤਿਕਾਰ ਕਰਨਾ, ਬਜ਼ੁਰਗਾਂ ਨੂੰ ਸਮਾਜ ਦਾ ਗਿਆਨ ਭੰਡਾਰ ਸਮਝਣਾ, ਘਰ ਦਾ ਜ਼ਿੰਦਰਾ ਅਤੇ ਪਰਵਾਰ ਦਾ ਥੰਮ੍ਹ ਮੰਨਣਾ, ਉਹਨਾਂ ਦੀਆਂ ਲੋੜਾਂ ਅਤੇ ਭਾਵਨਾਵਾਂ ਸਮਝਣ ਦੀ ਗੱਲ ਕਰਦੇ ਹਾਂ, ਪਰ ਸਾਡੇ ਬਹੁਤ ਸਾਰੇ ਬਜ਼ੁਰਗ ਬਿਰਧ ਆਸ਼ਰਮਾਂ ਵਿੱਚ ਦਿਨ ਕਟੀ ਕਰ ਰਹੇ ਹਨ।

ਦੇਸ਼ ਵਿਚ ਬਹੁਤ ਸਾਰੇ ਅਜਿਹੇ ਬਿਰਧ ਆਸ਼ਰਮ ਹਨ। ਸਰਕਾਰਾਂ ਆਪਣੇ ਪੱਧਰ 'ਤੇ ਇਹਨਾਂ ਆਸ਼ਰਮਾਂ ਲਈ ਲੋੜੀਂਦੇ ਫੰਡ ਜਾਰੀ ਕਰਕੇ ਇਹਨਾਂ ਦੀ ਉਸਾਰੀ ਕਰਵਾਉਂਦੀਆਂ ਹਨ । ਜੇਕਰ ਪੰਜਾਬ ਵਿੱਚ ਹਾਲ ਹੀ ਵਿੱਚ ਉਸਾਰੇ ਗਏ ਬਿਰਧ ਆਸ਼ਰਮਾਂ ਦੀ ਗੱਲ ਕਰੀਏ ਤਾਂ ਜ਼ਿਲ੍ਹਾ ਮਾਨਸਾ ਅਤੇ ਬਰਨਾਲਾ ਵਿਖੇ ਉਸਾਰੇ ਬਿਰਧ ਆਸ਼ਰਮਾਂ ਲਈ ਸਰਕਾਰ ਫੰਡ ਜਾਰੀ ਕਰ ਚੁੱਕੀ ਹੈ ਅਤੇ ਪਿਛਲੇ ਵਿੱਤੀ ਸਾਲ 2023-24 ਦੌਰਾਨ ਸਰਕਾਰ ਵੱਲੋਂ ਮਾਨਸਾ ਅਤੇ ਬਰਨਾਲਾ ਵਿਖੇ ਦੋ ਬਿਰਧ ਆਸ਼ਰਮਾਂ ਦੀ ਉਸਾਰੀ ਲਈ 10 ਕਰੋੜ ਰੁਪਏ ਜਾਰੀ ਕੀਤੇ ਗਏ ਸਨ, ਜਿਹਨਾਂ ਵਿਚ 72-72 ਵਿਅਕਤੀ ਰਹਿ ਸਕਦੇ ਹਨ। ਜ਼ਿਲ੍ਹਾ ਮਾਨਸਾ ਵਿਖੇ ਉਸਾਰੇ ਜਾਣ ਵਾਲੇ 3.5 ਏਕੜ (29353 ਵਰਗ ਗਜ਼ ) ਬਿਰਧ ਆਸ਼ਰਮ ਦੀ ਸਮਰੱਥਾ 72 ਬਜ਼ੁਰਗਾਂ ਲਈ ਹੈ। ਇਸੇ ਤਰ੍ਹਾਂ ਬਰਨਾਲਾ ਵਿਖੇ ਉਸਾਰੇ ਜਾਣ ਵਾਲੇ ਬਿਰਧ ਆਸ਼ਰਮ ਦਾ ਰਕਬਾ 26 ਕਨਾਲ 17 ਮਰਲੇ (31827 ਵਰਗ ਗਜ਼) ਹੈ। ਇਸ ਦੀ ਸਮਰੱਥਾ ਵੀ 72 ਬਜ਼ੁਰਗਾਂ ਲਈ ਹੈ। ਦੋਨਾਂ ਆਸ਼ਰਮ ਵਿੱਚ 24-24 ਕਮਰੇ ਬਣਾਏ ਗਏ ਹਨ।

ਇਸੇ ਮਹੀਨੇ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਦੇ ਕੈਬਨਿਟ ਮੰਤਰੀ ਨੇ ਬਰਨਾਲਾ ਜ਼ਿਲੇ ਦੇ ਤਪਾ ਮੰਡੀ ਵਿੱਚ ਬਾਬਾ ਫੂਲ ਸਰਕਾਰੀ ਬਿਰਧ ਆਸ਼ਰਮ ਦਾ ਉਦਘਾਟਨ ਕੀਤਾ ਹੈ, ਜੋ 8.21 ਕਰੋੜ ਦੀ ਲਾਗਤ ਨਾਲ ਬਣ ਕੇ ਤਿਆਰ ਹੋਇਆ ਹੈ। ਜਿਸ ਸਬੰਧੀ ਸਾਡੇ ਇਲੈਕਟਰੋਨਿਕ ਮੀਡੀਆ ਨੇ ਉਹਨਾਂ ਬਜ਼ੁਰਗਾਂ ਨਾਲ ਮੁਲਾਕਾਤ ਵੀ ਕੀਤੀ ਅਤੇ ਪਤਾ ਲੱਗਿਆ ਕਿ ਕੁਝ ਬਜ਼ੁਰਗ ਘਰੋਂ ਤੰਗ-ਪ੍ਰੇਸ਼ਾਨ ਹੋਣ ਕਾਰਨ ਬਿਰਧ ਆਸ਼ਰਮ ਵਿੱਚ ਆਏ ਅਤੇ ਕੁਝ ਦੇ ਬੱਚੇ ਹੋਣ ਦੇ ਬਾਵਜੂਦ ਪੁੱਛ-ਪ੍ਰਤੀਤ ਨਹੀਂ ਕਰਦੇ, ਜਿਸ ਕਾਰਨ ਉਹਨਾਂ ਨੂੰ ਇਸ ਬਿਰਧ ਆਸ਼ਰਮ ਵਿੱਚ ਆਉਣਾ ਪਿਆ। ਕਈ ਬਜ਼ੁਰਗਾਂ ਨੂੰ ਬੱਚਿਆਂ ਦੇ ਹੁੰਦੇ ਹੋਏ ਵੀ ਅਜਿਹੇ ਆਸ਼ਰਮਾਂ ਵਿਚ ਆਉਣਾ ਪਿਆ। ਉਹ ਇਹ ਕਿਉਂ ਨਹੀਂ ਸੋਚਦੇ ਕਿ ਜਿਹਨਾਂ ਮਾਂ- ਪਿਓ ਨੇ ਆਪਣੀ ਔਲਾਦ ਨੂੰ ਤੰਗੀ-ਤੁਰਸ਼ੀ ਦੇ ਹੁੰਦੇ ਵੀ ਸਭ ਕੁਝ ਮੁਹੱਈਆ ਕਰਵਾਇਆ, ਪੜ੍ਹਾ-ਲਿਖਾ ਕੇ ਯੋਗ ਬਣਾਇਆ, ਜੀਵਨ ਦੀਆਂ ਸਾਰੀਆਂ ਸੁੱਖ-ਸਹੂਲਤਾਂ ਦੇਣ ਵਿਚ ਕੋਈ ਕਸਰ ਨਹੀਂ ਛੱਡੀ, ਉਹ ਵੱਡੇ ਹੋ ਕੇ ਉਹਨਾਂ ਨੂੰ ਬੋਝ ਸਮਝਣ ਲੱਗ ਪਏ ਹਨ । ਕਈ ਬਜ਼ੁਰਗਾਂ ਦੇ ਸਾਰੇ ਬੱਚੇ ਵਿਦੇਸ਼ ਵਿੱਚ ਸੈਟਲ ਹੋ ਗਏ ਹਨ ਅਤੇ ਉਹਨਾਂ ਪਾਸ ਸਮਾਂ ਨਹੀਂ ਕਿ ਉਹ ਪਿੱਛੇ ਬਜ਼ੁਰਗਾਂ ਦਾ ਪਤਾ ਕਰ ਸਕਣ। ਐਵੇਂ ਹੀ ਮਨੁੱਖ ਦੀ ਜ਼ਿੰਦਗੀ ਏਨੀ ਵਿਅਸਤ ਹੋ ਗਈ ਹੈ ਕਿ ਅੱਜ ਬੱਚੇ ਬਜ਼ੁਰਗਾਂ ਦੇ ਲਈ ਸਮਾਂ ਹੀ ਨਹੀਂ ਕੱਢ ਸਕਦੇ।

ਸਾਨੂੰ ਇਹ ਗੱਲ ਸਮਝ ਲੈਣੀ ਅਤੇ ਮਨ ਵਿਚ ਬਿਠਾ ਲੈਣੀ ਚਾਹੀਦੀ ਹੈ ਕਿ ਜਿਹਨਾਂ ਮਾਂ-ਪਿਓ ਨੇ ਆਪਣੀ ਪਰਵਾਹ ਨਾ ਕਰਦਿਆਂ ਆਪਣੀ ਔਲਾਦ ਲਈ ਸਾਰਾ ਕੁਝ ਕੀਤਾ, ਉਹਨਾਂ ਦਾ ਅਜਿਹਾ ਹਸ਼ਰ ਕਿਉਂ ? ਕੀ ਕੱਲ੍ਹ ਨੂੰ ਉਹ ਆਪ ਬਿਰਧ ਨਹੀਂ ਹੋਣਗੇ ਜਾਂ ਉਹਨਾਂ ਦੇ ਬੱਚੇ ਉਹਨਾਂ ਵਾਂਗ ਅਜਿਹਾ ਨਹੀਂ ਕਰਨਗੇ। ਇਸ ਸਮਾਜ ਵਿਚ ਇਸ ਸਮੇਂ ਵਧ ਰਹੇ ਬਿਰਧ ਆਸ਼ਰਮ ਚਿੰਤਾ ਦਾ ਵਿਸ਼ਾ ਬਣ ਗਿਆ ਹੈ, ਹਾਲਾਂ ਕਿ ਬਜ਼ੁਰਗਾਂ ਦੀ ਰੁਖਸਤੀ ਤੋਂ ਬਾਅਦ ਸਾਰੀ ਚੱਲ-ਅਚੱਲ ਸੰਪਤੀ ਉਪਰ ਬੱਚਿਆ ਦਾ ਹੀ ਅਧਿਕਾਰ ਬਣ ਜਾਂਦਾ ਹੈ। ਕੀ ਅਸੀਂ ਉਹਨਾਂ ਬਜ਼ੁਰਗਾਂ ਲਈ ਏਨਾ ਸਮਾਂ ਵੀ ਨਹੀਂ ਕੱਢ ਸਕਦੇ ਕਿ ਉਹਨਾਂ ਨਾਲ ਦੋ ਬੋਲ ਸਾਂਝੇ ਕਰ ਸਕੀਏ ? ਉਹਨਾਂ ਦੀ ਦੇਖ-ਭਾਲ ਖੁਦ ਕਰ ਸਕੀਏ ?

**# ਸੰਪਰਕ : 95010-0024**

# ਜਦੋਂ ਬੰਬ ਹੱਥ 'ਚ ਹੀ ਚੱਲ ਗਿਆ !

**ਜਗਦੇਵ ਸ਼ਰਮਾ ਬੁਗਰਾ**

ਬਚਪਨ ਵਿੱਚ ਦੀਵਾਲੀ ਵਾਲੇ ਦਿਨ, ਕਈਆਂ ਨੂੰ ਆਦਤ ਹੁੰਦੀ ਸੀ ਕਿ ਸਾਵਧਾਨੀ ਵਰਤਣ ਦੀ ਬਜਾਏ ਉਹ ਹੱਥ ਵਿੱਚ ਫੜ ਕੇ ਹੀ ਪਟਾਕੇ ਨੂੰ ਅੱਗ ਲਾ ਦਿੰਦੇ ਸਨ ਅਤੇ ਚਿੰਗਾੜੇ ਨਿਕਲਣ ਤੇ ਦੂਰ ਵਗਾਹ ਮਾਰਦੇ ਸਨ । ਅਜਿਹਾ ਕਰਦਿਆਂ ਕਈ ਵਾਰ ਦੀਵਾਲੀ ਵਾਲਾ ਬੰਬ ਮਨਿਆਣਿਆਂ-ਸਿਆਣਿਆਂ ਦੇ ਹੱਥਾਂ ਵਿਚ ਹੀ ਫਟ ਜਾਂਦਾ ਸੀ ਅਤੇ ਪਟਾਕਾ ਚਲਾਉਣ ਵਾਲੇ ਦੇ ਹੱਥਾਂ ਨੂੰ ਥੋੜ੍ਹਾ-ਬਹੁਤਾ ਨੁਕਸਾਨ ਪਹੁੰਚਾ ਦਿੰਦਾ ਸੀ । ਕੁਛ ਅਜਿਹਾ ਹੀ ਹੋਇਆ ਪੰਜਾਬ ਅਸੈਂਬਲੀ ਵਿੱਚ ਲੀਡਰ ਆਫ ਆਪੋਜ਼ੀਸ਼ਨ ਪ੍ਰਤਾਪ ਸਿੰਘ ਬਾਜਵਾ ਹੁਰਾਂ ਨਾਲ । ਪੰਜਾਬ ਦੇ ਸਿਰਕੱਢ ਕਾਂਗਰਸੀ ਐੱਮ ਐੱਲ ਏ ਬਾਜਵਾ ਸਾਹਿਬ ਨੇ ਇੱਕ ਪੰਜਾਬੀ ਚੈਨਲ 'ਤੇ ਇੰਟਰਵਿਊ ਦਿੰਦਿਆਂ ( ਜਿਹੜੀ ਕਿ 12 ਅਪ੍ਰੈਲ ਨੂੰ ਰਿਕਾਰਡ ਕੀਤੀ ਗਈ ਅਤੇ 13 ਅਪ੍ਰੈਲ ਨੂੰ ਨਸਰ ਕੀਤੀ ਜਾਣੀ ਸੀ ) ਕਹਿ ਦਿੱਤਾ ਕਿ ਪੰਜਾਬ ਵਿੱਚ ਕੁੱਲ ਪੰਜਾਹ ਗਰਨੇਡ ਆਏ ਹਨ, ਜਿਨ੍ਹਾਂ ਵਿਚੋਂ 18 ਫਟ ਚੁੱਕੇ ਹਨ ਅਤੇ 32 ਹਾਲੇ ਫਟਣੇ ਬਾਕੀ ਹਨ । ਇੰਟਰਵਿਊ ਪ੍ਰਸਾਰਤ ਹੋਣ ਤੋਂ ਪਹਿਲਾਂ ਹੀ 13 ਅਪ੍ਰੈਲ ਨੂੰ ਇੰਟਰਵਿਊ ਦੇ ਕੁੱਝ ਮੁੱਖ ਅੰਸ਼ ਮੀਡੀਆ ਵਿੱਚ ਆ ਜਾਣ ਕਾਰਨ ਪੰਜਾਬ ਦੀ ਸਿਆਸਤ ਵਿੱਚ ਭੁਚਾਲ ਆ ਗਿਆ ਅਤੇ ਇਸ ਤਰਾਂ 50 ਗਰਨੇਡਾਂ ਵਾਲਾ ਬੰਬ ਹੱਥਾਂ ਵਿੱਚ ਹੀ ਫਟ ਗਿਆ ।

ਬਾਜਵਾ ਸਾਹਿਬ ਨੇ ਅਜਿਹਾ ਬਿਆਨ ਸ਼ਾਇਦ ਭਗਵੰਤ ਮਾਨ ਸਰਕਾਰ ਦੀ ਨਾਕਾਮੀ ਨੂੰ ਉਜਾਗਰ ਕਰਨ ਲਈ ਦਿੱਤਾ ਹੋਵੇ, ਪ੍ਰੰਤੂ ਪੰਜਾਬ ਸਰਕਾਰ ਨੇ ਇਸ ਨੂੰ ਗੰਭੀਰਤਾ ਨਾਲ ਲੈ ਲਿਆ । ਖੁਦ ਮੁੱਖ ਮੰਤਰੀ ਭਗਵੰਤ ਮਾਨ ਨੇ ਟੀ ਵੀ ਚੈਨਲਾਂ ਜ਼ਰੀਏ ਪ੍ਰਤਾਪ ਬਾਜਵਾ ਨੂੰ ਅਜਿਹਾ ਬਿਆਨ ਦੇ ਕੇ ਪੰਜਾਬ ਅੰਦਰ ਲੋਕਾਂ ਨੂੰ ਖੌਫ਼ਜ਼ਦਾ ਕਰਨ ਲਈ ਜ਼ੁੰਮੇਵਾਰ ਠਹਿਰਾ ਦਿੱਤਾ । ਭਗਵੰਤ ਮਾਨ ਨੇ ਸਵਾਲ ਕੀਤਾ ਕਿ ਬਾਜਵਾ ਸਾਹਿਬ ਨੂੰ ਅਜਿਹੀ ਸੂਚਨਾ ਦਾ ਸਰੋਤ ਸਰਕਾਰ ਨਾਲ ਸਾਂਝਾ ਕਰਨਾ ਚਾਹੀਦਾ ਹੈ । ਮਾਨ ਸਾਹਿਬ ਨੇ ਬਾਜਵਾ ਸਾਹਿਬ ਦੇ ਬਿਆਨ ਦੀ ਸਿਰਫ ਨਿਖੇਧੀ ਹੀ ਨਹੀਂ ਕੀਤੀ, ਸਗੋਂ ਬਿਆਨ ਝੂਠਾ ਪਾਏ ਜਾਣ ਦੀ ਸੂਰਤ ਵਿੱਚ ਬਾਜਵਾ ਸਾਹਿਬ ਨੂੰ ਸਖ਼ਤ ਕਰਵਾਈ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਲਈ ਵੀ ਕਹਿ ਦਿੱਤਾ । ਇਸੇ ਕੜੀ ਤਹਿਤ ਪੰਜਾਬ ਪੁਲਸ ਦੇ ਦੋ ਖੁਫੀਆ ਅਧਿਕਾਰੀ ਰਵਜੋਤ ਕੌਰ ਧਾਲੀਵਾਲ ਏ ਆਈ ਜੀ ਅਤੇ ਐੱਸ ਪੀ ਹਰਬੀਰ ਸਿੰਘ ਦੀ ਟੀਮ ਬਾਜਵਾ ਨੂੰ ਸਵਾਲ-ਜਵਾਬ ਕਰਨ ਲਈ ਪੁੱਜ ਗਈ । ਪੁਲਸ ਦੀ ਇਹ ਟੀਮ ਇਹ ਪ੍ਰਭਾਵ ਲੈ ਕੇ ਮੁੜੀ ਕਿ ਬਾਜਵਾ ਨੇ ਪੁੱਛਗਿੱਛ ਦੌਰਾਨ ਉਹਨਾ ਨਾਲ ਸਹਿਯੋਗ ਨਹੀਂ ਕੀਤਾ । ਸ਼ਾਮ ਹੁੰਦਿਆਂ ਹੁੰਦਿਆਂ ਸਰਕਾਰ ਨੇ ਪ੍ਰਤਾਪ ਸਿੰਘ ਬਾਜਵਾ ਖਿਲਾਫ ਮੋਹਾਲੀ ਸਾਈਬਰ ਥਾਣੇ ਵਿੱਚ ਐੱਫ ਆਈ ਆਰ ਵੀ ਦਰਜ ਕਰ ਲਈ ।

ਬਾਜਵਾ ਦੀ ਉਪਰੋਕਤ ਇੰਟਰਵਿਊ, ਜਿਹੜੀ ਕਿ ਚੈਨਲ ਨੇ 13 ਅਪ੍ਰੈਲ ਨੂੰ ਪ੍ਰਸਾਰਤ ਕਰਨੀ ਸੀ , ਉਸ ਵਿਚਲੀਆਂ ਪ੍ਰਮੁੱਖ ਗੱਲਾਂ ਜਦੋਂ ਚੈਨਲ 'ਤੇ ਆਈਆਂ ਤਾਂ ਪੰਜਾਬ ਦੀ ਸਿਆਸਤ ਵਿੱਚ ਅਜਿਹਾ ਭੁਚਾਲ ਆਇਆ ਕਿ ਰੁਕਣ ਦਾ ਨਾਂਅ ਨਹੀਂ ਲੈ ਰਿਹਾ । ਸਾਰੇ ਕਾਂਗਰਸੀ ਬਾਜਵਾ ਦੀ ਪਿੱਠ 'ਤੇ ਆ ਗਏ । ਅਸੀਂ ਭਲੀ ਭਾਂਤ ਜਾਣਦੇ ਹਾਂ ਕਿ ਰਾਜਨੀਤੀ ਵਿੱਚ ਕਿਸੇ ਦਾ ਕੋਈ ਸਕਾ ਨਹੀਂ ਹੁੰਦਾ ਅਤੇ ਅਸੀਂ ਸਾਰੇ ਇਹ ਵੀ ਜਾਣਦੇ ਹਾਂ ਕਿ ਪੰਜਾਬ ਵਿੱਚ ਅਸੈਂਬਲੀ ਚੋਣਾਂ ਵਿੱਚ ਦੋ ਸਾਲ ਤੋਂ ਘੱਟ ਦਾ ਸਮਾਂ ਬਾਕੀ ਰਹਿ ਗਿਆ ਹੈ, ਸਾਰੀਆਂ ਹੀ ਪਾਰਟੀਆਂ ਹੁਣ ਤੋਂ ਸਰਕਾਰੀ ਕੁਰਸੀ ਪਾਉਣ ਲਈ ਤਰਲੋਮੱਛੀ ਹੋ ਰਹੀਆਂ ਹਨ । ਕਾਂਗਰਸ ਇਸ ਜ਼ੋਰ-ਅਜ਼ਮਾਈ ਵਿੱਚ ਸਭ ਤੋਂ ਮੋਹਰੀ ਹੈ । ਕਾਂਗਰਸ ਦੇ ਕੋਈ ਅੱਧੀ ਦਰਜਨ ਨੇਤਾ ਆਪਣੇ-ਆਪ ਨੂੰ ਪੰਜਾਬ ਦੇ ਭਾਵੀ ਮੁੱਖ ਮੰਤਰੀ ਵਜੋਂ ਦੇਖ ਰਹੇ ਹਨ । ਕਿਸ ਨੂੰ ਕੌਣ ਕਦੋਂ ਠਿੱਬੀ ਲਾ ਜਾਵੇ ,ਕਿਸੇ ਨੂੰ ਵੀ ਖਬਰ ਨਹੀਂ ਹੁੰਦੀ । ਇਹੀ ਹਾਲਾਤ ਅੱਜਕੱਲ੍ਹ ਕਾਂਗਰਸ ਵਿਚ ਬਣੇ ਹੋਏ ਹਨ ।ਹਰ ਕਾਂਗਰਸੀ ਇੱਕ-ਦੂਜੇ ਨੂੰ ਆਪਣੇ ਰਾਹ ਦਾ ਰੋੜਾ ਸਮਝ ਕੇ ਕੰਮ ਕਰ ਰਿਹਾ ਹੈ ।

ਸਾਡੀ ਬਦਕਿਸਮਤੀ ਕਹਿ ਲਈਏ ਕਿ ਪੀੜ੍ਹੀ-ਦਰ-ਪੀੜ੍ਹੀ ਅਤੇ ਦਹਾਕਿਆਂਬੱਧੀ ਸੱਤਾ ਦਾ ਅਨੰਦ ਮਾਣਦਾ ਇੱਕ ਅਜਿਹਾ ਵਰਗ ਸਾਡੇ ਸਮਾਜ ਵਿੱਚ ਪੈਦਾ ਹੋ ਗਿਆ ਹੈ, ਜਿਹੜਾ ਆਪਣੇ ਆਪ ਨੂੰ ਆਮ ਜਨਤਾ ਤੋਂ ਵੱਖਰਾ ਸਮਝਣ ਲੱਗ ਪਿਆ ਹੈ । ਇਹੀ ਕੁਲੀਨ ਵਰਗ ਆਮ ਆਦਮੀ ਪਾਰਟੀ ਦੇ ਆਮ ਘਰਾਂ ਤੋਂ ਆਏ ਐੱਮ ਐੱਲ ਏਜ਼ ਨੂੰ 'ਕਿਹੋ ਜਿਹਾ ਮਟੀਰੀਅਲ' ਹੀ ਕਹਿ ਦਿੰਦਾ ਹੈ । ਲੋਕ ਤੰਤਰ ਦੀਆਂ ਭਾਵਨਾਵਾਂ ਦੀ ਕਦਰ ਕਰਨ ਦੀ ਥਾਂ ਜਦੋਂ ਕੋਈ ਲੋਕਾਂ ਦੁਆਰਾ ਚੁਣੇ ਹੋਏ ਨੁਮਾਇੰਦਿਆਂ ਦੀ ਖਿੱਲੀ ਉਡਾਵੇ , ਓਦੋਂ ਅਜਿਹੀ ਸੋਚ ਰੱਖਣ 'ਤੇ ਤਰਸ ਹੀ ਕੀਤਾ ਜਾ ਸਕਦਾ ਹੈ। ਉਹ ਭੁੱਲ ਜਾਂਦੇ ਹਨ ਕਿ ਇਹੀ ਲੋਕਤੰਤਰ ਦੀ ਖ਼ੂਬਸੂਰਤੀ ਹੁੰਦੀ ਹੈ । ਉਪਰੋਕਤ ਹਉਮੈਂ ਦੀ ਉਪਜ ਹੀ ਹੈ ਸ੍ਰੀ ਗੁਰੂ ਨਾਨਕ ਜੀ ਨਾਲ ਸੰਬੰਧਤ ਕਾਲੀ ਵੇਈਂ ਨੂੰ ਸਵੱਛ ਬਣਾਉਣ ਬਦਲੇ, ਸੰਤ ਬਲਬੀਰ ਸਿੰਘ ਸੀਚੇਵਾਲ ਨੂੰ ਪਦਮਸ਼੍ਰੀ ਨਾਲ ਨਿਵਾਜਿਆ ਗਿਆ ਸੀ । ਬਾਜਵਾ ਸਾਹਿਬ ਨੇ ਸੀਚੇਵਾਲ ਮਾਡਲ ਦੀ ਵਿਰੋਧਤਾ ਕਰਕੇ ਕਾਫੀ ਕਿਰਕਿਰੀ ਕਰਵਾ ਲਈ ਸੀ । ਅਜਿਹੀ ਨਿਰਵਿਵਾਦਤ ਸ਼ਖਸੀਅਤ ਦੀ ਇਸ ਕਰਕੇ ਵਿਰੋਧਤਾ ਕਰਨਾ, ਕਿਉਂਕਿ ਉਸ ਨੂੰ ਵਿਰੋਧੀ ਪਾਰਟੀ ਆਮ ਆਦਮੀ ਪਾਰਟੀ ਨੇ ਰਾਜ ਸਭਾ ਵਿੱਚ ਭੇਜਿਆ ਹੈ , ਜ਼ਿਆਦਾਤਰ ਪੰਜਾਬੀਆਂ ਨੂੰ ਚੰਗਾ ਨਹੀਂ ਲੱਗਿਆ । ਇਥੇ ਹੀ ਬੱਸ ਨਹੀਂ ਹੋਈ, ਪਿੱਛੇ ਜਿਹੇ ਬਾਜਵਾ ਨੇ ਇਹ ਬਿਆਨ ਦੇ ਕੇ ਸਨਸਨੀ ਫੈਲਾਉਣ ਦੀ ਕੋਸ਼ਿਸ਼ ਕੀਤੀ ਸੀ ਕਿ ਆਮ ਆਦਮੀ ਪਾਰਟੀ ਦੇ 32 ਐੱਮ ਐੱਲ ਏ ਉਸ ਦੇ ਸੰਪਰਕ ਵਿਚ ਹਨ ਅਤੇ ਇਹ ਕਿਸੇ ਵੇਲੇ ਵੀ ਪਾਲਾ ਬਦਲ ਸਕਦੇ ਹਨ ।

ਵਾਪਸ ਆਉਂਦੇ ਹਾਂ , 32 ਗ੍ਰਨੇਡਾਂ ਵਾਲੇ ਮਸਲੇ 'ਤੇ ।ਪ੍ਰਤਾਪ ਬਾਜਵਾ ਨੂੰ ਆਪਣੀ ਪੁਜ਼ੀਸ਼ਨ ਸਪੱਸ਼ਟ ਕਰਨ ਲਈ ਮੋਹਾਲੀ ਥਾਣੇ ਵਿੱਚ 14 ਅਪ੍ਰੈਲ ਲਈ ਸੰਮਨ ਭੇਜੇ ਗਏ, ਪ੍ਰੰਤੂ ਸਭ ਨੂੰ ਪਤਾ ਹੀ ਸੀ ਕਿ ਥਾਣੇ ਜਾਣ ਤੋਂ ਪਹਿਲਾਂ ਬਾਜਵਾ ਸਾਹਿਬ ਅਦਾਲਤ ਜਾਣਗੇ ਅਤੇ ਅਜਿਹਾ ਹੀ ਹੋਇਆ । ਵਕੀਲ ਭੇਜ ਕੇ ਥਾਣੇ ਤੋਂ 15 ਅਪ੍ਰੈਲ ਦੇ ਦੁਪਹਿਰ 2 ਵਜੇ ਦਾ ਸਮਾਂ ਲੈ ਲਿਆ ਅਤੇ 15 ਤਰੀਕ ਨੂੰ ਹਾਈ ਕੋਰਟ ਖੁੱਲ੍ਹਦੇ ਹੀ ਪੰਜਾਬ ਪੁਲਸ ਨੂੰ ਖੁਦ ਦੇ ਖਿਲਾਫ ਦਰਜ ਐੱਫ ਆਈ ਆਰ ਰੱਦ ਕਰਨ ਦੀ ਅਰਜ਼ੀ ਦੇ ਦਿੱਤੀ ਗਈ।

ਜੇਕਰ ਬਾਜਵਾ ਨੇ ਇਹ ਬਿਆਨ ਰਾਜਨੀਤੀ ਚਮਕਾਉਣ ਅਤੇ ਵਾਹਵਾ ਲੁੱਟਣ ਲਈ ਦਿੱਤਾ ਹੈ ਤਾਂ ਇਹ ਜਨਤਾ ਵਿੱਚ ਦਹਿਸ਼ਤ ਫੈਲਾਉਣ ਦੇ ਤੁਲ ਹੈ ਅਤੇ ਕਾਰਵਾਈ ਯੋਗ ਹੈ । ਇਸੇ ਤਰਕ ਦੇ ਚਲਦਿਆਂ ਬਾਜਵਾ ਸਾਹਿਬ ਦੇ ਖਿਲਾਫ ਬੀ ਐੱਨ ਐੱਸ ਦੀ ਧਾਰਾ 197 ( 1) ਡੀ ( ਝੂਠੀ ਅਤੇ ਗੁੰਮਰਾਹਕੁੰਨ ਜਾਣਕਾਰੀ, ਜੋ ਕਿ ਦੇਸ਼ ਦੀ ਪ੍ਰਭੁਸੱਤਾ ਅਤੇ ਏਕਤਾ ਨੂੰ ਖਤਰੇ ਵਿੱਚ ਪਾਉਂਦੀ ਹੈ ) ਅਤੇ ਧਾਰਾ 353 ( 2) ( ਦੁਸ਼ਮਣੀ, ਨਫ਼ਰਤ ਅਤੇ ਦੁਰਭਾਵਨਾ ਪੈਦਾ ਕਰਨ ਵਾਲੇ ਬਿਆਨ ) ਵਰਗੀਆਂ ਗੈਰ-ਜ਼ਮਾਨਤ ਯੋਗ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ । ਬਾਜਵਾ ਧਿਰ ਦਾ ਪੱਖ ਹੈ ਕਿ ਉਹਨਾ ਅਜਿਹਾ ਪੰਜਾਬ ਵਿੱਚ ਕਨੂੰਨ ਵਿਵਸਥਾ ਦੀ ਨਿੱਤ ਵਿਗੜਦੀ ਹਾਲਤ ਦੇ ਮੱਦੇਨਜ਼ਰ ਸਰਕਾਰ ਨੂੰ ਆਗਾਹ ਕਾਰਨ ਦੇ ਨਜ਼ਰੀਏ ਨਾਲ ਕੀਤਾ ਹੈ । ਉਹਨਾ ਦਾ ਇਹ ਵੀ ਕਹਿਣਾ ਹੈ ਕਿ ਸਰਕਾਰ ਨੇ ਅਸੈਂਬਲੀ ਵਿੱਚ ਸੰਵਿਧਾਨਿਕ ਪੋਸਟ 'ਤੇ ਬਿਰਾਜਮਾਨ ਲੀਡਰ ਆਫ ਆਪੋਜ਼ੀਸ਼ਨ ਨੂੰ ਘੇਰ ਕੇ ਸਰਕਾਰ ਨੇ ਲੋਕਤੰਤਰ ਦਾ ਘਾਣ ਕੀਤਾ ਹੈ । ਸ਼ਾਇਦ ਇਹ ਇੱਕ ਸੱਚਾਈ ਵੀ ਹੈ ਕਿ ਰਾਜ ਦੀ ਵਿਰੋਧੀ ਧਿਰ ਦੇ ਪ੍ਰਮੁੱਖ ਖਿਲਾਫ ਪਹਿਲੀ ਵਾਰ ਮੁਕੱਦਮਾ ਦਰਜ ਹੋਇਆ ਹੈ ।

ਇੱਕ ਪਾਸੇ ਬਾਜਵਾ ਸਾਹਿਬ ਇਹ ਕਹਿੰਦੇ ਹਨ ਕਿ ਮੈਂ ਆਪਣੇ ਬਿਆਨ 'ਤੇ ਅਡਿੱਗ ਹਾਂ, ਦੂਜੇ ਬੰਨੇ ਇਹ ਕਹਿਣਾ ਕਿ ਮੇਰੇ ਬਿਆਨ ਨੂੰ ਭਗਵੰਤ ਮਾਨ ਨੇ ਤੋੜ-ਮਰੋੜ ਕੇ ਪੇਸ਼ ਕੀਤਾ ਹੈ , ਆਪਸ ਵਿੱਚ ਮੇਲ ਨਹੀਂ ਖਾਂਦੇ, ਜਦਕਿ ਪੰਜਾਬ ਦੇ ਬੱਚੇ-ਬੱਚੇ ਨੇ ਬਾਜਵਾ ਨੂੰ ਆਪਣੀ ਇੰਟਰਵਿਊ ਦੌਰਾਨ ਇਹ ਕਹਿੰਦਿਆਂ ਸੁਣਿਆ ਹੈ ਕਿ ਕੁੱਲ 50 ਗਰਨੇਡ ਪੰਜਾਬ ਵਿੱਚ ਆਏ ਹਨ ਅਤੇ 18 ਚੱਲਣ ਤੋਂ ਬਾਅਦ 32 ਹਾਲੇ ਬਚਦੇ ਹਨ । ਸਮੁੱਚੇ ਪੰਜਾਬੀ ਇਹ ਜਾਨਣਾ ਤਾਂ ਜ਼ਰੂਰ ਚਾਹੁਣਗੇ ਕਿ ਐਸੀਆਂ ਕਿਹੜੀਆਂ ਤਾਕਤਾਂ ਹਨ, ਜਿਹੜੀਆਂ ਪੰਜਾਬ ਦਾ ਮਾਹੌਲ ਵਿਗਾੜਨਾ ਚਾਹੁੰਦੀਆਂ ਹਨ । ਪਿਛਲੀ ਸਦੀ ਦੇ ਅੱਸੀ-ਨੱਬੇ ਦੇ ਦਹਾਕਿਆਂ ਦੌਰਾਨ ਪੰਜਾਬੀਆਂ ਨੇ ਬਹੁਤ ਸੰਤਾਪ ਹੰਢਾਇਆ ਹੈ ਅਤੇ ਇਹ ਨਹੀਂ ਚਾਹੁਣਗੇ ਕਿ ਉਹੀ ਦੌਰ ਪੰਜਾਬ ਵਿੱਚ ਮੁੜ ਕੇ ਆਵੇ । ਸਾਰੇ ਪੰਜਾਬੀਆਂ,ਖਾਸ ਤੌਰ 'ਤੇ ਰਾਜਨੀਤਕ ਲੋਕਾਂ ਦਾ ਇਹ ਫਰਜ਼ ਬਣ ਜਾਂਦਾ ਹੈ ਕਿ ਜੇਕਰ ਕੋਈ ਗਲਤ ਸੂਚਨਾ ਉਹਨਾਂ ਦੇ ਧਿਆਨ ਵਿੱਚ ਆਉਂਦੀ ਹੈ ਤਾਂ ਉਹ ਪੰਜਾਬ ਸਰਕਾਰ ਨਾਲ ਸਾਂਝੀ ਕਰਨ ਤਾਂ ਕਿ ਮੁੜ ਉਹੀ ਮਾੜੇ ਦਿਨ ਦੁਬਾਰਾ ਨਾ ਦੇਖਣੇ ਪੈਣ ।

ਦੇਸ਼ ਦਾ ਰਾਜਨੀਤਕ ਮਾਹੌਲ ਅਜਿਹਾ ਬਣ ਗਿਆ ਹੈ ਕਿ ਇੱਥੇ ਸੁਰਖੀਆਂ ਵਿੱਚ ਬਣੇ ਰਹਿਣ ਲਈ ਬਿਆਨਾਂ ਦੇ ਗੋਲੇ ਦਾਗਣਾ ਸਾਡੇ ਨੇਤਾਵਾਂ ਦੀ ਮਜਬੂਰੀ ਬਣ ਗਈ ਹੈ, ਪ੍ਰੰਤੂ ਨੇਤਾਗਿਰੀ ਚਮਕਾਉਣ ਲਈ ਦਿੱਤੇ ਬਿਆਨ ਕਈ ਵਾਰ ਉਲਟੇ ਪੈ ਜਾਂਦੇ ਹਨ ਅਤੇ ਆਪਣੇ ਵਿਰੋਧ ਵਿੱਚ ਵਗਦੀ ਹਵਾ ਨੂੰ ਆਪਣੇ ਪੱਖ ਵਿੱਚ ਕਰਨ ਲਈ ਸਫ਼ਾਈਆਂ ਦੇਣੀਆਂ ਪੈਂਦੀਆਂ ਹਨ । ਕਾਸ਼ ! ਸਾਡੇ ਨੇਤਾ 'ਪਹਿਲਾਂ ਤੋਲੋ, ਫਿਰ ਬੋਲੋ' ਵਾਲੇ ਮੁਹਾਵਰੇ 'ਤੇ ਅਮਲ ਕਰਨਾ ਸਿੱਖ ਲੈਣ।

**# ਸੰਪਰਕ : 98727-87243**

# ਅੱਗ ਲੱਗਣ ਨਾਲ ਸੈਂਕੜੇ ਏਕੜ ਕਣਕ ਦੀ ਫਸਲ ਰਾਖ

## ਕਾਤਰੋਂ ਤੋਂ ਲੱਗੀ ਅੱਗ ਨੇ ਘਨੌਰੀ ਕਲਾਂ ਤੱਕ ਕੀਤੀ ਮਾਰ



**ਸ਼ੇਰਪੁਰ/ਧੂਰੀ (ਰਵੀ ਟਿੱਬਾ/ਮੋਹਿਤ ਗਰਗ, ਬਿੰਨੀ ਗਰਗ)**-ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਦੇ ਆਪਣੇ ਹਲਕੇ ਅੰਦਰ ਬੀਤੇ ਸ਼ਾਮ ਸਾਢੇ ਕੁ ਚਾਰ ਵਜੇ ਦੇ ਕਰੀਬ ਪਿੰਡ ਕਾਤਰੋਂ ਰੋਡ 'ਤੇ ਸਥਿਤ ਟਾਇਲ ਫੈਕਟਰੀ ਨੇੜੇ ਖੜੀ ਕਣਕ ਦੀ ਫਸਲ ਨੂੰ ਅਚਾਨਕ ਲੱਗੀ ਅੱਗ ਦੀਆਂ ਤੇਜ਼ ਲਪਟਾਂ ਨੇ 100 ਏਕੜ ਦੇ ਕਰੀਬ ਕਣਕ ਨੂੰ ਦੇਖਦੇ ਦੇਖਦੇ ਰਾਖ ਕਰ ਦਿੱਤਾ ਅਤੇ ਇਹ ਅੱਗ ਪਿੰਡ ਘਨੌਰੀ ਕਲਾਂ ਦੀਆਂ ਖੜੀਆਂ ਕਣਕਾਂ ਦਾ ਵੀ ਨੁਕਸਾਨ ਕਰ ਗਈ।ਸੋਸ਼ਲ ਮੀਡੀਆ 'ਤੇ ਸੂਚਨਾ ਮਿਲਦੇ ਹੀ ਨਸ਼ਾ ਰੋਕੂ ਕਮੇਟੀ ਸ਼ੇਰਪੁਰ ਦੇ ਆਗੂ ਬਲਵਿੰਦਰ ਸਿੰਘ ਬਿੰਦਾ ਤੇ ਗੋਪੀ ਗਰੇਵਾਲ ਦੀ ਅਗਵਾਈ ਹੇਠ ਨਿੱਜੀ ਫਾਇਰ ਬ੍ਰਿਗੇਡ ਲੈ ਕੇ ਪੁੱਜੇ ਨੌਜਵਾਨਾਂ ਤੇ ਇਲਾਕੇ ਦੇ ਲੋਕਾਂ ਦੀ ਕਰੜੀ ਜੱਦੋ ਜਹਿਦ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ।ਜਿਉਂ ਹੀ ਅੱਗ ਲੱਗਣ ਦੀ ਅਨਾਊਂਸਮੈਂਟ ਨੇੜਲੇ ਪਿੰਡਾਂ ਦੇ ਗੁਰੂ ਘਰਾਂ ਵਿੱਚ ਸ਼ੁਰੂ ਹੋਈ ਤਾਂ ਪਿੰਡਾਂ ਦੇ ਲੋਕ ਆਪਣੇ ਟਰੈਕਟਰ ਤੇ ਹੋਰ ਸਾਧਨਾਂ ਰਾਹੀਂ ਘਟਨਾ ਸਥਾਨ 'ਤੇ ਪਹੁੰਚਣੇ ਸ਼ੁਰੂ ਹੋ ਗਏ।ਫਾਇਰ ਬ੍ਰਿਗੇਡ ਦੀਆਂ ਗੱਡੀਆਂ ਆਉਣ ਤੋਂ ਪਹਿਲਾਂ ਪਾਣੀ ਵਾਲੀਆਂ ਟੈਂਕੀਆਂ ਤੇ ਹੋਰ ਸਾਧਨਾਂ ਤੋਂ ਇਲਾਵਾ ਟਰੈਕਟਰਾਂ ਨਾਲ ਨੇੜਲੀਆਂ ਫਸਲਾਂ ਨੂੰ ਵਾਹ ਕੇ ਅੱਗ ਉੱਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰਦੇ ਰਹੇ।ਅੱਗ ਨਾਲ ਕਾਫੀ ਕਿਸਾਨਾਂ ਦਾ ਵੱਡਾ ਨੁਕਸਾਨ ਹੋਇਆ ਹੈ।ਇਲਾਕਾ ਵਾਸੀਆਂ ਨੇ ਸਰਕਾਰ ਤੋਂ ਨੁਕਸਾਨੀਆਂ ਫਸਲਾਂ ਦੇ ਮੁਆਵਜ਼ੇ ਦੀ ਮੰਗ ਕੀਤੀ।ਜ਼ਿਕਰਯੋਗ ਹੈ ਕਿ ਵੱਖ-ਵੱਖ ਰਾਜਸੀ ਪਾਰਟੀਆਂ ਦੇ ਆਗੂ ਇਲਾਕੇ ਵਿੱਚ ਫਾਇਰ ਬ੍ਰਿਗੇਡ ਦੀ ਮੰਗ ਕਰਦੇ ਆ ਰਹੇ ਹਨ, ਦੇਖਣਾ ਹੋਵੇਗਾ ਕਿ ਬਲਾਕ ਸ਼ੇਰਪੁਰ ਵਿੱਚ ਇਸ ਮੰਗ ਨੂੰ ਕਦੋਂ ਬੂਰ ਪੈਂਦਾ ਹੈ।ਇਲਾਕੇ ਦੇ ਵੱਖ ਵੱਖ ਪਾਰਟੀਆਂ ਦੇ ਰਾਜਸੀ ਆਗੂਆਂ ਨੇ ਆਮ ਆਦਮੀ ਪਾਰਟੀ ਸਰਕਾਰ ਤੋਂ ਪਹਿਲ ਦੇ ਆਧਾਰ 'ਤੇ ਫਾਇਰ ਬ੍ਰਿਗੇਡ ਦੀ ਮੰਗ ਕੀਤੀ ਹੈ, ਜਿਨ੍ਹਾਂ ਵਿੱਚ ਸੀਨੀਅਰ ਅਕਾਲੀ ਆਗੂ ਮਾਸਟਰ ਹਰਬੰਸ ਸਿੰਘ ਸ਼ੇਰਪੁਰ, ਸਾਬਕਾ ਬਲਾਕ ਸੰਮਤੀ ਮੈਂਬਰ ਮੈਡਮ ਕਿਰਨਜੀਤ ਕੌਰ, ਆਂਗਣਵਾੜੀ ਆਗੂ ਸਿੰਦਰ ਕੌਰ ਬੜੀ, ਮੈਡਮ ਪਰਮਜੀਤ ਕੌਰ ਖੇੜੀ, ਜਗਜੀਤ ਕੌਰ ਖੇੜੀ, ਸਾਬਕਾ ਸਰਪੰਚ ਪਰਮਜੀਤ ਕੌਰ ਰੂੜਗੜ੍ਹ, ਬਲਵੰਤ ਕੌਰ ਘਨੌਰੀ, ਕਾਂਗਰਸੀ ਆਗੂ ਬਨੀ ਖ਼ੈਰਾ, ਐਡਵੋਕੇਟ ਬਲਦੇਵ ਸਿੰਘ ਪੇਦਨੀ, ਕਾਂਗਰਸ ਬਲਾਕ ਪ੍ਰਧਾਨ ਸ਼ੇਰਪੁਰ ਜਸਮੇਲ ਸਿੰਘ ਬੜੀ, ਉੱਘੇ ਸਮਾਜ ਸੇਵੀ ਬਾਬਾ ਨਿਰਮਲ ਸਿੰਘ ਔਲਖ, ਜਸਮੇਲ ਸਿੰਘ ਖੇੜੀ, ਕਿਸਾਨ ਆਗੂ ਸਾਬਕਾ ਸਰਪੰਚ ਰਣਜੀਤ ਸਿੰਘ ਧਾਲੀਵਾਲ, ਉਦਯੋਗਪਤੀ ਚੇਤੰਨ ਗੋਇਲ ਸੋਨੀ, ਠੇਕੇਦਾਰ ਸੰਜੇ ਸਿੰਗਲਾ, ਕ੍ਰਿਸ਼ਨ ਕੁਮਾਰ ਨੀਟੂ ਸਿੰਗਲਾ, ਉੱਘੇ ਲੇਖਕ ਸੁਖਦੇਵ ਸਿੰਘ ਔਲਖ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਮਨਜੀਤ ਸਿੰਘ ਧਾਮੀ, ਮਾਸਟਰ ਚਰਨ ਸਿੰਘ ਜਵੰਦਾ, ਰਾਮਦਾਸ ਬਿੱਟੂ, ਡਾਕਟਰ ਜਗਜੀਵਨ ਸਿੰਘ ਸਾਬਕਾ ਡੀਐੱਚਓ, ਐਡਵੋਕੇਟ ਜਸਵੀਰ ਸਿੰਘ ਖੇੜੀ, ਇੰਸਪੈਕਟਰ ਬਹਾਦਰ ਸਿੰਘ ਢੰਡਾ ਸਾਬਕਾ ਪੰਚ, ਐਡਵੋਕੇਟ ਜਿੰਮੀ ਗਰਗ ਤੇ ਵੱਡੀ ਗਿਣਤੀ ਕਿਸਾਨਾਂ, ਮਜ਼ਦੂਰਾਂ ਨੇ ਆਮ ਆਦਮੀ ਪਾਰਟੀ ਸਰਕਾਰ ਤੋਂ ਪੀੜਤ ਕਿਸਾਨਾਂ ਲਈ ਮੁਆਵਜ਼ੇ ਦੀ ਮੰਗ ਕੀਤੀ ਹੈ।

# ਛੋਟਾ ਹਾਥੀ ਤੇ ਮੋਟਰਸਾਈਕਲ ਦੀ ਟੱਕਰ 'ਚ ਮਾਂ-ਪੁੱਤ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਆਰਿਫ ਕੇ ਅਧੀਨ ਆਉਂਦੇ ਪਿੰਡ ਨਿਹਾਲਾ ਲਵੇਰਾ ਕੋਲ ਛੋਟਾ ਹਾਥੀ ਤੇ ਮੋਟਰਸਾਈਕਲ ਦੀ ਟੱਕਰ ਵਿੱਚ ਮਾਂ-ਪੁੱਤਰ ਦੀ ਮੌਤ ਹੋਣ ਦੇ ਮਾਮਲੇ ਵਿੱਚ ਥਾਣਾ ਆਰਿਫ ਕੇ ਪੁਲਸ ਨੇ ਛੋਟਾ ਹਾਥੀ ਚਾਲਕ ਖਿਲਾਫ 106, 281, 324 (4) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਮੰਗਜੀਤ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਨਿਹਾਲਾ ਲਵੇਰਾ ਨੇ ਦੱਸਿਆ ਕਿ 16 ਅਪ੍ਰੈਲ 2025 ਨੂੰ ਮੇਰਾ ਲੜਕਾ ਲਵਪ੍ਰੀਤ ਸਿੰਘ ਤੇ ਮੇਰੀ ਪਤਨੀ ਬਲਜੀਤ ਕੌਰ ਮੋਟਰਸਾਈਕਲ ਨੰਬਰ ਪੀਬੀ 46 ਐੱਫ 4212 ਪਲਟੀਨਾ 'ਤੇ ਪਿੰਡ ਨਿਹਾਲਾ ਲਵੇਰਾ ਤੋਂ ਦਵਾਈ ਲੈਣ ਵਾਸਤੇ ਆਰਿਫ ਕੇ ਆਏ ਸੀ। ਮੰਗਜੀਤ ਸਿੰਘ ਨੇ ਦੱਸਿਆ ਕਿ ਕਰੀਬ 7.30 ਵਜੇ ਸ਼ਾਮ ਦੇ ਪਿੰਡ ਬੱਗੇ ਵਾਲਾ ਤੋਂ ਥੋੜ੍ਹਾ ਪਿੱਛੇ ਸ਼ਮਸ਼ਾਨ ਘਾਟ ਪੁੱਜੇ ਤਾਂ ਸਾਹਮਣੇ ਤੋਂ ਇੱਕ ਛੋਟਾ ਹਾਥੀ ਨੰਬਰ ਪੀਬੀ 05 ਏਐੱਸ 4761 ਦੇ ਡਰਾਈਵਰ ਜਗਸੀਰ ਸਿੰਘ ਵਾਸੀ ਪਿੰਡ ਕੁੰਡੇ ਨੇ ਤੇਜ਼ ਰਫਤਾਰ ਨਾਲ ਲਿਆ ਕੇ ਮੋਟਰਸਾਈਕਲ ਪਲਟੀਨਾ ਵਿੱਚ ਮਾਰਿਆ, ਜਿਸ ਵਿੱਚ ਮੇਰਾ ਲੜਕਾ ਲਵਪ੍ਰੀਤ ਸਿੰਘ ਤੇ ਮੇਰੀ ਘਰਵਾਲੀ ਬਲਜੀਤ ਕੌਰ ਦੀ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਕੁਲਬੀਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਛੋਟਾ ਹਾਥੀ ਚਾਲਕ ਦੇ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਅੱਜ ਬਿਜਲੀ ਬੰਦ ਰਹੇਗੀ

**ਪਾਤੜਾਂ (ਪੱਤਰ ਪ੍ਰੇਰਕ)**-ਵਧੀਕ ਨਿਗਰਾਨ ਇੰਜੀਨੀਅਰ, ਵੰਡ ਮੰਡਲ ਪਾਤੜਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 220 ਕੇਵੀ ਪਾਤੜਾਂ ਗਰਿੱਡ ਤੋਂ ਚਲਦੇ ਸਾਰੇ ਸ਼ਹਿਰੀ ਪੇਂਡੂ ਤੇ ਏਪੀ ਟਿਊਬਵੈੱਲਾਂ ਦੇ ਬਿਜਲੀ ਸਪਲਾਈ ਦੇ 11 ਕੇਵੀ ਫੀਡਰ ਗਰਿੱਡ ਦੀ ਜ਼ਰੂਰੀ ਮੈਂਟੀਨੈਂਸ ਕਾਰਨ 19 ਅਪ੍ਰੈਲ ਨੂੰ ਸਵੇਰੇ ਸਮਾਂ 9.00 ਵਜੇ ਤੋਂ ਸ਼ਾਮ 5.00 ਵਜੇ ਤੱਕ ਬੰਦ ਰਹਿਣਗੇ।ਇਸ ਦੇ ਨਾਲ ਹੀ ਪਾਤੜਾਂ ਗਰਿੱਡ ਤੋਂ ਚਲਦੇ 66 ਕੇ ਵੀ ਗਰਿੱਡ ਦੁਗਾਲ, ਖਨੌਰੀ ਤੇ ਸ਼ੁਤਰਾਣਾ ਦੀ ਬਿਜਲੀ ਸਪਲਾਈ ਵੀ ਇਸ ਸਮੇਂ ਦੌਰਾਨ ਬੰਦ ਰਹੇਗੀ, ਜਿਸ ਕਾਰਨ ਇਨ੍ਹਾਂ ਗਰਿੱਡਾਂ ਤੋਂ ਚੱਲਦੇ ਸਾਰੇ ਫੀਡਰਾਂ ਦੀ ਸਪਲਾਈ ਦਰਸਾਏ ਸਮੇਂ ਲਈ ਬੰਦ ਰਹੇਗੀ।

# ਮੁਲਾਜ਼ਮ, ਪੈਨਸ਼ਨਰਜ਼ ਸਾਂਝਾ ਫਰੰਟ ਨੇ ਫੂਕੀ ਪੰਜਾਬ ਸਰਕਾਰ ਦੀ ਅਰਥੀ

## ਪੰਜਾਬ ਸਰਕਾਰ ਨੇ ਸਾਂਝਾ ਫਰੰਟ ਨੂੰ 15 ਅਪ੍ਰੈਲ ਦਾ ਗੱਲਬਾਤ ਲਈ ਸਮਾਂ ਦੇ ਕੇ ਕੀਤਾ ਧੋਖਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਸਰਕਾਰ ਵੱਲੋਂ ਬਣਾਈ ਕੈਬਨਿਟ ਸਬ ਕਮੇਟੀ ਨੇ ਸਾਂਝਾ ਫਰੰਟ ਨਾਲ ਮੀਟਿੰਗ ਲਈ 15 ਅਪ੍ਰੈਲ ਦਾ ਸਮਾਂ ਦਿੱਤਾ ਸੀ, ਪਰ ਜਦੋਂ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਦੇ ਆਗੂ ਗੱਡੀਆਂ, ਬੱਸਾਂ 'ਤੇ ਸਵਾਰ ਹੋ ਕੇ ਗੱਲਬਾਤ ਲਈ ਚੰਡੀਗੜ੍ਹ ਪਹੁੰਚੇ ਤਾਂ ਉੱਥੇ ਹਾਜ਼ਰ ਅਧਿਕਾਰੀਆਂ ਨੇ ਜਵਾਬ ਦੇ ਦਿੱਤਾ ਕਿ ਮੀਟਿੰਗ ਸਬੰਧੀ ਸਾਡੇ ਸ਼ਡਿਊਲ ਵਿੱਚ ਦਰਜ ਨਹੀਂ ਹੈ।ਸਬ ਕਮੇਟੀ ਨਾਲ ਮੀਟਿੰਗ ਨਾ ਹੋਣ ਕਰਕੇ ਮੁਲਾਜ਼ਮ ਆਗੂਆਂ ਨੇ ਕਿਹਾ ਕਿ ਆਪਣੇ ਰੁਝੇਵੇਂ ਛੱਡ ਕੇ ਸੈਂਕੜੇ ਮੀਲ ਦਾ ਸਫ਼ਰ ਤੇ ਹਜ਼ਾਰਾਂ ਰੁਪਏ ਖਰਚ ਕਰਕੇ ਚੰਡੀਗੜ੍ਹ ਪਹੁੰਚੇ ਹਾਂ, ਪਰ ਸਰਕਾਰ ਨੇ ਸਮਾਂ ਦੇ ਕੇ ਧੋਖਾ ਕੀਤਾ। ਆਗੂਆਂ ਵਿਚ ਪੰਜਾਬ ਸਰਕਾਰ ਦੇ ਹੱਠੀ ਰਵੱਈਏ ਕਾਰਨ ਗੁੱਸਾ ਤੇ ਰੋਹ ਜਾਗਣਾ ਕੁਦਰਤੀ ਸੀ।

ਉਨ੍ਹਾਂ ਸਾਰੇ ਪਹੁੰਚੇ ਕਨਵੀਨਰਾਂ ਨਾਲ ਮੀਟਿੰਗ ਕਰਨ ਉਪਰੰਤ ਸਾਰੇ ਪੰਜਾਬ ਵਿੱਚ 22 ਅਪ੍ਰੈਲ ਤੱਕ ਪੰਜਾਬ ਸਰਕਾਰ ਦੀਆਂ ਅਰਥੀਆਂ ਸਾੜ ਕੇ ਆਪਣੀਆਂ ਹੱਕੀ ਤੇ ਸੰਵਿਧਾਨਕ ਮੰਗਾਂ ਦੀ ਪ੍ਰਾਪਤੀ ਲਈ ਆਵਾਜ਼ ਬੁਲੰਦ ਕਰਨ ਦਾ ਫੈਸਲਾ ਕੀਤਾ ਗਿਆ ਸੀ, ਜਿਸ ਦੀ ਰੋਸ਼ਨੀ ਵਿੱਚ ਅੱਜ ਮੋਗਾ ਦੇ ਸੂਬੇਦਾਰ ਜੋਗਿੰਦਰ ਸਿੰਘ ਮੁੱਖ ਚੌਕ ਵਿੱਚ ਸਾਂਝੇ ਫਰੰਟ ਦੀਆਂ ਸਮੂਹ ਜਥੇਬੰਦੀਆਂ ਨੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਆਪਣੇ ਗੁੱਸਾ ਤੇ ਰੋਹ ਦਾ ਪ੍ਰਗਟਾਵਾ ਕੀਤਾ।ਅਰਥੀ ਫੂਕ ਮੁਜ਼ਾਹਰੇ ਵਿੱਚ ਸਾਂਝਾ ਫਰੰਟ ਆਗੂਆਂ ਸੁਖਦੇਵ ਸਿੰਘ ਰਾਊਕੇ, ਪ੍ਰੇਮ ਕੁਮਾਰ, ਬਿੱਕਰ ਸਿੰਘ ਮਾਛੀਕੇ, ਰਛਪਾਲ ਸਿੰਘ ਸੰਧੂ, ਸੁਖਦੇਵ ਸਿੰਘ ਘੋਸਾ, ਜਸਪਤ ਰਾਏ, ਅਮਰੀਕ ਸਿੰਘ ਮਸੀਤਾਂ, ਗੁਰਮੇਲ ਸਿੰਘ ਨਾਹਰ, ਗੁਰਜੰਟ ਸਿੰਘ ਕੋਕਰੀ, ਭੁਪਿੰਦਰ ਸਿੰਘ ਸੇਖੋਂ, ਰਾਜਿੰਦਰ ਸਿੰਘ ਰਿਆੜ, ਕੁਲਵੀਰ ਸਿੰਘ ਢਿੱਲੋਂ, ਕੁੱਸਾ ਸਤਯਮ ਪ੍ਰਕਾਸ਼, ਚਮਕੌਰ ਸਿੰਘ ਸਰਾਂ, ਦਰਸ਼ਨ ਲਾਲ, ਜੁਗਿੰਦਰ ਸਿੰਘ ਰਣਸੀਂਹ ਤੇ ਸੁਰਿੰਦਰ ਰਾਮ ਕੁੱਸਾ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਕੋਈ ਢੁੱਕਵਾਂ ਫੈਸਲਾ ਨਾ ਕੀਤਾ ਤਾਂ ਸਾਂਝਾ ਫਰੰਟ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਆਗੂਆਂ ਨੇ ਲੁਧਿਆਣਾ ਜ਼ਿਮਨੀ ਚੋਣ ਸਮੇਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਖ਼ਿਲਾਫ਼ ਸ਼ਹਿਰ ਦੀ ਗਲੀ ਗਲੀ ਵਿੱਚ ਵਿਸ਼ਾਲ ਝੰਡਾ ਮਾਰਚ ਕਰਕੇ ਭਗਵੰਤ ਸਿੰਘ ਮਾਨ ਸਰਕਾਰ ਦੀਆਂ ਨਾਕਾਮੀਆਂ ਦਾ ਚਿੱਠਾ ਜੱਗ ਜ਼ਾਹਰ ਕੀਤਾ ਜਾਵੇਗਾ।ਅੱਜ ਦੇ ਪੁਤਲਾ ਫੂਕ ਪ੍ਰੋਗਰਾਮ ਵਿੱਚ ਕੇਵਲ ਸਿੰਘ, ਸੁਰਿੰਦਰ ਸਿੰਘ, ਮਲਕੀਤ ਸਿੰਘ ਬੌਡੇ, ਠਾਣਾ ਸਿੰਘ, ਬੂਟਾ ਸਿੰਘ ਭੱਟੀ, ਚਰਨ ਸਿੰਘ ਡਰਾਈਵਰ, ਸੁਰਜਾ ਰਾਮ, ਪਿਆਰਾ ਸਿੰਘ, ਬਖਸ਼ੀਸ਼ ਸਿੰਘ, ਜਸਪਾਲ ਸਿੰਘ, ਨਾਇਬ ਸਿੰਘ, ਬਲੌਰ ਸਿੰਘ ਘਾਲੀ, ਜਾਗੀਰ ਸਿੰਘ ਖੋਖਰ, ਸੁਖਪਾਲ ਜੀਤ ਸਿੰਘ, ਪੋਹਲਾ ਸਿੰਘ ਬਰਾੜ ਤੇ ਗਿਆਨ ਸਿੰਘ ਸੇਵਾ ਮੁਕਤ ਡੀ ਪੀ ਆਰ ਓ ਸਮੇਤ ਬਹੁਤ ਸਾਰੇ ਆਗੂਆਂ ਨੇ ਇਕੱਠੇ ਹੋ ਕੇ ਸਰਕਾਰ ਵਿਰੁੱਧ ਨਾਹਰੇਬਾਜ਼ੀ ਕੀਤੀ।

## ਕਾਤਰਾਂ

### ਮਨਾਲ ਵਿਖੇ ਨਸ਼ਿਆਂ ਵਿਰੁੱਧ ਕੀਤਾ ਜਾਗਰੂਕ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਐੱਸ ਡੀ ਐੱਮ ਹਰਕੰਵਲਜੀਤ ਸਿੰਘ ਮਹਿਲ ਕਲਾਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਮਨਾਲ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿੱਚ ਲੋਕਾਂ ਨੂੰ ਨਸ਼ਿਆਂ ਤੋਂ ਹੋਣ ਵਾਲੇ ਨੁਕਸਾਨ, ਨੌਜਵਾਨ ਪੀੜ੍ਹੀ ਨੂੰ ਬਚਾਉਣ, ਉਨ੍ਹਾਂ ਨੂੰ ਪਿਆਰ ਨਾਲ ਸਮਝਾਉਣ ਬਾਰੇ ਵੀ ਜਾਗਰੂਕ ਕੀਤਾ ਗਿਆ।ਇਸ ਮੌਕੇ ਜਸਵੀਰ ਕੌਰ, ਨਿਰਭੈ ਸਿੰਘ, ਭੁਪਿੰਦਰ ਸਿੰਘ ਹਮੀਦੀ, ਹਰਦੇਵ ਸਿੰਘ ਹਮੀਦੀ, ਸਮੂਹ ਪੰਚਾਇਤ, ਆਸ਼ਾ ਵਰਕਰ, ਆਂਗਣਵਾੜੀ ਵਰਕਰ, ਪਿੰਡ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

### ਤਰਕਸ਼ੀਲ ਸੁਸਾਇਟੀ ਜ਼ੋਨ ਬਠਿੰਡਾ ਦਾ ਚੋਣ ਅਜਲਾਸ ਭਲਕੇ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਤਰਕਸ਼ੀਲ ਸੁਸਾਇਟੀ ਪੰਜਾਬ ਜ਼ੋਨ ਬਠਿੰਡਾ ਦਾ 2 ਸਾਲਾ ਚੋਣ ਅਜਲਾਸ ਸਥਾਨਕ ਟੀਚਰਜ਼ ਹੋਮ ਬਠਿੰਡਾ ਵਿਖੇ 20 ਅਪ੍ਰੈਲ ਨੂੰ ਸਵੇਰੇ 10 ਵਜੇ ਸ਼ੁਰੂ ਹੋਵੇਗਾ ਤੇ ਬਾਅਦ ਦੁਪਹਿਰ ਤੱਕ ਚੱਲੇਗਾ, ਜਿਸ ਵਿੱਚ ਜ਼ੋਨ ਬਠਿੰਡਾ ਦੀਆਂ ਸਾਰੀਆਂ ਇਕਾਈਆਂ ਦੇ ਜਥੇਬੰਦਕ ਵਿਭਾਗ ਮੁਖੀ, ਵਿੱਤ ਵਿਭਾਗ ਮੁਖੀ ਤੇ ਇਕਾਈਆਂ ਵੱਲੋਂ ਪਹਿਲਾਂ ਚੁਣੇ ਗਏ ਡੈਲੀਗੇਟ ਸ਼ਾਮਲ ਹੋਣਗੇ।ਚੁਣੇ ਹੋਏ ਆਗੂ ਜਾਂ ਸਰਗਰਮ ਮੈਂਬਰ ਬਤੌਰ ਦਰਸ਼ਕ ਵੀ ਸ਼ਾਮਲ ਹੋ ਸਕਦੇ ਹਨ।ਅਜਲਾਸ ਵਿੱਚ ਪਹਿਲੀ ਜ਼ੋਨ ਕਮੇਟੀ ਕਾਰਜਕਾਰਨੀ ਦੇ ਆਗੂ, ਆਪਣੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕਰਨਗੇ। ਉਪਰੰਤ ਅਜਲਾਸ ਵੱਲੋਂ ਨਵੀਂ ਜ਼ੋਨ ਕਾਰਜਕਾਰਨੀ ਕਮੇਟੀ ਚੁਣੀ ਜਾਵੇਗੀ।ਬਠਿੰਡਾ ਜ਼ੋਨ ਦੀਆਂ ਸਮੂਹ ਇਕਾਈਆਂ ਨੂੰ ਬੇਨਤੀ ਹੈ ਕਿ 20 ਅਪ੍ਰੈਲ ਨੂੰ ਸਵੇਰੇ 10 ਵਜੇ ਟੀਚਰਜ਼ ਹੋਮ ਬਠਿੰਡਾ ਵਿਖੇ ਪਹੁੰਚਣ ਦੀ ਕ੍ਰਿਪਾਲਤਾ ਕਰਨ।

### ਘਰੇਲੂ ਕਲੇਸ਼ ਦੇ ਚੱਲਦੇ ਸਕੂਟੀ ਸਣੇ ਨਹਿਰ 'ਚ ਮਾਰੀ ਛਾਲ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਨਾਭਾ ਰੋਡ 'ਤੇ ਇਕ ਵਿਅਕਤੀ ਨੇ ਜੀਵਨ ਦੀਆਂ ਤਕਲੀਫ਼ਾਂ ਤੋਂ ਤੰਗ ਆ ਕੇ ਭਾਖੜਾ ਨਹਿਰ 'ਚ ਆਪਣੀ ਸਕੂਟੀ ਸਮੇਤ ਛਾਲ ਮਾਰ ਦਿੱਤੀ। ਮਿਲੀ ਜਾਣਕਾਰੀ ਮੁਤਾਬਕ ਪੀੜਤ ਵਿਅਕਤੀ ਦੀ ਪਤਨੀ ਉਸ ਨੂੰ ਛੱਡ ਕੇ ਮਾਇਕੇ ਚਲੀ ਗਈ ਸੀ, ਜਿਸ ਕਾਰਨ ਉਹ ਗਹਿਰੇ ਤਣਾਅ ਦੀ ਹਾਲਤ ਵਿੱਚ ਚਲਾ ਗਿਆ। ਦੋ ਬੱਚਿਆਂ ਦਾ ਪਿਤਾ ਇਹ ਵਿਅਕਤੀ ਇੱਕ ਪ੍ਰਾਈਵੇਟ ਫਰਮ ਵਿੱਚ ਨੌਕਰੀ ਕਰਦਾ ਹੈ। ਘਟਨਾ ਤੋਂ ਪਹਿਲਾਂ ਉਸ ਨੇ ਸ਼ਰਾਬ ਵੀ ਪੀਤੀ ਹੋਈ ਸੀ।ਜਿਵੇਂ ਹੀ ਉਸ ਨੇ ਨਹਿਰ 'ਚ ਛਾਲ ਮਾਰੀ, ਉਥੇ ਮੌਜੂਦ ਗੋਤਾਖੋਰਾਂ ਨੇ ਤੁਰੰਤ ਕਾਰਵਾਈ ਕਰਦੇ ਹੋਏ ਉਸ ਨੂੰ ਬਾਹਰ ਕੱਢਿਆ ਅਤੇ ਪੁਲਸ ਦੇ ਹਵਾਲੇ ਕਰ ਦਿੱਤਾ।ਡਾਕਟਰਾਂ ਮੁਤਾਬਕ ਵਿਅਕਤੀ ਨੂੰ ਹਲਕੀ ਸਿਹਤ ਸੰਬੰਧੀ ਦਿੱਕਤ ਸੀ ਪਰ ਹੁਣ ਉਹ ਖਤਰੇ ਤੋਂ ਬਾਹਰ ਹੈ। ਸਥਾਨਕ ਲੋਕਾਂ ਨੇ ਜਦ ਦੇਖਿਆ ਕਿ ਇੱਕ ਵਿਅਕਤੀ ਭਾਖੜਾ ਨਹਿਰ 'ਚ ਡੁੱਬ ਰਿਹਾ ਤਾਂ ਉਨ੍ਹਾਂ ਨੇ ਤੁਰੰਤ ਉਸ ਨੂੰ ਸੁਰੱਖਿਅਤ ਬਾਹਰ ਕੱਢ ਲਿਆ।

# ਭਾਖੜਾ ਨਹਿਰ 'ਚੋਂ ਨੌਜਵਾਨ ਕੁੜੀ ਦੀ ਮਿਲੀ ਲਾਸ਼

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਵਿੱਚ ਇੱਕ ਸਨਸਨੀਖੇਜ਼ ਘਟਨਾ ਸਾਹਮਣੇ ਆਈ ਹੈ, ਜਿਸ ਵਿੱਚ 21 ਸਾਲਾ ਨੌਜਵਾਨ ਕੁੜੀ ਸ਼ਰੀਨ ਦੀ ਲਾਸ਼ ਪਟਿਆਲਾ ਦੀ ਗੰਡਾ ਖੇੜੀ ਭਾਖੜਾ ਨਹਿਰ ਵਿੱਚੋਂ ਮਿਲੀ ਹੈ।ਪਟਿਆਲਾ ਦੀ ਮਥੁਰਾ ਕਲੋਨੀ ਦੀ ਰਹਿਣ ਵਾਲੀ ਇਹ ਕੁੜੀ, ਜੋ 10 ਤਾਰੀਖ ਤੋਂ ਲਾਪਤਾ ਸੀ, ਦੀ ਲਾਸ਼ ਅੱਜ ਪੁਲਸ ਪ੍ਰਸ਼ਾਸਨ ਨੂੰ ਗੰਡਾ ਖੇੜੀ ਭਾਖੜਾ ਨਹਿਰ ਵਿੱਚੋਂ ਬਰਾਮਦ ਹੋਈ ਹੈ।ਪਰਵਾਰ ਦੇ ਦੱਸਣ ਮੁਤਾਬਕ ਉਨ੍ਹਾਂ ਦੀ ਧੀ ਦਾ ਰਿਸ਼ਤਾ ਹੋ ਗਿਆ ਸੀ, ਪਰ ਮੋਹਾਲੀ ਦਾ ਰਹਿਣ ਵਾਲਾ ਇੱਕ 46 ਸਾਲਾ ਵਿਅਕਤੀ ਆਸ਼ੀਸ਼ ਕੁਮਾਰ ਉਸ ਨੂੰ ਵਿਆਹ ਕਰਵਾਉਣ ਲਈ ਤੇ ਸਰੀਰਕ ਸੰਬੰਧ ਬਣਾਉਣ ਲਈ ਤੰਗ ਪ੍ਰੇਸ਼ਾਨ ਕਰਦਾ ਸੀ।ਪਹਿਲਾਂ ਪੀੜਤ ਪਰਵਾਰ ਜ਼ੀਰਕਪੁਰ ਰਹਿੰਦਾ ਸੀ, ਜਿੱਥੇ ਸ਼ਰੀਨ ਦੀ ਆਸ਼ੀਸ਼ ਨਾਲ ਦੋਸਤੀ ਹੋਈ ਸੀ ਅਤੇ ਦੋਵੇਂ ਰਿਲੇਸ਼ਨਸ਼ਿਪ ਵਿੱਚ ਸੀ, ਪਰ ਸ਼ਰੀਨ ਨੂੰ ਜਦੋਂ ਪਤਾ ਲੱਗਾ ਕਿ ਆਸ਼ੀਸ਼ ਵਿਆਹਿਆ ਹੋਇਆ ਹੈ ਅਤੇ ਉਸ ਦੇ ਬੱਚੇ ਵੀ ਹਨ ਤਾਂ ਉਸ ਨੇ ਆਸ਼ੀਸ਼ ਨਾਲ ਬ੍ਰੇਕਅਪ ਕਰ ਲਿਆ।

ਇਸ ਮਗਰੋਂ ਪਰਵਾਰ ਨੇ ਆਪਣੀ ਬੇਟੀ ਸ਼ਰੀਨ ਦਾ ਵਿਆਹ ਤੈਅ ਕੀਤਾ, ਜਿਸ ਦੀ ਭਣਕ ਆਸ਼ੀਸ਼ ਨੂੰ ਲੱਗੀ ਅਤੇ ਉਹ ਘਰ ਪਹੁੰਚਿਆ।ਆਪਣੀ ਗੱਡੀ ਵਿੱਚ ਲੜਕੀ ਨੂੰ ਬਿਠਾ ਕੇ ਲੈ ਗਿਆ।ਉਸ ਸਮੇਂ ਤੋਂ ਹੀ ਲੜਕੀ ਘਰੋਂ ਲਾਪਤਾ ਸੀ ਅਤੇ ਅੱਜ ਉਸ ਦੀ ਲਾਸ਼ ਭਾਖੜਾ ਨਹਿਰ ਵਿੱਚੋਂ ਮਿਲੀ ਹੈ, ਜਿਸ ਤੋਂ ਬਾਅਦ ਪੁਲਸ ਨੇ ਮ੍ਰਿਤਕ ਲੜਕੀ ਸ਼ਰੀਨ ਦੀ ਵੱਡੀ ਭੈਣ ਦੇ ਬਿਆਨਾਂ 'ਤੇ ਅਸ਼ੀਸ਼ ਕੁਮਾਰ ਨਾਮ ਦੇ ਵਿਅਕਤੀ ਖ਼ਿਲਾਫ ਮਾਮਲਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

# ਟੀ ਐੱਸ ਯੂ ਵੱਲੋਂ ਪਾਵਰਕਾਮ ਮੈਨੇਜਮੈਂਟ ਤੇ ਸਰਕਾਰ ਖਿਲਾਫ ਰੈਲੀ



**ਭੀਖੀ (ਗੁਰਿੰਦਰ ਸਿੰਘ ਔਲਖ)**

ਟੈਕਨੀਕਲ ਸਰਵਿਸਜ਼ ਯੂਨੀਅਨ ਸੂਬਾ ਵਰਕਿੰਗ ਕਮੇਟੀ ਪੰਜਾਬ ਦੇ ਸੱਦੇ 'ਤੇ ਬਿਜਲੀ ਬੋਰਡ ਦੀ ਸਬ-ਡਵੀਜ਼ਨ ਭੀਖੀ ਵਿਖੇ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ/ਕੇਂਦਰ ਸਰਕਾਰ ਖ਼ਿਲਾਫ਼ ਕੀਤੀ ਗਈ ਰੈਲੀ 'ਚ ਸ਼ਾਮਲ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਨੇ ਜ਼ੋਰਦਾਰ ਅਵਾਜ਼ ਬੁਲੰਦ ਕਰਦਿਆਂ ਵੱਖ ਵੱਖ ਮਹਿਕਮਿਆਂ ਦੀਆਂ ਮੈਨੇਜਮੈਂਟਾਂ ਤੇ ਪੰਜਾਬ ਸਰਕਾਰ ਤੋਂ ਇਨ੍ਹਾਂ ਸਾਰੇ ਮੁਲਾਜ਼ਮ ਤੇ ਲੋਕ ਵਿਰੋਧੀ ਫੈਸਲਿਆਂ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ।ਵਧੇ ਕੰਮ ਭਾਰ ਮੁਤਾਬਿਕ ਪਹਿਲ ਦੇ ਆਧਾਰ 'ਤੇ ਠੇਕਾ ਕਾਮਿਆਂ ਨੂੰ ਉਨ੍ਹਾਂ ਦੀ ਯੋਗਤਾ ਮੁਤਾਬਿਕ ਪੱਕੇ ਕਰਕੇ ਬਾਕੀ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਫੌਰੀ ਭਰਨ, ਪੁਰਾਣੀਆਂ ਸੇਵਾ ਸ਼ਰਤਾਂ ਬਹਾਲ ਕਰਨ, ਕਿਰਤ ਕਾਨੂੰਨਾਂ 'ਚ ਕੀਤੀਆਂ ਸੋਧਾਂ ਨੂੰ ਰੱਦ ਕਰਨ ਦੀ ਮੰਗ ਕੀਤੀ।ਰੈਲੀ 'ਚ ਸ਼ਾਮਲ ਮੁਲਾਜ਼ਮ ਤੇ ਰਿਟਾਇਰੀ ਸਾਥੀਆਂ ਨੂੰ ਟੈਕਨੀਕਲ ਸਰਵਿਸਜ਼ ਯੂਨੀਅਨ ਭੰਗਲ ਦੇ ਸਬਡਵੀਜ਼ਨ ਪ੍ਰਧਾਨ ਸੱਤਪਾਲ ਸ਼ਰਮਾ, ਡਵੀਜ਼ਨ ਪ੍ਰਧਾਨ ਰਮਨ ਕੁਮਾਰ, ਸਾਬਕਾ ਡਵੀਜ਼ਨ ਪ੍ਰਧਾਨ ਬੁਢਲਾਡਾ ਜਸਪਾਲ ਸਿੰਘ ਭੀਖੀ, ਪੈਨਸ਼ਨਰ ਐਸੋਸੀਏਸ਼ਨ ਅਜ਼ਾਦ ਡਵੀਜ਼ਨ ਬੁਢਲਾਡਾ ਦੇ ਪ੍ਰਧਾਨ ਮਹਿੰਦਰ ਸਿੰਘ, ਸਰਕਲ ਸੱਕਤਰ ਜਗਤਾਰ ਸਿੰਘ ਬੱਪੀਆਣਾ, ਪਾਵਰਕਾਮ ਐਂਡ ਟਰਾਂਸਕੋ ਕੰਟੈਰਕਟ ਵਰਕਰ ਯੂਨੀਅਨ ਪੰਜਾਬ ਸਬ-ਡਵੀਜ਼ਨ ਪ੍ਰਧਾਨ ਕਾਲਾ ਸਿੰਘ ਸਮਾਓਂ, ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਦੇ ਆਗੂ ਕੁਲਦੀਪ ਸਿੰਘ, ਪੈਨਸ਼ਨਰ ਐਸੋਸੀਏਸ਼ਨ ਪੰਜਾਬ ਦੇ ਆਗੂ ਦੇਸ ਰਾਜ, ਮਿੱਠਾ ਸਿੰਘ, ਗੁਰਸੇਵਕ ਸਿੰਘ ਨੇ ਸੰਬੋਧਨ ਕੀਤਾ।ਰੈਲੀ 'ਚ ਸ਼ਾਮਲ ਹੋਏ ਟੈਕਨੀਕਲ ਸਰਵਿਸਜ਼ ਯੂਨੀਅਨ ਭੰਗਲ ਸਰਕਲ ਬਠਿੰਡਾ ਦੇ ਸੱਕਤਰ ਸਤਵਿੰਦਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੀ ਰੈਲੀ 'ਚ ਸ਼ਾਮਲ ਆਗੂਆਂ ਤੇ ਵਰਕਰਾਂ ਦੀਆਂ ਮੰਗਾਂ ਨੂੰ ਸਾਂਝੇ ਤੇ ਸਿਰੜੀ ਸੰਘਰਸ਼ ਨਾਲ ਹੀ ਮਨਵਾਇਆ ਜਾ ਸਕਦਾ ਹੈ।ਇਸ ਲਈ ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਆਪਣੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਰੱਖੀਆਂ ਜਾਣ ਗਈਆਂ।ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ 25 ਐਪ੍ਰਲ ਨੂੰ ਸਰਕਲ ਪੱਧਰੀ ਕੀਤੀ ਜਾ ਰਹੀ ਕਨਵੈਨਸ਼ਨ ਵਿੱਚ ਠੇਕਾ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ, ਵਰਕਰਾਂ, ਪੈਨਸ਼ਨਰ ਐਸੋਸੀਏਸ਼ਨ ਦੇ ਆਗੂਆਂ ਤੇ ਵਰਕਰਾਂ ਨੂੰ ਸ਼ਾਮਲ ਹੋਣ ਦਾ ਸੱਦਾ ਦਿੱਤਾ।1 ਮਈ ਦੀ ਕੌਮਾਂਤਰੀ ਮਜ਼ਦੂਰ ਦਿਵਸ ਨੂੰ ਸਾਂਝੇ ਤੌਰ 'ਤੇ ਕਾਰਪੋਰੇਟ ਘਰਾਣਿਆਂ ਵਿਰੋਧੀ ਦਿਵਸ ਵਜੋਂ ਮਨਾਉਣ ਦਾ ਸੱਦਾ ਦਿੱਤਾ।ਇਕੱਠ ਵੱਲੋਂ ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ ਦੇ ਸੰਘਰਸ਼ ਦੀ ਜ਼ੋਰਦਾਰ ਹਮਾਇਤ ਕਰਦਿਆਂ ਪੰਜਾਬ ਸਰਕਾਰ ਤੇ ਬਠਿੰਡਾ ਜ਼ਿਲ੍ਹੇ ਦੇ ਪ੍ਰਸ਼ਾਸਨ ਦੇ ਰੱਵਈਏ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਮੈਨੇਜਮੈਂਟ ਖਿਲਾਫ ਕਾਰਵਾਈ ਕਰਕੇ ਉਸ ਨੂੰ ਤੁਰੰਤ ਸਕੂਲ ਤੋਂ ਬਾਹਰ ਕਰਕੇ ਸਕੂਲ ਦਾ ਪ੍ਰਬੰਧ ਸਰਕਾਰੀ ਹੱਥਾਂ 'ਚ ਲੈਣ, ਅਧਿਆਪਕਾਂ ਨੂੰ ਤੁਰੰਤ ਬਹਾਲ ਕਰਕੇ ਬੱਚਿਆਂ ਦੀ ਪੜ੍ਹਾਈ ਚਾਲੂ ਕਰਵਾਉਣ ਤੇ ਤੱਸਦਦ ਲਈ ਜ਼ੁੰਮੇਵਾਰ ਅਧਿਕਾਰੀਆਂ ਤੇ ਕਰਮਚਾਰੀਆਂ ਖ਼ਿਲਾਫ਼ ਕਾਰਵਾਈ ਕਰਨ ਤੇ ਜੇਲ੍ਹ ਵਿੱਚ ਡੱਕੇ ਆਗੂਆਂ ਤੇ ਵਰਕਰਾਂ ਨੂੰ ਫੌਰੀ ਰਿਹਾਅ ਕਰਨ ਦੀ ਮੰਗ ਕੀਤੀ।

# ਦਾਣਾ ਮੰਡੀ ਟਿੱਬੀ ਖੁਰਦ 'ਚ ਚੇਅਰਮੈਨ ਤੇ ਸਕੱਤਰ ਨੇ ਕਣਕ ਦੀ ਖਰੀਦ ਸ਼ੁਰੂ ਕਰਵਾਈ



**ਮਮਦੋਟ (ਜਸਬੀਰ ਸਿੰਘ ਕੰਬੋਜ)**

ਮਾਰਕੀਟ ਕਮੇਟੀ ਮਮਦੋਟ ਅਧੀਨ ਆਉਣ ਵਾਲੀ ਦਾਣਾ ਮੰਡੀ ਟਿੱਬੀ ਖੁਰਦ ਵਿੱਚ ਕਣਕ ਦੀ ਸਰਕਾਰੀ ਖਰੀਦ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਖਰੀਦ ਦੀ ਰਸਮੀ ਸ਼ੁਰੂਆਤ ਮਾਰਕੀਟ ਕਮੇਟੀ ਮਮਦੋਟ ਦੇ ਚੇਅਰਮੈਨ ਸ੍ਰ. ਬਲਰਾਜ ਸਿੰਘ ਸੰਧੂ ਤੇ ਸਕੱਤਰ ਸ੍ਰ. ਬਿਕਰਮਜੀਤ ਸਿੰਘ ਸੰਧੂ ਨੇ ਸਾਂਝੇ ਤੌਰ 'ਤੇ ਕੀਤੀ।ਇਸ ਮੌਕੇ ਗੱਲਬਾਤ ਕਰਦੇ ਹੋਏ ਚੇਅਰਮੈਨ ਬਲਰਾਜ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦਾ ਵਾਜਬ ਮੁੱਲ ਦੇਣ ਦੀ ਗੱਲ ਨੂੰ ਯਕੀਨੀ ਬਣਾਉਣ ਲਈ ਹਰੇਕ ਢੰਗ ਨਾਲ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਮੰਡੀ ਵਿੱਚ ਸਾਫ਼-ਸੁਥਰੇ ਇੰਤਜ਼ਾਮ, ਤਰਾਜੂ, ਮੋਇਸ਼ਚਰ ਮਾਪਣ ਦੀ ਸੁਵਿਧਾ ਤੇ ਭੁਗਤਾਨ ਦੀ ਪ੍ਰਕਿਰਿਆ ਨੂੰ ਤੇਜ਼ ਤੇ ਪਾਰਦਰਸ਼ੀ ਬਣਾਇਆ ਗਿਆ ਹੈ।ਸਕੱਤਰ ਸੰਧੂ ਨੇ ਦੱਸਿਆ ਕਿ ਸਰਕਾਰੀ ਏਜੰਸੀਆਂ ਵੱਲੋਂ ਵੱਡੀ ਗਿਣਤੀ ਵਿੱਚ ਕਣਕ ਦੀ ਖਰੀਦ ਕੀਤੀ ਜਾ ਰਹੀ ਹੈ ਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ, ਇਸ ਲਈ ਮੰਡੀ ਵਿੱਚ ਵਿਸ਼ੇਸ਼ ਨਿਗਰਾਨੀ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ।ਇਸ ਮੌਕੇ ਸਥਾਨਕ ਆਗੂ ਗੁਰਮਨ ਸਿੰਘ ਜੋਸਨ ਸਰਪੰਚ ਟਿੱਬੀ ਖੁਰਦ, ਅਵਤਾਰ ਸਿੰਘ ਖਾਰਾ ਸਰਪੰਚ ਕਾਲਾ ਟਿੱਬਾ, ਧਰਮਿੰਦਰ ਸਿੰਘ ਕਾਲਾ ਟਿੱਬਾ, ਮੇਜਰ ਸਿੰਘ ਸਿੱਧੂ ਟਿੱਬੀ ਬਖਸ਼ੀਸ਼ ਸਿੰਘ ਖਹਿਰਾ ਕਾਲਾ ਟਿੱਬਾ, ਸੰਦੀਪ ਸਿੰਘ, ਦਲੌਰ ਚੰਦ, ਸੁਨੀਲ ਗਿੱਲ ਤੇ ਹੋਰ ਹਾਜ਼ਰ ਸਨ।

# ਹੁਣ ਆਮ ਲੋਕ ਅਹੁਦਿਆਂ 'ਤੇ ਬੈਠ ਕੇ ਲੋਕ ਹਿੱਤ 'ਚ ਫੈਸਲੇ ਲੈਣ ਦੇ ਸਮਰੱਥ ਹੋਏ : ਖੁੱਡੀਆਂ

## ਮਾਰਕੀਟ ਕਮੇਟੀ ਧਰਮਕੋਟ ਤੇ ਫ਼ਤਹਿਗੜ੍ਹ ਪੰਜਤੂਰ ਦੇ ਨਵ-ਨਿਯੁਕਤ ਚੇਅਰਮੈਨਾਂ ਨੇ ਅਹੁਦੇ ਸੰਭਾਲੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਤੇ ਫੂਡ ਪ੍ਰੋਸੈਸਿੰਗ ਬਾਰੇ ਵਿਭਾਗਾਂ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਆਪ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ।ਇਹ ਬਦਲਾਅ ਹੀ ਹੈ ਕਿ ਹੁਣ ਆਮ ਲੋਕ ਅਹੁਦਿਆਂ ਉੱਤੇ ਬੈਠ ਕੇ ਲੋਕ ਹਿੱਤ ਫੈਸਲੇ ਲੈਣ ਦੇ ਕਾਬਲ ਹੋਏ ਹਨ।ਪਹਿਲਾਂ ਵਾਲੀਆਂ ਸਰਕਾਰਾਂ ਨੇ ਕਦੇ ਵੀ ਆਮ ਲੋਕਾਂ ਨੂੰ ਅੱਗੇ ਨਹੀਂ ਆਉਣ ਦਿੱਤਾ।ਸਾਡੇ 'ਤੇ ਆਮ ਲੋਕਾਂ ਦਾ ਬਹੁਤ ਕਰਜ਼ਾ ਹੈ, ਜੋ ਕਦੇ ਵੀ ਉਤਾਰਿਆ ਨਹੀਂ ਜਾ ਸਕਦਾ ਹੈ।ਉਹ ਧਰਮਕੋਟ ਤੇ ਫ਼ਤਹਿਗੜ੍ਹ ਪੰਜਤੂਰ ਵਿਖੇ ਨਵੇਂ ਨਿਯੁਕਤ ਕੀਤੇ ਗਏ ਮਾਰਕੀਟ ਕਮੇਟੀ ਦੇ ਚੇਅਰਮੈਨਾਂ ਨੂੰ ਅਹੁਦੇ ਸੰਭਾਲਣ ਮੌਕੇ ਰੱਖੇ ਸਮਾਗਮਾਂ ਨੂੰ ਸੰਬੋਧਨ ਕਰ ਰਹੇ ਸਨ।ਗੁਰਤਾਰ ਸਿੰਘ ਸੰਧੂ ਕਮਾਲਕੇ ਨੇ ਧਰਮਕੋਟ ਵਿਖੇ ਤੇ ਸੁਖਬੀਰ ਸਿੰਘ ਮੰਦਰ ਨੇ ਫ਼ਤਹਿਗੜ੍ਹ ਪੰਜਤੂਰ ਵਿਖੇ ਚੇਅਰਮੈਨ ਦਾ ਅਹੁਦਾ ਸੰਭਾਲਿਆ।ਭਾਰੀ ਇਕੱਠਾਂ ਨੂੰ ਸੰਬੋਧਨ ਕਰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਅਪੀਲ ਕੀਤੀ ਕਿ ਲੋਕ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੂੰ ਸਹਿਯੋਗ ਇਸੇ ਤਰ੍ਹਾਂ ਜਾਰੀ ਰੱਖਣ ਕਿਉਂਕਿ ਆਪ ਪਾਰਟੀ ਇਮਾਨਦਾਰੀ ਨਾਲ ਲੋਕ ਹਿੱਤ ਕੰਮ ਕਰ ਰਹੀ ਹੈ।ਸਹੀ ਮਾਅਨਿਆਂ ਵਿੱਚ ਰੰਗਲਾ ਪੰਜਾਬ ਬਣਾਉਣ ਲਈ ਹਲੇ ਹੋਰ ਸਮਾਂ ਲੱਗੇਗਾ, ਪਰ ਸੂਬੇ ਦੀ ਪੁਰਾਣੀ ਬਾਦਸ਼ਾਹਤ ਨੂੰ ਮੁੜ ਕਾਇਮ ਕੀਤਾ ਜਾਵੇਗਾ।ਉਨ੍ਹਾਂ ਨਵੇਂ ਬਣੇ ਚੇਅਰਮੈਨਾਂ ਨੂੰ ਚੇਅਰਮੈਨੀ ਮਿਲਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਫਾਊਂਡਰ ਪਾਰਟੀ ਵਰਕਰਾਂ ਨੂੰ ਆਪ ਪਾਰਟੀ ਵੱਲੋਂ ਪੂਰਾ ਮਾਣ ਤੇ ਸਤਿਕਾਰ ਦਿੱਤਾ ਜਾਂਦਾ ਰਹੇਗਾ।ਭਵਿੱਖ ਵਿੱਚ ਵੀ ਵਲੰਟੀਅਰਾਂ ਨੂੰ ਮੈਰਿਟ ਦੇ ਆਧਾਰ 'ਤੇ ਅਹੁਦੇਦਾਰੀਆਂ ਮਿਲਣਗੀਆਂ।ਕੈਬਨਿਟ ਮੰਤਰੀ ਵੱਲੋਂ ਗੁਰਤਾਰ ਸਿੰਘ ਸੰਧੂ ਕਮਾਲਕੇ ਤੇ ਸੁਖਬੀਰ ਸਿੰਘ ਮੰਦਰ ਦੀ ਤਾਰੀਫ ਕਰਦਿਆਂ ਉਨ੍ਹਾਂ ਨੂੰ ਪਾਰਟੀ ਦਾ ਮਿਹਨਤੀ ਤੇ ਜੁਝਾਰੂ ਵਰਕਰ ਕਰਾਰ ਦਿੱਤਾ ਗਿਆ।ਉਨ੍ਹਾਂ ਉਮੀਦ ਜਤਾਈ ਕਿ ਕਮਾਲਕੇ ਤੇ ਮੰਦਰ ਦੇ ਚੇਅਰਮੈਨ ਬਣਨ ਨਾਲ ਮਾਰਕੀਟ ਕਮੇਟੀਆਂ ਦੇ ਕੰਮਕਾਜ ਵਿੱਚ ਨਵੀਂ ਜ਼ਿੰਦਗੀ ਆਵੇਗੀ ਤੇ ਪਾਰਦਰਸ਼ਤਾ ਨੂੰ ਮਜ਼ਬੂਤੀ ਮਿਲੇਗੀ।ਵੱਖਰੇ ਵੱਖਰੇ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਂਸ ਨੇ ਕਿਹਾ ਕਿ ਆਪ ਪਾਰਟੀ ਵੱਲੋਂ ਆਮ ਵਰਕਰਾਂ ਨੂੰ ਅਹੁਦੇਦਾਰੀਆਂ ਨਾਲ ਨਿਵਾਜ਼ਿਆ ਜਾ ਰਿਹਾ ਹੈ।ਇਸ ਦੌਰਾਨ ਚੇਅਰਮੈਨ ਸੰਧੂ ਕਮਾਲਕੇ ਤੇ ਮੰਦਰ ਨੇ ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ।ਉਨ੍ਹਾਂ ਐਲਾਨ ਕੀਤਾ ਕਿ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਨੂੰ ਤਰਜੀਹੀ ਅਧਾਰ 'ਤੇ ਹੱਲ ਕੀਤਾ ਜਾਵੇਗਾ।ਸਮਾਗਮ ਨੂੰ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਹਰਮਨਦੀਪ ਸਿੰਘ ਬਰਾੜ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਮੋਗਾ, ਸ਼੍ਰੀ ਰਮਨ ਮਿੱਤਲ ਚੇਅਰਮੈਨ ਨਗਰ ਸੁਧਾਰ ਟਰੱਸਟ ਮੋਗਾ, ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਆਮ ਲੋਕਾਂ ਨੇ ਸ਼ਿਰਕਤ ਕੀਤੀ।

# ਮੁਸਲਿਮ ਮਹਾਂ ਸਭਾ ਵੱਲੋਂ ਵਕਫ਼ ਸੋਧ ਕਾਨੂੰਨ ਖ਼ਿਲਾਫ ਰੋਸ ਪ੍ਰਦਰਸ਼ਨ

## ਰਾਸ਼ਟਰਪਤੀ ਦੇ ਨਾਂਅ ਨਾਇਬ ਤਹਿਸੀਲਦਾਰ ਨੂੰ ਦਿੱਤਾ ਮੰਗ ਪੱਤਰ



**ਨਾਭਾ (ਵਰਿੰਦਰ ਵਰਮਾ)**-ਕੇਂਦਰ ਸਰਕਾਰ ਵੱਲੋਂ ਲਿਆਂਦੇ ਵਕਫ਼ ਸੋਧ ਬਿਲ ਦੇ ਖਿਲਾਫ ਦੇਸ਼ ਭਰ 'ਚ ਵਿਰੋਧ ਕੀਤਾ ਰਿਹਾ ਹੈ, ਜਿਸ 'ਤੇ ਚਲਦਿਆਂ ਮੁਸਲਿਮ ਮਹਾਂ ਸਭਾ ਪੰਜਾਬ ਵੱਲੋਂ ਨਾਭਾ ਦੇ ਪਟਿਆਲਾ ਗੇਟ ਵਿਖੇ ਹੱਥਾਂ ਵਕਫ਼ ਕਾਨੂੰਨ ਰੱਦ ਕਰੋ ਦੀਆਂ ਤਖ਼ਤੀਆਂ ਫੜ ਕੇ ਕੇਂਦਰ ਸਰਕਾਰ ਖ਼ਿਲਾਫ਼ ਰੋਸ ਪ੍ਰਦਸ਼ਨ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਸਭਾ ਦੇ ਆਗੂ ਡਾਕਟਰ ਅਨਾਇਤ ਅਨਸਾਰੀ ਤੇ ਅਮੀਲ ਖਾਂ ਆਦਿ ਨੇ ਮਾਨਯੋਗ ਸੁਪਰੀਮ ਕੋਰਟ ਵੱਲੋਂ ਲਏ ਸਟੈਂਡ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕਾਨੂੰਨ ਖਾਮੀਆਂ ਭਰਿਆ ਹੈ ਤੇ ਨੈਤਿਕ ਤੌਰ 'ਤੇ ਵੀ ਖੋਖਲਾ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਦੇਸ਼ ਦੀ ਸੰਸਦ ਦੇ ਦੋਵੇਂ ਹਾਊਸਾਂ (ਲੋਕ ਸਭਾ ਤੇ ਰਾਜ ਸਭਾ) ਵੱਲੋਂ ਪਾਸ ਕੀਤੇ ਗਏ 'ਵਕਫ਼ ਸੋਧ ਬਿਲ 2025' ਦੇ ਧਰਮ ਨਿਰਪੱਖਤਾ ਤੇ ਇਨਸਾਫ਼ ਦੇ ਪ੍ਰਚਲਿਤ ਮਾਪਦੰਡਾਂ 'ਤੇ ਪੂਰਾ ਨਾ ਉੱਤਰਨ ਤੇ ਦੇਸ਼ ਦੇ ਸੰਵਿਧਾਨ ਦੀ ਮੂਲ ਭਾਵਨਾ ਦੇ ਉਲਟ ਹੋਣ ਕਾਰਨ ਇਹ ਇਸ ਕਾਬਲ ਹੈ ਕਿ ਕੇਂਦਰੀ ਸਰਕਾਰ ਇਸ ਨੂੰ ਬਿਨਾਂ ਕਿਸੇ ਦੇਰੀ ਦੇ ਤੁਰੰਤ ਰੱਦ ਕਰਕੇ ਪੁਰਾਣੇ ਵਕਫ਼ ਐਕਟ 1995 ਨੂੰ ਹੀ ਮੁੜ ਲਾਗੂ ਕਰੇ ਤਾਂ ਜੋ ਦੇਸ਼ ਭਰ ਵਿੱਚ ਫੈਲੀਆਂ ਘੱਟ-ਗਿਣਤੀਆਂ ਤੇ ਹੋਰ ਇਨਸਾਫ਼ ਪਸੰਦ ਸ਼ਕਤੀਆਂ ਅੰਦਰ ਵੇਖਣ ਨੂੰ ਮਿਲ ਰਹੀ ਬੇਚੈਨੀ ਨੂੰ ਦੂਰ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਨਵੇਂ ਵਕਫ਼ ਐਕਟ ਵਿੱਚ ਦੀ ਸ਼੍ਰੇਣੀ ਅਧੀਨ ਆਉਂਦੀਆਂ ਜਾਇਦਾਦਾਂ ਦੀ ਮਾਨਤਾ ਵਿਵਾਦਤ ਕਰ ਦਿੱਤੀ ਗਈ ਹੈ।ਐੱਨ.ਡੀ.ਏ. ਵਿੱਚ ਸ਼ਾਮਲ ਕੁਝ ਪਾਰਟੀਆਂ ਦੇ ਕਹਿਣ ਤੇ ਭਾਵੇਂ ਦਾਅਵਾ ਕੀਤਾ ਜਾ ਰਿਹਾ ਹੈ ਕਿ 2025 ਦੇ ਐਕਟ ਤੋਂ ਪਹਿਲਾਂ ਗਜ਼ਟ ਹੋ ਚੁੱਕਆਂ ਜਾਇਦਾਦਾਂ 'ਤੇ ਇਹ ਧਾਰਾ ਲਾਗੂ ਨਹੀਂ ਹੋਵੇਗੀ, ਪਰ ਦੇਸ਼ ਦੇ ਵਿਸ਼ੇਸ਼ ਮਾਹੌਲ ਵਿੱਚ ਇਸ ਦੀ ਦੁਰਵਰਤੋਂ ਦੀ ਸੰਭਾਵਨਾ ਬਰਕਰਾਰ ਹੈ।ਇਹ ਵੀ ਹਕੀਕਤ ਹੈ ਕਿ ਹਿੰਦੂਆਂ, ਸਿੱਖਾਂ, ਇਸਾਈਆਂ ਤੇ ਹੋਰ ਵਰਗਾਂ ਦੀਆਂ ਧਾਰਮਿਕ ਜਾਇਦਾਦਾਂ ਨੂੰ ਵਕਫ਼ ਬਾਈ ਯੂਜ਼ਰ ਦੇ ਅਧੀਨ ਅਜੇ ਵੀ ਸੁਰੱਖਿਆ ਦਿੱਤੀ ਗਈ ਹੈ ਤਾਂ ਸਿਰਫ਼ ਮੁਸਲਿਮ ਵਰਗ ਨਾਲ ਹੀ ਅਜਿਹਾ ਵਿਤਕਰਾ ਕਿਉਂ ਹੈ? ਉਨ੍ਹਾਂ ਕਿਹਾ ਕਿ ਸੱਚਾਈ ਇਹ ਹੈ ਕਿ ਨਵਾਂ ਵਕਫ਼ ਐਕਟ ਵਿਤਕਰੇ ਭਰਿਆ, ਇਨਸਾਫ਼ ਵਿਰੋਧੀ ਤੇ ਸੰਵਿਧਾਨ ਦੇ ਮੌਲਿਕ ਢਾਂਚੇ ਦੇ ਵਿਰੁੱਧ ਹੈ।ਉਕਤ ਕੁਝ ਕੁ ਤਰੁੱਟੀਆਂ ਤੋਂ ਇਲਾਵਾ ਹੋਰ ਵੀ ਅਨੇਕਾਂ ਤਰੁੱਟੀਆਂ ਦਰਸਾਈਆਂ ਜਾ ਸਕਦੀਆਂ ਹਨ। ਇਸ ਲਈ ਇਸ ਨੂੰ ਬਿਨਾਂ ਕਿਸੇ ਦੇਰੀ ਦੇ ਵਾਪਸ ਲੈ ਲਿਆ ਜਾਣਾ ਚਾਹੀਦਾ ਹੈ।ਇਸ ਮੌਕੇ ਵਕਫ਼ ਸੋਧ ਐਕਟ 2025 ਨੂੰ ਵਾਪਸ ਲੈਣ ਲਈ ਮੰਗ ਪੱਤਰ ਮਾਨਯੋਗ ਰਾਸ਼ਟਰਪਤੀ ਭਾਰਤ ਸਰਕਾਰ ਦੇ ਨਾਮ ਨਾਭਾ ਦੇ ਨਾਇਬ ਤਹਿਸੀਲਦਾਰ ਬਲਵੰਤ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਮੁਹੰਮਦ ਸਾਦਿਕ, ਅਮਜਦ ਅਲੀ, ਰਾਜੀਵ ਕੁਰੈਸ਼ੀ, ਵਾਜਿਦ ਖਾਨ, ਸਾਜਿਦ ਖਾਨ, ਹਾਕਮ ਅਲੀ, ਮੁਸ਼ਤਾਕ ਅਲੀ ਕਿੰਗ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੁਸਲਿਮ ਭਾਈਚਾਰੇ ਦੇ ਲੋਕ ਮੌਜੂਦ ਸਨ।

# ਤਰੁਨਪ੍ਰੀਤ ਸਿੰਘ ਸੌਂਦ ਨੇ ਮੈਰਾਥਨ 'ਚ ਕੀਤੀ ਸ਼ਿਰਕਤ

## ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਹਰ ਵਰਗ ਨੂੰ ਕੀਤੀ ਸਹਿਯੋਗ ਦੀ ਅਪੀਲ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਵੀਰਵਾਰ ਸਵੇਰੇ ਇਨਡੋਰ ਸਟੇਡੀਅਮ ਤੋਂ ਸ਼ੁਰੂ ਕਰਵਾਈ ਮੈਰਾਥਨ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਲਾਜ਼ਮੀ ਹੈ, ਪਰ ਹਰ ਮੁਹਿੰਮ ਦੀ ਸਫਲਤਾ ਲਈ ਨੌਜਵਾਨਾਂ ਦਾ ਯੋਗਦਾਨ ਅਹਿਮ ਹੁੰਦਾ ਹੈ ਤੇ ਪੰਜਾਬ ਦੇ ਨੌਜਵਾਨ ਹੁਣ ਇਸ ਬੁਰਾਈ ਦੇ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾ ਰਹੇ ਹਨ।ਉਨ੍ਹਾਂ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਸਮਾਜ ਦੇ ਹਰ ਵਰਗ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਕਈ ਪ੍ਰੋਗਰਾਮ ਵੱਡੇ ਪੱਧਰ ਉੱਤੇ ਚੱਲ ਰਹੇ ਹਨ।ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸਬ ਕਮੇਟੀ ਬਣਾਈ ਗਈ ਹੈ ਤੇ ਉਹ ਖੁਦ ਇਸ ਕਮੇਟੀ ਦਾ ਹਿੱਸਾ ਹਨ।ਇਸ ਕਮੇਟੀ ਵੱਲੋਂ ਰੋਜ਼ਾਨਾ ਪੱਧਰ 'ਤੇ ਨਸ਼ਿਆਂ ਖਿਲਾਫ ਜੰਗ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਜਾਂਦਾ ਹੈ।1 ਮਾਰਚ 2025 ਤੋਂ ਸ਼ੁਰੂ ਹੋਈ ਇਸ ਮੁਹਿੰਮ ਤਹਿਤ ਵੱਡੀ ਗਿਣਤੀ ਤਸਕਰ ਫੜੇ ਗਏ ਹਨ ਤੇ ਉਨ੍ਹਾਂ ਦੀਆਂ ਨਾਜਾਇਜ਼ ਉਸਾਰੀਆਂ ਢਾਹੀਆਂ ਜਾ ਰਹੀਆਂ ਹਨ।ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਅਦਾਕਾਰਾਂ ਵੱਲੋਂ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਨਾਲ ਨੌਜਵਾਨਾਂ ਨੂੰ ਬਹੁਤ ਉਤਸ਼ਾਹ ਮਿਲਦਾ ਹੈ, ਜਿਸ ਲਈ ਉਨ੍ਹਾਂ ਨੇ ਮੈਰਾਥਨ ਵਿੱਚ ਪੁੱਜੇ ਅਦਾਕਾਰਾਂ ਕਰਮਜੀਤ ਅਨਮੋਲ, ਦੇਵ ਖਰੌੜ ਤੇ ਬੀਨੂੰ ਢਿੱਲੋਂ ਦਾ ਧੰਨਵਾਦ ਕੀਤਾ।ਮੈਰਾਥਨ ਵਿੱਚ ਹਰ ਉਮਰ ਵਰਗ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੌਕੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਨਸ਼ਿਆਂ ਤੋਂ ਸਭਨਾਂ ਨੂੰ ਦੂਰ ਰਹਿਣਾ ਚਾਹੀਦਾ ਹੈ ਤੇ ਸਾਡੇ ਆਸ-ਪਾਸ ਜਿਹੜਾ ਵੀ ਵਿਅਕਤੀ ਨਸ਼ਿਆਂ ਦੀ ਦਲਦਲ ਵਿੱਚ ਫਸਿਆ ਹੋਇਆ ਹੈ, ਉਸ ਨੂੰ ਸਹੀ ਰਾਹ ਉੱਤੇ ਲੈ ਕੇ ਆਉਣ ਲਈ ਯਤਨ ਕੀਤੇ ਜਾਣ।ਇਸ ਮੌਕੇ ਕੌਮਾਂਤਰੀ ਨਿਸ਼ਾਨੇਬਾਜ਼ ਅਰਜੁਨ ਚੀਮਾ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੱਤਾ।ਸਮਾਗਮ ਦੌਰਾਨ ਜ਼ਿਲ੍ਹਾ ਪੁਲਸ ਮੁਖੀ ਸ਼ੁਭਮ ਅਗਰਵਾਲ ਨੇ ਵੀ ਵਿਚਾਰ ਸਾਂਝੇ ਕੀਤੇ।ਦੌੜ ਜਿੱਤਣ ਵਾਲਿਆਂ ਨੂੰ ਇਨਾਮਾਂ ਤੇ ਮੈਡਲਾਂ ਨਾਲ ਨਿਵਾਜਿਆ ਗਿਆ।

# ਦੇਵ ਸਮਾਜ ਕਾਲਜ ਫ਼ਾਰ ਵੂਮੈਨ ਵਿਖੇ ਪੁਰਸਕਾਰ ਸਮਾਰੋਹ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫਿਰੋਜ਼ਪੁਰ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੀ ਰਹਿਨੁਮਾਈ ਸਦਕਾ ਤੇ ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਸ਼ਰਮਾ ਦੀ ਯੋਗ ਅਗਵਾਈ ਹੇਠ ਅਕਾਦਮਿਕ ਤੇ ਸਮਾਜਿਕ ਗਤੀਵਿਧੀਆਂ ਰਾਹੀਂ ਨਿਰੰਤਰ ਅੱਗੇ ਵਧ ਰਿਹਾ ਹੈ।ਇਸ ਲੜੀ ਤਹਿਤ ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫਿਰੋਜ਼ਪੁਰ ਤੇ ਨੈਸ਼ਨਲ ਐਜੂਟਰੱਸਟ ਆਫ਼ ਇੰਡੀਆਂ ਦੇ ਸੀਈਓ ਸਮਰਥ ਸ਼ਰਮਾ ਦੇ ਸਹਿਯੋਗੀ ਯਤਨਾਂ ਨਾਲ '30 ਡੇਅ ਫਿਟਨੈਸ ਚੈਲੇਂਜ' ਪ੍ਰੋਗਰਾਮ ਦੀ ਸੰਪੂਰਨਤਾ ਉਪਰੰਤ 30 ਡੇਅ ਫਿਟਨੈੱਸ ਚੈਲੇਂਜ ਪ੍ਰੋਗਰਾਮ ਨੂੰ ਮੁੱਖ ਰੱਖਦਿਆਂ ਪੁਰਸਕਾਰ ਸਮਾਰੋਹ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਭੁਪਿੰਦਰ ਸਿੰਘ ਸਿੱਧੂ, ਪੀਪੀਐੱਸ, ਸੀਨੀਅਰ ਪੁਲਸ ਕਪਤਾਨ ਫਿਰੋਜ਼ਪੁਰ ਨੇ ਸ਼ਿਰਕਤ ਕੀਤੀ।ਇਸ ਪ੍ਰੋਗਰਾਮ ਦਾ ਆਗਾਜ਼ ਕਾਲਜ ਦੇ ਸੰਗੀਤ ਵਿਭਾਗ ਦੀਆਂ ਵਿਦਿਆਰਥਣਾਂ ਨੇ ਸਵਾਗਤੀ ਗੀਤ ਗਾ ਕੇ ਕੀਤਾ।ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਪੁਰਸਕਾਰ ਸਮਾਰੋਹ ਦੀ ਸ਼ੋਭਾ ਵਧਾਉਣ ਲਈ ਉਚੇਚੇ ਤੌਰ 'ਤੇ ਪਹੁੰਚੇ ਮੁੱਖ ਮਹਿਮਾਨ ਭੁਪਿੰਦਰ ਸਿੰਘ ਸਿੱਧੂ, ਪੀਪੀਐੱਸ, ਸੀਨੀਅਰ ਪੁਲਸ ਕਪਤਾਨ, ਫਿਰੋਜ਼ਪੁਰ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਦਿਆਂ ਨਿੱਘਾ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਭੁਪਿੰਦਰ ਸਿੰਘ ਸਿੱਧੂ, ਪੀਪੀਐੱਸ ਸੀਨੀਅਰ ਪੁਲਸ ਕਪਤਾਨ ਫਿਰੋਜ਼ਪੁਰ ਆਪਣੀ ਮਿਹਨਤ ਸਦਕਾ ਸਮਾਜ ਵਿਰੋਧੀ ਤਾਕਤਾਂ ਨੂੰ ਖਤਮ ਕਰ ਰਹੇ ਹਨ ਤੇ ਚੰਗਾ ਸਮਾਜ ਸਿਰਜਣ ਵਿੱਚ ਮੋਹਰੀ ਭੂਮਿਕਾ ਨਿਭਾਅ ਰਹੇ ਹਨ।ਉਨ੍ਹਾਂ ਕਿਹਾ ਕਿ ਸਾਡੇ ਲਈ ਬੜੇ ਮਾਣ ਦੀ ਗੱਲ ਹੈ ਕਿ ਕੈਡਿਟ ਸੰਜਨਾ ਸਾਡੀ ਵਿਦਿਆਰਥਣ ਹੈ, ਜਿਸ ਨੇ 30 ਡੇਅ ਫਿਟਨੈੱਸ ਚੈਲੇਂਜ, ਇੰਸਟਾਗ੍ਰਾਮ ਰੀਲ ਪ੍ਰਤੀਯੋਗਤਾ ਵਿੱਚ ਰਾਜ ਪੱਧਰੀ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਪੁਰਸਕਾਰ ਸਮਾਰੋਹ ਮੌਕੇ ਭੁਪਿੰਦਰ ਸਿੰਘ ਸਿੱਧੂ, ਪੀਪੀਐੱਸ ਸੀਨੀਅਰ ਪੁਲਸ ਕਪਤਾਨ ਫਿਰੋਜ਼ਪੁਰ ਨੇ ਕਿਹਾ ਕਿ ਇਸ ਕਾਲਜ ਨਾਲ ਮੇਰਾ ਗਹਿਰਾ ਸਬੰਧ ਹੈ, ਕਿਉਂਕਿ ਮੇਰੇ ਮਾਤਾ ਤੇ ਭੂਆ ਨੇ ਇਸੇ ਕਾਲਜ ਤੋਂ ਹੀ ਵਿੱਦਿਆ ਗ੍ਰਹਿਣ ਕੀਤੀ ਹੈ।ਸਮਾਜ ਵਿੱਚ ਨਸ਼ਿਆਂ ਸਬੰਧੀ ਉਨ੍ਹਾਂ ਕਿਹਾ ਕਿ ਇੱਕ ਆਮ ਧਾਰਨਾ ਬਣ ਚੁੱਕੀ ਹੈ ਕਿ ਪੰਜਾਬੀ ਨੌਜਵਾਨ ਨਸ਼ਿਆਂ ਵਿੱਚ ਗਲਤਾਨ ਹੈ, ਪਰ ਅਜਿਹਾ ਕੁਝ ਨਹੀਂ ਹੈ।

ਅਜਿਹੀਆਂ ਧਾਰਨਾਵਾਂ ਨੌਜਵਾਨੀ ਦੇ ਮਨੋਬਲ ਨੂੰ ਤੋੜਦੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਰੀਬ 5 ਪ੍ਰਤੀਸ਼ਤ ਨੌਜਵਾਨ ਨਸ਼ਾ ਕਰਦਾ ਮੰਨਿਆ ਜਾ ਸਕਦਾ ਹੈ ਜ਼ਿਆਦਾਤਰ ਨੌਜਵਾਨ ਆਪਣੀ ਮਿਹਨਤ ਸਦਕਾ ਵੱਖੋ-ਵੱਖ ਖੇਤਰਾਂ ਵਿੱਚ ਮੱਲਾਂ ਮਾਰ ਰਹੇ ਹਨ।ਇਸ ਮੌਕੇ ਨੈਸ਼ਨਲ ਐਜੂਟਰੱਸਟ ਆਫ਼ ਇੰਡੀਆ ਦੇ '30 ਡੇਅ ਫਿਟਨੈੱਸ ਚੈਲੇਂਜ' ਪ੍ਰੋਗਰਾਮ ਤਹਿਤ ਕਾਲਜ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਕਾਲਜ ਨੂੰ ਸਰਟੀਫਿਕੇਟ ਆਫ਼ ਅਚੀਵਮੈਂਟ (ਸਟੇਟ ਲੈਵਲ ਅਵਾਰਡ) ਤੇ ਚੈਂਪੀਅਨ ਆਫ਼ ਵੈਲਨੈੱਸ ਐਂਡ ਵੀਟੈਲਿਟੀ ਭੁਪਿੰਦਰ ਸਿੰਘ ਸਿੱਧੂ, ਪੀਪੀਐੱਸ ਸੀਨੀਅਰ ਪੁਲਸ ਕਪਤਾਨ ਫਿਰੋਜ਼ਪੁਰ ਰਾਹੀਂ ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੂੰ ਦੇ ਕੇ ਸਨਮਾਨਤ ਕੀਤਾ ਗਿਆ।ਇਸ ਦੇ ਨਾਲ ਹੀ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਭਾਗੀਦਾਰਾਂ ਨੂੰ ਪ੍ਰਸ਼ੰਸਾ ਪੱਤਰ ਭੇਟ ਕੀਤੇ ਗਏ।ਇਸ ਮੌਕੇ ਸੈਂਟਰਲ ਐਸੋਸੀਏਸ਼ਨ ਦੇ ਇੰਚਾਰਜ ਸਿਮਰਪ੍ਰੀਤ ਕੌਰ ਤੇ ਸੀਏ ਮੈਂਬਰਜ਼ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮੰਚ ਸੰਚਾਲਨ ਦੀ ਭੂਮਿਕਾ ਡਾ. ਪਰਮਵੀਰ ਕੌਰ ਮੁਖੀ ਪੰਜਾਬੀ ਵਿਭਾਗ ਨੇ ਨਿਭਾਈ। ਇਸ ਪ੍ਰੋਗਰਾਮ ਵਿੱਚ ਸਮੂਹ ਅਧਿਆਪਕ ਸਾਹਿਬਾਨ ਤੇ ਵਿਦਿਆਰਥੀ ਹਾਜ਼ਰ ਸਨ।ਕਾਲਜ ਦੇ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਨੇ ਆਪਣੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਕੈਬਨਿਟ ਮੰਤਰੀ ਨੇ ਖਾਲ਼ੇ ਪੱਕੇ ਕਰਨ ਦਾ ਕੀਤਾ ਉਦਘਾਟਨ



**ਮਲੋਟ (ਗੁਰਮੀਤ ਸਿੰਘ ਮੱਕੜ)**

ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਅਗਵਾਈ ਵਾਲੀ ਸਰਕਾਰ ਵੱਲੋਂ ਖੇਤੀਬਾੜੀ ਦੀ ਸਿੰਚਾਈ ਲਈ ਪੂਰਾ ਪਾਣੀ ਪਹੁੰਚਾਇਆ ਜਾ ਰਿਹਾ ਹੈ। ਇਹ ਪ੍ਰਗਟਾਵਾ ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ, ਇਸਤਰੀ, ਬਾਲ ਵਿਕਾਸ ਮੰਤਰੀ ਪੰਜਾਬ ਨੇ ਪਿੰਡ ਘੁਮਿਆਰਾ ਖੇੜਾ ਤੇ ਜੰਡਵਾਲਾ ਵਿਖੇ 1.44 ਕਰੋੜ ਰੁਪਏ ਦੀ ਲਾਗਤ ਨਾਲ ਮੁੜ ਉਸਾਰੇ ਜਾਣ ਵਾਲੇ ਖਾਲਿਆਂ ਦਾ ਉਦਘਾਟਨ ਕਰਦਿਆਂ ਕੀਤਾ। ਉਨ੍ਹਾਂ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਲਕੇ ਦੇ ਲੋਕਾਂ ਨਾਲ ਵਿਕਾਸ ਦੇ ਕੰਮ ਸ਼ੁਰੂ ਕਰਨ ਲਈ ਜੋ ਵਾਅਦੇ ਕੀਤੇ ਗਏ ਸਨ, ਇਹ ਵਾਅਦੇ ਲੜੀਵਾਰ ਪੂਰੇ ਕੀਤੇ ਜਾ ਰਹੇ ਹਨ। ਉਨ੍ਹਾਂ ਮਲੋਟ ਰਜਬਾਹਾ ਨੂੰ ਲੱਗਦੇ ਪਿੰਡ ਜੰਡਵਾਲਾ ਵਿਖੇ 66.32 ਲੱਖ ਰੁਪਏ ਦੀ ਲਾਗਤ ਨਾਲ ਪੱਕਾ ਬਣਨ ਵਾਲੇ ਖਾਲੇ ਦੇ ਕੰਮ ਦੀ ਸ਼ੁਰੂਆਤ ਕੀਤੀ। ਇਸੇ ਤਰ੍ਹਾਂ ਹੀ ਉਨ੍ਹਾਂ ਆਪਣੇ ਦੌਰੇ ਦੌਰਾਨ ਲਾਲਬਾਈ ਰਜਬਾਹਾ ਨਾਲ ਲੱਗਦੇ ਪਿੰਡ ਘੁਮਿਆਰਾਂ ਖੇੜਾ ਦੇ ਕੱਚੇ ਖਾਲੇ ਨੂੰ ਪੱਕਾ ਕਰਨ ਦੇ ਕੰਮ ਦਾ ਉਦਘਾਟਨ ਕੀਤਾ, ਜਿਸ 'ਤੇ ਸਰਕਾਰ ਵੱਲੋਂ 77 ਲੱਖ ਰੁਪਏ ਖਰਚ ਕੀਤੇ ਜਾਣਗੇ ਤਾਂ ਜੋ ਟੇਲਾਂ 'ਤੇ ਪੈਂਦੀਆਂ ਜ਼ਮੀਨਾਂ ਨੂੰ ਨਹਿਰੀ ਪਾਣੀ ਦੀ ਪੂਰੀ ਸਪਲਾਈ ਮੁਹੱਈਆ ਹੋ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਰਸ਼ਦੀਪ ਸਿੰਘ ਸਿੱਧੂ ਨਿੱਜੀ ਸਕੱਤਰ, ਸਿੰਦਰਪਾਲ ਸਿੰਘ ਨਿੱਜੀ ਸਕੱਤਰ, ਸਰਪੰਚ ਨਿਰਮਲ ਸਿੰਘ, ਵੀਰ ਸਿੰਘ ਮੈਂਬਰ, ਧੀਰ ਸਿੰਘ ਮੈਂਬਰ, ਰਾਜਾ ਸਿੰਘ ਮੈਂਬਰ, ਬਲਾਕ ਪ੍ਰਧਾਨ ਕੁਲਵਿੰਦਰ ਬਰਾੜ, ਦੀਪ ਇੰਦਰ ਸਿੰਘ ਢਿੱਲੋਂ, ਵਕੀਲ ਸਿੰਘ, ਪ੍ਰਕਾਸ਼ ਢਿੱਲੋਂ, ਸਰਪੰਚ ਜਸਪ੍ਰੀਤ ਕੌਰ, ਮੰਗਾ ਸਿੰਘ, ਪੰਚਾਇਤ ਮੈਂਬਰ ਕੁਲਦੀਪ ਸਿੰਘ, ਗੁਰਮੇਲ ਸਿੰਘ ਤੋਂ ਇਲਾਵਾ ਤੋਂ ਇਲਾਵਾ ਪਤਵੰਤੇ ਵਿਅਕਤੀ ਹਾਜ਼ਰ ਰਹੇ।

# ਭਾਵਾਧਸ ਦਾ ਅਸਲ ਮਕਸਦ ਡਾ. ਅੰਬੇਡਕਰ ਦੇ ਮਿਸ਼ਨ ਨੂੰ ਪੂਰਾ ਕਰਨਾ : ਸੁਰਿੰਦਰ ਜਾਜਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਬੜੀ ਧੂਮਧਾਮ ਤੇ ਸ਼ਰਧਾ ਪੂਰਵਕ ਮਨਾਉਣ ਸਬੰਧੀ ਗੁਰਦਿਆਲ ਵਿੱਕੀ ਅਤੇ ਅਸ਼ੋਕ ਫੌਜੀ ਦੀ ਅਗਵਾਈ ਵਿੱਚ ਪਿੰਡ ਜਾਜਾ ਵਿਖੇ ਇੱਕ ਵਿਸ਼ਾਲ ਸਮਾਗਮ ਅਯੋਜਿਤ ਕੀਤਾ ਗਿਆ ਜਿਸ ਵਿੱਚ ਇਲਾਕੇ ਦੀਆਂ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਭਾਰਤੀਯ ਵਾਲਮੀਕਿ ਧਰਮ ਸਮਾਜ ਪੰਜਾਬ ਦੇ ਕਨਵੀਨਰ ਸੁਰਿੰਦਰ ਜਾਜਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਸਮਾਗਮ ਦਾ ਆਰੰਭ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀ ਫੋਟੋ ਤੇ ਫੁੱਲ ਮਾਲਾਵਾਂ ਭੇਟ ਕਰਕੇ ਉਨ੍ਹਾਂ ਨੂੰ ਤਹਿ ਦਿਲੋਂ ਸ਼ਰਧਾਂਜਲੀ ਦਿੱਤੀ ਗਈ, ਉਪਰੰਤ ਬੀਬੀਆਂ ਦੀ ਭਜਨ ਮੰਡਲੀਆਂ ਨੇ ਆਪਣੇ ਭਜਨਾਂ ਰਾਹੀਂ ਬਾਬਾ ਸਾਹਿਬ ਜੀ ਦਾ ਗੁਣਗਾਨ ਕਰਕੇ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਪਹਿਰਾ ਦੇਣ ਦੀ ਪ੍ਰੇਰਨਾ ਦਿੱਤੀ।ਲੋਕਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ ।ਜਾਜਾ ਨੇ ਕਿਹਾ ਕਿ ਭਾਰਤੀਯ ਵਾਲਮੀਕਿ ਧਰਮ ਸਮਾਜ ਦਾ ਅਸਲ ਮਕਸਦ ਦਲਿਤ ਵਰਗ ਦੇ ਲੋਕਾਂ ਵਿੱਚ ਜਾਗ੍ਰਤੀ ਪੈਦਾ ਕਰਕੇ ਬਾਬਾ ਸਾਹਿਬ ਜੀ ਦੇ ਮਿਸ਼ਨ ਨੂੰ ਪੂਰਾ ਕਰਦੇ ਹੋਏ ਉਸ 'ਤੇ ਪਹਿਰਾ ਦੇਣਾ ਹੈ। ਇਸ ਮੌਕੇ 'ਤੇ ਸੋਢੀ ਨੰਗਲ, ਸੁਨੀਲ ਜਾਜਾ, ਬਾਬਾ ਮਲਕੀਤ, ਅਜੇ ਕੁਮਾਰ, ਰੇਨੂ ਮੱਟੂ, ਸੁਰਿੰਦਰ ਕੌਰ, ਸੋਨੀਆ, ਪਿਆਰ ਕੌਰ, ਛਿੰਦਰ ਕੌਰ, ਬਲਵਿੰਦਰ ਕੌਰ, ਬਲਵੀਰ ਕੌਰ ਹਾਜਰ ਸਨ।

## ਖੁੱਲੀ ਬੋਲੀ

ਸੂਚਿਤ ਕੀਤਾ ਜਾਂਦਾ ਹੈ ਕਿ ਸਰਕਾਰੀ ਮਿਡਲ ਸਕੂਲ ਪਿੰਡ ਮਹਿਰਾਜ ਵਾਲਾ ਜਿਲਾ ਸ਼੍ਰੀ ਮੁਕਤਸਰ ਸਾਹਿਬ ਵਿਖੇ ਸਫੇਦੇ ਅਤੇ ਕਿੱਕਰ ਦੇ ਸੱਤ (7) ਦਰਖਤਾਂ ਦੀ ਖੁੱਲੀ ਬੋਲੀ ਮਿਤੀ 21/4/25 ਸਵੇਰੇ 10:00 ਵਜੇ ਕਰਵਾਈ ਜਾਵੇਗੀ। ਬੋਲੀ ਦੀਆਂ ਸ਼ਰਤਾਂ ਮੌਕੇ ਤੇ ਹੀ ਦੱਸੀਆਂ ਜਾਣਗੀਆਂ।

ਵੱਲੋਂ: ਮੈਨੇਜਮੈਂਟ ਕਮੇਟੀ
ਸਰਕਾਰੀ ਮਿਡਲ ਸਕੂਲ ਮਹਿਰਾਜ ਵਾਲਾ
ਗ੍ਰਾਮ ਪੰਚਾਇਤ ਮਹਿਰਾਜਵਾਲਾ
ਸੰਪਰਕ ਨੰਬਰ: 8427801000

## ਅੱਗ ਨਾਲ ਪੂਰੀ ਤਰ੍ਹਾਂ ਨੁਕਸਾਨੇ ਗਏ 26 ਬਾਈਕਸ ਅਤੇ ਅੱਧ-ਪਚੱਧੇ ਨੁਕਸਾਨੇ ਗਏ 9 ਬਾਈਕਸ ਅਤੇ ਹਿੱਸੇ ਪੁਰਜ਼ਿਆਂ ਲਈ ਈ-ਨਿਲਾਮੀ ਨੋਟਿਸ

ਮੈਸ: ਅਲਾਇੰਸ ਆਟੋਮੋਬਾਇਲਜ਼ ਪ੍ਰਾਈਵੇਟ ਲਿਮਿਟਿਡ ਨਾਲ ਸੰਬੰਧਤ ਅੱਗ ਨਾਲ ਪੂਰੀ ਤਰ੍ਹਾਂ ਨੁਕਸਾਨੇ ਗਏ 26 ਬਾਈਕਸ ਅਤੇ ਅੱਧ-ਪਚੱਧੇ ਨੁਕਸਾਨੇ ਗਏ 9 ਬਾਈਕਸ ਅਤੇ ਹਿੱਸੇ ਪੁਰਜ਼ਿਆਂ ਦੇ ਕਬਾੜ ਦੇ ਨਿਪਟਾਰੇ ਲਈ ਚਾਹਵਾਨ ਖ਼ੀਦਦਾਰਾਂ ਕੋਲੋਂ ਸਖਤੀ ਨਾਲ 'ਜਿਥੇ ਹੈ ਜੋ ਹੈ' ਅਧਾਰ, "ਪ੍ਰਤੀ ਕਿ. ਗ੍ਰ./ਉੱਕਾ-ਪੁੱਕਾ ਅਧਾਰ" 'ਤੇ ਈ-ਨਿਲਾਮੀ ਫਾਰਮਾਂ ਦੀ ਮੰਗ ਕੀਤੀ ਜਾਂਦੀ ਹੈ। ਸ਼੍ਰੀ ਰਾਜੂ ਫੋਨ : 99103-55611 ਕੋਲੋਂ ਪਹਿਲਾਂ ਨਿਯੁਕਤੀ ਲੈ ਕੇ ਉਕਤ ਕਬਾੜ ਦੀ ਸਮੱਗਰੀ ਦਾ ਨਿਰੀਖਣ 21.04.25 ਤੋਂ 26.04.25 ਦਰਮਿਆਨ ਕੀਤਾ ਜਾ ਸਕਦਾ ਹੈ। ਈ-ਨਿਲਾਮੀ 28.04.2025 ਨੂੰ ਕੀਤੀ ਜਾਵੇਗੀ। ਈ-ਨਿਲਾਮੀ ਫਾਰਮਾਂ ਲਈ ਕੁਮਾਰੀ ਖੁਸ਼ੀ ਮੋਬਾਈਲ : 99908-57386

ਸਾਲਵੋਰ ਸੈਟਲਰਜ਼ ਪ੍ਰਾਈਵੇਟ ਲਿਮਟਿਡ
(ਨਿਲਾਮੀ ਕਰਤਾ), ਪਤਾ : 203, ਦੂਜੀ ਮੰਜ਼ਲ, ਊਸ਼ਾ ਕਿਰਨ ਬਿਲਡਿੰਗ, ਅਜ਼ਾਦਪੁਰ ਕਮਰਸ਼ੀਅਲ ਕੰਪਲੈਕਸ, ਦਿੱਲੀ-110033 ਨਾਲ ਸੰਪਰਕ ਕੀਤਾ ਜਾਵੇ।
ਜਾਂ ਵੈੱਬਸਾਈਟ www.salvorsettlers.com. ਤੋਂ ਡਾਊਨਲੋਡ ਕੀਤਾ ਜਾਵੇ।
ਈ-ਨਿਲਾਮੀ ਫਾਰਮ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ 28.04.2025 ਦੁਪਹਿਰ 12.30 ਵਜੇ ਤੋਂ ਪਹਿਲਾਂ ਹੈ।

## COURT NOTICE

(U/o 5 Rule 20 CPC)
In The Court of
**Ms. Amanpreet Kaur**
Civil Judge Junior Division -11, Patiala
CNR No. PBPT02-002356-2011
Next Date: 02-05-2025
21 Rule 11 CPC
Sanjay Mehta
Vs.
Kiran
Publication Issued To:
1. Kiran Alias Meera Rani Spouse: Late Jagdish Kumar, R/o Nabha Gate, Patiala, Punjab, 2. Raj Kumar S/o Bhagwati Parshad, R/O Nabha Gate, Patiala, Punjab
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 02-05-2025 at 10:00 a.m.
For details logon to https://highcourtchd.gov.in/?mod=district_notice&district=patiala
Civil Judge Junior Division - 11 Patiala
Dated, this day of 18-04-2025

## COURT NOTICE

In The Court of
Sh. Munish Garg
Additional Chief Judicial Magistrate Barnala
Detail of offence:- DV/2/2025
CNR No.:- PBBR03-000289-2025
Next Date:-03-05-2025
Malka Rani Vs. Sajan
Notice To:
1. Sajan S/O Kewal 2. Saido W/O Kewal, 3. Ashok S/O Kewal, 4. Abhijot S/O Kewal, 5. Kewal Nath S/O Jeet Nath, 6. Janvi W/o Ashok S/o Kewal Nath, All R/o Dhillon Colony, Near Dana Mandi, Kotakpura, District Faridkot.
In above titled case, the accused could not be served. It is ordered that accused should appear in person or through counsel on 03-05-2025 at 10.00 a.m.
For details logon to https://highcourtchd.gov.in/?mod=district_notice&district=moga-court.
Additional Chief Judicial Magistrate, Barnala
Dated, this day of 18-04-2025

## COURT NOTICE

(U/o 5 Rule 20 CPC)
In The Court of
Ms. Rana Kanwardeep Kaur Chahal
Principal Judge, Family Court, Camp Court at Bholath, Bholath
GW/9/2024
CNR No. PBKPF4-000054-2024
Next-Date:- 21-05-2025
Gurwinder Singh Son of Gajjan Singh R/o Vill. Ramgarh, Teh. Bholath Distt. Kapurthala presently residing in RUA DO NORTE 7 1 DT VVV S ANONIC-FETAIS DE CIMA CAMARATE 2680-156, LISBOA 91 DE OUTUBRO DE 2021, Portugal through attorney Gurmeet Kaur w/o Gajjan Singh R/o Vill. Ramgarh, Teh. Bholath, Distt. Kapurthala
Vs.
1. General Public , 2. Gagandeep W/o Gurwinder Singh D/o Parshotam Lal, R/o Vill. Alampur, Teh. Dasuya, Hoshiarpur
Publication Issued To:
General Public
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 21-05-2025 at 10:00 a.m.
For details logon to https://highcourtchd.gov.in/?trs=district_notice&district=Kapurthala
Principal Judge, Family Court, Camp Court at Bholath, Bholath
Dated, this day of 05-04-2025

## COURT NOTICE

(U/o 5 Rule 20 CPC)
In The Court of Maitri Kakkar
Civil Judge (Junior Division), Kharar
CNR No. PBSAA0-001165-2024
Next Date:-01-05-2025
Sunny
Vs.
Gurpreet Singh
Publication Issued To:
Gurpreet Singh Son of Kulwant Singh Son of Kundan Singh House No. 799/1 Gali No. 3 Habibpura Sultanwind Road Amritsar-1, Distt. Amritsar
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 01-05-2025 at 10:00 a.m.
For details logon to https://highcourtchd.gov.in/?mod=district_notice&district=mogacourt
Civil Judge (Junior Division), Kharar
Dated, this day of 17-04-2025

## COURT NOTICE

(U/o 5 Rule 20 CPC)
In The Court of
Sh. Vineet Kumar Narang
Additional Principal Judge Family Court-II, Jalandhar
CNR No. PBJL01-006287-2024
Next Date:- 22-05-2025
Sunita Rani D/o Ramesh Lal R/o Village Samra, P.O. Tanda Ram Sahai, Tehsil Mukerian, District Hoshiarpur
Vs.
Manjit Singh S/o Late Sh. Malkit Rai R/o House No. 124-A, Harnamdas Pura, District Jalandhar
Publication Issued To:
Manjit Singh Son of Sh. Late Malkit Rai R/o House No. 124-A, Harnamdas Pura, District Jalandhar
In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 22-05-2025 at 10:00 a.m.
For details logon to https://highcourtchd.gov.in/?mod=district_notice&district=Jalandhar
Additional Principal Judge Family Court-II Jalandhar
Dated, this day of 17-04-2025

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਨੂਰਮਹਿਲ
ਕੇਸ ਨੰਬਰ 20 ਐਨ.ਟੀ/ਮਿਤੀ 24.02.25 ਵਾਕਿਆ ਪਿੰਡ ਜਾਗੋ ਸੰਘਾ, ਤਹਿਸੀਲ ਫਿਲੌਰ।
ਸੁਦੇਸ਼ ਰਾਣੀ ਪਤਨੀ ਜਸਵਿੰਦਰ ਕੁਮਾਰ ਪੁੱਤਰ ਅਯੁੱਧਿਆ ਪ੍ਰਸ਼ਾਦ, ਵਾਸੀ ਪਿੰਡ ਜਾਗੋ ਸੰਘਾ, ਤਹਿਸੀਲ ਫਿਲੌਰ, ਸਬ-ਤਹਿਸੀਲ ਨੂਰਮਹਿਲ, ਜ਼ਿਲ੍ਹਾ ਜਲੰਧਰ। ......ਫਰੀਕ ਅੱਵਲ

ਬਨਾਮ

1) ਸਰੂਪ ਸਿੰਘ ਪੁੱਤਰ ਨਾਜਰ ਸਿੰਘ ਪੁੱਤਰ ਭਾਨਾ 2) ਰੇਸ਼ਮ ਕੌਰ ਵਿਧਵਾ ਰਤਨ ਸਿੰਘ ਪੁੱਤਰ ਭਾਨਾ 3) ਗੁਰਮੁੱਖ ਸਿੰਘ ਪੁੱਤਰ ਰਤਨ ਸਿੰਘ ਪੁੱਤਰ ਭਾਨਾ 4) ਗੁਰਮੇਜ ਸਿੰਘ ਪੁੱਤਰ ਰਤਨ ਸਿੰਘ ਪੁੱਤਰ ਭਾਨਾ 5) ਸੁਰਿੰਦਰ ਸਿੰਘ ਪੁੱਤਰ ਰਤਨ ਸਿੰਘ ਪੁੱਤਰ ਭਾਨਾ 6) ਸੁਰਜੀਤ ਸਿੰਘ ਪੁੱਤਰ ਰਤਨ ਸਿੰਘ ਪੁੱਤਰ ਭਾਨਾ 7) ਅਜੈਬ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਭਾਨਾ 8) ਰਤਨ ਕੌਰ ਵਿਧਵਾ ਗੁਰਬਚਨ ਸਿੰਘ ਪੁੱਤਰ ਭਾਨਾ 9) ਜਗਜੀਤ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਭਾਨਾ 10) ਮੱਖਣਜੀਤ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਭਾਨਾ 11) ਸੁੱਚਾ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਭਾਨਾ 12) ਦੇਵ ਉਰਫ ਦਰਬਾਰਾ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਭਾਨਾ 13) ਹਰਮੇਲ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਪਾਖਰ ਸਿੰਘ 14) ਲਖਵਿੰਦਰ ਸਿੰਘ ਪੁੱਤਰ ਹਰਮੇਲ ਸਿੰਘ ਪੁੱਤਰ ਜੋਗਿੰਦਰ ਸਿੰਘ 15) ਸੁਖਵਿੰਦਰ ਸਿੰਘ ਪੁੱਤਰ ਗੁਰਦੇਵ ਸਿੰਘ ਪੁੱਤਰ ਪਾਖਰ ਸਿੰਘ 16) ਗੁਰਪ੍ਰੀਤ ਸਿੰਘ ਪੁੱਤਰ ਗੁਰਦੇਵ ਸਿੰਘ ਪੁੱਤਰ ਪਾਖਰ ਸਿੰਘ 17) ਰਣਜੀਤ ਸਿੰਘ ਪੁੱਤਰ ਕਿਰਪਾਲ ਸਿੰਘ ਪੁੱਤਰ ਗੁਰਦਿੱਤ ਸਿੰਘ 18) ਬਲਬੀਰ ਸਿੰਘ ਪੁੱਤਰ ਕਿਰਪਾਲ ਸਿੰਘ ਪੁੱਤਰ ਗੁਰਦਿੱਤ ਸਿੰਘ 19) ਸਤਿੰਦਰ ਕੌਰ ਵਿਧਵਾ ਗੁਰਦੇਵ ਸਿੰਘ ਪੁੱਤਰ ਪਾਖਰ ਸਿੰਘ 20) ਬਖਸ਼ਿੰਦਰ ਕੌਰ ਪਤਨੀ ਜਸਵਿੰਦਰ ਸਿੰਘ ਪੁੱਤਰ ਸਵਰਨ ਸਿੰਘ 21) ਦਵਿੰਦਰ ਕੌਰ ਵਿਧਵਾ ਜਸਵੀਰ ਸਿੰਘ ਪੁੱਤਰ ਸੰਤੋਖ ਸਿੰਘ 22) ਰਤਨਾ ਪੁੱਤਰ ਭਾਨਾ ਪੁੱਤਰ ਬੇਲਾ, ਸਾਰੇ ਵਾਸੀਆਨ ਪਿੰਡ ਜਾਗੋ ਸੰਘਾ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, 21) ਕੇਨਰਾ ਬੈਂਕ ਬ੍ਰਾਂਚ ਲਿੱਤਰਾਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਰਾਹੀਂ ਮੈਨੇਜਰ।
.......ਫਰੀਕ ਦੋਇਮ

ਤਕਸੀਮ ਖੇਵਟ ਨੰਬਰ 16/16,18/18, 19/19, 20/19 ਮਿਨ ਵਾਕਿਆ ਪਿੰਡ ਜਾਗੋ ਸੰਘਾ, ਤਹਿਸੀਲ ਫਿਲੌਰ।

ਜੋ ਕਿ ਉਕਤ ਤਕਸੀਮ ਦੇ ਕੇਸ ਵਿਚ ਇਸ ਅਦਾਲਤ ਨੂੰ ਪੂਰੀ ਤਸੱਲੀ ਹੋ ਚੁੱਕੀ ਹੈ ਕਿ ਉੱਤਰਵਾਦੀਆਂ ਦੀ ਇਤਲਾਹ ਰਜਿਸਟਰਡ ਤਰੀਕੇ ਨਾਲ ਨਹੀਂ ਹੋਈ ਹੈ। ਹੁਣ ਇਸ ਇਸ਼ਤਿਹਾਰ ਰਾਹੀਂ ਉਕਤ ਦਰਸਾਏ ਉੱਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਖੁਦ ਜਾਂ ਆਪਣੇ ਮੁਖਤਾਰ/ਵਕੀਲ ਰਾਹੀਂ ਇਸ ਅਦਾਲਤ ਵਿਚ ਮਿਤੀ 9.5.2025 ਨੂੰ ਦੁਪਹਿਰ 3 ਵਜੇ ਹਾਜ਼ਰ ਆਉਣ। ਨਿਯਤ ਮਿਤੀ ਲੰਘ ਜਾਣ ਤੋਂ ਬਾਅਦ ਕੋਈ ਇਤਰਾਜ਼ ਕਾਬਲੇਗੌਰ ਨਹੀਂ ਹੋਵੇਗਾ ਅਤੇ ਉੱਤਰਵਾਦੀਆਂ ਦੇ ਖਿਲਾਫ ਕਾਰਵਾਈ ਇਕਤਰਫਾ ਕਰਕੇ ਕਾਨੂੰਨ ਮੁਤਾਬਿਕ ਅਗਲੀ ਸੁਣਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 15.04.2025 ਨੂੰ ਇਹ ਨੋਟਿਸ ਮੇਰੇ ਹਸਤਾਖਰਾਂ ਅਤੇ ਦਫਤਰ ਦੀ ਮੋਹਰ ਰਾਹੀਂ ਜਾਰੀ ਕੀਤਾ ਗਿਆ।
ਨੰ: 56/ਆਰ ਮਿਤੀ : 16.4.25 ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ ਨੂਰਮਹਿਲ

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਨਵਦੀਪ ਸਿੰਘ ਭੋਗਲ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਜਲੰਧਰ।
ਕੇਸ ਨੰ. 584. ਐੱਫ.ਟੀ.ਸੀ./ਐੱਨ.ਆਰ.ਆਈਜ਼
ਕੇਸ ਅਨੁਵਾਨ- ਕਰਮ ਸਿੰਘ ਆਦਿ ਬਨਾਮ ਹਰਦੀਪ ਸਿੰਘ ਆਦਿ ਖੇਵਟ - 250 ਵਾਕਿਆ ਪਿੰਡ - ਚੂਹੜਵਾਲੀ
ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ 1. Karam Singh Minhas aged about 84 Son of Surain Singh Son of Dalel Singh Resident of 11889, 86A Avenue, Delta, British Colmbia, Canada V4C2Z2 and Resident of VPO Madar, Tehsil and District Jalandhar, 2. Iqbal Singh aged 73 years son of Surain Singh Son of Dalel Singh Resident of VPO Madar, Tehsil and District Jalandhar. (Applicant)

ਨੋਟਿਸ ਬਨਾਮ

1. Hardeep Singh Son of Surain Singh Son of Dalel Singh, 2. Nirmal Kaur Wife of Nishan Singh Son of Tara Singh, 3. Daljit Singh Son of Nishan Singh Son of Tara Singh, 4. Arunveer Singh Son of Nishan Singh Son of Tara Singh, 5. Asha Rani daughter of Nishan Singh Son of Tara Singh, 6. Balwant Singh Son of Tara Singh Son of Dalel Singh, 7. Satbir Singh Son of Kamaljit Singh @ Kanwaljit Singh Son of Tara Singh, 8. Inderjit Singh Son of Baldev Singh Son of Dalel Singh, 9. Ravinder Singh Son of Baldev Singh Son of Dalel Singh, 10.Sukhwinder Singh Son of Baldev Singh Son of Dalel Singh, 11.Surjit Singh Son of Gurbax Singh Son of Dalel Singh, 12. Daljit Kaur widow of Kulwant Singh Son of Gurbax Singh, 13.Harjinder Singh Son of Kulwant Singh Son of Gurbax Singh, 14. Amninder Kaur Daughter of Kulwant Singh Son of Gurbax Singh, 15. Navjot Kaur Daughter of Kulwant Singh Son of Gurbax Singh, 16. Jagjit Singh Son of Harbhajan Singh Son of Tara Singh, 17. Jasjit Singh Son of Ranjit Singh Son Baldev Singh. All residents of V.P.O. Madar, Tehsil and District Jalandhar.

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 5.05.2025 ਨੂੰ ਦੁਪਹਿਰ 02.00 ਵਜੇ ਦੀ ਤਰੀਕ ਪੇਸ਼ੀ ਨਿਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 16.4.25 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।
ਸਹੀ/- ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਜਲੰਧਰ।
ਨੰਬਰ : 733/ਰੀਡਰ/ਡੀ.ਆਰ.ਓ. ਮਿਤੀ: 16.4.25

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਨਵਦੀਪ ਸਿੰਘ ਭੋਗਲ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਜਲੰਧਰ।
ਕੇਸ ਨੰ.583.ਐੱਫ.ਟੀ.ਸੀ./ਐੱਨ.ਆਰ.ਆਈਜ਼
ਕੇਸ ਅਨੁਵਾਨ - ਕਰਮ ਸਿੰਘ ਆਦਿ ਬਨਾਮ ਹਰਦੀਪ ਸਿੰਘ ਆਦਿ ਖੇਵਟ -126/124 ਵਾਕਿਆ ਪਿੰਡ- ਮਦਾਰ
ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ

I. Karam Singh Minhas aged about 84 Son of Surain Singh Son of Dalel Singh resident of 11889, 86 A Avenue, Delta, British Colmbia, Canada V4C2Z2 and resident of VPO Madar, Tehsil and District Jalandhar 2. Iqbal Singh aged 73 years son of Surain Singh son of Dalel Singh resident of VPO Madar, Tehsil and District Jalandhar. (Applicant)

ਨੋਟਿਸ ਬਨਾਮ

1. Hardeep Singh Son of Surain Singh Son of Dalel Singh 2. Nirmal Kaur wife of Nishan Singh Son of Tara Singh 3. Daljit Singh Son of Nishan Singh Son of Tara Singh 4. Arunveer Singh Son of Nishan Singh Son of Tara Singh 5. Asha Rani daughter of Nishan Singh Son of Tara Singh 6. Balwant Singh Son of Tara Singh Son of Dalel Singh, 7. Kamaljit Singh Son of Tara Singh Son of Dalel Singh, 8. The Madar Co.op. Agri. Multipurpose Service Sabha Ltd. Madar, District Jalandhar, 9. Satbir Singh Son of Kamaljit Singh @ Kanwaljit Singh Son of Tara Singh, 10. Inderjit Singh Son of Baldev Singh Son of Dalel Singh, 11. Ravinder Singh Son of Baldev Singh Son of Dalel Singh, 12. Sukhwinder Singh Son of Baldev Singh Son of Dalel Singh, 13. Surjit Singh Son of Gurbax Singh Son of Dalel Singh, 14. Daljit Kaur widow of Kulwant Singh Son of Gurbax Singh, 15. Harjinder Singh Son of Kulwant Singh Son of Gurbax Singh, 16. Amninder Kaur daughter of Kulwant Singh Son of Gurbax Singh, 17. Navjot Kaur daughter of Kulwant Singh Son of Gurbax Singh, 18. Jagjit Singh Son of Harbhajan Singh Son of Tara Singh, 19. Jasjit Singh Son of Ranjit Singh S/o Baldev Singh. All residents of V.P.O. Madar, Tehsil and District Jalandhar.

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 5.05.2025 ਨੂੰ ਦੁਪਹਿਰ 02.00 ਵਜੇ ਦੀ ਤਰੀਕ ਪੇਸ਼ੀ ਨਿਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 16.4.25 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।
ਸਹੀ/- ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਜਲੰਧਰ।
ਨੰਬਰ : 732/ਰੀਡਰ/ਡੀ.ਆਰ.ਓ. ਮਿਤੀ: 16.4.25

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਡਿਪਟੀ ਡਾਇਰੈਕਟਰ ਭੌਂ ਰਿਕਾਰਡ-ਕਮ-ਬੰਦੋਬਸਤ ਅਫਸਰ, ਚੱਕਬੰਦੀ ਪੰਜਾਬ, ਕਪੂਰਥਲਾ ਰੋਡ, ਜਲੰਧਰ
ਦੀ ਈਸਟ ਪੰਜਾਬ ਹੋਲਡਿੰਗਜ਼, 1948 ਐਕਟ (ਕੰਨਸੋਲੀਡੇਸ਼ਨ ਐਂਡ ਪ੍ਰੀਵਿਨਸ਼ਨ ਆਫ ਫਰੈਗਮੈਨਟੇਸ਼ਨ) ਦੀ ਧਾਰਾ (3)21 ਦੀਆਂ ਪਾਵਰਾਂ ਤਹਿਤ
ਮੁਕੱਦਮਾ ਨੰਬਰ 02/2025 ਤਾਰੀਖ ਰਜੂਆ 19.03.2025
ਪਿੰਡ ਬੁੱਲੋਵਾਲ, ਤਹਿਸੀਲ ਜਲੰਧਰ-2, ਜ਼ਿਲ੍ਹਾ ਜਲੰਧਰ।
ਗ੍ਰਾਮ ਪੰਚਾਇਤ ਪਿੰਡ ਬੁੱਲੋਵਾਲ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਰਾਹੀਂ ਸਰਪੰਚ। (ਅਪੀਲਕਾਰ)

ਬਨਾਮ

1. ਤੇਜਿੰਦਰ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਪਿੰਡ ਨੂਰਪੁਰ ਨੇੜੇ ਫੁੱਲ ਹਕੀਮ ਜਲੰਧਰ, 2. ਕਰਮਵੀਰ ਸਿੰਘ (ਮ੍ਰਿਤਕ ਰਾਹੀਂ ਵਾਰਸ) ਭੁਪਿੰਦਰ ਕੌਰ ਵਿਧਵਾ ਕਰਮਵੀਰ ਸਿੰਘ, 3. ਚਰਨਜੀਤ ਸਿੰਘ (ਮ੍ਰਿਤਕ ਰਾਹੀਂ ਵਾਰਸ) ਜੰਗੀਰ ਕੌਰ ਵਿਧਵਾ ਚਰਨਜੀਤ ਸਿੰਘ, 4. ਜਗਤ ਸਿੰਘ ਪੁੱਤਰ ਤੇਜਾ ਸਿੰਘ ਵਾਸੀਆਨ ਪਿੰਡ ਬੁੱਲੋਵਾਲ ਤਹਿ. ਤੇ ਜ਼ਿਲ੍ਹਾ ਜਲੰਧਰ, 5. ਪਿਆਰਾ ਸਿੰਘ (ਮ੍ਰਿਤਕ ਰਾਹੀਂ ਵਾਰਸ) ਸ਼ਿੰਗਾਰਾ ਸਿੰਘ ਪੁੱਤਰ ਪਿਆਰਾ ਸਿੰਘ, 6. ਸਵਰਨ ਸਿੰਘ ਪੁੱਤਰ ਭੋਲਾ ਸਿੰਘ ਵਾਸੀਆਨ ਪਿੰਡ ਜੰਡ ਸਰਾਏ, ਤਹਿ. ਤੇ ਜ਼ਿਲ੍ਹਾ ਜਲੰਧਰ, 7. ਦਲੀਪ ਸਿੰਘ (ਮ੍ਰਿਤਕ ਰਾਹੀਂ ਵਾਰਸ) ਗੁਰਦੇਵ ਸਿੰਘ ਪੁੱਤਰ ਗੁਰਮੁੱਖ ਸਿੰਘ ਪੁੱਤਰ ਦਲੀਪ ਸਿੰਘ, 8. ਸੁਰਿੰਦਰਪਾਲ ਕੌਰ ਪੁੱਤਰੀ ਟਹਿਲ ਸਿੰਘ, 9. ਗੁਰਦੀਪ ਕੌਰ ਪੁੱਤਰੀ ਟਹਿਲ ਸਿੰਘ, 10. ਸੁਰਜੀਤ ਕੌਰ ਵਿਧਵਾ ਟਹਿਲ ਸਿੰਘ (ਮ੍ਰਿਤਕ ਰਾਹੀਂ ਵਾਰਸ) ਗੁਰਮੀਤ ਸਿੰਘ ਪੁੱਤਰ ਟਹਿਲ ਸਿੰਘ, 11. ਲਖਵਿੰਦਰ ਕੌਰ ਵਿਧਵਾ ਗੁਰਦੀਪ ਸਿੰਘ, ਵਾਸੀਆਨ ਪਿੰਡ ਬੁੱਲੋਵਾਲ ਤਹਿ ਤੇ ਜ਼ਿਲ੍ਹਾ ਜਲੰਧਰ, 12. ਉਂਕਾਰ ਸਿੰਘ ਪੁੱਤਰ ਹਾਕਮ ਸਿੰਘ ਵਾਸੀ ਪਿੰਡ ਖਾਨ ਕੇ ਫਤਿਹਗੜ੍ਹ ਤਹਿ. ਤੇ ਜ਼ਿਲ੍ਹਾ ਜਲੰਧਰ, 13. ਕਸ਼ਮੀਰ ਕੌਰ ਵਿਧਵਾ ਗੁਰਮੁੱਖ ਸਿੰਘ ਵਾਸੀ ਪਿੰਡ ਬੁੱਲੋਵਾਲ ਤਹਿ. ਤੇ ਜ਼ਿਲ੍ਹਾ ਜਲੰਧਰ, 14. ਮਹਿੰਦਰ ਕੌਰ ਪਤਨੀ ਹਰਭਜਨ ਸਿੰਘ ਵਾਸੀ ਪਿੰਡ ਖਾਨ ਕੇ ਫਤਿਹਗੜ੍ਹ, ਤਹਿ. ਤੇ ਜ਼ਿਲ੍ਹਾ ਜਲੰਧਰ, 15. ਬਚਿੰਤ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਪਿੰਡ ਜੰਡ ਸਰਾਏ, ਤਹਿ. ਤੇ ਜ਼ਿਲ੍ਹਾ ਜਲੰਧਰ, 16. ਜਸਬੀਰ ਸਿੰਘ (ਮ੍ਰਿਤਕ ਰਾਹੀਂ ਵਾਰਸ) ਮਹਿੰਦਰ ਸਿੰਘ ਪੁੱਤਰ ਜਸਬੀਰ ਸਿੰਘ, 17. ਬਲਵੰਤ ਸਿੰਘ ਪੁੱਤਰ ਪਰਤਾਪ ਸਿੰਘ ਵਾਸੀਆਨ ਪਿੰਡ ਬੁੱਲੋਵਾਲ ਤਹਿ. ਤੇ ਜ਼ਿਲ੍ਹਾ ਜਲੰਧਰ, 18. ਵਤਨ ਸਿੰਘ (ਮ੍ਰਿਤਕ ਰਾਹੀਂ ਵਾਰਸ) ਜਸਵਿੰਦਰ ਸਿੰਘ ਪੁੱਤਰ ਵਤਨ ਸਿੰਘ ਵਾਸੀ ਪਿੰਡ ਬੁੱਟਰ, ਤਹਿ. ਤੇ ਜ਼ਿਲ੍ਹਾ ਜਲੰਧਰ, 19. ਗੁਰਦਿੱਤ ਸਿੰਘ ਪੁੱਤਰ ਸੰਤਾ ਸਿੰਘ ਵਾਸੀ ਪਿੰਡ ਖਾਨ ਕੇ ਫਤਿਹਗੜ੍ਹ, ਤਹਿ. ਤੇ ਜ਼ਿਲ੍ਹਾ ਜਲੰਧਰ, 20. ਰਾਜ ਕੁਮਾਰ ਪੁੱਤਰ ਦੁਰਗਾ ਦਾਸ (ਮ੍ਰਿਤਕ ਰਾਹੀਂ ਵਾਰਸ) ਲੇਖ ਰਾਜ ਪੁੱਤਰ ਰਾਜ ਕੁਮਾਰ ਵਾਸੀ ਪਿੰਡ ਭੁਲੱਥ, ਤਹਿ. ਭੁਲੱਥ ਜ਼ਿਲ੍ਹਾ ਕਪੂਰਥਲਾ, 21. ਜੀਤ ਕੁਮਾਰ (ਮ੍ਰਿਤਕ ਰਾਹੀਂ ਵਾਰਸ) ਜੋਤੀ ਪੁੱਤਰ ਜੀਤ ਕੁਮਾਰ, 22. ਰੌਸ਼ਨ ਲਾਲ (ਮ੍ਰਿਤਕ ਰਾਹੀਂ ਵਾਰਸ) ਰਜਿੰਦਰ ਕੁਮਾਰ ਪੁੱਤਰ ਰੌਸ਼ਨ ਲਾਲ, 23. ਸਵਰਨ ਸਿੰਘ (ਮ੍ਰਿਤਕ ਰਾਹੀਂ ਵਾਰਸ) ਸੰਜੇ ਚੋਪੜਾ ਪੁੱਤਰ ਸਵਰਨ ਸਿੰਘ, 24. ਸਾਧੂ ਸਿੰਘ (ਮ੍ਰਿਤਕ ਰਾਹੀਂ ਵਾਰਸ) ਸੁਰਜੀਤ ਸਿੰਘ ਪੁੱਤਰ ਸਾਧੂ ਸਿੰਘ, 25. ਅਵਤਾਰ ਸਿੰਘ (ਮ੍ਰਿਤਕ ਰਾਹੀਂ ਵਾਰਸ) ਮਹਿੰਦਰ ਸਿੰਘ ਪੁੱਤਰ ਅਵਤਾਰ ਸਿੰਘ, 26. ਦਲੀਪ ਸਿੰਘ (ਮ੍ਰਿਤਕ ਰਾਹੀਂ ਵਾਰਸ) ਗੁਰਦੇਵ ਸਿੰਘ ਪੁੱਤਰ ਦਲੀਪ ਸਿੰਘ, 27. ਕਸ਼ਮੀਰ ਸਿੰਘ ਪੁੱਤਰ ਪ੍ਰੀਤਮ ਸਿੰਘ, 28. ਠਾਕਰ ਸਿੰਘ (ਮ੍ਰਿਤਕ ਰਾਹੀਂ ਵਾਰਸ) ਸੁਰਜੀਤ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਠਾਕਰ ਸਿੰਘ ਵਾਸੀਆਨ ਪਿੰਡ ਬੁੱਲੋਵਾਲ, ਤਹਿ. ਤੇ ਜ਼ਿਲ੍ਹਾ ਜਲੰਧਰ, 29. ਅਮਰਦਾਸ ਪੁੱਤਰ ਨੰਦਰਾਮ, 30. ਜਸਦੀਸ਼ ਚੰਦ ਪੁੱਤਰ ਰਾਮਦਾਸ ਵਾਸੀਆਨ ਬਲਾਕ ਨੰਬਰ 301, ਦੂਜੀ ਮੰਜ਼ਲ, ਹਰੀ ਨਗਰ, ਕਲਾਕ ਟਾਵਰ, ਨਵੀਂ ਦਿੱਲੀ, 31. ਸ਼ਿਵ ਚੰਦ ਪੁੱਤਰ ਮੱਖਣ ਲਾਲ, 32. ਦਰਸ਼ਨ ਸਿੰਘ (ਮ੍ਰਿਤਕ ਰਾਹੀਂ ਵਾਰਸ) ਬਲਵੰਤ ਸਿੰਘ ਪੁੱਤਰ ਦਰਸ਼ਨ ਸਿੰਘ, 33. ਭਗਤ ਸਿੰਘ (ਮ੍ਰਿਤਕ ਰਾਹੀਂ ਵਾਰਸ) ਸ਼ਿੰਗਾਰਾ ਸਿੰਘ ਅ) ਕਰਨੈਲ ਸਿੰਘ ੲ) ਅਮਰ ਸਿੰਘ ਸ) ਦਰਸ਼ਨ ਸਿੰਘ ਬੇਟੇ ਭਗਤ ਸਿੰਘ, 34. ਇੰਦਰ ਸਿੰਘ ਪੁੱਤਰ ਸੰਤਾ ਸਿੰਘ, ਸਾਰੇ ਵਾਸੀਆਨ ਪਿੰਡ ਬੋਪਾਰਾਏ, ਤਹਿ. ਭੁਲੱਥ, ਜ਼ਿਲ੍ਹਾ ਕਪੂਰਥਲਾ, 35. ਬਖਸ਼ੀਸ਼ ਸਿੰਘ (ਮ੍ਰਿਤਕ ਰਾਹੀਂ ਵਾਰਸ) ਹਰਜੀਤ ਸਿੰਘ ਪੁੱਤਰ ਬਖਸ਼ੀਸ਼ ਸਿੰਘ, 36. ਸੇਵਾ ਸਿੰਘ ਪੁੱਤਰ ਮੱਘਰ ਸਿੰਘ ਵਾਸੀਆਨ ਪਿੰਡ ਜੰਡ, ਤਹਿ. ਪੱਟੀ, ਜ਼ਿਲ੍ਹਾ ਤਰਨ ਤਾਰਨ, 37. ਡਲੀਟਡ, 38. ਜਗਤ ਸਿੰਘ ਪੁੱਤਰ ਤੇਜਾ ਸਿੰਘ, 39. ਗਿਆਨ ਦੇਵੀ (ਮ੍ਰਿਤਕ ਰਾਹੀਂ ਵਾਰਸ) ਬੂਟਾ ਰਾਮ ਪੁੱਤਰ ਰਾਮ ਸਿੰਘ ਵਾਸੀਆਨ ਪਿੰਡ ਬੁੱਲੋਵਾਲ, ਤਹਿ. ਤੇ ਜ਼ਿਲ੍ਹਾ ਜਲੰਧਰ, 40. ਬਲਵਿੰਦਰ ਸਿੰਘ (ਮ੍ਰਿਤਕ ਰਾਹੀਂ ਵਾਰਸ) ਸਮਿੱਤਰ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਬਹਾਮਨਾ, ਤਹਿ. ਸਮਾਣਾ, ਜ਼ਿਲ੍ਹਾ ਪਟਿਆਲਾ, 41. ਨਰੰਜਨ ਸਿੰਘ (ਮ੍ਰਿਤਕ ਰਾਹੀਂ ਵਾਰਸ) ਹਰਜਿੰਦਰ ਸਿੰਘ ਪੁੱਤਰ ਨਰੰਜਨ ਸਿੰਘ, 42. ਨਰਿੰਦਰ ਕੌਰ ਪਤਨੀ ਕੁਲਵੰਤ ਸਿੰਘ, 43. ਜਗਦੀਸ਼ ਸਿੰਘ ਪੁੱਤਰ ਕੁਲਵੰਤ ਸਿੰਘ, 44. ਪ੍ਰਭਜੋਤ ਕੌਰ ਪੁੱਤਰ ਕੁਲਵੰਤ ਸਿੰਘ, ਸਾਰੇ ਵਾਸੀਆਨ ਪਿੰਡ ਬੋਪਾਰਾਏ, ਤਹਿ. ਭੁਲੱਥ, ਜ਼ਿਲ੍ਹਾ ਕਪੂਰਥਲਾ, 45. ਕਰਮ ਸਿੰਘ ਪੁੱਤਰ ਸਾਧੂ ਸਿੰਘ ਵਾਸੀ ਪਿੰਡ ਦੂਹੜੇ, ਤਹਿ. ਤੇ ਜ਼ਿਲ੍ਹਾ ਜਲੰਧਰ, 46. ਤੇਜਾ ਸਿੰਘ (ਮ੍ਰਿਤਕ ਰਾਹੀਂ ਵਾਰਸ) ਗੁਰਦੇਵ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਪਿੰਡ ਬੁੱਟਰ, ਤਹਿ. ਤੇ ਜ਼ਿਲ੍ਹਾ ਜਲੰਧਰ, 47. ਲਾਭ ਸਿੰਘ ਪੁੱਤਰ ਵਸਾਵਾ ਸਿੰਘ, 48. ਅਮਰ ਸਿੰਘ ਪੁੱਤਰ ਬੁੱਧ ਸਿੰਘ ਵਾਸੀਆਨ ਪਿੰਡ ਭਟਨੂਰਾ ਉੱਚਾ, ਤਹਿ. ਭੁਲੱਥ, ਜ਼ਿਲ੍ਹਾ ਕਪੂਰਥਲਾ, 49. ਭੁਪਿੰਦਰ ਕੌਰ ਵਿਧਵਾ ਕਮਲਵੀਰ ਸਿੰਘ, 50. ਹਰਬੰਸ ਕੌਰ ਵਿਧਵਾ ਸੁਖਵੰਤ ਸਿੰਘ, 51. ਬਲਬੀਰ ਸਿੰਘ, 52. ਕੁਲਦੀਪ ਸਿੰਘ ਬੇਟੇ ਸੁਖਵੰਤ ਸਿੰਘ ਸਾਰੇ ਵਾਸੀਆਨ ਪਿੰਡ ਬੁੱਲੋਵਾਲ, ਤਹਿ. ਤੇ ਜ਼ਿਲ੍ਹਾ ਜਲੰਧਰ, 53. ਸ਼ਿਵਾਲਾ ਪਿੰਡ ਬੋਪਾਰਾਏ ਤਹਿ. ਭੁਲੱਥ, ਜ਼ਿਲ੍ਹਾ ਕਪੂਰਥਲਾ ਰਾਹੀਂ ਪਰਮਜੀਤ ਸਿੰਘ ਵਰਮਾ ਪ੍ਰਧਾਨ। (ਫਰੀਕਦੋਮ)

ਇਸ ਕੇਸ ਦੀ ਤਾਰੀਖ ਪੇਸ਼ੀ ਮਿਤੀ 14/05/2025 ਨਿਯਤ ਹੋਈ ਹੈ।

1. ਲਿਹਾਜਾ ਇਸ ਇਸ਼ਤਿਹਾਰ ਰਾਹੀਂ ਫਰੀਕਦੋਮ ਅਤੇ ਉਕਤ ਫਰੀਕਦੋਮ ਦੇ ਵਾਰਸਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਨਿਯਤ ਮਿਤੀ ਨੂੰ ਅਸਾਲਤਨ ਜਾਂ ਵਕਾਲਤਨ ਸਵੇਰੇ 10.00 ਵਜੇ ਹਾਜ਼ਰ ਅਦਾਲਤ (ਦਫਤਰ ਡਾਇਰੈਕਟਰ ਭੌਂ ਰਿਕਾਰਡ ਪੰਜਾਬ, Backside Sports College, ਕਪੂਰਥਲਾ ਰੋਡ, ਜਲੰਧਰ) ਆ ਕੇ ਪੈਰਵੀ ਮੁਕੱਦਮਾ ਕਰਨ।

ਨਿਯਤ ਮਿਤੀ ਅਤੇ ਵੇਲੇ ਸਿਰ ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਮੁਕੱਦਮਾ ਅਦਮ ਪੈਰਵੀ ਕਾਨੂੰਨ ਅਨੁਸਾਰ ਫੈਸਲਾ ਕਰ ਦਿੱਤਾ ਜਾਵੇਗਾ।
ਅੱਜ ਮਿਤੀ 16.04.2025 ਨੂੰ ਮੇਰੇ ਦਸਤਖਤ ਅਤੇ ਮੋਹਰ ਅਦਾਲਤ ਨਾਲ ਇਸ਼ਤਿਹਾਰ ਜਾਰੀ ਹੋਇਆ।
ਡਿਪਟੀ ਡਾਇਰੈਕਟਰ ਭੌਂ ਰਿਕਾਰਡ-ਕਮ- ਬੰਦੋਬਸਤ ਅਫਸਰ ਚੱਕਬੰਦੀ, ਪੰਜਾਬ, ਜਲੰਧਰ।
ਨੰਬਰ ਪੇਸ਼ੀ ਸ਼ਾਖਾ/ 108 ਮਿਤੀ 16.04.2025

## ਅਦਾਲਤੀ ਇਸ਼ਤਿਹਾਰ

ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਨਵਾਂਸ਼ਹਿਰ ।
ਮਿਸਲ ਨੰ. 06 ਐਨ.ਟੀ ਪਬਲਿਕੇਸ਼ਨ ਦਾਇਰ ਮਿਤੀ-28/06/2024
ਕਿਸਮ : ਤਕਸੀਮ ਫੈਸਲਾ ਮਿਤੀ-
ਪਿੰਡ - ਮਜਾਰਾ ਖੁਰਦ/ਦੌਪਾਲਪੁਰ
ਅਨੁਵਾਨ ਮੁਕੱਦਮਾ : ਕਰਨੈਲ ਸਿੰਘ ਬਨਾਮ ਸੁਖਦਰਸ਼ਨ ਸਿੰਘ
1. ਕਰਨੈਲ ਸਿੰਘ ਪੁੱਤਰ [illegible] ......ਫਰੀਕ ਅੱਵਲ

ਬਨਾਮ

[illegible]

ਨੰਬਰ 8 ਰੀਡਰ/2-ਏਜੀ : 1/4/25 ਸਹੀ/- ਨਾਇਬ-ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਨਵਾਂਸ਼ਹਿਰ

# ਸ਼ਾਨਨ ਪਾਵਰ ਪ੍ਰੋਜੈਕਟ ਪੰਜਾਬ ਦੀ ਮਲਕੀਅਤ : ਈ ਟੀ ਓ



**ਚੰਡੀਗੜ੍ਹ** : ਪੰਜਾਬ ਰਾਜ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਬਿਆਨ ਜਾਰੀ ਕਰਦਿਆਂ ਹਿਮਾਚਲ ਪ੍ਰਦੇਸ਼ ਦੇ ਉੱਪ ਮੁੱਖ ਮੰਤਰੀ ਅਤੇ ਸਹਿਕਾਰਤਾ ਮੰਤਰੀ ਮੁਕੇਸ਼ ਅਗਨੀਹੋਤਰੀ ਵੱਲੋਂ ਸ਼ਾਨਨ ਪਾਵਰ ਪ੍ਰੋਜੈਕਟ ਸਬੰਧੀ ਦਿੱਤੇ ਗਏ ਬਿਆਨ ਨੂੰ ਮੁੱਢੋਂ ਰੱਦ ਕਰਦਿਆਂ ਕਿਹਾ ਕਿ ਸ਼ਾਨਨ ਪਾਵਰ ਪ੍ਰੋਜੈਕਟ ਪੰਜਾਬ ਰਾਜ ਦੀ ਮਲਕੀਅਤ ਹੈ ਅਤੇ ਇਸ ਉਤੇ ਹਿਮਾਚਲ ਪ੍ਰਦੇਸ਼ ਦੀ ਸਰਕਾਰ ਦਾ ਕੋਈ ਹੱਕ ਨਹੀਂ ਬਣਦਾ।ਉਨ੍ਹਾ ਕਿਹਾ ਕਿ ਅਗਨੀਹੋਤਰੀ ਨੂੰ ਸ਼ਾਨਨ ਪ੍ਰੋਜੈਕਟ ਸੰਬੰਧੀ ਬਿਆਨ ਦੇਣ ਤੋਂ ਪਹਿਲਾਂ ਤੱਥਾਂ ਤੋਂ ਜਾਣੂ ਹੋ ਜਾਣਾ ਚਾਹੀਦਾ ਸੀ। ਤੱਥਾਂ ਤੋਂ ਅਣਜਾਣ ਹੋਣ ਕਾਰਨ ਅਗਨੀਹੋਰਤੀ ਗਲ਼ਤ ਬਿਆਨਬਾਜ਼ੀ ਕਰਕੇ ਦੋ ਰਾਜਾਂ ਦੇ ਆਪਸੀ ਸੰਬੰਧਾਂ ਨੂੰ ਖਰਾਬ ਕਰਨ ਦਾ ਕੰਮ ਕਰ ਰਹੇ ਹਨ।ਉਨ੍ਹਾ ਕਿਹਾ ਕਿ ਅਗਨੀਹੋਤਰੀ ਨੂੰ ਸਮਝਣਾ ਚਾਹੀਦਾ ਹੈ ਕਿ ਜੋ ਐਕਟ ਸੰਸਦ ਵੱਲੋਂ ਲਾਗੂ ਕੀਤਾ ਗਿਆ ਹੋਵੇ, ਉਹ ਕਾਨੂੰਨ ਬਣ ਜਾਂਦਾ ਹੈ, ਜੋ ਕਿ ਬਿਨਾਂ ਕਿਸੇ ਬਦਲਾਅ ਦੇ ਲਾਗੂ ਹੋਣ ਯੋਗ ਦਸਤਾਵੇਜ਼ ਹੁੰਦਾ ਹੈ।

# ਪੰਜਾਬ ਦੇ ਦੁਸ਼ਮਣਾਂ ਨੂੰ ਵਿਦੇਸ਼ਾਂ 'ਚ ਵੀ ਨਹੀਂ ਬਖ਼ਸ਼ੇਗੀ ਆਪ ਸਰਕਾਰ : ਅਮਨ ਅਰੋੜਾ



**ਚੰਡੀਗੜ੍ਹ, ( ਗੁਰਜੀਤ ਬਿੱਲਾ )**— ਗੈਂਗਸਟਰਵਾਦ ਵਿਰੁੱਧ 'ਆਪ' ਸਰਕਾਰ ਦੀ ਲੜਾਈ ਨੂੰ ਮੋਸਟ ਵਾਂਟੇਡ ਅੱਤਵਾਦੀ ਹੈਪੀ ਪਾਸੀਆ ਦੀ ਗ੍ਰਿਫ਼ਤਾਰੀ ਨਾਲ ਵੱਡੀ ਸਫਲਤਾ ਮਿਲੀ, ਜੋ ਅਮਰੀਕਾ ਤੋਂ ਸੂਬੇ ਦੀ ਸ਼ਾਂਤੀ 'ਤੇ ਹਮਲਾ ਕਰਨ ਦੀ ਸਾਜ਼ਿਸ਼ ਰਚ ਰਿਹਾ ਸੀ। ਪਾਸੀਆ, ਜਿਸ ਦਾ ਪੰਜਾਬ ਵਿੱਚ ਕਈ ਗ੍ਰਨੇਡ ਧਮਾਕੇ ਕਰਵਾਉਣ ਵਿੱਚ ਨਾਂਅ ਸ਼ਾਮਿਲ ਸੀ, ਪਿਛਲੀਆਂ ਸਰਕਾਰਾਂ ਦੌਰਾਨ ਅਧਿਕਾਰੀਆਂ ਤੋਂ ਬਚਦਾ ਰਿਹਾ। ਆਮ ਆਦਮੀ ਪਾਰਟੀ (ਆਪ) ਸਰਕਾਰ ਦੇ ਅਧੀਨ ਪੰਜਾਬ ਪੁਲਸ ਅਤੇ ਖ਼ੁਫ਼ੀਆ ਏਜੰਸੀਆਂ ਨੇ ਉਸਦੀਆਂ ਗਤੀਵਿਧੀਆਂ 'ਤੇ ਨੇੜਿਓਂ ਨਜ਼ਰ ਰੱਖੀ ਜਿਸ ਦੇ ਕਾਰਨ ਉਸਨੂੰ ਵਿਦੇਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ।ਇਸ ਵੱਡੀ ਸਫਲਤਾ ਲਈ ਪੰਜਾਬ ਪੁਲਸ ਅਤੇ ਖ਼ੁਫ਼ੀਆ ਏਜੰਸੀਆਂ ਦੀ ਸ਼ਲਾਘਾ ਕਰਦੇ ਹੋਏ, 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਕਿਹਾ, 'ਇਹ ਪੰਜਾਬ ਲਈ ਮਾਣ ਅਤੇ ਰਾਹਤ ਦਾ ਪਲ ਹੈ। ਇੱਕ ਵਾਂਟੇਡ ਅੱਤਵਾਦੀ ਜੋ ਵਿਦੇਸ਼ਾਂ ਤੋਂ ਕੰਮ ਕਰ ਰਿਹਾ ਸੀ ਅਤੇ ਸੂਬੇ ਵਿੱਚ ਡਰ ਅਤੇ ਦਹਿਸ਼ਤ ਫੈਲਾ ਰਿਹਾ ਸੀ, ਨੂੰ ਸਾਡੀ ਪੁਲਸ ਅਤੇ ਖ਼ੁਫ਼ੀਆ ਟੀਮਾਂ ਦੇ ਸਮਰਪਿਤ ਯਤਨਾਂ ਸਦਕਾ ਫੜ ਲਿਆ ਹੈ। ਇਹ ਗ੍ਰਿਫ਼ਤਾਰੀ ਪੰਜਾਬ ਸਰਕਾਰ ਦੀ ਸੂਬੇ ਵਿੱਚ ਸ਼ਾਂਤੀ ਅਤੇ ਸੁਰੱਖਿਆ ਬਣਾਈ ਰੱਖਣ ਪ੍ਰਤੀ ਅਟੱਲ ਵਚਨਬੱਧਤਾ ਦਾ ਪ੍ਰਮਾਣ ਹੈ।' ਅਰੋੜਾ ਨੇ ਵਿਰੋਧੀ ਆਗੂਆਂ, ਖ਼ਾਸ ਕਰਕੇ ਕਾਂਗਰਸ ਦੇ ਵਿਰੋਧੀ ਧਿਰ ਦੇ ਨੇਤਾ (ਐਲਓਪੀ) ਪ੍ਰਤਾਪ ਬਾਜਵਾ ਦੀ ਪੰਜਾਬ ਪੁਲਸ ਦੀ ਭਰੋਸੇਯੋਗਤਾ ਨੂੰ ਕਮਜ਼ੋਰ ਕਰਨ ਲਈ ਸਖ਼ਤ ਆਲੋਚਨਾ ਕੀਤੀ। ਉਨ੍ਹਾਂ ਕਿਹਾ, 'ਬਾਜਵਾ ਵਰਗੇ ਆਗੂ, ਜੋ ਦਾਅਵਾ ਕਰਦੇ ਹਨ ਕਿ ਪੰਜਾਬ ਪੁਲਸ ਅਕੁਸ਼ਲ ਹੈ ਅਤੇ ਇਸ ਨੂੰ ਭੰਗ ਕਰ ਦੇਣਾ ਚਾਹੀਦਾ ਹੈ, ਨੂੰ ਪੰਜਾਬ ਦੇ ਲੋਕਾਂ ਨੂੰ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ। ਇਹ ਉਹੀ ਪੰਜਾਬ ਪੁਲਿਸ ਹੈ, ਜਿਸ ਨੇ ਆਪਣੀਆਂ ਖ਼ੁਫ਼ੀਆ ਸਮਰੱਥਾਵਾਂ ਅਤੇ ਅੰਤਰਰਾਸ਼ਟਰੀ ਏਜੰਸੀਆਂ ਨਾਲ ਤਾਲਮੇਲ ਨਾਲ, ਸੱਤ ਸਮੁੰਦਰੋਂ ਪਾਰ ਬੈਠੇ ਇੱਕ ਅੱਤਵਾਦੀ ਨੂੰ ਟਰੈਕ ਕਰਨ ਅਤੇ ਫੜਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ।

# ਕੈਂਪ ਤੋਂ ਵਾਪਸ ਆਏ ਬੱਚਿਆਂ ਦਾ ਸਨਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਐੱਨ ਐੱਸ ਐੱਸ ਯੂਨਿਟ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਚੁਨਾਗਰਾ ਦੇ ਵਲੰਟੀਅਰਾਂ ਪ੍ਰੀਤ ਕੌਰ, ਮਾਨਸੀ ਤੇ ਮੁਸਕਾਨ ਵੱਲੋਂ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੁਆਰਾ ਆਯੋਜਿਤ ਅਟਲ ਬਿਹਾਰੀ ਵਾਜਪਾਈ ਇੰਸਟੀਚਿਊਟ ਆਫ ਮੌਂਟੇਨੀਅਰਿੰਗ ਐਂਡ ਅਲਾਈਡ ਸਪੋਰਟਸ ਮਨਾਲੀ (ਹਿਮਾਚਲ ਪ੍ਰਦੇਸ਼) ਦੇ ਰੀਵਰ ਰਾਫਟਿੰਗ ਸੈਂਟਰ, ਪਿਰਡੀ (ਕੁੱਲੂ) ਵਿਖੇ 10 ਰੋਜ਼ਾ ਰੀਵਰ ਰਾਫਟਿੰਗ ਕੈਂਪ ਵਿੱਚ ਭਾਗ ਲਿਆ।ਕੈਂਪ ਵਿੱਚ ਪੰਜਾਬ ਭਰ ਦੇ ਵਲੰਟੀਅਰਾਂ ਵੱਲੋਂ ਰੀਵਰ ਰਾਫਟਿੰਗ, ਫਲਿਪ ਡਰਿੱਲ, ਕਾਯਕਿੰਗ, ਵਾਟਰ ਸੇਫਟੀ ਤੇ ਬਚਾਅ ਤਕਨੀਕਾਂ, ਤੈਰਾਕੀ, ਪੈਡਲਿੰਗ ਸਟਰੋਕਸ ਤੇ ਹੋਰ ਰੀਵਰ ਗਤੀਵਿਧੀਆਂ ਸਿੱਖੀਆਂ।ਇਸ ਕੈਂਪ ਵਿੱਚ ਭਾਗ ਲੈਣ ਵਾਲੇ ਵਲੰਟੀਅਰਾਂ ਨੂੰ ਸਰਟੀਫਿਕੇਟ ਤੇ ਬੈਜ ਨਾਲ ਸਨਮਾਨਤ ਕੀਤਾ ਗਿਆ।ਕੈਂਪ ਵਿੱਚੋਂ ਵਾਪਸ ਪਰਤਣ 'ਤੇ ਸਕੂਲ ਪ੍ਰਿੰਸੀਪਲ ਹਰੀਸ਼ ਕੁਮਾਰ, ਪ੍ਰੋਗਰਾਮ ਅਫਸਰ ਲਵਕੇਸ਼ ਕੁਮਾਰ ਤੇ ਸਮੂਹ ਸਟਾਫ ਦੁਆਰਾ ਜ਼ੋਰਦਾਰ ਸਵਾਗਤ ਕੀਤਾ ਗਿਆ।

# ਬਾਰਿਸ਼ ਦੇ ਮੌਸਮ 'ਚ ਮੰਡੀਆਂ 'ਚ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਸਮੱਸਿਆ - ਡੀ ਸੀ

**ਜਲੰਧਰ -(ਇਕਬਾਲ ਸਿੰਘ ਉਭੀ)**—ਮੀਂਹ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਬੰਧਿਤ ਅਧਿਕਾਰੀਆਂ ਨੂੰ ਤਰਪਾਲਾਂ ਦੇ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫ਼ਸਲ ਨੂੰ ਬਾਰਿਸ਼ ਤੋਂ ਬਚਾਉਣ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ ਅਤੇ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਸਹਿਣ ਨਹੀਂ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਕਿਸਾਨਾਂ ਦੀ ਸਹੂਲਤ ਲਈ ਲੋੜੀਂਦੇ ਪ੍ਰਬੰਧਾਂ ਤੋਂ ਇਲਾਵਾ ਪਹਿਲ ਦੇ ਅਧਾਰ 'ਤੇ ਤਰਪਾਲਾਂ ਆਦਿ ਦੇ ਪ੍ਰਬੰਧ ਹਰ ਮੰਡੀ ਵਿੱਚ ਕੀਤੇ ਜਾਣ। ਡਾ. ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਵਿਕਰੀ ਲਈ ਆਪਣੀ ਫ਼ਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕੋਈ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਮੁੱਚੀ ਖ਼ਰੀਦ ਪ੍ਰਕਿਰਿਆ ਨੂੰ ਬਿਨਾਂ ਕਿਸੇ ਰੁਕਾਵਟ ਦੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨਾ, ਜ਼ਿਲ੍ਹਾ ਪ੍ਰਸ਼ਾਸਨ ਦੀ ਮੁੱਢਲੀ ਤਰਜ਼ੀਹ ਹੈ।

# ਸੇਂਟ ਸੋਲਜਰ ਕਾਲਜ ਦੇ 98 ਵਿਦਿਆਰਥੀਆਂ ਨੇ ਮੈਰਿਟ 'ਚ ਸਥਾਨ ਹਾਸਲ ਕੀਤਾ

**ਜਲੰਧਰ -(ਇਕਬਾਲ ਸਿੰਘ ਉਭੀ)**—ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਬੀ.ਐੱਡ, ਸਮੈਸਟਰ-3 ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਜਿਸ ਵਿੱਚ ਸੇਂਟ ਸੋਲਜ਼ਰ ਕਾਲਜ ਆਫ ਐਜੂਕੇਸ਼ਨ ਦੇ ਵਿਦਿਆਰਥੀਆਂ ਨੇ ਯੂਨਿਵਰਸਿਟੀ ਵਿੱਚੋਂ ਮੈਰਿਟ ਸਥਾਨ ਹਾਸਿਲ ਕੀਤੇ। ਕਾਲਜ ਦੇ 98 ਵਿਦਿਆਰਥੀਆਂ ਨੇ 9.00 ਐਸਜੀਪੀਏ ਹਾਸਿਲ ਕੀਤੇ। ਕਾਲਜ ਦੇ ਸਾਰੇ ਵਿਦਿਆਰਥੀਆਂ ਨੇ ਪਹਿਲੇ ਦਰਜੇ ਵਿੱਚ ਕਲਾਸ ਪਾਸ ਕੀਤੀ । ਵਿਦਿਆਰਥੀਆਂ ਵਿੱਚ ਚਾਹਤ ਸੇਖੜੀ, ਮਨਜੀਤ ਕੌਰ,ਬਲਜੀਤ ਕੌਰ, ਕੋਮਲਦੀਪ, ਗਰਿਮਾ ਜੈਨ, ਉੱਨਤੀ, ਸਿਮੀ ਅਗਰਵਾਲ, ਤਵਲੀਨ ਚੁੱਘ, ਭਾਨੂ ਸ਼ਰਮਾ, ਮਿਸੱਕ ਗੁਪਤਾ, ਸੁਖਦੀਪ ਕੌਰ, ਵੰਨਿਕਾ ਚੋਪੜਾ, ਸਤਿੰਦਰ ਕੌਰ, ਸੋਨੀਆ,ਕਿਰਨ, ਰਿਤਿਕਾ, ਰਾਧਿਕਾ, ਸਿਮਰਨ, ਸ਼ਿਖਾ ਭਡਵਾਲ, ਸੰਤਿਆਮ ਖੁਰਾਨਾ, ਭਾਰਤੀ, ਪੂਜਾ ਦੇਵੀ, ਸ਼ਗਮ,ਦੀਕਸ਼ਾ ਸ਼ਰਮਾ, ਤਾਨੀਆ, ਮਾਨਵੀ ਚੋਪੜਾ, ਤਾਰਨਜੋਤ ਕੌਰ, ਆਨੁਸ਼ਾ ਸਚਿਗਲ, ਚਾਹਤ ਚਤਰਥ, ਨੀਲਮ,ਕੁਸ਼ਮਿਤਾ, ਅਨੁਰੀਤ, ਅੰਮ੍ਰਿਤ ਕੌਰ, ਗੋਨਿਕਾ, ਮਨਿੰਦਰ ਕੌਰ, ਤਾਨਿਆ ਨੇ ਉੱਚ ਅੰਕ ਹਾਸਿਲ ਕੀਤੇ। ਕਾਲਜ ਦੇ ਪ੍ਰਿੰਸੀਪਲ ਡਾ ਅਲਕਾ ਗੁਪਤਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਅਤੇ ਉਹਨਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੰਦੇ ਅਤੇ ਉਹਨਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।

# ਹੈਪੀ ਪਾਸੀਆਂ ਦੀ ਗ੍ਰਿਫਤਾਰੀ ਸਰਕਾਰ ਲਈ ਵੱਡੀ ਸਫਲਤਾ-ਨੀਲ ਗਰਗ

**ਚੰਡੀਗੜ੍ਹ, (ਗੁਰਜੀਤ ਬਿੱਲਾ)**—ਪੰਜਾਬ ਵਿੱਚ ਦਰਜਨ ਤੋਂ ਵੱਧ ਗ੍ਰਨੇਡ ਹਮਲਿਆਂ ਦੇ ਮਾਸਟਰਮਾਈਂਡ ਅਤੇ ਮੋਸਟ ਵਾਂਟੇਡ ਅੱਤਵਾਦੀ ਹੈਪੀ ਪਾਸੀਆ ਦੀ ਅਮਰੀਕਾ ਵਿੱਚ ਗ੍ਰਿਫਤਾਰੀ 'ਤੇ, ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਕਿਹਾ ਕਿ ਇਸ ਨਾਲ ਉਨ੍ਹਾਂ ਲੋਕਾਂ ਨੂੰ ਕਰਾਰਾ ਜਵਾਬ ਮਿਲਿਆ ਹੈ ਜੋ ਪੰਜਾਬ ਨੂੰ ਬਦਨਾਮ ਕਰਨ ਅਤੇ ਇੱਥੋਂ ਦੀ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰ ਰਹੇ ਸਨ।ਨੀਲ ਗਰਗ ਨੇ ਕਿਹਾ ਕਿ ਜਿਹੜੇ ਅੱਤਵਾਦੀ ਪਾਸੀਆਂ ਨੂੰ ਪਿਛਲੀਆਂ ਸਰਕਾਰਾਂ ਨਹੀਂ ਲੱਭ ਸਕੀਆਂ, ਉਸ ਦੀ 'ਆਪ' ਸਰਕਾਰ ਨੇ ਨਾ ਸਿਰਫ਼ ਇਕ ਗਤੀਵਿਧੀ ਨੂੰ ਟਰੈਕ ਕੀਤਾ, ਸਗੋਂ ਉਸ ਨੂੰ ਗ੍ਰਿਫ਼ਤਾਰ ਕਰਕੇ ਵੀ ਦਿਖਾਇਆ। ਇਹ ਗ੍ਰਿਫ਼ਤਾਰੀ ਪੰਜਾਬ ਸਰਕਾਰ ਲਈ ਇੱਕ ਵੱਡੀ ਸਫਲਤਾ ਹੈ। ਇਸ ਨਾਲ ਸੂਬੇ ਦੀ ਕਾਨੂੰਨ ਵਿਵਸਥਾ ਅਤੇ ਸ਼ਾਂਤੀ ਭੰਗ ਕਰਨ ਵਾਲੇ ਸ਼ਰਾਰਤੀ ਅਨਸਰਾਂ ਨੂੰ ਸਖ਼ਤ ਸੁਨੇਹਾ ਮਿਲੇਗਾ।ਨੀਲ ਗਰਗ ਨੇ ਇਸ ਮੁੱਦੇ 'ਤੇ ਕਾਂਗਰਸੀ ਨੇਤਾ ਪ੍ਰਤਾਪ ਬਾਜਵਾ ਨੂੰ ਸਵਾਲ ਕਰਦਿਆਂ ਕਿਹਾ ਕਿ ਕੀ ਅਜੇ ਵੀ ਉਨ੍ਹਾਂ ਨੂੰ ਲਗਦਾ ਹੈ ਕਿ ਪੰਜਾਬ ਪੁਲਿਸ ਸ਼ਾਮ 7 ਵਜੇ ਸੌਂ ਜਾਂਦੀ ਹੈ? ਗਰਗ ਨੇ ਕਿਹਾ ਕਿ ਪੰਜਾਬ ਪੁਲਿਸ 24 ਘੰਟੇ ਚੌਕਸ ਰਹਿੰਦੀ ਹੈ ਅਤੇ ਇਹ ਅੱਜ ਸਾਬਤ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵੱਲ ਅੱਖ ਚੁੱਕਣ ਵਾਲਿਆਂ ਦਾ ਅੰਜਾਮ ਸਿਰਫ਼ ਜੇਲ੍ਹ ਹੁੰਦਾ ਹੈ। ਪਿਛਲੇ ਡੇਢ ਮਹੀਨਿਆਂ ਵਿੱਚ, 'ਆਪ' ਸਰਕਾਰ ਨੇ ਹਜ਼ਾਰਾਂ ਅਪਰਾਧੀਆਂ ਅਤੇ ਤਸਕਰਾਂ ਵਿਰੁੱਧ ਕਾਰਵਾਈ ਕੀਤੀ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ। ਉਨ੍ਹਾਂ ਕਿਹਾ ਕਿ ਬਾਜਵਾ ਵਰਗੇ ਆਗੂ ਸਿਰਫ਼ ਬਿਆਨ ਦਿੰਦੇ ਹਨ ਜਦੋਂ ਕਿ 'ਆਪ' ਸਰਕਾਰ ਅਤੇ ਪੰਜਾਬ ਪੁਲਸ ਜ਼ਮੀਨੀ ਪੱਧਰ 'ਤੇ ਕੰਮ ਕਰਦੀ ਹੈ।

# ਗੋਲਡਨ ਜੁਬਲੀ ਵਾਲੇ ਸੁਪਰ ਸੀਨੀਅਰ ਗ੍ਰੈਜੂਏਟ ਸਨਮਾਨਤ ਕੀਤੇ ਜਾਣਗੇ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ, (ਸਮਿੰਦਰਪਾਲ/ਪੂਜਾ)**-ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਸ਼ਹਿਰ ਦੀ ਸਭ ਤੋਂ ਪੁਰਾਣੀ ਵਰਕਿੰਗ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਕਰੀਬ ਪਿਛਲੇ 11 ਸਾਲ ਤੋਂ ਸਮਾਜ ਸੇਵਾ ਦੇ ਕਾਰਜ ਕਰਦੀ ਆ ਰਹੀ ਹੈ। ਸ਼ਹਿਰੀਆਂ ਦੀਆਂ ਸਮੱਸਿਆਵਾਂ ਨੂੰ ਸਾਸ਼ਨ ਪ੍ਰਸ਼ਾਸਨ ਕੋਲ ਪਹੁੰਚਾ ਕੇ ਉਨ੍ਹਾਂ ਦੇ ਹੱਲ ਲਈ ਵਿਕਾਸ ਮਿਸ਼ਨ ਵੱਲੋਂ ਸਾਰਥਿਕ ਯਤਨ ਕੀਤੇ ਜਾ ਰਹੇ ਹਨ। ਐਨਾ ਹੀ ਨਹੀਂ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੇ ਵਿਅਕਤੀਆਂ ਦੀ ਹੌਸਲਾ ਅਫਜ਼ਾਈ ਵੀ ਕੀਤੀ ਜਾਂਦੀ ਹੈ। ਇਸੇ ਲੜੀ ਅਧੀਨ ਆਪਣੀ ਗ੍ਰੈਜੂਏਸ਼ਨ ਦੀ ਗੋਲਡਨ ਜੁਬਲੀ ਮਨਾਉਣ ਵਾਲੇ ਸੁਪਰ ਸੀਨੀਅਰ ਗ੍ਰੈਜੂਏਟ ਵਿਅਕਤੀਆਂ ਨੂੰ ਮਿਸ਼ਨ ਵੱਲੋਂ ਯਾਦਗਾਰੀ ਸਨਮਾਨ ਚਿੰਨ ਭੇਟ ਕੀਤੇ ਜਾਣਗੇ। ਸਨਮਾਨ ਸਮਾਗਮ ਦੌਰਾਨ ਪੰਜਾਹ ਜਾਂ ਇਸ ਤੋਂ ਵੱਧ ਸਾਲ ਪਹਿਲਾਂ ਗ੍ਰੈਜੂਏਸ਼ਨ ਦੀ ਡਿਗਰੀ (ਭਾਵੇਂ ਕਿਸੇ ਵੀ ਸਟਰੀਮ ਵਿੱਚ ਹੋਵੇ) ਕਰਨ ਵਾਲੇ 21 ਵਿਅਕਤੀ ਸ਼ਾਮਲ ਕੀਤੇ ਜਾਣਗੇ। ਢੋਸੀਵਾਲ ਨੇ ਆਪਣੀ ਗ੍ਰੈਜੂਏਸ਼ਨ ਦੀ ਗੋਲਡਨ ਜੁਬਲੀ ਮਨਾ ਚੁੱਕੇ ਗ੍ਰੈਜੂਏਟ ਵਿਅਕਤੀਆਂ ਨੂੰ ਅਪੀਲ ਕੀਤੀ ਹੈ ਕਿ 21 ਅਪ੍ਰੈਲ ਤੱਕ ਵਟਸਐਪ ਕਰਵਾ ਦੇਣ। ਢੋਸੀਵਾਲ ਨੇ ਇਹ ਵੀ ਸਪੱਸ਼ਟ ਕੀਤਾ ਕਿ ਮਿਸ਼ਨ ਕੋਲ ਨਿਸ਼ਚਤ ਸਮੇਂ ਅੰਦਰ ਸਭ ਤੋਂ ਪਹਿਲਾਂ ਰਜਿਸਟ੍ਰੇਸ਼ਨ ਕਰਵਾਉਣ ਵਾਲੇ 21 ਵਿਅਕਤੀ ਹੀ ਸ਼ਾਮਲ ਕੀਤੇ ਜਾਣਗੇ।




## Change of Name

I Vijay Kumar S/o Ram Lubhaya R/o Village Fajjupur, P/o Dhariwal, Distt. Gurdaspur have changed the name of my minor Son from Raghav to Raghav Kumar. Concerned note.

I Vijay Kumar S/o Ram Lubhaya R/o Village Fajjupur, P/o Dhariwal, Distt. Gurdaspur have changed the name of my minor Daughter from Siya to Siya Bhagat. Concerned note.

I, Gurpreet Kaur wife of Baldev Singh Resident of VPO Sarian Jattan Tehsil Sultanpur Lodhi district Kapurthala Punjab India. That my Passport bearing No. M8435589 my husband name has been mentioned as Baldev Singh Dhillon . That in my Aadhar Card my husband name is written as Baldev Singh and my husband's relevant documents his name is written as Baldev Singh. That the above mentioned names Baldev Singh Dhillon and Baldev Singh are the names of one and same person.

I, Magghu S/o Ram Asare R/o C/o Rajinder Kapoor A-2, Near Sodal Mandir, Jalandhar declare that my name has mentioned in my bank record as Raj Kumar and my name has mentioned in my aadhar card as Magghu. Magghu and Raj Kumar both name of one and the same person.

I, Swarn Singh S/o Pritam Singh R/o H. No. B-46/398, Lane No. 3, New Satnampura, Phagwara, Distt. Kapurthala, I have changed my name Swarn Singh to Swaran Singh Nandha. Please note. (11861)

I Jyoti Chouhan W/o Rajiv Kumar D/o Madan Lal Chouhan, R/o H.No.165, Ekta Nagar, Chogitti, Jalandhar have changed my name from Jyoti Chouhan to Jyoti. All please note.

I Ramandeep Kaur W/o Narinder Jit Singh R/o VPO Haripur, Jalandhar (Punjab). In some documents my name mention as Ramandeep Kaur Padda. That both names Ramandeep Kaur and Ramandeep Kaur Padda pertain to one and the same person.

I Sathia Rani W/o Roshan Lal R/o Vill. Alipur PO Kukar Pind, Jalandhar have changed my name from Sathia Rani to Satya Devi . All concerned please note.

I, Arwinder Singh S/o Nirmal Singh R/o H No. 17, Gali No. 3, Near Olive Garden, Jandiala Guru Distt Amritsar have declare that Singh is my Surname Arwinder is my given name.

I, Kamaljeet Kaur W/o Sohan Lal R/o VPO. Lidhran, Distt. Jalandhar, Punjab have changed my name from Kamaljeet Kaur to Kamaljit Kaur. All concerned please note.

I, Jasjit Singh S/o Pritam Singh Verma R/o H.No. 22/B, Street No. 11, Near Tubewell Ujala Nagar, Basti Sheikh, Jalandhar-144002, Punjab declare that my father was changed his name from Pritam Singh to Pritam Singh Verma and both name belongs to my deceased father.

I, Anju Loomba w/o Vishal Loomba r/o H.No.N.L-207, Mohalla Mohindru, Jalandhar have changed my name from Anju Bala to Anju Loomba, after marriage. All please note.

I, Kashmir Kaur w/o Duni Chand r/o VPO. Atti, Tehsil Phillaur, Distt.Jalandhar have changed my name to Kaur Kashmir (Surname as Kaur) All please note.

I, Baljinder Kaur w/o Satnam Singh r/o h.no.174, Bhullarai, Distt.Kapurthala-144401, Punjab have changed my name to Sukhwinder Kaur. All please note.

I, Parminder Kaur w/o Sukhbir Singh Bisla r/o Vill. Taharpur, Po. Sarhal Mandi, Distt.S.B.S Nagar, Punjab have changed my name to Parminder Kaur Bisla, after marriage (Surname as Basla) All please note.

I, Charan Preet Singh S/o Tarsem Singh R/o H.No.7, New Dashmesh Nagar, Ladowali Road, Jalandhar, Punjab, 144001 have changed my name to Charanpreet Singh. All please note.

## Change of Name

I, Kiran Saini w/o Gurmit Singh r/o VPO. Jaja, Tehsil Dasuya, Hoshiarpur declare that Kiran Saini & Anupama is one & the same Person. All please note.

I, Manpreet Singh s/o Jasveer Singh R/o VPO. Kot Kalan, Distt. Jalandhar have changed my name to Given name as Manpreet & Surname as Singh. All please note.

I, Daljeet Kaur W/o Sukhdev Singh R/o Village- Gadrian, PO- Naushera Majja Singh, Tehsil/Distt. Gurdaspur, Pujab (India). Do Hereby Declare that on the Marks Sheet and Pass Certificate of 10th Class issued by ICSE Board of my Son Name wrongly written as Sehaj Preet Singh. But my Son correct name is Sehajpreet Singh .

I, Sushil Kumar S/o Pindi Dass R/o Mohalla - Chakri House No. 240 Kalanaur, Distt. Gurdaspur, Punjab, Pin Code -143512. Have changed my name from Sushil Kumar to Sushil Teji.

## ਨਾਂਅ ਦੀ ਬਦਲੀ

ਮੈਂ ਬਲਵੀਰ ਸਿੰਘ ਪੁੱਤਰ ਸੁਲੱਖਣ ਸਿੰਘ ਵਾਸੀ ਉੱਪਲ ਨਿਵਾਸ ਗੁਰੂਹਰਸਹਾਏ ਰੋਡ ਸ੍ਰੀ ਮੁਕਤਸਰ ਸਾਹਿਬ ਨੇ ਆਪਣਾ ਨਾਮ ਬਦਲ ਕੇ ਬਲਬੀਰ ਸਿੰਘ ਰੱਖ ਲਿਆ ਹੈ।

ਮੈਂ, ਸੁਨੀਲ ਭੰਡਾਰੀ ਪੁੱਤਰ ਸ੍ਰੀ ਮੋਹਿੰਦਰ ਪਾਲ, ਮਕਾਨ ਨੰ. 58-A, ਗੁਰੂ ਰਾਮ ਦਾਸ ਨਗਰ, ਬੈਕ ਸਾਇਡ ਕਮਲ ਹਸਪਤਾਲ, ਜਲੰਧਰ ਸ਼ਹਿਰ, ਪੰਜਾਬ (ਭਾਰਤ), ਨੇ ਅਪਣਾ ਨਾਂਅ ਸੁਨੀਲ ਤੋਂ ਸੁਨੀਲ ਭੰਡਾਰੀ ਰੱਖ ਲਿਆ ਹੈ। (R)

ਮੈਂ, ਅਮੀਤਾ ਭੰਡਾਰੀ ਪਤਨੀ ਸ੍ਰੀ ਸੁਨੀਲ ਭੰਡਾਰੀ, ਮਕਾਨ ਨੰ. 58-A, ਗੁਰੂ ਰਾਮ ਦਾਸ ਨਗਰ, ਬੈਕ ਸਾਇਡ ਕਮਲ ਹਸਪਤਾਲ, ਜਲੰਧਰ ਸ਼ਹਿਰ, ਪੰਜਾਬ (ਭਾਰਤ), ਨੇ ਆਪਣਾ ਨਾਂਅ ਅਮੀਤਾ ਤੋਂ ਅਮੀਤਾ ਭੰਡਾਰੀ ਰੱਖ ਲਿਆ ਹੈ। (R)

ਮੈਂ, ਸੁਸ਼ੀਲ ਕੁਮਾਰ ਪੁੱਤਰ ਪਿੰਡੀ ਦਾਸ ਵਾਸੀ ਮੁਹੱਲਾ ਚੱਕਰੀ, ਮਕਾਨ ਨੰ: 240 ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ, ਪਿਨ ਕੋਡ - 143512, ਮੈਂ ਆਪਣਾ ਨਾਂਅ ਸੁਸ਼ੀਲ ਕੁਮਾਰ ਤੋਂ ਬਦਲ ਕੇ ਸੁਸ਼ੀਲ ਤੇਜ਼ੀ ਰੱਖ ਲਿਆ ਹੈ।

## ਬੇਦਖਲੀ ਨੋਟਿਸ

ਮੈਂ ਰਾਜ ਕੁਮਾਰ ਪੁੱਤਰ ਸਾਦਿਕ ਮਸੀਹ,ਕ੍ਰਿਸਚਨ ਕਾਲੋਨੀ, ਅਲੀਵਾਲ ਰੋਡ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ। ਮੇਰੀ ਪਤਨੀ ਸੋਨੀਆ ਪੁੱਤਰ ਬਰਕੱਤ ਮਸੀਹ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ ਅਤੇ ਬੱਚਿਆਂ ਸਮੇਤ ਕੀਤੇ ਚਲੀ ਗਈ ਹੈ, ਮੈਂ ਇਸ ਨੂੰ ਆਪਣੀ ਚਲ ਅੱਚਲ ਜ਼ਾਇਦਾਦ ਤੋਂ ਬੇਦਖ਼ਲ ਕਰਦਾ ਹਾਂ, ਇਸ ਵੱਲੋਂ ਕੀਤੇ ਗਏ ਲੈਣ ਦੇਣ ਅਤੇ ਮਾੜੇ ਚੰਗੇ ਕੰਮਾਂ ਦੀ ਇਹ ਖ਼ੁਦ ਜ਼ਿੰਮੇਵਾਰ ਹੋਵੇਗੀ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ਼ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬਧਤ ਨੋਟ ਕਰਨ।

ਮੈਂ, ਪਰਮਜੀਤ ਕੌਰ ਵਿਧਵਾ ਗੁਰਦਾਸ ਸਿੰਘ ਵਾਸੀ ਵਾਰਡ ਨੰ: 15, ਗਲੀ ਨੰ: 05, ਬੇਅੰਤ ਨਗਰ, ਮੋਗਾ ਤਹਿਸੀਲ ਤੇ ਜ਼ਿਲ੍ਹਾ ਮੋਗਾ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਿਸ ਦਾ ਨਾਂਅ ਅਮਨਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਦੇਵ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਨਜ਼ਦੀਕ ਗੁਰਦੁਆਰਾ ਸਾਹਿਬ, ਬਹਾਦਰ ਪੱਤੀ, ਪਿੰਡ ਗੱਜਣ ਵਾਲਾ, ਡਾਕ. ਜੈਮਲਵਾਲਾ, ਤਹਿਸੀਲ ਬਾਘਾਪੁਰਾਣਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਨਵਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ, ਮੇਰੇ ਨਾਲ ਲੜਾਈ-ਝਗੜਾ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪ ਜ਼ਿੰਮੇਵਾਰ ਹੋਵੇਗਾ।

ਅਸੀਂ, ਪ੍ਰੇਮ ਸਿੰਘ ਪੁੱਤਰ ਬਾਵਾ ਸਿੰਘ ਅਤੇ ਕੁਲਦੀਪ ਕੌਰ ਪਤਨੀ ਪ੍ਰੇਮ ਸਿੰਘ ਵਾਸੀ ਮਕਾਨ ਨੰ: 15 ਮਨਜੀਤ ਨਗਰ ਬਸਤੀ ਸ਼ੇਖ ਜਲੰਧਰ, ਆਪਣੇ ਲੜਕੇ ਗੌਰਵ ਸਿੰਘ ਅਤੇ ਉਸ ਦੀ ਪਤਨੀ ਪ੍ਰਿਆਂਸ਼ੂ ਨੂੰ ਸਾਡੇ ਕਹਿਣੇ ਵਿਚ ਨਾ ਹੋਣ ਕਾਰਨ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪ ਜ਼ਿੰਮੇਵਾਰ ਹੋਵੇਗਾ।

ਮੈਂ, ਨਿਸ਼ਾਨ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਪੱਤੀ ਮਿਰਜੋਵਾਲੀ, ਢਡਿਆਲਾ ਨੱਤ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਭਜੋਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਨਿਰਮਲਾ ਪਤਨੀ ਲੇਟ ਸ੍ਰੀ ਪੂਰਨ ਚੰਦ ਪੁੱਤਰ ਸ੍ਰੀ ਹਵੇਲੀ ਰਾਮ ਵਾਸੀ ਗਲੀ ਨੰ: 3, ਸ਼ਿਵ ਨਗਰ ਨਾਗਰਾ, ਤਹਿ. ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਲੇਖ ਰਾਜ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੇ ਨਾਲ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## PUBLIC NOTICE

I, Sarbjit Kaur D/o Shankar Dass R/o Vill. Dhamian Khurd PO. Sarhala Mundian Distt. Hoshiarpur declare that my father name wrongly mentioned as Shankar Singh in PNB Metlife life policy. Correct name of my father is Shankar Dass. Concerned note.

I, Jasvir Singh S/o Ajit Singh R/o B-22/844 St.No. 3, Dashmesh Nagar Dagana Road Hoshiarpur declare that in my passport no. M5689826 my name wrongly mentioned as Jasbir Singh & my spouse name wrongly mentioned as Satinder Kaur. According to documents my correct name is Jasvir Singh & my spouse correct name is Satwinder Kaur. Concerned note.

## ਆਮ ਸੂਚਨਾ

ਮੈਂ ਵਿਜੇ ਕੁਮਾਰ ਪੁੱਤਰ ਸ਼ੇਰ ਚੰਦ ਵਾਸੀ ਮਕਾਨ ਨੰ. 481/1, ਸਾਹਮਣੇ [illegible] ਪੈਲੇਸ, ਲਕਸ਼ਮੀ ਨਗਰ, ਅੰਮ੍ਰਿਤਸਰ ਰੋਡ, ਕਪੂਰਥਲਾ ਘੋਸ਼ਣਾ ਕਰਦਾ ਹਾਂ ਕਿ ਮੇਰਾ ਨਾਮ ਮਾਲ ਰਿਕਾਰਡ ਵਿਚ ਹਰਮੇਸ਼ ਲਾਲ ਪੁੱਤਰ ਸ਼ੇਰ ਚੰਦ ਵਾ ਰਮੇਸ਼ ਕੁਮਾਰ ਪੁੱਤਰ ਸ਼ੇਰ ਚੰਦ ਦਰਜ ਹੈ ਜਦਕਿ ਮੇਰੇ ਸਾਰੇ ਦਸਤਾਵੇਜਾਂ ਵਿੱਚ ਮੇਰਾ ਨਾਮ ਵਿਜੇ ਕੁਮਾਰ ਦਰਜ ਹੈ। ਹਰਮੇਸ਼ ਲਾਲ, ਰਮੇਸ਼ ਕੁਮਾਰ ਅਤੇ ਵਿਜੇ ਕੁਮਾਰ ਤਿੰਨੋ ਮੇਰੇ ਹੀ ਨਾਮ ਹਨ। ਸਮੂਹ ਸਬੰਧਤ ਨੋਟ ਕਰਨ।

ਮੈਂ, ਰਾਕੇਸ਼ ਢਿਲੋਂ ਪੁੱਤਰ ਬਲਦੇਵ ਰਾਜ ਵਾਸੀ ਮਕਾਨ ਨੰਬਰ 29-232, ਮੁੱਹਲਾ ਗੁਰੂ ਨਾਨਕ ਨਗਰ, ਸੁਰਾਨੁਸੀ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਉਕਤ ਪ੍ਰਾਪਟੀ ਮਕਾਨ ਨੰਬਰ 29-232, ਮੁੱਹਲਾ ਗੁਰੂ ਨਾਨਕ ਨਗਰ, ਸੁਰਾਨੁਸੀ, ਜਲੰਧਰ, ਪੰਜਾਬ ਜੋ ਕਿ ਸਾਡੀ ਚਾਰੋਂ ਭਰਾਵਾਂ 1) ਰਾਕੇਸ਼ ਢਿਲੋਂ, 2) ਅਨਿਲ ਢਿਲੋਂ, 3) ਮੁਕੇਸ਼ ਢਿਲੋਂ, 4) ਮੈਨਾ ਪਤਨੀ ਲੇਟ ਵਿਲਿਅਮ ਦੀ ਮਲਕੀਅਤ ਹੈ ਜੋ ਕਿ ਸਾਡੀ ਜੱਦੀ ਜਾਇਦਾਦ ਹੈ। ਉਕਤ ਪ੍ਰਾਪਟੀ ਨੂੰ ਸਾਡੀ ਭਰਜਾਈ ਮੈਨਾ ਪਤਨੀ ਲੇਟ ਵਿਲਿਅਮ ਵੇਚਣਾ ਚਾਹੁੰਦੀ ਹੈ। ਮੈਂ ਆਮ ਜਨਤਾ ਨੂੰ ਸੂਚਿਤ ਕਰਦਾ ਹਾਂ ਕਿ ਉਕਤ ਪ੍ਰਾਪਟੀ ਦੀ ਖਰੀਦ ਨਾ ਕਰਨ। ਜੇਕਰ ਉਕਤ ਪ੍ਰਾਪਟੀ ਦੀ ਕੋਈ ਵਿਅਕਤੀ ਖਰੀਦ ਕਰਦਾ ਹੈ ਤਾਂ ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ। 84377-58598.

ਮੈਂ, ਰਾਬਤ ਮਸੀਹ ਪੁੱਤਰ ਰਮਾ ਮਸੀਹ ਵਾਸੀ ਪਿੰਡ ਗੋਧਰਪੁਰ, ਡਾਕ: ਨੌਸ਼ਹਿਰਾ ਮੱਝਾ ਸਿੰਘ, ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੈਂ ਆਪਣੇ ਪੁੱਤਰ ਵਿਜੇ ਮਸੀਹ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 25-08-2023 ਨੂੰ ਨਵਾਂ ਜ਼ਮਾਨਾ ਅਖਬਾਰ ਰਾਹੀਂ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਪੁੱਤਰ ਵਿਜੇ ਮਸੀਹ ਮੇਰੇ ਕਹਿਣੇ ਵਿੱਚ ਹੈ ਅਤੇ ਮੇਰੀ ਸੇਵਾ ਸੰਭਾਲ ਕਰਦਾ ਹੈ। ਇਸ ਲਈ ਮੈਂ ਆਪਣੀ ਦਿੱਤੀ ਹੋਈ ਉਕਤ ਬੇਦਖਲੀ ਵਾਪਸ ਲੈਂਦਾ ਹਾਂ ਅਤੇ ਹੁਣ ਮੇਰਾ ਪੁੱਤਰ ਮੇਰੀ ਚੱਲ ਵਾ ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਰਮਨ ਸਿੰਘ ਪੁੱਤਰ ਸ੍ਰੀ ਜਸਪਾਲ ਸਿੰਘ ਵਾਸੀ ਪਿੰਡ ਲਖਨੌਰ, ਤਹਿਸੀਲ ਖਰੜ, ਜ਼ਿਲ੍ਹਾ ਮੁਹਾਲੀ ਬਿਆਨ ਕਰਦਾ ਹਾਂ ਕਿ ਮੇਰਾ ਭਰਾ ਅਮਨਪ੍ਰੀਤ ਸਿੰਘ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ, ਸਾਡੇ ਨਾਲ ਗਾਲੀ-ਗਲੋਚ ਕਰਦਾ ਹੈ। ਮੈਂ ਆਪਣੇ ਭਰਾ ਅਮਨਪ੍ਰੀਤ ਸਿੰਘ ਨੂੰ ਬੇਦਖਲ ਕਰਦਾ ਹਾਂ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸਬੰਧ ਨਹੀਂ ਹੈ।

ਇਕ ਟਿਊਬਵੈਲ ਕੁਨੈਕਸ਼ਨ ਖਾਤਾ ਨੰ.ਏ.ਪੀ 06/0485 ਐਲ 10 ਹਾਰਸ ਪਾਵਰ, ਜੋ ਪਿਆਰਾ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਗੰਡੀਵਿੰਡ ਤਹਿਸੀਲ ਪੱਟੀ, ਜਿਲ੍ਹਾ ਤਰਨਤਾਰਨ ਦੇ ਨਾਮ ਤੇ ਚਲ ਰਿਹਾ ਹੈ। ਹੁਣ ਇਹ ਕੁਨੈਕਸ਼ਨ ਜਸਵਿੰਦਰ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਗੰਡੀਵਿੰਡ ਤਹਿਸੀਲ ਪੱਟੀ ਜਿਲ੍ਹਾ ਤਰਨਤਾਰਨ ਆਪਣੇ ਨਾਮ ਕਰਵਾਉਣ ਜਾ ਰਿਹਾ ਹੈ। ਜੇ ਕਿਸੇ ਨੂੰ ਇਸ ਨਾਮ ਦੇ ਤਬਦੀਲ ਹੋਣ ਸਬੰਧੀ ਕੋਈ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ -ਅੰਦਰ ਉਪ ਮੰਡਲ ਅਫਸਰ ਹਰੀਕੇ ਨੂੰ ਲਿਖਤੀ ਤੌਰ ਤੇ ਕਰ ਸਕਦਾ ਹੈ। ਇਸ ਤੋਂ ਬਾਅਦ ਕੋਈ ਵੀ ਇਤਰਾਜ ਸਵੀਕਾਰ ਨਹੀਂ ਹੋਵੇਗਾ।

## Lost and Found

IT IS NOTIFIED FOR THE INFORMATION THAT MY SALE DEED NAME GURDAS MAL S/O GARDARI LAL VASIKA NO.190 DATE 18/04/2011 HADBAST NO.337 RAKBHA NUMBER 4 KHARSA NO 69 1/3 (3-16) 2 (8-0) 10/1 (3-16) 11/2 (3-12) 63 21/2 (2-9) NAME NEELAM RANI W/O RAMESH KUMAR VASIKA NO 668 DATE 18-05-2005 HADBAST NO 337 RAKBA 4 MARLE KHARSA NO.69 1/3 (3-16) 2 (8-0) 10/1 (3-16) 11/2 (3-12) 63 21/2 (2-9) ACTUALLY LOST AT BUS STAND GURDASPUR PSOC CITY GURDASPUR. LOST DATE 31-01-2025, REPORT DATE 18-04-2025 LR N: 590284/2025. IF ANYBODY FOUND BELOW ADDRESS AMIT SHARMA S/O INDERJIT KUMAR FLAT NO.14 IST FLOOR MAA SHIMLA HOMES DEJU MAJRA GURDASPUR MOBILE NO. 9915444029.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਸਾਉਣੀ ਦੀਆਂ ਫ਼ਸਲਾਂ ਸੰਬੰਧੀ ਲੋੜੀਂਦੇ ਇਨਪੁਟਸ ਲਈ ਕੀਤੀ ਡੀਲਰਾਂ ਨਾਲ ਮੀਟਿੰਗ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਸਾਉਣੀ 2025 ਦੌਰਾਨ ਬੀਜੀਆਂ ਜਾਣ ਵਾਲੀਆਂ ਫ਼ਸਲਾਂ, ਖਾਸ ਕਰਕੇ ਨਰਮੇ ਤੇ ਝੋਨੇ ਦੀ ਫ਼ਸਲ ਸਬੰਧੀ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਕਰਨ ਸਬੰਧੀ ਡਾ. ਕਰਨਜੀਤ ਸਿੰਘ ਗਿੱਲ ਮੁੱਖ ਖੇਤੀਬਾੜੀ ਅਫ਼ਸਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਬਲਾਕ ਸ੍ਰੀ ਮੁਕਤਸਰ ਸਾਹਿਬ ਤੇ ਲੰਬੀ ਦੇ ਸਮੂਹ ਖਾਦ, ਬੀਜ ਤੇ ਕੀਟਨਾਸ਼ਕ ਦਵਾਈਆਂ ਦੇ ਡੀਲਰਾਂ ਦੀ ਅਹਿਮ ਬੈਠਕ ਕੀਤੀ ਗਈ।ਬੈਠਕ ਦੌਰਾਨ ਡਾ. ਕਰਨਜੀਤ ਸਿੰਘ ਗਿੱਲ, ਮੁੱਖ ਖੇਤੀਬਾੜੀ ਅਫ਼ਸਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਆਉਣ ਵਾਲੇ ਸਾਉਣੀ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਲੋੜੀਂਦੇ ਖੇਤੀ ਇਨਪੁਟਸ ਖਾਸ ਕਰਕੇ ਬੀਜਾਂ ਦੀ ਉਪਲਬਧਤਾ ਸਬੰਧੀ ਸਮੂਹ ਡੀਲਰਾਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਸਾਉਣੀ-2025 ਦੌਰਾਨ ਸੂਬੇ 'ਚ ਝੋਨੇ ਦੀ ਕਿਸਮ ਪੂਸਾ-44 ਤੇ ਹਾਈਬ੍ਰਿਡ ਬੀਜਾਂ ਦੀ ਵਿਕਰੀ ਤੇ ਬਿਜਾਈ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ।ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਪੀ ਏ ਯੂ ਲੁਧਿਆਣਾ ਵੱਲੋਂ ਸਿਫ਼ਾਰਸ਼ ਝੋਨੇ ਦੀਆਂ ਕਿਸਮਾਂ ਜਿਵੇਂ ਪੀ ਆਰ-126, ਪੀ ਆਰ-131 ਆਦਿ ਦੀ ਹੀ ਬਿਜਾਈ ਕੀਤੀ ਜਾਵੇ।ਉਨ੍ਹਾਂ ਡੀਲਰਾਂ ਨੂੰ ਖਾਦਾਂ ਦੀ ਕਾਲਾ ਬਾਜ਼ਾਰੀ, ਟੈਗਿੰਗ, ਵੱਧ ਰੇਟ ਆਦਿ ਨਾ ਕਰਨ ਲਈ ਹਦਾਇਤਾਂ ਦਿੱਤੀਆਂ ਤੇ ਇਨ੍ਹਾਂ ਨਾਲ ਸਬੰਧਤ ਰਿਕਾਰਡ ਪੂਰਾ ਰੱਖਣ ਲਈ ਕਿਹਾ ਗਿਆ ਹੈ।ਇਸ ਮੌਕੇ ਡਾ. ਜਸ਼ਨਪ੍ਰੀਤ ਸਿੰਘ (ਖੇਤੀਬਾੜੀ ਵਿਕਾਸ ਅਫ਼ਸਰ) (ਇਨ.) ਵੱਲੋਂ ਖਾਦ, ਕੀੜੇਮਾਰ ਦਵਾਈਆਂ ਦੇ ਲਾਇਸੰਸਾਂ ਸਬੰਧੀ ਤੇ ਡਾ. ਹਰਜੀਤ ਸਿੰਘ (ਖੇਤੀਬਾੜੀ ਵਿਕਾਸ ਅਫ਼ਸਰ) (ਬੀਜ) ਸ੍ਰੀ ਮੁਕਤਸਰ ਸਾਹਿਬ ਵੱਲੋਂ ਬੀਜ ਲਾਇਸੰਸਾਂ ਵਿੱਚ ਆ ਰਹੀਆਂ ਮੁਸ਼ਕਿਲਾਂ ਦੇ ਹੱਲ ਸਬੰਧੀ ਨੁਕਤੇ ਸਾਂਝੇ ਕੀਤੇ ਗਏ।ਇਸ ਮੌਕੇ ਖੇਤੀਬਾੜੀ ਵਿਭਾਗ ਵੱਲੋਂ ਸਮੂਹ ਡੀਲਰ ਭਾਈਚਾਰੇ ਨੂੰ ਕਿਸਾਨਾਂ ਦੇ ਕਣਕ ਦੀ ਨਾੜ ਨੂੰ ਨਾ ਅੱਗ ਲਾਉਣ ਸਬੰਧੀ ਪ੍ਰੇਰਿਤ ਕਰਨ ਬਾਰੇ ਵੀ ਕਿਹਾ ਗਿਆ ਤਾਂ ਜੋ ਵਾਤਾਵਰਨ ਨੂੰ ਪ੍ਰਦੂਸ਼ਤ ਹੋਣ ਤੋਂ ਬਚਾਇਆ ਜਾ ਸਕੇ।

## ਚਾਰ ਭਗੋੜਿਆਂ ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਮਾਣਯੋਗ ਅਦਾਲਤ ਦੇ ਹੁਕਮਾਂ 'ਤੇ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਚਾਰ ਭਗੋੜਿਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਗਹਿਣਾ ਰਾਮ, ਸਹਾਇਕ ਥਾਣੇਦਾਰ ਸੁਖਦੇਵ ਰਾਜ, ਸਹਾਇਕ ਥਾਣੇਦਾਰ ਰਮਨ ਕੁਮਾਰ ਤੇ ਸਹਾਇਕ ਥਾਣੇਦਾਰ ਜਗਰੂਪ ਸਿੰਘ ਨੇ ਦੱਸਿਆ ਕਿ ਇਕ ਹੁਕਮ ਮਾਣਯੋਗ ਅਦਾਲਤ ਗੁਰਿੰਦਰਪਾਲ ਸਿੰਘ ਜੇਐੱਮਆਈਸੀ/ਫਿਰੋਜ਼ਪੁਰ ਵੱਲੋਂ 18 ਜਨਵਰੀ 2025 ਨੂੰ ਜਾਰੀ ਹੁਕਮ ਵਿਚ ਗੋਬਿੰਦਾ ਪੁੱਤਰ ਭਗਤ ਵਾਸੀ ਪਿੰਡ ਨਿਜ਼ਾਮ ਵਾਲਾ ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ, ਦੇਸ਼ੀ ਮੇਹਰ ਸਿੰਘ ਪੁੱਤਰ ਸੰਦਵਾਲ ਰਾਮ ਪਿੰਡ ਟਿੱਬੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ, ਕੁਲਦੀਪ ਸਿੰਘ ਪੁੱਤਰ ਮੰਗਤ ਰਾਮ ਵਿਪਲਾਈਜ਼ ਇਨ ਸੈਂਟਰ ਜੇਲ੍ਹ ਕਪੂਰਥਲਾ, ਪ੍ਰਦੀਪ ਕੁਮਾਰ ਪੁੱਤਰ ਬਲਵੰਤ ਰਾਏ ਵਾਸੀ ਹਾਊਸ ਨੰਬਰ 51, ਗਲੀ ਨੰਬਰ 2, ਨਿਊ ਆਜ਼ਾਦ ਨਗਰ ਫਿਰੋਜ਼ਪੁਰ ਸ਼ਹਿਰ ਖਿਲਾਫ ਅ/ਧ 209 ਬੀਐੱਨਐੱਸ ਤਹਿਤ ਕਾਰਵਾਈ ਕਰਨ ਲਈ ਮੌਸੂਲ ਥਾਣਾ ਹੋਇਆ ਹੈ। ਪੁਲਸ ਨੇ ਦੱਸਿਆ ਕਿ ਉਕਤ ਭਗੋੜਿਆਂ ਖਿਲਾਫ ਪੁਲਸ ਨੇ ਮਾਮਲੇ ਦਰਜ ਕਰ ਲਏ ਹਨ।

## ਖੁੱਡੀਆਂ ਵੱਲੋਂ ਛੇ ਵੈਟਰਨਰੀ ਪੌਲੀਕਲੀਨਿਕਾਂ 'ਚ ਆਈ ਪੀ ਡੀ ਸੇਵਾਵਾਂ ਦਾ ਆਗਾਜ਼

■ ਬਾਦਲ ਵਿਖੇ ਸਰਕਾਰੀ ਵੈਟਰਨਰੀ ਪੌਲੀਕਲੀਨਿਕ 'ਚ ਵਾਰਡ ਦਾ ਕੀਤਾ ਉਦਘਾਟਨ



**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ/ਓਮ ਪ੍ਰਕਾਸ਼ ਸ਼ੇਖੂ)**-ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪਾਲਤੂ ਜਾਨਵਰਾਂ ਤੇ ਪਸ਼ੂਆਂ ਨੂੰ ਬਿਹਤਰੀਨ ਸਿਹਤ ਸੰਭਾਲ ਸੇਵਾਵਾਂ ਯਕੀਨੀ ਬਣਾਉਣ ਲਈ ਪਿੰਡ ਬਾਦਲ ਵਿਖੇ ਸਰਕਾਰੀ ਵੈਟਰਨਰੀ ਪੌਲੀਕਲੀਨਿਕ ਵਿਖੇ ਅਤਿ-ਆਧੁਨਿਕ ਇਨ-ਪੇਸ਼ੈਂਟ ਡਿਪਾਰਟਮੈਂਟ (ਆਈ ਪੀ ਡੀ) ਵਾਰਡ ਦਾ ਉਦਘਾਟਨ ਕੀਤਾ ਗਿਆ। ਇਸ ਦੇ ਨਾਲ ਹੀ ਸੂਬੇ ਭਰ ਦੇ ਛੇ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਪਸ਼ੂਆਂ ਲਈ ਇਨ-ਪੇਸ਼ੈਂਟ ਡਿਪਾਰਟਮੈਂਟ (ਆਈ ਪੀ ਡੀ) ਸੇਵਾਵਾਂ ਸ਼ੁਰੂ ਹੋ ਗਈਆਂ ਹਨ। ਇਸ ਉਦਘਾਟਨੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪਟਿਆਲਾ, ਅੰਮ੍ਰਿਤਸਰ, ਸੰਗਰੂਰ, ਗੁਰਦਾਸਪੁਰ ਤੇ ਲੁਧਿਆਣਾ ਦੇ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਵੀ ਇਨਡੋਰ ਸੇਵਾਵਾਂ ਸ਼ੁਰੂ ਕਰਨ ਲਈ ਸਾਰੇ ਲੋੜੀਂਦੇ ਉਪਕਰਨ ਪ੍ਰਦਾਨ ਕੀਤੇ ਜਾ ਚੁੱਕੇ ਹਨ। ਇਨ੍ਹਾਂ ਪੌਲੀਕਲੀਨਿਕਾਂ ਵਿੱਚ ਪਾਲਤੂ ਜਾਨਵਰਾਂ ਤੇ ਪਸ਼ੂਆਂ ਲਈ ਕਈ ਤਰ੍ਹਾਂ ਦੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ, ਜਿਨ੍ਹਾਂ ਵਿੱਚ ਗੰਭੀਰ ਬਿਮਾਰੀ ਪ੍ਰਬੰਧਨ, ਸਰਜਰੀਆਂ, ਪੋਸਟ-ਆਪ੍ਰੇਟਿਵ ਦੇਖਭਾਲ, ਰੁਟੀਨ ਚੈੱਕਅਪ, ਡਾਇਗਨੋਸਿਸ (ਲੈਬ ਟੈਸਟ, ਐਕਸ-ਰੇ ਤੇ ਅਲਟਰਾਸਾਊਂਡ) ਅਤੇ ਹੋਰ ਸੇਵਾਵਾਂ ਸ਼ਾਮਲ ਹਨ। ਅੱਜ ਛੇ ਪੌਲੀਕਲੀਨਿਕਾਂ ਵਿੱਚ ਸ਼ੁਰੂ ਕੀਤੀਆਂ ਗਈਆਂ ਆਈ ਪੀ ਡੀ ਸੇਵਾਵਾਂ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਪੌਲੀਕਲੀਨਿਕ ਪਸ਼ੂ ਪਾਲਕਾਂ ਨੂੰ ਉਨ੍ਹਾਂ ਦੇ ਪਸ਼ੂਆਂ ਲਈ ਵਧੀਆ ਦੇਖਭਾਲ ਤੇ ਇਲਾਜ ਪ੍ਰਦਾਨ ਕਰਨਗੇ।

ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਡਾ. ਜੀ. ਐੱਸ. ਬੇਦੀ ਨੇ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਰਾਹੁਲ ਭੰਡਾਰੀ ਦੀ ਅਗਵਾਈ ਹੇਠ ਵਿਭਾਗ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ 'ਤੇ ਚਾਨਣਾ ਪਾਇਆ, ਜਿਸ ਵਿੱਚ 97 ਤਹਿਸੀਲਾਂ ਤੇ 22 ਪੌਲੀਕਲੀਨਿਕਾਂ ਵਿੱਚ ਸੱਪ ਦੇ ਜ਼ਹਿਰ ਵਿਰੋਧੀ ਇਲਾਜ ਦੀ ਸਹੂਲਤ, ਰਾਜ ਵਿੱਚ ਮੁਫ਼ਤ ਡੀਵੌਰਮਿੰਗ ਮੁਹਿੰਮ, ਘੋੜਿਆਂ ਲਈ ਮੁਫ਼ਤ ਐਂਟੀ ਟੈਟਨਸ ਟੀਕਾਕਰਨ ਤੇ ਪੰਜਾਬ ਵਿੱਚ ਪਾਲਤੂ ਜਾਨਵਰਾਂ ਦੀਆਂ ਦੁਕਾਨਾਂ ਤੇ ਬਰੀਡਰਾਂ ਦੀ ਰਜਿਸਟ੍ਰੇਸ਼ਨ ਕਰਨਾ ਸ਼ਾਮਲ ਹੈ। ਉਨ੍ਹਾਂ ਨਾਗਰਿਕਾਂ ਨੂੰ ਪਸ਼ੂਆਂ ਦੀ ਭਲਾਈ ਲਈ ਵਿਭਾਗ ਵੱਲੋਂ ਸ਼ੁਰੂ ਕੀਤੀਆਂ ਗਈਆਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

## ਨਸ਼ਾ ਵੇਚਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ : ਐੱਸ ਐੱਚ ਓ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਕਸਬਾ ਲੌਂਗੋਵਾਲ ਵਿੱਚ ਨਸ਼ੇ ਨੂੰ ਰੋਕਣ ਲਈ ਪੁਲਸ ਪ੍ਰਸ਼ਾਸਨ ਵੱਲੋਂ ਸਮੇਂ-ਸਮੇਂ 'ਤੇ ਸਖ਼ਤ ਕਦਮ ਚੁੱਕੇ ਗਏ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਥਾਣਾ ਲੌਂਗੋਵਾਲ ਵਿਖੇ ਨਵੇਂ ਆਏ ਪੁਲਸ ਇੰਸਪੈਕਟਰ ਬਲਵੰਤ ਸਿੰਘ ਬਲਿੰਗ ਨੇ ਆਪਣਾ ਚਾਰਜ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੋ ਪੰਜਾਬ ਸਰਕਾਰ ਨੇ ਨਸ਼ਾ ਰੋਕਣ ਲਈ ਚਲਾਈ ਮੁਹਿੰਮ ਤਹਿਤ ਕਿਸੇ ਵੀ ਨਸ਼ਾ ਵੇਚਣ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਇਲਾਕੇ ਅੰਦਰ ਅਮਨ-ਸ਼ਾਂਤੀ ਨੂੰ ਕਾਇਮ ਰੱਖਿਆ ਜਾਵੇਗਾ। ਉਨ੍ਹਾਂ ਨਸ਼ਾ ਵੇਚਣ ਵਾਲਿਆਂ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਉਹ ਖੁਦ ਹੀ ਆਤਮ ਸਮਰਪਣ ਕਰ ਦੇਣ, ਨਹੀਂ ਤਾਂ ਪੁਲਸ ਵੱਲੋਂ ਪੂਰੀ ਸਖ਼ਤੀ ਨਾਲ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਥਾਣਾ ਅਫ਼ਸਰ ਬਲਵੰਤ ਸਿੰਘ ਸ਼ੇਰਪੁਰ ਤੋਂ ਬਦਲ ਕੇ ਆਏ ਹਨ ਤੇ ਪਹਿਲਾਂ ਵੀ ਕਾਫੀ ਸਮਾਂ ਲੌਂਗੋਵਾਲ ਵਿਖੇ ਰਹਿ ਕੇ ਗਏ ਹਨ।

## ਸੁਲਫ਼ੇ ਸਮੇਤ ਦੋ ਕਾਬੂ

**ਸ਼ੇਰਪੁਰ (ਰਵੀ ਟਿੱਬਾ)**-ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਵਿੱਢੀ ਮੁਹਿੰਮ ਤਹਿਤ ਸ:ਥ: ਬਲਵਿੰਦਰ ਸਿੰਘ ਥਾਣਾ ਸ਼ੇਰਪੁਰ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਮੁਖਬਰ ਖਾਸ ਪਾਸੋਂ ਮਿਲੀ ਇਤਲਾਹ ਅਨੁਸਾਰ ਦੋਸ਼ੀਆਨ ਗੁਰਪ੍ਰੀਤ ਸਿੰਘ ਉਰਫ ਸਨੀ ਪੁੱਤਰ ਪਰਮਜੀਤ ਸਿੰਘ ਮਾਸੀ ਪਿੰਡ ਈਨਾ ਬਾਜਵਾ ਤੇ ਸੁਖਪਾਲ ਕੌਰ ਉਰਫ ਕਾਕੀ ਪਤਨੀ ਰਿੰਕੂ ਸਿੰਘ ਵਾਸੀ ਦੋਹਲਾ ਪੱਤੀ ਸ਼ੇਰਪੁਰ ਨੂੰ ਨੇੜੇ ਪੁਲ ਕੱਸੀ ਰਾਮਨਗਰ ਛੰਨਾ ਰੋਡ ਸ਼ੇਰਪੁਰ ਤੋਂ ਗ੍ਰਿਫਤਾਰ ਕਰਕੇ ਇਨ੍ਹਾਂ ਪਾਸੋਂ 107 ਗ੍ਰਾਮ ਸੁਲਫਾ ਬਰਾਮਦ ਕਰਕੇ ਥਾਣਾ ਸ਼ੇਰਪੁਰ ਵਿਖੇ ਮੁਕੱਦਮਾ ਦਰਜ ਕਰਵਾਇਆ ਗਿਆ।


AXIS BANK

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

[ਰੂਲ-8 (1)] (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਹਰੇਕ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ 'ਤੇ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਦਰਸਾਏ ਰੂਲ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਵਰਨਣ ਜਾਇਦਾਦ ਦਾ ਹੇਠਾਂ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਾਸ਼ੀ (ਰੁਪਏ) |
|---|---|---|---|---|
| 1. ਸ੍ਰੀ ਸੇਖ ਸਦਾਮ ਅਲੀ ਪੁੱਤਰ ਐੱਸ ਕੇ ਮਹਾਰਾਜ ਅਲੀ (ਕਰਜ਼ਦਾਰ) ਅਤੇ 2. ਸ੍ਰੀਮਤੀ ਐੱਸ ਕੇ ਮੋਨੋਆਰਾ ਬੇਗਮ ਪਤਨੀ ਐੱਸ ਕੇ ਮਹਾਰਾਜ ਅਲੀ (ਸਹਿ-ਕਰਜ਼ਦਾਰ/ਰਹਿਣਕਾਰ) ਦੋਵੇਂ ਵਾਸੀ 958, ਅਬਾਦੀ ਨਾਨਕਪੁਰਾ, ਗੁਰੂ ਕੀ ਵਡਾਲੀ, ਛੇਹਰਟਾ, ਅੰਮ੍ਰਿਤਸਰ-2, ਅੰਮ੍ਰਿਤਸਰ-143105 | ਬੈਨਾਮਾ ਦਸਤਾਵੇਜ਼ ਨੰ. 2021-22/93/1/1178 ਮਿਤੀ 23 ਅਪ੍ਰੈਲ 2021 ਅਨੁਸਾਰ ਸ੍ਰੀਮਤੀ ਐੱਸ ਕੇ ਮੋਨੋਆਰਾ ਬੇਗਮ ਪਤਨੀ ਐੱਸ ਕੇ ਮਹਾਰਾਜ ਅਲੀ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 52.88 ਵਰਗ ਗਜ਼, ਖਸਰਾ ਨੰ. 2328/1179, 2329/1179, 2332/1184, 2335/1184, 2339/1184, 2340/1184, 2344/1184, 2327/1179 ਮਿਨ, ਵਡਾਲੀ ਗੁਰੂ, ਅਰਬਨ ਅਬਾਦੀ ਹਰਗੋਬਿੰਦਪੁਰਾ, ਨੇੜੇ ਮਾਨ ਆਟਾ ਚੱਕੀ, ਨੇੜੇ ਪੈਟਰੋਲ ਪੰਪ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) : ਪੂਰਬ : ਦਲਬੀਰ ਸਿੰਘ ਦੀ ਮਲਕੀਅਤ; ਪੱਛਮ : ਜਾਇਦਾਦ ਦਾ ਬਾਕੀ ਹਿੱਸਾ; ਉੱਤਰ : ਜਗਜੀਤ ਸਿੰਘ ਦਾ ਮਕਾਨ; ਦੱਖਣ : ਗਲੀ | 22 ਜੂਨ 2023 | 15 ਅਪ੍ਰੈਲ 2025 | ਰੁਪਏ 569347/- (ਪੰਜ ਲੱਖ ਉਨੱਤਰ ਹਜ਼ਾਰ ਤਿੰਨ ਸੌ ਸੰਤਾਲੀ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ (ਗਰੰਟਰਾਂ) ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 18-04-2025
ਸਥਾਨ : ਅੰਮ੍ਰਿਤਸਰ

ਸਹੀ/-ਅਧਿਕਾਰਤ ਅਫਸਰ
ਐਕਸਿਸ ਬੈਂਕ ਲਿਮਟਿਡ


## ਅੱਠ ਪਿੰਡ ਵਾਪਸ ਸਬ-ਡਵੀਜ਼ਨ ਰਾਜਪੁਰਾ 'ਚ ਤਬਦੀਲ ਕਰਾਉਣ ਲਈ ਬਾਰ ਐਸੋਸੀਏਸ਼ਨ ਵੱਲੋਂ ਹੜਤਾਲ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਮਾਣਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਇਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਅਦਾਲਤਾਂ ਦਾ ਕੰਮ ਬੰਦ ਕਰਨ ਲਈ ਹੜਤਾਲ ਦਾ ਮਤਾ ਪਾ ਕੇ ਇੱਕ ਦਿਨ ਲਈ ਹੜਤਾਲ ਕੀਤੀ।ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਰਾਜਪੁਰਾ ਸਬ ਡਵੀਜ਼ਨ ਦੇ ਅੱਠ ਪਿੰਡ ਜ਼ਿਲ੍ਹਾ ਐਸ ਏ ਐਸ ਨਗਰ (ਮੋਹਾਲੀ) ਵਿੱਚ ਤਬਦੀਲ ਕਰ ਦਿੱਤੇ ਗਏ ਹਨ, ਉਨ੍ਹਾਂ ਪਿੰਡਾਂ ਨੂੰ ਵਾਪਸ ਰਾਜਪੁਰਾ ਸਬ ਡਵੀਜ਼ਨ ਵਿੱਚ ਤਬਦੀਲ ਕਰਾਉਣ ਲਈ ਬਾਰ ਐਸੋਸੀਏਸ਼ਨ ਰਾਜਪੁਰਾ ਦੇ ਵਕੀਲ ਭਾਈਚਾਰੇ ਨੇ ਹੜਤਾਲ ਕਰਨ ਦਾ ਸੱਦਾ ਦਿੱਤਾ ਹੈ।ਤਾਂ ਜੋ ਪੰਜਾਬ ਸਰਕਾਰ ਉਹ ਅੱਠ ਪਿੰਡ ਵਾਪਸ ਰਾਜਪੁਰਾ ਸਬ ਡਵੀਜ਼ਨ ਵਿੱਚ ਵਾਪਸ ਤਬਦੀਲ ਕਰੇ।ਬਾਰ ਐਸੋਸੀਏਸ਼ਨ ਰਾਜਪੁਰਾ ਦੇ ਸੱਦੇ 'ਤੇ ਅੱਜ ਸਮਾਣਾ ਬਾਰ ਐਸੋਸੀਏਸ਼ਨ ਨੇ ਹੜਤਾਲ ਕੀਤੀ।ਜੇਕਰ ਅੱਜ ਦੀ ਹੜਤਾਲ ਨਾਲ ਇਹ ਮਸਲਾ ਹੱਲ ਨਹੀਂ ਹੁੰਦਾ ਤਾਂ ਰਾਜਪੁਰਾ ਬਾਰ ਐਸੋਸੀਏਸ਼ਨ ਨੂੰ ਅਗਲੀ ਕਾਰਵਾਈ ਲਈ ਬਾਰ ਐਸੋਸੀਏਸ਼ਨ ਸਮਾਣਾ ਪੂਰਨ ਸਮਰਥਨ ਦੇਵੇਗੀ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਐਡਵੋਕੇਟ ਸੰਦੀਪ ਜਿੰਦਲ, ਸੈਕਟਰੀ ਐਡਵੋਕੇਟ ਕਸਮੀਰ ਸਿੰਘ ਚੂੰਬਰ, ਜੁਆਇੰਟ ਸੈਕਟਰੀ ਕੁਲਜੀਤ ਸਿੰਘ ਵਿਰਕ, ਕੈਸ਼ੀਅਰ ਐਡਵੋਕੇਟ ਬਘੇਲ ਸਿੰਘ ਸੰਧੂ, ਲਾਈਬ੍ਰੇਰੀਅਨ ਐਡਵੋਕੇਟ ਖਵਾਬ ਸੋਨੀ, ਐਗਜੈਕਟਿਵ ਮੈਂਬਰ ਐਡਵੋਕੇਟ ਅਰਨਦੀਪ ਸਿੰਘ ਸੰਧੂ, ਨੇਹਾ ਚੋਪੜਾ, ਜਸਵਿੰਦਰ ਸਿੰਘ ਗੋਲਣ ਤੋਂ ਇਲਾਵਾ ਸਾਬਕਾ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ, ਦਵਿੰਦਰ ਸਿੰਘ ਢਿੱਲੋਂ, ਗੁਰਜੀਤ ਕੌਰ ਬੱਲ, ਐਡਵੋਕੇਟ, ਕਮਲ ਕਲਿਆਣ, ਅਨਰੂਪ ਗਰਗ, ਸੁਰੇਸ਼ ਸ਼ਰਮਾ, ਸਾਹਿਬ ਸਿੰਘ ਸ਼ੇਰਗੜ੍ਹ, ਲਵਲੀ ਗਰਗ, ਰਿਸ਼ੀ ਚੋਪੜਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਐਡਵੋਕੇਟਸ ਹਾਜ਼ਰ ਸਨ।

## ਕੌਮਾਂਤਰੀ ਮਜ਼ਦੂਰ ਦਿਵਸ ਮਨਾਉਣ ਸੰਬੰਧੀ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮਜ਼ਦੂਰ ਜਥੇਬੰਦੀਆਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਭੋਲਾ ਸਿੰਘ ਕਲਾਲ ਮਾਜਰਾ, ਜ਼ਿਲ੍ਹਾ ਜਨਰਲ ਸਕੱਤਰ ਹੈਪੀ ਸਿੰਘ ਛੀਨੀਵਾਲ ਕਲਾਂ, ਮਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਖੁਸ਼ੀਆ ਸਿੰਘ, ਮੀਤ ਪ੍ਰਧਾਨ ਕੌਰ ਸਿੰਘ ਕਲਾਲ ਮਾਜਰਾ ਨੇ ਦੱਸਿਆ ਕਿ ਇੱਕ ਮਈ ਨੂੰ ਕੌਮਾਂਤਰੀ ਮਜ਼ਦੂਰ ਦਿਵਸ ਮਹਿਲ ਕਲਾਂ ਵਿਖੇ ਮਨਾਏ ਜਾਣ ਦੀਆਂ ਤਿਆਰੀਆਂ ਸਬੰਧੀ ਹਲਕੇ ਦੇ ਪਿੰਡ ਸਹਿਜੜਾ, ਚੁਹਾਣਕੇ ਕਲਾਂ, ਚੁਹਾਣਕੇ ਖੁਰਦ, ਮਹਿਲ ਖੁਰਦ ਆਦਿ ਦਰਜਨ ਦੇ ਕਰੀਬ ਪਿੰਡਾਂ 'ਚ ਮਜ਼ਦੂਰ ਮੀਟਿੰਗਾਂ ਕਰਵਾਈਆਂ ਗਈਆਂ। ਮਜ਼ਦੂਰ ਆਗੂਆਂ ਨੇ ਦੱਸਿਆ ਕਿ ਪਿਛਲੇ ਸਾਲ 2023-24 ਦੌਰਾਨ ਕੇਂਦਰ ਤੇ ਪੰਜਾਬ ਸਰਕਾਰ ਦੇ ਵਿਭਾਗ ਦੀ ਅਫਸਰਸ਼ਾਹੀ ਵੱਲੋਂ ਮਨਰੇਗਾ ਕਾਨੂੰਨ ਅਧੀਨ 100 ਦਿਨ ਦੀ ਰੁਜ਼ਗਾਰ ਗਰੰਟੀ ਵਾਲਾ ਪੂਰਾ ਕੰਮ ਨਹੀਂ ਦਿੱਤਾ ਗਿਆ, ਨਾ ਹੀ ਪਿਛਲੇ ਕਈ ਮਹੀਨਿਆਂ ਤੋਂ ਕੀਤੇ ਕੰਮ ਦਾ ਰਹਿੰਦਾ ਮਿਹਨਤਾਨਾ ਦਿੱਤਾ ਗਿਆ।ਮਾਰਚ, ਅਪ੍ਰੈਲ 2025 ਦੀਆਂ ਬੁਢਾਪਾ, ਵਿਧਵਾ, ਅੰਗਹੀਣ, ਆਸ਼ਰਿਤ ਪੈਨਸ਼ਨਾਂ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਰਕਾਰੀ ਪੱਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਤਰ੍ਹਾਂ ਸਮੇਂ ਸਿਰ ਬੈਂਕ ਖਾਤਿਆਂ ਵਿੱਚ ਨਹੀਂ ਪਾਈਆਂ ਗਈਆਂ।ਮਜ਼ਦੂਰਾਂ ਦੇ ਪਰਵਾਰਾਂ ਨੂੰ ਆਪਣੇ ਘਰਾਂ ਦੇ ਗੁਜ਼ਾਰੇ ਚਲਾਉਣ ਲਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਮਜ਼ਦੂਰ ਆਗੂਆਂ ਨੇ ਦੱਸਿਆ ਕਿ ਮਨਰੇਗਾ ਮਜ਼ਦੂਰਾਂ ਦੀ ਹਾਜ਼ਰੀ ਪਹਿਲਾਂ ਦੀ ਤਰ੍ਹਾਂ ਚਲਦੇ ਕੰਮ ਤੇ ਨਹੀਂ ਲਾਈ ਜਾਂਦੀ, ਜੀਓ ਟੈਗ ਵਾਲੀ ਜਗ੍ਹਾ ਤੇ ਹਾਜ਼ਰੀ ਲਵਾ ਕੇ ਕੰਮ ਵਾਲੀ ਜਗ੍ਹਾ 'ਤੇ ਜਾਣਾ ਪੈਂਦਾ ਹੈ। ਫਿਰ ਕੰਮ ਵਾਲੀ ਜਗ੍ਹਾ ਤੋਂ ਹਾਜ਼ਰੀ ਲਵਾਉਣ ਲਈ ਉਸੇ ਜਗ੍ਹਾ 'ਤੇ ਜਾ ਕੇ ਹਾਜ਼ਰੀ ਲਵਾਉਣੀ ਪੈਂਦੀ ਹੈ।

ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਗਰੀਬਾਂ ਤੇ ਮਜ਼ਦੂਰਾਂ ਵਿਰੋਧੀ ਪਾਲਸੀਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਉਨ੍ਹਾਂ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਇੱਕ ਮਈ ਨੂੰ ਕੌਮਾਂਤਰੀ ਮਜ਼ਦੂਰ ਦਿਹਾੜੇ ਮੌਕੇ ਬੀ.ਡੀ.ਪੀ.ਓ. ਕੰਪਲੈਕਸ ਮਹਿਲ ਕਲਾਂ ਵਿਖੇ ਪਰਵਾਰਾਂ ਸਮੇਤ ਭਰਵੀਂ ਸ਼ਮੂਲੀਅਤ ਯਕੀਨੀ ਬਣਾਈ ਜਾਵੇ।ਇਸ ਮੌਕੇ ਰਾਜਪਾਲ ਕੌਰ, ਲਾਭ ਸਿੰਘ, ਪੂਰਨ ਚੰਦ, ਜਰਨੈਲ ਸਿੰਘ, ਸਿੰਦਰ ਕੌਰ, ਕਰਮਜੀਤ ਕੌਰ, ਬਲਜਿੰਦਰ ਕੌਰ, ਵੀਰਪਾਲ ਕੌਰ, ਸੋਨਜੀਤ ਕੌਰ, ਹਰਜਿੰਦਰ ਕੌਰ, ਸੁਖਬਿੰਦਰ ਕੌਰ, ਗਿੰਦਰ ਸਿੰਘ, ਗੁਰਚਰਨ ਸਿੰਘ, ਕਰਮਮਤੇ ਖਾਨ ਆਦਿ ਹਾਜ਼ਰ ਸਨ।

## ਕੌਮੀ ਲੋਕ ਅਦਾਲਤ 10 ਮਈ ਨੂੰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਾਨਯੋਗ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸਏਐੱਸ ਨਗਰ (ਮੋਹਾਲੀ) ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਵੱਲੋਂ ਜ਼ਿਲ੍ਹਾ ਕਚਹਿਰੀਆਂ, ਫਿਰੋਜ਼ਪੁਰ ਦੇ ਨਾਲ-ਨਾਲ ਸਬ-ਤਹਿਸੀਲਾਂ ਜ਼ੀਰਾ ਤੇ ਗੁਰੂ ਹਰਸਹਾਏ ਵਿੱਚ 10 ਮਈ 2025 ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਸਬੰਧੀ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਮਾਨਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਵੀਰਇੰਦਰ ਅਗਰਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਦੀ ਵੱਧ ਤੋਂ ਵੱਧ ਸਫਲਤਾ ਲਈ ਪ੍ਰੀ-ਲੋਕ ਅਦਾਲਤ ਲਗਾਈ ਜਾ ਰਹੀ ਹੈ ਤਾਂ ਜੋ ਕੌਮੀ ਲੋਕ ਅਦਾਲਤ ਵਿੱਚ ਰੱਖੇ ਗਏ ਕੇਸ ਨੂੰ ਅਲੱਗ-ਅਲੱਗ ਤਾਰੀਕਾਂ 'ਤੇ ਸੁਣ ਕੇ ਨਿਪਟਾਰਾ ਕੀਤਾ ਜਾ ਸਕੇ।ਉਨ੍ਹਾਂ ਦੱਸਿਆ ਕਿ ਲੋਕ ਅਦਾਲਤਾਂ ਵਿੱਚ ਫੈਸਲਾ ਹੋਏ ਕੇਸਾਂ ਦੀ ਕੋਈ ਅਪੀਲ ਦਲੀਲ ਨਹੀਂ ਹੁੰਦੀ ਹੈ।ਲੋਕ ਅਦਾਲਤ ਵਿੱਚ ਹੋਏ ਫੈਸਲੇ ਨੂੰ ਡਿਕਰੀ ਦੀ ਮਾਨਤਾ ਪ੍ਰਾਪਤ ਹੈ, ਇਸ ਦੇ ਫੈਸਲੇ ਤਸੱਲੀਬਖਸ਼ ਹੁੰਦੇ ਹਨ ਤੇ ਧਿਰਾਂ ਨੂੰ ਮੁੱਕਦਮੇਬਾਜ਼ੀ ਤੋਂ ਮੁਕਤੀ ਮਿਲਦੀ ਹੈ।ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਆਪਣੇ ਕੇਸ ਇਸ ਕੌਮੀ ਲੋਕ ਅਦਾਲਤ ਵਿੱਚ ਲਗਵਾਓ ਤੇ ਆਪਣਾ ਸਮਾਂ ਤੇ ਧਨ ਬਚਾਓ।

## ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨ ਢੱਡੇ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਨੁੱਕੜ ਨਾਟਕ ਕਰਵਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਲਵੇ ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨ ਢੱਡੇ ਵਿਖੇ ਕੌਮੀ ਸੇਵਾ ਯੋਜਨਾ ਵਿਭਾਗ ਅਤੇ ਯੁਵਕ ਸੇਵਾਵਾਂ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਰਹਿਨੁਮਾਈ ਵਿੱਚ ਸੰਸਥਾ ਦੇ ਵਿਹੜੇ ਵਿੱਚ ਯੁੱਧ ਨਸ਼ਿਆਂ ਵਿਰੁੱਧ ਨੁੱਕੜ ਨਾਟਕ ਕਰਵਾਇਆ ਗਿਆ।ਨਾਟਕ ਖੇਡਣ ਲਈ ਸੋਨੀ ਢਿੱਲੋਂ ਦੀ ਮਸਤਾਨੇ ਥੀਏਟਰ ਗਰੁੱਪ ਰਾਮਪੁਰਾ ਫੂਲ ਦੀ ਟੀਮ ਸੰਸਥਾ ਵਿੱਚ ਪਹੁੰਚੀ।ਇਸ ਨਾਟਕ ਦੌਰਾਨ ਨਸ਼ਿਆਂ ਦੇ ਮਾੜੇ ਪ੍ਰਭਾਵ, ਸਮਾਜ ਦੀ ਹੋ ਰਹੀ ਦੁਰਦਸ਼ਾ ਅਤੇ ਨਸ਼ਿਆਂ ਕਾਰਨ ਟੁੱਟ ਰਹੇ ਰਿਸ਼ਤਿਆਂ 'ਤੇ ਪੰਛੀ ਝਾਤ ਪੁਆਈ।ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਨਸ਼ੇ ਸਾਡੇ ਸਮਾਜ ਉੱਪਰ ਇੱਕ ਵੱਡਾ ਕਲੰਕ ਹਨ। ਸਾਨੂੰ ਸਾਰਿਆਂ ਨੂੰ ਪੰਜਾਬ ਉੱਪਰ ਲੱਗੇ ਇਸ ਕਲੰਕ ਨੂੰ ਹਟਾਉਣ ਲਈ ਵੱਡੇ ਹੰਭਲੇ ਮਾਰਨ ਦੀ ਲੋੜ ਹੈ।ਸੰਸਥਾ ਦੇ ਐਮ.ਡੀ. ਗੁਰਬਿੰਦਰ ਸਿੰਘ ਬੱਲੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਸਮਾਜ ਦੇ ਕੁੱਝ ਗਲਤ ਅਨਸਰਾਂ ਨੇ ਆਪਣੇ ਨਿੱਜੀ ਸੁਆਰਥਾਂ ਕਾਰਨ ਸਾਡੇ ਪੰਜਾਬ ਦੀ ਜੁਆਨੀ ਨੂੰ ਨਸ਼ਿਆ ਵਿੱਚ ਰੋੜ੍ਹ ਦਿੱਤਾ ਹੈ।ਸੰਸਥਾ ਦੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਕਿਹਾ ਕਿ ਇਸ ਤਰ੍ਹਾਂ ਦੇ ਨਾਟਕ ਪਿੰਡਾਂ ਦੀਆਂ ਸੱਥਾਂ, ਸਕੂਲਾਂ ਅਤੇ ਕਾਲਜਾਂ ਵਿੱਚ ਵਿਖਾਉਣੇ ਜ਼ਰੂਰੀ ਹਨ ਤਾਂ ਜੋ ਨਸ਼ਿਆਂ ਦੇ ਵਹਾਉ ਨੂੰ ਰੋਕਿਆ ਜਾ ਸਕੇ।ਸੰਸਥਾ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਆਈ ਹੋਈ ਨਾਟਕੀ ਟੀਮ ਦਾ ਧੰਨਵਾਦ ਕੀਤਾ।ਇਸ ਮੌਕੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਅਤੇ ਖ਼ਜ਼ਾਨਚੀ ਪ੍ਰਸ਼ੋਤਮ ਕੌਰ ਨੇ ਇਸ ਨਾਟਕ ਦੀ ਸ਼ਲਾਘਾ ਕੀਤੀ।ਅੰਤ ਵਿੱਚ ਨਾਟਕੀ ਟੀਮ ਨੂੰ ਸਨਮਾਨਤ ਕੀਤਾ ਗਿਆ।ਸਟੇਜ ਸੰਚਾਲਨ ਦੀ ਭੂਮਿਕਾ ਸੰਸਥਾ ਦੇ ਸੀਨੀਅਰ ਪ੍ਰੋ. ਰਾਜਵਿੰਦਰ ਸਿੰਘ ਨੇ ਨਿਭਾਈ।ਇਸ ਮੌਕੇ ਹੋਰਨਾਂ ਤੋਂ ਇਲਾਵਾਂ ਪ੍ਰੋ. ਅੰਗਰੇਜ਼ ਸਿੰਘ (ਐਨ.ਐਸ.ਐਸ. ਕੋਆਰਡੀਨੇਟਰ), ਪ੍ਰੋ. ਰਾਜਵੀਰ ਕੌਰ, ਪ੍ਰੋ. ਸ਼ਿਮਲਾ, ਪ੍ਰੋ. ਪੁਸ਼ਵਿੰਦਰ ਕੌਰ, ਪ੍ਰੋ. ਸੰਦੀਪ ਕੌਰ, ਪ੍ਰੋ. ਸੁਖਵੀਰ ਕੌਰ, ਪ੍ਰੋ. ਅਮਨਦੀਪ ਕੌਰ, ਪ੍ਰੋ. ਗਗਨਦੀਪ ਕੌਰ, ਪ੍ਰੋ. ਰਣਜੀਤ ਕੌਰ, ਪ੍ਰੋ. ਕਿਰਨ ਜੋਤ, ਐਡਮਿਨ ਬਲਾਕ ਦੇ ਸਵਰਾਜਦੀਪ ਕੌਰ, ਹਰਦੀਪ ਸਿੰਘ ਡਿੱਖ, ਹਰਵਿੰਦਰ ਸਿੰਘ ਸੂਚ ਅਤੇ ਜਸਵੀਰ ਸਿੰਘ ਹਾਜ਼ਰ ਸਨ।

## ਵਿਧਾਇਕਾ ਮਾਣੂੰਕੇ ਵੱਲੋਂ ਆੜ੍ਹਤ ਸੰਬੰਧੀ ਅਧਿਕਾਰੀਆਂ ਨਾਲ ਮੀਟਿੰਗ



**ਜਗਰਾਉਂ (ਅਮਿਤ ਖੰਨਾ)**-ਮਾਰਕਿਟ ਕਮੇਟੀ ਜਗਰਾਉਂ ਵਿਖੇ ਸ੍ਰੀ ਕਰਨਦੀਪ ਸਿੰਘ ਪੀ ਸੀ ਐੱਸ ਉਪ ਮੰਡਲ ਮੈਜਿਸਟਰੇਟ ਜਗਰਾਉਂ ਵੱਲੋਂ ਕਣਕ ਦੀ ਖਰੀਦ ਸਬੰਧੀ ਮਾਨਯੋਗ ਸ੍ਰੀਮਤੀ ਸਰਬਜੀਤ ਕੌਰ, ਐਮ.ਐਲ.ਏ. ਜਗਰਾਉਂ ਦੀ ਪ੍ਰਧਾਨਗੀ ਹੇਠ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਹੇਠ ਲਿਖੇ ਅਧਿਕਾਰੀ ਹਾਜ਼ਰ ਹੋਏ।ਮੀਟਿੰਗ ਵਿੱਚ ਹਾਜ਼ਰ ਸ੍ਰੀ ਕਨਹੀਆ ਗੁਪਤਾ ਬਾਂਕਾ, ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਜਗਰਾਉਂ ਨੇ ਦੱਸਿਆ ਕਿ ਪਿੰਡ ਦੇਹੜਕਾ ਮੰਡੀ ਵਿੱਚ ਬਿਜਲੀ ਦਾ ਮੁਕੰਮਲ ਪ੍ਰਬੰਧ ਨਹੀਂ ਹੈ, ਉਥੇ ਟਰਾਂਸਫਾਰਮਰ ਲੱਗਣ ਉਪਰੰਤ ਹੀ ਬਿਜਲੀ ਦੀ ਨਿਰਵਿਘਨ ਸਪਲਾਈ ਚਾਲੂ ਹੋ ਸਕਦੀ ਹੈ।ਮਾਨਯੋਗ ਐੱਮ.ਐੱਲ.ਏ. ਸਾਹਿਬ ਵੱਲੋਂ ਇਸ ਸਬੰਧੀ ਕਾਰਜਕਾਰੀ ਇੰਨਜੀਨੀਅਰ, ਪੀ.ਐੱਸ.ਪੀ.ਸੀ.ਐੱਲ. ਨੂੰ ਬਿਜਲੀ ਦੀ ਸਪਲਾਈ ਨੂੰ ਦੇਖਦੇ ਹੋਏ ਢੁੱਕਵੇਂ ਪ੍ਰਬੰਧ ਕਰਨ ਦੀ ਹਦਾਇਤ ਕੀਤੀ ਤੇ ਸ੍ਰੀ ਕਨਹੀਆ ਗੁਪਤਾ ਬਾਂਕਾ, ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਜਗਰਾਉਂ ਨੇ ਦੱਸਿਆ ਕਿ ਪ੍ਰਦੇਸ਼ੀ ਢਾਬੇ ਦੇ ਨਾਲ ਵਾਲੀ ਸੜਕ ਕਰੀਬ ਅੱਧਾ ਕਿਲੋਮੀਟਰ, ਕੱਚਾ ਮਲਕ ਰੋਡ ਤੇ ਅਖਾੜਾ ਵਾਲੀ ਸੜਕ ਦੀ ਹਾਲਾਤ ਬਹੁਤ ਖਰਾਬ ਹੈ, ਇਸ ਸੜਕ ਦਾ ਨਿਰਮਾਣ/ਰਿਪੇਅਰ ਕੀਤਾ ਜਾਵੇ।ਇਸ ਸਬੰਧੀ ਮਾਨਯੋਗ ਐਮ.ਐਲ.ਏ ਜਗਰਾਉਂ ਨੇ ਪ੍ਰਦੇਸ਼ੀ ਢਾਬੇ ਤੋਂ ਨਾਲ ਵਾਲੀ ਸੜਕ ਜਲਦੀ ਬਣਵਾਉਣ ਲਈ ਕਾਰਜਕਾਰੀ ਇੰਨਜੀਨੀਅਰ, ਲੋਕ ਨਿਰਮਾਣ ਵਿਭਾਗ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ।ਸ੍ਰੀ ਕਨਹੀਆ ਗੁਪਤਾ ਬਾਂਕਾ, ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਜਗਰਾਉਂ ਨੇ ਸੂਮਹ ਹਾਜ਼ਰੀਨ ਦੇ ਧਿਆਨ ਵਿੱਚ ਲਿਆਂਦਾ ਕਿ ਫਸਲ ਦੀ ਖਰੀਦ ਦੇ ਸੀਜ਼ਨ ਦੌਰਾਨ ਕਣਕ ਦੀ ਬੋਰੀਆਂ ਦੀ ਚੋਰੀ ਬਹੁਤ ਹੁੰਦੀ ਹੈ, ਚੋਰਾਂ ਵੱਲੋਂ ਚੱਲਦੀਆਂ ਟਰਾਲੀਆਂ ਦਾ ਪਿੱਛਾ ਕਰਕੇ ਟਰਾਲੀਆਂ ਵਿੱਚੋਂ ਕਣਕ ਦੀ ਬੋਰੀਆਂ ਚੋਰੀ ਕਰ ਲਈਆਂ ਜਾਂਦੀਆਂ ਹਨ, ਇਹ ਬਹੁਤ ਹੀ ਗੰਭੀਰ ਸਮੱਸਿਆ ਹੈ।ਪ੍ਰਧਾਨ ਸਾਹਿਬ ਨੇ ਇਹ ਵੀ ਦੱਸਿਆ ਕਿ ਚੋਰਾਂ ਦੇ ਹੌਸਲੇ ਇੰਨੇ ਵਧ ਚੁੱਕੇ ਹਨ ਕਿ ਉਹ ਮੰਡੀ ਤੋਂ ਸ਼ੇਰਪੁਰ ਫਾਟਕਾਂ ਤੱਕ ਚੋਰੀ ਕਰਨ ਆ ਜਾਂਦੇ ਹਨ।

ਇਸ ਸਬੰਧੀ ਪ੍ਰਧਾਨਗੀ ਅਫਸਰ ਵੱਲੋਂ ਮੀਟਿੰਗ ਵਿੱਚ ਹਾਜ਼ਰ ਐੱਸ.ਐੱਚ.ਓ. ਵਰਿੰਦਰਪਾਲ ਸਿੰਘ ਨੂੰ ਚੋਰੀਆਂ ਦੀਆਂ ਵਾਰਦਾਤਾਂ ਨੂੰ ਰੋਕਣ ਸਬੰਧੀ ਸਖਤ ਹਦਾਇਤਾਂ ਜਾਰੀ ਕੀਤੀਆਂ ਗਈਆਂ।ਐੱਸ.ਐੱਚ.ਓ. ਸ੍ਰੀ ਵਰਿੰਦਰਪਾਲ ਸਿੰਘ ਨੇ ਦੱਸਿਆ ਕਿ ਕਣਕ ਦੀ ਖਰੀਦ ਦੀ ਸੀਜ਼ਨ ਦੌਰਾਨ ਤਿੰਨ ਪੀ.ਸੀ.ਆਰ ਕਰਮਚਾਰੀ ਤਾਇਨਾਤ ਕੀਤੇ ਜਾਣਗੇ ਤੇ ਚੋਰੀ ਦੀਆਂ ਵਾਰਦਾਤਾਂ ਨਾ ਹੋਣ ਸਬੰਧੀ ਸਖਤੀ ਵਰਤਣ ਦਾ ਭਰੋਸਾ ਦਿੱਤਾ। ਐਮ.ਐਲ.ਏ ਵੱਲੋਂ ਮੇਨ ਜਗਰਾਉਂ ਮੰਡੀ ਵਿਖੇ ਫਾਈਰ ਬ੍ਰਿਗੇਡ ਦੀ ਗੱਡੀ ਤਾਇਨਾਤ ਕਰਨ ਸਬੰਧੀ ਹਦਾਇਤ ਕੀਤੀ ਗਈ।

## ਜੋ ਕੰਮ ਰਵਾਇਤੀ ਪਾਰਟੀਆਂ ਨਾ ਕਰ ਸਕੀਆਂ 'ਆਪ' ਸਰਕਾਰ ਨੇ ਕਰ ਵਿਖਾਇਆ : ਬਲਵੀਰ ਪਨੂੰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ ਅਤੇ ਜਨ ਜਾਤੀਆਂ ਦੇ ਹੱਕ ਚ ਲਿਆ ਗਿਆ ਫੈਸਲਾ ਦਲਿਤਾਂ ਦੇ ਨੌਜਵਾਨਾਂ ਲਈ ਤਰੱਕੀ ਦੇ ਰਸਤੇ ਖੋਲ੍ਹੇਗਾ।ਇਹ ਪ੍ਰਗਟਾਵਾ ਪਨਸਪ ਦੇ ਚੇਅਰਮੈਨ ਅਤੇ ਸੀਨੀਅਰ ਆਪ ਆਗੂ ਬਲਬੀਰ ਸਿੰਘ ਪੰਨੂ ਨੇ ਅੱਜ ਇੱਥੇ ਆਪਣੇ ਘਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੋ ਕੰਮ ਪਿਛਲੇ 75 ਸਾਲਾਂ ਤੋਂ ਦੇਸ਼ 'ਚ ਰਾਜ ਕਰਦੀਆਂ ਰਵਾਇਤੀ ਪਾਰਟੀਆਂ ਨਹੀਂ ਕਰ ਸਕੀਆਂ, ਉਹ ਕੁਝ ਸਾਲ ਪਹਿਲਾਂ ਹੋਂਦ 'ਚ ਆਈ ਆਮ ਆਦਮੀ ਪਾਰਟੀ ਨੇ ਕਰ ਵਿਖਾਇਆ ਹੈ।ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੇ ਅਨੁਸੂਚਿਤ ਜਾਤੀਆਂ ਦੇ ਲੋਕਾਂ ਦੇ ਹਿਤਾਂ ਦੀ ਰੱਖਿਆ ਕਰਨ ਲਈ ਆਪਣੀ ਵਚਨਬੱਧਤਾ ਪੂਰੀ ਤਰ੍ਹਾਂ ਨਿਭਾਈ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਪੰਜਾਬ ਦੀ ਵਾਹਦ ਇੱਕੋ ਇੱਕ ਸਰਕਾਰ ਸਾਬਤ ਹੋਈ ਹੈ, ਜਿਸ ਨੇ ਲੋਕਾਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਹਰੇਕ ਵਾਅਦੇ ਨੂੰ ਪੂਰਾ ਕਰਨ ਦੀ ਜ਼ੁਰਅਤ ਵਿਖਾਈ ਹੈ।ਪੰਨੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਾਈ ਕੋਰਟ ਸਮੇਤ ਐਡਵੋਕੇਟ ਜਨਰਲ ਦਫ਼ਤਰ ਤੇ ਲਾਅ ਅਫ਼ਸਰਾਂ ਤੇ ਸਰਕਾਰੀ ਵਕੀਲਾਂ ਦੀ ਭਰਤੀ ਲਈ ਐਸ ਸੀ, ਐਸ ਟੀ ਲਈ ਰਾਖਵਾਂਕਰਨ ਦੇਣ ਦੇ ਕੀਤੇ ਫੈਸਲੇ ਦੀ ਪੁਰਜ਼ੋਰ ਸ਼ਬਦਾਂ 'ਚ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਫੈਸਲੇ ਨਾਲ ਲੰਬੇ ਸਮੇਂ ਆਪਣੇ ਹੱਕਾਂ ਤੋਂ ਵਾਂਝੇ ਦਲਿਤਾਂ ਨੂੰ ਆਪਣਾ ਹੱਕ ਹੁਣ ਮਿਲਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ 2017 ਦੇ ਐਕਟ ਵਿੱਚ ਸੋਧ ਕਰਕੇ ਪਹਿਲੀ ਵਾਰ 58 ਅਸਾਮੀਆਂ ਵਿੱਚ ਰਾਖਵੇਂਕਰਨ ਦੀ ਵਿਵਸਥਾ ਲਿਆਂਦੀ, ਜਿਸ ਨੂੰ ਰਵਾਇਤੀ ਪਾਰਟੀਆਂ ਕਰਨ 'ਚ ਅਸਫ਼ਲ ਰਹੀਆਂ ਸਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ, ਦੋ ਚੀਜ਼ਾਂ 'ਤੇ ਕੰਮ ਕਰ ਰਹੀ ਹੈ, ਪਹਿਲਾ ਪੰਜਾਬ ਵਿੱਚ ਭ੍ਰਿਸ਼ਟਾਚਾਰ ਦਾ ਖਾਤਮਾ ਅਤੇ ਦੂਜਾ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਅਤੇ ਸ਼ਹੀਦ ਭਗਤ ਸਿੰਘ ਦੀ ਸੋਚ ਨੂੰ ਅਸਲ ਅਰਥਾਂ ਵਿੱਚ ਲਾਗੂ ਕਰਨਾ।

## ਪੀ ਐੱਫ ਆਈ ਕਰੇਗੀ ਪੰਜਾਬ ਦੀਆਂ ਮਾਣਮੱਤੀਆਂ ਸ਼ਖ਼ਸੀਅਤਾਂ ਦਾ ਸਨਮਾਨ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**

ਪ੍ਰੈੱਸ ਫ਼ੈਡਰੇਸ਼ਨ ਆਫ਼ ਇੰਡੀਆ (ਪੀ ਐੱਫ ਆਈ) ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੀਆਂ ਅਤੇ ਮਾਨਵਤਾ ਤੇ ਹੋਰ ਖੇਤਰਾਂ ਵਿੱਚ ਸ਼ਲਾਘਾਯੋਗ ਸੇਵਾਵਾਂ ਨਿਭਾਉਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਤ ਕਰੇਗੀ।ਇਹ ਜਾਣਕਾਰੀ ਪ੍ਰੈੱਸ ਫ਼ੈਡਰੇਸ਼ਨ ਆਫ਼ ਇੰਡੀਆ ਦੇ ਚੇਅਰਮੈਨ ਵਿਵੇਕ ਸਿੰਧਵਾਨੀ ਅਤੇ ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ ਨੇ ਇੱਕ ਸਾਂਝੇ ਬਿਆਨ ਵਿੱਚ ਦਿੱਤੀ।ਉਨ੍ਹਾਂ ਦੱਸਿਆ ਕਿ ਸਨਮਾਨਤ ਕੀਤੀਆਂ ਜਾਣ ਵਾਲੀਆਂ ਸ਼ਖ਼ਸੀਅਤਾਂ ਦੀ ਚੋਣ ਕਰਨ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕਰ ਦਿੱਤਾ ਗਿਆ ਹੈ।

ਇਹ ਕਮੇਟੀਆਂ ਵੱਖ-ਵੱਖ ਖੇਤਰਾਂ ਵਿੱਚ ਉੱਤਮ ਕਾਰਗੁਜ਼ਾਰੀ ਵਾਲੇ ਵਿਅਕਤੀਆਂ ਦੀਆਂ ਰਿਪੋਰਟਾਂ ਤਿਆਰ ਕਰਨਗੀਆਂ।ਰਿਪੋਰਟਾਂ ਪ੍ਰਾਪਤ ਹੋਣ ਤੋਂ ਬਾਅਦ ਇੱਕ ਵਿਸ਼ੇਸ਼ ਸਮਾਗਮ ਆਯੋਜਿਤ ਕਰਕੇ ਇਨ੍ਹਾਂ ਸਖ਼ਸੀਅਤਾਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਸਮਾਜ ਵਿੱਚ ਪਾਏ ਯੋਗਦਾਨ ਲਈ ਸਨਮਾਨਤ ਕੀਤਾ ਜਾਵੇਗਾ।ਚੇਅਰਮੈਨ ਵਿਵੇਕ ਸਿੰਧਵਾਨੀ ਨੇ ਦੱਸਿਆ ਕਿ ਸ਼ਖ਼ਸੀਅਤਾਂ ਦੀ ਚੋਣ ਪ੍ਰਕਿਰਿਆ ਵਿੱਚ ਪੱਤਰਕਾਰ, ਡਾਕਟਰ, ਪੁਲਸ ਅਧਿਕਾਰੀ, ਪ੍ਰਸ਼ਾਸਨਿਕ ਅਧਿਕਾਰੀ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਅਤੇ ਅਧਿਆਪਕ ਸ਼ਾਮਲ ਹੋਣਗੇ।ਉਨ੍ਹਾਂ ਕਿਹਾ ਕਿ ਹਰੇਕ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾਉਣ ਵਾਲੇ ਅਤੇ ਸਮਾਜ ਲਈ ਪ੍ਰੇਰਨਾ ਸਰੋਤ ਬਣੇ ਵਿਅਕਤੀਆਂ ਨੂੰ ਤਰਜੀਹ ਦਿੱਤੀ ਜਾਵੇਗੀ।ਵਿਵੇਕ ਸਿੰਧਵਾਨੀ ਨੇ ਕਿਹਾ ਕਿ ਪ੍ਰੈੱਸ ਫ਼ੈਡਰੇਸ਼ਨ ਆਫ਼ ਇੰਡੀਆ ਹਮੇਸ਼ਾ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਵਧੀਆ ਕੰਮ ਕਰਨ ਵਾਲਿਆਂ ਨੂੰ ਉਤਸ਼ਾਹਤ ਕਰਦੀ ਰਹੀ ਹੈ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਉਪਰਾਲੇ ਜਾਰੀ ਰੱਖੇਗੀ।ਉਨ੍ਹਾਂ ਕਿਹਾ ਕਿ ਇਹ ਸਨਮਾਨ ਸਮਾਰੋਹ ਨਾ ਸਿਰਫ਼ ਸਨਮਾਨਤ ਵਿਅਕਤੀਆਂ ਲਈ ਪ੍ਰੇਰਨਾ ਦਾ ਸਰੋਤ ਬਣੇਗਾ, ਸਗੋਂ ਹੋਰਾਂ ਨੂੰ ਵੀ ਸਮਾਜ ਵਿੱਚ ਆਪਣਾ ਯੋਗਦਾਨ ਪਾਉਣ ਲਈ ਉਤਸ਼ਾਹਤ ਕਰੇਗਾ। ਐਡਵੋਕੇਟ ਰਾਜੇਸ਼ਵਰ ਚੌਧਰੀ ਨੇ ਸਮਾਗਮ ਦੀ ਤਰੀਕ ਅਤੇ ਸਥਾਨ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਨਮਾਨ ਸਮਾਰੋਹ ਜਲਦੀ ਹੀ ਆਯੋਜਿਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਸਮਾਗਮ ਵਿੱਚ ਪੰਜਾਬ ਦੀਆਂ ਕਈ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਸ਼ਿਰਕਤ ਕਰਨਗੀਆਂ। ਪ੍ਰੈੱਸ ਫ਼ੈਡਰੇਸ਼ਨ ਆਫ਼ ਇੰਡੀਆ ਦੇ ਚੇਅਰਮੈਨ ਵਿਵੇਕ ਸਿੰਧਵਾਨੀ ਅਤੇ ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ ਨੇ ਸਾਰੇ ਸਹਿਯੋਗੀਆਂ ਅਤੇ ਮੀਡੀਆ ਕਰਮੀਆਂ ਨੂੰ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ।

## ਸਕੂਲ ਬੋਰਡ ਵੱਲੋਂ ਵਿਦਿਆਰਥੀਆਂ ਨੂੰ ਝਟਕਾ, ਵਧੀਆਂ ਫੀਸਾਂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਕੂਲ ਸਿੱਖਿਆ ਬੋਰਡ ਨੇ ਵਿਦਿਆਰਥੀਆਂ ਨੂੰ ਝਟਕਾ ਦਿੱਤਾ ਹੈ। ਬੋਰਡ ਨੇ ਵੱਖ-ਵੱਖ ਫੀਸਾਂ ਵਿੱਚ ਵਾਧਾ ਕੀਤਾ ਹੈ। ਇਸ ਨਾਲ ਲੋਕਾਂ ਦੀਆਂ ਜੇਬਾਂ 'ਤੇ ਬੋਝ ਪਵੇਗਾ। ਬੋਰਡ ਵੱਲੋਂ ਲਈਆਂ ਜਾਣ ਵਾਲੀਆਂ ਸਾਰੀਆਂ ਫੀਸਾਂ ਵਧਾ ਦਿੱਤੀਆਂ ਗਈਆਂ ਹਨ। ਇਹ ਹੁਕਮ ਬੋਰਡ ਵੱਲੋਂ ਸਾਰੀਆਂ ਸੰਬੰਧਤ ਸ਼ਾਖਾਵਾਂ ਨੂੰ ਜਾਰੀ ਕੀਤੇ ਗਏ ਹਨ। ਅਕਾਦਮਿਕ ਸੈਸ਼ਨ 2025-26 ਤੋਂ, ਸਰਟੀਫਿਕੇਟ ਦੀ ਡੁਪਲੀਕੇਟ ਕਾਪੀ, ਤਸਦੀਕ ਸਰਟੀਫਿਕੇਟ ਤੇ ਟ੍ਰਾਂਸਕ੍ਰਿਪਟ ਦੀ ਫੀਸ 900 ਰੁਪਏ ਨਿਰਧਾਰਤ ਕੀਤੀ ਗਈ ਹੈ, ਜਦੋਂਕਿ ਮਾਈਗ੍ਰੇਸ਼ਨ ਸਰਟੀਫਿਕੇਟ ਦੀ ਫੀਸ 600 ਰੁਪਏ ਹੈ। ਟ੍ਰਾਂਸਕ੍ਰਿਪਟ ਫੀਸ 6000 ਰੁਪਏ ਤੇ ਸਰਟੀਫਿਕੇਟ ਵਿੱਚ ਵੇਰਵਿਆਂ ਵਿੱਚ ਸੁਧਾਰ (ਪ੍ਰਤੀ ਗਲਤੀ) ਫੀਸ 1300 ਰੁਪਏ ਨਿਰਧਾਰਤ ਕੀਤੀ ਗਈ ਹੈ। ਦਸਵੀਂ ਜਮਾਤ ਦੇ ਰੈਗੂਲਰ ਉਮੀਦਵਾਰਾਂ ਲਈ ਪ੍ਰੀਖਿਆ ਫੀਸ 1500 ਰੁਪਏ ਰੱਖੀ ਗਈ ਹੈ, ਜਿਸ ਵਿੱਚ ਪ੍ਰੈਕਟੀਕਲ ਪ੍ਰੀਖਿਆ ਵੀ ਸ਼ਾਮਲ ਹੈ। ਕੰਪਾਰਟਮੈਂਟ/ਵਾਧੂ ਵਿਸ਼ੇ ਲਈ ਪ੍ਰੀਖਿਆ ਫੀਸ 1200 ਰੁਪਏ, ਸ਼੍ਰੇਣੀ ਸੁਧਾਰ ਲਈ ਪ੍ਰੀਖਿਆ ਫੀਸ 2000 ਰੁਪਏ, ਸਾਰੇ ਵਿਸ਼ਿਆਂ ਦੇ ਨਾਲ ਵਾਧੂ ਵਿਸ਼ੇ ਲੈਣ ਲਈ ਪ੍ਰਤੀ ਵਿਸ਼ਾ ਪ੍ਰੀਖਿਆ ਫੀਸ 400 ਰੁਪਏ ਤੇ ਸਰਟੀਫਿਕੇਟ ਫੀਸ 220 ਰੁਪਏ ਨਿਰਧਾਰਤ ਕੀਤੀ ਗਈ ਹੈ।

## ਮਮਦੋਟ ਵਿਖੇ ਗੁੱਡ ਫਰਾਈਡੇ ਮੌਕੇ ਸ਼ੋਭਾ ਯਾਤਰਾ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਗੁੱਡ ਫਰਾਈਡੇ ਮੌਕੇ ਕਸਬਾ ਮਮਦੋਟ ਵਿਖੇ ਪਾਸਟਰ ਪ੍ਰੇਮ ਮਸੀਹ ਦੀ ਅਗਵਾਈ ਹੇਠ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਸਥਾਨਕ ਚਰਚ ਤੋਂ ਸ਼ੁਰੂ ਹੋਈ ਇਹ ਸ਼ੋਭਾ ਯਾਤਰਾ ਮੁੱਖ ਬਜ਼ਾਰਾਂ ਤੋਂ ਹੁੰਦੀ ਹੋਈ ਸਥਾਨਕ ਬਿਜਲੀ ਘਰ ਵਿਖੇ ਸਮਾਪਤ ਹੋਈ। ਸ਼ੋਭਾ ਯਾਤਰਾ ਵਿੱਚ ਸ਼ਾਮਲ ਸੰਗਤਾਂ ਨੂੰ ਪਾਸਟਰ ਪ੍ਰੇਮ ਮਸੀਹ ਵੱਲੋਂ ਪ੍ਰਭੂ ਯਿਸੂ ਮਸੀਹ ਦੀਆਂ ਸਿੱਖਿਆਵਾਂ ਅਤੇ ਉਨ੍ਹਾ ਵੱਲੋਂ ਮਨੁੱਖਤਾ ਵਾਸਤੇ ਕੀਤੀ ਕੁਰਬਾਨੀ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਇਸ ਮੌਕੇ ਪਾਸਟਰ ਹਨੂਕ ਭੱਟੀ, ਪਾਸਟਰ ਯੂਨਸ ਭੱਟੀ, ਸਮੇਤ ਵੱਡੀ ਗਿਣਤੀ ਵਿੱਚ ਮਸੀਹੀ ਭਾਈਚਾਰੇ ਦੇ ਲੋਕ ਸ਼ਾਮਲ ਹੋਏ।


Capital Small Finance Bank Ltd.
HO:- MIDAS Corporate Park, 3rd Floor, 37, G.T. Road, Jalandhar-144001, Punjab, India

ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 28.11.2024 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਸ੍ਰੀ ਮਹਿੰਦਰ ਸਿੰਘ ਪੁੱਤਰ ਇੰਦਰ ਰਾਮ, ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 (ਮ੍ਰਿਤਕ) ਰਾਹੀਂ ਉਸ ਦੇ ਕਾਨੂੰਨੀ ਵਾਰਸਾਂ :- (ਏ) ਹਰਬੰਸ ਕੌਰ ਪਤਨੀ ਸਵ : ਮਹਿੰਦਰ ਸਿੰਘ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 (ਬੀ) ਸ੍ਰੀ ਮਨੋਜ ਕੁਮਾਰ ਪੁੱਤਰ ਮਹਿੰਦਰ ਸਿੰਘ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 (ਮ੍ਰਿਤਕ) ਰਾਹੀਂ ਕਾਨੂੰਨੀ ਵਾਰਿਸਾਂ (ਏ) ਸ਼ਰਨਜੀਤ ਕੌਰ ਪਤਨੀ ਮਨੋਜ ਕੁਮਾਰ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 ਸ੍ਰੀ ਅਨਿਲ ਕੁਮਾਰ ਪੁੱਤਰ ਮਨੋਜ ਕੁਮਾਰ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 (ਸੀ) ਕੁਮਾਰੀ ਨੇਹਾ ਪੁੱਤਰੀ ਮਨੋਜ ਕੁਮਾਰ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 2. ਸ੍ਰੀ ਅਨਿਲ ਕੁਮਾਰ ਪੁੱਤਰ ਸ੍ਰੀ ਮਨੋਜ ਕੁਮਾਰ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 3. ਸ੍ਰੀ ਵਿਕਰਮ ਕੁਮਾਰ ਪੁੱਤਰ ਸੁਰਿੰਦਰਪਾਲ ਸਿੰਘ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 4. ਕੁਮਾਰੀ ਨੇਹਾ ਪੁੱਤਰੀ ਮਨੋਜ ਕੁਮਾਰ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਤੇ ਐਲ ਏ ਪੀ/ 020602000065 ਵਿਚਲੀ ਬਕਾਇਆ ਰਕਮ ਰੁਪਏ 2,85,090.34 ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਿਹਾ ਹੈ, ਇਸ ਲਈ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਐਲ ਏ ਪੀ/ 020602000065 ਵਿੱਚ ਬਕਾਇਆ ਨਿਕਲਦੀ ਰਾਸ਼ੀ ਰੁਪਏ 2,85,090.34 ਮਿਤੀ 01.11.2024 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

ਅਚੱਲ ਜਾਇਦਾਦ ਦਾ ਵੇਰਵਾ

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਬੈਨਾਮਾ ਦਸਤਾਵੇਜ਼ ਨੰ. 280 ਮਿਤੀ 29.05.2009 ਅਨੁਸਾਰ ਸ੍ਰੀ ਮਹਿੰਦਰ ਸਿੰਘ ਪੁੱਤਰ ਇੰਦਰ ਰਾਮ ਦੀ ਮਲਕੀਅਤ ਜਾਇਦਾਦ ਰਕਬਾ 5 ਮਰਲੇ, ਗੋਰਾਇਆ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ

ਮਿਤੀ : 18.04.2025, ਸਥਾਨ : ਗੋਰਾਇਆ (ਅਧਿਕਾਰਤ ਅਫਸਰ)



Capital Small Finance Bank Ltd.
HO:- MIDAS Corporate Park, 3rd Floor, 37, G.T. Road, Jalandhar-144001, Punjab, India

ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 14.01.2025 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਸ੍ਰੀ ਪ੍ਰੇਮ ਕੁਮਾਰ ਪੁੱਤਰ ਸ੍ਰੀ ਸ਼ੀਤਲ ਸਿੰਘ ਉਰਫ ਸੀਤਲ ਸਿੰਘ, ਵਾਸੀ ਮਕਾਨ ਨੰ. 5921, ਵਾਰਡ ਨੰ. 8, ਮੁਹੱਲਾ ਗੁਰੂ ਨਾਨਕਪੁਰਾ, ਨਕੋਦਰ, ਜਲੰਧਰ, ਪੰਜਾਬ-144040 2. ਸ੍ਰੀ ਸ਼ੀਤਲ ਸਿੰਘ ਉਰਫ ਸੀਤਲ ਸਿੰਘ ਪੁੱਤਰ ਜਵਾਲਾ ਸਿੰਘ ਵਾਸੀ ਮਕਾਨ ਨੰ. 5921, ਮੁਹੱਲਾ ਗੁਰੂ ਨਾਨਕਪੁਰਾ, ਨਕੋਦਰ, ਜਲੰਧਰ, ਪੰਜਾਬ-144040 (ਮ੍ਰਿਤਕ) ਰਾਹੀਂ ਇਸਦੇ ਕਾਨੂੰਨੀ ਵਾਰਸਾਂ :- (ਏ) ਸ੍ਰੀ ਪ੍ਰੇਮ ਕੁਮਾਰ ਪੁੱਤਰ ਸ੍ਰੀ ਸ਼ੀਤਲ ਸਿੰਘ ਉਰਫ ਸੀਤਲ ਸਿੰਘ ਵਾਸੀ ਮਕਾਨ ਨੰ. 5921, ਵਾਰਡ ਨੰ. 8, ਮੁਹੱਲਾ ਗੁਰੂ ਨਾਨਕਪੁਰਾ, ਨਕੋਦਰ, ਜਲੰਧਰ, ਪੰਜਾਬ-144040 (ਬੀ) ਸ੍ਰੀ ਰਜਿੰਦਰ ਕੁਮਾਰ ਪੁੱਤਰ ਸ੍ਰੀ ਸ਼ੀਤਲ ਸਿੰਘ ਉਰਫ ਸੀਤਲ ਸਿੰਘ ਵਾਸੀ ਮਕਾਨ ਨੰ. 5921, ਮੁਹੱਲਾ ਗੁਰੂ ਨਾਨਕਪੁਰਾ, ਨਕੋਦਰ, ਜਲੰਧਰ, ਪੰਜਾਬ-144040 (ਸੀ) ਸ੍ਰੀ ਬਿੰਦਰ ਪੁੱਤਰ ਸ੍ਰੀ ਸ਼ੀਤਲ ਸਿੰਘ ਉਰਫ ਸੀਤਲ ਸਿੰਘ ਵਾਸੀ ਮਕਾਨ ਨੰ. 5921, ਵਾਰਡ ਨੰ. 8, ਮੁਹੱਲਾ ਗੁਰੂ ਨਾਨਕਪੁਰਾ, ਨਕੋਦਰ, ਜਲੰਧਰ, ਪੰਜਾਬ-144040 (ਇਸ ਦੇ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 3. ਸ੍ਰੀ ਮੁਕੇਸ਼ ਕੁਮਾਰ ਪੁੱਤਰ ਹਰੀ ਕਿਸ਼ਨ, ਵਾਸੀ ਮਕਾਨ ਨੰ. 744, ਵਾਰਡ ਨੰ. 1, ਮੁਹੱਲਾ-ਕਪਾਨੀਆ, ਨਕੋਦਰ, ਜਲੰਧਰ, ਪੰਜਾਬ-144040 4. ਸ੍ਰੀਮਤੀ ਸਪਨਾ ਪਤਨੀ ਸ੍ਰੀ ਪ੍ਰੇਮ ਕੁਮਾਰ ਵਾਸੀ ਮਕਾਨ ਨੰ. 5921, ਵਾਰਡ ਨੰ. 8, ਮੁਹੱਲਾ ਗੁਰੂ ਨਾਨਕਪੁਰਾ, ਨਕੋਦਰ, ਜਲੰਧਰ, ਪੰਜਾਬ-144040 (ਇਸ ਤੋਂ ਬਾਅਦ ਗਰੰਟਰ ਵਜੋ ਹਵਾਲਾ) ਨੂੰ ਐੱਲ ਏ ਪੀ/00160200386 ਵਿਚਲੀ ਡਿਮਾਂਡ ਨੋਟਿਸ ਦੀ ਮਿਤੀ ਤੇ ਬਕਾਇਆ ਰਕਮ ਰੁਪਏ 2,05,638.60 ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਿਹਾ ਹੈ, ਇਸ ਲਈ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਐੱਲ ਏ ਪੀ/00160200386 ਵਿੱਚ ਬਕਾਇਆ ਨਿਕਲਦੀ ਰਾਸ਼ੀ ਰੁਪਏ 2,05,638.60 ਮਿਤੀ 01.01.2025 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

ਅਚੱਲ ਜਾਇਦਾਦ ਦਾ ਵੇਰਵਾ

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 1228 ਮਿਤੀ 07-09-1992 ਅਨੁਸਾਰ ਸ੍ਰੀ ਸ਼ੀਤਲ ਸਿੰਘ ਉਰਫ ਸੀਤਲ ਸਿੰਘ ਪੁੱਤਰ ਸ੍ਰੀ ਜਵਾਲਾ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 01 1/4 ਮਰਲਾ ਜੋ ਕਿ 39 ਵਰਗ ਗਜ਼ ਹੈ, ਜਾਇਦਾਦ ਨੰ. 27, ਮੁਹੱਲਾ ਗੁਰੂ ਨਾਨਕਪੁਰਾ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ।

ਮਿਤੀ : 18.04.2025, ਸਥਾਨ : ਨਕੋਦਰ (ਅਧਿਕਾਰਤ ਅਫਸਰ)


## ਇਨਟੈਕ ਵੱਲੋਂ ਪੋਸਟਰ ਮੇਕਿੰਗ ਪ੍ਰੋਗਰਾਮ ਦਾ ਆਯੋਜਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਦਿਆਰਥੀਆਂ ਨੂੰ ਇਤਿਹਾਸਕ, ਸੱਭਿਆਚਾਰਕ ਤੇ ਸੈਰ-ਸਪਾਟਾ ਸਥਾਨਾਂ ਤੋਂ ਜਾਣੂ ਕਰਵਾਉਣ ਦੇ ਉਦੇਸ਼ ਨਾਲ ਦਿ ਇੰਡੀਆ ਨੈਸ਼ਨਲ ਟਰੱਸਟ ਫਾਰ ਆਰਟ ਐਂਡ ਕਲਚਰਲ ਹੈਰੀਟੇਜ ਇਨਟੈਕ ਨੇ ਇੱਕ ਪੋਸਟਰ ਮੇਕਿੰਗ ਪ੍ਰੋਗਰਾਮ ਦਾ ਆਯੋਜਨ ਕੀਤਾ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਸੈਂਕੜੇ ਵਿਦਿਆਰਥੀਆਂ ਨੇ ਹਿੱਸਾ ਲਿਆ। ਡੀ ਸੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਮਾਨੇਕ ਸ਼ਾਹ ਹਾਲ ਵਿੱਚ ਕਰਵਾਏ ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਜ਼ਿਲ੍ਹੇ ਤੇ ਦੇਸ਼ ਦੇ ਵੱਖ-ਵੱਖ ਇਤਿਹਾਸਕ ਸਥਾਨਾਂ ਦੀਆਂ ਤਸਵੀਰਾਂ ਕੈਨਵਸ 'ਤੇ ਪੇਂਟ ਕੀਤੀਆਂ।ਸਹਿ-ਕਨਵੀਨਰ ਵਿਕਰਮਾਦਿੱਤਿਆ ਸ਼ਰਮਾ ਨੇ ਕਿਹਾ ਕਿ ਦਾਸ ਐਂਡ ਬ੍ਰਾਊਨ ਵਰਲਡ ਸਕੂਲ, ਡੀ ਸੀ ਐੱਮ ਇੰਟਰਨੈਸ਼ਨਲ ਸਕੂਲ ਤੇ ਡੀ ਸੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਹਿੱਸਾ ਲਿਆ।ਪ੍ਰਿੰਸੀਪਲ ਯਚਨਾ ਚਾਵਲਾ ਨੇ ਵਿਦਿਆਰਥੀਆਂ ਨੂੰ ਵਿਰਾਸਤ ਦਿਵਸ ਬਾਰੇ ਦੱਸਿਆ ਤੇ ਕਿਹਾ ਕਿ ਭਾਰਤ ਵਿਰਾਸਤ ਨਾਲ ਭਰਪੂਰ ਦੇਸ਼ ਹੈ ਤੇ ਇਸ ਦਾ ਇਤਿਹਾਸ ਬਹੁਤ ਪ੍ਰਾਚੀਨ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਸ਼ਹਿਰ ਤੇ ਦੇਸ਼ ਦੀ ਵਿਰਾਸਤ ਬਾਰੇ ਗਿਆਨ ਹੋਣਾ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਇਨਟੈਕ ਵੱਲੋਂ ਕਰਵਾਇਆ ਜਾ ਰਿਹਾ ਮੁਕਾਬਲਾ ਸ਼ਲਾਘਾਯੋਗ ਹੈ।

## ਸਰਕਾਰ ਵੱਲੋਂ ਘੱਟੋ-ਘੱਟ ਉਜਰਤਾਂ 'ਚ ਨਿਗੂਣਾ ਵਾਧਾ ਮਜ਼ਦੂਰਾਂ ਨਾਲ ਕੋਝਾ ਮਜ਼ਾਕ : ਬਲਕਾਰ ਸਿੰਘ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਲਹਿਰਾ ਮੁਹੱਬਤ 18 ਅਪ੍ਰੈਲ (ਭੀਮ ਸੈਨ ਹਦਵਾਰੀਆ) ਸੀਟੂ ਦੇ ਸੂਬਾ ਮੀਤ ਪ੍ਰਧਾਨ ਬਲਕਾਰ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਪੰਜਾਬ ਸਰਕਾਰ ਵੱਲੋਂ ਘੱਟੋ-ਘੱਟ ਉਜ਼ਰਤਾਂ ਵਿੱਚ ਕੀਤੇ ਨਿਗੁਣੇ ਵਾਧੇ ਨੂੰ ਮਜ਼ਦੂਰਾਂ ਨਾਲ ਕੋਝਾ ਮਜ਼ਾਕ ਕਰਾਰ ਦਿੰਦਿਆਂ ਦੱਸਿਆ ਕਿ ਬੀਤੇ 16-04-25 ਨੂੰ ਪੰਜਾਬ ਸਰਕਾਰ ਵੱਲੋਂ ਘੱਟੋ-ਘੱਟ ਉਜ਼ਰਤਾਂ ਬਾਰੇ ਛਿਮਾਹੀ ਅੰਕੜਿਆਂ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ, ਜੋ ਕਿ ਹਰੇਕ ਕੈਟਾਗਿਰੀ ਵਾਇਜ਼ 15 ਰੁਪਏ 14 ਪੈਸੇ ਪ੍ਰਤੀ ਦਿਨ ਹਨ ਤੇ 393 ਰੁਪਏ 64 ਪੈਸੇ ਪ੍ਰਤੀ ਮਹੀਨਾ ਵਾਧਾ ਕੀਤਾ ਗਿਆ ਹੈ। ਮਿਤੀ 01-03-25 ਤੋਂ ਪੰਜਾਬ 'ਚ ਕੈਟਾਗਿਰੀ ਵਾਈਜ਼ ਅਣ-ਸਿੱਖਿਅਤ ਕਾਮੇ ਨੂੰ 11389 ਰੁਪਏ 64 ਪੈਸੇ ਪ੍ਰਤੀ ਮਹੀਨਾ, ਅਰਧ ਸਿੱਖਿਅਤ ਕਾਮੇ ਨੂੰ 12169 ਰੁਪਏ 64 ਪੈਸੇ, ਸਿੱਖਿਅਤ ਕਾਮੇ ਨੂੰ 13066 ਰੁਪਏ 64 ਪੈਸੇ ਅਤੇ ਉੱਚ ਸਿੱਖਿਅਤ ਨੂੰ 14098 ਰੁਪਏ 64 ਪੈਸੇ ਪ੍ਰਤੀ ਮਹੀਨਾ ਮਿਲਣਗੇ ਜੋ ਕਿ ਲਗਾਤਾਰ ਵੱਧ ਰਹੀ ਮਹਿੰਗਾਈ ਦੇ ਮੁਕਾਬਲੇ ਬਹੁਤ ਹੀ ਨਿਗੁਣਾ ਵਾਧਾ ਹੈ, ਜਦੋਂ ਕਿ ਬਾਕੀ ਸੂਬਿਆਂ ਵਿੱਚ ਪੰਜਾਬ ਦੇ ਮੁਕਾਬਲੇ ਘੱਟੋ-ਘੱਟ ਉਜ਼ਰਤਾਂ ਜ਼ਿਆਦਾ ਹਨ। ਬੀਤੇ ਦਿਨੀਂ 15-04-25 ਨੂੰ ਦਿੱਲੀ ਸਰਕਾਰ ਵੱਲੋਂ ਘੱਟੋ-ਘੱਟ ਉਜ਼ਰਤਾਂ 'ਚ ਵਾਧਾ ਕੀਤਾ ਗਿਆ ਹੈ, ਜੋ ਕਿ ਕੈਟਾਗਿਰੀ ਵਾਈਜ਼ ਅਣ-ਸਿੱਖਿਅਤ ਕਾਮੇ ਨੂੰ 18456 ਰੁਪਏ, ਅਰਧ ਸਿੱਖਿਅਤ ਕਾਮੇ ਨੂੰ 20371 ਰੁਪਏ ਤੇ ਸਿੱਖਿਅਤ ਕਾਮੇ ਨੂੰ 22411 ਰੁਪਏ ਪ੍ਰਤੀ ਮਹੀਨਾ ਮਿਲੇਗਾ। ਇਹ ਪਾੜਾ ਬਾਕੀ ਸੂਬਿਆਂ ਦੇ ਮੁਕਾਬਲੇ ਬਹੁਤ ਜ਼ਿਆਦਾ ਹੈ। 'ਆਪ' ਸਰਕਾਰ ਪੰਜਾਬ ਵਿੱਚ ਘੱਟੋ-ਘੱਟ ਉਜ਼ਰਤਾਂ ਦਿੱਲੀ ਦੇ ਆਧਾਰ 'ਤੇ ਲਾਗੂ ਕਰਨ ਦਾ ਝੂਠਾ ਵਾਅਦਾ ਕਰ ਕੇ ਸੱਤਾ 'ਤੇ ਕਾਬਜ਼ ਹੋਈ, ਜੋ ਹੁਣ ਮਿਹਨਤਕਸ਼ ਲੋਕਾਂ ਨਾਲ ਕੋਝਾ ਮਜ਼ਾਕ ਕਰ ਰਹੀ ਹੈ। ਜਦੋਂ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਸੀ ਕਿ ਮਿਨੀਮਮ ਵੇਜ ਐਕਟ 1948 ਅੰਡਰ ਸੈਕਸ਼ਨ 3 ਤਹਿਤ, ਜੋ ਕਿ ਹਰ ਪੰਜ ਸਾਲ ਬਾਅਦ ਘੱਟੋ-ਘੱਟ ਉਜ਼ਰਤਾਂ ਵਿੱਚ ਸੋਧ ਕਰਨੀ ਲਾਜ਼ਮੀ ਹੈ, ਜੋ ਕਿ ਆਖਰੀ ਵਾਰ ਸਤੰਬਰ 2012 ਵਿੱਚ ਹੋਈ ਸੀ। ਲਗਭਗ 12 ਸਾਲ ਬੀਤ ਜਾਣ ਬਾਵਜੂਦ ਵੀ ਮਜ਼ਦੂਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਸਰਕਾਰਾਂ ਦੀਆਂ ਘਟੀਆਂ ਨੀਤੀਆਂ ਕਾਰਨ ਇਸ ਵਿੱਚ ਸੋਧ ਨਹੀਂ ਕੀਤੀ ਗਈ। ਇਸ ਦੇ ਉਲਟ ਕੇਂਦਰ ਦੀ ਮੋਦੀ ਸਰਕਾਰ ਮੌਜੂਦਾ ਕਿਰਤ ਕਾਨੂੰਨਾਂ ਨੂੰ ਤੋੜ ਕੇ 4 ਕੋਡ ਲਾਗੂ ਕਰਨਾ ਚਾਹੁੰਦੀ ਹੈ, ਜਿਸ ਨੂੰ ਰੱਦ ਕਰਵਾਉਣ ਲਈ ਦੇਸ਼ ਦੀਆਂ ਪ੍ਰਮੁੱਖ ਟ੍ਰੇਡ ਯੂਨੀਅਨਾਂ ਵੱਲੋਂ ਸਾਂਝੇ ਪਲੇਟਫਾਰਮ 'ਤੇ 20 ਮਈ ਦੀ ਲਾਮਿਸਾਲ ਹੜਤਾਲ ਕੀਤੀ ਜਾ ਰਹੀ ਹੈ। ਘੱਟੋ-ਘੱਟ ਉਜ਼ਰਤਾਂ 26000 ਰੁਪਏ ਮਹੀਨਾ ਕੀਤੇ ਜਾਣ ਦੀ ਮੰਗ ਕਰਦਿਆਂ ਬਲਕਾਰ ਸਿੰਘ ਨੇ ਹੜਤਾਲ ਨੂੰ ਸਫਲ ਬਣਾਉਣ ਲਈ ਇਸ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।


ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-ਤੀਜਾ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 08.05.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| **ਨਿਵਿਦਾ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ** |
| 16.04.2025 / 18:01 ਵਜੇ | 24.04.2025 | 08.05.2025 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 1. | 03-2025-26-ADEN-II-ASR | ਭਾਰਤੀਯ ਰੇਲਵੇ ਤੇ ਸਮਰਪਿਤ ਫ੍ਰੇਟ ਕਾਰਿਡੋਰ ਫੀਡਰ ਮਾਰਗਾਂ ਦੇ ਲਈ 52 ਕਿਲੋਗ੍ਰਾਮ ਪੈਚ ਦੇ ਉਨਯਨ ਦੇ ਸਬੰਧ ਵਿਚ ਲੁਧਿਆਣਾ-ਗੋਇੰਦਵਾਲ ਸਾਹਿਬ ਸੈਕਸ਼ਨ ਤੇ ਬ੍ਰਿਜ ਨੰਬਰ 63 ਅਪ ਲਾਈਨ ਉਤੇ ਮੌਜੂਦਾ 963 ਸਟੀਲ ਚੈਨਲ ਸਲੀਪਰਾਂ ਨੂੰ ਐਚ ਬੀਮ ਸਲੀਪਰਾਂ ਦੇ ਨਾਲ ਬਦਲਣ ਦੇ ਲਈ ਬਾਕੀ ਕੰਮ। |

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 1,39,80,757.79/- | 2,19,900.00/- | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ :"ਰਨਿੰਗ ਟ੍ਰੈਕ ਵਿਚ ਚੈਨਲ ਸਲੀਪਰਾਂ ਦੀ ਉਸਾਰੀ ਅਤੇ ਵਿਛਾਉਣਾ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। ਨਿਵਿਦਾ ਸੂਚਨਾ ਪੱਤਰ ਨੰ.:-03-2025-26-ADEN-II-ASR ਤਾਰੀਕ : 17.04.2025

1166/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਡੌਂਕੀ ਨੇ ਖਾ ਲਿਆ ਪੰਜਾਬ ਦਾ ਇੱਕ ਹੋਰ ਨੌਜਵਾਨ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**— ਆਏ ਦਿਨ ਪੰਜਾਬ ਦੀ ਜਵਾਨੀ ਡੌਂਕੀ ਦਾ ਸ਼ਿਕਾਰ ਹੁੰਦੀ ਜਾ ਰਹੀ। ਤਾਜ਼ਾ ਮਾਮਲਾ ਸੁਲਤਾਨਪੁਰ ਲੋਧੀ ਦੇ ਪਿੰਡ ਭੈਣੀ ਹੁਸੇ ਖਾਂ ਦੇ ਨਾਲ ਸੰਬੰਧਿਤ ਹੈ। ਜਿੱਥੋਂ ਦਾ ਰਹਿਣ ਵਾਲਾ ਨੌਜਵਾਨ ਵਿਨੋਦ ਸਿੰਘ ਜੋ ਕਰੀਬ ਦੋ ਸਾਲ ਪਹਿਲਾਂ ਡੌਂਕੀ ਰਾਹੀਂ ਆਪਣੇ ਭਵਿੱਖ ਨੂੰ ਸੁਨਹਿਰੀ ਬਣਾਉਣ ਦੇ ਲਈ ਅਤੇ ਚੰਗੀ ਰੋਜ਼ੀ ਰੋਟੀ ਦੀ ਭਾਲ ਵਾਸਤੇ ਅਮਰੀਕਾ ਗਿਆ ਸੀ।ਪਰ ਕੈਂਸਰ ਦੀ ਬਿਮਾਰੀ ਨੇ ਉਸ ਨੂੰ ਅਮਰੀਕਾ ਪਹੁੰਚਦਿਆਂ ਹੀ ਆਪਣੀ ਗ੍ਰਿਫਤ ਦੇ ਵਿੱਚ ਲੈ ਲਿਆ।ਜਿਸ ਕਾਰਨ ਉਹ ਉੱਥੇ ਲੰਮਾ ਸਮਾਂ ਬਿਮਾਰ ਰਹਿਣ ਮਗਰੋਂ ਦਮ ਤੋੜ ਗਿਆ।ਮ੍ਰਿਤਕ ਨੌਜਵਾਨ ਦੇ ਮਾਪਿਆਂ ਦਾ ਕਹਿਣਾ ਹੈ ਕਿ ਉਨਾਂ ਨੇ ਅੱਖਾਂ ਵਿੱਚ ਕਈ ਸਪਨੇ ਸਜਾ ਕੇ ਆਪਣੇ ਪੁੱਤਰ ਵਿਨੋਦ ਸਿੰਘ ਨੂੰ 40 ਲੱਖ ਰੁਪਏ ਦਾ ਕਰਜ਼ਾ ਲੈ ਕੇ ਵਿਦੇਸ਼ ਭੇਜਿਆ ਸੀ। ਪਰ ਉਹਨਾਂ ਨੂੰ ਨਹੀਂ ਸੀ ਪਤਾ ਕਿ ਉਹਨਾਂ ਦੇ ਉੱਤੇ ਏਨਾ ਵੱਡਾ ਦੁੱਖਾਂ ਦਾ ਪਹਾੜ ਟੁੱਟ ਪਵੇਗਾ। ਵਿਨੋਦ ਦੇ ਪਿਤਾ ਦਾ ਕਹਿਣਾ ਹੈ ਕਿ ਜਿਸ ਵੇਲੇ ਵਿਨੋਦ ਨੂੰ ਉਹਨਾਂ ਨੇ ਅਮਰੀਕਾ ਭੇਜਿਆ ਸੀ ਤਾਂ ਸੱਤ ਮਹੀਨੇ ਬਾਅਦ ਉਹ ਅਮਰੀਕਾ ਪਹੁੰਚਿਆ ਸੀ ਕਿਉਂਕਿ ਸੱਤ ਮਹੀਨੇ ਉਹ ਡੌਂਕੀ ਰਾਹੀਂ ਜੰਗਲਾਂ ਦੇ ਵਿੱਚੋਂ ਨਿਕਲਿਆ ਸੀ ਅਤੇ ਲੰਬਾ ਸਫਰ ਤੈਅ ਕਰਨ ਤੋਂ ਬਾਅਦ ਉਹ ਅਮਰੀਕਾ ਪਹੁੰਚਿਆ ਸੀ ਅਤੇ ਅਮਰੀਕਾ ਪਹੁੰਚਦੇ ਹੀ ਇੱਕ ਮਹੀਨੇ ਬਾਅਦ ਉਸ ਨੂੰ ਕੈਂਸਰ ਵਰਗੀ ਬਿਮਾਰੀ ਹੋ ਜਾਂਦੀ ਹੈ। ਜਿਸ ਦੇ ਬਾਰੇ ਉਹਨਾਂ ਨੂੰ ਵਿਨੋਦ ਦੇ ਨਾਲ ਰਹਿੰਦੇ ਦੋਸਤਾਂ ਤੋਂ ਪਤਾ ਚੱਲਦਾ ਹੈ। ਲੰਮਾ ਸਮਾਂ ਵਿਨੋਦ ਦਾ ਇਲਾਜ ਉਸਦੇ ਦੋਸਤਾਂ ਦੇ ਵੱਲੋਂ ਇੱਕ ਦੂਸਰੇ ਦੀ ਮਦਦ ਦੇ ਨਾਲ ਕਰਵਾਇਆ ਜਾ ਰਿਹਾ ਸੀ ਪਰ ਅਖੀਰ ਇਸ ਬਿਮਾਰੀ ਦੇ ਨਾਲ ਲੜਦੇ ਲੜਦੇ ਵਿਨੋਦ ਦੀ ਮੌਤ ਹੋ ਗਈ।

## ਪੰਚਾਇਤਾਂ ਨੂੰ ਵੱਧ ਅਧਿਕਾਰ ਦੇਣ ਦੀ ਆੜ ਹੇਠ ਜਲ ਸਪਲਾਈ ਵਿਭਾਗ ਦੇ ਨਿੱਜੀਕਰਨ ਦੀ ਤਿਆਰੀ : ਪ੍ਰਧਾਨ ਸ਼ਰਮਾ

**ਤਲਵਾੜਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇਥੇ ਪੀ ਡਬਲਿਊ ਡੀ ਫੀਲਡ ਅਤੇ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦੇ ਸੱਦੇ ਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਤਲਵਾੜਾ ਦੇ ਦਫ਼ਤਰ ਮੂਹਰੇ ਜਲ ਸਪਲਾਈ ਸਕੀਮਾਂ ਦੇ ਪੰਚਾਇਤੀਕਰਨ ਦੇ ਵਿਰੋਧ ਵਿਚ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਬ੍ਰਾਂਚ ਤਲਵਾੜਾ ਅਤੇ ਮੁਕੇਰੀਆਂ ਦੇ ਪ੍ਰਧਾਨ ਰਾਜੀਵ ਸ਼ਰਮਾ ਤੇ ਰਵਿੰਦਰ ਕੁਮਾਰ ਦੀ ਅਗਵਾਈ ਹੇਠ ਕੀਤੇ ਰੋਸ ਮੁਜ਼ਾਹਰੇ ਵਿਚ ਮੁਲਾਜ਼ਮਾਂ ਤੋਂ ਇਲਾਵਾ ਪੰਚਾਇਤ ਯੂਨੀਅਨ ਤਲਵਾੜਾ ਦੇ ਬੈਨਰ ਹੇਠਾਂ ਵੱਖ ਵੱਖ ਪਿੰਡਾਂ ਦੇ ਸਰਪੰਚ ਵੀ ਸ਼ਾਮਲ ਹੋਏ। ਰੋਸ ਮੁਜ਼ਾਹਰੇ ਨੂੰ ਸੰਬੋਧਨ ਕਰਦਿਆਂ ਜੱਥੇਬੰਦੀ ਦੇ ਜ਼ੋਨ ਜਨਰਲ ਸਕੱਤਰ ਸੁਖਦੇਵ ਸਿੰਘ ਜਾਜਾ, ਗੁਰਮੀਤ ਸਿੰਘ, ਸ਼ਾਮ ਸਿੰਘ, ਗੁਰਦੀਪ ਸਿੰਘ, ਸ਼ਾਂਤੀ ਸਰੂਪ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਲ ਸਪਲਾਈ ਸਕੀਮਾਂ ਦੇ ਪੰਚਾਇਤੀ ਕਰਨ ਦੀ ਆੜ ਹੇਠ ਨਿੱਜੀਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ। ਅਸਲ ਵਿੱਚ ਸਰਕਾਰ ਪਾਣੀ ਦਾ ਪ੍ਰਬੰਧਨ ਕਾਰਪੋਰੇਟ ਦੇ ਹਵਾਲੇ ਕਰਨਾ ਚਾਹੁੰਦੀ ਹੈ। ਸਰਕਾਰ ਵਿਭਾਗ ਵਿਚ ਖਾਲੀ ਅਸਾਮੀਆਂ ਭਰਨ ਦੀ ਬਜਾਇ ਇਨ੍ਹਾਂ ਨੂੰ ਪੰਚਾਇਤਾਂ ਦੇ ਸਪੁਰਦ ਕਰਕੇ ਆਪਣੀ



ਜ਼ਿੰਮੇਵਾਰੀ ਤੋਂ ਭੱਜ ਰਹੀ ਹੈ। ਪੰਚਾਇਤ ਯੂਨੀਅਨ ਤਲਵਾੜਾ ਤੋਂ ਬੋਲਦਿਆਂ ਸਰਪੰਚ ਗੁਰਧਿਆਨ ਸਿੰਘ, ਮੁਕੇਸ਼ ਕੁਮਾਰ , ਨੂਰ ਮੁਹੰਮਦ, ਪ੍ਰਵੀਨ ਕੁਮਾਰ ਆਦਿ ਨੇ ਕਿਹਾ ਕਿ ਪੰਚਾਇਤਾਂ ਜਲ ਸਪਲਾਈ ਸਕੀਮਾਂ ਚਲਾਉਣ ਤੋਂ ਅਸਮਰੱਥ ਹਨ, ਦਫ਼ਤਰੀ ਅਮਲੇ ਦੀ ਘਾਟ ਕਾਰਨ ਪੰਚਾਇਤਾਂ ਦੇ ਆਪਣੇ ਕੰਮ ਸਮੇਂ ਸਿਰ ਮੁਕੰਮਲ ਨਹੀਂ ਹੁੰਦੇ, ਜਲ ਸਪਲਾਈ ਸਕੀਮਾਂ ਦਾ ਪ੍ਰਬੰਧਨ ਪੰਚਾਇਤਾਂ ਦੇ ਵੱਸੋਂ ਬਾਹਰੀ ਗੱਲ ਹੈ। ਪੰਚਾਇਤਾਂ ਨੂੰ ਪਹਿਲਾਂ ਦਿੱਤੀਆਂ ਸਕੀਮਾਂ ਦਾ ਤਜੁਰਬਾ ਫੇਲ੍ਹ ਸਾਬਤ ਹੋ ਚੁੱਕਾ ਹੈ, ਬਲਾਕ ਤਲਵਾੜਾ ਦੇ ਪਿੰਡ ਸਧਾਨੀ, ਕਰਟੋਲੀ, ਅੰਧਵਾੜ ਪੱਤੀ ਅਤੇ ਲੱਬਰ ਦੀਆਂ ਪੰਚਾਇਤਾਂ ਇਹ ਸਕੀਮਾਂ ਮੁੜ ਵਿਭਾਗ ਨੂੰ ਦੇਣ ਦੀ ਮੰਗ ਕਰ ਰਹੀਆਂ ਹਨ।ਬੁਲਾਰਿਆਂ ਨੇ ਕਿਹਾ ਕਿ ਸਰਕਾਰ ਜਲ ਸਪਲਾਈ ਵਿਭਾਗ ਦਾ ਨਿੱਜੀਕਰਨ ਕਰਕੇ ਲੋਕਾਂ ਤੋਂ ਪੀਣ ਵਾਲੇ ਪਾਣੀ ਦਾ ਹੱਕ ਖੋਹਣ ਜਾ ਰਹੀ ਹੈ। ਉਥੇ ਹੀ ਕਥਿਤ ਭ੍ਰਿਸ਼ਟਾਚਾਰ ਵਧੇਗਾ।ਸਰਕਾਰ ਵੱਖ ਵੱਖ ਵਿਭਾਗਾਂ ਵਿੱਚ ਹਜ਼ਾਰਾਂ ਨੌਕਰੀਆਂ ਦੇਣ ਦੇ ਦਮਗਜ਼ੇ ਮਾਰ ਰਹੀ ਹੈ, ਅਤੇ ਦੂਜੇ ਪਾਸੇ ਜਲ ਸਪਲਾਈ ਸਕੀਮਾਂ ਤੇ 15-15 ਸਾਲਾਂ ਤੋਂ ਵੀ ਵੱਧ ਸਮੇਂ ਤੋਂ ਕੰਮ ਕਰ ਰਹੇ ਇਨਲਿਸਟਮਿੰਟ ਠੇਕਾ ਮੁਲਾਜ਼ਮਾਂ ਨੂੰ ਪੰਚਾਇਤੀਕਰਨ/ਨਿੱਜੀਕਰਨ ਦੇ ਨਾਂ 'ਤੇ ਕੱਢਣ ਦੀ ਤਿਆਰੀ ਕਰ ਰਹੀ ਹੈ। ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਪੇਂਡੂ ਜਲ ਸਪਲਾਈ ਸਕੀਮਾਂ ਦੇ ਪੰਚਾਇਤੀ ਕਰਨ ਦੇ ਫੈਸਲੇ ਨੂੰ ਤੁਰੰਤ ਰੱਦ ਕਰਕੇ, ਪੰਚਾਇਤਾਂ ਹਵਾਲੇ ਕੀਤੀਆਂ ਸਕੀਮਾਂ ਵੀ ਵਾਪਸ ਲੈਣ, ਹਰ ਤਰ੍ਹਾਂ ਦੇ ਕੱਚੇ /ਠੇਕਾ/ ਇਨਲਿਸਟਮੈਂਟ ਮੁਲਾਜ਼ਮਾਂ ਨੂੰ ਪੱਕਾ ਅਤੇ ਖਾਲੀ ਅਸਾਮੀਆਂ ਤੇ ਰੈਗੂਲਰ ਭਰਤੀ ਕਰਕੇ ਮਹਿਕਮੇ ਨੂੰ ਪੈਰਾਂ ਸਿਰ ਕਰਨ ਦੀ ਮੰਗ ਕੀਤੀ। ਇਸ ਮੌਕੇ ਮੁਜ਼ਾਹਰਾਕਾਰੀਆਂ ਨੇ ਉਕਤ ਮੰਗਾਂ ਨੂੰ ਲੈ ਕੇ ਮੰਗ ਪੱਤਰ ਕਾਰਜਕਾਰੀ ਇੰਜੀਨੀਅਰ ਦੀ ਗੈਰ ਮੌਜੂਦਗੀ ਵਿੱਚ ਵਿਭਾਗ ਦੇ ਸੁਪਰਡੈਂਟ ਨੂੰ ਸੌਂਪਿਆ । ਉਪਰੰਤ ਤਲਵਾੜਾ ਹਾਜੀਪੁਰ ਸੜਕ ਮਾਰਗ ਉਤੇ ਅੰਸ਼ਕ ਜਾਮ ਲਗਾ ਕੇ ਪੰਜਾਬ ਸਰਕਾਰ ਦੀ ਅਰਥੀ ਫੂਕ ਨਾਅਰੇਬਾਜ਼ੀ ਕੀਤੀ। ਹੋਰਨਾਂ ਤੋਂ ਇਲਾਵਾ ਇਸ ਮੌਕੇ ਜਗਦੀਸ਼ ਸਿੰਘ, ਮਿਲਾਪ ਚੰਦ, ਅਮਰੀਕ ਸਿੰਘ, ਰਾਜਕੁਮਾਰ,ਸ਼ਮਸ਼ੇਰ ਸਿੰਘ,ਅਕਸ਼ੇ ਕੁਮਾਰ, ਅਵਤਾਰ ਸਿੰਘ, ਅਵਿਨਾਸ਼ ਕੁਮਾਰ, ਅਸ਼ਵਨੀ ਕੁਮਾਰ, ਰਮਨ ਕੁਮਾਰ, ਸੰਜੀਵ ਕੁਮਾਰ, ਰੋਹਿਤ ਕੁਮਾਰ ਆਦਿ ਹਾਜ਼ਰ ਸਨ।

## ਰੱਕੜਾਂ ਢਾਹਾਂ ਦੇ ਵਿਕਾਸ ਕਾਰਜਾਂ ਲਈ 5 ਲੱਖ ਦਾ ਐਲਾਨ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਅੱਜ ਇੱਥੇ ਵਿਧਾਨ ਸਭਾ ਹਲਕਾ ਦੇ ਪ੍ਰਸਿੱਧ ਪਿੰਡ ਰੱਕੜਾਂ ਢਾਹਾਂ ਵਿਖੇ ਹਲਕਾ ਵਿਧਾਇਕਾ ਸ੍ਰੀਮਤੀ ਸੰਤੋਸ਼ ਕਟਾਰੀਆ ਵਲੋਂ ਪਿੰਡ ਵਿੱਚ ਬਣਾਏ ਜਾਣ ਵਾਲੇ ਖੇਡ ਸਟੇਡੀਅਮ ਅਤੇ ਪਿੰਡ ਦੇ ਗੰਦੇ ਪਾਣੀ ਦੇ ਨਿਕਾਸ ਲਈ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਲਈ ਨੀਂਹ ਪੱਥਰ ਰੱਖੇ। ਸ੍ਰੀਮਤੀ ਸੰਤੋਸ਼ ਕਟਾਰੀਆ ਵਲੋਂ ਇਸ ਮੌਕੇ ਪਿੰਡ ਦੇ ਵਿਕਾਸ ਕਾਰਜਾਂ ਲਈ ਪੰਜ ਲੱਖ ਰੁਪਏ ਗ੍ਰਾਂਟ ਦੇਣ ਦਾ ਐਲਾਨ ਕੀਤਾ।ਉਨ੍ਹਾਂ ਪੰਜਾਬ ਸਰਕਾਰ ਵਲੋਂ ਪਿੰਡ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਵਰਨਣ ਕੀਤਾ । ਉਹਨਾਂ ਜ਼ਿਲਾ ਪ੍ਰੀਸ਼ਦ ਦੇ ਚੇਅਰਮੈਨ ਰਹਿਣ ਸਮੇਂ ਪਿੰਡ ਦੇ ਵਿਕਾਸ ਕਾਰਜਾਂ ਲਈ ਦਿੱਤੀਆਂ ਗ੍ਰਾਂਟਾਂ ਦਾ ਵੀ ਜ਼ਿਕਰ ਕੀਤਾ।ਅੱਜ ਦੇ ਇਸ ਸਮਾਗਮ ਦੀ ਅਗਵਾਈ ਮਾਸਟਰ ਪ੍ਰੇਮ ਰੱਕੜ ਸਰਪੰਚ, ਗ੍ਰਾਮ ਪੰਚਾਇਤ, ਨੰਬਰਦਾਰ ਸਹਿਬਾਨ, ਪਿੰਡ ਦੇ ਪਤਵੰਤਿਆਂ ਵਲੋਂ ਕੀਤੀ ਗਈ। ਮਾਸਟਰ ਪ੍ਰੇਮ ਰੱਕੜ ਸਰਪੰਚ ਨੇ ਪਿੰਡ ਵਾਸੀਆਂ ਵਲੋਂ ਸ੍ਰੀਮਤੀ ਸੰਤੋਸ਼ ਕਟਾਰੀਆ ਨੂੰ ਜੀ ਆਇਆਂ ਕਿਹਾ ਅਤੇ ਪਿੰਡ ਦੀਆਂ ਮੰਗਾਂ ਵਿਧਾਇਕਾ ਅੱਗੇ ਰੱਖੀਆਂ , ਜਿਸ ਵਿਚ ਪਿੰਡ ਦੀਆਂ ਲਿੰਕ ਸੜਕਾਂ ਦਾ ਨਵੀਨੀਕਰਨ ਕਰਨਾ, ਛੱਪੜ ਦੇ ਪਾਣੀ ਨੂੰ ਸ਼ੁੱਧ ਕਰਕੇ ਖੇਤੀ ਲਈ ਵਰਤੋਂ ਯੋਗ ਬਣਾਉਣਾ, ਹਾਈ ਸਕੂਲ ਨੂੰ ਅਪਗ੍ਰੇਡ ਕਰਕੇ 10+2 ਬਣਾਉਣਾ ਅਤੇ ਸਕੂਲ ਵਿੱਚ ਖ਼ਾਲੀ ਪਈਆਂ ਅਸਾਮੀਆਂ ਨੂੰ ਭਰਨਾ ਆਦਿ ਸ਼ਾਮਲ ਸਨ।ਅੱਜ ਦੇ ਇਸ ਸਮਾਗਮ ਨੂੰ ਸ੍ਰੀਮਤੀ ਸੰਤੋਸ਼ ਕਟਾਰੀਆ, ਅਸ਼ੋਕ ਕੁਮਾਰ ਕਟਾਰੀਆ, ਬਲਜਿੰਦਰ ਸਿੰਘ ਵਿਰਕ ਕੋਆਰਡੀਨੇਟਰ ਸਮੇਤ ਮਾਸਟਰ ਪ੍ਰੇਮ ਰੱਕੜ ਸਰਪੰਚ ਨੇ ਸੰਬੋਧਨ ਕੀਤਾ। ਸਰਦਾਰ ਭਾਗ ਸਿੰਘ ਰੱਕੜ ਵਲੋਂ ਸ੍ਰੀਮਤੀ ਸੰਤੋਸ਼ ਕਟਾਰੀਆ, ਅਸ਼ੋਕ ਕੁਮਾਰ ਕਟਾਰੀਆ ਅਤੇ ਸਮਾਗਮ ਵਿੱਚ ਸ਼ਾਮਲ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ। ਅੱਜ ਦੇ ਇਸ ਸਮਾਗਮ ਵਿੱਚ ਨੰਬਰਦਾਰ ਗੁਰਸੈਲ ਸਿੰਘ, ਸੁਰਿੰਦਰ ਸਿੰਘ, ਜਥੇਦਾਰ ਕੇਵਲ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ, ਬਲਦੇਵ ਰਾਜ ਸ਼ਾਸਤਰੀ, ਕੁਲਵਿੰਦਰ ਕੌਰ, ਰਾਜ ਕੁਮਾਰੀ, ਰਾਜਵਿੰਦਰ ਕੌਰ, ਸੰਦੀਪ ਕੌਰ, ਸਤਵਿੰਦਰ, ਰਜਿੰਦਰ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਪੁਰਸ਼ ਔਰਤਾਂ ਸ਼ਾਮਲ ਸਨ।

## ਸ਼ਹਿਰ 'ਚ ਦਿਨੇ ਹੀ ਜੱਗ ਮਗਾਉਂਦੀਆਂ ਸਟਰੀਟ ਲਾਈਟਾਂ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਵਿੱਚ ਇਸ ਸਮੇਂ ਗਰਮੀ ਪੈ ਰਹੀ ਹੈ। ਮਨੁੱਖਤਾ, ਜੀਵ-ਜੰਤੂ ਅਤੇ ਬਨਸਪਤੀ ਪਾਣੀ ਦੀ ਘਾਟ ਨਾਲ ਮੁਰਝਾਉਣ ਸ਼ੁਰੂ ਹੋ ਗਏ ਹਨ। ਖੇਤਾਂ ਵਿੱਚ ਕਿਸਾਨਾਂ ਵੱਲੋਂ ਕਣਕ ਦੀ ਕਟਾਈ ਕੀਤੀ ਜਾ ਰਹੀ ਹੈ ਅਤੇ ਝੋਨੇ ਦੀ ਫਸਲ ਦੀ ਬਿਜਾਈ ਦੀ ਤਿਆਰੀ ਸ਼ੁਰੂ ਕਰ ਰਹੇ ਹਨ ਅਤੇ ਮੱਕੀ ਨੂੰ ਪਾਣੀ ਲਗਾ ਰਹੇ ਹਨ। ਹਰ ਰੋਜ਼ ਤਾਪਮਾਨ ਤਕਰੀਬਨ 40 ਡਿਗਰੀ ਦੇ ਪਾਰ ਹੋ ਜਾਂਦਾ ਹੈ । ਇਸ ਦੇ ਨਾਲ ਹੀ ਹਰ ਪਾਸੇ ਬਿਜਲੀ ਦੀ ਮੰਗ ਧੜਾਧੜ ਵਧ ਰਹੀ ਹੈ। ਸ਼ਹਿਰ ਅਤੇ ਪਿੰਡਾਂ ਵਿੱਚ ਲੰਮੇ ਲੰਮੇ ਬਿਜਲੀ ਦੇ ਕੱਟ ਲੱਗ ਰਹੇ ਹਨ ਪਰ ਕੁਝ ਥਾਂਵਾਂ ਅਜਿਹੀਆਂ ਵੀ ਹਨ, ਜਿਥੇ ਬਿਜਲੀ ਦੀ ਵਰਤੋਂ ਬੇਦਰਦੀ ਨਾਲ ਹੁੰਦੀ ਹੈ। ਇਸ ਕੜੀ ਅਧੀਨ ਸੁਲਤਾਨਪੁਰ ਲੋਧੀ ਸ਼ਹਿਰ ਦੀਆਂ ਸਟਰੀਟ ਲਾਈਟਾਂ ਵੀ ਆਉਂਦੀਆਂ ਹਨ, ਜੋ ਦਿਨ ਵੇਲੇ ਵੀ ਰੋਸ਼ਨੀਆਂ ਬਖੇਰਦੀਆਂ ਨਜ਼ਰ ਆਉਂਦੀਆਂ ਹਨ। ਸ਼ਹਿਰ ਦੀ ਕਪੂਰਥਲਾ ਰੋਡ ਉੱਤੇ ਨੇੜੇ ਬੀ ਡੀ ਪੀ ਓ ਦਫ਼ਤਰ ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਾਲੀ ਸੜਕ ਜਾਂਦੀ ਹੈ। ਇਸ ਉੱਤੇ ਲੱਗੀਆਂ ਸਟਰੀਟ ਲਾਈਟਾਂ ਇੱਕ ਅੱਧੀ ਨੂੰ ਛੱਡ ਕੇ ਸਾਰੀਆਂ ਹੀ ਜਗ ਰਹੀਆਂ ਸਨ। ਸ਼ਾਇਦ ਉਹਨਾਂ ਨੂੰ ਬੰਦ ਕਰਨਾ ਭੁੱਲ ਗਏ ਹੋਣਗੇ ਪਰ ਦਿਨ ਭਰ ਸਟਰੀਟ ਲਾਈਟਾਂ ਵੱਡੀ ਮਿਕਦਾਰ ਵਿੱਚ ਬਿਜਲੀ ਦੀ ਖਪਤ ਕਰਦੀਆਂ ਹਨ, ਜੋ ਅਜਾਈਂ ਜਾ ਰਹੀ ਸੀ। ਦੂਜੇ ਪਾਸੇ ਖਪਤਕਾਰਾਂ 'ਤੇ ਮਹਿਕਮੇ ਵੱਲੋਂ ਪੂਰੀ ਸਖਤੀ ਕੀਤੀ ਜਾ ਰਹੀ ਹੈ। ਲੋਕਾਂ ਦੇ ਮੀਟਰ ਪੁੱਟੇ ਜਾ ਰਹੇ ਹਨ ਪਰ ਬੇਕਾਰ ਜਾ ਰਹੀ ਬਿਜਲੀ ਵੱਲ ਕਿਸੇ ਦਾ ਧਿਆਨ ਨਹੀਂ। ਪੱਤਰਕਾਰ ਵੱਲੋਂ ਇਸ ਸਬੰਧੀ ਨਗਰ ਕੌਂਸਲ ਸੁਲਤਾਨਪੁਰ ਲੋਧੀ ਦੇ ਈ ਓ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਪਰ ਉਹਨਾਂ ਦੇ ਨਾਲ ਰਾਬਤਾ ਨਹੀਂ ਹੋ ਸਕਿਆ।

## ਔੜ ਵਿਖੇ ਨਸ਼ਾ ਸਮੱਗਲਰ ਵੱਲੋਂ ਕੀਤੀ ਨਜਾਇਜ਼ ਉਸਾਰੀ 'ਤੇ ਚੱਲਿਆ ਪੀਲ਼ਾ ਪੰਜਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਤਸਕਰਾਂ ਵੱਲੋਂ ਕੀਤੇ ਗੈਰ-ਕਾਨੂੰਨੀ ਕਬਜ਼ਿਆਂ ਨੂੰ ਹਟਾਉਣ ਲਈ ਸ਼ਹੀਦ ਭਗਤ ਸਿੰਘ ਨਗਰ ਪੁਲਸ ਵੱਲੋਂ ਸਥਾਨਕ ਸਿਵਲ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਔੜ ਵਿਖੇ ਇੱਕ ਨਸ਼ਾ ਤਸਕਰ ਦੇ ਘਰ ਉੱਤੇ ਬੁਲਡੋਜ਼ਰ ਚਲਾਇਆ ਗਿਆ। ਇਹ ਨਾਜਾਇਜ਼ ਉਸਾਰੀ ਦੇਵ ਰਾਜ ਦੇਵੀ ਨਾਂ ਦੇ ਇੱਕ ਵਿਅਕਤੀ ਵੱਲੋਂ ਕੀਤੀ ਗਈ ਸੀ, ਜਿਸ ਨੂੰ ਸਿਵਲ ਪ੍ਰਸ਼ਾਸਨ ਦੇ ਆਰਡਰਾਂ 'ਤੇ ਢਾਹਿਆ ਗਿਆ। ਐੱਸ.ਐੱਸ.ਪੀ ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ ਸਿਵਲ ਪ੍ਰਸ਼ਾਸਨ ਵੱਲੋਂ ਇਸ ਗੈਰ-ਕਾਨੂੰਨੀ ਉਸਾਰੀ ਨੂੰ ਢਾਹੁਣ ਲਈ ਪੁਲਸ ਸਹਾਇਤਾ ਲਈ ਕਿਹਾ ਗਿਆ ਸੀ, ਜਿਸ 'ਤੇ ਕਰਵਾਈ ਕਰਦਿਆਂ ਭਾਰੀ ਪੁਲਸ ਫੋਰਸ ਤਾਇਨਾਤ ਕਰਕੇ ਇਸ ਨੂੰ ਢਾਹਿਆ ਗਿਆ ਹੈ, ਤਾਂ ਜੋ ਕੋਈ ਅਮਨ- ਕਾਨੂੰਨ ਦੀ ਦਿੱਕਤ ਨਾ ਆਵੇ। ਉਨ੍ਹਾਂ ਦੱਸਿਆ ਕਿ ਇਹ ਕਾਰਵਾਈ ਦੇਵ ਰਾਜ ਦੇਵੀ ਨਾਂ ਦੇ ਵਿਅਕਤੀ ਵਿਰੁੱਧ ਕੀਤੀ ਗਈ ਹੈ, ਜਿਸ ਖ਼ਿਲਾਫ਼ 18 ਪਰਚੇ ਦਰਜ ਹਨ, ਜਿਨ੍ਹਾਂ ਵਿੱਚੋਂ 13 ਪਰਚੇ ਐਨ.ਡੀ.ਪੀ.ਐਸ ਐਕਟ ਤਹਿਤ ਦਰਜ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਸਬੰਧੀ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਭਰੋਸਾ ਦਿਵਾਇਆ ਕਿ ਦੋਸ਼ੀਆਂ ਖਿਲਾਫ ਤੁਰੰਤ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੱਤੀ ਕਿ ਉਹ ਨਸ਼ੇ ਦਾ ਕਾਰੋਬਾਰ ਛੱਡ ਕੇ ਕੋਈ ਹੋਰ ਕੰਮ ਕਰ ਲਓ, ਜਾਂ ਸਖ਼ਤ ਤੋਂ ਸਖ਼ਤ ਕਾਰਵਾਈ ਲਈ ਤਿਆਰ ਰਹੋ।ਇਸ ਮੌਕੇ ਸਥਾਨਕ ਵਾਸੀਆਂ ਵੱਲੋਂ ਪੰਜਾਬ ਸਰਕਾਰ ਦੀ ਇਸ ਕਾਰਵਾਈ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਐਸ.ਡੀ.ਐਮ ਰਵਿੰਦਰ ਬਾਂਸਲ, ਐਸ.ਪੀ ਇਕਬਾਲ ਸਿੰਘ, ਐਸ.ਪੀ ਸਰਬਜੀਤ ਸਿੰਘ ਬਾਹੀਆ, ਡੀ.ਐਸ.ਪੀ ਰਾਜ ਕੁਮਾਰ ਤੇ ਹੋਰ ਅਧਿਕਾਰੀ ਹਾਜ਼ਰ ਸਨ।

## ਜਾਲ੍ਹੀ ਡੋਪ ਟੈਸਟ ਰਿਪੋਰਟਾਂ ਦੇਣ ਬਦਲੇ ਰਿਸ਼ਵਤਾਂ ਲੈਣ ਸੰਬੰਧੀ ਘੁਟਾਲੇ ਦਾ ਪਰਦਾਫਾਸ਼

● 10000 ਰੁਪਏ ਲੈਣ ਦੇ ਦੋਸ਼ ਹੇਠ ਸਰਕਾਰੀ ਹਸਪਤਾਲ ਦੇ ਦੋ ਕਰਮਚਾਰੀ ਗ੍ਰਿਫ਼ਤਾਰ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਿਲ੍ਹਾ ਕਪੂਰਥਲਾ ਦੇ ਸਰਕਾਰੀ ਹਸਪਤਾਲ ਭੁਲੱਥ ਵਿਖੇ ਚੱਲ ਰਹੇ ਇੱਕ ਘੁਟਾਲੇ ਦਾ ਪਰਦਾਫਾਸ਼ ਕੀਤਾ ਹੈ, ਜਿੱਥੇ ਕਰਮਚਾਰੀ ਫਰਜ਼ੀ ਨੈਗੇਟਿਵ ਡੋਪ ਟੈਸਟ ਰਿਪੋਰਟਾਂ ਜਾਰੀ ਕਰਨ ਬਦਲੇ ਰਿਸ਼ਵਤਾਂ ਲੈ ਰਹੇ ਸਨ। ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਵਿਜੀਲੈਂਸ ਬਿਊਰੋ ਨੇ ਦੋ ਮੁਲਜ਼ਮਾਂ ਮਨਪ੍ਰੀਤ ਸਿੰਘ ਉਰਫ ਸੋਨੂੰ, ਵਾਰਡ ਅਟੈਂਡੈਂਟ ਅਤੇ ਭੋਲੂ ਉਰਫ ਇਸਮਾਈਲ, ਠੇਕਾ ਅਧਾਰਤ ਕੰਪਿਊਟਰ ਆਪਰੇਟਰ ਨੂੰ 10000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਉਕਤ ਹਸਪਤਾਲ ਵਿੱਚ ਤਾਇਨਾਤ ਡਾ. ਮੋਹਿਤਪਾਲ ਅਤੇ ਇੱਕ ਆਰਜ਼ੀ ਲੈਬਾਰਟਰੀ ਟੈਕਨੀਸ਼ੀਅਨ ਮਾਨ ਸਿੰਘ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ।ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਉਕਤ ਮੁਲਜ਼ਮ ਨੇ ਸ਼ਿਕਾਇਤਕਰਤਾ ਨੂੰ ਨੈਗੇਟਿਵ ਡੋਪ ਟੈਸਟ ਰਿਪੋਰਟ ਜਾਰੀ ਕਰਨ ਦੇ ਇਵਜ਼ ਵਿੱਚ 10000 ਰੁਪਏ ਵਸੂਲੇ ਸਨ। ਹੋਰ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ



ਕਿ ਮੁਲਜ਼ਮ ਡੋਪ ਟੈਸਟ ਦੇ ਨਤੀਜਿਆਂ ਵਿੱਚ ਹੇਰਾਫੇਰੀ ਕਰਨ ਲਈ ਧੜੱਲੇ ਨਾਲ ਰਿਸ਼ਵਤ ਲੈਂਦੇ ਸਨ ਅਤੇ ਇਹ ਰਿਪੋਰਟਾਂ ਦੀ ਵਰਤੋਂ ਹਥਿਆਰ ਲਾਇਸੈਂਸ ਲੈਣ ਲਈ ਨਵੀਆਂ ਅਰਜ਼ੀਆਂ ਦੇਣ ਜਾਂ ਲਾਇਸੈਂਸ ਰੀਨਿਊ ਕਰਨ ਦੌਰਾਨ ਕੀਤੀ ਜਾਂਦੀ ਸੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਸਬੂਤਾਂ ਸਮੇਤ ਸਕਾਰਾਤਮਕ ਅਤੇ ਫਰਜ਼ੀ ਨੈਗੇਟਿਵ ਰਿਪੋਰਟਾਂ ਨੂੰ ਸਬੂਤ ਪੇਸ਼ ਕੀਤਾ ਹੈ। ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸਬੰਧ ਵਿੱਚ 17 ਅਪ੍ਰੈਲ ਨੂੰ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਦੀ ਧਾਰਾ 7 ਅਤੇ 7-ਏ ਅਤੇ ਭਾਰਤੀ ਨਿਆਏ ਸੰਹਿਤਾ ਦੀ ਧਾਰਾ 61(2) ਦੇ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ, ਜਲੰਧਰ ਰੇਂਜ ਵਿਖੇ ਇੱਕ ਕੇਸ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਕਿਹਾ ਕਿ ਵਿਜੀਲੈਂਸ ਬਿਊਰੋ ਰੇਂਜ ਜਲੰਧਰ ਇਸ ਸਬੰਧ ਵਿੱਚ ਭ੍ਰਿਸ਼ਟ ਕਾਰਵਾਈਆਂ ਦਾ ਪਰਦਾਫਾਸ਼ ਕਰਨ ਅਤੇ ਉਕਤ ਘੁਟਾਲੇ ਵਿੱਚ ਸ਼ਾਮਲ ਹੋਰ ਸਟਾਫ ਦੀ ਭੂਮਿਕਾ ਪੜਤਾਲਣ ਲਈ ਪੂਰੀ ਬਾਰੀਕਬੀਨੀ ਨਾਲ ਜਾਂਚ ਕਰ ਰਹੀ ਹੈ।

## ਐੱਸ ਜੀ ਟੀ ਬੀ ਪਬਲਿਕ ਸਕੂਲ 'ਚ ਵਿਦਾਇਗੀ ਸਮਾਰੋਹ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- 'ਆਪਣੇ ਲਕਸ਼ ਉੱਚੇ ਰੱਖੋ ਅਤੇ ਹਮੇਸ਼ਾ ਵੱਡੇ ਸੁਪਨੇ ਦੇਖੋ, ਕਿਉਂਕਿ ਤੁਸੀਂ ਉਨ੍ਹਾਂ ਸੁਪਨਿਆਂ ਦੇ ਲਈ ਬਣੇ ਹੋ ਜਿੰਨੇ ਤੁਸੀਂ ਜੀਊਣ ਦੀ ਹਿੰਮਤ ਰੱਖਦੇ ਹੋ' ਐਸ. ਜੀ. ਟੀ. ਬੀ. ਪਬਲਿਕ ਸਕੂਲ, ਸਨੌਰਾ ਵੱਲੋਂ ਕਲਾਸ 12ਵੀਂ (ਬੈਚ 2024-25) ਦੇ ਵਿਦਿਆਰਥੀਆਂ ਲਈ 15 ਅਪ੍ਰੈਲ ਨੂੰ ਇਕ ਵਿਦਾਇਗੀ ਸਮਾਰੋਹ ਕੀਤਾ ਗਿਆ। ਮੌਜੂਦਾ ਸੈਸ਼ਨ (2025-26) ਦੇ ਵਿਦਿਆਰਥੀਆਂ ਨੇ ਆਪਣੇ ਸਿਨੀਅਰਾਂ ਨੂੰ ਅਲਵਿਦਾ ਕਹਿਣ ਲਈ ਇਹ ਸਮਾਰੋਹ ਖੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ।ਕਾਰਜਕ੍ਰਮ ਦੀ ਸ਼ੁਰੂਆਤ ਛੋਟੇ ਵਿਦਿਆਰਥੀਆਂ ਵੱਲੋਂ ਕੀਤੇ ਗਏ ਸਵਾਗਤੀ ਨਾਟਕ ਅਤੇ ਗੀਤ ਨਾਲ ਹੋਈ, ਜਿਸ ਤੋਂ ਬਾਅਦ ਇਕ ਸਵਾਗਤੀ ਭਾਸ਼ਣ ਦਿੱਤਾ ਗਿਆ।ਇਸ ਮੌਕੇ ਉੱਤੇ ਸਕੂਲ ਦੇ ਸਤਿਕਾਰਯੋਗ ਚੇਅਰਮੈਨ ਸਰ ਅਤੇ ਪ੍ਰਿੰਸੀਪਲ ਮੈਡਮ ਦਾ ਸਵਾਗਤ ਕੀਤਾ ਗਿਆ। ਸਕੂਲ ਦੇ ਮਿਊਜ਼ਿਕ ਗਰੁੱਪ ਵੱਲੋਂ ਇਕ ਰੂਹਾਨੀ ਪ੍ਰਾਰਥਨਾ ਨਾਲ ਸਮਾਗਮ ਦੀ ਸ਼ੁਰੂਆਤ ਹੋਈ।ਚੇਅਰਮੈਨ ਸੁਖਜਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਜੀਵਨ ਵਿਚ ਉੱਚਾਈਆਂ ਛੂਹਣ ਅਤੇ ਉੱਤਮ ਜੀਵਨ ਜੀਊਣ ਦੀ ਸਿੱਖ ਦਿੱਤੀ। ਉਨ੍ਹਾਂ ਜ਼ਿੰਮੇਵਾਰੀ ਨਾਲ ਜੀਵਨ ਜੀਊਣ ਅਤੇ ਹਮੇਸ਼ਾ ਆਪਣੇ ਜੂਨੀਅਰਾਂ ਲਈ ਚੰਗੀ ਮਿਸਾਲ ਬਣਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਪਰਿਵਾਰ ਅਤੇ ਸਮਾਜ ਦੀਆਂ ਉਮੀਦਾਂ ਨੂੰ ਆਪਣੀਆਂ ਇੱਛਾਵਾਂ ਨਾਲ ਬਰਾਬਰ ਰੱਖਣਾ ਚਾਹੀਦਾ ਹੈ। ਇਸ ਤੋਂ ਬਾਅਦ ਪ੍ਰਿੰਸੀਪਲ ਨਵਦੀਪ ਕੌਰ ਨੇ ਵਿਦਾਈ ਲੈ ਰਹੇ ਬੈਚ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।ਕਾਰਜਕ੍ਰਮ ਦੌਰਾਨ ਸਿਨੀਅਰ ਵਿਦਿਆਰਥੀਆਂ ਵੱਲੋਂ ਨਾਚ, ਗੀਤ ਤੇ ਹੋਰ ਮਨੋਰੰਜਕ ਗਤੀਵਿਧੀਆਂ ਨਾਲ ਸਭ ਦਾ ਮਨੋਰੰਜਨ ਕੀਤਾ ਗਿਆ। ਕਲਾਸ 12 ਦੇ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਪ੍ਰਤੀ ਧੰਨਵਾਦ ਪ੍ਰਗਟਾਇਆ। ਕਿਸੇ ਨੇ ਭਾਵੁਕ ਭਾਸ਼ਣ ਦਿੱਤੇ, ਤਾਂ ਕਿਸੇ ਨੇ ਗੀਤਾਂ ਤੇ ਪ੍ਰਦਰਸ਼ਨਾਂ ਰਾਹੀਂ ਆਪਣੀ ਭਾਵਨਾ ਪ੍ਰਗਟ ਕੀਤੀ।ਸੀਨੀਅਰਾ ਨੂੰ ਉਨ੍ਹਾਂ ਦੇ ਜੂਨੀਅਰਾਂ ਵੱਲੋਂ ਪਿਆਰ ਅਤੇ ਆਦਰ ਦੇ ਤੌਰ ਤੇ ਉਪਹਾਰ ਅਤੇ ਯਾਦਗਾਰ ਤੋਹਫੇ ਦਿੱਤੇ ਗਏ। ਮਿਸਟਰ ਫੇਅਰਵੈਲ ਅਤੇ ਮਿਸ ਫੇਅਰਵੈਲ ਵਰਗੀਆਂ ਉਪਾਧੀਆਂ ਵੀ ਯੋਗ ਵਿਦਿਆਰਥੀਆਂ ਨੂੰ ਦਿੱਤੀਆਂ ਗਈਆਂ। ਇਸ ਤੋਂ ਬਾਅਦ ਦੋਹਾਂ ਕਲਾਸਾਂ (11 ਅਤੇ 12) ਦੇ ਵਿਦਿਆਰਥੀਆਂ ਲਈ ਰਿਫ੍ਰੈਸ਼ਮੈਂਟ ਦਾ ਇੰਤਜ਼ਾਮ ਕੀਤਾ ਗਿਆ।ਸਮਾਰੋਹ ਦੇ ਅੰਤ ਵਿੱਚ ਡਾਇਰੈਕਟਰ ਮੈਡਮ ਅਤੇ ਪ੍ਰਿੰਸੀਪਲ ਮੈਡਮ ਵੱਲੋਂ ਵਿਦਾਇਗੀ ਲੈ ਰਹੇ ਵਿਦਿਆਰਥੀਆਂ ਨੂੰ ਤੋਹਫੇ ਦਿੱਤੇ ਗਏ।



## ਪੈਨਸ਼ਨਰ ਸੰਘਰਸ਼ ਦਾ ਰਾਹ ਅਪਣਾਉਣ ਲਈ ਹੋਣਗੇ ਮਜਬੂਰ : ਮਾਨ, ਰਾਜ



**ਕਾਲਾ ਸੰਘਿਆਂ (ਮਨਜੀਤ ਮਾਨ)**- ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਤੇ ਟਰਾਂਸਕੋ ਸ਼ਹਿਰੀ ਮੰਡਲ ਕਪੂਰਥਲਾ ਦੀ ਵਿਸ਼ੇਸ਼ ਮੀਟਿੰਗ ਪ੍ਰਧਾਨ ਰੇਸ਼ਮ ਸਿੰਘ ਮਾਨ ਅਤੇ ਸਕੱਤਰ ਬਲਦੇਵ ਰਾਜ ਦੀ ਅਗਵਾਈ ਹੇਠ ਗੁਰਦੁਆਰਾ ਬਾਬਾ ਕਾਹਨ ਦਾਸ ਕਾਲ਼ਾ ਸੰਘਿਆਂ ਵਿਖੇ ਹੋਈ। ਮੀਟਿੰਗ ਤੋਂ ਪਹਿਲਾਂ ਸੂਬਾ ਕਮੇਟੀ ਦੇ ਨਿਰਦੇਸ਼ਾਂ ਅਨੁਸਾਰ ਪਿਛਲੇ ਦਿਨੀਂ ਕਰਵਾਈਆਂ ਮੰਡਲ ਪੱਧਰੀ ਚੋਣਾਂ ਦੌਰਾਨ ਚੁਣੇ ਵੱਖ ਵੱਖ ਅਹੁਦੇਦਾਰਾਂ ਨੂੰ ਵਧਾਈ ਦੇਣ ਉਪਰੰਤ ਜਥੇਬੰਦੀ ਦੀਆਂ ਮੁੱਖ ਮੰਗਾਂ ਨੂੰ ਲੈ ਕੇ ਵਿਚਾਰ ਚਰਚਾ ਕੀਤੀ ਗਈ।ਆਗੂਆਂ ਨੇ ਸੰਬੋਧਨ ਕਰਦਿਆਂ ਸਰਕਾਰ ਵੱਲੋਂ 23 ਸਾਲਾਂ ਸਕੇਲ ਲਾਗੂ ਨਾ ਕਰਨ ਸਮੇਤ ਜੱਥੇਬੰਦੀ ਦੀਆਂ ਮੰਗਾਂ ਨੂੰ ਅਣਗੌਲਿਆਂ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਸੂਬਾਈ ਕਮੇਟੀ ਵੱਲੋਂ ਰੱਖੀਆਂ ਮੰਗਾਂ ਸਬੰਧੀ ਕੀਤੀਆਂ ਮੀਟਿੰਗਾਂ ਬੇਸਿੱਟਾ ਰਹਿਣ ਤੇ ਅੱਗੇ ਤੋਂ ਅੱਗੇ ਹੋਰ ਮੀਟਿੰਗਾਂ ਦੀ ਤਰੀਕ ਦੇ ਕੇ ਟਾਲਿਆ ਜਾ ਰਿਹਾ ਹੈ। ਸਰਕਾਰ ਮੁਲਾਜ਼ਮਾਂ ਦਾ ਡਿਵੈੱਲਪਮੈਂਟ ਫੰਡ ਕੱਟ ਕੇ ਯੂਨੀਅਨ ਤੇ ਮੁਲਾਜ਼ਮਾਂ ਨੂੰ ਸੰਘਰਸ਼ ਕਰਨ ਲਈ ਮਜ਼ਬੂਰ ਕਰ ਰਹੀ ਹੈ ਅਤੇ ਚਿਰਾਂ ਤੋਂ ਜੱਥੇਬੰਦੀ ਵੱਲੋਂ ਕੀਤੀਆਂ ਜਾ ਰਹੀਆਂ ਮੰਗਾਂ ਵੀ ਪੂਰੀਆਂ ਨਹੀਂ ਕਰ ਰਹੀ।ਮੀਟਿੰਗ ਨੂੰ ਅਵਤਾਰ ਸਿੰਘ,ਅਮਰਦੀਪ ਤ੍ਰਿਖਾ, ਕੈਲਾਸ਼ ਚੰਦਰਾ, ਇਕਬਾਲ ਸਿੰਘ, ਅਸ਼ੋਕ ਕੁਮਾਰ, ਬਲਵਿੰਦਰ ਸਿੰਘ,ਮਾਹੀ ਲਾਲ ਗੱਜਣ ਸਿੰਘ, ਅਮਰੀਕ ਸਿੰਘ, ਉਰਮਿਲਾ ਸ਼ਰਮਾ ਆਦਿ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਭਜਨ ਸਿੰਘ, ਜੀਤ ਲਾਲ, ਬਲਦੇਵ ਰਾਜ ਆਰ ਟੀ ਐਮ, ਸਤਨਾਮ ਸਿੰਘ, ਕਿਰਨਾ ਦੇਵੀ, ਜਗੀਰ ਕੌਰ, ਰਵਿੰਦਰ ਕੌਰ, ਸ਼ਾਰਧਾ ਦੇਵੀ, ਸੁਰਿੰਦਰ ਕੌਰ,ਭਜਨ ਕੌਰ ਸਮੇਤ ਜੱਥੇਬੰਦੀ ਦੇ ਹੋਰ ਮੈਂਬਰ ਹਾਜ਼ਰ ਸਨ।

## ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ ਅੱਜ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜੱਥੇਦਾਰ ਮਹਿੰਦਰ ਸਿੰਘ ਹੁਸੈਨਪੁਰ ਵੱਲੋਂ ਬੀਤੇ ਦਿਨ ਅਕਾਲ ਤਖ਼ਤ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਸਬੰਧੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਜੱਥੇਦਾਰ ਦਸਿਆ ਕਿ ਪੰਜਾਬ ਬਿਲਕੁੱਲ ਲੀਡਰਲੈਸ ਹੁੰਦਾ ਜਾ ਰਿਹਾ ਹੈ ਪੰਜਾਬ ਦੇ ਭਵਿੱਖ ਨੂੰ ਸੁਧਾਰਨ ਵਾਸਤੇ ਕੁਝ ਨਹੀਂ ਹੋ ਰਿਹਾ ਅਤੇ ਪਾਰਟੀ ਖੇਰੂੰ ਖੇਰੂੰ ਹੋ ਗਈ ਹੈ। ਇਸ ਦੇ ਪੁਨਰ ਗਠਨ ਵਾਸਤੇ ਯਤਨ ਹੋਣੇ ਚਾਹੀਦੇ ਹਨ। ਉਹਨਾਂ ਨੇ ਕਿਹਾ ਜਿਹੜੇ ਵਧੀਆ ਮੈਂਬਰ ਹੋਣਗੇ ਉਹੀ ਆਗੂ ਹੋਣਗੇ। ਇਸ ਭਰਤੀ ਪ੍ਰਕਿਰਿਆ ਵਿੱਚ ਸਾਰਿਆਂ ਦਾ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ। ਜੱਥੇਦਾਰਰ ਨੇ ਅਕਾਲ ਤਖਤ ਨੂੰ ਸਮਰਪਿਤ ਲੋਕਾਂ ਤੇ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰਾਂ ਨੂੰ ਅਪੀਲ ਕੀਤੀ ਕਿ ਆਓ ਅਸੀਂ ਸਾਰੇ ਇੱਕਜੁੱਟ ਹੋ ਕੇ ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜੋ ਫਰਮਾਨ ਜਾਰੀ ਹੋਇਆ ਹੈ ਉਸ ਦੀ ਪਾਲਣਾ ਕਰਦੇ ਹੋਏ ਪੰਜ ਮੈਂਬਰੀ ਕਮੇਟੀ ਦੇ ਰਾਹੀਂ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਲਈ ਵਚਨਬੱਧ ਹੋਈਏ। ਇਸ ਲਈ ਵੱਧ ਚੜ ਕੇ ਆਉਣ ਵਾਲੀ 19 ਅਪ੍ਰੈਲ ਦਿਨ ਸ਼ਨੀਵਾਰ ਨੂੰ ਗੁਰਦੁਆਰਾ ਮੰਜੀ ਸਾਹਿਬ ਨਵਾਂਸ਼ਹਿਰ ਸਵੇਰੇ 10 ਵਜੇ ਪਹੁੰਚ ਕੇ ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰ ਬਣੀਏ । ਉਹਨਾਂ ਦੱਸਿਆ ਕਿ ਇਸ ਭਰਤੀ ਪ੍ਰਕਿਰਿਆ ਵਿੱਚ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਗੁਰਪ੍ਰਤਾਪ ਸਿੰਘ ਵਡਾਲਾ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਇਸ ਪ੍ਰਤੀ ਪ੍ਰਕਿਰਿਆ ਦਾ ਆਰੰਭ ਕਰਨਗੇ। ਇਸ ਮੌਕੇ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤਰਲੋਚਨ ਸਿੰਘ ਦੁਪਾਲਪੁਰ, ਜਥੇਦਾਰ ਰੇਸ਼ਮ ਸਿੰਘ, ਸਤਨਾਮ ਸਿੰਘ, ਨਛੱਤਰ ਸਿੰਘ ਹੰਸਰੋ, ਸਾਬਕਾ ਸਰਪੰਚ ਹਰਵਿੰਦਰ ਸਿੰਘ ਹੰਸਰੋ, ਗੁਰਪ੍ਰੀਤ ਸਿੰਘ, ਸੋਡੀ ਸਿੰਘ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਨੀਲੋਵਾਲ, ਚਰਨਜੀਤ ਸਿੰਘ ਆਦਿ ਹਾਜ਼ਰ ਸਨ।

## ਤਪ ਅਸਥਾਨ ਬਾਬਾ ਬਿਹਾਰੀ ਦੀ ਪ੍ਰਬੰਧਕ ਕਮੇਟੀ ਦੀ ਮੀਟਿੰਗ



**ਅੱਡਾ ਸਰਾਂ (ਜਸਵੀਰ ਕਾਜਲ)** ਪਿੰਡ ਕੰਧਾਲਾ ਜੱਟਾਂ ਵਿੱਚ ਬ੍ਰਹਮਲੀਨ ਬਾਬਾ ਬਿਹਾਰੀ ਦੇ ਅਸਥਾਨ 'ਤੇ ਧਾਰਮਿਕ ਸਮਾਗਮ ਕਰਾਉਣ ਸੰਬੰਧੀ ਮੀਟਿੰਗ ਕੀਤੀ ਗਈ।ਪ੍ਰਬੰਧਕਾਂ ਨੇ ਦੱਸਿਆ ਇਸ ਸਾਲ 20 ਜੂਨ ਤੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਕੇ 22 ਜੂਨ ਨੂੰ ਭੋਗ ਪਾਏ ਜਾਣਗੇ। ਭੋਗ ਪਾਉਣ ਉਪਰੰਤ ਕੀਰਤਨ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਕੀਰਤਨ ਅਤੇ ਕਥਾ ਵਿਚਾਰਾਂ ਨਾਲ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਗੁਰੂ ਇਤਿਹਾਸ ਨਾਲ ਜੋੜਨਗੇ।ਇਸ ਮੌਕੇ ਕਮੇਟੀ ਦੇ ਪ੍ਰਧਾਨ ਮਹਿੰਗਾ ਸਿੰਘ, ਦਲਵੀਰ ਸਿੰਘ ਖਜ਼ਾਨਚੀ, ਅਜੈਬ ਸਿੰਘ, ਜਸਵੀਰ ਸਿੰਘ ਸ਼ੀਰਾ, ਜਰਨੈਲ ਸਿੰਘ, ਮਹਿੰਦਰ ਸਿੰਘ , ਪੰਚ ਵਰਿੰਦਰ ਸਿੰਘ, ਅੰਮ੍ਰਿਪਾਲ ਸਿੰਘ ਪ੍ਰਧਾਨ, ਸੁਰਿੰਦਰ ਸਿੰਘ ਗੁਗਲੀ, ਗੁਰਨਾਮ ਸਿੰਘ, ਡਾ. ਸੁਖਜੀਤ ਸਿੰਘ, ਸੁਖਨਿੰਦਰ ਸਿੰਘ, ਸੋਨਾ ਮਿਸਤਰੀ, ਮਹਿੰਦਰ ਸਿੰਘ ਫੌਜੀ, ਅੰਮ੍ਰਿਤਪਾਲ ਸਿੰਘ ਪਾਲਾ, ਅਜੀਤ ਸਿੰਘ, ਦਰਸ਼ਨ ਸਿੰਘ, ਕੈਪਟਨ ਸੁਰਿੰਦਰ ਸਿੰਘ, ਮਨਜੀਤ ਸਿੰਘ, ਕਨੇਡੀਪਾਲ ਸਿੰਘ, ਦਿਲਰਾਜ ਸਿੰਘ, ਮਨਜੋਤ ਸਿੰਘ, ਗੇਲਵੀਨ ਸਿੰਘ, ਗੁਰਮੇਲ ਸਿੰਘ, ਬੀਬੀ ਗੁਰਵਿੰਦਰ ਕੌਰ, ਹਰਜਿੰਦਰ ਕੌਰ, ਜਸਵੀਰ ਕੌਰ, ਮਨਜੀਤ ਕੌਰ, ਸਤਵੰਤ ਕੌਰ, ਸੀਮਾ, ਸਨਤੋਖ ਕੌਰ ਆਦਿ ਹਾਜ਼ਰ ਸਨ।

## ਆਦਰਸ਼ ਸੀ. ਸੈ. ਸਕੂਲ ਚਾਉਕੇ ਬਠਿੰਡਾ ਦੇ ਸਟਾਫ਼ ਨਾਲ ਡੀ ਜੀ ਐੱਸ ਈ ਪੰਜਾਬ ਵੱਲੋਂ ਮੀਟਿੰਗ



**ਐੱਸ.ਏ.ਐੱਸ. ਨਗਰ (ਗੁਰਜੀਤ ਬਿੱਲਾ)**- ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਨਾਲ ਧੱਕੇਸ਼ਾਹੀ ਅਤੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਵਿੱਚ ਘਿਰੀ ਆਦਰਸ਼ ਸਕੂਲ ਚਾਉਕੇ (ਜ਼ਿਲ੍ਹਾ ਬਠਿੰਡਾ) ਦੀ ਮੈਨੇਜਮੈਂਟ ਖਿਲਾਫ਼ ਭਰਾਤਰੀ ਜਥੇਬੰਦੀਆਂ ਦੀ ਹਮਾਇਤ ਨਾਲ ਮਿਸਾਲੀ ਸੰਘਰਸ਼ ਕਰ ਰਹੇ ਸਕੂਲ ਸਟਾਫ਼ ਵੱਲੋਂ ਪ੍ਰਸ਼ਾਸਨ ਵੱਲੋਂ ਦਿੱਤੇ ਸੱਦੇ ਤਹਿਤ ਸਮੁੱਚੇ ਮਸਲੇ 'ਤੇ ਡੀ.ਜੀ.ਐੱਸ.ਈ. ਵਿਨੈ ਬੁਬਲਾਨੀ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਸਟਾਫ਼ ਦੁਆਰਾ ਮੁੱਖ ਮੁੱਦੇ ਡੀ ਜੀ ਐਸ ਈ ਪੰਜਾਬ ਦੇ ਧਿਆਨ ਵਿੱਚ ਲਿਆਂਦੇ ਗਏ ਅਤੇ ਮੰਗ ਕੀਤੀ ਕਿ ਭ੍ਰਿਸ਼ਟਾਚਾਰੀ ਅਤੇ ਤਾਨਾਸ਼ਾਹੀ ਪ੍ਰਾਈਵੇਟ ਮੈਨੇਜਮੈਂਟ ਸ੍ਰੀ ਰਾਧਾ ਕ੍ਰਿਸ਼ਨਾ ਸੇਵਾ ਸੰਮਤੀ ਨੂੰ ਸਕੂਲ ਤੋਂ ਤੁਰੰਤ ਹਟਾ ਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈ. ਸਿ. ਬਠਿੰਡਾ ਨੂੰ ਪ੍ਰਬੰਧਕ ਲਗਾਇਆ ਜਾਵੇ ਅਤੇ ਮੈਨੇਜਮੈਂਟ ਤੇ ਡਿਪਟੀ ਕਮਿਸ਼ਨਰ ਬਠਿੰਡਾ ਦੁਆਰਾ ਕੀਤੀ ਜਾਂਚ ਰਿਪੋਰਟ ਦੇ ਅਧਾਰ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਜ਼ਬਰਦਸਤੀ ਨੌਕਰੀ ਤੋਂ ਸਿੱਧੇ ਬਰਖ਼ਾਸਤ ਕੀਤੇ ਅਧਿਆਪਕਾਂ ਅਤੇ ਨਾਨ ਟੀਚਿੰਗ ਸਟਾਫ਼ ਦੀ ਨੌਕਰੀ ਤੁਰੰਤ ਬਹਾਲ ਕਰਦੇ ਹੋਏ ਭਵਿੱਖ ਪੂਰਨ ਸੁਰੱਖਿਅਤ ਕੀਤਾ ਜਾਵੇ । ਇਸ ਦੇ ਨਾਲ ਹੀ 31-03-2024 ਤੋਂ ਬਾਅਦ ਗਲਤ ਢੰਗ ਨਾਲ ਭਰਤੀ ਕੀਤੇ ਅਯੋਗ ਪ੍ਰਿੰਸੀਪਲ, ਸਟਾਫ਼ ਦੀ ਜਾਂਚ ਪੜਤਾਲ ਕਰਵਾ ਕੇ ਬਣਦੀ ਕਾਰਵਾਈ ਕੀਤੀ ਜਾਵੇ ਅਤੇ 31-03-2024 ਤੋਂ ਪਹਿਲਾਂ ਦੇ ਭਰਤੀ ਸਟਾਫ਼ ਦੇ ਮੈਨੇਜਮੈਂਟ ਵਲੋਂ ਜਬਰੀ ਵਾਰ-ਵਾਰ ਬਦਲੇ ਅਹੁਦੇ ਉਨ੍ਹਾਂ ਦੀ ਵਿੱਦਿਅਕ ਯੋਗਤਾ ਅਨੁਸਾਰ ਸਹੀ ਕਰਵਾਏ ਜਾਣ। ਸਟਾਫ ਵੱਲੋਂ ਠੋਸ ਤਰਕ ਪੇਸ਼ ਕਰਦਿਆਂ ਮੰਗ ਕੀਤੀ ਕਿ ਪਿਛਲੇ ਤਿੰਨ ਸਾਲਾਂ ਤੋਂ ਬੱਚਿਆਂ ਦੀਆਂ ਵਰਦੀਆਂ, ਕਿਤਾਬਾਂ ਦੀ ਬਣਦੀ ਪੈਂਡਿੰਗ ਰਾਸ਼ੀ ਮੈਨੇਜਮੈਂਟ ਤੋਂ ਬੱਚਿਆਂ ਦੇ ਖਾਤਿਆਂ ਵਿੱਚ ਵਾਪਸ ਕਰਵਾਈ ਜਾਵੇ, ਮੈਨੇਜਮੈਂਟ ਦੁਆਰਾ ਸਕੂਲ ਸਟਾਫ਼ ਤੋਂ ਅਨੇਕ ਗਲਤ ਤਰੀਕਿਆਂ ਨਾਲ ਕਰਵਾਏ ਕੈਸ਼ਬੈਕ ਦੀ ਰਕਮ ਅਧਿਆਪਕਾਂ ਦੇ ਖਾਤਿਆਂ ਵਿੱਚ ਵਾਪਸ ਕਰਵਾਉਣ ਲਈ ਮੈਨੇਜਮੈਂਟ ਦੇ ਖਾਤਿਆਂ ਅਤੇ ਆਮਦਨ ਤੋਂ ਵੱਧ ਸੰਪਤੀ ਦੀ ਜਾਂਚ ਕਰਵਾਈ ਜਾਵੇ, ਮੈਨੇਜਮੈਂਟ 'ਤੇ ਸਖ਼ਤ ਨੋਟਿਸ ਲੈਂਦੇ ਹੋਏ ਸਕੂਲ ਸਟਾਫ਼ ਦੀ ਅਕਤੂਬਰ 2024 ਤੋਂ ਕੱਟੀ ਤਨਖਾਹ ਵਾਪਸ ਸਟਾਫ਼ ਦੇ ਖਾਤਿਆਂ ਵਿੱਚ ਜਾਰੀ ਕਰਵਾਈ ਜਾਵੇ, ਮੈਨੇਜਮੈਂਟ ਦੁਆਰਾ ਐਜੂਕੇਸ਼ਨਲ ਟ੍ਰਿਬਿਊਨਲ ਕੋਰਟ ਦੁਆਰਾ ਸਟੇਅ ਪ੍ਰਾਪਤ ਅਧਿਆਪਕਾਂ ਦੀਆਂ ਸੇਵਾਵਾਂ ਬਹਾਲ ਨਾ ਕਰਕੇ ਨਵੀਂ ਭਰਤੀ ਰੱਦ ਕਰਨ ਤੋਂ ਬਾਅਦ ਵੀ ਗੈਰਕਾਨੂੰਨੀ ਢੰਗ ਨਾਲ ਜਾਰੀ ਰੱਖਣ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਨਵੀਂ ਭਰਤੀ 'ਤੇ ਰੋਕ ਲਗਵਾਈ ਜਾਵੇ। ਮੈਨੇਜਮੈਂਟ ਦੀ ਸ਼ਹਿ 'ਤੇ 26 ਮਾਰਚ 2025 ਨੂੰ ਸ਼ਾਂਤਮਈ ਬੈਠੇ ਮਹਿਲਾ ਕਰਮਚਾਰੀਆਂ ਸਮੇਤ ਸਕੂਲ ਸਟਾਫ਼ ਦੇ ਹੱਥਾਂ 'ਤੇ ਕਟਰ ਚਲਾਉਣ ਅਤੇ ਕੁੱਟਮਾਰ ਕਰਨ ਵਾਲੇ ਪ੍ਰਾਈਵੇਟ ਬੰਦਿਆਂ ਤੇ ਬਠਿੰਡਾ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਬਣਦੀ ਕਾਨੂੰਨੀ ਕਾਰਵਾਈ ਕਰਵਾਈ ਜਾਵੇ ਅਤੇ ਝੂਠੇ ਪਰਚੇ ਪਾ ਕੇ 5 ਅਪ੍ਰੈਲ 2025 ਤੋਂ ਜੇਲ੍ਹ ਭੇਜੇ ਸਾਰੇ ਅਧਿਆਪਕਾਂ, ਮਾਪਿਆਂ, ਕਿਸਾਨਾਂ, ਮਜ਼ਦੂਰਾਂ, ਮੌਜੂਦਾ ਪੰਚਾਇਤ ਮੈਂਬਰ ਆਦਿ ਨੂੰ ਬਿਨਾਂ ਸ਼ਰਤ ਛੱਡਿਆ ਜਾਵੇ। ਇਸ ਤੋਂ ਇਲਾਵਾ ਭਵਿੱਖ ਵਿੱਚ ਆਦਰਸ਼ ਸਕੂਲ ਚਾਉਕੇ ਦੇ ਸਟਾਫ਼ ਅਤੇ ਬੱਚਿਆਂ ਦੇ ਹੱਕਾਂ ਦੀ ਰਾਖੀ ਕਰਨ ਲਈ ਪ੍ਰਾਈਵੇਟ ਮੈਨੇਜਮੈਂਟਾਂ ਦੀ ਭਾਈਵਾਲੀ ਖ਼ਤਮ ਕਰਕੇ 100% ਹਿੱਸਾ ਪੰਜਾਬ ਸਿੱਖਿਆ ਵਿਕਾਸ ਬੋਰਡ (ਪੀ ਈ ਡੀ ਬੀ ) ਅਧੀਨ ਹੀ ਰੱਖਦੇ ਹੋਏ ਪੰਜਾਬ ਸਰਕਾਰ ਦੁਆਰਾ ਬਹਾਲ ਕੀਤਾ ਜਾਵੇ। ਇਸ ਮੀਟਿੰਗ ਵਿੱਚ ਡੀ ਐਸ ਈ ਸੈਕੰਡਰੀ ਪੰਜਾਬ ਸੰਜੀਵ ਸ਼ਰਮਾ, ਲੀਗਲ ਅਮਲਾ ਇੰਟੈਲੀਜੈਂਸੀ ਦੀ ਮੌਜੂਦਗੀ ਵਿੱਚ ਡੀ ਜੀ ਐਸ ਈ ਪੰਜਾਬ ਨੇ ਡੀ ਸੀ ਬਠਿੰਡਾ ਦੀ ਜਾਂਚ ਵਿੱਚ ਦੋਸ਼ੀ ਪਾਈ ਗਈ ਪ੍ਰਾਈਵੇਟ ਮੈਨੇਜਮੈਂਟ 'ਤੇ ਕਾਰਵਾਈ ਕਰਦੇ ਹੋਏ ਸਕੂਲ ਦਾ ਪ੍ਰਬੰਧ ਜ਼ਿਲ੍ਹਾ ਸਿੱਖਿਆ ਅਫ਼ਸਰ ਬਠਿੰਡਾ ਨੂੰ ਦੇਣ ਦਾ ਭਰੋਸਾ ਦਿੱਤਾ ਅਤੇ ਪ੍ਰਭਾਵਿਤ ਸਟਾਫ਼ ਨੂੰ ਸੋਮਵਾਰ ਤੱਕ ਲਿਖਤੀ ਤੌਰ 'ਤੇ ਮੰਗਾਂ ਭੇਜਣ ਦਾ ਸਮਾਂ ਦਿੱਤਾ। ਮੀਟਿੰਗ ਵਿੱਚ ਮੌਜੂਦ ਅਧਿਆਪਕਾਂ ਪਵਨਦੀਪ ਕੌਰ ਵਾਈਸ ਪ੍ਰਿੰਸੀਪਲ, ਮਨਦੀਪ ਕੌਰ ਟੀਜੀਟੀ, ਬਲਵਿੰਦਰ ਸਿੰਘ ਕਲਰਕ, ਕੁਲਵਿੰਦਰ ਕੌਰ ਦਰਜਾਚਾਰ ਆਦਿ ਵਲੋਂ ਸਾਰੀਆਂ ਮੰਗਾਂ ਤੱਥਾਂ ਦੇ ਅਧਾਰ ਤੇ ਰੱਖੀਆਂ ਗਈਆਂ। ਇਸ ਮੀਟਿੰਗ ਵਿੱਚ ਭਰਾਤਰੀ ਜੱਥੇਬੰਦੀਆਂ ਵਲੋਂ ਸਾਂਝੇ ਤੌਰ ਤੇ ਡੀ.ਟੀ.ਐਫ. ਪੰਜਾਬ ਦੀ ਟੀਮ ਵਿਕਰਮ ਦੇਵ ਸਿੰਘ (ਸੂਬਾ ਪ੍ਰਧਾਨ), ਮੇਘ ਰਾਜ (ਸੂਬਾ ਕਮੇਟੀ ਮੈਂਬਰ) ਅਤੇ ਅੰਮ੍ਰਿਤਪਾਲ ਮਾਨ (ਜ਼ਿਲ੍ਹਾ ਆਗੂ ਬਠਿੰਡਾ) ਦੀ ਅਗਵਾਈ ਵਿੱਚ ਹਾਜ਼ਰ ਰਹੀ।

## ਐੱਸ ਡੀ ਕਾਲਜ 'ਚ ਡਾ. ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ



**ਸੁਲਤਾਨਪੁਰ ਲੋਧੀ (ਹਨੀ)** ਸਥਾਨਕ ਐੱਸ ਡੀ ਕਾਲਜ ਫਾਰ ਵੂਮੈਨ ਦੇ ਐੱਨ ਐੱਸ ਐੱਸ ਵਿਭਾਗ, ਏਕ ਭਾਰਤ ਸ੍ਰੇਸ਼ਠ ਭਾਰਤ ਕਲੱਬ ਅਤੇ ਈਕੋ ਕਲੱਬ ਵੱਲੋਂ ਪ੍ਰਿੰਸੀਪਲ ਡਾ.ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਡਾ. ਬੀ. ਆਰ. ਅੰਬੇਡਕਰ ਦਾ ਜਨਮ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਗਿਆ।ਇਸ ਦੌਰਾਨ ਪਾਲੀਟੀਕਲ ਸਾਇੰਸ ਵਿਭਾਗ ਦੇ ਮੈਡਮ ਸੁਨੀਤਾ ਕਲੇਰ ਨੇ ਡਾ. ਅੰਬੇਡਕਰ ਦੀ ਜ਼ਿੰਦਗੀ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਉਨਾਂ ਦੱਸਿਆ ਕਿ ਡਾ. ਸਾਹਿਬ ਨੇ ਦੱਬੇ ਕੁੱਚਲੇ ਲੋਕਾਂ ਦੇ ਹਿੱਤਾਂ ਦੀ ਰਾਖੀ ਲਈ ਇਕ ਲੰਬੀ ਲੜਾਈ ਲੜੀ। ਉਹ ਸੰਵਿਧਾਨ ਦੀ 'ਡਰਾਫਟਿੰਗ ਕਮੇਟੀ' ਦੇ ਚੇਅਰਮੈਨ ਸਨ। ਉਹ ਆਪ ਨੀਂਵੀ ਜਾਤ ਵਿੱਚ ਪੈਦਾ ਹੋਣ ਕਰਕੇ ਉਸ ਸਮੇ ਲੋਕਾਂ ਦੇ ਨਾਲ ਹੋਣ ਵਾਲੇ ਭੇਦ ਭਾਵ ਨੂੰ ਬਖੂਬੀ ਜਾਣਦੇ ਸਨ ਤੇ ਉਨ੍ਹਾਂ ਇਹ ਸਭ ਕੁਝ ਆਪ ਹੰਢਾਇਆ ਵੀ ਸੀ। ਮੈਡਮ ਸੁਨੀਤਾ ਕਲੇਰ ਨੇ ਡਾ. ਸਾਹਿਬ ਦੇ ਜੀਵਨ ਸੰਘਰਸ਼ ਦਾ ਬਿਰਤਾਂਤ ਪੇਸ਼ ਕਰਕੇ ਵਿਦਿਆਰਥੀਆਂ ਅੰਦਰ ਕੁੱਝ ਵਖਰਾ ਕਰਨ ਦਾ ਨਵਾਂ ਜਜ਼ਬਾ ਭਰਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਅਤੇ ਸਟਾਫ਼ ਮੈਂਬਰ ਹਾਜ਼ਰ ਸਨ।

## ਲੋੜਵੰਦ ਤੇ ਹੁਸ਼ਿਆਰ ਵਿਦਿਆਰਥੀਆਂ ਨੂੰ ਵਜ਼ੀਫਾ ਰਾਸ਼ੀ ਵੰਡੀ



**ਬੰਗਾ (ਅਵਤਾਰ ਕਲੇਰ)** ਪਿਛਲੇ ਦਿਨੀਂ ਸ਼੍ਰੀ ਗੁਰੂ ਰਵਿਦਾਸ ਹਸਪਤਾਲ ਥਾਂਦੀਆਂ (ਬੰਗਾ) ਵਿਖੇ, ਇੰਡੀਅਨ ਸ਼ਡਿਊਲਡ ਕਾਸਟ ਵੈਲਫੇਅਰ ਸੋਸਾਇਟੀ ਇੰਗਲੈਂਡ ਦੇ ਸ਼ਹਿਰ ਡਰਬੀ ਵੱਲੋਂ ਲੋੜਵੰਦ ਤੇ ਹੁਸ਼ਿਆਰ ਵਿਦਿਆਰਥੀਆਂ ਨੂੰ 102340 ਰੁਪਏ ਵੰਡੇ ਗਏ। ਇੰਗਲੈਂਡ ਤੋਂ ਆਏ ਨਿਰੰਜਨ ਕੌਰ ਤੇ ਹਸਪਤਾਲ ਦੇ ਡਾਕਟਰਾਂ ਤੇ ਸੰਸਥਾ ਦੇ ਚੇਅਰਮੈਨ ਪਰਮਜੀਤ ਸਿੰਘ ਸਾਬਕਾ ਸਰਪੰਚ ਗੁਣਾਚੌਰ ਤੇ ਰਿਟਾਇਰ ਕਮਾਂਡੈਂਟ ਗਿਆਨ ਸਿੰਘ ਨੇ 21 ਬੱਚਿਆਂ ਨੂੰ ਰਾਸ਼ੀ ਵੰਡੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਿੱਖਿਆ ਦਿੱਤੀ ਕਿ ਬਾਬਾ ਸਾਹਿਬ ਡਾ. ਅੰਬੇਡਕਰ ਜੀ ਨੇ ਆਪਣੀ ਜ਼ਿੰਦਗੀ ਵਿੱਚ ਸਭ ਤੋਂ ਵੱਧ ਪੜ੍ਹਾਈ ਕੀਤੀ। ਹੁਣ ਤੁਹਾਨੂੰ ਚਾਹੀਦਾ ਹੈ ਕਿ ਤੁਸੀਂ ਪੜ੍ਹਾਈ ਵਿੱਚੋਂ ਫਸਟ ਜਾਂ ਮੈਰਿਟ ਵਾਲੇ ਨੰਬਰ ਪ੍ਰਾਪਤ ਕਰੋ। ਪੈਸੇ ਦੀ ਚਿੰਤਾ ਤੁਸੀਂ ਸਾਡੇ ਉੱਤੇ ਛੱਡ ਦਿਓ ਤੁਸੀਂ ਬਸ ਇੱਕ ਕੰਮ ਕਰਨਾ ਹੈ ਉਹ ਹੈ ਪੜ੍ਹਾਈ ਕਰਨੀ। ਕਿਉਂਕਿ ਬਾਬਾ ਸਾਹਿਬ ਜੀ ਨੇ ਕਿਹਾ ਹੈਂ ਕਿ ਸਿੱਖਿਆ ਇੱਕ ਸ਼ੇਰਨੀ ਦਾ ਦੁੱਧ ਹੈ ਜਿਹੜਾ ਇਸ ਨੂੰ ਪੀਵੇਗਾ ਉਹ ਦਹਾੜੇਗਾ ਜ਼ਰੂਰ ।ਡਾ. ਸਗਰੀਨਾ ਤੇ ਡਾ. ਵਿਸ਼ਾਲ ਪ੍ਰੀਤ ਸਿੰਘ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਕਿਹਾ ਕਿ ਮਿਹਨਤ ਕਰਕੇ ਚੰਗੇ ਅੰਕ ਪ੍ਰਾਪਤ ਕਰੋ। ਇਸ ਸਮਾਗਮ ਵਿੱਚ ਪਰਮਜੀਤ ਸਿੰਘ ਚੇਅਰਮੈਨ, ਗਿਆਨ ਸਿੰਘ ਸਾਬਕਾ ਕਰਨਲ,ਡਾ. ਬਲਵੀਰ ਸਿੰਘ ਬੱਲ ,ਡਾ. ਰਾਕੇਸ਼ ਕੁਮਾਰ,ਡਾ. ਹਰਜੋਤ ਰੰਧਾਵਾ,ਡਾ. ਨਾਮਦੇਵ ਬੰਗੜ,ਡਾ. ਜਸਲੀਨ ਕੌਰ, ਮੈਨੇਜਰ ਲੱਲਤ ਮਹਾਜਨ, ਅਮਰਜੀਤ ਜੱਸਲ, ਵਰਿੰਦਰ ਕੁਮਾਰ ਜੱਸਲ,ਕੁਲੱਵਤ ਸਿੰਘ, ਰਾਜਵਿੰਦਰ ਕੌਰ ਐਲ ਐਲ ਵੀ, ਸਿਮਰਨ ਕੌਰ ਬੀ ਐਸੀ ਨਰਗਿਸ, ਬਹਾਦਰ ਸਿੰਘ ਝਿੰਗੜਾਂ, ਸਿਮਰਨਜੀਤ ਐਮ ਐਸ਼ੀ, ਮੁਸਕਾਨ ਵੈਸਟ ਐਥਲੀਟ ਅਤੇ ਚਰਨਜੀਤ ਸੱਲ੍ਹਾ ਨੰਬਰਦਾਰ ਹਾਜ਼ਰ ਸਨ।

## ਜ਼ਿਲ੍ਹੇ 'ਚ 2100 ਮੀਟਰਿਕ ਟਨ ਕਣਕ ਦੀ ਖ਼ਰੀਦ, 100 ਫੀਸਦੀ ਕਿਸਾਨਾਂ ਨੂੰ ਅਦਾਇਗੀ : ਭਗਤ



**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਵਲੋਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨਾਲ ਜਲੰਧਰ ਦੀ ਨਵੀਂ ਅਨਾਜ ਮੰਡੀ ਵਿਖੇ ਕਣਕ ਦੀ ਢੇਰੀ ਪੁੱਜਣ 'ਤੇ ਰਸਮੀ ਤੌਰ 'ਤੇ ਕਣਕ ਦੀ ਖ਼ਰੀਦ ਪ੍ਰਕਿਰਿਆ ਦੀ ਸ਼ੁਰੂਆਤ ਕਰਵਾਈ ਗਈ।ਕੈਬਨਿਟ ਮੰਤਰੀ ਅਤੇ ਡਿਪਟੀ ਕਮਿਸ਼ਨਰ ਦੋਵਾਂ ਵਲੋਂ ਵੱਖ-ਵੱਖ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਉਹਨਾਂ ਨੂੰ ਸਮੁੱਚੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ, ਸਮੇਂ ਸਿਰ ਚੁਕਾਈ ਅਤੇ ਕਿਸਾਨਾਂ ਨੂੰ ਤੁਰੰਤ ਅਦਾਇਗੀ ਕਰਨ ਦੀਆਂ ਹਦਾਇਤਾਂ ਕੀਤੀਆਂ ਗਈਆਂ।ਇਸ ਮੌਕੇ ਵਧੇਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਅਤੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਣਕ ਦੇ ਇਸ ਸੀਜ਼ਨ ਦੌਰਾਨ ਜ਼ਿਲ੍ਹੇ ਦੀਆ 79 ਮੰਡੀਆਂ ਵਿੱਚ 5.25 ਲੱਖ ਮੀਟਰਿਕ ਟਨ ਕਣਕ ਪਹੁੰਚਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ 2101 ਮੀਟਰਿਕ ਟਨ ਕਣਕ ਦੀ ਮੰਡੀਆਂ ਵਿੱਚ ਆਮਦ ਹੋਈ ਹੈ, ਜਿਸ ਦੀ ਖ਼ਰੀਦ ਕਰਕੇ 100 ਫੀਸਦੀ ਕਿਸਾਨਾਂ ਨੂੰ ਅਦਾਇਗੀ ਕੀਤੀ ਜਾ ਚੁੱਕੀ ਹੈ।ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਗੁਰਪਾਲ ਸਿੰਘ ਅਤੇ ਜ਼ਿਲ੍ਹਾ ਮੰਡੀ ਅਫ਼ਸਰ ਅਰਵਿੰਦਰ ਸਿੰਘ ਵੀ ਮੌਜੂਦ ਸਨ।ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਸੂਬਾ ਸਰਕਾਰ ਵਲੋਂ ਕਣਕ ਦੀ ਖਰੀਦ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਦੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਕਣਕ ਦਾ ਇਕ ਇਕ ਦਾਣਾ ਖਰੀਦਿਆ ਜਾਵੇਗਾ। ਉਨ੍ਹਾਂ ਕਿਹਾ ਕਿ ਫ਼ਸਲ ਦੀ ਬੰਪਰ ਪੈਦਾਵਾਰ ਨੂੰ ਦੇਖਦਿਆਂ ਜ਼ਿਲ੍ਹੇ ਵਿੱਚ ਕਣਕ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ 29 ਆਰਜ਼ੀ ਮੰਡੀਆਂ ਦਾ ਪ੍ਰਬੰਧ ਵੀ ਕੀਤਾ ਗਿਆ ਹੈ।ਕੈਬਨਿਟ ਮੰਤਰੀ ਅਤੇ ਡਿਪਟੀ ਕਮਿਸ਼ਨਰ ਵਲੋਂ ਮੰਡੀਆਂ ਵਿੱਚ ਕੀਤੇ ਜਾਣ ਵਾਲੇ ਸਾਰੇ ਲੋੜੀਂਦੇ ਪ੍ਰਬੰਧਾਂ ਜਿਵੇਂ ਕਿ ਪੀਣ ਯੋਗ ਪਾਣੀ, ਸੈਨੀਟੇਸ਼ਨ, ਛਾਂ, ਤਰਪਾਲਾਂ, ਲੋੜੀਂਦੀ ਮਾਤਰਾ ਵਿੱਚ ਬਾਰਦਾਨੇ ਦੀ ਉਪਲਬੱਧਤਾ ਆਦਿ ਦਾ ਵੀ ਜਾਇਜ਼ਾ ਲਿਆ ਗਿਆ। ਉਨ੍ਹਾਂ ਭਰੋਸਾ ਦੁਆਇਆ ਕਿ ਮੰਡੀਆਂ ਵਿੱਚ ਬਾਰਦਾਨੇ ਦੀ ਕੋਈ ਕਮੀ ਨਹੀਂ ਹੈ । ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਣਕ ਦੀ ਸਮੁੱਚੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਇਸ ਮੌਕੇ ਗਾਖਲ ਪਿੰਡ ਤੋਂ ਕਿਸਾਨ ਸੰਤੋਖ ਸਿੰਘ ਜੋ ਕਿ ਨਵੀਂ ਅਨਾਜ ਮੰਡੀ, ਜਲੰਧਰ ਵਿਖੇ ਪਹਿਲੀ ਕਣਕ ਦੀ ਢੇਰੀ ਲੈ ਕੇ ਆਏ ਸਨ, ਵਲੋਂ ਕਣਕ ਦੀ ਸੁਚੱਜੀ ਖ਼ਰੀਦ ਪ੍ਰਕਿਰਿਆ ਲਈ ਕੀਤੇ ਗਏ ਪ੍ਰਬੰਧਾਂ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ।

## ਗ੍ਰੰਥੀ ਸਿੰਘ ਨਾਲ ਕੁੱਟਮਾਰ ਦੇ ਮਾਮਲੇ 'ਚ ਜਥੇਦਾਰ ਗੜਗੱਜ ਨੇ ਪੀੜਤ ਪਰਵਾਰ ਨਾਲ ਕੀਤੀ ਮੁਲਾਕਾਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ )**- ਬੀਤੇ ਦਿਨੀਂ ਸੁਲਤਾਨਪੁਰ ਲੋਧੀ ਨੇੜੇ ਸੇਚਾਂ ਪਿੰਡ ਵਿਖੇ ਗ੍ਰੰਥੀ ਸਿੰਘ ਜੀਤ ਸਿੰਘ ਤੇ ਉਨ੍ਹਾਂ ਦੀ ਬਜ਼ੁਰਗ ਮਾਤਾ ਨੂੰ ਕੁਝ ਵਿਅਕਤੀਆਂ ਨੇ ਗੰਭੀਰ ਸੱਟਾਂ ਮਾਰੀਆਂ ਸਨ। ਇਸ ਘਟਨਾ ਦਾ ਤੁਰੰਤ ਨੋਟਿਸ ਲੈਂਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸੁਲਤਾਨਪੁਰ ਲੋਧੀ ਜ਼ਿਲ੍ਹਾ ਸਿਵਲ ਹਸਪਤਾਲ ਵਿਖੇ ਉਨ੍ਹਾਂ ਨੂੰ ਮਿਲਣ ਪਹੁੰਚੇ ਅਤੇ ਸਿਹਤ ਦਾ ਹਾਲ ਜਾਨਿਆ।ਪੀੜਤ ਪਰਵਾਰ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਜਾਣਕਾਰੀ ਦਿੱਤੀ ਕਿ ਸੇਚਾਂ ਪਿੰਡ ਵਿੱਚ ਵੱਡੇ ਪੱਧਰ ਉੱਤੇ ਨਸ਼ੇ ਦਾ ਵਪਾਰ ਹੁੰਦਾ ਹੈ ਅਤੇ ਗ੍ਰੰਥੀ ਸਿੰਘ ਨੇ ਦੋਸ਼ੀ ਵਿਅਕਤੀਆਂ ਨੂੰ, ਜੋ ਕਿ ਕਥਿਤ ਤੌਰ ਉੱਤੇ ਨਸ਼ੇ ਦਾ ਕੰਮ ਕਰਦੇ ਹਨ ਗੁਰੂ ਘਰ ਦੀ ਹਦੂਦ ਅੰਦਰ ਗੱਡੀ ਖੜ੍ਹਾਉਣ ਤੋਂ ਰੋਕਿਆ ਸੀ, ਜਿਸ ਕਰਕੇ ਗ੍ਰੰਥੀ ਸਿੰਘ ਤੇ ਉਸਦੀ ਮਾਤਾ ਨਾਲ ਕੁੱਟਮਾਰ ਕੀਤੀ ਗਈ।ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਇਸ ਮਾਮਲੇ ਵਿੱਚ ਦੋਸ਼ੀ ਵਿਅਕਤੀਆਂ ਦੇ ਖ਼ਿਲਾਫ਼ ਪੁਲਸ ਪ੍ਰਸ਼ਾਸਨ ਵੱਲੋਂ ਸਖ਼ਤ ਕਾਰਵਾਈ ਕਰਨ ਲਈ ਆਖਿਆ ਹੈ। ਉਨ੍ਹਾਂ ਕਿਹਾ ਗ੍ਰੰਥੀ ਸਿੰਘ ਦੇ ਕੇਸਾਂ ਤੇ ਦਸਤਾਰ ਦੀ ਬੇਅਦਬੀ ਕੀਤੀ ਗਈ ਹੈ, ਇਸ ਲਈ ਦੋਸ਼ੀਆਂ ਖ਼ਿਲਾਫ਼ ਧਾਰਮਿਕ ਭਾਵਨਾਵਾਂ ਭੜਕਾਉਣ ਦੀ ਧਾਰਾਵਾਂ ਤਹਿਤ ਵੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਉਨ੍ਹਾਂ ਪੀੜਤ ਪਰਵਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰਫੋਂ ਹਰ ਪੱਧਰ ਉੱਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਇਹ ਪੰਜਾਬ ਦੇ ਸੁਭਾਅ ਵਿੱਚ ਨਹੀਂ ਹੈ ਕਿ ਗੁਰੂ ਘਰਾਂ ਦੇ ਗ੍ਰੰਥੀ ਸਿੰਘਾਂ ਨਾਲ ਇਸ ਤਰ੍ਹਾਂ ਕੁੱਟਮਾਰ ਕੀਤੀ ਜਾਵੇ, ਇਸ ਲਈ ਸਾਨੂੰ ਗ੍ਰੰਥੀ ਸਿੰਘਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਅਜਿਹੀਆਂ ਘਟਨਾਵਾਂ ਦੁਬਾਰਾ ਨਾ ਵਾਪਰਨ। ਜਥੇਦਾਰ ਗੜਗੱਜ ਨੇ ਕਪੂਰਥਲਾ ਦੇ ਪੁਲਸ ਕਪਤਾਨ ਗੌਰਵ ਤੂਰਾ ਨਾਲ ਗੱਲ ਕਰਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਹਸਪਤਾਲ ਵਿਖੇ ਮੌਜੂਦ ਡਾਕਟਰ ਅਮਿਤ ਕੁਮਾਰ ਨਾਲ ਵੀ ਗੱਲਬਾਤ ਕਰਕੇ ਬਿਹਤਰ ਇਲਾਜ ਮੁਹੱਈਆ ਕਰਵਾਉਣ ਲਈ ਕਿਹਾ। ਇਸ ਮੌਕੇ ਮੈਨੇਜਰ ਗੁਰਦੁਆਰਾ ਸ਼੍ਰੀ ਬੇਰ ਸਾਹਿਬ ਅਵਤਾਰ ਸਿੰਘ, ਸੁਖਜਿੰਦਰ ਸਿੰਘ ਭਗਤਪੁਰ ਮੀਡੀਆ ਇੰਚਾਰਜ, ਡੀ ਐਸ ਪੀ ਗੁਰਮੀਤ ਸਿੰਘ, ਐਸ ਐਚ ਓ ਹਰਗੁਰਦੇਵ ਸਿੰਘ ਆਦਿ ਵੀ ਹਾਜ਼ਰ ਸਨ।



# ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਨੇ 155 ਕਰੋੜ ਰੁਪਏ ਖਰਚ ਕੀਤੇ : ਕਟਾਰੂ ਚੱਕ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਜੰਗਲਾਤ ਅਧੀਨ ਰਕਬੇ ਨੂੰ ਵਧਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਅਤੇ ਹਰਿਆ ਭਰਿਆ ਵਾਤਾਵਰਣ ਯਕੀਨੀ ਬਣਾਇਆ ਜਾ ਸਕੇ। ਇਸ ਉਦੇਸ਼ ਦੀ ਪ੍ਰਾਪਤੀ ਲਈ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਵੱਖ-ਵੱਖ ਪ੍ਰਾਜੈਕਟ ਚਲਾਏ ਜਾ ਰਹੇ ਹਨ।ਇਹ ਵਿਚਾਰ ਅੱਜ ਇੱਥੇ ਸੈਕਟਰ-68 ਦੇ ਜੰਗਲਾਤ ਕੰਪਲੈਕਸ ਵਿਖੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ 2024-25 ਵਿੱਚ ਵਿਭਾਗ ਵੱਲੋਂ ਕੀਤੇ ਗਏ ਪ੍ਰਾਜੈਕਟਾਂ ਅਤੇ 2025-26 ਵਿੱਚ ਸ਼ੁਰੂ ਕੀਤੇ ਜਾਣ ਵਾਲੇ ਭਵਿੱਖਮੁਖੀ ਕਾਰਜਾਂ ਦੀ ਸਮੀਖਿਆ ਲਈ ਕਰਵਾਈ ਮੀਟਿੰਗ ਦੌਰਾਨ ਪ੍ਰਗਟ ਕੀਤੇ।ਮੰਤਰੀ ਨੂੰ ਦੱਸਿਆ ਗਿਆ ਕਿ 2024-25 ਦੌਰਾਨ ਵੱਖ-ਵੱਖ ਕੰਮਾਂ 'ਤੇ ਲਗਭਗ 155 ਕਰੋੜ ਰੁਪਏ ਖਰਚ ਕੀਤੇ ਗਏ ਹਨ। ਪੌਦੇ ਲਗਾਉਣ ਦੇ ਕੰਮਾਂ ਦੇ ਨਾਲ-ਨਾਲ ਮਹਿਲਾ ਕਰਮਚਾਰੀਆਂ ਦੀ ਸਹੂਲਤ ਲਈ ਸੂਬੇ ਦੀਆਂ ਨਰਸਰੀਆਂ ਵਿੱਚ ਬਣਾਏ ਗਏ ਪਖਾਨਿਆਂ ਬਾਰੇ ਮੰਤਰੀ ਨੂੰ ਜਾਣੂੰ ਕਰਵਾਇਆ ਗਿਆ ਕਿ ਸਾਲ 2023-24 ਦੌਰਾਨ 100 ਨਰਸਰੀਆਂ ਵਿੱਚ, 2024-25 ਸੀਜ਼ਨ ਦੌਰਾਨ 78 ਨਰਸਰੀਆਂ ਵਿੱਚ ਪਖਾਨਿਆਂ ਦਾ ਨਿਰਮਾਣ ਕੀਤਾ ਗਿਆ ਹੈ ਜਦੋਂ ਕਿ 2025-26 ਸੀਜ਼ਨ ਦੌਰਾਨ ਬਾਕੀ ਰਹਿੰਦੀਆਂ ਨਰਸਰੀਆਂ ਵਿੱਚ ਵੀ ਪਖਾਨਿਆਂ ਦਾ ਨਿਰਮਾਣ ਪੂਰਾ ਕੀਤਾ ਜਾਵੇਗਾ। ਮੌਜੂਦਾ ਸੀਜ਼ਨ ਦੌਰਾਨ ਲਗਭਗ 1 ਕਰੋੜ ਪੌਦੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ ਜਿਸ ਸਬੰਧੀ ਮੰਤਰੀ ਵੱਲੋਂ ਅਧਿਕਾਰੀਆਂ ਨੂੰ ਇਹਨਾਂ ਪੌਦਿਆਂ ਦੀ ਸਹੀ ਦੇਖਭਾਲ ਅਤੇ ਰੱਖ-ਰਖਾਅ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ।ਮੰਤਰੀ ਨੇ 'ਨਾਨਕ ਬਗੀਚੀਆਂ' ਅਤੇ 'ਪਵਿਤਰ ਵਣਾਂ' ਵਿੱਚ ਜਾਮੁਨ, ਬੋਹੜ ਅਤੇ ਆਂਵਲਾ ਵਰਗੇ ਹੋਰ ਫਲਦਾਰ ਰੁੱਖ ਲਗਾਉਣ ਦੇ ਨਿਰਦੇਸ਼ ਦਿੱਤੇ ਅਤੇ ਵੀ.ਸੀ. ਦੌਰਾਨ ਮੌਜੂਦ ਡੀ.ਐਫ.ਓਜ਼ ਨੂੰ ਹਾਈਵੇਅ ਦੇ ਨਾਲ ਪੌਦੇ ਲਗਾਉਣ ਲਈ ਵੀ ਕਿਹਾ। ਉਨ੍ਹਾਂ ਇਹ ਵੀ ਕਿਹਾ ਕਿ ਵਾਤਾਵਰਣ ਪਾਰਕਾਂ ਨੂੰ ਵਿਕਸਿਤ ਕਰਨ ਅਤੇ ਜੰਗਲੀ ਜੀਵ ਰੱਖਾਂ ਜਿਵੇਂ ਕਥਲੌਰ ਜੰਗਲੀ ਜੀਵ ਰੱਖ, ਸੋਹੀਆਂ ਬੀੜ ਖੇਤਰ ਅਤੇ ਬਮਿਆਲ ਵਰਗੇ ਹੋਰ ਸੁੰਦਰ ਸਥਾਨਾਂ 'ਤੇ ਸਹੂਲਤਾਂ ਅਤੇ ਬੁਨਿਆਦੀ ਢਾਂਚੇ ਦਾ ਵਿਸਥਾਰ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਜਾਣਾ ਚਾਹੀਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਮੁੱਖ ਵਣਪਾਲ (ਫੌਰੈਸਟ ਫੋਰਸ ਦੇ ਮੁਖੀ) ਧਰਮਿੰਦਰ ਸ਼ਰਮਾ, ਏ.ਪੀ.ਸੀ.ਸੀ.ਐਫ.-ਕਮ-ਸੀ.ਈ.ਓ., ਪਨਕੈਂਪਾ ਸੌਰਵ ਗੁਪਤਾ ਅਤੇ ਏ.ਪੀ.ਸੀ.ਸੀ.ਐਫ. (ਪ੍ਰਸ਼ਾਸਨ) ਬਸੰਤ ਰਾਜ ਕੁਮਾਰ ਮੌਜੂਦ ਸਨ।

# ਖੇਤਰੀ ਟਰਾਂਸਪੋਰਟ ਅਫ਼ਸਰ ਵੱਲੋਂ ਬਾਹਰੀ ਲੋਕਾਂ ਦੇ ਦਾਖਲੇ 'ਤੇ ਪਾਬੰਦੀਆਂ ਤੇ ਸਟਾਫ ਲਈ ਸਖ਼ਤ ਹਦਾਇਤਾਂ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਟੇਟ ਟਰਾਂਸਪੋਰਟ ਕਮਿਸ਼ਨਰ ਪੰਜਾਬ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਖੇਤਰੀ ਟਰਾਂਸਪੋਰਟ ਅਫ਼ਸਰ ਰਵਿੰਦਰ ਸਿੰਘ ਗਿੱਲ ਨੇ ਅੱਜ ਟਾਂਡਾ ਰੋਡ ਹੁਸ਼ਿਆਰਪੁਰ ਵਿਖੇ ਸਥਿਤ ਆਟੋਮੇਟਿਡ ਡਰਾਈਵਿੰਗ ਟੈਸਟ ਟਰੈਕ ਦਾ ਅਚਨਚੇਤ ਨਿਰੀਖਣ ਕੀਤਾ। ਨਿਰੀਖਣ ਦੌਰਾਨ ਸੁਰੱਖਿਆ ਸਟਾਫ਼ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ ਕਿ ਸਿਰਫ਼ ਡਰਾਈਵਿੰਗ ਲਾਇਸੈਂਸ ਲਈ ਬਿਨੈਕਾਰਾਂ ਨੂੰ ਹੀ ਟਰੈਕ ਦੇ ਅੰਦਰ ਦਾਖਲ ਹੋਣ ਦਿੱਤਾ ਜਾਵੇ। ਕਿਸੇ ਵੀ ਬਾਹਰੀ ਵਿਅਕਤੀ ਦੇ ਟਰੈਕ ਵਿੱਚ ਦਾਖਲ ਹੋਣ ਦੀ ਮਨਾਹੀ ਹੋਵੇਗੀ। ਟਰੈਕ 'ਤੇ ਆਉਣ ਵਾਲੇ ਹਰੇਕ ਵਿਅਕਤੀ ਦੇ ਵੇਰਵੇ ਲਾਜ਼ਮੀ ਤੌਰ 'ਤੇ ਰਜਿਸਟਰ ਵਿੱਚ ਦਰਜ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਸਾਰੇ ਸਟਾਫ਼ ਮੈਂਬਰਾਂ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਆਪਣੇ ਮੋਬਾਈਲ ਫ਼ੋਨ ਬੰਦ ਰੱਖਣ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਕੰਮ ਵਿੱਚ ਕੋਈ ਰੁਕਾਵਟ ਨਾ ਆਵੇ। ਉਨ੍ਹਾਂ ਦੱਸਿਆ ਕਿ ਡਰਾਈਵਿੰਗ ਟੈਸਟ ਟਰੈਕ 'ਤੇ 8 ਆਈਪੀ-ਅਧਾਰਤ ਐਚ ਡੀ ਕੈਮਰੇ ਲਗਾਏ ਗਏ ਹਨ, ਜਿਨ੍ਹਾਂ ਦੀ ਸਿੱਧੀ ਪਹੁੰਚ ਮੁੱਖ ਦਫ਼ਤਰ ਤੱਕ ਵੀ ਪ੍ਰਦਾਨ ਕੀਤੀ ਗਈ ਹੈ।ਇਨ੍ਹਾਂ ਕੈਮਰਿਆਂ ਰਾਹੀਂ, ਸਟਾਫ਼ ਦੇ ਕੰਮਕਾਜ ਅਤੇ ਡਰਾਈਵਿੰਗ ਟੈਸਟਾਂ ਦੀ ਨਿਗਰਾਨੀ ਕੀਤੀ ਜਾਵੇਗੀ।ਖੇਤਰੀ ਟਰਾਂਸਪੋਰਟ ਅਫ਼ਸਰ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ 'ਸਾਰਥੀ' ਪੋਰਟਲ 'ਤੇ ਡਰਾਈਵਿੰਗ ਲਾਇਸੈਂਸ ਨਾਲ ਸਬੰਧਤ ਸੇਵਾਵਾਂ ਲਈ ਖੁਦ ਫੀਸ ਭਰ ਕੇ ਅਰਜ਼ੀ ਦੇਣ ਅਤੇ ਸਿੱਧੇ ਦਫ਼ਤਰ ਨਾਲ ਸੰਪਰਕ ਕਰਨ।ਕਿਸੇ ਵੀ ਏਜੰਟ ਜਾਂ ਬਾਹਰੀ ਵਿਅਕਤੀ ਰਾਹੀਂ ਅਰਜ਼ੀ ਨਾ ਦਿਓ ਅਤੇ ਜ਼ਿਆਦਾ ਰਕਮ ਦਾ ਭੁਗਤਾਨ ਨਾ ਕਰੋ। ਇਸ ਤੋਂ ਇਲਾਵਾ, ਮੋਟਰ ਵਹੀਕਲ ਇੰਸਪੈਕਟਰ ਵੱਲੋਂ ਸਕੂਲ ਬੱਸਾਂ ਦੀ ਫਿਟਨੈਸ ਦੀ ਜਾਂਚ ਕੀਤੀ ਗਈ। ਉਨ੍ਹਾਂ ਹਦਾਇਤ ਕੀਤੀ ਕਿ ਸਕੂਲ ਬੱਸਾਂ ਨੂੰ ਸੇਫ਼ ਸਕੂਲ ਵਾਹਨ ਯੋਜਨਾ ਅਨੁਸਾਰ ਫਿਟਨੈਸ ਸਰਟੀਫਿਕੇਟ ਜਾਰੀ ਕੀਤੇ ਜਾਣ।

# ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ



**ਆਦਮਪੁਰ (ਪਰਮਜੀਤ ਸਿੰਘ)**- ਸਵ. ਜੀਣ ਰਾਮ ਤੇ ਸਵ. ਸ੍ਰੀਮਤੀ ਜਵਾਲੀ ਦੇ ਪਰਿਵਾਰ ਵਲੋਂ ਇੰਜੀ: ਨਰਿੰਦਰ ਬੰਗਾ, ਦਵਿੰਦਰ ਬੰਗਾ, ਜਗਦੀਸ਼ ਬੰਗਾ ਵੱਲੋਂ ਆਪਣੇ ਸਵ.ਪਿਤਾ ਪ੍ਰਕਾਸ਼ ਚੰਦ ਬੰਗਾ ਦੀ ਨਿੱਘੀ ਯਾਦ ਵਿੱਚ ਪਹਿਲਾ ਅੱਖਾਂ ਦਾ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਬਤੌਰ ਮੁੱਖ ਮਹਿਮਾਨ ਵਜੋਂ ਲੋਕ ਗਾਇਕ ਬੂਟਾ ਮੁਹੰਮਦ ਪਹੁੰਚੇ ਅਤੇ ਕੈਂਪ ਦਾ ਉਦਘਾਟਨ ਕੀਤਾ। ਕੈਂਪ ਦੇ ਸ਼ੁਰੂਆਤ ਮੌਕੇ ਇੱਕ ਸੈਮੀਨਾਰ ਅੱਖਾਂ ਦੀ ਸਾਂਭ ਸੰਭਾਲ ਵਾਰੇ ਕਰਵਾਇਆ ਗਿਆ। ਸੈਮੀਨਾਰ ਨੂੰ ਬੂਟਾ ਮੁਹੰਮਦ, ਡਾ. ਚਰਨਜੀਤ ਸਿੰਘ, ਡਾ. ਲੂਸੀ ਬੰਗਾ, ਪ੍ਰਿੰਸੀ: ਏ.ਕੇ.ਰਤੂੜੀ, ਇੰਜੀ: ਨਰਿੰਦਰ ਬੰਗਾ, ਹੰਸ ਰਾਜ ਬੰਗਾ ਤੇ ਜਗਦੀਸ਼ ਬੰਗਾ ਵੱਲੋਂ ਸੰਬੋਧਨ ਕੀਤਾ ਗਿਆ। ਗਾਇਕ ਸਾਬਰੀ ਨੇ ਸਵ. ਪ੍ਰਕਾਸ਼ ਚੰਦ ਬੰਗਾ ਤੇ ਉਨ੍ਹਾ ਦੇ ਪਰਵਾਰ ਦੇ ਸਮਾਜ ਸੇਵੀ ਕੰਮਾਂ ਵਾਰੇ ਗੀਤ ਗਾ ਸੈਮੀਨਾਰ ਵਿੱਚ ਹਾਜ਼ਰ ਮਹਿਮਾਨਾਂ ਨੂੰ ਮੰਤਰ ਮੁਗਧ ਕੀਤਾ। ਮਰੀਜ਼ਾਂ ਦੀ ਅੱਖਾਂ ਦੀ ਜਾਂਚ ਡਾ. ਚਰਨਜੀਤ ਸਿੰਘ ਤੇ ਸਟਾਫ਼ ਨੇ ਕੀਤੀ। 200 ਦੇ ਕਰੀਬ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ ਦਿੱਤੀਆਂ ਗਈਆਂ। ਕੈਂਪ ਨੂੰ ਸਫ਼ਲ ਬਣਾਉਣ ਵਿਚ ਦਵਿੰਦਰ ਬੰਗਾ, ਸੁਰਜੀਤ ਰੱਤੂ, ਹੰਸ ਰਾਜ ਬੰਗਾ, ਹਰਨਾਮ ਦਾਸ ਬੰਗਾ, ਕਮਲਜੀਤ ਬੰਗਾ, ਦਿਵਿਆ ਬੰਗਾ, ਪ੍ਰਤਾਪ ਸਿੰਘ ਬੰਗਾ, ਭਾਈ ਰਜਿੰਦਰ ਸਿੰਘ, ਮਦਨ ਲਾਲ ਬੰਗਾ, ਸਰਪੰਚ ਅਵਤਾਰ ਕੌਰ, ਪ੍ਰਕਾਸ਼ ਕੌਰ, ਮੋਨਿਕਾ ਬੰਗਾ, ਰਾਜਾ ਸਾਬਰੀ, ਠਾਕੁਰ ਸੁਮਨ, ਕੁਲਦੀਪ ਸਿੰਘ ਠੇਕੇਦਾਰ, ਰੁਪਿੰਦਰ ਸਿੰਘ ਕੂਕਾ, ਅਵਤਾਰ ਸਿੰਘ,ਅਮਰੀਕ ਸਿੰਘ ਖਟਕੜ, ਪਰਮਜੀਤ ਕੌਰ, ਚਮਨ ਲਾਲ ਆਦਿ ਦਾ ਭਰਪੂਰ ਸਹਿਯੋਗ ਰਿਹਾ। ਅਖੀਰ ਵਿੱਚ ਆਏ ਹੋਏ ਮਹਿਮਾਨਾਂ ਬੂਟਾ ਮੁਹੰਮਦ, ਡਾ.ਚਰਨਜੀਤ ਸਿੰਘ, ਡਾ. ਲੂਸੀ ਬੰਗਾ, ਪ੍ਰਿੰਸੀ: ਏ.ਕੇ. ਰਤੂੜੀ, ਸਰਪੰਚ ਅਵਤਾਰ ਕੌਰ ਤੇ ਹੋਰਨਾਂ ਨੂੰ ਸਨਮਾਨਤ ਕੀਤਾ ਗਿਆ।

# 54000 ਐੱਮ ਐੱਲ ਨਜ਼ਾਇਜ਼ ਸ਼ਰਾਬ ਸਮੇਤ ਤਿੰਨ ਕਾਬੂ

ਫਿਲੌਰ 17 ਅਪ੍ਰੈਲ (ਨਿਰਮਲ)-ਸਥਾਨਕ ਪੁਲਸ ਨੇ ਨਜਾਇਜ਼ ਦੇਸੀ ਸ਼ਰਾਬ ਸਣੇ 2 ਔਰਤਾਂ ਤੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ। ਡੀ.ਐਸ.ਪੀ ਫਿਲੌਰ ਬੱਲ ਨੇ ਦੱਸਿਆ ਕਿ ਪੁਲਸ ਨੇ ਸਰਬਜੀਤ ਕੌਰ ਪਤਨੀ ਲੇਟ ਗੁਰਨਾਮ ਸਿੰਘ, ਅੰਜੂ ਬਾਲਾ ਪਤਨੀ ਗੁਲਸ਼ਨ ਸਿੰਘ, ਮਨਦੀਪ ਸਿੰਘ ਪੁੱਤਰ ਹਰਭਜਨ ਸਿੰਘ ਨੂੰ ਗ੍ਰਿਫਤਾਰ ਕਰਕੇ ਇਹਨਾਂ ਕੋਲੋਂ 54000 ਐਮ.ਐਲ. ਨਜਾਇਜ਼ ਦੇਸੀ ਸ਼ਰਾਬ ਬਰਾਮਦ ਕੀਤੀ ਹੈ।ਥਾਣਾ ਮੁਖੀ ਨੇ ਦੱਸਿਆ ਕਿ ਇਨ੍ਹਾਂ ਨੂੰ ਗ੍ਰਿਫ਼ਤਾਰ ਕਰਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।



# ਪੈਨਸ਼ਨਰਾਂ ਵੱਲੋਂ ਅਫ਼ਸਰਸ਼ਾਹੀ ਤੇ ਪੰਜਾਬ ਸਰਕਾਰ ਵਿਰੁੱਧ ਮੰਗਾਂ ਨਾ ਮੰਨਣ ਪ੍ਰਤੀ ਰੋਸ ਵਿਖਾਵਾ



**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਪੰਚਾਇਤ ਸਮਿਤੀਆਂ/ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਲਈ ਕੰਮ ਕਰਦੀਆਂ ਦੋ ਜਥੇਬੰਦੀਆਂ ਪੰਚਾਇਤੀ ਰਾਜ ਪੈਨਸ਼ਨਰਜ਼ ਯੂਨੀਅਨ ਪੰਜਾਬ ਅਤੇ ਪੰਚਾਇਤ ਸਮਿਤੀ ਜ਼ਿਲ੍ਹਾ ਪ੍ਰੀਸ਼ਦ ਪੈਨਸ਼ਨਰ ਯੂਨੀਅਨ (ਰਜਿਸਟਰਡ) ਦੀ ਸਾਂਝੀ ਅਗਵਾਈ ਵਿੱਚ ਡਾਇਰੈਕਟਰ ਪੰਚਾਇਤ ਵਿਭਾਗ ਪੰਜਾਬ ਦੇ ਮੁੱਖ ਦਫ਼ਤਰ ਵਿਕਾਸ ਭਵਨ ਸਾਹਮਣੇ ਧਰਨਾ ਦੇ ਕੇ ਵਿਭਾਗ ਦੀ ਸਬੰਧਤ ਅਫਸਰਸ਼ਾਹੀ ਅਤੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਮੰਗਾਂ ਨਾ ਮੰਨਣ ਪ੍ਰਤੀ ਰੋਸ ਵਿਖਾਵਾ ਕੀਤਾ ਗਿਆ। ਇਸ ਰੋਸ ਵਿਖਾਵੇ ਵਿੱਚ ਪੰਜਾਬ ਦੀਆਂ ਪੰਚਾਇਤ ਸਮਿਤੀਆਂ ਅਤੇ ਜਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਅੱਜ ਦੇ ਇਸ ਧਰਨੇ ਵਿੱਚ ਪੰਚਾਇਤੀ ਰਾਜ ਪੈਨਸ਼ਨਰਜ਼ ਯੂਨੀਅਨ ਦੀ ਸੀਨੀਅਰ ਮੀਤ ਪ੍ਰਧਾਨ ਕੁਲਵੰਤ ਕੌਰ ਬਾਠ ਜਨਰਲ ਸਕੱਤਰ ਗੁਰਮੀਤ ਸਿੰਘ ਝਾਂਬਪੁਰ ਮੀਤ ਪ੍ਰਧਾਨ ਲਛਮਣ ਸਿੰਘ ਗਰੇਵਾਲ, ਸਕੱਤਰ ਜਾਗੀਰ ਢਿੱਲੋਂ, ਪੰਚਾਇਤ ਸਮਿਤੀ ਜਿਲਾ ਪ੍ਰੀਸ਼ਦ ਪੈਨਸ਼ਨਰ ਯੂਨੀਅਨ (ਰਜਿਸਟਰਡ) ਦੇ ਪ੍ਰਧਾਨ ਜੋ ਕਿ ਦੇਵ ਸਿੰਘ ਅਤੇ ਜਨਰਲ ਸਕੱਤਰ ਪਾਲ ਸਿੰਘ ਤੋਂ ਇਲਾਵਾ ਦਿਆਲ ਸਿੰਘ, ਹਰਬੰਸ ਸਿੰਘ, ਮਾਨ ਸਿੰਘ, ਸਰਵਜੀਤ ਸਿੰਘ, ਬਲਦੇਵ ਸਿੰਘ, ਬਲਵਿੰਦਰ ਸਿੰਘ, ਨਰਿੰਦਰ ਕੌਰ, ਮੁਮਤਾਜ ਬੇਗਮ, ਆਸ਼ਾ ਰਾਣੀ ਆਦਿ ਆਗੂਆਂ ਵੱਲੋਂ ਸੰਬੋਧਨ ਕੀਤਾ ਗਿਆ। ਸਾਰੇ ਬੁਲਾਰਿਆਂ ਨੇ ਰੋਸ ਜ਼ਾਹਰ ਕੀਤਾ ਕਿ ਵਿਭਾਗ ਅਤੇ ਸਰਕਾਰ ਪੈਨਸ਼ਨਰਾਂ ਨਾਲ ਰਲ ਮਿਲ ਕੇ ਸੋਤੇਲੀ ਮਾਂ ਵਾਲਾ ਵਿਹਾਰ ਕਰ ਰਹੇ ਹਨ। ਮੰਗਾਂ ਸਬੰਧੀ ਮੰਗ ਪੱਤਰ ਡਾਇਰੈਕਟਰ ਨੂੰ ਉਹਨਾ ਦੇ ਦਫਤਰ ਜਾ ਕੇ ਦਿੱਤਾ ਗਿਆ। ਬੁਲਾਰਿਆਂ ਨੇ ਐਲਾਨ ਕੀਤਾ ਕਿ ਜੇਕਰ ਮੰਗ ਪੱਤਰ ਵਿਚਲੀਆਂ ਮੰਗਾਂ ਇੱਕ ਮਹੀਨੇ ਦੇ ਸਮੇਂ ਵਿੱਚ ਪ੍ਰਵਾਨ ਨਾ ਕੀਤੀਆਂ ਗਈਆਂ ਤਾਂ ਉਹ 10 ਜੂਨ ਨੂੰ ਮੁੜ ਧਰਨਾ ਦੇਣ ਲਈ ਮਜਬੂਰ ਹੋਣਗੇ।

# ਓ ਟੀ ਐੱਸ ਯੋਜਨਾ ਰਾਹੀਂ ਪਲਾਟ ਧਾਰਕਾਂ ਨੂੰ ਰਾਹਤ ਦੇਣ ਦਾ ਕੀਤਾ ਉਪਰਾਲਾ : ਚੇਅਰਮੈਨ ਪਾਬਲਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੇ ਚੇਅਰਮੈਨ ਹਰਮਿੰਦਰ ਸਿੰਘ ਪਾਬਲਾ ਨੇ ਆਮ ਜਨਤਾ ਦਾ ਧਿਆਨ ਦਿਵਾਉਂਦੇ ਹੋਏ ਕਿਹਾ ਕਿ ਟਰੱਸਟ ਦੀਆਂ ਵੱਖ-ਵੱਖ ਯੋਜਨਾਵਾਂ ਵਿਚ ਕਈ ਇਸ ਤਰ੍ਹਾਂ ਦੇ ਅਲਾਟੀ/ਟਰਾਂਸਫਰੀ ਹਨ, ਜਿਨ੍ਹਾਂ ਨੇ ਜਾਂ ਤਾਂ ਆਪਣੇ ਪਲਾਟ ਦੀ ਪੂਰੀ ਵਿਕਰੀ ਕੀਮਤ ਟਰੱਸਟ ਦਫ਼ਤਰ ਵਿਚ ਜਮ੍ਹਾਂ ਨਹੀਂ ਕਰਵਾਈ ਜਾਂ ਆਪਣੇ ਪਲਾਟ 'ਤੇ ਨਿਰਮਾਣ ਦਾ ਕੰਮ ਨਹੀਂ ਕਰਵਾਇਆ, ਨਾਲ ਹੀ ਸਬੰਧਤ ਨਿਰਮਾਣ ਜਾਂ ਨਿਰਮਾਣ ਨਹੀਂ ਕਰਵਾ ਦੀ ਫੀਸ ਵੀ ਸਮੇਂ ਸਿਰ ਜਮ੍ਹਾਂ ਨਹੀਂ ਕਰਵਾਈ ਗਈ । ਇਸ ਸਥਿਤੀ ਨੂੰ ਧਿਆਨ ਵਿਚ ਰੱਖਦੇ ਹੋਏ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਨੇ ਆਮ ਜਨਤਾ ਦੀ ਸੁਵਿਧਾ ਨੂੰ ਦੇਖਦੇ ਹੋਏ ਇਕ ਵਨ ਟਾਈਮ ਸੈਟਲਮੈਂਟ (ਓ.ਟੀ.ਐਸ.) ਯੋਜਨਾ ਲਾਗੂ ਕੀਤੀ ਹੈ। ਇਸ ਯੋਜਨਾ ਤਹਿਤ ਅਲਾਟੀ/ਟਰਾਂਸਫਰੀ ਸਰਕਾਰ ਦੁਆਰਾ ਨਿਰਧਾਰਤ ਨਿਰਦੇਸ਼ਾਂ ਅਨੁਸਾਰ ਵਿਕਰੀ ਮੁੱਲ ਦੀ ਬਾਕੀ ਰਾਸ਼ੀ ਅਤੇ ਨਿਰਮਾਣ ਨਾ ਕਰਵਾਉਣ ਦੀ ਫੀਸ ਸਮੇਤ ਕੁੱਲ ਬਕਾਇਆ ਰਾਸ਼ੀ ਦਾ 50 ਫੀਸਦੀ ਹਿੱਸਾ ਜਮ੍ਹਾਂ ਕਰਵਾ ਕੇ ਲਾਭ ਪ੍ਰਾਪਤ ਕਰ ਸਕਦੇ ਹਨ। ਚੇਅਰਮੈਨ ਪਾਬਲਾ ਨੇ ਦੱਸਿਆ ਕਿ ਸੀਨੀਅਰ ਸਿਟੀਜ਼ਨ ਔਰਤਾਂ ਨੂੰ ਵਿਸ਼ੇਸ਼ ਛੋਟ ਦਿੰਦੇ ਹੋਏ ਉਨ੍ਹਾਂ ਨੂੰ 31 ਦਸੰਬਰ 2025 ਤੱਕ ਕੇਵਲ 25 ਫੀਸਦੀ ਰਾਸ਼ੀ ਜਮ੍ਹਾਂ ਕਰਵਾ ਕੇ ਆਪਣੇ ਨਕਸ਼ੇ ਨੂੰ ਪਾਸ ਕਰਵਾਉਣ ਅਤੇ ਭਵਨ ਨਿਰਮਾਣ ਦੀ ਪ੍ਰਵਾਨਗੀ ਪ੍ਰਾਪਤ ਕਰਨ ਦੀ ਸੁਵਿਧਾ ਦਿੱਤੀ ਗਈ ਹੈ। ਇਹ ਯੋਜਨਾ ਉਨ੍ਹਾਂ ਲੋਕਾਂ ਲਈ ਇੱਕ ਵੱਡਾ ਮੌਕਾ ਹੈ ਜੋ ਕਿ ਵੱਖ-ਵੱਖ ਕਾਰਨ ਕਰਕੇ ਸਮੇਂ ਸਿਰ ਭੁਗਤਾਨ ਜਾਂ ਨਿਰਮਾਣ ਨਹੀਂ ਕਰਵਾ ਸਕੇ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਅਤੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਦੀ ਪ੍ਰਗਤੀਸ਼ੀਲ ਨੀਤੀਆਂ ਦਾ ਨਤੀਜਾ ਹੈ। ਪਾਬਲਾ ਨੇ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਸ ਓ.ਟੀ.ਐਸ. ਯੋਜਨਾ ਦਾ ਭਰਪੂਰ ਲਾਭ ਉਠਾਉਣ। ਇਸ ਯੋਜਨਾ ਨਾਲ ਸਬੰਧਤ ਵਧੇਰੇ ਜਾਣਕਾਰੀ ਲਈ ਚਾਹਵਾਨ ਵਿਅਕਤੀ ਕਿਸੇ ਵੀ ਕੰਮ ਵਾਲੇ ਦਿਨ ਨਗਰ ਸੁਧਾਰ ਟਰੱਸਟ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।

# ਸੀ. ਟੀ.ਗਰੁੱਪ ਦੀ ਵਿਦਿਆਰਥਣ ਨੇ ਜੂਡੋ ਚੈਂਪੀਅਨਸ਼ਿਪ 'ਚ ਗੋਲਡ ਮੈਡਲ ਜਿੱਤਿਆ



**ਜਲੰਧਰ (ਸ਼ੈਲੀ ਐਲਬਰਟ)**- ਸੀ.ਟੀ. ਇੰਸਟੀਚਿਊਟ ਆਫ਼ ਲਾਅ ਨੇ ਖੁਸ਼ੀ ਨਾਲ ਐਲਾਨ ਕੀਤਾ ਹੈ ਕਿ ਬੀ.ਏ. ਐਲ.ਐਲ.ਬੀ. ਦੀ ਵਿਦਿਆਰਥਣ ਪੂਜਾ ਬੇਦੀ ਨੇ 56 ਕਿਲੋਗ੍ਰਾਮ ਵਰਗ ਵਿੱਚ ਤੀਜੀ ਹਰਿਆਣਾ ਸਟੇਟ ਕਜ਼ਾਖ ਕੁਰੇਸ਼ ਜੂਡੋ ਚੈਂਪੀਅਨਸ਼ਿਪ 2025-26 ਵਿੱਚ ਸੋਨ ਤਮਗਾ ਜਿੱਤ ਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ।ਪੂਜਾ ਨੇ ਤਿੰਨ ਰਾਊਂਡਾਂ ਅਤੇ ਫਾਈਨਲ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣੇ ਵਰਗ ਵਿੱਚ ਚੋਟੀ ਦੀ ਪੋਜ਼ੀਸ਼ਨ ਹਾਸਲ ਕੀਤੀ। ਉਨ੍ਹਾਂ ਇਸ ਸ਼ਾਨਦਾਰ ਕਾਮਯਾਬੀ ਨੇ ਉਨ੍ਹਾਂ ਨੂੰ ਨੈਸ਼ਨਲ ਕਜ਼ਾਖ ਕੁਰੇਸ਼ ਜੂਡੋ ਚੈਂਪੀਅਨਸ਼ਿਪ ਲਈ ਕੁਆਲੀਫਾਈ ਕਰਵਾ ਦਿੱਤਾ ਹੈ, ਜਿੱਥੇ ਉਹ ਹਰਿਆਣਾ ਰਾਜ ਦੀ ਨੁਮਾਇੰਦਗੀ ਕਰੇਗੀ। ਸੀ. ਟੀ. ਗਰੁੱਪ ਦੇ ਪ੍ਰਬੰਧਨ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਪੂਜਾ ਨੂੰ ਉਸਦੀ ਇਸ ਉੱਤਮ ਪ੍ਰਾਪਤੀ ਲਈ ਵਧਾਈਆਂ ਦਿੱਤੀਆਂ ਹਨ ਅਤੇ ਰਾਸ਼ਟਰੀ ਪੱਧਰ 'ਤੇ ਉਸਦੀ ਹੋਰ ਸਫਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ ਹਨ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਭਾਜਪਾ ਤੇ ਆਪ ਦਾ ਪਿੰਡਾਂ 'ਚ ਬਾਈਕਾਟ ਕੀਤਾ ਜਾਵੇਗਾ : ਪਲਵਿੰਦਰ ਸਿੰਘ

**ਕਾਲਾ ਸੰਘਿਆਂ (ਮਨਜੀਤ ਮਾਨ)** ਸਥਾਨਕ ਕਸਬਾ ਵਿਖੇ ਕਿਰਤੀ ਕਿਸਾਨ ਯੂਨੀਅਨ ਦੇ ਇਲਾਕਾ ਪ੍ਰਧਾਨ ਪਲਵਿੰਦਰ ਸਿੰਘ, ਕਾਮਰੇਡ ਪਰਗਣ ਸਿੰਘ, ਖਜਾਨਚੀ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਭਾਰੀ ਇਕੱਠ ਕੀਤਾ ਗਿਆ।



ਉਕਤ ਆਗੂਆਂ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦਿੱਲੀ ਸ਼ੰਭੂ ਅਤੇ ਖਨੌਰੀ ਬਾਰਡਰ 'ਤੇ ਭਾਜਪਾ ਸਰਕਾਰ ਨੇ ਕਿਸਾਨਾਂ 'ਤੇ ਜ਼ਬਰ ਜ਼ੁਲਮ ਕਰਕੇ ਜ਼ਬਰੀ ਕਿਸਾਨਾਂ ਦੇ ਲੱਗੇ ਸ਼ਾਂਤਮਈ ਧਰਨੇ ਨੂੰ ਜ਼ਬਰੀ ਚੁਕਵਾ ਕੇ ਇੱਕ ਤਾਨਾਸ਼ਾਹੀ ਤੇ ਭ੍ਰਿਸ਼ਟ ਸਰਕਾਰ ਹੋਣ ਦਾ ਸਬੂਤ ਦਿੱਤਾ। ਉਨ੍ਹਾਂ ਕਿਹਾ ਭਾਜਪਾ ਤੇ ਆਪ ਸਰਕਾਰ ਦੋਨੇ ਸਰਕਾਰਾਂ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਦੁਸ਼ਮਣ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਭਾਜਪਾ ਤੇ ਆਪ ਸਰਕਾਰ ਦਾ ਪਿੰਡਾਂ ਵਿੱਚ ਬਾਈਕਾਟ ਕੀਤਾ ਜਾਵੇਗਾ ਤੇ 2027 ਦੀਆਂ ਆਉਣ ਵਾਲੀਆਂ ਚੋਣਾਂ ਵਿੱਚ ਸਤਾ ਤੋਂ ਲਾਂਭੇ ਕੀਤਾ ਜਾਵੇਗਾ। ਇਸ ਮੌਕੇ ਜਨਰਲ ਸਕੱਤਰ ਕਸ਼ਮੀਰ ਸਿੰਘ ਸੋਢੀ , ਜਸਵੀਰ ਸਿੰਘ ਕੁਲਾਰ, ਗੁਰਮੀਤ ਸਿੰਘ ਲੰਬੜਦਾਰ, ਗੁਰਮੇਲ ਸਿੰਘ ਗੇਲੀ ,ਲੱਕੀ ਟੀ ਵੀ, ਕਸ਼ਮੀਰ ਸਿੰਘ ਸੋਢੀ, ਪ੍ਰੇਮ ਚੰਦ ਤੋਂ ਇਲਾਵਾ ਹੋਰ ਆਗੂ ਹਾਜ਼ਰ ਰਹੇ।

# ਬੈਂਸ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਲਕਾ ਵਿਧਾਇਕ ਅਤੇ ਕੈਬਨਿਟ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਨੇ ਹਿੰਦ ਦੀ ਚਾਦਰ, ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੱਤੀਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ 1621 ਈਸਵੀ ਨੂੰ ਗੁ: ਗੁਰੂ ਕੇ ਮਹਿਲ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਧਰਤੀ 'ਤੇ ਹੋਇਆ। ਉਹਨਾਂ ਨੇ ਕਿਹਾ ਕਿ ਗੁਰੂ ਸਾਹਿਬ ਨੇ ਸੰਨ 1665 ਈਸਵੀ ਨੂੰ ਬਿਲਾਸਪੁਰ ਦੀ ਰਾਣੀ ਚੰਪਾ ਤੋਂ ਮੁੱਲ ਜ਼ਮੀਨ ਖਰੀਦ ਕੇ ਨਗਰ ਵਸਾਇਆ, ਜਿਸ ਦਾ ਪਹਿਲਾ ਨਾਂਅ ਚੱਕ ਮਾਤਾ ਨਾਨਕੀ ਰੱਖਿਆ। ਜਿਸ ਤੋਂ ਬਾਅਦ ਇਸ ਨਗਰ ਦਾ ਨਾਂਅ ਸ੍ਰੀ ਅਨੰਦਪੁਰ ਸਾਹਿਬ ਦੇ ਨਾਂਅ ਨਾਲ ਪ੍ਰਚੱਲਿਤ ਹੋਇਆ। ਕੈਬਨਿਟ ਮੰਤਰੀ ਨੇ ਕਿਹਾ ਕਿ ਦਿੱਲੀ ਵਿਖੇ ਸ਼ਹੀਦੀ ਉਪਰੰਤ ਭਾਈ ਜੈਤਾ ਜੀ ਗੁਰੂ ਸਾਹਿਬ ਦਾ ਸੀਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਲੈ ਕੇ ਪਹੁੰਚੇ ਤੇ ਗੁ: ਸੀਸ ਗੰਜ ਸਾਹਿਬ ਦੇ ਅਸਥਾਨ 'ਤੇ ਉਨ੍ਹਾਂ ਦੇ ਪਾਵਨ ਸੀਸ ਦਾ ਸੰਸਕਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਕੀਤਾ ਗਿਆ। ਉਨਾਂ ਕਿਹਾ ਕਿ ਨਵੰਬਰ 2025 ਵਿੱਚ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਗੁਰੂ ਸਾਹਿਬ ਦੇ ਸ਼ਹੀਦੀ ਦਿਹਾੜੇ ਦੀ 350 ਸਾਲਾ ਸ਼ਤਾਬਦੀ ਮਨਾਈ ਜਾਵੇਗੀ, ਜਿਸ ਦੇ ਚੱਲਦਿਆਂ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਦੇ ਬਜਟ ਇਜਲਾਸ ਦੌਰਾਨ ਵਿਸ਼ੇਸ਼ ਤੌਰ 'ਤੇ ਫੰਡ ਰੱਖਣ ਦੀ ਤਜਵੀਜ਼ ਰੱਖੀ ਗਈ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਬਹੁਤ ਭਾਗਾਂ ਵਾਲਾ ਸਮਝਦੇ ਹਨ ਜਿਨ੍ਹਾਂ ਨੂੰ ਇਸ ਮਹਾਨ ਪਵਿੱਤਰ ਧਰਤੀ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਵਸਾਈ ਪਾਵਨ ਪਵਿੱਤਰ ਧਰਤੀ ਦੇ ਸਰਵਪੱਖੀ ਪੱਖੀ ਵਿਕਾਸ ਲਈ ਦਿਨ ਰਾਤ ਇੱਕ ਕਰਕੇ ਮਿਹਨਤ ਕਰ ਰਹੇ ਹਾਂ।

# ਖ਼ਸਤਾ ਹਾਲ ਸੜਕ ਨੂੰ ਠੀਕ ਕਰਨ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**- ਨਗਰ ਕੌਂਸਲ ਰਾਹੋਂ ਅਧੀਨ ਆਉਂਦੇ ਜਾਡਲਾ ਰੋਡ 'ਤੇ ਸੜਕ ਦੇ ਵਿਚਕਾਰ ਪਏ ਡੂੰਘੇ ਟੋਇਆਂ ਕਾਰਨ ਵਾਹਨ ਚਾਲਕਾਂ ਅਤੇ ਰਾਹਗੀਰਾਂ ਨੂੰ ਹੋ ਰਹੀ ਪਰੇਸ਼ਾਨੀ ਅਤੇ ਸਥਾਨਕ ਲੋਕਾਂ ਵੱਲੋਂ ਜਤਾਏ ਜਾ ਰਹੇ ਰੋਸ ਸਬੰਧੀ ਖਬਰ ਦੇ ਪ੍ਰਕਾਸ਼ਤ ਹੋਣ ਤੋਂ ਬਾਅਦ ਨਗਰ ਕੌਂਸਲ ਰਾਹੋਂ ਦੇ ਅਫਸਰਾਂ ਵੱਲੋਂ ਹਰਕਤ ਵਿਚ ਆਉਂਦੇ ਹੋਏ ਇਸ ਖਸਤਾਹਾਲ ਸੜਕ ਵਿਚ ਪਏ ਟੋਇਆਂ ਨੂੰ ਪੂਰਨ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ ਕੀਤਾ ਗਿਆ।ਇਸ ਮੌਕੇ ਮਲਾਜ਼ਮਏ ਨੇ ਦੱਸਿਆ ਕਿ ਫਿਲਹਾਲ ਮਿੱਟੀ ਅਤੇ ਮਲਬਾ ਪਾ ਕੇ ਟੋਏ ਨੂੰ ਪੂਰਿਆ ਜਾ ਰਿਹਾ ਹੈ। ਛੇਤੀ ਹੀ ਇਸ ਸੜਕ 'ਤੇ ਪ੍ਰੀਮਿਕਸ ਪਾ ਕੇ ਇਸ ਸੜਕ ਦੀ ਉਸਾਰੀ ਵੀ ਚੰਗੀ ਤਰ੍ਹਾਂ ਕਰਵਾਈ ਜਾਵੇਗੀ। ਬੀਤੇ ਕੁੱਝ ਦਿਨਾਂ ਤੋਂ ਹੋ ਰਹੀ ਸੜਕ ਵਿਚ ਗੰਦੇ ਪਾਣੀ ਦੀ ਨਿਕਾਸੀ ਕਾਰਨ ਸੜਕ ਦੇ ਟੁੱਟਣ ਦਾ ਸਿਲਸਿਲਾ ਜਾਰੀ ਸੀ। ਜਿਸ ਕਾਰਨ ਉਕਤ ਸੜਕ ਤੋਂ ਲੰਘਣ ਵਾਲਿਆਂ ਨੂੰ ਪਰੇਸ਼ਾਨੀ ਹੋ ਰਹੀ ਸੀ। ਜਿਸ ਕਾਰਨ ਸ਼ਹਿਰ ਵਾਸੀਆਂ ਨੇ ਨਗਰ ਕੌਂਸਲ ਅਤੇ ਪ੍ਰਸ਼ਾਸਨ ਵਿਰੁੱਧ ਨਾਅਰੇਬਾਜ਼ੀ ਕਰਕੇ ਆਪਣਾ ਗੁੱਸਾ ਜ਼ਾਹਰ ਕੀਤਾ ਸੀ।ਨਗਰ ਕੌਂਸਲ ਰਾਹੋਂ ਵੱਲੋਂ ਇਸ ਸੜਕ 'ਚ ਮਿੱਟੀ ਪਾ ਕੇ ਉਸ ਨੂੰ ਪੂਰ ਦਿੱਤਾ ਹੈ। ਲੋਕਾਂ ਦਾ ਕਹਿਣਾ ਹੈ ਕਿ ਜਦੋਂ ਤੱਕ ਉਕਤ ਥਾਂ ਤੋਂ ਗੰਦੇ ਪਾਣੀ ਦੀ ਨਿਕਾਸੀ ਰੋਕਣ ਦਾ ਹੱਲ ਨਹੀਂ ਕੀਤਾ ਜਾਂਦਾ ਉਦੋਂ ਤੱਕ ਇਸੇ ਤਰ੍ਹਾਂ ਟੋਇਆਂ ਵਿਚ ਮਿੱਟੀ ਪਾ ਕੇ ਪੂਰਨ ਦਾ ਕੋਈ ਉਚਿਤ ਹੱਲ ਨਹੀਂ । ਪੀ ਡਬਲਯੂ ਡੀ ਮਹਿਕਮੇ ਨੂੰ ਵੀ ਸੜਕ ਵਿਚ ਪਏ ਟੋਇਆਂ ਦੀ ਰਿਪੇਅਰ ਕਰਨੀ ਚਾਹੀਦੀ ਹੈ। ਸਥਾਨਕ ਦੁਕਾਨਦਾਰਾਂ ਨੇ ਕਿਹਾ ਕਿ ਨਗਰ ਕੌਂਸਲ ਨੂੰ ਪਹਿਲਾਂ ਗੰਦੇ ਨਾਲ ਚੋਂ ਆ ਰਹੇ ਪਾਣੀ ਦਾ ਉਚਿਤ ਹੱਲ ਕਰਨਾ ਚਾਹੀਦਾ ਹੈ।ਇਸ ਮੌਕੇ ਸਮੂਹ ਸ਼ਹਿਰ ਵਾਸੀਆਂ ਨੇ ਨਗਰ ਕੌਂਸਲ ਨੂੰ ਅਪੀਲ ਕੀਤੀ ਕਿ ਇਸ ਦਾ ਪੱਕਾ ਹੱਲ ਕੀਤਾ ਜਾਵੇ।

# ਏ ਡੀ ਸੀ ਅਵਨੀਤ ਕੌਰ ਨੇ ਵਿਦਿਆਰਥੀਆਂ ਨੂੰ ਵਰਦੀਆਂ ਦੇਣ ਦੀ ਕੀਤੀ ਸ਼ੁਰੂਆਤ



**ਬਲਾਚੌਰ (ਜਸਵਿੰਦਰ ਬੈਂਸ)**- ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਵੱਲੋਂ ਅੱਜ ਬਲਾਚੌਰ ਬਲਾਕ ਵਿਚ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ 'ਪਹਿਲ' ਪ੍ਰੋਜੈਕਟ ਅਧੀਨ ਸਵੈ-ਸਹਾਇਤਾ ਗਰੁੱਪਾਂ ਦੁਆਰਾ ਤਿਆਰ ਕੀਤੀਆਂ ਗਈਆਂ ਸਕੂਲ ਵਰਦੀਆਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਤਕਸੀਮ ਕੀਤੇ ਜਾਣ ਦੀ ਸ਼ੁਰੂਆਤ ਕੀਤੀ।ਇਸ ਮੌਕੇ ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਪਿਛਲੇ ਸਾਲ ਸਵੈ-ਸਹਾਇਤਾ ਗਰੁੱਪਾਂ ਦੁਆਰਾ 10 ਹਜ਼ਾਰ ਸਕੂਲ ਵਰਦੀਆਂ ਤਿਆਰ ਕੀਤੀਆਂ ਗਈਆਂ ਸਨ ਜਦਕਿ ਇਸ ਸਾਲ 20 ਹਜ਼ਾਰ ਸਕੂਲ ਵਰਦੀਆਂ ਤਿਆਰ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਨਾਲ ਸਥਾਨਕ ਸਵੈ-ਸਹਾਇਤਾ ਗਰੁੱਪਾਂ ਦੀ ਆਮਦਨ ਵਿਚ ਸੁਧਾਰ ਹੋਇਆ ਹੈ। ਉਨ੍ਹਾਂ ਦੱਸਿਆ ਕਿ ਪਹਿਲ ਪ੍ਰੋਜੈਕਟ ਅਧੀਨ ਸਕੂਲੀ ਵਰਦੀਆਂ ਬਣਾਉਣ ਦਾ ਕੰਮ ਪਿੰਡਾਂ ਵਿਚ ਬਣੇ ਸਵੈ-ਸਹਾਇਤਾ ਗਰੁੱਪਾਂ ਦੀਆਂ ਔਰਤਾਂ ਤੋਂ ਕਰਵਾਇਆ ਜਾ ਰਿਹਾ ਹੈ ਤਾਂ ਜੋ ਆਤਮ-ਨਿਰਭਰ ਹੋਣ ਦੇ ਨਾਲ-ਨਾਲ ਉਨ੍ਹਾਂ ਦੀ ਆਜੀਵਿਕਾ ਵਿਚ ਵੀ ਵਾਧਾ ਹੋ ਸਕੇ। ਉਨ੍ਹਾਂ ਦੱਸਿਆ ਕਿ ਔਰਤਾਂ ਵਿਚ ਇਸ ਪ੍ਰੋਜੈਕਟ ਪ੍ਰਤੀ ਕਾਫੀ ਉਤਸ਼ਾਹ ਹੈ।

# 12 ਪੇਟੀਆਂ ਸ਼ਰਾਬ ਤੇ 30 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਮਾਹਿਲਪੁਰ /ਸਫ਼ਰੀ** - ਉਪ ਕਪਤਾਨ ਸਬ ਡਿਵੀਜ਼ਨ ਗੜ੍ਹਸ਼ੰਕਰ ਜਸਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਐਸ ਆਈ / ਐਸ ਐਚ ਓ ਪਰਵਿੰਦਰ ਜੀਤ ਪਾਲ ਸਿੰਘ ਥਾਣਾ ਮੁਖੀ ਮਾਹਲਪੁਰ ਨੇ ਦਿਸ਼ਾ ਨਿਰਦੇਸ਼ਾਂ ਤੇ ਏ ਐਸ ਆਈ ਸੁਖਵਿੰਦਰ ਸਿੰਘ ਕੋਟ ਫਤੂਹੀ ਥਾਣਾ ਮਾਹਿਲਪੁਰ ਨੇ ਸਾਥੀ ਕਰਮਚਾਰੀਆਂ ਸਮੇਤ ਪਿੰਡ ਭਗਤੂਪੁਰ ਨੇੜੇ ਦਾਣਾ ਮੰਡੀ ਤੋਂ ਦੋਸ਼ੀ ਕੁਲਦੀਪ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਬਡਲਾ ਥਾਣਾ ਮੇਹਟੀਆਣਾ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਕਾਬੂ ਕਰਕੇ ਉਸ ਦੀ ਮਰੂਤੀ ਕਾਰ ਨੰਬਰ ਪੀ ਬੀ 08 ਏ ਐਮ 75 49 ਦੀ ਡਿੱਗੀ ਵਿੱਚੋਂ 12 ਪੇਟੀਆਂ ਸ਼ਰਾਬ ਮਾਰਕਾ ਪੰਜਾਬ ਕਲੱਬ ਸਮੇਤ 30 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਉਸ ਦੇ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



# ਭਾਈ ਘਨੱਈਆ ਜੀ ਸੇਵਾ ਸੁਸਾਇਟੀ ਵੱਲੋਂ ਗੁਰਮਤਿ ਸਮਾਗਮ ਦੀ ਆਰੰਭਤਾ



**ਕਾਲਾ ਸੰਘਿਆਂ (ਮਨਜੀਤ ਮਾਨ)** ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ ਵੱਲੋਂ ਖਾਲਸਾ ਸਿਰਜਣਾ ਦਿਵਸ ਤੇ ਪਿੰਡ ਰਹੀਮਪੁਰ ਦੇ ਗੁਰਦਵਾਰਾ ਸਿੰਘ ਸਭਾ ਵਿਖੇ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ ਦੀ ਸੇਵਾ ਆਰੰਭ ਕੀਤੀ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਭਾਈ ਅਵਤਾਰ ਸਿੰਘ ਮੁੱਖ ਸੇਵਾਦਾਰ ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ, ਭਾਈ ਸੁਖਵਿੰਦਰ ਸਿੰਘ ਅੰਮ੍ਰਿਤਸਰ ਵਾਲੇ ਤੇ ਬੀਬਾ ਬਲਦੀਪ ਕੌਰ ਜੱਲੋਵਾਲ ਦੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਦਸਮੇਸ਼ ਪਿਤਾ ਜੀ ਦੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਖਾਲਸਾ ਸਾਜਣਾ ਦਿਵਸ ਦੇ ਪਾਵਨ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਸੇਵਾ ਸੁਸਾਇਟੀ ਦੇ ਮੁੱਖ ਪ੍ਰਬੰਧਕ ਭਾਈ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲਿਆਂ ਨੇ ਕਿਹਾ ਕਿ ਲੋਕਾਂ ਨੂੰ ਬਾਣੇ ਤੇ ਬਾਣੀ ਨਾਲ ਜੋੜਨ ਲਈ ਪਿੰਡਾਂ ਵਿੱਚ ਗੁਰਮਤਿ ਸਮਾਗਮ ਕਰਕੇ ਨਿਸ਼ਕਾਮ ਸੇਵਾ ਕੀਤੀ ਜਾ ਰਹੀ ਹੈ, ਜੋ ਨਿਰੰਤਰ ਜਾਰੀ ਰਹੇਗੀ। ਇਸ ਮੌਕੇ ਗੁਰੂ ਕੇ ਅਤੁੱਟ ਲੰਗਰ ਛਕਾਏ ਗਏ। ਇਸ ਮੌਕੇ ਜਥੇਦਾਰ ਗਿਆਨੀ ਲਸ਼ਕਰ ਸਿੰਘ ਰਹੀਮਪੁਰ ਨੇ ਸੇਵਾ ਸੁਸਾਇਟੀ ਦੇ ਪ੍ਰਬੰਧਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਪਿੰਡਾਂ ਵਿੱਚ ਧਾਰਮਿਕ ਸਮਾਗਮਾਂ ਵਿੱਚ ਆਪਣਾ ਅਹਿਮ ਯੋਗਦਾਨ ਪਾਉਂਦੇ ਰਹਿਣਗੇ।

# ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ 1 ਮਈ ਨੂੰ ਕੈਬਨਿਟ ਮੰਤਰੀਆਂ ਤੇ ਵਿਧਾਇਕਾਂ ਦੇ ਘਰਾਂ ਅੱਗੇ ਕਰੇਗਾ ਭੁੱਖ ਹੜਤਾਲ

**● ਮਜ਼ਦੂਰ ਦਿਵਸ ਮੌਕੇ ਸਰਕਾਰ ਤੋਂ ਪੁਰਾਣੀ ਪੈਨਸ਼ਨ ਲਾਗੂ ਕਰਨ ਦੀ ਕੀਤੀ ਜਾਵੇਗੀ ਮੰਗ**



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐਫ਼.) ਦੀ ਇੱਕ ਅਹਿਮ ਮੀਟਿੰਗ ਜਥੇਬੰਦੀ ਦੇ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਜ਼ਿਲ੍ਹਾ ਕਨਵੀਨਰ ਗੁਰਜਿੰਦਰ ਸਿੰਘ ਮੰਝਪੁਰ, ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਡੀ.ਐਮ.ਐਫ਼. ਦੇ ਜਨਰਲ ਸਕੱਤਰ ਮਨਜੀਤ ਸਿੰਘ ਦਸੂਹਾ ਅਤੇ ਡੀ.ਟੀ.ਐਫ਼. ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ ਆਦਿ ਆਗੂਆਂ ਦੀ ਪ੍ਰਧਾਨਗੀ ਹੇਠ ਸ਼ਹੀਦ ਊਧਮ ਸਿੰਘ ਪਾਰਕ ਹੁਸ਼ਿਆਰਪੁਰ ਵਿਖੇ ਹੋਈ। ਮੀਟਿੰਗ ਵਿੱਚ ਸ਼ਾਮਿਲ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ 18 ਨਵੰਬਰ 2022 ਨੂੰ ਸੂਬੇ ਵਿੱਚ ਪੁਰਾਣੀ ਪੈਨਸ਼ਨ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ। ਪਰ ਇਸ ਨੋਟੀਫਿਕੇਸ਼ਨ ਨੂੰ ਨਾ ਤਾਂ ਬਜਟ ਵਿੱਚ ਕੋਈ ਥਾਂ ਦਿੱਤੀ ਗਈ ਹੈ ਅਤੇ ਨਾ ਹੀ ਵਿੱਤ ਮੰਤਰੀ ਦੇ ਭਾਸ਼ਣ ਵਿੱਚ ਪੁਰਾਣੀ ਪੈਨਸ਼ਨ ਦੇ ਲਾਗੂ ਕੀਤੇ ਜਾਣ ਦਾ ਕੋਈ ਜ਼ਿਕਰ ਹੈ।ਪੁਰਾਣੀ ਪੈਨਸ਼ਨ ਦੇ ਮੁੱਦੇ ਤੇ ਆਪ ਸਰਕਾਰ ਜਿੱਥੇ ਮੁਕੰਮਲ ਫੇਲ੍ਹ ਸਾਬਿਤ ਹੋਈ ਹੈ ਉੱਥੇ ਇਸ ਦੀ ਮੌਕਾਪ੍ਰਸਤ ਸਿਆਸਤ ਵੀ ਲੋਕਾਂ ਵਿੱਚ ਬੇਪਰਦ ਹੋਈ ਹੈ। ਉਹਨਾਂ ਅਫ਼ਸੋਸ ਤੇ ਹੈਰਾਨੀ ਪ੍ਰਗਟਾਈ ਕਿ ਵਿਧਾਨ ਸਭਾ ਦੇ ਬਜਟ ਸੈਸ਼ਨ ਤੋਂ ਪਹਿਲਾਂ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਵੱਲੋਂ ਆਪ ਸਰਕਾਰ ਦੇ ਵਿਧਾਇਕਾਂ ਅਤੇ ਕੈਬਨਿਟ ਮੰਤਰੀਆਂ ਨੂੰ ਵੱਡੀ ਗਿਣਤੀ ਵਿੱਚ ਮੰਗ ਪੱਤਰ ਦਿੱਤੇ ਜਾਣ ਦੇ ਬਾਵਜੂਦ ਪੁਰਾਣੀ ਪੈਨਸ਼ਨ ਦਾ ਅਜੰਡਾ ਬਜਟ ਸੈਸ਼ਨ ਵਿੱਚ ਪੇਸ਼ ਨਹੀਂ ਕੀਤਾ ਗਿਆ, ਜਿਸ ਤੋਂ ਸਪੱਸ਼ਟ ਹੈ ਕਿ ਪੁਰਾਣੀ ਪੈਨਸ਼ਨ ਦੇ ਨਾਂ ਉੱਤੇ ਵੋਟਾਂ ਬਟੋਰ ਕੇ ਇਸ ਮੁੱਦੇ ਨੂੰ ਠੰਢੇ ਬਸਤੇ ਵਿੱਚ ਪਾ ਦਿੱਤਾ ਗਿਆ ਹੈ। ਫਰੰਟ ਦੇ ਆਗੂਆਂ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਦੇ ਮੁੱਦੇ 'ਤੇ ਆਪ ਸਰਕਾਰ ਦੀ ਦੋਗਲੀ ਨੀਤੀ ਖਿਲਾਫ 1 ਮਈ ਨੂੰ ਮਜ਼ਦੂਰ ਦਿਵਸ ਮੌਕੇ ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਘਰਾਂ ਅੱਗੇ ਭੁੱਖ ਹੜਤਾਲਾਂ ਕੀਤੀਆਂ ਜਾਣਗੀਆਂ ਜਿਸ ਵਿੱਚ ਐਨ.ਪੀ.ਐਸ. ਮੁਲਾਜ਼ਮ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ ਅਤੇ ਸੰਘਰਸ਼ ਨੂੰ ਹੋਰ ਵਿਆਪਕ ਕੀਤਾ ਜਾਵੇਗਾ। ਇਸ ਮੌਕੇ ਵਿੱਤ ਸਕੱਤਰ ਨੰਦ ਰਾਮ, ਮੀਤ ਪ੍ਰਧਾਨ ਪ੍ਰਵੀਨ ਸ਼ੇਰਪੁਰ, ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਮਨਜੀਤ ਸਿੰਘ ਸੈਣੀ ਟਾਂਡਾ, ਪਰਮਿੰਦਰ ਜਹਾਨਪੁਰ ਮੁਕੇਰੀਆਂ, ਰਜਿੰਦਰ ਸਿੰਘ ਹੇਜਮਾਂ, ਅਸ਼ਨੀ ਕੁਮਾਰ, ਬਲਕਾਰ ਸਿੰਘ ਪੂਰੀਕਾ, ਜਸਵਿੰਦਰ ਝਿੰਗੜ, ਵਿਜੇ ਡਡਵਾਲ, ਬਲਜਿੰਦਰ ਸਹੋਤਾ, ਰਮੇਸ਼ ਬੱਗਾ, ਜਰਨੈਲ ਡਘਾਮ, ਪ੍ਰਦੀਪ ਕੁਮਾਰ, ਵਿਪਨ ਸਨਿਆਲ ਅਤੇ ਸੰਜੀਵ ਕਲਸੀ ਆਦਿ ਆਗੂ ਵੀ ਹਾਜ਼ਰ ਸਨ।

# ਮਾਤਾ ਸਾਹਿਬ ਕੌਰ ਖ਼ਾਲਸਾ ਸਕੂਲ-ਕਾਲਜ ਢੰਡੋਵਾਲ 'ਚ ਖ਼ਾਲਸਾ ਸਾਜਨਾ ਦਿਵਸ ਮਨਾਇਆ ਤੇ ਨਵੇਂ ਸੈਸ਼ਨ ਦੀ ਕੀਤੀ ਸ਼ੁਰੂਆਤ



**ਸ਼ਾਹਕੋਟ (ਗਿਆਨ ਸੈਦਪੁਰੀ)**- ਮਾਤਾ ਸਾਹਿਬ ਕੌਰ ਖ਼ਾਲਸਾ ਸਕੂਲ-ਕਾਲਜ ਢੰਡੋਵਾਲ ਵਿਖੇ ਵਿਸਾਖੀ, ਖ਼ਾਲਸਾ ਸਾਜਨਾ ਦਿਵਸ ਅਤੇ ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਸ੍ਰੀ ਨਿਸ਼ਾਨ ਸਾਹਿਬ ਦੇ ਨਵੇਂ ਚੋਲੇ ਦੀ ਸੇਵਾ ਵੀ ਕੀਤੀ ਗਈ। ਪਾਠੀ ਸਿੰਘ ਨੇ ਵਿਦਿਆਰਥੀਆਂ ਨੂੰ ਵਿਸਾਖੀ ਅਤੇ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੰਦਿਆਂ ਇਸ ਦੇ ਇਤਿਹਾਸਕ ਪਿਛੋਕੜ ਬਾਰੇ ਦੱਸਿਆ। ਸਕੂਲ ਪ੍ਰਿੰਸੀਪਲ ਰੇਖਾ ਰਾਣੀ ਨੇ ਇਨ੍ਹਾਂ ਪਵਿੱਤਰ ਦਿਹਾੜਿਆਂ ਦੀ ਵਧਾਈ ਦਿੱਤੀ ਅਤੇ ਸਕੂਲ ਕਾਲਜ ਦੇ ਨਵੇਂ ਸੈਸ਼ਨ ਵਿਚ ਸਮੂਹ ਵਿਦਿਆਰਥੀਆਂ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਚੱਠਾ ਅਤੇ ਸਮੂਹ ਕਮੇਟੀ ਦੀ ਅਗਵਾਈ ਵਿਚ ਬੱਚਿਆਂ ਨੂੰ ਚੰਗੇ ਸੰਸਕਾਰ ਅਤੇ ਨੈਤਿਕ ਕਦਰਾਂ ਕੀਮਤਾਂ 'ਤੇ ਆਧਾਰਤ ਸਿੱਖਿਆ ਦੇ ਕੇ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪੂਰੀ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕਰਦਿਆਂ ਨਵੇਂ ਸੈਸ਼ਨ ਲਈ ਸ਼ੁੱਭਕਾਮਨਾਵਾਂ ਭੇਟ ਕੀਤੀਆਂ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਵਿਸਾਖੀ ਤੇ ਖ਼ਾਲਸਾ ਸਾਜਨਾ ਦਿਵਸ ਸਬੰਧੀ ਗੀਤ ਅਤੇ ਕਵਿਤਾਵਾਂ ਵੀ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਗੁਰਨਾਮ ਸਿੰਘ ਚੱਠਾ, ਜਨਰਲ ਸਕੱਤਰ ਡਾ. ਨਰਿੰਦਰ ਸਿੰਘ ਬਾਂਸਲ, ਕਾਲਜ ਪ੍ਰਿੰਸੀਪਲ (ਕਾਰਜਕਾਰੀ) ਪ੍ਰਵੀਨ ਕੌਰ ਸਮੂਹ ਸਕੂਲ ਤੇ ਕਾਲਜ ਸਟਾਫ਼ ਮੈਂਬਰ ਹਾਜ਼ਰ ਸਨ।

# ਮਾਲੇਵਾਲ ਸਕੂਲ 'ਚ ਨੈਸ਼ਨਲ ਵੈਕਟਰ ਬੌਰਨ ਡਜੀਜ਼ ਕੰਟਰੋਲ ਪ੍ਰੋਗਰਾਮ ਤਹਿਤ ਜਾਗਰੂਕ ਕੀਤਾ




**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾ. ਗੁਰਿੰਦਰਜੀਤ ਸਿੰਘ ਅਤੇ ਐਪੀਡੀਮੋਲੋਜਿਸਟ ਡਾ. ਰਕੇਸ਼ ਪਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਸੜੋਆ ਡਾ. ਨਵਰੀਤ ਕੌਰ ਦੀ ਯੋਗ ਅਗਵਾਈ ਹੇਠ ਆਯੂਸ਼ਮਾਨ ਆਰੋਗਿਆ ਕੇਂਦਰ ਮਾਲੇਵਾਲ ਦੀ ਟੀਮ ਵੱਲੋਂ ਲਿਟਲ ਚੈਂਪੀਅਨ ਕੰਪੈਨ ਤਹਿਤ ਚੌਧਰੀ ਮੇਲਾ ਰਾਮ ਸੀਨੀਅਰ ਸੈਕੰਡਰੀ ਸਕੂਲ ਮਾਲੇਵਾਲ ਵਿਖੇ ਸਕੂਲ ਮੁਖੀ ਪਰਮਿੰਦਰ ਭਾਟੀਆ ਅਤੇ ਸਕੂਲ ਸਟਾਫ ਨਾਲ ਮਿਲ ਕੇ ਮਲੇਰੀਆ ਡੇਂਗੂ, ਚਿਕਨ ਗੁਨੀਆ ਅਤੇ ਗਰਮੀਆਂ ਦੇ ਮੌਸਮ ਵਿਚ ਲੂਅ ਲੱਗਣ ਦੇ ਕਾਰਨਾਂ ਅਤੇ ਬਚਾਓ ਸਬੰਧੀ ਜਾਗਰੂਕ ਕੀਤਾ ਗਿਆ। ਜਿਸ ਦੌਰਾਨ ਹੈਲਥ ਇੰਸਪੈਕਟਰ ਹਰਿੰਦਰ ਸਿੰਘ ਅਤੇ ਕਰਾਂਤੀ ਪਾਲ ਸਿੰਘ ਰੌੜੀ ਵਲੋਂ ਬੱਚਿਆਂ ਨੂੰ ਲਾਰਵਾ ਚੈਕ ਕਰਨ ਅਤੇ ਸਕੂਲ ਦੀ ਬਿਲਡਿੰਗ ਅਤੇ ਕਮਰਿਆਂ ਦੀ ਸਾਫ ਸਫਾਈ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਰਾਕੇਸ਼ ਭੂੰਬਲਾ, ਜਸਵਿੰਦਰ ਕੌਰ, ਕਵਿਤਾ, ਗਗਨ ਅਤੇ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਪੰਜਾਬ ਸਿੱਖਿਆ ਕ੍ਰਾਂਤੀ' ਇਕ ਪਰਿਵਰਤਨ ਦੀ ਲਹਿਰ : ਡਾ. ਰਵਜੋਤ ਸਿੰਘ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵਲੋਂ ਚਲਾਏ ਜਾ ਰਹੇ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਅੱਜ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ 4 ਸਰਕਾਰੀ ਸਕੂਲਾਂ ਵਿਚ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਕਰੀਬ 33 ਲੱਖ ਰੁਪਏ ਦੀ ਲਾਗਤ ਨਾਲ ਪੂਰੇ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੁਹਿੰਮ ਦਾ ਉਦੇਸ਼ ਸ਼ਹਿਰੀ ਅਤੇ ਪੇਂਡੂ ਹਲਕੇ ਵਿਚ ਸਮਾਨ ਰੂਪ ਨਾਲ ਗੁਣਵੱਤਾ ਸਿੱਖਿਆ ਪ੍ਰਦਾਨ ਕਰਨਾ ਹੈ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਉਨ੍ਹਾਂ 'ਪੰਜਾਬ ਸਿੱਖਿਆ ਕ੍ਰਾਂਤੀ' ਹੁਣ ਕੇਵਲ ਇਕ ਮੁਹਿੰਮ ਨਹੀਂ, ਬਲਕਿ ਇਕ ਪਰਿਵਰਤਨ ਦੀ ਲਹਿਰ ਹੈ ਜੋ ਹਰ ਪਿੰਡ, ਹਰ ਸਕੂਲ ਅਤੇ ਹਰ ਬੱਚੇ ਤੱਕ ਪਹੁੰਚ ਰਹੀ ਹੈ।ਇਸ ਦੌਰਾਨ ਉਨ੍ਹਾਂ ਸਰਕਾਰੀ ਐਲੀਮੈਂਟਰੀ ਸਕੂਲ ਪੰਡੋਰੀ ਖਜੂਰ ਵਿਚ 7.51 ਲੱਖ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਕਲਾਸ ਰੂਮ, ਸਰਕਾਰੀ ਐਲੀਮੈਂਟਰੀ ਸਕੂਲ ਚੱਕੋਵਾਲ ਬ੍ਰਾਹਮਣਾ ਵਿਚ 7.51 ਲੱਖ ਰੁਪਏ ਦੀ ਲਾਗਤ ਨਾਲ ਬਣੇ ਕਲਾਸ ਰੂਮ, ਸਰਕਾਰੀ ਐਲੀਮੈਂਟਰੀ ਸਕੂਲ ਕਾਠੇ ਅਧਿਕਾਰੇ ਵਿਚ 4 ਲੱਖ ਰੁਪਏ ਨਾਲ ਬਣੀ ਚਾਰ ਦੀਵਾਰੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਂਧਰਾ ਵਿਚ 11 ਲੱਖ ਰੁਪਏ ਨਾਲ ਬਣੀ ਆਧੁਨਿਕ ਵਿਗਿਆਨ ਪ੍ਰਯੋਗਸ਼ਾਲਾ ਅਤੇ ਇਸੇ ਸਕੂਲ ਵਿਚ ਹੀ ਢਾਈ ਲੱਖ ਰੁਪਏ ਦੀ ਲਾਗਤ ਦੇ ਹੋਰ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਸਾਡਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਸਰਕਾਰੀ ਸਕੂਲਾਂ ਵਿਚ ਪੜ੍ਹਨ ਵਾਲੇ ਜ਼ਰੂਰਤਮੰਦ ਅਤੇ ਮਧ ਵਰਗ ਦੇ ਬੱਚਿਆਂ ਨੂੰ ਵੀ ਇਹੀ ਆਧੁਨਿਕ ਸੁਵਿਧਾਵਾਂ ਅਤੇ ਗੁਣਵੱਤਾ ਪ੍ਰਾਪਤ ਹੋਵੇ ਜੋ ਨਿੱਜੀ ਸਕੂਲਾਂ ਵਿਚ ਮਿਲਦੀਆਂ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਹੀ ਕਿਸੇ ਰਾਸ਼ਟਰ ਦੀ ਅਸਲੀ ਤਾਕਤ ਹੁੰਦੀ ਹੈ ਅਤੇ ਸਰਕਾਰ ਦਾ ਇਹ ਕਰਤੱਵ ਹੈ ਕਿ ਉਹ ਹਰ ਬੱਚੇ ਨੂੰ ਸਮਾਨ ਮੌਕੇ ਪ੍ਰਦਾਨ ਕਰੇ।ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਇਹ ਉਪਰਾਲਾ ਨਾ ਸਿਰਫ ਸਿੱਖਿਆ ਵਿਵਸਥਾ ਨੂੰ ਮਜ਼ਬੂਤੀ ਦੇਵੇਗਾ ਬਲਕਿ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸ ਅਤੇ ਆਤਮ-ਨਿਰਭਰ ਨਾਗਰਿਕ ਬਣਾਉਣ ਵਿਚ ਵੀ ਸਹਾਇਕ ਹੋਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਵਿਚ 118 ਸਕੂਲ ਆਫ਼ ਐਮੀਨੈਂਸ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਐਲੀਮੈਂਟਰੀ ਸਕੂਲਾਂ ਵਿਚ ਅਧਿਆਪਕਾਂ ਦੀ ਘਾਟ ਨੂੰ ਦੂਰ ਕੀਤਾ ਜਾ ਰਿਹਾ ਹੈ। ਸਿਰਫ ਹੁਸ਼ਿਆਰਪੁਰ ਜ਼ਿਲ੍ਹੇ ਵਿਚ ਹੀ 600 ਨਵੇਂ ਅਧਿਆਪਕ ਭੇਜੇ ਗਏ ਹਨ ਜਿਸ ਵਿਚ 125 ਵਿਧਾਨ ਸਭਾ ਹਲਕਾ ਸ਼ਾਮ ਚੁਰਾਸੀ ਲਈ ਭੇਜੇ ਗਏ ਹਨ।ਡਾ. ਰਵਜੋਤ ਸਿੰਘ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿਚ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾਉਣ ਤਾਂ ਜੋ ਉਹ


# 'ਆਪ' ਸਰਕਾਰ ਅਨੁਸੂਚਿਤ ਜਾਤੀਆਂ ਦੀ ਸੱਚੀ ਮੁਦਈ : ਜਿੰਪਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅਨੁਸੂਚਿਤ ਜਾਤੀਆਂ ਦੀ ਅਸਲ ਹਮਦਰਦ ਬਣਦਿਆਂ ਦਲਿਤਾਂ ਦੇ ਸਰਬਪੱਖੀ ਵਿਕਾਸ ਲਈ ਇਤਿਹਾਸਕ ਕਦਮ ਚੁੱਕੇ ਹਨ। ਅੱਜ ਇਥੇ ਪ੍ਰੈਸ ਕਾਨਫਰੰਸ ਦੌਰਾਨ ਵਿਧਾਇਕ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਸੂਬੇ 'ਚੋਂ ਭ੍ਰਿਸ਼ਟਾਚਾਰ ਦਾ ਮੁਕੰਮਲ ਖਾਤਮਾ ਕਰਕੇ ਮਹਾਨ ਦੇਸ਼ ਭਗਤਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਦਿਸ਼ਾ ਵੱਲ ਉਸਾਰੂ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਨੇ ਹਮੇਸ਼ਾ ਦਲਿਤ ਵਰਗ ਨੂੰ ਸਿਰਫ਼ ਤੇ ਸਿਰਫ਼ ਵੋਟ ਬੈਂਕ ਵਜੋਂ ਵਰਤਿਆ ਅਤੇ ਅਨੁਸੂਚਿਤ ਜਾਤੀਆਂ ਦੀ ਭਲਾਈ ਲਈ ਨਾਮਾਤਰ ਕੰਮ ਕੀਤੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਤਿਹਾਸਕ ਫੈਸਲਾ ਲੈਂਦਿਆਂ ਸਰਕਾਰੀ ਵਕੀਲਾਂ ਦੀ ਨਿਯੁਕਤੀ ਲਈ ਰਾਖਵਾਂਕਰਨ ਨੂੰ ਯਕੀਨੀ ਬਣਾਉਂਦਿਆਂ ਅਨੁਸੂਚਿਤ ਜਾਤੀਆਂ ਲਈ ਵੱਡਾ ਕਦਮ ਚੁੱਕਿਆ ਹੈ ਜਿਸ ਨਾਲ ਵਕਾਲਤ ਪੇਸ਼ੇ ਨਾਲ ਜੁੜੇ ਅਨੁਸੂਚਿਤ ਜਾਤੀ ਉਮੀਦਵਾਰਾਂ ਨੂੰ ਲਾਭ ਹੋਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਦੂਰਅੰਦੇਸ਼ੀ ਸਦਕਾ ਪੰਜਾਬ ਵਿਚ ਹਰ ਵਰਗ ਦਾ ਇਕਸਾਰ ਵਿਕਾਸ ਲਈ ਜੀਅ ਤੋੜ ਉਪਰਾਲੇ ਕੀਤੇ ਜਾ ਰਹੇ ਹਨ। ਵਿਧਾਇਕ ਜਿੰਪਾ ਨੇ ਦੱਸਿਆ ਕਿ ਪੰਜਾਬ ਦੇ ਇਤਿਹਾਸ ਵਿਚ ਪਹਿਲੀ ਵਾਰ ਹੋਇਆ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਐਡਵੋਕੇਟ ਜਨਰਲ ਦਫ਼ਤਰ ਦੀਆਂ 58 ਆਸਾਮੀਆਂ ਵਿਚ ਰਾਖਵੇਂਕਰਨ ਦੀ ਵਿਵਸਥਾ ਕਰਕੇ ਅਨੁਸੂਚਿਤ ਜਾਤੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਆਸਾਮੀਆਂ 'ਚੋਂ 15 ਅਸਾਮੀਆਂ ਖਾਲੀ ਰਹਿ ਜਾਣ 'ਤੇ ਪੰਜਾਬ ਸਰਕਾਰ ਨੇ ਇਸ ਕੰਮ ਵਿਚ ਅੜਿੱਕਾ ਬਣ ਰਹੀ ਆਮਦਨ ਦੀ ਸਥਿਤੀ ਵਿਚ ਵੀ ਲੋੜੀਂਦਾ ਸੁਧਾਰ ਕਰਕੇ ਇਹ ਅਸਾਮੀਆਂ ਭਰਨ ਦਾ ਫੈਸਲਾ ਲਿਆ। ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀਆਂ ਲਈ ਏ.ਜੀ. ਦਫ਼ਤਰ ਦੀਆਂ ਨਿਯੁਕਤੀਆਂ ਲਈ ਰਾਖਵਾਂਕਰਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਅਨੁਸੂਚਿਤ ਜਾਤੀ ਉਮੀਦਵਾਰਾਂ ਦੀ ਐਡਵੋਕੇਟ ਜਨਰਲ ਦਫ਼ਤਰ ਵਿਚ ਕੋਈ ਅਸਾਮੀ ਖਾਲੀ ਨਹੀਂ ਰਹਿਣ ਦਿੱਤੀ ਅਤੇ ਜਿਹੜੀਆਂ 15 ਅਸਾਮੀਆਂ ਕਿਸੇ ਕਾਰਨ ਰਹਿ ਗਈਆਂ ਸਨ ਉਨ੍ਹਾਂ ਨੂੰ ਵੀ ਭਰਨ ਨੂੰ ਝੰਡੀ ਦੇ ਦਿੱਤੀ ਗਈ ਹੈ।

# ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਨਾਲ ਤਿਮਾਹੀ ਮੀਟਿੰਗ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹਾ ਸੈਨਿਕ ਬੋਰਡ, ਐਸ.ਏ.ਐਸ ਨਗਰ ਦੀ ਤਿਮਾਹੀ ਮੀਟਿੰਗ ਅੱਜ ਡਿਪਟੀ ਕਮਿਸ਼ਨਰ, ਸ੍ਰੀਮਤੀ ਕੋਮਲ ਮਿੱਤਲ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਦਫਤਰ ਵਿਖੇ ਹੋਈ। ਇਸ ਮੀਟਿੰਗ ਵਿੱਚ ਗਰੁੱਪ ਕੈਪਟਨ ਦਵਿੰਦਰ ਸਿੰਘ ਢਿੱਲੋਂ (ਰਿਟਾ), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਐਸ.ਏ.ਐਸ ਨਗਰ ਨੇ ਵਿਭਾਗ ਦੇ ਚੱਲ ਰਹੇ ਕੰਮਾਂ ਸਬੰਧੀ ਚਾਨਣਾ ਪਾਉਂਦੇ ਹੋਏ 1 ਅਪ੍ਰੈਲ 2024 ਤੋਂ 31 ਮਾਰਚ 2025 ਤੱਕ ਦੀ ਦਫ਼ਤਰ ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ ਅਤੇ ਵਿਭਾਗ ਵਿੱਚ ਚਲ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਸਦਨ ਨੂੰ ਜਾਣੂ ਕਰਵਾਇਆ।ਮੀਟਿੰਗ ਦੌਰਾਨ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਵੱਲੋਂ ਉਠਾਏ ਗਏ ਵੱਖ-ਵੱਖ ਮੁੱਦਿਆਂ ਉਪਰ ਡਿਪਟੀ ਕਮਿਸ਼ਨਰ ਵੱਲੋਂ ਸਬੰਧਤ ਵਿਭਾਗਾਂ ਨੂੰ ਹਦਾਇਤਾਂ ਜਾਰੀ ਕਰਦੇ ਹੋਏ ਇਹਨਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕਰਨ ਦੇ ਆਦੇਸ਼ ਦਿੱਤੇ ਗਏ।ਇਸ ਮੀਟਿੰਗ ਦੌਰਾਨ ਨਵੀਨ ਪਾਲ ਸਿੰਘ, ਡੀ.ਐਸ.ਪੀ, ਕਰਨਲ ਹਰਦੇਵ ਸਿੰਘ, ਉਪ ਪ੍ਰਧਾਨ, ਜ਼ਿਲ੍ਹਾ ਸੈਨਿਕ ਬੋਰਡ, ਸ੍ਰੀਮਤੀ ਇੰਦੂ ਡੀ.ਈ.ਓ (ਸੈਕੰਡਰੀ), ਸ੍ਰੀਮਤੀ ਪਰਮਿੰਦਰ ਕੌਰ, ਡੀ.ਈ.ਓ (ਪ੍ਰਾਇਮਰੀ), ਅਰਸ਼ਜੀਤ ਸਿੰਘ, ਜੀ.ਐਮ ਉਦਯੋਗ ਵਿਭਾਗ, ਰਾਕੇਸ਼ ਕੁਮਾਰ, ਸੁਪਰਡੈਂਟ ਮੀਟਿੰਗ ਵਿੱਚ ਹਾਜ਼ਰ ਹੋਏ ।



## ਬੱਚਿਆਂ ਦੀ ਸੁਰੱਖਿਆ ਲਈ ਸਕੂਲੀ ਵਾਹਨਾਂ ਦੀ ਚੈਕਿੰਗ, 11 ਬੱਸਾਂ ਦੇ ਕੱਟੇ ਚਲਾਨ



ਮਲੋਟ (ਓਮ ਪ੍ਰਕਾਸ਼ ਸ਼ੇਖੂ)-ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਜੀਤ ਕਪਲਿਸ਼ (ਆਈ ਏ ਐਸ) ਤੇ ਸੀਨੀਅਰ ਕਪਤਾਨ ਪੁਲਸ ਡਾ. ਅਖਿਲ ਚੋਧਰੀ (ਆਈ ਪੀ ਐਸ) ਦੇ ਸਾਂਝੇ ਉਪਰਾਲੇ ਅਧੀਨ ਸੇਫ ਸਕੂਲ ਵਾਹਨ ਪਾਲਸੀ ਨੂੰ ਸਖਤੀ ਨਾਲ ਲਾਗੂ ਕਰਨ ਲਈ ਆਕਾਲ ਅਕੈਡਮੀ ਸਕੂਲ ਤੇ ਡੀ ਏ ਵੀ ਪਬਲਿਕ ਸਕੂਲ ਵਿਖੇ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ 11 ਸਕੂਲੀ ਬੱਸਾਂ ਦੇ ਚਲਾਨ ਕੱਟੇ ਗਏ।ਇਸ ਦੌਰਾਨ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਸੁਨਿਸ਼ਚਤ ਕਰਨ ਲਈ ਤੇ ਸੇਫ ਸਕੂਲ ਵਾਹਨ ਪਾਲਿਸੀ ਨੂੰ ਲਾਗੂ ਕਰਨ ਲਈ ਸਾਰੇ ਸਕੂਲ ਵੈਨਾਂ ਦੇ ਡਰਾਇਵਰਾਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਗਰੂਕ ਵੀ ਕੀਤਾ ਗਿਆ ਤੇ ਨਾਲ ਹੀ ਹਦਾਇਤ ਵੀ ਕੀਤੀ ਗਈ ਜੋ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਨੂੰ ਪੂਰਾ ਨਹੀਂ ਕਰਨਗੇ, ਉਨ੍ਹਾਂ ਵਿਰੁੱਧ ਸਖਤੀ ਨਾਲ ਕਾਰਵਾਈ ਕੀਤੀ ਜਾਵੇਗੀ।ਇਸ ਦੌਰਾਨ ਸੇਫ ਸਕੂਲ ਵਾਹਨ ਪਾਲਿਸੀ ਦੀ ਟੀਮ ਵੱਲੋਂ ਸਕੂਲੀ ਵੈਨਾਂ ਦੇ ਡਰਾਇਵਰਾਂ ਨੂੰ ਦੱਸਿਆ ਗਿਆ ਕਿ ਇਸ ਪਾਲਿਸੀ ਤਹਿਤ ਬੱਸ ਦੇ ਪਿੱਛੇ ਤੇ ਅੱਗੇ ਸਕੂਲ ਬੱਸ ਲਿਖਿਆ ਹੋਣਾ ਲਾਜ਼ਮੀ ਹੈ, ਜੇਕਰ ਇਹ ਕਿਰਾਏ 'ਤੇ ਲਈ ਗਈ ਬੱਸ ਹੈ, ਤਾਂ 'ਔਨ ਸਕੂਲ ਡਿਊਟੀ' ਸਪਸ਼ਟ ਤੌਰ 'ਤੇ ਦਰਸਾਇਆ ਜਾਣਾ ਲਾਜ਼ਮੀ ਹੈ।ਬੱਸ ਵਿੱਚ ਇੱਕ ਫਸਟ-ਏਡ-ਬਾਕਸ ਹੋਣਾ ਲਾਜ਼ਮੀ ਹੈ।ਬੱਸ ਵਿੱਚ ਇੱਕ ਸੀ ਸੀ ਟੀ ਵੀ ਕੈਮਰਾ ਹੋਣਾ ਲਾਜ਼ਮੀ ਹੈ। ਬੱਸ ਦੀਆਂ ਖਿੜਕੀਆਂ ਨੂੰ ਹੋਰੀਜ਼ੋਂਟਲ ਗਰਿੱਲਾਂ ਨਾਲ ਫਿੱਟ ਕੀਤਾ ਜਾਣਾ ਲਾਜ਼ਮੀ ਹੈ। ਬੱਸ ਵਿੱਚ ਅੱਗ ਬੁਝਾਊ ਯੰਤਰ ਹੋਣਾ ਲਾਜ਼ਮੀ ਹੈ।ਬੱਸ 'ਤੇ ਸਕੂਲ ਦਾ ਨਾਮ ਤੇ ਟੈਲੀਫੋਨ ਨੰਬਰ ਲਿਖਿਆ ਹੋਣਾ ਚਾਹੀਦਾ ਹੈ ਅਤੇ ਟਰਾਂਸਪੋਰਟ ਅਥਾਰਟੀ ਦਾ ਫ਼ੋਨ ਨੰਬਰ ਵੀ ਲਾਜ਼ਮੀ ਹੋਣਾ ਚਾਹੀਦਾ ਹੈ।

## ਕਾਂਗਰਸ, ਭਾਜਪਾ ਤੇ ਅਕਾਲੀ ਦਲ ਨੇ ਦਲਿਤਾਂ ਨੂੰ ਵੋਟਾਂ ਲਈ ਹੀ ਵਰਤਿਆ : ਡਾ. ਬਲਬੀਰ ਸਿੰਘ

**ਮਾਨ ਸਰਕਾਰ ਨੇ ਦਲਿਤ ਨੌਜਵਾਨ ਵਕੀਲਾਂ ਦੀ ਤਰੱਕੀ ਦੇ ਰਾਹ ਦਾ ਰੋੜਾ ਦੂਰ ਕੀਤਾ**



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪਿਛਲੀਆਂ ਸਰਕਾਰਾਂ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਕਾਂਗਰਸ, ਭਾਜਪਾ ਤੇ ਅਕਾਲੀ ਦਲ ਨੇ ਦਲਿਤਾਂ ਨੂੰ ਹਮੇਸ਼ਾ ਵੋਟਾਂ ਲਈ ਹੀ ਵਰਤਿਆ ਹੈ।ਅੱਜ ਇੱਥੇ ਸੱਦੀ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਦੀ ਇਨਲਾਬੀ ਸੋਚ ਸਦਕਾ ਸੂਬੇ ਦੇ ਅਨੁਸੂਚਿਤ ਜਾਤੀਆਂ ਤੇ ਜਨ ਜਾਤੀਆਂ ਦੇ ਲੋਕਾਂ ਨੂੰ ਸਮਾਜਿਕ ਨਿਆਂ ਦੇ ਮੱਦੇਨਜ਼ਰ ਉਨ੍ਹਾਂ ਦਾ ਬਣਦਾ ਹੱਕ ਦਿੱਤਾ ਹੈ।ਸਿਹਤ ਤੇ ਪਰਿਵਾਰ ਭਲਾਈ ਮੰਤਰੀ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਦਲਿਤ ਵਰਗਾਂ ਦੇ ਨੌਜਵਾਨ ਵਕੀਲਾਂ ਦੀ ਤਰੱਕੀ ਦੀ ਰਾਹ 'ਚ ਅੜਕਿਆ ਰੋੜਾ ਦੂਰ ਕਰਦਿਆਂ ਪੰਜਾਬ ਸਰਕਾਰ ਨੇ 2017 ਦੇ ਐਕਟ ਵਿੱਚ ਸੋਧ ਕਰਕੇ ਪਹਿਲੀ ਵਾਰ ਲਾਅ ਅਫ਼ਸਰਾਂ ਦੀਆਂ ਅਸਾਮੀਆਂ ਵਿੱਚ ਰਾਖਵੇਂਕਰਨ ਦੀ ਵਿਵਸਥਾ ਲਿਆਂਦੀ।ਉਨ੍ਹਾਂ ਕਿਹਾ ਕਿ ਇਹ ਸਭ ਇਸ ਲਈ ਸੰਭਵ ਹੋ ਸਕਿਆ, ਕਿਉਂਕਿ ਆਮ ਆਦਮੀ ਪਾਰਟੀ ਦੀ ਨੀਅਤ ਤੇ ਨੀਤੀ ਇਮਾਨਦਾਰੀ ਵਾਲੀ ਹੈ ਅਤੇ ਸਰਕਾਰ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ 'ਤੇ ਪਹਿਰਾ ਦਿੱਤਾ ਹੈ।ਡਾ. ਬਲਬੀਰ ਸਿੰਘ ਨੇ ਪੰਜਾਬ ਸਰਕਾਰ ਦੇ ਫੈਸਲੇ ਦਾ ਵਿਸਥਾਰ ਦੱਸਦਿਆਂ ਆਖਿਆ ਕਿ 2017 'ਚ ਆਮ ਆਦਮੀ ਪਾਰਟੀ ਨੇ ਵਿਰੋਧੀ ਧਿਰ 'ਚ ਹੁੰਦਿਆਂ ਤਤਕਾਲੀ ਕਾਂਗਰਸ ਸਰਕਾਰ ਨੂੰ ਐਕਟ 'ਚ ਸੋਧ ਬਾਰੇ ਸੁਝਾਓ ਦਿੱਤਾ ਸੀ, ਪ੍ਰੰਤੂ ਕਾਂਗਰਸ ਨੇ ਦਲਿਤ ਵਿਰੋਧੀ ਸੋਚ ਦਾ ਪ੍ਰਗਟਾਵਾ ਕਰਦਿਆਂ ਇਸ ਨੂੰ ਲਾਂਭੇ ਕਰ ਦਿੱਤਾ।ਉਨ੍ਹਾਂ ਦੱਸਿਆ ਕਿ ਹੁਣ ਜਦੋਂ 2022 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਹੋਂਦ 'ਚ ਆਈ ਤਾਂ ਹਾਈ ਕੋਰਟ, ਐਡਵੋਕੇਟ ਦਫ਼ਤਰ 'ਚ ਵਕੀਲਾਂ ਤੇ ਸਰਕਾਰੀ ਵਕੀਲਾਂ ਦੀ ਭਰਤੀ ਲਈ ਐੱਸ ਸੀ, ਐੱਸ ਟੀ ਲਈ 58 ਅਸਾਮੀਆਂ ਦਾ ਰਾਖਵਾਂਕਰਨ ਦਾ ਲਾਭ ਦਿੱਤਾ ਗਿਆ, ਪ੍ਰੰਤੂ ਇਸ ਦੇ ਬਾਵਜੂਦ 15 ਅਸਾਮੀਆਂ ਆਮਦਨ ਦੇ ਸਖ਼ਤ ਮਾਪਦੰਡਾਂ ਕਰਕੇ ਖਾਲੀ ਰਹਿ ਗਈਆਂ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਲਈ ਹੁਣ ਮਾਨ ਸਰਕਾਰ ਨੇ ਮਾਪਦੰਡਾਂ 'ਚ ਨਰਮੀ ਤੇ ਢਿੱਲ ਲਿਆ ਕੇ ਐਡਵੋਕੇਟ ਜਨਰਲ ਦੇ ਅਹੁਦੇ ਲਈ ਆਮਦਨ 20 ਲੱਖ ਰੁਪਏ ਸਾਲਾਨਾ, ਐਡੀਸ਼ਨਲ ਐਡਵੋਕੇਟ ਜਨਰਲ ਲਈ 15 ਲੱਖ ਰੁਪਏ, ਸੀਨੀਅਰ ਡਿਪਟੀ ਐਡਵੋਕੇਟ ਜਨਰਲ ਲਈ 10 ਲੱਖ ਰੁਪਏ, ਡਿਪਟੀ ਐਡਵੋਕੇਟ ਜਨਰਲ ਲਈ 7 ਲੱਖ ਰੁਪਏ, ਸਹਾਇਕ ਐਡਵੋਕੇਟ ਜਨਰਲ ਲਈ 3.5 ਲੱਖ ਰੁਪਏ ਤੇ ਐਡਵੋਕੇਟ ਆਨ ਰਿਕਾਰਡ ਦੀ ਸਾਲਾਨਾ ਆਮਦਨ ਦੀ ਸ਼ਰਤ ਨੂੰ ਅੱਧੀ ਆਮਦਨ ਦੀ ਸ਼ਰਤ ਵਿੱਚ ਬਦਲ ਦਿੱਤਾ, ਤਾਂ ਕਿ ਬੈਕਲਾਗ ਦੀਆਂ ਅਸਾਮੀਆਂ ਵੀ ਹੁਣ ਭਰੀਆਂ ਜਾ ਸਕਣ।ਉਨ੍ਹਾਂ ਕਿਹਾ ਕਿ ਇਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵਧਾਈ ਦੇ ਪਾਤਰ ਹਨ ਅਤੇ ਉਨ੍ਹਾਂ ਸਮੂਹ ਦਲਿਤ ਭਾਈਚਾਰੇ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

## ਲੁਧਿਆਣਾ ਜ਼ਿਲ੍ਹੇ 'ਚ 9 ਜੂਨ ਤੋਂ ਸ਼ੁਰੂ ਹੋਵੇਗੀ ਝੋਨੇ ਦੀ ਲਵਾਈ

ਜਗਰਾਉਂ (ਨਛੱਤਰ ਸੰਧੂ)-ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਡਾ. ਗੁਰਦੀਪ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ ਝੋਨੇ ਦੀ ਲਵਾਈ ਸਬੰਧੀ ਪੰਜਾਬ ਨੂੰ ਤਿੰਨ ਭਾਗਾਂ ਵਿੱਚ ਵੰਡਿਆ ਗਿਆ ਹੈ, ਜਿਸ ਅਨੁਸਾਰ ਲੁਧਿਆਣਾ ਜ਼ਿਲ੍ਹੇ ਨੂੰ ਤੀਜੇ ਜ਼ੋਨ ਵਿੱਚ ਰੱਖਿਆ ਗਿਆ ਹੈ।ਇਸ ਮੁਤਾਬਕ ਜ਼ਿਲ੍ਹੇ ਵਿੱਚ ਝੋਨੇ ਦੀ ਲਵਾਈ 9 ਜੂਨ ਤੋਂ ਸ਼ੁਰੂ ਹੈ। ਪੰਜਾਬ ਸਰਕਾਰ ਵੱਲੋਂ ਝੋਨੇ ਦੀ ਬਿਜਾਈ ਲਈ ਅੱਠ ਘੰਟੇ ਬਿਜਲੀ ਦਿੱਤੀ ਜਾਵੇਗੀ।ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀਆਂ ਸਿਰਫ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਪ੍ਰਮਾਣਿਤ ਪੀ ਆਰ ਕਿਸਮਾਂ ਦੀ ਹੀ ਬਿਜਾਈ ਕਰਨ ਤੇ ਗੈਰ ਪ੍ਰਮਾਣਿਤ ਕਿਸਮਾਂ ਦੀ ਬਿਜਾਈ ਨਾ ਕਰਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀਆਂ ਗੈਰ ਪ੍ਰਵਾਨਿਤ, ਗ਼ੈਰ ਸਿਫਾਰਿਸ਼ ਸੁਧਾ, ਪੂਸਾ 44 ਤੇ ਹਾਈਬ੍ਰਿਡ ਕਿਸਮਾਂ ਉੱਪਰ ਪੂਰਨ ਪਾਬੰਦੀ ਲਗਾ ਦਿੱਤੀ ਗਈ ਹੈ।ਇਸ ਕਰਕੇ ਕਿਸਾਨ ਵੀਰ ਪ੍ਰਮਾਣਿਤ ਕਿਸਮਾਂ ਨੂੰ ਹੀ ਜ਼ਿਆਦਾ ਤਰਜੀਹ ਦੇਣ। ਜੇਕਰ ਕੋਈ ਵੀ ਡੀਲਰ ਨਿਯਮਾਂ ਦੀ ਉਲੰਘਣਾ ਕਰਦਾ, ਗੈਰ ਪ੍ਰਮਾਣਿਤ, ਬੈਨ ਕੀਤੀਆਂ ਕਿਸਮਾਂ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਉਨ੍ਹਾਂ ਖਿਲਾਫ ਕਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ ਤੇ ਕਿਸੇ ਕਿਸਮ ਦੀ ਅਣਗਹਿਲੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਦੀਆਂ ਪਦਉਨਤੀਆਂ ਸੀਨੀਆਰਤਾ ਅਨੁਸਾਰ ਕੀਤੀਆਂ ਜਾਣ : ਅਮਨਦੀਪ ਸ਼ਰਮਾ



ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਭਰ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਦੀਆਂ 228 ਵਿੱਚੋਂ 113 ਦੇ ਕਰੀਬ ਅਸਾਮੀਆਂ ਖਾਲੀ ਹੋਣ 'ਤੇ ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜ਼ਿਲ੍ਹਾ ਪੱਧਰੀ ਸੀਨੀਆਰਤਾ ਸੂਚੀ ਬਣਾ ਕੇ ਬਲਾਕ ਸਿੱਖਿਆ ਅਫ਼ਸਰਾਂ ਦੀਆਂ ਤਰੱਕੀਆਂ ਕੀਤੀਆਂ ਜਾਣ।ਜਥੇਬੰਦੀ ਪੰਜਾਬ ਦੇ ਜੁਆਇੰਟ ਸਕੱਤਰ ਰਕੇਸ਼ ਗੋਇਲ ਬਰੇਟਾ ਨੇ ਕਿਹਾ ਕਿ ਜਿਨ੍ਹਾਂ ਜ਼ਿਲ੍ਹਿਆਂ ਨੇ ਪਹਿਲਾਂ ਤਰੱਕੀਆਂ ਕੀਤੀਆਂ ਹਨ, ਉਨ੍ਹਾਂ ਜ਼ਿਲ੍ਹਿਆਂ ਵਿੱਚੋਂ ਹੀ ਬਲਾਕ ਸਿੱਖਿਆ ਅਫਸਰ ਬਣ ਰਹੇ ਹਨ, ਜਿਸ ਦਾ ਕਾਰਨ ਪ੍ਰਾਇਮਰੀ ਕਾਡਰ ਦੀ ਪੋਸਟ ਜ਼ਿਲ੍ਹਾ ਪੱਧਰੀ ਹੋਣਾ ਤੇ ਤਰੱਕੀਆਂ ਸਟੇਟ ਪੱਧਰੀ ਹੋਣਾ ਹੈ।ਉਨ੍ਹਾਂ ਕਿਹਾ ਕਿ ਇੱਕੋ ਭਰਤੀ ਵਿੱਚ ਭਰਤੀ ਹੋਣ ਵਾਲੇ ਬਹੁਤੇ ਅਧਿਆਪਕ ਅਜੇ ਤੱਕ ਸੈਂਟਰ ਹੈੱਡ ਟੀਚਰ ਨਹੀਂ ਬਣ ਸਕੇ।ਸੁਖਵਿੰਦਰ ਸਿੰਗਲਾ ਨੇ ਕਿਹਾ ਕਿ ਬਲਾਕ ਸਿੱਖਿਆ ਅਫਸਰਾਂ ਦੀਆਂ ਤਰੱਕੀਆਂ ਦਾ ਪ੍ਰਮੋਸ਼ਨ ਕੋਟਾ ਵੀ 75% ਕੀਤਾ ਜਾਵੇ।ਉਨ੍ਹਾ ਕਿਹਾ ਕਿ ਪੰਜਾਬ ਦੇ ਕਈ ਜ਼ਿਲ੍ਹੇ ਜਿਵੇਂ ਮਾਨਸਾ ਤੇ ਰੋਪੜ, ਬਠਿੰਡਾ, ਮਲੇਰਕੋਟਲਾ ਜ਼ਿਲ੍ਹੇ ਵਿੱਚ ਪੂਰੇ ਜ਼ਿਲ੍ਹੇ ਨੂੰ ਸਿਰਫ ਇੱਕ ਇੱਕ ਬਲਾਕ ਸਿੱਖਿਆ ਅਫਸਰ ਹੀ ਚਲਾ ਰਹੇ ਹਨ।ਇਸ ਮੌਕੇ ਜਥੇਬੰਦੀ ਵੱਲੋਂ ਸਿੱਖਿਆ ਮੰਤਰੀ ਦੇ ਨਾਂਅ ਹਲਕਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧਰਾਮ ਰਾਹੀਂ ਇੱਕ ਮੰਗ ਪੱਤਰ ਵੀ ਭੇਜਿਆ ਗਿਆ।ਵਿਧਾਇਕ ਨੇ ਵਿਸ਼ਵਾਸ ਦਿਵਾਇਆ ਕਿ ਪ੍ਰਾਇਮਰੀ ਅਧਿਆਪਕਾਂ ਦੇ ਇਨ੍ਹਾਂ ਮਸਲਿਆਂ ਸੰਬੰਧੀ ਸਿੱਖਿਆ ਮੰਤਰੀ ਨਾਲ ਗੱਲਬਾਤ ਕੀਤੀ ਜਾਵੇਗੀ। ਸੀਨੀਅਰ ਅਧਿਆਪਕਾਂ ਨੂੰ ਜਲਦੀ ਹੀ ਉਨ੍ਹਾਂ ਦਾ ਹੱਕ ਦਿਵਾਇਆ ਜਾਵੇਗਾ।ਇਸ ਮੌਕੇ ਸੁਖਵਿੰਦਰ ਸਿੰਗਲਾ ਬਰੇਟਾ, ਗੁਰਜੰਟ ਸਿੰਘ ਬੱਛੋਆਣਾ ਆਦਿ ਅਧਿਆਪਕ ਹਾਜ਼ਰ ਸਨ।

## ਅਕਾਲ ਕੌਂਸਲ ਮਸਤੂਆਣਾ ਸਾਹਿਬ ਦੇ ਮੁੱਖ ਸਕੱਤਰ ਦਾ ਸਹਿਯੋਗ ਲਈ ਕੀਤਾ ਧੰਨਵਾਦ



ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਮਸਤੂਆਣਾ ਸਾਹਿਬ ਵਿਖੇ ਭਾਰਤੀਆ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਮਨਾਏ ਗਏ ਜਨਮ ਦਿਨ ਵਿੱਚ ਪੂਰਨ ਸਹਿਯੋਗ ਦੇਣ ਲਈ ਭਾਰਤੀਆ ਅੰਬੇਡਕਰ ਮਿਸ਼ਨ ਭਾਰਤ ਦੇ ਸੀਨੀਅਰ ਆਗੂਆਂ ਵੱਲੋਂ ਅਕਾਲ ਕੌਂਸਲ ਮਸਤੂਆਣਾ ਸਾਹਿਬ ਦੇ ਮੁੱਖ ਸਕੱਤਰ ਜਸਵੰਤ ਸਿੰਘ ਖਹਿਰਾ ਦਾ ਮੂੰਹ ਮਿੱਠਾ ਕਰਵਾਇਆ ਤੇ ਪੂਰਨ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਖਹਿਰਾ ਨੇ ਜਥੇਬੰਦੀ ਦੇ ਆਗੂਆਂ ਨੂੰ ਕਿਹਾ ਕਿ ਜਥੇਬੰਦੀ ਵੱਲੋਂ ਕੋਈ ਵੀ ਧਾਰਮਿਕ ਸਮਾਗਮ ਜਾਂ ਸਮਾਜਿਕ ਸਮਾਗਮ ਕਰਵਾਇਆ ਜਾਵੇਗਾ ਤਾਂ ਅਕਾਲ ਕੌਂਸਲ ਵੱਲੋਂ ਭਰਵਾਂ ਸਹਿਯੋਗ ਦਿੱਤਾ ਜਾਵੇਗਾ।ਖਹਿਰਾ ਨੇ ਕਿਹਾ ਕਿ ਪਿੰਡ-ਪਿੰਡ ਦਸਤਾਰ ਸਜਾਉਣ ਲਈ ਤੇ ਵੱਧ ਤੋਂ ਵੱਧ ਅੰਮ੍ਰਿਤ ਸੰਚਾਰ ਸਮਾਗਮ ਬਾਬਾ ਸਾਹਿਬ ਡਾ. ਭੀਮ ਅੰਬੇਡਕਰ ਮਿਸ਼ਨ ਵੱਲੋਂ ਕਰਵਾਏ ਜਾਣ ਤਾਂ ਜੋ ਨੌਜਵਾਨ ਵਰਗ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ।ਇਸ ਮੌਕੇ ਪਾਲੀ ਸਿੰਘ ਕਮਲ ਸਰਪੰਚ ਉਭਾਵਾਲ, ਜਗਸੀਰ ਸਿੰਘ ਖੇੜੀ ਚੰਦਵਾ, ਸਤਿਗੁਰ ਸਿੰਘ ਖੇੜੀ ਚੰਦਵਾ, ਦੇਪੀ ਸੰਗਰੂਰ ਹਾਜ਼ਰ ਸਨ।

## ਨਸ਼ਿਆਂ ਖਿਲਾਫ ਕਾਰਵਾਈ ਨਾ ਕਰਨ 'ਤੇ ਐੱਸ ਐੱਚ ਓ ਤੇ ਸਹਾਇਕ ਮੁਅੱਤਲ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਜੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਜਿੱਥੇ ਨਸ਼ਿਆਂ ਨੂੰ ਰੋਕਣ ਲਈ ਜੰਗੀ ਪੱਧਰ 'ਤੇ ਲੜਾਈ ਲੜੀ ਜਾ ਰਹੀ ਹੈ, ਉੱਥੇ ਹੀ ਨਸ਼ਾ ਵੇਚਣ ਵਾਲਿਆਂ ਖਿਲਾਫ ਕਾਰਵਾਈ ਨਾ ਕਰਨ 'ਤੇ ਐੱਸ.ਐੱਚ.ਓ. ਤੇ ਸਹਾਇਕ ਐੱਸ.ਐੱਚ.ਓ. ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।ਇਹ ਜਾਣਕਾਰੀ ਅਮਨੀਤ ਕੌਂਡਲ ਐੱਸ.ਐੱਸ.ਪੀ. ਬਠਿੰਡਾ ਨੇ ਸਾਂਝੀ ਕੀਤੀ।ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਬਠਿੰਡਾ ਦੇ ਧੋਬੀਆਣਾ ਬਸਤੀ ਨੂੰ ਹੌਟਸਪੌਟ ਏਰੀਆ ਘੋਸ਼ਿਤ ਕੀਤਾ ਗਿਆ ਹੈ। ਆਮ ਲੋਕਾਂ ਵੱਲੋਂ ਇਥੇ ਸ਼ਰੇਆਮ ਨਸ਼ਾ ਵਿਕਣ ਸਬੰਧੀ ਸ਼ਿਕਾਇਤਾਂ ਕੀਤੀਆਂ ਜਾ ਰਹੀਆਂ ਸਨ, ਜਿਸ ਦੀ ਮੁਕੰਮਲ ਪੜਤਾਲ ਕਰਨ ਉਪਰੰਤ ਕਾਰਵਾਈ ਕਰਦਿਆਂ ਇੰਸਪੈਕਟਰ ਰਵਿੰਦਰ ਸਿੰਘ ਮੁੱਖ ਅਫਸਰ ਥਾਣਾ ਸਿਵਲ ਲਾਈਨ ਬਠਿੰਡਾ ਅਤੇ ਐੱਸ ਆਈ ਬੇਅੰਤ ਸਿੰਘ ਸਹਾਇਕ ਮੁੱਖ ਅਫਸਰ ਥਾਣਾ ਸਿਵਲ ਲਾਈਨ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।ਇਸ ਮੌਕੇ ਐੱਸ ਐੱਸ ਪੀ ਬਠਿੰਡਾ ਨੇ ਦੱਸਿਆ ਕਿ ਜੇਕਰ ਕੋਈ ਵੀ ਪੁਲਸ ਅਫ਼ਸਰ ਭਵਿੱਖ ਵਿੱਚ ਇਸ ਤਰ੍ਹਾਂ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਸਖਤ ਤੋਂ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਉਨ੍ਹਾਂ ਆਮ ਲੋਕਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਤੁਹਾਡੇ ਆਸ-ਪਾਸ ਕਿਸੇ ਨਸ਼ਾ ਤਸਕਰ ਵੱਲੋਂ ਨਸ਼ੇ ਦਾ ਕਾਰੋਬਾਰ ਕੀਤਾ ਜਾਂਦਾ ਹੈ ਤਾਂ 91155-02252 'ਤੇ ਆਪਣੀ ਸ਼ਿਕਾਇਤ ਦਰਜ ਕਰ ਸਕਦਾ ਹੈ, ਉਸ ਦਾ ਨਾਮ ਪਤਾ ਗੁਪਤ ਰੱਖਿਆ ਜਾਵੇਗਾ।

## ਬੀਬੀ ਕਿਰਨਜੀਤ ਕੌਰ ਮੈਮੋਰੀਅਲ ਸਕੂਲ ਵਿਖੇ ਵੱਖ-ਵੱਖ ਮੁਕਾਬਲੇ ਕਰਵਾਏ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਸ਼ਹੀਦ ਬੀਬੀ ਕਿਰਨਜੀਤ ਕੌਰ ਮੈਮੋਰੀਅਲ ਸਕੂਲ ਮਹਿਲ ਕਲਾਂ ਵਿਖੇ ਯੁੱਧ ਨਸ਼ਿਆਂ ਵਿਰੁੱਧ ਪ੍ਰੋਗਰਾਮ ਪ੍ਰਿੰਸੀਪਲ ਰਜਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਐੱਸ ਡੀ ਐੱਮ ਹਰਕੰਵਲਜੀਤ ਸਿੰਘ ਸ਼ਾਮਲ ਹੋਏ।ਉਨ੍ਹਾਂ ਇਸ ਮੌਕੇ ਬੋਲਦਿਆਂ ਕਿਹਾ ਕਿ ਨੌਜਵਾਨ ਵਰਗ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਵਿੱਦਿਆ, ਖੇਡਾਂ ਦੇ ਖੇਤਰ ਵਿੱਚ ਨਾਂਅ ਰੌਸ਼ਨ ਕਰਨਾ ਚਾਹੀਦਾ ਹੈ।ਇਸ ਮੌਕੇ ਪੇਂਟਿੰਗ ਤੇ ਨਾਟਕ, ਮੁਕਾਬਲੇ ਕਰਵਾਏ ਗਏ।ਇਸ ਮੌਕੇ ਨਾਟਕ ਮੁਕਾਬਲੇ 'ਚ ਮਹਿਲ ਕਲਾਂ ਸਕੂਲ ਪਹਿਲੀ, ਸਰਕਾਰੀ ਹਾਈ ਸਕੂਲ ਮਹਿਲ ਖੁਰਦ ਦੂਜੀ, ਗੁਰਮ ਸਕੂਲ ਤੀਜੀ, ਸੇਖਾ ਸਕੂਲ ਨੇ ਚੌਥੀ ਪੁਜ਼ੀਸ਼ਨ ਹਾਸਲ ਕੀਤੀ।ਪੇਂਟਿੰਗ ਮੁਕਾਬਲੇ 'ਚ ਭਾਰਤੀ ਸਕੂਲ ਮਹਿਲ ਕਲਾਂ ਪਹਿਲੀ ਪੁਜ਼ੀਸ਼ਨ, ਤਰਨਵੀਰ ਕੌਰ ਸਰਕਾਰੀ ਹਾਈ ਸਕੂਲ ਵਜੀਦਕੇ ਖੁਰਦ ਦੂਜੀ ਤੇ ਹਰਪ੍ਰੀਤ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਮੀਦੀ ਨੇ ਤੀਜੀ ਪੁਜ਼ੀਸ਼ਨ ਹਾਸਲ ਕੀਤੀ।ਸਲੋਗਨ ਮੁਕਾਬਲੇ 'ਚ ਸਿਮਰਤ ਕੌਰ ਸਰਕਾਰੀ ਹਾਈ ਸਕੂਲ ਵਜੀਦ ਕੇ ਖੁਰਦ ਨੇ ਪਹਿਲਾ, ਦਿਲਪ੍ਰੀਤ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਠੀਕਰੀਵਾਲ ਦੂਜਾ, ਜੱਸੀ ਸਿੰਘ ਸਰਕਾਰੀ ਹਾਈ ਸਕੂਲ ਮਹਿਲ ਖੁਰਦ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਐੱਸ ਐੱਚ ਓ ਜਗਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ।ਉਨ੍ਹਾਂ ਇਲਾਕੇ ਦੀਆਂ ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ, ਸਮਾਜ ਸੇਵੀ ਸੰਸਥਾਵਾਂ ਨੂੰ ਇਸ ਮੁਹਿੰਮ ਦੀ ਸਫਲਤਾ ਲਈ ਅੱਗੇ ਆਉਣ ਦੀ ਅਪੀਲ ਕੀਤੀ।ਇਸ ਮੌਕੇ ਸਕੂਲ ਕਮੇਟੀ ਦੇ ਚੇਅਰਮੈਨ ਜਗਸੀਰ ਸਿੰਘ ਖਾਲਸਾ, ਕੁਲਦੀਪ ਸਿੰਘ ਕਮਲ, ਇੰਚਾਰਜ ਮੈਡਮ ਪਰਵਿੰਦਰ ਕੌਰ, ਤੇਜਿੰਦਰ ਸਿੰਘ ਛਾਪਾ, ਤਰਲੋਕ ਸਿੰਘ, ਸੁਖਵਿੰਦਰ ਸਿੰਘ ਗੁਰਮਾ, ਦਰਸ਼ਨ ਸਿੰਘ, ਪ੍ਰਗਟ ਸਿੰਘ ਸਹਿਜੜਾ ਆਦਿ ਹਾਜ਼ਰ ਸਨ।

## ਹੰਬੋਵਾਲ ਦੀ ਪੰਚਾਇਤ ਵੱਲੋਂ ਆਮ ਅਜਲਾਸ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਬਲਾਕ ਮਾਛੀਵਾੜਾ ਸਾਹਿਬ ਅਧੀਨ ਪੈਂਦੇ ਪਿੰਡ ਹੰਬੋਵਾਲ ਦੀ ਗ੍ਰਾਮ ਪੰਚਾਇਤ ਨੇ ਆਮ ਅਜਲਾਸ ਬੁਲਾਇਆ, ਜਿਸ ਵਿੱਚ ਪਿੰਡ ਦੇ ਵਿਕਾਸ ਤੇ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਸਰਪੰਚ ਪਵਨਦੀਪ ਕੌਰ ਨੇ ਦੱਸਿਆ ਕਿ ਸਮੂਹ ਪੰਚਾਇਤ ਮੈਂਬਰਾਂ ਤੇ ਪਿੰਡ ਵਾਸੀਆਂ ਦੀ ਸਲਾਹ ਅਨੁਸਾਰ, ਜੋ ਪਹਿਲ ਦੇ ਅਧਾਰ 'ਤੇ ਹੋਣ ਵਾਲੇ ਕਾਰਜ ਹਨ, ਉਹ ਕਰਵਾਏ ਜਾਣਗੇ। ਇਸ ਤੋਂ ਇਲਾਵਾ ਇਹ ਵੀ ਪਾਸ ਕੀਤਾ ਕਿ ਜੋ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ਼ੁਰੂ ਕੀਤੀ ਹੈ, ਉਸ ਵਿਚ ਪੁਲਸ ਪ੍ਰਸ਼ਾਸਨ ਦਾ ਸਾਥ ਦਿੱਤਾ ਜਾਵੇਗਾ ਅਤੇ ਜੇਕਰ ਪਿੰਡ ਦਾ ਕੋਈ ਵਿਅਕਤੀ ਨਸ਼ਾ ਵੇਚਦਾ ਪਾਇਆ ਗਿਆ ਤਾਂ ਉਸ ਦੀ ਨਾ ਕੋਈ ਜ਼ਮਾਨਤ ਦਿੱਤੀ ਜਾਵੇਗੀ ਅਤੇ ਨਾ ਹੀ ਉਸ ਦਾ ਸਾਥ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਪਿੰਡ ਦੀ ਜੋ ਸ਼ਾਮਲਾਤ ਜ਼ਮੀਨ ਹੈ, ਉਹ ਵੀ ਖੁੱਲ੍ਹੀ ਬੋਲੀ ਰਾਹੀਂ ਚਕੌਤੇ 'ਤੇ ਦਿੱਤੀ ਜਾਵੇਗੀ। ਇਸ ਮੌਕੇ ਸਰਬਜੀਤ ਸਿੰਘ, ਰਵੀ ਦੱਤ, ਅੰਜੂ ਰਾਣੀ, ਕਮਲਜੀਤ ਸਿੰਘ, ਲਵਲੀਨ ਕੁਮਾਰ ਮੌਜੂਦ ਸਨ।

## ਐੱਨ ਸੀ ਸੀ ਵਾਸਤੇ ਵਿਦਿਆਰਥੀਆਂ ਦੀ ਚੋਣ



ਸਮਾਣਾ (ਇਕਬਾਲ ਸਿੰਘ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਐੱਨ.ਸੀ.ਸੀ. ਵਾਸਤੇ ਵਿਦਿਆਰਥੀਆਂ ਦੀ ਚੋਣ ਕੀਤੀ ਗਈ।ਇਸ ਵਿੱਚ ਸਕੂਲ ਦੇ 50 ਨਵੇਂ ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਵਿੱਚੋਂ 25 ਵਿਦਿਆਰਥੀਆਂ ਨੂੰ ਐੱਨ ਸੀ ਸੀ ਕੈਡਿਟਾਂ ਵਜੋਂ ਚੁਣਿਆ ਗਿਆ।ਇਹ ਚੋਣ 5 ਪੰਜਾਬ ਬੀ.ਐੱਨ.ਐੱਨ.ਸੀ.ਸੀ. ਪਟਿਆਲਾ ਦੇ ਅਧਿਕਾਰੀਆਂ ਵੱਲੋਂ ਕੀਤੀ ਗਈ।ਚੋਣ ਦਾ ਆਧਾਰ ਲਿਖਤੀ ਪ੍ਰੀਖਿਆ, ਕੱਦ, ਭਾਰ ਤੇ ਸਰੀਰਕ, ਮੈਡੀਕਲ ਵਿੱਚ ਫਿੱਟ ਪਾਏ ਜਾਣ 'ਤੇ ਕੀਤੀ ਗਈ।ਸਾਡਾ ਸਕੂਲ ਹਮੇਸ਼ਾ ਵਿਦਿਆਰਥੀਆਂ ਦੇ ਵਿਕਾਸ ਲਈ ਐੱਨ.ਸੀ.ਸੀ. ਨੂੰ ਪ੍ਰਮੁੱਖਤਾ ਦਿੰਦਾ ਹੈ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਵਿਦਿਆਰਥੀ ਇਸ ਦਾ ਲਾਭ ਉਠਾ ਸਕਣ।ਇਸ ਦੌਰਾਨ ਏ.ਐੱਨ.ਓ. ਮਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਆਉਣ ਵਾਲੇ ਐੱਨ. ਸੀ.ਸੀ. ਦੇ ਸਿਖਲਾਈ ਕੈਂਪਾਂ ਬਾਰੇ ਜਾਣਕਾਰੀ ਤੇ ਨਿਰਦੇਸ਼ ਦਿੱਤੇ।

## ਗੜ੍ਹੀ ਤਰਖਾਣਾਂ 'ਚ ਸ਼੍ਰੋਮਣੀ ਅਕਾਲੀ ਦਲ (ਅ) ਦੀ ਮੀਟਿੰਗ




ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਨੇੜਲੇ ਪਿੰਡ ਗੜ੍ਹੀ ਤਰਖਾਣਾ ਵਿਖੇ ਸ਼੍ਰੋਮਣੀ ਅਕਾਲੀ ਦਲ (ਅ) ਹਲਕਾ ਸਮਰਾਲਾ ਦੀ ਮੀਟਿੰਗ ਹੋਈ, ਜਿਸ ਵਿੱਚ ਆਗੂਆਂ ਤੇ ਵਰਕਰਾਂ ਨੇ ਭਾਗ ਲਿਆ। ਇਸ ਮੌਕੇ ਜਥੇਬੰਦੀ ਦਾ ਵਿਸਥਾਰ ਕਰਦਿਆਂ ਜਤਿੰਦਰ ਸਿੰਘ ਬਿਜਲੀਪੁਰ ਨੂੰ ਹਲਕਾ ਸਮਰਾਲਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਮਨਜੀਤ ਸਿੰਘ ਗੜ੍ਹੀ ਨੂੰ ਪੁਲਸ ਜ਼ਿਲ੍ਹਾ ਖੰਨਾ ਦਾ ਜਨਰਲ ਸਕੱਤਰ, ਕਸ਼ਮੀਰਾ ਸਿੰਘ ਨੂੰ ਸਰਪ੍ਰਸਤ ਨਿਯੁਕਤ ਕੀਤਾ ਗਿਆ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਬਲਜਿੰਦਰ ਸਿੰਘ ਪਾਂਗਲੀ ਤੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਸਿਹੋੜਾ ਨੇ ਜਥੇਬੰਦੀ ਵਿੱਚ ਨਵੀਂ ਭਰਤੀ ਕਰਨ ਸਬੰਧੀ ਜਾਣੂ ਕਰਵਾਇਆ। ਉਕਤ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇੱਕ ਅਜਿਹੀ ਪਾਰਟੀ ਹੈ, ਜੋ ਹਰੇਕ ਵਰਗ ਲਈ ਕੰਮ ਕਰਦੀ ਹੈ। ਇਸ ਮੌਕੇ ਜਤਿੰਦਰ ਸਿੰਘ, ਬਲਵੰਤ ਸਿੰਘ ਭਾਗਪੁਰ, ਸੁੱਖਾ ਸਿੰਘ, ਨਿਹੰਗ ਸਿੰਘ, ਨਾਜ਼ਰ ਸਿੰਘ, ਰਤਨ ਸਿੰਘ, ਲਾਲੀ ਲੁਬਾਣਗੜ੍ਹ, ਜਸ਼ਨਪ੍ਰੀਤ ਸਿੰਘ, ਪਰਮਿੰਦਰ ਸਿੰਘ ਖਾਲਸਾ ਮੌਜੂਦ ਸਨ।

## ਲੋਕਾਂ ਦੇ ਸਹਿਯੋਗ ਨਾਲ ਡੇਂਗੂ ਨੂੰ ਫੈਲਣ ਤੋਂ ਰੋਕਿਆ ਜਾ ਸਕਦਾ : ਡਾ. ਰਮਨਦੀਪ ਕੌਰ



ਸਮਰਾਲਾ (ਸੁਰਜੀਤ ਸਿੰਘ)-ਜ਼ਿਲ੍ਹੇ ਭਰ ਵਿੱਚ ਮਲੇਰੀਆ, ਡੇਂਗੂ ਤੇ ਚਿਕਨਗੁਨੀਆ ਦੇ ਬਚਾਅ ਸਬੰਧੀ ਚੱਲ ਰਹੀ ਜਾਗਰੂਕਤਾ ਮੁਹਿੰਮ ਸਬੰਧੀ ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ ਡਾ. ਰਮਨਦੀਪ ਕੌਰ ਨੇ ਦੱਸਿਆ ਕਿ ਮਲੇਰੀਆ, ਡੇਂਗੂ ਤੇ ਚਿਕਨਗੁਨੀਆ ਦੀ ਬਿਮਾਰੀ ਤੋਂ ਆਮ ਲੋਕਾਂ ਨੂੰ ਖ਼ਬਰਦਾਰ ਕਰਨ ਲਈ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਜ਼ਿਲ੍ਹੇ ਭਰ 'ਚ ਜਾਗਰੂਕ ਕੀਤਾ ਜਾ ਰਿਹਾ ਹੈ। ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਜ਼ਿਲ੍ਹੇ ਭਰ ਵਿੱਚ ਟੀਮਾਂ ਵੱਲੋਂ ਘਰ ਘਰ ਜਾ ਕੇ ਮੱਛਰ ਨੂੰ ਪੈਦਾ ਹੋਣ ਤੋਂ ਰੋਕਣ ਲਈ ਵਿਸ਼ੇਸ਼ ਤੌਰ 'ਤੇ ਚੈਕਿੰਗ ਕੀਤੀ ਜਾ ਰਹੀ ਹੈ, ਜਿੱਥੇ ਕਿਤੇ ਵੀ ਲਾਰਵਾ ਮਿਲਦਾ ਹੈ, ਉਸ ਨੂੰ ਮੌਕੇ 'ਤੇ ਨਸ਼ਟ ਕਰ ਦਿੱਤਾ ਜਾਂਦਾ ਹੈ ਅਤੇ ਜਿੱਥੇ ਕਿਤੇ ਵੀ ਸਾਫ਼ ਖੜ੍ਹਾ ਪਾਣੀ ਨਜ਼ਰ ਆਉਂਦਾ ਹੈ, ਟੀਮਾਂ ਵੱਲੋਂ ਉਸ ਖੜੇ ਪਾਣੀ 'ਤੇ ਲਾਰਵੀਸਾਈਡ ਦੀ ਸਪ੍ਰੇਅ ਕੀਤੀ ਜਾਂਦੀ ਹੈ, ਤਾਂ ਕਿ ਲਾਰਵਾ ਪੈਦਾ ਨਾ ਹੋ ਸਕੇ।ਡਾ. ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਆਮ ਲੋਕਾਂ, ਸਕੂਲਾਂ, ਕਾਲਜਾਂ ਤੇ ਆਈ ਟੀ ਆਈਜ਼ ਵਰਗੇ ਹੋਰ ਵਿੱਦਿਅਕ ਅਦਾਰਿਆਂ ਵਿੱਚ ਵਿਦਿਆਰਥੀਆਂ ਨੂੰ ਵੀ ਜਾਗਰੂਕ ਕੀਤਾ ਜਾ ਰਿਹਾ ਹੈ, ਜਿਨ੍ਹਾਂ ਦੇ ਸਹਿਯੋਗ ਨਾਲ ਡੇਂਗੂ ਨੂੰ ਫੈਲਣ ਤੋਂ ਰੋਕਿਆ ਜਾ ਸਕਦਾ ਹੈ।ਇਸ ਸੰਬਧੀ ਗੁਰੂ ਨਾਨਕ ਖਾਲਸਾ ਕਾਲਜ ਫਾਰ ਵੋਮੈਨ ਗੁੱਜਰਖਾਨ ਕੈਂਪ ਮਾਡਲ ਟਾਊਨ ਵਿਖੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਜਾਣਕਾਰੀ ਦਿੰਦੇ ਮਾਸ ਮੀਡੀਆ ਵਿੰਗ ਦੇ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਬਰਜਿੰਦਰ ਸਿੰਘ ਬਰਾੜ ਨੇ ਡੇਂਗੂ ਦੇ ਫੈਲਣ ਤੇ ਬਚਾਅ ਬਾਰੇ ਜਾਣਕਾਰੀ ਦਿੱਤੀ।

## ਪੀ ਜੀ ਆਈ ਵਿਖੇ ਵਿਸ਼ਵ ਆਵਾਜ਼ ਦਿਵਸ ਮਨਾਇਆ



ਸਮਰਾਲਾ (ਸੁਰਜੀਤ ਸਿੰਘ)-ਵਿਸ਼ਵ ਆਵਾਜ਼ ਦਿਵਸ ਮੌਕੇ ਪੀ ਜੀ ਆਈ ਚੰਡੀਗੜ੍ਹ ਵਿੱਚ ਓਟੋਲੈਰਿੰਗੋਲੋਜੀ ਵਿਭਾਗ ਦੇ ਸਪੀਚ ਐਂਡ ਹੀਅਰਿੰਗ ਯੂਨਿਟ ਵੱਲੋਂ ਕਈ ਪ੍ਰਭਾਵਸ਼ਾਲੀ ਜਨ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਨਮੋਹਕ ਸਕਿੱਟਾਂ ਰਾਹੀਂ ਵਸ਼ੇਸ਼ ਪ੍ਰਦਰਸ਼ਨ ਕੀਤਾ ਗਿਆ, ਜਿਸ ਨੂੰ ਓ ਪੀ ਡੀ ਵਿੱਚ ਆਏ ਵੱਡੀ ਗਿਣਤੀ ਮਰੀਜ਼ਾਂ ਨੇ ਉਤਸ਼ਾਹ ਨਾਲ ਦੇਖਿਆ।ਪੀ ਜੀ ਆਈ ਚੰਡੀਗੜ੍ਹ ਦੇ ਬੁਲਾਰੇ ਅਨੁਸਾਰ ਇਸ ਮੁਹਿੰਮ ਦਾ ਮੁੱਖ ਉਦੇਸ਼ ਆਵਾਜ਼ ਦੀ ਸਿਹਤ ਦੇ ਮਹੱਤਵ ਬਾਰੇ ਜਾਗਰੂਕਤਾ ਫੈਲਾਉਣਾ ਤੇ ਆਵਾਜ਼ ਸੰਬੰਧੀ ਰੋਗਾਂ ਦੇ ਕਾਰਨਾਂ, ਲੱਛਣਾਂ ਤੇ ਇਲਾਜ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ।ਇਸ ਮੌਕੇ ਤਜਰਬੇਕਾਰ ਸਪੀਚ-ਲੈਂਗਵਿਜ ਪੈਥੋਲੋਜਿਸਟਾਂ ਤੇ ਸਪੀਚ ਐਂਡ ਹੀਅਰਿੰਗ ਯੂਨਿਟ ਦੇ ਵਿਦਿਆਰਥੀਆਂ ਨੇ ਮਿਲ ਕੇ ਇੱਕ ਵਿਸਥਾਰਪੂਰਕ ਸਿੱਖਿਆਤਮਕ ਪ੍ਰੋਗ੍ਰਾਮ ਪੇਸ਼ ਕੀਤਾ। ਪ੍ਰੋਗਰਾਮ ਦੀ ਸ਼ਾਨਦਾਰ ਝਲਕ ਯੂਨਿਟ ਦੇ ਵਿਦਿਆਰਥੀਆਂ ਵੱਲੋਂ ਸਕਿੱਟ ਰਾਹੀਂ ਪੇਸ਼ ਕੀਤੀ ਗਈ।ਇਸ ਸਕਿੱਟ ਰਾਹੀਂ ਆਮ ਆਵਾਜ਼ ਰੋਗਾਂ ਤੇ ਉਨ੍ਹਾਂ ਦੇ ਰੋਜ਼ਾਨਾ ਜੀਵਨ ਉੱਤੇ ਪੈਣ ਵਾਲੇ ਅਸਰਾਂ ਨੂੰ ਸਰਲ ਤੇ ਰੌਚਕ ਢੰਗ ਨਾਲ ਦਰਸਾਇਆ ਗਿਆ।ਇਸ ਮੌਕੇ ਹਾਜ਼ਰ ਮਰੀਜ਼ਾਂ ਦੀਆਂ ਸ਼ੰਕਾਵਾਂ ਦਾ ਸਮਾਧਾਨ ਵੀ ਕੀਤਾ ਗਿਆ।ਇਸ ਮੌਕੇ ਮਰੀਜ਼ਾਂ ਨੂੰ ਜਾਣਕਾਰੀ ਭਰਪੂਰ ਪੈਂਫਲੈਟ ਵੀ ਵੰਡੇ ਗਏ, ਜਿਨ੍ਹਾਂ ਵਿੱਚ ਆਵਾਜ਼ ਦੀ ਸਫਾਈ (ਵੋਕਲ ਹਾਈਜੀਨ), ਆਮ ਆਵਾਜ਼ ਰੋਗ ਤੇ ਉਪਲਬਧ ਇਲਾਜ ਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਮਾਹਿਰੀਨ ਡਾਕਟਰਾਂ ਨੇ ਹਾਜ਼ਰ ਮਰੀਜ਼ਾਂ ਨਾਲ ਗੱਲ ਸਾਂਝੀ ਕਰਦਿਆਂ ਦੱਸਿਆ ਕਿ ਆਵਾਜ਼ ਸੰਚਾਰ ਦਾ ਇੱਕ ਅਹਿਮ ਸਾਧਨ ਹੈ ਅਤੇ ਇਸ ਵਿੱਚ ਆਉਣ ਵਾਲੀ ਕਿਸੇ ਵੀ ਸਮੱਸਿਆ ਨੂੰ ਸਮਝਣਾ ਤੇ ਉਨ੍ਹਾਂ ਨੂੰ ਠੀਕ ਕਰਨਾ ਬਹੁਤ ਜ਼ਰੂਰੀ ਹੈ।ਇਸ ਇਵੈਂਟ ਵਿੱਚ ਹਿੱਸਾ ਲੈਣ ਵਾਲੇ ਮਰੀਜ਼ਾਂ ਨੇ ਸੈਸ਼ਨਾਂ, ਸਕਿੱਟ ਤੇ ਪੈਂਫਲੈਟਜ਼ ਲਈ ਆਪਣੀ ਤਸੱਲੀ ਜ਼ਾਹਰ ਕੀਤੀ ਅਤੇ ਆਵਾਜ਼ ਦੀ ਸਿਹਤ ਬਾਰੇ ਇੰਝ ਜਾਣਕਾਰੀ ਦੇਣ ਵਾਲੀਆਂ ਮੁਹਿੰਮਾਂ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਮੌਕੇ ਮਰੀਜ਼ਾਂ ਨੂੰ ਮਾਹਰਾਂ ਨਾਲ ਰਾਬਤਾ ਬਣਾਉਣ ਤੇ ਨਿੱਜੀ ਸਲਾਹ ਲੈਣ ਦਾ ਮੌਕਾ ਮਿਲਿਆ।

## ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਸੂਬਾ ਕਾਰਜਕਾਰਨੀ ਦੀ ਸੂਚੀ ਜਾਰੀ



ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਸਟੇਟ ਪੈਨਸ਼ਨਰਜ਼ ਕੰਨਫਡੈਰੇਸ਼ਨ ਮੁੱਖ ਦਫ਼ਤਰ ਲੁਧਿਆਣਾ ਦੇ ਸੂਬਾ ਪ੍ਰਧਾਨ ਕਰਮ ਸਿੰਘ ਧਨੋਆ, ਜਨਰਲ ਸਕੱਤਰ ਕੁਲਵਰਨ ਸਿੰਘ ਵੱਲੋਂ ਸੂਬਾ ਕਾਰਜਕਾਰਨੀ ਦੀ ਸੂਚੀ 03/25 ਤੋਂ 03/27 ਤੱਕ ਜਾਰੀ ਕੀਤੀ ਹੈ, ਜਿਸ ਸਬੰਧੀ ਕੰਨਫਡੈਰੇਸ਼ਨ ਦੇ ਮੁੜ ਸੂਬਾਈ ਸੀਨੀਅਰ ਮੀਤ ਪ੍ਰਧਾਨ ਤੇ ਸੂਬਾਈ ਮੁੱਖ ਬੁਲਾਰੇ ਬਣੇ ਸ੍ਰੀ ਰਾਜ ਕੁਮਾਰ ਅਰੋੜਾ, ਜੋ ਕਿ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦੇ ਵੀ ਜ਼ਿਲ੍ਹਾ ਪ੍ਰਧਾਨ ਹਨ, ਨੇ ਦੱਸਿਆ ਕਿ ਸੂਬਾ ਕਾਰਜਕਾਰੀ ਕਮੇਟੀ ਵਿੱਚ ਸਰਵਸ੍ਰੀ ਪ੍ਰਧਾਨ ਕਰਮ ਸਿੰਘ ਧਨੋਆ (ਮੋਹਾਲੀ), ਜਨਰਲ ਸਕੱਤਰ ਕੁਲਵਰਨ ਸਿੰਘ (ਹੁਸ਼ਿਆਰਪੁਰ), ਵਿੱਤ ਸਕੱਤਰ ਮਦਨ ਲਾਲ ਮੰਨਨ (ਅੰਮ੍ਰਿਤਸਰ) ਸੀਨੀਅਰ ਮੀਤ ਪ੍ਰਧਾਨ ਤੇ ਕਾਰਜਕਾਰੀ ਪ੍ਰਧਾਨ ਪਿਆਰਾ ਸਿੰਘ, ਸੀਨੀਅਰ ਮੀਤ ਪ੍ਰਧਾਨ ਜਵੰਧ ਸਿੰਘ, ਮਦਨ ਗੋਪਾਲ ਸ਼ਰਮਾ, ਬਖ਼ਸ਼ੀਸ਼ ਸਿੰਘ, ਸੀਨੀਅਰ ਮੀਤ ਪ੍ਰਧਾਨ ਤੇ ਸੂਬਾਈ ਮੁੱਖ ਬੁਲਾਰੇ ਰਾਜ ਕੁਮਾਰ ਅਰੋੜਾ, ਸੀਨੀਅਰ ਮੀਤ ਪ੍ਰਧਾਨ ਸੁਖਦੇਵ ਸਿੰਘ ਪੰਨੂੰ, ਅਜੈਬ ਸਿੰਘ ਭੰਗੂ, ਰਣਜੀਤ ਸਿੰਘ ਸਿੱਧੂ, ਸਿਕੰਦਰ ਸਿੰਘ, ਕਰਮਜੀਤ ਸ਼ਰਮਾ, ਵਾਇਸ ਪ੍ਰਧਾਨ ਦਰਸ਼ਨ ਸਿੰਘ, ਸੋਮ ਲਾਲ, ਨੌਪਾ ਰਾਮ, ਕਿਸ਼ਨ ਚੰਦ ਜੱਗੋਵਾਲੀਆ, ਅਮਰਜੀਤ ਸਿੰਘ, ਐਡੀਸ਼ਨਲ ਜਨਰਲ ਸਕੱਤਰ ਜਗਦੀਸ਼ ਸਿੰਘ ਸਰਾਓ, ਬਲਬੀਰ ਸਿੰਘ ਸੈਣੀ, ਸਵਿੰਦਰ ਸਿੰਘ ਔਲਖ, ਮਨੋਹਰ ਲਾਲ ਸ਼ਰਮਾ, ਆਡੀਟਰ ਪ੍ਰੇਮ ਚੰਦ ਅਗਰਵਾਲ, ਆਡੀਸ਼ਨਲ ਵਿੱਤ ਸਕੱਤਰ ਕੇਵਲ ਕ੍ਰਿਸ਼ਨ ਸ਼ਰਮਾ, ਸਹਾਇਕ ਖਜ਼ਾਨਚੀ ਵੀ. ਕੇ. ਖੰਨਾ, ਪ੍ਰਬੰਧਕੀ ਸਕੱਤਰ ਸੁਖਦੇਵ ਸਿੰਘ ਢਿੱਲੋਂ, ਸ਼ਾਮ ਲਾਲ ਗੁਪਤਾ, ਸਤਨਾਮ ਸਿੰਘ ਸੰਧੂ, ਆਰ. ਐੱਲ. ਪਾਂਧੀ, ਪ੍ਰੈੱਸ ਸਕੱਤਰ ਮਸੀਹ ਚਰਨ, ਮੋਹਿੰਦਰ ਸਿੰਘ ਧਾਲੀਵਾਲ, ਸੁਖਮਿੰਦਰ ਸਿੰਘ ਢਿੱਲੋਂ, ਜਗਦੀਸ਼ ਰਾਏ, ਦਫ਼ਤਰ ਸਕੱਤਰ ਸੁਰੇਸ਼ ਚੰਦਰ ਸ਼ਰਮਾ, ਜੁਆਇੰਟ ਸਕੱਤਰ ਦਰਸ਼ਨ ਸਿੰਘ ਮੌੜ, ਪ੍ਰੀਤਮ ਸਿੰਘ ਸੈਣੀ, ਦਰਸ਼ਨ ਸਿੰਘ ਨੌਰਥ, ਨਰਿੰਦਰ ਕੁਮਾਰ ਮਹਿਤਾ, ਕਾਰਜਕਾਰੀ ਮੈਂਬਰ ਪਵਨ ਕੁਮਾਰ, ਬਲਬੀਰ ਸਿੰਘ ਧਾਨੀਆ, ਪ੍ਰਤਾਪ ਸਿੰਘ ਢਿੱਲੋਂ, ਪਰਮਜੀਤ ਸਿੰਘ ਮੈਗੋ, ਜਗਵੰਤ ਸਿੰਘ, ਕੁਲਦੀਪ ਸਿੰਘ ਕਉਰਾ, ਚਰਨ ਸਿੰਘ, ਕ੍ਰਿਸ਼ਨ ਬਲਦੇਵ, ਗੁਰਮੀਤ ਸਿੰਘ ਟਿਵਾਣਾ, ਸਵਰਨ ਸਿੰਘ, ਕਰਤਾਰ ਸਿੰਘ ਬੇਰੀ, ਪੈਟਰਨ ਅਜੀਤ ਸਿੰਘ, ਸਲਾਹਕਾਰ ਗੁਰਦੀਪ ਸਿੰਘ ਵਾਲੀਆ, ਸਪੈਸ਼ਲ ਇੰਨਵਾਇਟੀ ਕਿੱਕਰ ਸਿੰਘ, ਸੁਖਦੇਵ ਸ਼ਰਮਾ, ਬਲਵਿੰਦਰ ਸਿੰਘ ਸੰਧੂ, ਦਰਸ਼ਨ ਲਾਲ ਟਟਿਆਲ, ਵੀਰ ਚੰਦ ਪੂਰੀ, ਕਰਨੈਲ ਸਿੰਘ, ਸ਼ਿਵ ਕੁਮਾਰ, ਮਨੋਹਰ ਦਾਸ, ਦਰਸ਼ਨ ਸਿੰਘ, ਰਮੇਸ਼ ਭਟੋਟ, ਸ਼ਾਮ ਮੋਹਨ, ਕ੍ਰਿਪਾਲ ਸਿੰਘ, ਅਜੈਬ ਸਿੰਘ, ਭੁਪਿੰਦਰ ਸਿੰਘ ਜੱਸੀ, ਹਰਦੇਵ ਸਿੰਘ, ਲਾਲ ਚੰਦ ਸਪਨਵਾਲਾ, ਬਲਦੇਵ ਸਿੰਘ ਸੰਧੂ, ਕੁਲਦੀਪ ਸਿੰਘ ਦੁਆਰਕਾ, ਹੰਸ ਰਾਜ, ਕ੍ਰਿਸ਼ਨ ਲਾਲ ਵਸ਼ਿਸ਼ਟ, ਸੌਦਾਗਰ ਸਿੰਘ ਬਣਾਏ ਗਏ ਹਨ।

## ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਪੁਲਸ ਵੱਲੋਂ 100 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਮੁਲਜ਼ਮ ਦੀ ਪਹਿਚਾਣ ਭਗਵਾਨ ਸਿੰਘ ਵਾਸੀ ਮਾਛੀਵਾੜਾ ਵਜੋਂ ਹੋਈ। ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਹਾਕਮ ਸਿੰਘ ਵੱਲੋਂ ਟੀ ਪੁਆਇੰਟ ਅਧਿਆਨਾ ਨੇੜੇ ਗਸ਼ਤ ਕੀਤੀ ਜਾ ਰਹੀ ਸੀ ਤਾਂ ਇੱਕ ਮੋਨਾ ਨੌਜਵਾਨ ਆਉਂਦਾ ਦਿਖਾਈ ਦਿੱਤਾ, ਜਿਸ ਨੇ ਪੁਲਸ ਪਾਰਟੀ ਨੂੰ ਦੇਖ ਕੇ ਆਪਣੀ ਪੈਂਟ ਦੀ ਜੇਬ 'ਚੋਂ ਇੱਕ ਲਿਫ਼ਾਫਾ ਕੱਢ ਕੇ ਸੜਕ ਕਿਨਾਰੇ ਜ਼ਮੀਨ 'ਤੇ ਸੁੱਟ ਦਿੱਤਾ। ਜਦੋਂ ਪੁਲਸ ਪਾਰਟੀ ਨੇ ਸ਼ੱਕ ਦੇ ਅਧਾਰ 'ਤੇ ਇਸ ਨੂੰ ਕਾਬੂ ਕੀਤਾ ਤਾਂ ਇਸ ਨੇ ਆਪਣਾ ਨਾਮ ਭਗਵਾਨ ਸਿੰਘ ਦੱਸਿਆ। ਉਸ ਵੱਲੋਂ ਸੁੱਟੇ ਲਿਫ਼ਾਫੇ 'ਚੋਂ ਨਸ਼ੀਲੀਆਂ ਗੋਲੀਆਂ ਦੇ 5 ਪੱਤੇ, ਜਿਸ ਵਿਚ 100 ਗੋਲੀਆਂ ਸਨ, ਬਰਾਮਦ ਕੀਤੇ ਗਏ। ਪੁਲਸ ਵੱਲੋਂ ਉਸ ਨੂੰ ਗ੍ਰਿਫ਼ਤਾਰ ਕਰ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

## ਪੱਦੀ ਸਕੂਲ 'ਚ ਆਧੁਨਿਕ ਸਹੂਲਤਾਂ ਨਾਲ ਲੈਸ ਕਮਰਿਆਂ ਦਾ ਵਿਧਾਇਕ ਵੱਲੋਂ ਉਦਘਾਟਨ



ਦੋਰਾਹਾ (ਹਰਮਿੰਦਰ ਸੇਠ)-ਸ੍ਰ. ਜੀਵਨ ਸਿੰਘ ਸੰਗੋਵਾਲ ਐੱਮ ਐੱਲ ਏ ਹਲਕਾ ਗਿੱਲ ਨੇ ਸਰਕਾਰੀ ਪ੍ਰਾਇਮਰੀ ਸਕੂਲ ਪੱਦੀ ਵਿਖੇ ਆਧੁਨਿਕ ਸਹੂਲਤਾਂ ਨਾਲ ਲੈਸ ਨਵੇਂ ਬਣੇ ਕਮਰੇ ਦਾ ਉਦਘਾਟਨ ਕਰਕੇ ਬੱਚਿਆਂ ਨੂੰ ਸਮਰਪਤ ਕੀਤਾ। ਸਕੂਲ ਦੇ ਮੁੱਖ ਅਧਿਆਪਕ ਸ੍ਰ. ਸਤਵੰਤ ਸਿੰਘ ਨੇ ਸਕੂਲ ਦੀਆਂ ਪ੍ਰਾਪਤੀਆਂ ਤੇ ਖੇਡਾਂ ਵਿੱਚ ਮਾਰੀਆਂ ਮੱਲਾਂ ਬਾਰੇ ਆਏ ਹੋਏ ਪਤਵੰਤਿਆਂ ਨੂੰ ਦੱਸਿਆ।ਇਸ ਮੌਕੇ ਬੱਚਿਆਂ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਹਲਕਾ ਗਿੱਲ ਦੇ ਐਜੂਕੇਸ਼ਨ ਪ੍ਰਧਾਨ ਗਿਆਨ ਸਿੰਘ ਕਾਲੜਾ, ਜਸਵਿੰਦਰ ਸਿੰਘ ਜੱਸੀ ਪੀਏ, ਬਲਾਕ ਪ੍ਰਧਾਨ ਸਰਬਜੀਤ ਸਿੰਘ, ਪ੍ਰਿੰਸੀਪਲ ਮਹੇਸ਼ ਟੰਡਨ, ਬਲਾਕ ਪ੍ਰਧਾਨ ਅਦਿੱਤਿਆ ਜੈਨ, ਵੋਮੈਨ ਵਿੰਗ ਤੋਂ ਮੈਡਮ ਉਪਮਾ, ਬੀਪੀਈਓ ਕਿਸੇ ਬੰਦੇ (ਡੇਹਲੋਂ 1) ਸ੍ਰ. ਗੁਰਪ੍ਰੀਤ ਸਿੰਘ ਸੰਧੂ, ਸੀ ਐੱਚ ਟੀ ਮੈਡਮ ਮਨਜੀਤ ਕੌਰ ਡੇਹਲੋਂ, ਸੀਐੱਚਟੀ ਮੈਡਮ ਕੰਵਲਜੀਤ ਕੌਰ ਹਰਨਾਮਪੁਰਾ, ਬਲਾਕ ਕੋਆਰਡੀਨੇਟਰ ਸਰਦਾਰ ਲਖਵੀਰ ਸਿੰਘ ਬਲਾਕ, ਕਮੇਟੀ ਮੈਂਬਰ ਦਵਿੰਦਰ ਸਿੰਘ, ਮੁੱਖ ਅਧਿਆਪਕ ਸ. ਸਤਵੰਤ ਸਿੰਘ, ਅਧਿਆਪਕ ਅਮਰਜੀਤ ਸਿੰਘ, ਅਮਨਿੰਦਰ ਸਿੰਘ, ਅਵਰਿੰਦਰ ਸਿੰਘ, ਪ੍ਰਗਟ ਸਿੰਘ, ਗੁਰਬਖਸ਼ ਸਿੰਘ, ਐੱਸ ਐੱਮ ਸੀ ਦੇ ਚੇਅਰਮੈਨ ਗੁਰਪ੍ਰੀਤ ਸਿੰਘ, ਸਰਪੰਚ ਸਤਬੀਰ ਸਿੰਘ ਲਾਲੀ, ਬਹਾਦਰ ਸਿੰਘ ਸਾਬਕਾ ਸਰਪੰਚ, ਦਰਸ਼ਨ ਸਿੰਘ, ਅਮਨਦੀਪ ਸਿੰਘ, ਸੁਖਦੇਵ ਸਿੰਘ, ਨਰਿੰਦਰ ਸਿੰਘ, ਪ੍ਰਭਜੋਤ ਸਿੰਘ ਜੋਤੀ, ਆਤਮਾ ਰਾਮ, ਹਰਿੰਦਰ ਸਿੰਘ, ਹਰਪਾਲ ਸਿੰਘ, ਕਰਮ ਸਿੰਘ ਤੇ ਬੱਚਿਆਂ ਦੇ ਮਾਪੇ ਇਸ ਸਮਾਗਮ ਵਿੱਚ ਸ਼ਾਮਲ ਹੋਏ।

## 'ਯੁੱਧ ਨਸ਼ਿਆਂ ਵਿਰੁੱਧ' ਸਕੂਲ 'ਚ ਪੋਸਟਰ ਤੇ ਸਲੋਗਨ ਮੁਕਾਬਲੇ ਕਰਾਏ



ਅਜੀਤਵਾਲ (ਨਛੱਤਰ ਸੰਧੂ)-ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੋਸਟਰ ਅਤੇ ਸਲੋਗਨ ਮੁਕਾਬਲੇ ਕਰਵਾਏ ਗਏ, ਜਿਸ ਵਿੱਚ 6ਵੀਂ ਤੋਂ 10ਵੀਂ ਤੱਕ ਵੱਖ-ਵੱਖ ਵਿਦਿਆਰਥੀਆਂ ਨੇ ਹਿੱਸਾ ਲਿਆ।ਇਸ ਮੌਕੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ ਅਤੇ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਆ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਮੁਹਿੰਮ ਨੂੰ ਉਸ ਵੇਲੇ ਤੱਕ ਸਫਲਤਾ ਹਾਸਲ ਨਹੀਂ ਹੋਵੇਗੀ, ਜਦੋਂ ਤੱਕ ਹਰੇਕ ਸੂਬਾ ਵਾਸੀ ਇਸ ਮੁਹਿੰਮ ਨੂੰ ਸਹਿਯੋਗ ਨਹੀਂ ਦਿੰਦੇ।ਉਨ੍ਹਾਂ ਸਮੂਹ ਵਰਗਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਨੂੰ ਘਰ-ਘਰ ਤੱਕ ਲਿਜਾਣ ਅਤੇ ਸਫਲ ਕਰਨ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਅਤੇ ਸਕੂਲ ਸਟਾਫ ਹਾਜ਼ਰ ਸੀ।

## ਹੈਰੋਇਨ ਤੇ ਨਸ਼ੇ ਦੀਆਂ ਗੋਲੀਆਂ ਸਮੇਤ ਦੋ ਗ੍ਰਿਫਤਾਰ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਦੇ ਦੋ ਵੱਖ-ਵੱਖ ਮਾਮਲਿਆਂ 'ਚ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਨੂੰ ਸੇਫ ਪੰਜਾਬ ਪੋਰਟਲ ਰਾਹੀਂ ਇੱਕ ਸ਼ਿਕਾਇਤ ਪ੍ਰਾਪਤ ਹੋਈ ਸੀ ਕਿ ਮਨਪ੍ਰੀਤ ਸਿੰਘ ਉਰਫ ਪ੍ਰੀਤ ਵਾਸੀ ਸਰਹਿੰਦ ਸ਼ਹਿਰ ਨਸ਼ੇ ਵੇਚਣ ਦਾ ਆਦੀ ਹੈ।ਬੀਤੀ ਸ਼ਾਮ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਇੱਕ ਪੁਲਸ ਪਾਰਟੀ ਜਦੋਂ ਪੁਲ ਸੂਆ ਤਲਾਣੀਆਂ ਨਜ਼ਦੀਕ ਨਾਕਾਬੰਦੀ ਕਰਕੇ ਚੈਕਿੰਗ ਕਰ ਰਹੀ ਸੀ ਤਾਂ ਫਿਰੋਜ਼ਪੁਰ ਵੱਲੋਂ ਆ ਰਹੇ ਇੱਕ ਨੌਜਵਾਨ ਨੇ ਪੁਲਸ ਨੂੰ ਦੇਖ ਦੇ ਜੇਬ 'ਚੋਂ ਇੱਕ ਲਿਫਾਫਾ ਕੱਢ ਕੇ ਝਾੜੀਆਂ ਵੱਲ ਸੁੱਟ ਦਿੱਤਾ ਤੇ ਉੱਥੋਂ ਖਿਸਕਣ ਦੀ ਕੋਸ਼ਿਸ਼ ਕੀਤੀ, ਜਿਸ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕਰਕੇ ਪੁਲਸ ਕਰਮਚਾਰੀਆਂ ਵੱਲੋਂ ਨਾਮ-ਪਤਾ ਪੁੱਛੇ ਜਾਣ 'ਤੇ ਉਕਤ ਵਿਅਕਤੀ ਨੇ ਆਪਣੀ ਪਹਿਚਾਣ ਹਰਪ੍ਰੀਤ ਸਿੰਘ ਉਰਫ ਪ੍ਰੀਤ ਵਾਸੀ ਸਰਹਿੰਦ ਸ਼ਹਿਰ ਵਜੋਂ ਦੱਸੀ।ਉਸ ਵੱਲੋਂ ਸੁੱਟੇ ਗਏ ਲਿਫਾਫੇ ਨੂੰ ਚੁਕਵਾ ਕੇ ਚੈੱਕ ਕਰਨ 'ਤੇ ਲਿਫਾਫੇ ਵਿੱਚੋਂ ਨਸ਼ੇ ਦੀਆਂ 97 ਗੋਲੀਆਂ ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਦਰਜ ਕਰਵਾਏ ਮੁਕੱਦਮੇ 'ਚ ਮਨਪ੍ਰੀਤ ਸਿੰਘ ਉਰਫ ਪ੍ਰੀਤ ਨੂੰ ਗ੍ਰਿਫਤਾਰ ਕਰਕੇ ਸਬ-ਇੰਸਪੈਕਟਰ ਜਤਿੰਦਰਪਾਲ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।ਇੱਕ ਵੱਖਰੇ ਮਾਮਲੇ 'ਚ ਥਾਣਾ ਖਮਾਣੋਂ ਦੀ ਇੱਕ ਪੁਲਸ ਪਾਰਟੀ ਖਮਾਣੋਂ ਦੇ ਦੁਸਹਿਰਾ ਗਰਾਊਂਡ ਨਜ਼ਦੀਕ ਨਾਕਾਬੰਦੀ ਕਰਕੇ ਚੈਕਿੰਗ ਕਰ ਰਹੀ ਸੀ, ਜਿਸ ਦੌਰਾਨ ਕਾਬੂ ਕੀਤੇ ਗਏ ਸੰਦੀਪ ਸਿੰਘ ਉਰਫ ਦੀਪ ਵਾਸੀ ਪਿੰਡ ਬਿਲਾਸਪੁਰ ਦੀ ਤਲਾਸ਼ੀ ਲਈ ਗਈ ਤਾਂ ਉਸ ਦੇ ਕਬਜ਼ੇ 'ਚੋਂ 6 ਗ੍ਰਾਮ ਹੈਰੋਇਨ ਤੇ 1500 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ।ਇਸ ਸਬੰਧੀ ਥਾਣਾ ਖਮਾਣੋਂ ਵਿਖੇ ਦਰਜ ਕਰਵਾਏ ਗਏ ਮੁਕੱਦਮੇ 'ਚ ਸੰਦੀਪ ਸਿੰਘ ਉਰਫ ਦੀਪ ਨੂੰ ਗ੍ਰਿਫਤਾਰ ਕਰਕੇ ਸਬ-ਇੰਸਪੈਕਟਰ ਸਪਿੰਦਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਸੱਤਾਧਾਰੀ ਪਾਰਟੀਆਂ ਡਾ. ਅੰਬੇਡਕਰ ਦੀ ਵਿਚਾਰਧਾਰਾ ਦੀਆਂ ਸਭ ਤੋਂ ਵੱਡੀਆਂ ਦੁਸ਼ਮਣ : ਸਮਾਓਂ



ਮਾਨਸਾ (ਆਤਮਾ ਸਿੰਘ ਪਮਾਰ)-ਸੱਤਾਧਾਰੀ ਪਾਰਟੀਆਂ ਹੀ ਡਾ. ਬੀ ਆਰ ਅੰਬੇਡਕਰ ਦੀਆਂ ਸਭ ਤੋਂ ਵੱਡੀਆਂ ਦੁਸ਼ਮਣ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਿੰਡ ਠੂਠਿਆਂਵਾਲੀ ਵਿਖੇ ਡਾ. ਅੰਬੇਡਕਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਮੀਟਿੰਗ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ ਨੇ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਸਦੀਆਂ ਤੋਂ ਜਾਤੀ, ਧਾਰਮਿਕ, ਹਰ ਪੱਧਰ ਦੇ ਵਿਤਕਰੇ ਦਾ ਸ਼ਿਕਾਰ ਭਾਰਤ ਦੇ ਕਰੋੜਾਂ ਗਰੀਬਾਂ ਨੂੰ ਸੰਵਿਧਾਨਕ ਹੱਕ ਦਿਵਾਉਣ ਲਈ ਡਾ. ਅੰਬੇਡਕਰ ਜੀ ਨੇ ਜੀਵਨ ਭਰ ਸੰਘਰਸ਼ ਕੀਤਾ।ਉਨ੍ਹਾਂ ਕਿਹਾ ਕਿ ਅੱਜ ਦੇਸ਼ ਦੇ ਕਰੋੜਾਂ ਦਲਿਤਾਂ, ਔਰਤਾਂ, ਪੱਛੜੇ ਗਰੀਬਾਂ ਦੀ ਤਰੱਕੀ ਪਿੱਛੇ ਡਾ. ਅੰਬੇਡਕਰ ਦਾ ਵੱਡਾ ਯੋਗਦਾਨ ਤੇ ਬਲੀਦਾਨ ਹੈ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਸਿਰਫ ਇੱਕ ਜਾਤੀ ਦੇ ਨਹੀਂ, ਸਗੋਂ ਸਮੁੱਚੇ ਮਿਹਨਤਕਸ਼ ਵਰਗ ਦੇ ਲੀਡਰ ਸਨ।ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਦੀਆਂ ਮੂਰਤੀਆਂ ਤੋੜਨ ਵਾਲੇ ਭਾਰਤ ਤੇ ਗਰੀਬਾਂ ਦੀ ਤਰੱਕੀ ਦੇ ਦੁਸ਼ਮਣ ਹਨ।ਉਨ੍ਹਾਂ ਕਿਹਾ ਕਿ ਅੰਬੇਡਕਰ ਦੀਆਂ ਤਸਵੀਰਾਂ ਲਗਾਉਣ ਵਾਲੇ ਹਾਕਮ ਦਲਿਤਾਂ ਤੋਂ ਸੰਵਿਧਾਨਕ ਹੱਕ ਖੋਹਣ ਤੇ ਲੱਗੇ ਹੋਏ ਹਨ।ਉਨ੍ਹਾਂ ਕਿਹਾ ਕਿ ਅਕਾਲੀ, ਕਾਂਗਰਸ, ਭਾਜਪਾ ਸਮੇਤ ਆਪ ਦੀਆਂ ਨੀਤੀਆਂ ਕਾਰਨ ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ ਦਾ ਭਵਿੱਖ ਧੁੰਦਲਾ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਮਜ਼ਦੂਰ ਸਮਾਜ ਸਿੱਖਿਆ, ਇਲਾਜ ਤੇ ਰੁਜ਼ਗਾਰ ਦੀ ਗਰੰਟੀ ਲਈ ਅਤੇ ਜ਼ਮੀਨ ਵਿੱਚੋਂ ਜ਼ਮੀਨ ਦਾ ਹਿੱਸਾ ਲੈਣ ਲਈ ਜਥੇਬੰਦਕ ਤਾਕਤ ਖੜ੍ਹੀ ਕਰਨ ਲਈ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦਾ ਸਹਿਯੋਗ ਦੇਣ।ਉਨ੍ਹਾਂ ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਤੇ ਡਾ. ਅੰਬੇਡਕਰ ਦੀ ਵਿਚਾਰਧਾਰਾ ਨਾਲ ਜੁੜਨ ਦੀ ਅਪੀਲ ਕੀਤੀ।ਇਸ ਮੌਕੇ ਬਲਦੇਵ ਸਿੰਘ ਪੰਚ, ਸੇਵਕ ਸਿੰਘ, ਨੈਸ਼ਨਲ ਕਬੱਡੀ ਖਿਡਾਰੀ ਸੰਦੀਪ ਸਿੰਘ, ਜੀਵਨ ਸਿੰਘ, ਗੁਰਵਿੰਦਰ ਸਿੰਘ ਧਾਲੀਵਾਲ ਮੌਜੂਦ ਸਨ।

## ਵਿਧਾਇਕ ਨੇ ਸੈਕੰਡਰੀ ਸਕੂਲ ਗੋਬਿੰਦਪੁਰਾ ਦੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਵਿਧਾਇਕ ਹਲਕਾ ਭੁੱਚੋ ਮਾ. ਜਗਸੀਰ ਸਿੰਘ ਵੱਲੋਂ ਪੀ ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਵਿਖੇ ਉਚੇਚੇ ਤੌਰ 'ਤੇ ਵਿਜ਼ਿਟ ਕੀਤਾ ਗਿਆ। ਇਸ ਸਮੇਂ ਪਿੰਡ ਗੋਬਿੰਦਪੁਰਾ ਦੇ ਸਰਪੰਚ ਅਵਤਾਰ ਸਿੰਘ ਬੂਟਾ, ਸਮੁੱਚੀ ਪੰਚਾਇਤ, ਪਿੰਡ ਹਰਰੰਗਪੁਰਾ ਦੇ ਸਰਪੰਚ ਜਗਤਾਰ ਸਿੰਘ ਤੇ ਮੈਂਬਰ, ਸਕੂਲ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸ਼੍ਰੀਮਤੀ ਸੁਮਨਪ੍ਰੀਤ ਕੌਰ, ਮੈਂਬਰ ਸਾਹਿਬਾਨ, ਬੀ ਡੀ ਓ. ਪ੍ਰਭਜੀਤ ਸਿੰਘ ਤੇ ਦੋਵੇਂ ਪਿੰਡਾਂ ਦੇ ਹੋਰ ਪਤਵੰਤੇ ਹਾਜ਼ਰ ਸਨ। ਵਿਧਾਇਕ ਵੱਲੋਂ ਸਿੱਖਿਆ ਕ੍ਰਾਂਤੀ ਅਧੀਨ ਸਕੂਲ ਵਿਖੇ ਚੱਲ ਰਹੇ ਵਿਕਾਸ ਕਾਰਜਾਂ ਜਿਵੇਂ ਨਿਰਮਾਣ ਅਧੀਨ ਨਵੀਂ ਕੰਪਿਊਟਰ ਲੈਬ, ਚਾਰ ਦੀਵਾਰੀ ਆਦਿ ਦਾ ਨਿਰੀਖਣ ਕੀਤਾ ਗਿਆ ਤੇ ਕੰਮ ਉਪਰ ਤਸੱਲੀ ਪ੍ਰਗਟਾਈ ਗਈ। ਵਰਨਣਯੋਗ ਹੈ ਕਿ ਪਿਛਲੇ ਸਮੇਂ ਦੌਰਾਨ ਪਿੰਡ ਗੋਬਿੰਦਪੁਰਾ ਦੇ ਸਰਪੰਚ ਤੇ ਪੰਚਾਇਤ ਵੱਲੋਂ ਸਕੂਲ ਨੂੰ ਡੇਢ ਕਿੱਲਾ ਜ਼ਮੀਨ ਗ੍ਰਾਉਂਡ ਬਣਾਉਣ ਲਈ ਦਾਨ ਕੀਤੀ ਗਈ ਹੈ। ਐੱਮ ਐੱਲ ਏ ਸਾਹਿਬ ਦੀ ਯੋਗ ਅਗਵਾਈ ਅਧੀਨ ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਤੇ ਪਿੰਡ ਦੀ ਪੰਚਾਇਤ ਦੇ ਸਾਂਝੇ ਯਤਨਾਂ ਸਦਕਾ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਫੰਡ ਜਾਰੀ ਹੋਣ ਉਪਰੰਤ ਚਾਰਦੀਵਾਰੀ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ, ਜਿਸ ਨਾਲ ਪਿੰਡ ਦੇ ਨੌਜਵਾਨਾਂ ਦਾ ਦਿਲ ਖੇਡਾਂ 'ਚ ਲੱਗੇਗਾ ਤੇ ਨਸ਼ਾ ਮੁਕਤ ਪੰਜਾਬ ਦੀ ਚੱਲ ਰਹੀ ਲਹਿਰ ਨੂੰ ਵੀ ਸਾਕਾਰਾਤਮਕ ਹੁਲਾਰਾ ਮਿਲੇਗਾ। ਇਸ ਮੌਕੇ ਗਰਮੀ ਦੇ ਮੌਸਮ ਨੂੰ ਧਿਆਨ 'ਚ ਰੱਖਦੇ ਹੋਏ ਉਨ੍ਹਾਂ ਛੇਵੀਂ ਤੋਂ ਅੱਠਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਨੂੰ ਪਾਣੀ ਦੀਆਂ ਬੋਤਲਾਂ ਵੀ ਵੰਡੀਆਂ। ਇਸ ਸਮੇਂ ਉਨ੍ਹਾਂ ਨੇ ਗੋਬਿੰਦਪੁਰਾ ਤੇ ਹਰਰੰਗਪੁਰਾ ਪਿੰਡਾਂ ਦੀਆਂ ਪੰਚਾਇਤਾਂ ਤੇ ਇਸ ਦੇ ਨਿਵਾਸੀਆਂ ਦੀਆਂ ਮੰਗਾਂ ਸੁਣੀਆਂ ਤੇ ਉਨ੍ਹਾਂ ਦੇ ਜਲਦੀ ਹੱਲ ਦਾ ਭਰੋਸਾ ਦਿੱਤਾ। ਸਟੇਜ ਦਾ ਸੰਚਾਲਨ ਚਮਕੌਰ ਸਿੰਘ (ਲੈਕ. ਰਾਜਨੀਤੀ ਸ਼ਾਸਤਰ) ਤੇ ਮਹਿਮਾਨਾਂ ਦਾ ਸਵਾਗਤ ਸ੍ਰੀਮਤੀ ਗਲੋਰੀ (ਲੈਕ. ਗਣਿਤ) ਵੱਲੋਂ ਕੀਤਾ ਗਿਆ। ਅਖੀਰ 'ਚ ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਨੇ ਵਿਧਾਇਕ ਸਮੇਤ ਪੰਚਾਇਤਾਂ, ਐੱਸ ਐੱਮ ਸੀ ਚੇਅਰਮੈਨ ਤੇ ਹੋਰ ਪਤਵੰਤਿਆਂ ਦਾ ਧੰਨਵਾਦ ਕੀਤਾ।

## ਸਲਾਈਟ ਵਿਖੇ ਰਾਸ਼ਟਰੀ ਸਿੱਖਿਆ ਨੀਤੀ ਤੇ ਭਾਰਤੀ ਗਿਆਨ ਪ੍ਰਣਾਲੀ ਸੰਬੰਧੀ ਸੈਮੀਨਾਰ



ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)

ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਅਧੀਨ ਪ੍ਰਮੁੱਖ ਸੰਸਥਾ ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਸਲਾਈਟ) ਲੌਂਗੋਵਾਲ ਵਿਖੇ ਰਾਸ਼ਟਰੀ ਸਿੱਖਿਆ ਨੀਤੀ-2020 ਅਨੁਸਾਰ ਭਾਰਤੀ ਗਿਆਨ ਪ੍ਰਣਾਲੀਆਂ ਵਿਸ਼ੇ 'ਤੇ ਇੱਕ ਵਿਚਾਰ-ਵਿਕਾਸ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਹ ਪ੍ਰੋਗਰਾਮ ਭਾਰਤੀ ਸਿੱਖਿਆ ਮੰਡਲ ਪੰਜਾਬ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਸੈਮੀਨਾਰ ਦੀ ਪ੍ਰਧਾਨਗੀ ਤੇ ਪ੍ਰਬੰਧਕੀ ਟੀਮ ਪ੍ਰੋਫੈਸਰ ਮਨੀਕਾਂਤ ਪਾਸਵਾਨ ਡਾਇਰੈਕਟਰ ਸਲਾਈਟ, ਪ੍ਰੋਫੈਸਰ ਐੱਮ ਐੱਮ ਸਿਨਹਾ ਡੀਨ ਵਿਦਿਆਰਥੀ ਭਲਾਈ, ਕੋਆਰਡੀਨੇਟਰ ਡਾ. ਚਰਨਜੀਵ ਗੁਪਤਾ, ਡਾ. ਯੋਗੇਸ਼ ਖਿੱਪਲ ਸਹਿ-ਕੁਆਰਡੀਨੇਟਰ, ਡਾ. ਜਗਦੀਪ ਸਿੰਘ ਤੇ ਨਵਨੀਤ ਗੋਇਲ ਦੀ ਅਗਵਾਈ ਹੇਠ ਹੋਇਆ, ਜਿਸ ਵਿੱਚ ਪ੍ਰੋ. ਰਾਜੀਵ ਆਹੂਜਾ, ਡਾਇਰੈਕਟਰ ਆਈ ਆਈ ਟੀ ਰੋਪੜ ਤੇ ਚੇਅਰਮੈਨ, ਭਾਰਤੀ ਸਿੱਖਿਆ ਮੰਡਲ (ਪੰਜਾਬ) ਨੇ ਆਪਣੇ ਮੁੱਖ ਭਾਸ਼ਣ ਵਿੱਚ ਕਿਹਾ ਕਿ ਏ ਆਈ ਤੇ ਹੋਰ ਆਧੁਨਿਕ ਤਕਨੀਕੀ ਤਰੱਕੀ ਦੇ ਬਾਵਜੂਦ ਪ੍ਰਾਚੀਨ ਭਾਰਤੀ ਉਸਾਰੀਆਂ, ਇਮਾਰਤਾਂ ਤੇ ਭਵਨ ਕਲਾ ਦੀ ਤਾਕਤ ਅਤੇ ਸ਼ਾਨ ਅਜੇ ਵੀ ਬੇਮਿਸਾਲ ਉਦਾਹਰਨਾਂ ਪੇਸ਼ ਕਰਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਗਿਆਨ ਦੇ ਇਨ੍ਹਾਂ ਰਵਾਇਤੀ ਸਰੋਤਾਂ ਤੋਂ ਪ੍ਰੇਰਣਾ ਲੈਣ ਦਾ ਸੱਦਾ ਦਿੱਤਾ।ਉੱਘੇ ਸਮਾਜ ਸੇਵਕ ਰਵਿੰਦਰ ਜੋਸ਼ੀ ਨੇ ਸੰਤ, ਪੰਥ ਤੇ ਗ੍ਰੰਥ ਪ੍ਰੰਪਰਾ ਦੀ ਮਹੱਤਤਾ 'ਤੇ ਚਾਨਣਾ ਪਾਇਆ ਤੇ ਕਿਹਾ ਕਿ ਇਹ ਪ੍ਰੰਪਰਾ ਭਾਰਤੀ ਸਮਾਜ ਦੀ ਅਧਿਆਤਮਕ, ਸਮਾਜਿਕ ਤੇ ਦਾਰਸ਼ਨਿਕ ਨੀਂਹ ਨੂੰ ਦਰਸਾਉਂਦੀ ਹੈ, ਜੋ ਅੱਜ ਵੀ ਏਕਤਾ ਤੇ ਸਦਭਾਵਨਾ ਨੂੰ ਪ੍ਰੇਰਿਤ ਕਰਦੀ ਹੈ।ਪ੍ਰੋ. ਸਲਾਈਟ ਲੌਂਗੋਵਾਲ ਦੇ ਡਾਇਰੈਕਟਰ ਮਣੀਕਾਂਤ ਪਾਸਵਾਨ ਨੇ ਮਹਿਮਾਨਾਂ ਤੇ ਭਾਗੀਦਾਰਾਂ ਦਾ ਸਵਾਗਤ ਕਰਦੇ ਹੋਏ ਆਪਣੇ ਸੰਬੋਧਨ ਵਿੱਚ ਕੁੰਭਮੇਲੇ ਦੇ ਵਿਗਿਆਨਕ ਤੇ ਤਰਕਪੂਰਨ ਆਧਾਰ 'ਤੇ ਵਿਸਥਾਰ ਨਾਲ ਚਰਚਾ ਕੀਤੀ। ਇਸ ਸਮੇਂ ਅਸ਼ੋਕ ਠਾਕੁਰ ਨੇ ਦੱਸਿਆ ਕਿ ਇਹ ਵਰਕਸ਼ਾਪ ਭਾਰਤੀ ਗਿਆਨ ਪ੍ਰਣਾਲੀ (ਆਈ ਕੇ ਐੱਸ) ਦੇ ਦਾਰਸ਼ਨਿਕ ਆਧਾਰਾਂ ਤੇ ਆਧੁਨਿਕ ਸਿੱਖਿਆ ਵਿੱਚ ਇਸਦੇ ਵਿਹਾਰਕ ਉਪਯੋਗ ਨੂੰ ਸਮਝਣ ਲਈ ਇੱਕ ਸ਼ਾਨਦਾਰ ਪਲੇਟਫਾਰਮ ਸਾਬਤ ਹੋਈ।ਡਾ. ਚਰਨਜੀਵ ਗੁਪਤਾ ਨੇ ਦੱਸਿਆ ਕਿ ਇਸ ਨੇ ਵਿੱਦਿਅਕ ਸੰਸਥਾਵਾਂ ਨੂੰ ਰਾਸ਼ਟਰੀ ਸਿੱਖਿਆ ਨੀਤੀ-2020 ਅਨੁਸਾਰ ਆਪਣੇ ਪਾਠਕ੍ਰਮ ਨੂੰ ਭਾਰਤ ਦੀ ਪ੍ਰਾਚੀਨ ਗਿਆਨ ਪ੍ਰੰਪਰਾ ਨਾਲ ਜੋੜਨ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦਾ ਸਮਾਪਨ ਧੰਨਵਾਦ ਭਾਰਤ ਦੀਆਂ ਸਦੀਵੀ, ਵਿਗਿਆਨਕ ਤੇ ਨੈਤਿਕ ਪ੍ਰੰਪਰਾਵਾਂ ਵਿੱਚ ਡੂੰਘੀਆਂ ਜੜ੍ਹਾਂ ਵਾਲੀ ਸੰਪੂਰਨ ਸਿੱਖਿਆ ਨੂੰ ਉਤਸ਼ਾਹਤ ਕਰਨ ਦੇ ਸਮੂਹਕ ਸੰਕਲਪ ਨਾਲ ਹੋਇਆ।ਇਸ ਮੌਕੇ ਹਰੀ ਮੋਹਨ ਅਰੋੜਾ ਰਜਿਸਟਰਾਰ ਸਲਾਈਟ, ਪ੍ਰੋਫੈਸਰ ਏ. ਐੱਸ. ਅਰੋੜਾ, ਪ੍ਰੋਫੈਸਰ ਆਰ. ਕੇ. ਮਿਸ਼ਰਾ, ਪ੍ਰੋਫੈਸਰ ਸੁਰਿਤਾ ਮੈਣੀ, ਪ੍ਰੋਫੈਸਰ ਪ੍ਰਦੂਮਣ ਕੁਮਾਰ, ਨਵਦੀਪ ਗਰਗ, ਸਟੇਟ ਐਵਾਰਡੀ ਮਾਸਟਰ ਅਵਨੀਸ਼ ਕੁਮਾਰ, ਪ੍ਰਿੰਸੀਪਲ ਐੱਸ ਡੀ ਕਾਲਜ ਆਫ ਐਜੂਕੇਸ਼ਨ ਡਾ. ਤਪਨ ਸਾਹੂ, ਡਾ. ਸ਼ਿਖਾ ਪ੍ਰਧਾਨ, ਐੱਮ ਡੀ ਜੈਪਾਲ ਸਿੰਗਲਾ ਧਨੌਲਾ, ਐੱਮ ਡੀ ਐੱਲ ਸਫੀ ਇੱਤਰ, ਕੁਲਦੀਪ ਸਿੰਘ, ਸੈਲੂ ਸਿੰਗਲਾ ਪ੍ਰਚਾਰਕ, ਰਾਜੇਸ਼ ਕੁਮਾਰ ਧਨੌਲਾ, ਫੈਕਲਟੀ, ਸਟਾਫ ਮੈਂਬਰ ਤੇ ਭਾਰੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਰਹੇ।

# ਈ ਟੀ ਓ ਵੱਲੋਂ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੰਡੀਆਂ ਦਾ ਦੌਰਾ

## * ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਪੰਜਾਬ ਸਰਕਾਰ ਵੱਲੋਂ ਕਣਕ ਦੀ ਖਰੀਦ ਲਈ ਸਾਰੀਆਂ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਮਹਿਤਾ, ਤਰਸਿੱਕਾ, ਟਾਂਗਰਾ ਅਤੇ ਜੰਡਿਆਲਾ ਵਿਖੇ ਕਣਕ ਦੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੰਡੀਆਂ ਦਾ ਦੌਰਾ ਕਰਨ ਮੌਕੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਇਸ ਮੌਕੇ ਤਰਸਿੱਕਾ ਮੰਡੀ ਵਿੱਚ ਕਣਕ ਦੀ ਸਰਕਾਰੀ ਖਰੀਦ ਵੀ ਸ਼ੁਰੂ ਕਰਵਾਈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਦੀ 24 ਘੰਟੇ ਅੰਦਰ ਖਰੀਦ ਤੇ ਵੇਚੀ ਗਈ ਫਸਲ ਦੀ ਤੈਅ ਸਮੇਂ ਅੰਦਰ ਅਦਾਇਗੀ ਯਕੀਨੀ ਬਣਾਈ ਜਾਵੇਗੀ ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਮੰਡੀਆਂ ਵਿੱਚ ਜਿਆਦਾ ਦੇਰ ਨਾ ਬੈਠਣਾ ਪਵੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸੂਬਾ ਸਰਕਾਰ ਨੇ ਹਮੇਸ਼ਾ ਕਿਸਾਨੀ ਹਿੱਤਾਂ ਦੀ ਰਾਖੀ ਕੀਤੀ ਹੈ ਅਤੇ ਹੁਣ ਵੀ ਸਰਕਾਰ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੋਵੇਗੀ।ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਨੇ ਹਮੇਸ਼ਾ ਹੀ ਕਿਸਾਨੀ ਹਿੱਤਾਂ ਨੂੰ ਤਰਜੀਹ ਦਿੱਤੀ ਹੈ ਅਤੇ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਕਿਸਾਨ ਪੱਖੀ ਫੈਸਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਖਰੀਦ ਲਈ ਪੀਣ ਵਾਲੇ ਸਾਫ ਸੁਥਰੇ ਪਾਣੀ, ਲਾਈਟ ਤੇ ਬੈਠਣ ਲਈ ਛਾਂਦਾਰ ਜਗ੍ਹਾ ਦੇ ਨਾਲ-ਨਾਲ ਹੋਰ ਜ਼ਰੂਰੀ ਪ੍ਰਬੰਧ ਵੀ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਸਖਤ ਹਦਾਇਤ ਕੀਤੀ ਗਈ ਹੈ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨ ਦਿੱਤਾ ਜਾਵੇ।ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਰਾਤ ਸਮੇਂ ਕਣਕ ਦੀ ਕਟਾਈ ਕੰਬਾਇਨਾਂ ਨਾਲ ਨਾ ਕਰਵਾਈ ਜਾਵੇ ਕਿਉਂਕਿ ਰਾਤ ਸਮੇਂ ਕਣਕ ਕਟਵਾਉਣ ਨਾਲ ਫਸਲ ਵਿੱਚ ਨਮੀ ਦੀ ਮਾਤਰਾ ਵੱਧ ਜਾਂਦੀ ਹੈ ਅਤੇ ਤੈਅ ਨਮੀ ਤੋਂ ਵੱਧ ਵਾਲੀ ਫਸਲ ਖਰੀਦਣ ਵਿੱਚ ਖਰੀਦ ਏਜੰਸੀਆਂ ਨੂੰ ਮੁਸ਼ਕਲ ਪੇਸ਼ ਆਉਂਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮੰਡੀਆਂ ਵਿੱਚ ਕਣਕ ਪੂਰੀ ਤਰ੍ਹਾਂ ਸੁੱਕਾ ਕੇ ਹੀ ਲਿਆਂਦੀ ਜਾਵੇ ਤਾਂ ਜੋ ਉਨ੍ਹਾਂ ਨੂੰ ਫਸਲ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਨਾ ਬੈਠਣਾ ਪਵੇ। ਇਸ ਮੌਕੇ ਉਨ੍ਹਾਂ ਨਾਲ ਵੱਡੀ ਗਿਣਤੀ ਵਿੱਚ ਕਿਸਾਨ, ਆੜ੍ਹਤੀਆ ਐਸੋਸੀਏਸ਼ਨ ਦੇ ਮੈਂਬਰ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀ ਹਾਜ਼ਰ ਸਨ।

# ਮਜ਼ਦੂਰ ਲਹਿਰ ਨੂੰ ਦਬਾਉਣ ਲਈ ਸਰਕਾਰਾਂ ਵੱਲੋਂ ਹਰ ਘਟੀਆ ਤੋਂ ਘਟੀਆ ਹਰਵਾ ਵਰਤਿਆ ਜਾ ਰਿਹਾ : ਦੇਵੀ ਕੁਮਾਰੀ



ਤਰਨ ਤਾਰਨ (ਨਜ਼ਸ)-ਪੰਜਾਬ ਖੇਤ ਮਜ਼ਦੂਰ ਸਭਾ ਦੀ ਬਰਾਂਚ ਖਡੂਰ ਸਾਹਿਬ ਦੀ ਮੀਟਿੰਗ ਉਸ ਸਮੇਂ ਕਰ ਰਹੇ ਹਾਂ ਜਦੋਂ ਸਰਕਾਰਾਂ ਅਤੇ ਕਾਰਪੋਰੇਟ ਘਰਾਣਿਆਂ ਵੱਲੋਂ ਮਜ਼ਦੂਰ ਲਹਿਰ ਨੂੰ ਦਬਾਉਣ ਲਈ ਹਰ ਘਟੀਆ ਤੋਂ ਘਟੀਆ ਹਰਵਾ ਵਰਤਿਆ ਜਾ ਰਿਹਾ ਹੈ। ਅਜਿਹੇ ਸਮੇਂ ਸਾਨੂੰ ਜਿੱਥੇ ਸਰਕਾਰਾਂ ਦੇ ਕੋਝੇ ਹੱਥਕੰਡਿਆਂ ਨੂੰ ਸਮਝਣ ਦੀ ਵਧੇਰੇ ਗੰਭੀਰਤਾ ਦੀ ਲੋੜ ਹੈ, ਉੱਥੇ ਸੰਘਰਸ਼ ਦੀ ਲੋੜ ਨੂੰ ਸਿਰੇ ਤੋਂ ਵਿਉਂਤਬੰਦੀ ਕਰਨ ਲਈ ਸ਼ੁਰੂ ਨੂੰ ਸਾਣ 'ਤੇ ਲਾਉਣ ਦੀ ਵੀ ਜ਼ਰੂਰਤ ਹੈ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕੀਤਾ। ਉਹ ਪੰਜਾਬ ਖੇਤ ਮਜ਼ਦੂਰ ਸਭਾ ਬਰਾਂਚ ਖਡੂਰ ਸਾਹਿਬ ਵਿਖੇ ਸੰਬੋਧਨ ਕਰ ਰਹੇ ਸਨ। ਉਨ੍ਹਾਂ 8,9,10 ਮਾਰਚ 2025 ਨੂੰ ਗੁਰਦਾਸਪੁਰ ਖੇਤ ਮਜ਼ਦੂਰ ਯੂਨੀਅਨ ਦੀ ਹੋਈ ਮੀਟਿੰਗ ਵਿੱਚ ਹੋਏ ਫੈਸਲਿਆਂ ਤੋਂ ਜਾਣੂ ਕਰਵਾਇਆ ਅਤੇ ਕਿਹਾ ਕਿ ਅੱਜ ਦੇਸ਼ ਦਾ ਸੰਵਿਧਾਨ ਖਤਰੇ ਵਿੱਚ ਹੈ।ਲੋਕਾਂ ਦੇ ਜਮਹੂਰੀ ਹੱਕਾਂ ਨੂੰ ਦਰੜਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਦਲਿਤ ਸਮਾਜ, ਘੱਟ ਗਿਣਤੀਆਂ, ਕਿਸਾਨਾਂ ਅਤੇ ਔਰਤਾਂ 'ਤੇ ਲਗਾਤਾਰ ਹਮਲੇ ਹੋ ਰਹੇ ਹਨ ਜੋ ਸੋਚੀ ਸਮਝੀ ਸਾਜ਼ਿਸ਼ ਦਾ ਹਿੱਸਾ ਹੈ।ਉਨ੍ਹਾਂ ਦਾਸ ਸਿੰਘ ਵਾਲਾ ਅਤੇ ਚੰਦ ਭਾਨ ਦੀ ਘਟਨਾ ਦਾ ਜ਼ਿਕਰ ਕਰਦੇ ਹੋਏ ਕਿਸਾਨਾਂ ਦੀਆਂ ਗ੍ਰਿਫਤਾਰੀਆਂ ਦੀ ਸਖ਼ਤ ਨਿੰਦਾ ਕਰਦੇ ਹੋਏ ਪੰਜਾਬ ਸਰਕਾਰ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਕੇਂਦਰ ਸਰਕਾਰ ਤੇ ਤਤਕਦਰ ਕਰ ਹੀ ਰਹੀ ਸੀ ਹੁਣ ਪੰਜਾਬ ਸਰਕਾਰ ਵੀ ਉਸੇ ਰਸਤੇ ਚੱਲ ਪਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਜ਼ਦੂਰ ਲੋਕਾਂ 'ਤੇ ਅੱਤਿਆਚਾਰ ਕਰਨੇ ਬੰਦ ਕਰੇ, ਨਸ਼ੇ ਅਤੇ ਗੁੰਡਾਗਰਦੀ ਨੂੰ ਫੌਰੀ ਠੱਲ੍ਹ ਪਾਈ ਜਾਵੇ।ਉਨ੍ਹਾਂ ਕਿਰਤੀ ਲੋਕਾਂ ਨੂੰ ਕਿਹਾ ਕਿ ਜਥੇਬੰਦੀ ਦੀ ਮਜ਼ਬੂਤੀ ਲਈ ਮੈਂਬਰਸ਼ਿਪ ਕਰਕੇ ਪਿੰਡ ਕਮੇਟੀਆਂ ਬਣਾਈਆਂ ਜਾਣ।ਦੇਵੀ ਕੁਮਾਰੀ ਨੇ ਦੱਸਿਆ ਕਿ ਭਾਰਤੀ ਕਮਿਊਨਿਸਟ ਪਾਰਟੀ ਦੀ ਪਾਰਟੀ ਕਾਂਗਰਸ ਚੰਡੀਗੜ੍ਹ ਵਿਖੇ 21 ਤੋਂ 25 ਸਤੰਬਰ ਨੂੰ ਕੀਤੀ ਜਾ ਰਹੀ ਹੈ ਅਤੇ 21 ਸਤੰਬਰ ਨੂੰ ਵਿਸ਼ਾਲ ਰੈਲੀ ਕੀਤੀ ਜਾਵੇਗੀ।ਉਨ੍ਹਾਂ ਖੇਤ ਮਜ਼ਦੂਰਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਜ਼ਿਲ੍ਹਾ ਮੀਤ ਪ੍ਰਧਾਨ ਕਾਮਰੇਡ ਹੀਰਾ ਸਿੰਘ ਖਡੂਰ ਸਾਹਿਬ, ਬਲਾਕ ਸਕੱਤਰ ਕਾਮਰੇਡ ਮੇਜਰ ਸਿੰਘ ਦਾਰਾਪੁਰ, ਕਿਸਾਨ ਆਗੂ ਹਰਬੰਸ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤਾ ਗਿਆ ਬਜਟ, ਭਗਵੰਤ ਮਾਨ ਵੱਲੋਂ ਅਪਣਾਈਆਂ ਗਈਆਂ ਕਾਰਪੋਰੇਟ ਨੀਤੀਆਂ ਨੂੰ ਜਾਰੀ ਰੱਖਣ ਦੇ ਐਲਾਨਨਾਮੇ ਤੋਂ ਵੱਧ ਕੁੱਝ ਵੀ ਨਹੀਂ। ਮਜ਼ਦੂਰਾਂ, ਕਿਸਾਨਾਂ, ਸਿਹਤ, ਸਿੱਖਿਆ, ਰੁਜ਼ਗਾਰ ਬਾਰੇ ਕੋਈ ਜ਼ਿਕਰ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੇ ਸਾਰੇ ਦਾਅਵੇ ਝੂਠੇ ਸਾਬਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਕੀਤੇ ਵਾਅਦੇ ਪੂਰੇ ਕਰੇ।ਲੋਕਤੰਤਰਵੀ ਮਹਿੰਗਾਈ, ਬੇਰੋਜ਼ਗਾਰੀ, ਸਿਹਤ ਸਹੂਲਤਾਂ ਦੀ ਮਾੜੀ ਹਾਲਤ, ਖੇਤੀ ਜਿਣਸਾਂ ਦੇ ਲਾਹੇਵੰਦ ਭਾਅ ਠੇਕੇਦਾਰੀ ਸਿਸਟਮ ਬੰਦ, ਮਨਰੇਗਾ ਕਾਮਿਆਂ ਨੂੰ ਪੂਰਾ ਸਾਲ ਕੰਮ, ਕੰਮ ਦਿਹਾੜੀ ਸੌ ਤੋਂ ਸੌ ਰੁਪਏ, ਖੇਤ ਮਜ਼ਦੂਰਾਂ ਦਾ ਕਰਜ਼ਾ ਮਾਇਕਰੋ ਫਾਇਨਾਂਸ ਕੰਪਨੀਆਂ ਸਮੇਤ ਮੁਆਫ ਕਰਵਾਉਣ, ਲੋੜਵੰਦ ਬੇਘਰੇ ਲੋਕਾਂ ਨੂੰ ਦਸ ਦਸ ਮਰਲੇ ਦੇ ਪਲਾਟ ਅਤੇ ਘਰ ਬਣਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ, ਵਿਧਵਾ ਬੁਢਾਪਾ ਤੇ ਅੰਗਹੀਣ ਪੈਨਸ਼ਨ ਪੰਜ ਹਜ਼ਾਰ ਰੁਪਏ, ਔਰਤਾਂ ਦੇ ਖਾਤਿਆਂ ਵਿੱਚ ਇੱਕ ਹਜ਼ਾਰ ਰੁਪਏ ਤੁਰੰਤ ਪਾਏ ਜਾਣ।ਮੀਟਿੰਗ ਦੀ ਪ੍ਰਧਾਨਗੀ ਕਾਮਰੇਡ ਨਰਿੰਦਰਪਾਲ ਸਿੰਘ, ਕਾਮਰੇਡ ਕੁਲਵੰਤ ਸਿੰਘ ਖਡੂਰ ਸਾਹਿਬ ਨੇ ਕੀਤੀ।ਇਨ੍ਹਾਂ ਤੋਂ ਇਲਾਵਾ ਕਾਮਰੇਡ ਜਸਬੀਰ ਸਿੰਘ ਸੰਘਰ, ਕਾਮਰੇਡ ਦਲਬੀਰ ਸਿੰਘ ਰਾਮਪੁਰ, ਹਰੀ ਸਿੰਘ, ਸੁਖਦੇਵ ਸਿੰਘ, ਜੀਵਨ ਸਿੰਘ, ਮਨਜੀਤ ਕੌਰ, ਬਲਦੇਵ ਸਿੰਘ, ਜਗਿੰਦਰ ਸਿੰਘ, ਦਿਲਬਾਗ ਸਿੰਘ, ਨਿਰਮਲ ਸਿੰਘ, ਗੁਰਵਿੰਦਰ ਸਿੰਘ, ਹਰਬੰਸ ਸਿੰਘ ਆਦਿ ਹਾਜ਼ਰ ਸਨ।

## ਫਰਾਂਸ ਦੇ ਰਾਜਦੂਤ ਥੈਰੀ ਮਾਥੂ ਨੇ ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਿਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਫਰਾਂਸ ਦੇ ਰਾਜਦੂਤ ਥੈਰੀ ਮਾਥੂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਉਪਰੰਤ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਦਾ ਸੁਨਹਿਰੀ ਮਾਡਲ, ਲੋਈ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ। ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕਰਨ ਮੌਕੇ ਜਿਥੇ ਉਨ੍ਹਾਂ ਨੇ ਗੁਰਬਾਣੀ ਕੀਰਤਨ ਸੁਣਿਆ, ਉਥੇ ਹੀ ਉਹ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਵੀ ਗਏ। ਇਸ ਮੌਕੇ ਰਾਜਦੂਤ ਥੈਰੀ ਮਾਥੂ ਨੇ ਕਿਹਾ ਕਿ ਉਹ ਇਸ ਪਵਿੱਤਰ ਅਸਥਾਨ 'ਤੇ ਆ ਕੇ ਮਾਣ ਮਹਿਸੂਸ ਕਰਦੇ ਹਨ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਮਿਲੇ ਸਨਮਾਨ ਲਈ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ।

## ਵਾਇਸ ਪ੍ਰਿੰ. ਡਾ. ਗੁਰਜੀਤ ਸਿੰਘ ਦੀ ਅਹਿਮ ਪ੍ਰਾਪਤੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਚੀਫ਼ ਖ਼ਾਲਸਾ ਦੀਵਾਨ ਅਹੁਦੇਦਾਰਾਂ ਨੇ ਸੀ. ਕੇ. ਡੀ. ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਵਾਇਸ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਵੱਲੋਂ ਪੋਰਟੇਬਲ ਸਾਈਬਰ ਅਟੈਕ ਬਚਾਉ ਡਿਵਾਈਸ ਦੇ ਬਣਾਏ ਗਏ ਡਿਜ਼ਾਈਨ ਨੂੰ ਭਾਰਤ ਸਰਕਾਰ ਦੇ ਪੇਟੈਂਟ ਦਫ਼ਤਰ ਵੱਲੋਂ ਰਜਿਸਟਰੇਸ਼ਨ ਪ੍ਰਮਾਣ ਪੱਤਰ ਪ੍ਰਾਪਤ ਹੋਣ 'ਤੇ ਵਧਾਈ ਦਿੱਤੀ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਮੀਤ ਪ੍ਰਧਾਨ ਜਗਜੀਤ ਸਿੰਘ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਅਤੇ ਐਡੀ. ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ ਨੇ ਡਾ. ਗੁਰਜੀਤ ਸਿੰਘ ਵੱਲੋਂ ਸਾਈਬਰ ਸੁਰੱਖਿਆ ਦੇ ਖੇਤਰ ਵਿਚ ਦਿੱਤੇ ਗਏ ਮਹੱਤਵਪੂਰਨ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਡਾ. ਗੁਰਜੀਤ ਸਿੰਘ ਦੀ ਸ਼ਾਨਦਾਰ ਪ੍ਰਾਪਤੀ ਉਨ੍ਹਾਂ ਦੀ ਬੇਮਿਸਾਲ ਮੁਹਾਰਤ, ਨਵੀਂ ਸੋਚ, ਸਮਰਪਣ ਅਤੇ ਲਗਨ ਦਾ ਨਤੀਜਾ ਹੈ। ਉਨ੍ਹਾਂ ਨੇ ਆਸ ਕੀਤੀ ਕਿ ਡਾ. ਗੁਰਜੀਤ ਸਿੰਘ ਵੱਲੋਂ ਸਾਈਬਰ ਹਮਲੇ ਤੋਂ ਬਚਾਓ ਅਤੇ ਰੋਕਥਾਮ ਲਈ ਡਿਜ਼ਾਈਨ ਕੀਤਾ ਗਿਆ ਨਵਾਂ ਡਿਵਾਈਸ ਸਾਈਬਰ ਸੁਰੱਖਿਆ ਪ੍ਰਤੀ ਨਵੀਆਂ ਖੋਜਾਂ ਨੂੰ ਆਕਾਰ ਦੇਣ ਵਿਚ ਸਹਾਇਕ ਸਿੱਧ ਹੋਵੇਗਾ ਅਤੇ ਭਵਿੱਖ ਵਿਚ ਹੋਰਨਾਂ ਖੋਜੀਆਂ ਲਈ ਪ੍ਰੇਰਨਾ ਦਾ ਸਰੋਤ ਬਣੇਗਾ। ਉਨ੍ਹਾਂ ਡਾ. ਗੁਰਜੀਤ ਸਿੰਘ ਨੂੰ ਭਵਿੱਖ ਵਿਚ ਹੋਰ ਕਾਮਯਾਬੀਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦਾ ਤਿਉਹਾਰ ਮਨਾਇਆ


ਚੋਹਲਾ ਸਾਹਿਬ (ਰਮਨ ਚੱਢਾ)—ਨਿਊ ਲਾਈਫ ਪਬਲਿਕ ਸੀਨੀਅਰ ਸੈਕੰਡਰੀ ਸਕੂਲਾ ਚੋਹਲਾ ਸਾਹਿਬ ਵਿੱਖੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦਾ ਤਿਉਹਾਰ ਬਹੁਤ ਸ਼ਰਧਾ ਭਾਵਨਾ ਅਤੇ ਚੜ੍ਹਦੀ ਕਲਾ ਨਾਲ ਮਨਾਇਆ ਗਿਆ।ਇਸ ਦੌਰਾਨ ਸਕੂਲ ਵਿੱਚ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।ਸਕੂਲ ਦੇ ਪ੍ਰਿੰਸੀਪਲ ਸਰੋਜ ਬਾਲਾ ਅਤੇ ਅਧਿਆਪਕਾ ਵਿਦਿਆਰਥੀਆਂ ਵੱਲੋਂ ਰਲ-ਮਿਲ ਕੇ ਸ਼ਬਦ ਗਾਇਨ ਕੀਤਾ ਗਿਆ।ਸਕੂਲ ਦੇ



ਵਿਦਿਆਰਥੀਆਂ ਵੱਲੋਂ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਤਿਉਹਾਰ ਦੀ ਮਹਾਨਤਾ ਨੂੰ ਬਿਆਨ ਕਰਦੀਆਂ ਕਵਿਤਾਵਾਂ, ਨਾਟਕ, ਗਿੱਧਾ ਅਤੇ ਭੰਗੜਾ ਪੇਸ਼ ਕੀਤਾ ਗਿਆ।ਪ੍ਰਿੰਸੀਪਲ ਸਰੋਜ ਬਾਲਾ ਨੇ ਵਿਦਿਆਰਥੀਆਂ ਨੂੰ ਖਾਲਸਾ ਪੰਥ ਦੀ ਸਾਜਨਾ ਅਤੇ ਵਿਸਾਖੀ ਦੇ ਇਤਹਾਸ ਤੋਂ ਜਾਣੂ ਕਰਵਾਇਆ।ਐੱਮ. ਡੀ. ਨਈਅਰ ਅਤੇ ਪ੍ਰਿੰਸੀਪਲ ਸਰੋਜ ਬਾਲਾ ਨੇ ਸਮੁੱਚੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਤਿਉਹਾਰ ਦੀ ਵਧਾਈ ਦਿੱਤੀ।

## ਜਮਾਲਪੁਰ 'ਚ ਲਾਲ ਚੰਦ ਕਟਾਰੂਚੱਕ ਨੇ ਕੀਤਾ ਸ਼ੈਲੋ ਬੋਰ ਦਾ ਉਦਘਾਟਨ

ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾ ਰਿਹਾ ਹੈ ਜਿਸ ਅਧੀਨ ਪਿੰਡ ਜਮਾਲਪੁਰ ਵਿਖੇ ਸ਼ੈਲੋ ਬੋਰ ਦੇ ਨਿਰਮਾਣ ਕਾਰਜ ਦਾ ਸ਼ੁਭਾ ਆਰੰਭ ਕੀਤਾ ਗਿਆ ਅਤੇ ਨਿਰਧਾਰਤ ਸਮੇਂ ਅੰਦਰ ਇਹ ਬੋਰ ਦਾ ਕਾਰਜ ਮੁਕੰਮਲ ਕਰਕੇ ਜਲਦੀ ਹੀ ਪਿੰਡ ਵਾਸੀਆਂ ਨੂੰ ਪਾਣੀ ਦੀ ਸਪਲਾਈ



ਦਿੱਤੀ ਜਾਵੇਗੀ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਪਿੰਡ ਜਮਾਲਪੁਰ ਵਿਖੇ ਨਵੇਂ ਸ਼ੈਲੋ ਬੋਰ ਦੇ ਨਿਰਮਾਣ ਕਾਰਜ ਦਾ ਸ਼ੁਭ ਆਰੰਭ ਕਰਨ ਮਗਰੋਂ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੋਹਣ ਲਾਲ ਬਲਾਕ ਪ੍ਰਧਾਨ, ਬਲਜਿੰਦਰ ਕੌਰ ਬਲਾਕ ਪ੍ਰਧਾਨ, ਤਰੁਣ ਠਾਕੁਰ, ਸੰਜੇ ਪਾਸੀ, ਰਾਜੂ, ਵਿੱਕੀ, ਜੋਗਿੰਦਰ ਪਾਲ, ਅਵਤਾਰ ਸਿੰਘ, ਰਾਣੀ, ਕੈਪਟਨ ਅਰਜੁਨ ਸਿੰਘ ਅਤੇ ਹੋਰ ਪਾਰਟੀ ਦੇ ਕਾਰਜ ਕਰਤਾ ਹਾਜ਼ਰ ਸਨ। ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਵਿਸ਼ੇਸ਼ ਉਪਰਾਲਾ ਹੈ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇ। ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਵਿੱਚ ਪੂਰੇ ਪੰਜਾਬ ਅੰਦਰ ਬਿਨਾਂ ਕਿਸੇ ਪੱਖਪਾਤ ਅਤੇ ਬਿਨਾਂ ਕਿਸੇ ਭੇਦ ਭਾਵ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਉਹ ਕੰਮ ਜਿਹੜੇ ਬਹੁਤ ਲੰਮੇ ਸਮੇਂ ਤੋਂ ਰੁਕੇ ਹੋਏ ਸਨ ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਅੱਜ ਬਹੁਤ ਖੁਸ਼ੀ ਦਾ ਦਿਨ ਹੈ ਕਿ ਪਿੰਡ ਜਮਾਲਪੁਰ ਦੇ ਵਸਨੀਕਾਂ ਨੂੰ ਬਹੁਤ ਜਲਦ ਪੀਣ ਵਾਲਾ ਸਾਫ ਪਾਣੀ ਮੁਹੱਈਆ ਹੋਏਗਾ।ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਪਿੰਡ ਜਮਾਲਪੁਰ ਨੂੰ ਪਿੰਡ ਕਿਲ੍ਹੇ ਤੋਂ ਪੀਣ ਵਾਲੇ ਪਾਣੀ ਦੀ ਸਪਲਾਈ ਕੀਤੀ ਜਾਂਦੀ ਸੀ ਪਰ ਦੋਵਾਂ ਪਿੰਡਾਂ ਅੰਦਰ ਜ਼ਿਆਦਾ ਦੂਰੀ ਹੋਣ ਕਰਕੇ ਵਾਟਰ ਸਪਲਾਈ ਜਗ੍ਹਾ ਜਗ੍ਹਾ ਤੋਂ ਲੀਕੇਜ ਹੋ ਗਈ ਸੀ ਅਤੇ ਲੋਕਾਂ ਨੂੰ ਮਜਬੂਰੀ ਦੇ ਚਲਦਿਆਂ ਗੰਦਾ ਪਾਣੀ ਪੀਣਾ ਪੈ ਰਿਹਾ ਸੀ।ਉਨ੍ਹਾਂ ਕਿਹਾ ਕਿ ਇਸ ਬੋਰ ਦੇ ਹੋਣ 'ਤੇ ਮਗਰੋਂ ਹੁਣ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਦਿੱਕਤ ਨਹੀਂ ਰਹੇਗੀ।ਪੰਜਾਬ ਸਰਕਾਰ ਪਿੰਡਾਂ ਦੀ ਨੁਹਾਰ ਬਦਲਦਿਆਂ ਜਿੱਥੇ ਪਿੰਡਾਂ ਅੰਦਰ ਪੀਣ ਵਾਲੇ ਪਾਣੀ ਲਈ ਨਵੀਆਂ ਵਾਟਰ ਸਪਲਾਈ, ਨੌਜਵਾਨਾਂ ਲਈ ਖੇਡ ਦੇ ਮੈਦਾਨ, ਸਟੇਡੀਅਮ, ਖੇਡ ਨਰਸਰੀਆਂ, ਪਾਰਕਾਂ, ਸਕੂਲਾਂ ਦੀ ਕਾਇਆ ਕਲਪ ਕੀਤੀ ਜਾ ਰਹੀ ਹੈ, ਸਰਕਾਰੀ ਸਕੂਲਾਂ ਦੀ ਦਸ਼ਾ ਵਿੱਚ ਸੁਧਾਰ ਕੀਤਾ ਜਾ ਰਿਹਾ ਹੈ ਅਤੇ ਹੋਰ ਆਦਿ ਨਿਰਮਾਣ ਕਾਰਜ ਕੀਤੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਸਕਣ।

# ਗੁਰਚਰਨ ਸਿੰਘ ਕੰਡਾ ਦੀ ਯਾਦ 'ਚ ਸੋਗ ਸਭਾ

## * ਮਿਹਨਤੀ ਤੇ ਸਿਰੜੀ ਆਗੂ ਸਨ ਕੰਡਾ : ਮਸੀਤਾਂ



ਭਿੱਖੀਵਿੰਡ (ਨਜ਼ਸ)-ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਤਰਨ ਤਾਰਨ ਸਰਕਲ ਯੂਨਿਟ ਦੀ ਟੀਮ ਸਮੇਂ ਅਗਵਾਈ ਕਰਨ ਵਾਲੇ ਅਤੇ ਪਾਵਰਕਾਮ/ਟਾਂਸਕੋ ਪੈਨਸ਼ਨਰਜ਼ ਯੂਨੀਅਨ ਦੇ ਸਰਕਲ ਆਗੂ ਗੁਰਚਰਨ ਸਿੰਘ ਕੰਡਾ ਜੋ ਬੀਤੇ ਦਿਨੀਂ ਸੰਖੇਪ ਬੀਮਾਰੀ ਦੇ ਚਲਦਿਆਂ ਵਿਛੋੜਾ ਦੇ ਗਏ ਸਨ, ਦੀ ਨਿੱਘੀ ਯਾਦ ਵਿੱਚ ਪਾਵਰਕਾਮ ਦਫ਼ਤਰ ਭਿੱਖੀਵਿੰਡ ਵਿਖੇ ਸੋਗ ਸਮਾਗਮ ਸਾਥੀ ਬਲਦੇਵ ਰਾਜ ਸ਼ਰਮਾ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਪਾਵਰਕਾਮ ਅਤੇ ਟਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਦੇ ਸੂਬਾ ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ, ਸਰਕਲ ਤਰਨ ਤਾਰਨ ਦੇ ਸਰਪ੍ਰਸਤ ਅਮਰਜੀਤ ਸਿੰਘ ਮਾੜੀਮੇਘਾ, ਪ੍ਰਧਾਨ ਪੂਰਨ ਸਿੰਘ ਮਾੜੀਮੇਘਾ ਤੋਂ ਇਲਾਵਾ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਕੰਡਾ ਇਮਾਨਦਾਰ ਅਤੇ ਸਿਰੜੀ ਆਗੂ ਸਨ।ਉਨ੍ਹਾਂ ਕਿਹਾ ਕਿ ਸਾਥੀ ਕੰਡਾ ਨੇ ਆਪਣੀ ਸਾਰੀ ਜ਼ਿੰਦਗੀ ਦੱਬੇ ਕੁਚਲੇ ਲੋਕਾਂ ਦੀ ਬੰਦਖਲਾਸੀ ਲਈ ਅਣਗਿਣਤ ਸੰਘਰਸ਼ ਲੜੇ ਜਿਨ੍ਹਾਂ ਦੀ ਗਾਥਾ ਬਹੁਤ ਲੰਮੇਰੀ ਹੈ।ਮਸੀਤਾਂ ਨੇ ਕਿਹਾ ਕਿ ਕੰਡਾ ਨੂੰ ਮੁਲਾਜ਼ਮਾਂ ਦੇ ਸੰਘਰਸ਼ਾਂ ਦੀ ਅਗਵਾਈ ਕਰਦਿਆਂ ਕਈ ਵਾਰ ਦੂਰ ਦੁਰਾਡੇ ਬਦਲੀਆਂ ਦਾ ਸਾਹਮਣਾ ਕਰਨ ਦੇ ਇਲਾਵਾ ਆਪਣਾ ਵਿੱਤੀ ਨੁਕਸਾਨ ਵੀ ਝੱਲਣਾ ਪਿਆ। ਇਸ ਸੋਗ ਸਮਾਗਮ ਵਿੱਚ ਸੁਖਰਾਜ ਸਿੰਘ ਅਲੋਕ, ਹਰਜਿੰਦਰ ਸਿੰਘ ਜੇਈ, ਇੰਦਰਜੀਤ ਸਿੰਘ ਜੇ ਈ, ਸੁਰਿੰਦਰ ਸਿੰਘ ਜੇ ਈ, ਸੁਖਜਿੰਦਰ ਸਿੰਘ ਘੜਿਆਲਾ, ਹਰਜਿੰਦਰ ਕੁਮਾਰ ਜੋਸ਼ੀ, ਸਰਪੰਚ ਬਲਦੇਵ ਸਿੰਘ ਕਸੂਰ, ਰਾਕੇਸ਼ ਕੁਮਾਰ ਮਲਹੋਤਰਾ, ਕਰਮ ਸਿੰਘ ਝਬਾਲ, ਗੁਰਪਾਲ ਸਿੰਘ ਬੰਟੀ, ਜਸਵੰਤ ਸਿੰਘ ਮੂਸਾ, ਲਖਬੀਰ ਸਿੰਘ ਦੋਬੁਰਜੀ, ਹਰੀ ਪ੍ਰਸਾਦ, ਅਮਰਜੀਤ ਸਿੰਘ ਸੰਘਾ, ਜਸਵੰਤ ਸਿੰਘ ਜੇ ਈ, ਬਲਜਿੰਦਰ ਸਿੰਘ ਪਲਾਸੌਰ, ਸ਼ਾਂਤੀ ਪ੍ਰਸਾਦ, ਕੇਵਲ ਕ੍ਰਿਸ਼ਨ, ਵਰਿੰਦਰ ਸਿੰਘ ਚੀਮਾ, ਬੇਅੰਤ ਸਿੰਘ ਖਾਲੜਾ, ਦੇਸਾ ਸਿੰਘ ਨਾਰਲੀ, ਬਲਦੇਵ ਸਿੰਘ ਨਾਰਲੀ, ਹਰਦਿਆਲ ਸਿੰਘ ਧਗਾਣਾ ਆਦਿ ਆਗੂਆਂ ਨੇ ਹਿੱਸਾ ਲਿਆ।ਇਸ ਮੌਕੇ ਬੀਤੇ ਦਿਨੀਂ ਵਿਛੋੜਾ ਦੇ ਗਏ ਤਰਸੇਮ ਪਾਲ ਸੇਵਾਮੁਕਤ ਜੇ ਈ ਨੂੰ ਵੀ ਸ਼ਰਧਾਂਜਲੀਆਂ ਭੇਟ ਕੀਤੀਆਂ।

## 10 ਲੱਖ ਰੁਪਏ ਦੀ ਠੱਗੀ ਮਾਰਨ ਵਾਲੇ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਸਦਰ ਗੁਰਦਾਸਪੁਰ ਪੁਲਿਸ ਨੂੰ ਦਿੱਤੀ ਸ਼ਿਕਾਇਤ 'ਤੇ ਜਾਂਚ ਪੜਤਾਲ ਕਰਨ ਤੋਂ ਬਾਅਦ ਇਨਕੁਆਰੀ ਉਪ ਕਪਤਾਨ ਪੁਲਸ ਸਿਟੀ ਗੁਰਦਾਸਪੁਰ ਨੇ ਪਾਇਆ ਕਿ ਰਾਜਦੀਪ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਵਾਸੀ ਡਮਟਾਲ ਕਾਂਗੜਾ ਹਾਲ ਹਨੂਮਾਨ ਮੰਦਰ ਦੇ ਸਾਹਮਣੇ, ਕੁਲਦੀਪ ਕਰਿਆਨਾ ਸਟੋਰ ਦੀ ਉਪਰਲੀ ਮੰਜ਼ਿਲ ਸਿਟੀ ਬਟਾਲਾ ਨੇ ਮੁਕੇਸ਼ ਸ਼ਰਮਾ ਪੁੱਤਰ ਕੁਲਵੰਤ ਰਾਜ ਵਾਸੀ ਪੁਰੋਵਾਲ ਅਰਾਈਆਂ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਪੀੜਤ ਨਾਲ 10 ਲੱਖ ਰੁਪਏ ਦੀ ਠੱਗੀ ਮਾਰ ਕੇ ਧੋਖਾਧੜੀ ਕੀਤੀ ਹੈ। ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਠੱਗੀ ਮਾਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਹੈਰੋਇਨ ਤੇ ਡਰੱਗ ਮਨੀ ਸਮੇਤ ਵਿਅਕਤੀ ਕਾਬੂ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਤਿੱਬੜ ਪੁਲਿਸ ਦੇ ਐੱਸ. ਆਈ. ਸਤਨਾਮ ਸਿੰਘ ਨੇ ਸਮੇਤ ਪੁਲਸ ਪਾਰਟੀ ਨਵਾਂ ਪਿੰਡ ਹੁੰਦਲ ਤੋਂ ਦੌਰਾਨੇ ਨਾਕਾਬੰਦੀ ਅਤੇ ਚੈਕਿੰਗ ਵਹੀਕਲਾਂ ਦੇ ਸਬੰਧ ਵਿੱਚ ਰਛਪਾਲ ਸਿੰਘ ਸੋਨੂੰ ਪੁੱਤਰ ਸੁਖਦੇਵ ਸਿੰਘ ਵਾਸੀ ਬੱਬੇਹਾਲੀ ਨੂੰ ਸ਼ੱਕ ਦੇ ਆਧਾਰ 'ਤੇ ਕਾਰ ਸਮੇਤ ਕਾਬੂ ਕਰਕੇ ਉਸ ਪਾਸੋਂ ਬਰਾਮਦ ਪਾਰਦਰਸ਼ੀ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਕੋਲੋਂ 10 ਗ੍ਰਾਮ ਹੈਰੋਇਨ ਅਤੇ 12980 ਰੁਪਏ ਡਰੱਗ ਮਨੀ ਬਰਾਮਦ ਹੋਈ ਹੈ। ਪੁਲਸ ਨੇ ਉਕਤ ਵਿਅਕਤੀ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ੍ਰੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ 14ਵੇਂ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਚਲਦਾ ਵਹੀਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਅਮਰੀਕਾ ਸਥਿਤ ਗੁਰਦੁਆਰਾ ਅਕਾਲੀ ਬਾਬਾ ਫੂਲਾ ਸਿੰਘ ਜੀ ਸ਼ਹੀਦ ਛਾਉਣੀ ਨਿਹੰਗ ਸਿੰਘਾਂ ਬੁੱਢਾ ਦਲ ਪਲੇਨਫੀਲਡ ਇੰਡਿਆਨਾ ਯੂਐੱਸਏ ਵਿਖੇ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਪੂਰਨ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਖੰਡ ਪਾਠਾਂ ਦੇ ਭੋਗ ਪਾਏ ਗਏ। ਉਪਰੰਤ ਗੁਰਬਾਣੀ ਦੇ ਮਨੋਹਰ ਕੀਰਤਨ, ਕਥਾਵਾਚਕਾਂ, ਗਿਆਨੀਆਂ, ਪ੍ਰਚਾਰਕਾਂ ਅਤੇ ਢਾਡੀ ਕਵੀਸ਼ਰਾਂ ਨੇ ਸਿੱਖ ਇਤਿਹਾਸ ਤੇ ਗੁਰੂ ਸਾਹਿਬ ਦੀ ਮਹਿਮਾ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਗੁਰਦੁਆਰਾ ਸਾਹਿਬ ਵੱਲੋਂ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਛਾਉਣੀ ਦੇ ਇੰਚਾਰਜ ਜਥੇਦਾਰ ਬਾਬਾ ਜਸਵਿੰਦਰ ਸਿੰਘ ਜੱਸੀ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਸਭਨਾਂ ਨੂੰ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਬਾਬਾ ਕਸ਼ਮੀਰ ਸਿੰਘ ਮੁਛਲ ਗ੍ਰੰਥੀ ਸਿੰਘ ਨੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਜੀਵਨ ਤੇ ਬਾਣੀ ਬਾਰੇ ਵਿਸਥਾਰ ਵਿੱਚ ਸੰਗਤਾਂ ਨਾਲ ਸਾਂਝ ਪਾਈ।ਸਥਾਨਕ ਸੰਗਤਾਂ ਨੇ ਲੰਗਰ ਵਿੱਚ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ।

# ਮੰਡੀਆਂ 'ਚ ਕਿਸਾਨਾਂ ਦੀ ਕਣਕ ਦਾ ਇੱਕ-ਇੱਕ ਦਾਣਾ ਖਰੀਦਿਆ ਜਾਣਾ ਯਕੀਨੀ ਬਣਾਇਆ ਜਾਵੇਗਾ : ਭੁੱਲਰ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਦੇ ਟਰਾਂਸਪੋਰਟ ਅਤੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦਾਣਾ ਮੰਡੀ ਪੱਟੀ, ਹਰੀਕੇ, ਸਰਹਾਲੀ ਅਤੇ ਨੌਸ਼ਹਿਰਾ ਪੰਨੂਆਂ ਵਿਖੇ ਪਹੁੰਚ ਕੇ ਕਣਕ ਦੀ ਰਸਮੀ ਖਰੀਦ ਸ਼ੁਰੂ ਕਰਵਾਈ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਹਰੀਕੇ ਦਿਲਬਾਗ ਸਿੰਘ, ਚੇਅਰਮੈਨ ਮਾਰਕੀਟ ਕਮੇਟੀ ਪੱਟੀ ਗੁਰਪ੍ਰਿੰਦਰ ਸਿੰਘ ਉੱਪਲ, ਚੇਅਰਮੈਨ ਮਾਰਕੀਟ ਕਮੇਟੀ ਨੌਸ਼ਹਿਰਾ ਪੰਨੂਆਂ ਹਰਜੀਤ ਸਿੰਘ ਸੰਧੂ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਜਸਜੀਤ ਕੌਰ ਅਤੇ ਜ਼ਿਲ੍ਹਾ ਮੰਡੀ ਅਫ਼ਸਰ ਹਰਜੋਤ ਸਿੰਘ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਵੀ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ 'ਚ ਇਸ ਵਾਰ ਕਣਕ ਦੀ ਬੰਪਰ ਫ਼ਸਲ ਹੋਈ ਹੈ ਅਤੇ ਮੰਡੀਆਂ ਵਿੱਚ ਕਿਸਾਨਾਂ ਦੀ ਕਣਕ ਦਾ ਇੱਕ-ਇੱਕ ਦਾਣਾ ਖਰੀਦਿਆ ਜਾਣਾ ਯਕੀਨੀ ਬਣਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਫ਼ਸਲ ਦੀ ਬੰਪਰ ਪੈਦਾਵਾਰ ਨੂੰ ਦੇਖਦਿਆਂ ਕਣਕ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਤਰਨ ਤਾਰਨ ਵਿੱਚ 59 ਖਰੀਦ ਕੇਂਦਰ ਬਣਾਏ ਗਏ ਹਨ ਅਤੇ 40 ਆਰਜ਼ੀ ਮੰਡੀਆਂ ਦਾ ਪ੍ਰਬੰਧ ਵੀ ਕੀਤਾ ਗਿਆ ਹੈ।ਇਸ ਤੋਂ ਇਲਾਵਾ ਮੰਡੀਆਂ ਵਿੱਚ ਬਾਰਦਾਨੇ ਦੀ ਵੀ ਕੋਈ ਕਮੀ ਨਹੀਂ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਜਿੱਥੇ ਕਿਸਾਨਾਂ ਨੂੰ ਖਰੀਦ ਕੀਤੀ ਗਈ ਕਣਕ ਦੀ ਅਦਾਇਗੀ ਖਰੀਦ ਹੋਣ ਦੇ 24 ਘੰਟਿਆਂ 'ਚ ਕੀਤੀ ਜਾ ਰਹੀ ਹੈ, ਉਥੇ ਮੰਡੀਆਂ ਵਿੱਚੋਂ ਖਰੀਦੀ ਕਣਕ ਦੀ ਲਿਫ਼ਟਿੰਗ ਨਾਲੋਂ-ਨਾਲ ਕਰਵਾਉਣ ਲਈ ਵੀ ਪੁਖਤਾ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਮੰਡੀਆਂ 'ਚ ਆਏ ਅਨਾਜ ਨੂੰ ਮੌਸਮ ਦੀ ਮਾਰ ਤੋਂ ਬਚਾਉਣ ਲਈ ਸਾਰੀਆਂ ਏਜੰਸੀਆਂ ਅਤੇ ਆੜ੍ਹਤੀਆਂ ਨੂੰ ਤਰਪਾਲਾਂ ਅਤੇ ਕਰੇਟਾਂ ਦੇ ਸਮੁੱਚੇ ਪ੍ਰਬੰਧ ਕਰਕੇ ਰੱਖਣ ਲਈ ਹਦਾਇਤ ਕੀਤੀ ਗਈ ਹੈ।ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵਲੋਂ ਮੰਡੀਆਂ ਵਿੱਚ ਕੀਤੇ ਜਾਣ ਵਾਲੇ ਸਾਰੇ ਲੋੜੀਂਦੇ ਪ੍ਰਬੰਧਾਂ ਜਿਵੇਂ ਕਿ ਪੀਣ ਯੋਗ ਪਾਣੀ, ਸੈਨੀਟੇਸ਼ਨ, ਛਾਂ, ਤਰਪਾਲਾਂ, ਲੋੜੀਂਦੀ ਮਾਤਰਾ ਵਿੱਚ ਬਾਰਦਾਨੇ ਦੀ ਉਪਲਬੱਧਤਾ ਆਦਿ ਦਾ ਵੀ ਜਾਇਜ਼ਾ ਲਿਆ ਗਿਆ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਣਕ ਦੀ ਸਮੁੱਚੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਉਨ੍ਹਾਂ ਕਿਹਾ ਕਿ ਕਿ ਮੰਡੀਆਂ 'ਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਣਕ ਦੀ ਖਰੀਦ ਪ੍ਰਕਿਰਿਆ ਨਾਲ ਸਬੰਧਿਤ ਸਮੂਹ ਅਧਿਕਾਰੀਆਂ ਨੂੰ ਸਖਤ ਹਦਾਇਤਾਂ ਕੀਤੀਆਂ ਕਿ ਮੰਡੀਆਂ 'ਚ ਕਣਕ ਦੀ ਖਰੀਦ ਨੂੰ ਨੇਪਰੇ ਚਾੜ੍ਹਨ ਲਈ ਕੋਈ ਢਿੱਲ ਨਾ ਵਰਤੀ ਜਾਵੇ ਅਤੇ ਕਿਸਾਨਾਂ ਜਾਂ ਆੜ੍ਹਤੀਆਂ ਨੂੰ ਕੋਈ ਮੁਸ਼ਕਿਲ ਨਾ ਆਵੇ।

# 33ਵੇਂ ਜਾਗਰਣ ਨੂੰ ਲੈ ਕੇ ਜਗਤ ਜਣਨੀ ਜਗਰਾਤਾ ਕਲੱਬ ਨੇ ਝੰਡਾ ਚੜ੍ਹਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਮਹਾਰਾਜਾ ਰਣਜੀਤ ਸਿੰਘ ਚੌਕ ਪੁਰਾਣਾ ਬੱਸ ਸਟੈਂਡ ਵਿਖੇ 33ਵੇਂ ਸਾਲਾਨਾ ਜਾਗਰਣ ਨੂੰ ਲੈ ਕੇ ਜਗਤ ਜਣਨੀ ਜਗਰਾਤਾ ਕਲੱਬ ਦੇ ਮੈਂਬਰਾਂ ਵੱਲੋਂ ਅੱਜ ਝੰਡਾ ਚੜ੍ਹਾਇਆ ਗਿਆ।ਇਸ ਮੌਕੇ ਜਾਗਰਣ ਪਾਰਟੀ ਦੇ ਮਸ਼ਹੂਰ ਗਾਇਕ ਭਗਤ ਸੋਨੂੰ ਬੇਦੀ ਵੱਲੋਂ ਗਣੇਸ਼ ਵੰਦਨਾ ਕਰਨ ਉਪਰੰਤ ਜਗਤ ਜਣਨੀ ਜਾਗਰਣ ਕਲੱਬ ਦੇ ਮੈਂਬਰਾਂ ਨੂੰ ਨਾਲ ਲੈ ਕੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਜਗਤ ਜਣਨੀ ਜਾਗਰਣ ਕਲੱਬ ਦੇ ਸੇਵਕ ਰਾਮਪਾਲ, ਰਾਜੇਸ਼ ਕੁਮਾਰ ਗੁਪਤਾ, ਰਜਿੰਦਰ ਕੁਮਾਰ ਪੱਪੂ, ਅਰਪਿਤ ਕੁਮਾਰ, ਰਮੇਸ਼ ਢਿੱਲੋਂ, ਮਹੇਸ਼ ਮਹਾਜਨ, ਬਾਬਾ ਮੰਜੂ ਬੇਦੀ ਤੇ ਕੁਲਵੰਤ ਰਾਏ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਡੀ ਕਲੱਬ ਵੱਲੋਂ 26 ਅਪ੍ਰੈਲ ਦਿਨ ਸ਼ਨਿੱਚਰਵਾਰ ਨੂੰ 33ਵਾਂ ਸਾਲਾਨਾ ਜਗਰਾਤਾ ਤੇ ਭੰਡਾਰਾ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 26 ਅਪ੍ਰੈਲ ਦਿਨ ਸ਼ਨਿੱਚਰਵਾਰ ਦੁਪਹਿਰ 1 ਵਜੇ ਸੰਗਤਾਂ ਲਈ ਲੰਗਰ ਭੰਡਾਰਾ ਲਗਾਇਆ ਜਾਵੇਗਾ ਅਤੇ ਰਾਤ ਨੂੰ ਮਹਾਮਾਈ ਦੀ ਜੋਤ ਪ੍ਰਚੰਡ ਕਰ ਕੇ 33ਵਾਂ ਸਾਲਾਨਾ ਜਾਗਰਣ ਕਰਵਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਮੌਕੇ ਸਵਰਗਵਾਸੀ ਬਾਬਾ ਤਾਰਾ ਚੰਦ ਬੇਦੀ ਦੇ ਸਪੁੱਤਰ ਮਸ਼ਹੂਰ ਗਾਇਕ ਭਗਤ ਸੋਨੂੰ ਬੇਦੀ ਐਂਡ ਪਾਰਟੀ ਡੇਰਾ ਬਾਬਾ ਨਾਨਕ ਦੀ ਜਾਗਰਣ ਪਾਰਟੀ ਵੱਲੋਂ ਰਾਤ ਨੂੰ ਮਹਾਮਾਈ ਦਾ ਜਗਰਾਤਾ ਕੀਤਾ ਜਾਵੇਗਾ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਹੁੰਮ ਹੁਮਾ ਕੇ ਇਸ ਸਾਲਾਨਾ ਜਾਗਰਣ ਮੌਕੇ ਆ ਕੇ ਆਪਣੀ ਹਾਜ਼ਰੀ ਭਰਨ ਤੇ ਮਹਾਂਮਾਈ ਦਾ ਅਸ਼ੀਰਵਾਦ ਪ੍ਰਾਪਤ ਕਰਨ। ਉਨ੍ਹਾਂ ਇਹ ਵੀ ਦੱਸਿਆ ਕਿ ਸੋਮਵਾਰ ਨੂੰ ਜਗਤ ਜਣਨੀ ਜਾਗਰਣ ਕਲੱਬ ਦੇ ਮੈਂਬਰਾਂ ਵੱਲੋਂ ਮਾਤਾ ਚਿੰਤਪੂਰਨੀ ਦੇ ਮੰਦਿਰ ਵਿਖੇ ਜਾਗਰਣ ਸੰਪੰਨ ਹੋਣ ਦੀ ਖੁਸ਼ੀ ਵਿੱਚ ਝੰਡਾ ਚੜ੍ਹਾਇਆ ਜਾਵੇਗਾ ਤੇ ਸੰਗਤਾਂ ਦੀ ਸਹੂਲਤ ਲਈ ਕਲੱਬ ਵੱਲੋਂ ਬੱਸ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।ਇਸ ਮੌਕੇ ਰਜੇਸ਼ ਕੁਮਾਰ ਬਿੱਟਾ, ਚੇਤਨ ਕੁਮਾਰ, ਦਰਸ਼ਨ ਸਿੰਘ ਦਰਸ਼ੀ, ਲਵਲੀ ਮਹਿਰਾ, ਬਾਊ ਰਾਮ ਮਹਿਰਾ, ਰੁਪਿੰਦਰ ਕੁਮਾਰ, ਨਰੇਸ਼ ਗੈਦ, ਰਵੀ ਕੁਮਾਰ, ਨੂਰ ਅਰੋੜਾ, ਸੋਨੂੰ ਗੈਦ, ਮੋਨੂੰ ਗੈਦ, ਰਜਿੰਦਰ ਮਹਿਰਾ, ਕਾਲਾ ਢਿੱਲੋਂ, ਵਿਮਲ ਢਿੱਲੋਂ, ਕਾਵਿਆ ਮਹਾਜਨ, ਮੀਤ ਢਿੱਲੋਂ, ਰਾਜ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਹਾਂਮਾਈ ਦੇ ਭਗਤ ਹਾਜ਼ਰ ਸਨ।

# ਖੇਤੀਬਾੜੀ ਵਿਭਾਗ ਵੱਲੋਂ ਫਤਿਹਗੜ੍ਹ ਚੂੜੀਆਂ ਵਿਖੇ ਬੀਜ ਵਿਕਰੇਤਾਵਾਂ ਨਾਲ ਮੀਟਿੰਗ

## * ਬੀਜ ਵਿਕ੍ਰੇਤਾ ਲਈ ਕਿਸਾਨਾਂ ਨੂੰ ਝੋਨੇ ਦਾ ਬੀਜ ਵੇਚਣ ਉਪਰੰਤ ਬਿੱਲ ਦੇਣਾ ਜ਼ਰੂਰੀ : ਮੁੱਖ ਖ਼ੇਤੀਬਾੜੀ ਅ਼ਫਸਰ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਖ਼ੇਤੀਬਾੜੀ ਦਫਤਰ ਫਤਿਹਗੜ੍ਹ ਚੂੜੀਆਂ ਵਿਖੇ ਬੀਜ ਵਿਕਰੇਤਾਵਾਂ ਦੀ ਕੀਤੀ ਗਈ ਮੀਟਿੰਗ ਵਿੱਚ ਹਾਜ਼ਰ ਬੀਜ ਵਿਕਰੇਤਾਵਾਂ ਨੂੰ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ ਮੁੱਖ ਖ਼ੇਤੀਬਾੜੀ ਅ਼ਫਸਰ ਨੇ ਕਿਹਾ ਕਿ ਪੰਜਾਬ ਵਿੱਚ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਨੀਵਾਂ ਜਾਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਪੱਕਣ ਵਿੱਚ ਵੱਧ ਸਮਾਂ ਲੈਣ ਵਾਲੀ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਦੀ ਬਿਜਾਈ ਕਰਨ 'ਤੇ ਲਗਾਈ ਪਾਬੰਦੀ ਕਾਰਨ ਕੋਈ ਵੀ ਬੀਜ ਵਿਕ੍ਰੇਤਾ ਗੈਰ-ਪ੍ਰਮਾਣਿਤ ਕਿਸਮਾਂ ਦੇ ਬੀਜ ਦੀ ਵਿਕਰੀ ਨਾ ਕਰਨ।ਜੇਕਰ ਕੋਈ ਵੀ ਬੀਜ ਵਿਕਰੇਤਾ ਪਾਬੰਦੀਸ਼ੁਦਾ ਕਿਸਮਾਂ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਮੂਹ ਬੀਜ ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਕਿ ਬੀਜ ਦੀ ਵਿਕਰੀ ਨਾਲ ਸਬੰਧਤ ਕਾਗਜ਼ਾਤ ਅਤੇ ਰਿਕਾਰਡ ਮੁਕੰਮਲ ਤੌਰ 'ਤੇ ਤਿਆਰ ਕਰਕੇ ਰੱਖਿਆ ਜਾਵੇ।ਕਿਸਾਨਾਂ ਨੂੰ ਬੀਜ ਦੀ ਵਿਕਰੀ ਕਰਨ ਉਪਰੰਤ ਬਿੱਲ ਜ਼ਰੂਰ ਦਿੱਤਾ ਜਾਵੇ। ਬੀਜ ਲਾਇਸੈਂਸ ਨੂੰ ਫਰੇਮ ਕਰਕੇ ਦੁਕਾਨ ਤੇ ਲਟਕਾਇਆ ਜਾਵੇ, ਫਾਰਮ ਡੀ ਵਿੱਚ ਝੋਨੇ ਦੇ ਬੀਜ ਵਿਕਰੀ ਸਬੰਧਤ ਮੁਕੰਮਲ ਰਿਪੋਰਟ ਹਰ ਸ਼ੁੱਕਰਵਾਰ ਨੂੰ ਭੇਜੀ ਜਾਵੇ, ਬੀਜ ਦਾ ਸਟਾਕ, ਸਟਾਕ ਬੋਰਡ ਤੇ ਰੋਜ਼ਾਨਾ ਲਿਖਿਆ ਜਾਵੇ। ਕਿਸਾਨਾਂ ਨੂੰ ਵੀ ਅਪੀਲ ਹੈ ਕਿ ਝੋਨੇ ਦਾ ਬੀਜ ਖਰੀਦਣ ਸਮੇਂ ਬੀਜ ਵਿਕ੍ਰੇਤਾ ਤੋਂ ਬਿੱਲ ਜ਼ਰੂਰ ਲਿਆ ਜਾਵੇ।ਉਨ੍ਹਾਂ ਕਿਹਾ ਕਿ ਇਸ ਵਾਰ ਪੰਜਾਬ ਵਿੱਚ ਚਾਰ ਪੜਾਵਾਂ ਵਿੱਚ ਝੋਨੇ ਦੀ ਲਵਾਈ ਹੋਵੇਗੀ ਜਿਸ ਅਧੀਨ ਗੁਰਦਾਸਪੁਰ ਜ਼ਿਲ੍ਹੇ ਵਿੱਚ ਝੋਨੇ ਦੀ ਲਵਾਈ ਦਾ ਸਮਾਂ 5 ਜੂਨ ਤੋਂ ਸ਼ੁਰੂ ਹੈ।ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਵਲੋਂ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਦੀ ਵਿਕਰੀ ਨਾ ਕਰਨ ਲਈ ਪੂਰੀ ਸਖਤੀ ਕੀਤੀ ਜਾਵੇਗੀ ਅਤੇ ਇਸਦੇ ਬੀਜ ਨੂੰ ਵਿਕਣ ਨਹੀਂ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਮੂਹ ਬੀਜ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਹਰੇਕ ਕਿਸਾਨ ਨੂੰ ਬੀਜ ਦੀ ਵਿਕਰੀ ਕਰਨ ਉਪਰੰਤ ਬਿੱਲ ਹਰ ਹਾਲਤ ਵਿੱਚ ਕੱਟ ਕੇ ਦਿੱਤਾ ਜਾਵੇ ਅਤੇ ਜੇਕਰ ਕੋਈ ਬੀਜ ਵਿਕ੍ਰੇਤਾ ਬਿੱਲ ਦੇਣ ਤੋਂ ਬਗੈਰ ਬੀਜ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਜਿਸ ਵਿਚ ਲਾਇਸੰਸ ਰੱਦ ਵੀ ਕੀਤਾ ਜਾ ਸਕਦਾ।ਇਸ ਮੌਕੇ ਬਲਾਕ ਖੇਤੀਬਾੜੀ ਅ਼ਫਸਰ ਡਾ. ਰਵਿੰਦਰ ਸਿੰਘ ਮਾਨ, ਡਾ. ਹਰਮਨਦੀਪ ਸਿੰਘ ਖ਼ੇਤੀਬਾੜੀ ਵਿਕਾਸ ਅ਼ਫਸਰ ਸਮੇਤ ਵੱਡੀ ਗਿਣਤੀ ਵਿਚ ਬੀਜ ਵਿਕ੍ਰੇਤਾ ਹਾਜ਼ਰ ਸਨ।

# ਕਾਲਾ ਘਨੂੰਪੁਰ ਦੀ ਪੁਲਸ ਚੌਕੀ ਉੱਠਦੇ ਹੀ ਚੋਰੀਆਂ ਦਾ ਸਿਲਸਿਲਾ ਸ਼ੁਰੂ



ਅੰਮ੍ਰਿਤਸਰ (ਅਰੋੜਾ): ਪੁਲਸ ਪ੍ਰਸ਼ਾਸਨ ਵੱਲੋਂ ਦਿਨ ਬ ਦਿਨ ਸੰਵੇਦਨਸ਼ੀਲ ਖੇਤਰਾਂ ਵਿੱਚ ਬਣੀਆਂ ਪੁਲਸ ਚੌਕੀਆਂ ਉਠਾਈਆਂ ਜਾ ਰਹੀ ਰਹੀਆਂ ਹਨ ਜਿਸ ਨਾਲ ਨਸ਼ੇੜੀਆਂ ਅਤੇ ਚੋਰੀਆਂ ਨੂੰ ਅੰਜਾਮ ਦੇਣ ਵਾਲਿਆਂ ਦੇ ਹੌਂਸਲੇ ਬੁਲੰਦ ਹੁੰਦੇ ਜਾ ਰਹੇ ਹਨ। ਰਾਤ ਦੇ ਸਮੇਂ ਘਰਾਂ ਵਿੱਚ ਦਾਖਲ ਹੋ ਕੇ ਚੋਰੀਆਂ ਨੂੰ ਅੰਜਾਮ ਦੇਣ ਵਾਲਿਆਂ ਦੀਆਂ ਗਤੀਵਿਧੀਆਂ ਵਧ ਗਈਆਂ ਹਨ ਜਿਸਦਾ ਨਤੀਜਾ ਛੇਹਰਟਾ ਥਾਣਾ ਦੇ ਹੇਠ ਪੈਂਦੇ ਖੇਤਰ ਰਾਮਤੀਰਥ ਰੋਡ, ਡੀ. ਐੱਸ. ਅਸਟੇਟ ਵਿਖੇ ਚੋਰਾਂ ਨੇ ਇੱਕ ਹੀ ਰਾਤ ਵਿੱਚ ਛੱਤ ਦੇ ਰਸਤੇ ਦੋ ਘਰਾਂ ਵਿੱਚ ਦਾਖਲ ਹੋ ਕੇ ਦੋਨਾਂ ਕੋਠੀਆਂ ਦੀਆਂ ਪਿੱਤਲ ਦੀਆਂ ਟੂਟੀਆਂ, ਪਾਈਪਾਂ ਅਤੇ ਏ. ਸੀ. ਦੇ ਅੰਦਰ ਦੀਆਂ ਪਿੱਤਲ ਅਤੇ ਤਾਂਬੇ ਦੀਆਂ ਤਾਰਾਂ ਆਦਿ ਤੋੜ ਕੇ ਭਾਰੀ ਨੁਕਸਾਨ ਪਹੁੰਚਾਇਆ।

ਕੋਠੀ ਦੇ ਮਾਲਕ ਰੋਹਿਤ ਸੈਣੀ ਨੇ ਦੱਸਿਆ ਕੇ ਉਸਦੇ ਕੋਠੀ ਦਾ ਕੁੱਝ ਹਿੱਸਾ ਕਿਰਾਏ ਤੇ ਦੇ ਰੱਖਿਆ ਸੀ ਪਰ ਕੁੱਝ ਦਿਨ ਪਹਿਲਾਂ ਕਿਰਾਏਦਾਰ ਮਕਾਨ ਖਾਲੀ ਕਰਕੇ ਚਲਾ ਗਿਆ ਸੀ ਪਰ ਉਸਦਾ ਇੱਕ ਏ.ਸੀ ਮਕਾਨ ਦੇ ਅੰਦਰ ਪਿਆ ਹੋਇਆ ਸੀ ਜੋ ਉਸਨੇ ਬਾਅਦ ਵਿੱਚ ਲੈ ਕੇ ਜਾਣਾ ਸੀ ਪਰ ਪਿਛਲੀ ਰਾਤ ਕੁੱਝ ਨਸ਼ੇੜੀਆਂ ਨੇ ਪਿੱਛੇ ਤੋਂ ਛੱਤ ਦੇ ਰਸਤੇ ਦਰਵਾਜ਼ਿਆਂ ਦੇ ਕਬਜ਼ੇ ਤੋੜ ਕੇ ਅੰਦਰ ਜਾ ਕੇ ਜਿੰਨੀਆਂ ਵੀ ਪਾਣੀ ਦੀਆਂ ਟੂਟੀਆਂ ਲੱਗੀਆਂ ਹੋਈਆਂ ਸਨ ਸਾਰੀਆਂ ਤੋੜ ਦਿੱਤੀਆਂ।ਮਾਲਕ ਦੇ ਦੱਸਿਆ ਕਿ ਨਸ਼ੇੜੀ ਜੇਕਰ ਇਹ ਪਾਣੀ ਦੀਆਂ ਟੂਟੀਆਂ ਵੇਚਣਗੇ ਤਾਂ ਉਨ੍ਹਾਂ ਦੇ ਵਜ਼ਨ ਦੇ ਹਿਸਾਬ ਨਾਲ ਵੀ 200 ਰੁਪਏ ਤੋਂ ਜ਼ਿਆਦਾ ਕੋਈ ਨਹੀਂ ਦੇਵੇਗਾ ਪਰ ਸਾਨੂੰ ਦੁਬਾਰਾ ਪਾਣੀ ਦੀਆਂ ਟੂਟੀਆਂ ਲਗਵਾਉਣ ਅਤੇ ਕਬਜ਼ੇ ਲਗਵਾਉਣ ਵਿੱਚ ਲਗਭਗ 50 ਹਜ਼ਾਰ ਤੋਂ ਜ਼ਿਆਦਾ ਖਰਚਾ ਕਰਨਾ ਪਿਆ।ਖੇਤਰ ਨਿਵਾਸੀਆਂ ਨੇ ਦੱਸਿਆ ਕਿ ਪਹਿਲੇ ਖੰਡਵਾਲਾ ਚੌਕੀ ਚੁੱਕੀ ਗਈ ਸੀ ਤਾਂ ਨਸ਼ੇੜੀਆਂ ਦੀਆਂ ਗਤੀਵਿਧੀਆਂ ਹੋਰ ਵੀ ਜ਼ਿਆਦਾ ਵੱਧ ਗਈਆਂ ਸਨ ਹੁਣ ਕਾਲਾ ਘਨੂੰਪੁਰ ਦੀ ਚੌਕੀ ਚੁੱਕਣ ਨਾਲ ਹੋਰ ਜ਼ਿਆਦਾ ਚੋਰੀਆਂ ਕਰਨ ਵਾਲਿਆਂ ਦੇ ਹੌਂਸਲੇ ਹੋਰ ਵੀ ਜ਼ਿਆਦਾ ਵੱਧ ਗਏ ਹਨ। ਇਸ ਸੰਬੰਧ ਵਿੱਚ ਖੰਡਵਾਲਾ ਮਾਰਕੀਟ ਯੂਨੀਅਨ ਦੇ ਪ੍ਰਧਾਨ ਨਰੇਸ਼ ਰਾਣਾ, ਗੋਲਡੀ ਪ੍ਰਧਾਨ, ਤਰੁਣ ਅਰੋੜਾ, ਮਨਜੀਤ ਕਾਕਾ, ਬਿੱਲਾ ਦੁਬਈ, ਪੰਡਿਤ ਵਿਪਨ, ਨਰੇਸ਼ ਸ਼ਿਵ ਸ਼ੰਕਰ ਵਾਲੇ, ਹਰਬੰਸ ਲਾਲ ਆਦਿ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਸੰਵੇਦਨਸ਼ੀਲ ਖੇਤਰਾਂ ਤੋਂ ਜੋ ਵੀ ਪੁਲਿਸ ਚੌਕੀਆਂ ਚੁੱਕੀਆਂ ਗਈਆਂ ਹਨ ਉਨ੍ਹਾਂ ਨੂੰ ਦੁਬਾਰਾ ਬਹਾਲ ਕੀਤਾ ਜਾਵੇ ਤਾਂ ਕਿ ਨਸ਼ੇੜੀਆਂ ਅਤੇ ਚੋਰੀ ਦੀਆਂ ਗਤੀਵਿਧੀਆਂ ਨੂੰ ਅੰਜਾਮ ਦੇਣ ਵਾਲਿਆਂ ਤੇ ਨਕੇਲ ਪਾਈ ਜਾ ਸਕੇ।

# ਪੰਜਾਬ ਸਰਕਾਰ ਨੇ ਦਲਿਤ ਸਮਾਜ ਨੂੰ ਜਨਰਲ ਐਡਵੋਕੇਟ ਦੇ ਅਹੁਦੇ ਤੱਕ ਪਹੁੰਚਾਉਣ ਲਈ ਕੀਤੀ ਪਹਿਲਕਦਮੀ : ਰੰਧਾਵਾ

## * ਹੁਣ ਦਲਿਤ ਐਡਵੋਕੇਟ ਵੀ ਜਨਰਲ ਐਡਵੋਕੇਟ ਤੇ ਜੱਜ ਬਣ ਸਕਣਗੇ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਸਰਕਾਰ ਡਾ. ਭੀਮ ਰਾਓ ਅੰਬੇਡਕਰ ਸਾਹਿਬ ਦੇ ਪੂਰਨਿਆਂ ਉਪਰ ਚੱਲਦੀ ਹੋਈ ਅਨੁਸੂਚਿਤ ਜਾਤੀਆਂ ਦੀ ਭਲਾਈ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ।ਇਤਿਹਾਸ ਵਿੱਚ ਇਹ ਪਹਿਲੀ ਵਾਰ ਹੈ ਕਿ ਪੰਜਾਬ ਸਰਕਾਰ ਦੀ ਕੈਬਨਿਟ ਵਿੱਚ 6 ਮੰਤਰੀ ਅਨੁਸੂਚਿਤ ਜਾਤੀਆਂ ਨਾਲ ਸਬੰਧਿਤ ਹਨ। ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਡੇਰਾ ਬਾਬਾ ਨਾਨਕ ਵਿਖੇ ਇੱਕ ਪ੍ਰੈੱਸ ਕਾਨਫ਼ਰੰਸ ਦੌਰਾਨ ਭਗਵੰਤ ਮਾਨ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ ਦੀ ਭਲਾਈ ਲਈ ਕੀਤੇ ਗਏ ਇਤਿਹਾਸਕ ਫ਼ੈਸਲਿਆਂ ਦੀ ਜਾਣਕਾਰੀ ਸਾਂਝੀ ਕਰਦਿਆਂ ਕੀਤਾ। ਸ. ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਸਾਲ 2022 ਵਿਚ ਜਦੋਂ ਵਿਧਾਨ ਸਭਾ ਦੀਆਂ ਚੋਣਾਂ ਆਮ ਆਦਮੀ ਪਾਰਟੀ ਲੋਕਾਂ ਵਿੱਚ ਗਈ ਸੀ ਤਾਂ ਅਸੀਂ ਦੋ ਵਿਚਾਰ ਪੇਸ਼ ਕੀਤੇ ਅਤੇ ਪੰਜਾਬ ਦੇ ਲੋਕਾਂ ਨੂੰ ਦੱਸਿਆ ਕਿ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਅਤੇ ਡਾ. ਭੀਮ ਰਾਓ ਅੰਬੇਡਕਰ ਦੀ ਸੋਚ ਅਨੁਸਾਰ ਚੱਲਾਂਗੇ।ਅਸੀਂ ਬਾਬਾ ਸਾਹਿਬ ਦੇ ਸਿਧਾਂਤ ਅਨੁਸਾਰ ਕੰਮ ਕਰਾਂਗੇ।ਵਿਧਾਇਕ ਰੰਧਾਵਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਜਦੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਤਾਂ ਸਾਡੀ ਸਰਕਾਰ ਨੇ ਪੰਜਾਬ ਦੇ ਸਾਰੇ ਸਰਕਾਰੀ ਦਫ਼ਤਰਾਂ ਵਿਚ ਦੋਨਾਂ ਮਹਾਨ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਲਗਵਾਈਆਂ।ਇਨ੍ਹਾਂ ਦੋਵਾਂ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਲਗਵਾਉਣ ਦਾ ਸਾਡਾ ਮਕਸਦ ਇਹ ਸੀ ਕਿ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੀ ਅਜ਼ਾਦ ਸੋਚ ਅਤੇ ਬਾਬਾ ਸਾਹਿਬ ਦੀ ਸੋਚ ਅਨੁਸਾਰ ਕਲਿਆਣਕਾਰੀ ਕੰਮ ਕਰਾਂਗੇ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪਿਛਲੇ 75 ਸਾਲਾਂ ਵਿੱਚ ਇਨ੍ਹਾਂ ਦੋਵਾਂ ਮਹਾਨ ਸ਼ਖ਼ਸੀਅਤਾਂ ਨੂੰ ਉਹ ਜਗ੍ਹਾ ਨਹੀਂ ਦਿੱਤੀ ਜੋ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਤਿੰਨ ਸਾਲਾਂ ਵਿੱਚ ਦਿੱਤੀ ਹੈ। ਸ. ਰੰਧਾਵਾ ਨੇ ਅੱਗੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਬਾਬਾ ਸਾਹਿਬ ਦੀ ਸੋਚ ਤੇ ਚਲਦਿਆਂ ਜੋ ਸਾਡੇ ਦਲਿਤ ਵਰਗ ਦੇ ਹਾਈਕੋਰਟ ਵਿੱਚ ਵਕੀਲ ਸਨ ਜਾਂ ਉਨ੍ਹਾਂ ਦੀ ਐਡਵੋਕੇਟ ਜਨਰਲ ਪੰਜਾਬ ਅਤੇ ਸਹਾਇਕ ਐਡਵੋਕੇਟ ਜਨਰਲ ਵਜੋਂ ਉਨ੍ਹਾਂ ਦੀ ਨਿਯੁਕਤੀ ਸੀ ਉਸ ਵਿੱਚ ਪੂਰੇ ਭਾਰਤ ਦੇ ਕਿਸੇ ਵੀ ਰਾਜ ਵਿੱਚ ਇਹਨਾਂ ਪੋਸਟਾਂ ਤੇ ਰਾਖਵਾਂਕਰਨ ਨਹੀਂ ਸੀ।ਕਿਸੇ ਵੀ ਰਾਜ ਨੇ ਇਹਨਾਂ ਨੂੰ ਪ੍ਰਤੀਨਿਧਤਾ ਨਹੀਂ ਦਿੱਤੀ ਅਤੇ ਇਨ੍ਹਾਂ ਦੋ ਅਹੁਦਿਆਂ ਦੀ ਨਿਯੁਕਤੀ ਨੂੰ ਲੈ ਕੇ ਦਲਿਤ ਵਰਗ ਵਿੱਚ ਬਹੁਤ ਰੋਸ ਸੀ।ਉਹ ਆਪਣੀ ਗੱਲ ਹਰੇਕ ਪਲੇਟਫ਼ਾਰਮ ਤੇ ਰੱਖਦੇ ਸੀ ਪਰ ਪਿਛਲੀਆਂ ਸਰਕਾਰਾਂ ਨੇ ਇਹਨਾਂ ਦੀ ਗੱਲ ਨੂੰ ਨਹੀਂ ਸੁਣਿਆ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਲਾਅ ਅਫ਼ਸਰਾਂ ਦੀ ਭਰਤੀ ਵਿਚ ਸੋਧ ਕੀਤੀ।ਪਹਿਲਾਂ ਵੱਖ-ਵੱਖ ਸਥਾਨਾਂ ਤੇ ਵਕੀਲਾਂ ਦੀ ਆਮਦਨ ਦੀ ਹੱਦ 20 ਲੱਖ ਤੋਂ ਲੈ ਕੇ ਸਾਢੇ ਤਿੰਨ ਲੱਖ ਸੀ ਉਸ ਹੱਦ ਦੇ ਅਨੁਸਾਰ ਸਾਡੀ ਸਰਕਾਰ ਨੇ ਇਹ ਪੋਸਟਾਂ ਰਿਜ਼ਰਵ ਕੀਤੀਆਂ। ਹਾਈ ਕੋਰਟ ਵਿੱਚ ਉਨ੍ਹਾਂ ਨੂੰ ਰਿਜ਼ਰਵੇਸ਼ਨ ਮਿਲੀ ਇਹ ਪਹਿਲੀ ਵਾਰ ਪੰਜਾਬ ਵਿੱਚ ਆਪ ਦੀ ਸਰਕਾਰ ਵੇਲੇ ਹੋਇਆ।ਜਦੋਂ ਅਸੀਂ ਦੇਖਿਆ ਕਿ ਹਾਲੇ ਵੀ ਤਕਰੀਬਨ 15 ਪੋਸਟਾਂ ਖ਼ਾਲੀ ਰਹਿ ਗਈਆਂ ਸਨ।ਉਨ੍ਹਾਂ ਦੀ ਆਮਦਨੀ ਦੀ ਹੱਦ ਬਹੁਤ ਜ਼ਿਆਦਾ ਹੋਣ ਕਾਰਨ ਇਹ 15 ਪੋਸਟਾਂ ਖ਼ਾਲੀ ਰਹਿ ਗਈਆਂ ਸਨ।ਇਨ੍ਹਾਂ 15 ਪੋਸਟਾਂ ਨੂੰ ਭਰਨ ਲਈ ਸਾਡੇ ਦਲਿਤ ਵਰਗ ਦੇ ਵਿਦਵਾਨ ਐਡਵੋਕੇਟ ਅਤੇ ਵਿਧਾਇਕਾਂ ਨਾਲ ਸਲਾਹ ਮਸ਼ਵਰਾ ਕੀਤਾ ਗਿਆ।ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਆਦੇਸ਼ਾਂ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਧ ਕੀਤੀ ਜਿਸ ਅਨੁਸਾਰ ਆਮਦਨ ਦੀ ਹੱਦ ਨੂੰ ਅੱਧਾ ਕੀਤਾ ਗਿਆ ਜਿਵੇਂ ਕਿ 20 ਲੱਖ ਵਾਲੇ ਨੂੰ 10 ਲੱਖ ਅਤੇ ਸਾਢੇ ਤਿੰਨ ਲੱਖ ਵਾਲੇ ਨੂੰ ਡੇਢ ਲੱਖ ਕੀਤਾ ਗਿਆ ਤਾਂ ਕਿ ਸਾਡੇ ਦਲਿਤ ਐਡਵੋਕੇਟ ਵੀ ਜਨਰਲ ਐਡਵੋਕੇਟ ਅਤੇ ਜੱਜ ਬਣ ਸਕਣ। ਇਹ ਬਹੁਤ ਵੱਡਾ ਕਾਰਜ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੀਤਾ ਹੈ। ਪੰਜਾਬ ਸਰਕਾਰ ਨੇ ਦਲਿਤ ਵਰਗ ਦੇ ਐਡਵੋਕੇਟਾਂ ਨੂੰ ਹਾਈਕੋਰਟ ਵਿਚ ਪ੍ਰਤੀਨਿਧਤਾ ਦਿੱਤੀ ਹੈ ਅਤੇ ਦਲਿਤ ਐਡਵੋਕੇਟਾਂ ਨੂੰ ਜਨਰਲ ਐਡਵੋਕੇਟ ਲਾਇਆ ਹੈ।ਰੰਧਾਵਾ ਨੇ ਕਿਹਾ ਕਿ ਡਾ. ਬੀ. ਆਰ. ਅੰਬੇਡਕਰ ਨੇ ਸਾਨੂੰ ਇਹ ਰਾਹ ਦਿਖਾਇਆ ਹੈ ਅਤੇ ਉਨ੍ਹਾਂ ਦੇ ਰਾਹ ਤੇ ਚੱਲ ਕੇ ਹੀ ਅਸੀਂ ਇਹ ਕੰਮ ਕੀਤਾ ਹੈ।

ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਕਾਰਜ ਲਈ ਸਾਡਾ ਸਾਰਾ ਸਮਾਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਦਾ ਤਹਿ ਦਿਲੋਂ ਧੰਨਵਾਦ ਕਰਦਾ ਹੈ। ਇਸ ਮੌਕੇ ਪੀ ਏ ਲਵਪ੍ਰੀਤ ਸਿੰਘ, ਰਾਜੇਸ਼ ਕੁਮਾਰ ਬਿੱਟਾ, ਹਰਜੀਤ ਸਿੰਘ ਠੇਠਰਕੇ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਹਰਿੰਦਰ ਸਿੰਘ, ਰੰਧਾਵਾ, ਕੌਂਸਲਰ ਸੁਖਜਿੰਦਰ ਸਿੰਘ ਪੱਖੋਕੇ, ਸੰਜੀਵ ਸੋਨੀ, ਸੁਧੀਰ ਬੇਦੀ, ਮੇਜਰ ਸਿੰਘ ਠੇਠਰਕੇ ਤੋਂ ਇਲਾਵਾ ਆਪ ਆਗੂ ਤੇ ਵਰਕਰ ਹਾਜ਼ਰ ਸਨ।

## ਸਕੋਡਾ ਆਟੋ ਇੰਡੀਆ ਵੱਲੋਂ ਨਵੀਂ ਕਾਰ ਪੇਸ਼ ਕਰਨ ਦਾ ਐਲਾਨ

ਅੰਮ੍ਰਿਤਸਰ-ਸਕੋਡਾ ਕਿਲਕ ਰੇਂਜ ਦੇ ਸਫਲ ਲਾਂਚ ਤੋਂ ਬਾਅਦ ਸਕੋਡਾ ਆਟੋ ਇੰਡੀਆ ਹੁਣ ਸਪੈਕਟ੍ਰਮ ਦੇ ਦੂਜੇ ਸਿਰੇ ਤੇ ਇੱਕ ਨਵੀਂ ਕਾਰ ਦਾ ਐਲਾਨ ਕਰ ਰਿਹਾ ਹੈ। ਆਪਣੀ ਲਗਜ਼ਰੀ **DxD SUV**, ਕੋਡੀਆਕ ਦੀ ਬਿਲਕੁਲ ਨਵੀਂ ਪੀੜ੍ਹੀ ਦੇ ਲਾਂਚ ਦੇ ਨਾਲ।ਭਾਰਤ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਦੂਜੀ ਪੀੜ੍ਹੀ ਵਿੱਚ ਬਿਲਕੁਲ ਨਵਾਂ ਕੋਡੀਆਕ ਭਾਰਤ ਵਿੱਚ ਲਗਜ਼ਰੀ, ਸੁਧਾਈ, ਆਫ-ਰੋਡ ਸਮਰੱਥਾ, ਔਨ-ਰੋਡ ਗਤੀਸ਼ੀਲਤਾ ਅਤੇ ਸੱਤ-ਸੀਟਰ ਸਹੂਲਤਾਂ ਨਾਲ ਲੈਸ ਹੋਵੇਗੀ। ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਪੇਟ੍ਰ ਜਨੇਬਾ ਨੇ ਦੱਸਿਆ ਕਿ ਮਾਰਚ ਵਿੱਚ ਅਸੀਂ ਭਾਰਤ ਵਿੱਚ ਆਪਣੀ ਹੁਣ ਤੱਕ ਦੀ ਸਭ ਤੋਂ ਵੱਡੀ ਮਾਸਿਕ ਵਿਕਰੀ ਦਰਜ ਕੀਤੀ ਜੋ ਕਿ ਕਿਲਾਕ ਲਾਂਚ ਦੁਆਰਾ ਸੰਚਾਲਿਤ ਸੀ ਅਤੇ ਕੁਸ਼ਾਕ ਅਤੇ ਸਲਾਵੀਆ ਵੱਲੋਂ ਸਮਰਥਤ ਸੀ।ਇਹ ਇਸ ਸਾਲ ਦੇ ਸਾਡੇ ਬਹੁਤ ਸਾਰੇ ਨਵੇਂ ਰਿਕਾਰਡਾਂ ਵਿੱਚੋਂ ਇੱਕ ਹੈ।ਕੋਡਿਆਕ ਹੁਣ ਸਾਡੇ ਲਈ ਔਕਟਾਵੀਆ ਅਤੇ ਸੁਪਰਬ ਵਾਂਗ ਇੱਕ ਮਹੱਤਵਪੂਰਨ ਵਿਰਾਸਤੀ ਨਾਮ ਬਣ ਗਿਆ ਹੈ।ਕੋਡਿਆਕ ਸ਼ਹਿਰ ਦੀਆਂ ਸੜਕਾਂ ਲਈ ਅਤਿਅੰਤ ਲਗਜ਼ਰੀ ਅਤੇ ਹੈਂਡਲਿੰਗ ਦੀ ਪੇਸ਼ਕਸ਼ ਕਰਦਾ ਹੈ ਅਤੇ ਬਹੁਪੱਖੀ ਆਲ-ਟੇਰੇਨ ਸਮਰੱਥਾਵਾਂ ਵਿੱਚ ਵੀ ਪੈਕ ਕਰਦਾ ਹੈ।

# ਗੁੱਡ ਫਰਾਈਡੇ ਦੇ ਸਬੰਧ 'ਚ ਸੇਂਟ ਜੋਸਫ ਚਰਚ ਡੱਲਾ ਮੋੜ ਤੋਂ ਸਜਾਈ ਸ਼ੋਭਾ ਯਾਤਰਾ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁੱਡ ਫਰਾਈਡੇ ਦੇ ਸਬੰਧ 'ਚ ਸੇਂਟ ਜੋਸਫ ਚਰਚ ਡੱਲਾ ਮੋੜ ਤੋਂ ਸ਼ੋਭਾ ਯਾਤਰਾ ਸਜਾਈ ਗਈ ਜੋ ਕਿ ਡੱਲਾ ਮੋੜ ਤੋਂ ਸਥਾਨਕ ਬਟਾਲਾ ਕਾਦੀਆਂ ਰੋਡ ਤੋਂ ਹੁੰਦੀ ਹੋਈ ਚਰਚ ਕਾਦੀਆਂ ਅਤੇ ਬੱਸ ਸਟੈਂਡ, ਜੱਸਾ ਸਿੰਘ ਰਾਮਗੜ੍ਹੀਆ ਚੌਕ, ਪਰਭਾਕਰ ਚੌਕ, ਛੋਟਾ ਬਿਜਲੀ ਘਰ ਚੌਕ, ਸ਼ਹੀਦ ਭਗਤ ਸਿੰਘ ਚੌਕ, ਹਰਚੋਵਾਲ ਰੋਡ ਤੋਂ ਅਹਿਮਦੀਆ ਮੁਹੱਲੇ ਦੇ ਵਿੱਚੋਂ ਦੀ ਹੁੰਦੀ ਹੋਈ ਪਿੰਡ ਨੰਗਲ ਬਾਗਵਾਨਾ ਤੋ ਵਾਪਸ ਪਿੰਡ ਕਾਹਲਵਾਂ ਤੋਂ ਹੋ ਕੇ ਚਰਚ ਡੱਲਾ ਮੋੜ ਵਿਖੇ ਸਮਾਪਤ ਹੋਈ।ਇਸ ਸਬੰਧੀ ਮਸੀਹ ਭਾਈਚਾਰੇ ਆਗੂਆ ਨੇ ਦੱਸਿਆ ਕਿ ਗੁੱਡ ਫਰਾਈਡੇ ਦਾ ਈਸਾਈ ਧਰਮ ਦੇ ਲੋਕਾਂ ਲਈ ਵਿਸ਼ਵ ਪੱਧਰ 'ਤੇ ਮਹੱਤਵ ਹੈ।ਈਸਾਈਆਂ ਦੇ ਸਭ ਤੋਂ ਮਹੱਤਵਪੂਰਨ ਦਿਨਾਂ ਵਿੱਚੋਂ ਇੱਕ ਗੁੱਡ ਫਰਾਈਡੇ ਹੈ, ਜੋ ਈਸਟਰ ਸੰਡੇ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਮਨਾਇਆ ਜਾਂਦਾ ਹੈ।ਇਸ ਦਿਨ ਨੂੰ ਕ੍ਰਿਸਚੀਅਨ ਧਰਮ ਦੀ ਨੀਂਹ ਰੱਖਣ ਦਾ ਦਿਨ ਵੀ ਮੰਨਿਆ ਜਾਂਦਾ ਹੈ।ਇਸ ਦਿਨ ਨੂੰ ਗੁੱਡ ਫਰਾਈਡੇ ਕਹਿਣ ਦਾ ਕਾਰਨ ਇਹ ਸੀ ਕਿ ਲੋਕ ਇਸ ਨੂੰ ਪਵਿੱਤਰ ਦਿਨ ਵਜੋਂ ਮਨਾਉਂਦੇ ਹਨ।ਬਹੁਤ ਸਾਰੇ ਲੋਕ ਹੈਰਾਨ ਹੁੰਦੇ ਹਨ ਕਿ ਜਿਸ ਦਿਨ ਯਿਸੂ ਮਸੀਹ ਨੂੰ ਸਲੀਬ ਦਿੱਤੀ ਗਈ ਸੀ ਉਸ ਦਿਨ ਨੂੰ ਗੁੱਡ ਫਰਾਈਡੇ ਕਿਵੇਂ ਕਿਹਾ ਜਾ ਸਕਦਾ ਹੈ? ਪਰ ਇਸ ਦੇ ਪਿੱਛੇ ਕਈ ਕਾਰਨ ਹਨ।ਕਈਆਂ ਦਾ ਮੰਨਣਾ ਹੈ ਕਿ ਯਿਸੂ ਮਸੀਹ ਦੀ ਮੌਤ ਕੋਈ ਆਮ ਘਟਨਾ ਨਹੀਂ ਸੀ ਤੇ ਇਕ ਤਰ੍ਹਾਂ ਨਾਲ ਮਨੁੱਖ ਜਾਤੀ ਨੂੰ ਮੁਕਤੀ ਪ੍ਰਦਾਨ ਕਰਨ ਦਾ ਤਰੀਕਾ ਸੀ।ਲੋਕ ਯਿਸੂ ਮਸੀਹ ਦੀ ਕੁਰਬਾਨੀ ਨੂੰ ਯਾਦ ਕਰਦੇ ਹਨ।ਇਸ ਦੇ ਨਾਲ ਹੀ ਬਹੁਤ ਸਾਰੇ ਲੋਕ ਕਹਿੰਦੇ ਹਨ ਕਿ ਇਸ ਦਿਨ ਨੂੰ ਅਸਲ 'ਚ 'ਗੌਡ ਫਰਾਈਡੇ' ਵੀ ਕਹਿੰਦੇ ਸਨ ਅਤੇ ਸਮੇਂ ਦੇ ਨਾਲ ਇਹ 'ਗੁੱਡ ਫਰਾਈਡੇ' 'ਚ ਬਦਲ ਗਿਆ।ਕੁਝ ਲੋਕ ਇਹ ਵੀ ਮੰਨਦੇ ਹਨ ਕਿ ਇਸ ਦਿਨ ਦਾ ਨਾਮ ਢੁਕਵਾਂ ਹੈ ਕਿਉਂਕਿ ਯਿਸੂ ਦਾ ਦੁੱਖ ਉਸ ਦੇ ਚੇਲਿਆਂ ਨੂੰ ਪਾਪ ਤੋਂ ਬਚਾਉਣ ਲਈ ਪਰਮੇਸ਼ਰ ਦੀ ਯੋਜਨਾ ਸੀ।ਜਿਸ ਦਿਨ ਈਸਾ ਮਸੀਹ ਨੂੰ ਸੂਲੀ 'ਤੇ ਚੜ੍ਹਾਇਆ ਗਿਆ ਉਸ ਦਿਨ ਸ਼ੁੱਕਰਵਾਰ ਸੀ।ਚਰਚ ਵਿਚ ਸੇਵਾ ਕਰਨ ਦੌਰਾਨ ਉਨ੍ਹਾਂ ਪਲਾਂ ਨੂੰ ਯਾਦ ਕਰਦੇ ਹਨ ਜਦੋਂ ਯਿਸੂ ਨੇ ਮਨੁੱਖੀ ਸੇਵਾ ਲਈ ਆਪਣੀ ਜਾਨ ਦੇ ਦਿੱਤੀ ਸੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਫਾਦਰ ਐਲਬਨ ਐਂਥਨੀ, ਸਾਬਕਾ ਸਰਪੰਚ ਸੁਲੱਖਣ ਮਸੀਹ, ਪ੍ਰਧਾਨ ਸੋਨੂ ਮਸੀਹ, ਵਾਈਸ ਪ੍ਰਧਾਨ ਅਮਾਨਤ ਮਸੀਹ, ਪ੍ਰਿੰਸੀਪਲ ਸਿਸਟਰ ਜੋਸ਼ੀਆ, ਸਿਸਟਰ ਲਿਟੀ, ਸਿਸਟਰ ਜੋਤੀ, ਸਿਸਟਰ ਗਰੇਸਮਾ, ਦੇਸਾ ਮਸੀਹ, ਹੀਰਾ ਮਸੀਹ, ਬਲਦੇਵ ਮਸੀਹ, ਕੁਲਵੰਤ ਮਸੀਹ, ਪਤਰਸ ਮਸੀਹ, ਅਮਾਨਤ ਪੰਚ, ਰੋਹਿਤ ਮਸੀਹ, ਬਾਬੂ ਜਸਪਾਲ ਮਸੀਹ, ਗੀਟਾ, ਸ਼ਮ੍ਹਾ, ਅਨੀਤਾ, ਅਭਿਸ਼ੇਕ ਮਸੀਹ, ਸੁਨੀਤਾ, ਡਿੰਪਲ ਆਦਿ ਮਸੀਹ ਭਾਈਚਾਰੇ ਦੇ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਮਨਰੇਗਾ ਵਰਕਰਾਂ ਤੇ ਮੇਟਾਂ ਪ੍ਰਤੀ ਬੇਰੁਖੀ ਨੂੰ ਲੈ ਕੇ ਮਨਰੇਗਾ ਲੇਬਰ ਮੂਵਮੈਂਟ ਵੱਲੋਂ ਮੁਜ਼ਾਹਰਾ



**ਮੋਮਟੋਆਣਾ (ਜਗਤਾਰ ਸਿੰਘ ਭੁੰਗਰਨੀ)**- ਮਨਰੇਗਾ ਲੇਬਰ ਮੂਵਮੈਂਟ ਵਲੋਂ ਮਨਰੇਗਾ ਐਕਟ 2005 ਨੂੰ ਨਾ ਲਾਗੂ ਕਰਵਾਉਣ ਲਈ ਸਰਕਾਰ ਵਲੋਂ ਅਤੇ ਸਰਕਾਰੀ ਦਫ਼ਤਰਾਂ ਵਿਚ ਬੈਠੇ ਜ਼ੁੰਮੇਵਾਰ ਅਧਿਕਾਰੀਆਂ ਵਲੋਂ ਨਾ ਲਾਗੂ ਕਰਨ ਅਤੇ ਮਨਰੇਗਾ ਲੋਕਪਾਲ ਦੇ ਹੁਕਮਾਂ ਨੂੰ ਪੰਚਾਇਤੀ ਰਾਜ ਦੇ ਅਧਿਕਾਰੀਆਂ ਵਲੋਂ ਅਤੇ ਕੁਝ ਸਰਪੰਚਾਂ ਵਲੋਂ ਟਿੱਚ ਕਰਕੇ ਸਮਝਣ ਅਤੇ ਐਕਟ ਦੀਆਂ ਧਾਰਾਵਾਂ ਨੂੰ ਬਿਨਾਂ ਕਿਸੇ ਖੌਫ਼ ਤੋਂ ਉਨ੍ਹਾਂ ਵਿਰੁੱਧ ਕੰਮ ਕਰਨ ਆਦਿ ਨੂੰ ਲੈ ਕੇ ਇਕ ਮੀਟਿੰਗ ਮਨਰੇਗਾ ਲੇਬਰ ਮੂਵਮੈਂਟ ਵਲੋਂ ਸ਼ਹੀਦ ਊਧਮ ਸਿੰਘ ਪਾਰਕ ਵਿਚ ਕੀਤੀ ਤੇ ਪੰਜਾਬ ਸਰਕਾਰ ਦੀ ਮਨਰੇਗਾ ਵਰਕਰਾਂ ਅਤੇ ਮੇਟਾਂ ਪ੍ਰਤੀ ਬੇਰੁਖੀ ਨੂੰ ਲੈ ਕੇ ਮੂਵਮੈਂਟ ਦੇ ਪ੍ਰਧਾਨ ਜੇ ਗੋਪਾਲ ਧੀਮਾਨ ਅਤੇ ਬਲਾਕ 1 ਦੀ ਪ੍ਰਧਾਨ ਗੁਰਬਖਸ਼ ਕੌਰ ਦੀ ਅਗਵਾਈ ਵਿਚ ਮੁਜ਼ਾਹਰਾ ਕੀਤਾ ਤੇ ਕਿਹਾ ਕਿ ਜ਼ਿਲ੍ਹਾ ਮਨਰੇਗਾ ਪ੍ਰੋਜੈਕਟ ਕੁਆਰਡੀਨੇਟਰ ਵਲੋਂ ਜਾਣਬੁੱਝ ਕੇ ਡਿਪਟੀ ਕਮਿਸ਼ਨਰ ਵਲੋਂ ਸਾਖਰਤਾ ਵਿਚ ਕੰਮ ਕਰ ਚੁੱਕੀਆਂ ਲੋੜੀਂਦ ਨੂੰ ਮੇਟ ਦੇ ਕੰਮ ਸੌਂਪਣ ਤੋਂ ਵੀ ਪੰਚਾਇਤੀ ਰਾਜ ਵਲੋਂ ਜਾਣਬੁੱਝ ਕੇ ਹਟਾ ਦਿੱਤਾ ਗਿਆ ਹੈ ਤੇ ਆਪਣੇ ਨਿੱਜੀ ਲਾਭ ਲੈਣ ਲਈ ਆਪਣੇ ਖਾਸ ਖਾਸ ਵਿਅਕਤੀਆਂ ਨੂੰ ਮੇਟ ਦੇ ਤੌਰ 'ਤੇ ਰੱਖ ਲਿਆ ਗਿਆ ਹੈ। ਧੀਮਾਨ ਨੇ ਕਿਹਾ ਕਿ ਮਨਰੇਗਾ ਦੇ ਸਿਸਟਮ ਵਿਚ ਹੇਠਲੇ ਪੱਧਰ ਦੇ ਕਿਸੇ ਅਧਿਕਾਰੀ ਨੂੰ ਹੱਕ ਨਹੀਂ।ਐਕਟ ਦਾ ਕੰਮ ਪਿੰਡਾਂ ਵਿਚ ਬਿਨਾਂ ਕਿਸੇ ਭੇਦ ਭਾਵ ਤਹਿਤ ਹਰੇਕ ਮਨਰੇਗਾ ਵਰਕਰ ਨੂੰ ਬਿਨਾਂ ਕਿਸੇ ਸਿਫਾਰਸ਼ ਤੋਂ 100–100 ਦਿਨਾਂ ਦਾ ਕੰਮ ਮੁਹਈਆ ਕਰਵਾਉਣਾ ਹੈ। ਮਨਰੇਗਾ ਐਕਟ ਅਨੁਸਾਰ ਕਿਸੇ ਵੀ ਵਸਨੀਕ ਨੂੰ ਮਨਰੇਗਾ ਦਾ ਕੰਮ ਕਰਨ ਦੀ ਪੂਰਨ ਅਜ਼ਾਦੀ ਹੈ।ਕੋਈ ਵੀ ਵਸਨੀਕ ਅਪਣੇ ਅਧਾਰ ਕਾਰਡ ਦਾ ਨੰਬਰ ਲਿਖ ਕੇ ਬੀ ਡੀ ਪੀ ਓ ਨੂੰ ਸਿੱਧੀ ਐਪਲੀਕੇਸ਼ਨ ਵੀ ਦੇ ਸਕਦਾ ਹੈ ਤੇ ਕਿਸੇ ਵੀ ਪੰਚਾਇਤ ਦੇ ਮਤੇ ਦੀ ਲੋੜ ਨਹੀਂ ਹੈ।ਪਰ ਮਨਰੇਗਾ ਐਕਟ ਦੀ ਜ਼ੁੰਮੇਵਾਰੀ ਨੂੰ ਵੀ ਉਲੰਘਣਾ ਜਾ ਰਿਹਾ ਹੈ।ਧੀਮਾਨ ਨੇ ਕਿਹਾ ਕਿ ਭ੍ਰਿਸ਼ਟ ਅਧਿਕਾਰੀਆਂ ਕਾਰਨ ਮਨਰੇਗਾ ਵਰਕਰਾਂ ਅਤੇ ਪਿੰਡ ਵਾਸੀਆਂ ਨੂੰ ਕੋਈ ਜਾਣਕਾਰੀ ਵੀ ਨਹੀਂ ਦਿੱਤੀ ਜਾਂਦੀ।ਧੀਮਾਨ ਨੇ ਦਸਿਆ ਕਿ ਮਨਰੇਗਾ ਕਾਨੂੰਨ ਕਿਸੇ ਵੀ ਮੇਟ ਅਤੇ ਕਿਸੇ ਮਨਰੇਗਾ ਵਰਕਰ ਨਾਲ ਕਿਸੇ ਨੂੰ ਵੀ ਗਲਤ ਸ਼ਬਦ ਬੋਲਣ, ਧੱਕੇਸ਼ਾਹੀ ਕਰਨ ਅਤੇ ਸੰਵਿਧਾਨਕ ਵਿਤਕਰਾ ਕਰਨ ਦੀ ਇਜਾਜ਼ਤ ਨਹੀਂ ਦਿੰਦਾ।ਪਰ ਸਭ ਕੁਝ ਚਲ ਰਿਹਾ ਹੈ।ਧੀਮਾਨ ਨੇ ਕਿਹਾ ਕਿ ਇਹ ਸਭ ਕੁਝ ਬੀ ਡੀ ਪੀ ਓ ਦੀ ਮਿਲੀਭੁਗਤ ਨਾਲ ਕੀਤਾ ਜਾਂਦਾ ਹੈ। ਇਸ ਮੌਕੇ ਮੇਟ ਸਤਨਾਮ ਕੌਰ, ਮੇਟ ਰਾਕੇਸ਼ ਬਾਲਾ, ਪਰਮਿੰਦਰ ਸਿੰਘ, ਸੁਰਿੰਦਰ ਕੌਰ, ਸੁਦੇਸ਼ ਕੁਮਾਰੀ,ਪੂਨਮ ਜਸਵੰਤੀਆ, ਮਨਦੀਪ ਕੌਰ, ਸੁਰਜੀਤ ਕੌਰ, ਪਰਮਿੰਦਰ ਕੌਰ ਅਤੇ ਗੁਰਬਚਨ ਸਿੰਘ ਆਦਿ ਹਾਜ਼ਰ ਸਨ।

## ਬੱਚਿਆਂ ਦਾ ਸਕੂਲ 'ਚ ਦਿਲ ਲਗਾਉਣ ਲਈ ਰੰਗਾਰੰਗ ਪ੍ਰੋਗਰਾਮ ਹੋਣਾ ਜ਼ਰੂਰੀ : ਸਾਹਨੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਨਰਸਰੀ ਵਿੱਚ ਦਾਖਲ ਹੋਏ ਬੱਚਿਆਂ ਨੂੰ ਸਵਾਗਤ ਪਾਰਟੀ ਦੇਣ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕਰਨ ਲਈ ਐੱਸ ਜੈੱਟ ਸੈਲਸਕ ਡਿਵਾਇਨ ਪਬਲਿਕ ਸਕੂਲ ਟਾਂਡਾ ਦੇ ਡਾਇਰੈਕਟਰ ਇੰਦਰ ਕੁਮਾਰ ਸਾਹਨੀ ਦੀ ਅਗਵਾਈ ਵਿੱਚ ਇੱਕ ਪਾਰਟੀ ਸਮਾਰੋਹ ਕੀਤਾ ਗਿਆ ਜਿਸ ਵਿੱਚ ਸਮੂਹ ਸਕੂਲ ਸਟਾਫ ਵੱਲੋਂ ਨਰਸਰੀ ਦੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਅੰਤ ਦੇ ਇਸ ਸਮਾਗਮ ਵਿੱਚ ਨਰਸਰੀ ਦੇ ਬੱਚਿਆਂ ਨੂੰ ਰੰਗ ਬਰੰਗੀਆਂ ਪੌਸ਼ਾਕਾਂ ਪਹਿਨਾ ਕੇ ਵੱਖ-ਵੱਖ ਤਰ੍ਹਾਂ ਦੇ ਰੰਗਾਰੰਗ ਪ੍ਰੋਗਰਾਮ ਪੇਸ਼ ਕਰਵਾ ਕੇ ਦਰਸ਼ਕਾਂ ਅਤੇ ਨੰਨ੍ਹੇ ਮੁੰਨੇ ਬੱਚਿਆਂ ਦਾ ਮਨੋਰੰਜਨ ਕਰਵਾਇਆ। ਨੰਨੇ ਮੁੰਨੇ ਬੱਚੇ ਗੁਬਾਰਿਆਂ ਨੂੰ ਫੋੜ ਕੇ ਆਪਣੀ ਸ਼ਰਾਰਤੀ ਖੁਸ਼ੀ ਦਾ ਇਜ਼ਹਾਰ ਕਰ ਰਹੇ ਸਨ।ਇਸ ਮੌਕੇ ਡਾਇਰੈਕਟਰ ਇੰਦਰ ਕੁਮਾਰ ਸਾਹਨੀ ਨੇ ਕਿਹਾ ਕਿ ਜਿਨ੍ਹਾਂ ਬੱਚਿਆਂ ਦੀ ਪੜ੍ਹਾਈ ਦੀ ਨੀਂਹ ਮਜ਼ਬੂਤ ਹੁੰਦੀ ਹੈ ਉਹ ਬੱਚੇ ਹੀ ਉੱਚ ਸਿੱਖਿਆ ਹਾਸਲ ਕਰਕੇ ਆਪਣੀ ਮੰਜ਼ਿਲ ਪ੍ਰਾਪਤ ਕਰ ਲੈਂਦੇ ਹਨ।ਉਨ੍ਹਾਂ ਕਿਹਾ ਕਿ ਸਾਡੇ ਸਕੂਲ ਸਟਾਫ ਵੱਲੋਂ ਨੰਨ੍ਹੇ ਮੁੰਨੇ ਵਿਦਿਆਰਥੀਆਂ ਦਾ ਸਕੂਲ ਵਿੱਚ ਦਿਲ ਲਗਾਉਣ ਲਈ ਪੜ੍ਹਾਈ ਦੇ ਨਾਲ ਨਾਲ ਖੇਡਾਂ ਅਤੇ ਪਾਰਟੀਆਂ ਦਾ ਆਯੋਜਨ ਕੀਤਾ ਜਾਂਦਾ ਹੈ। ਇਸ ਮੌਕੇ ਇੰਦਰਪਾਲ, ਕੁਲਵਿੰਦਰ ਕੌਰ, ਆਰਤੀ ਸ਼ਰਮਾ, ਅਮਰਜੀਤ ਕੌਰ, ਹਰਮਿੰਦਰ ਕੌਰ, ਪਰਮਜੀਤ ਕੌਰ, ਅਸ਼ਦੀਪ ਕੌਰ ਅਤੇ ਹੋਰ ਸਕੂਲ ਸਟਾਫ ਨੇ ਮਿਊਜ਼ਿਕ ਦੀ ਥਾਪ ਤੇ ਬੱਚਿਆਂ ਨੂੰ ਡਾਂਸ ਦੇ ਗੁਰ ਸਿਖਾ ਕੇ ਉਨ੍ਹਾਂ ਦਾ ਖੂਬ ਮਨੋਰੰਜਨ ਕੀਤਾ।

## ਗ੍ਰੰਥੀ ਸਿੰਘ ਨਾਲ ਕੁੱਟਮਾਰ ਕਰਨ ਵਾਲੇ ਗ੍ਰਿਫਤਾਰ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡੀ ਐਸ ਪੀ ਸੁਲਤਾਨਪੁਰ ਲੋਧੀ ਗੁਰਮੀਤ ਸਿੰਘ ਨੇ ਦੱਸਿਆ ਕਿ 15 ਅਪ੍ਰੈਲ ਨੂੰ ਜੀਤ ਸਿੰਘ ਪੁੱਤਰ ਹਰਨੇਕ ਸਿੰਘ ਵਾਸੀ ਪਿੰਡ ਸੈਚ ਥਾਣਾ ਸੁਲਤਾਨਪੁਰ ਲੋਧੀ ਜ਼ਿਲ੍ਹਾ ਕਪੂਰਥਲਾ ਦੇ ਬਿਆਨਾਂ 'ਤੇ ਮੁਕੱਦਮਾ ਦਰਜ ਕੀਤਾ ਗਿਆ ਸੀ, ਜਿਸ ਵਿੱਚ ਉਸ ਨੇ ਬਿਆਨ ਕੀਤਾ ਸੀ ਕਿ ਉਹ ਪਿੰਡ ਸੈਚਾਂ ਦੇ ਗੁਰਦੁਆਰਾ ਸਾਹਿਬ ਵਿੱਚ ਪਿਛਲੇ 13/14 ਸਾਲ ਤੋਂ ਬਤੌਰ ਗ੍ਰੰਥੀ ਸੇਵਾ ਕਰਦਾ ਆ ਰਿਹਾ ਹੈ। 14 ਅਪ੍ਰੈਲ ਨੂੰ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਪਾਠ ਦਾ ਭੋਗ ਸੀ। ਭੋਗ ਪੈਣ ਤੋਂ ਬਾਅਦ ਲਖਬੀਰ ਸਿੰਘ ਉਰਫ ਬੀਰ ਪੁੱਤਰ ਜਰਨੈਲ ਸਿੰਘ, ਗੁਰਤੇਜ ਸਿੰਘ ਉਰਫ ਭੋਜਾ ਪੁੱਤਰ ਜਰਨੈਲ ਸਿੰਘ, ਤਰਲੋਚਨ ਸਿੰਘ ਪੁੱਤਰ ਜਰਨੈਲ ਸਿੰਘ, ਮਨਜੀਤ ਕੌਰ ਉਰਫ ਜੱਟੀ ਪਤਨੀ ਜਰਨੈਲ ਸਿੰਘ ਸਾਰੇ ਵਾਸੀਆਨ ਸੈਚਾਂ ਥਾਣਾ ਸੁਲਤਾਨਪੁਰ ਲੋਧੀ ਜ਼ਿਲ੍ਹਾ ਕਪੂਰਥਲਾ ਨੇ ਗੱਡੀ ਖੜ੍ਹੀ ਕਰਨ ਦੀ ਰੰਜਿਸ਼ ਦੇ ਚੱਲਦੇ ਮੁਦੱਈ ਮੁਕੱਦਮਾ ਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ, ਜਿਸ 'ਤੇ ਮੁਕੱਦਮਾ ਦਰਜ ਰਜਿਸਟਰ ਕਰਕੇ ਮੁਕੱਦਮਾ ਵਿੱਚ ਲੋੜੀਂਦੇ ਦੋਸ਼ੀਆਂ ਵਿੱਚੋਂ ਅੱਜ ਲਖਬੀਰ ਸਿੰਘ ਉਰਫ ਬੀਰ ਅਤੇ ਮਨਜੀਤ ਕੌਰ ਉਰਫ ਜੱਟੀ ਵਾਸੀਆਨ ਸੈਚਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਇਹਨਾਂ ਦੇ ਬਾਕੀ ਸਾਥੀਆਂ ਨੂੰ ਵੀ ਜਲਦ ਗ੍ਰਿਫਤਾਰ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਕਤ ਲੜਾਈ ਦੀ ਰੰਜਿਸ਼ ਮੁਦੱਈ ਮੁਕੱਦਮਾ ਜੀਤ ਸਿੰਘ ਅਤੇ ਦੂਸਰੀ ਧਿਰ ਦੇ ਦੋਸ਼ੀ ਲਖਬੀਰ ਸਿੰਘ ਹੁਰਾਂ ਦੀ ਗੁਰਦੁਆਰਾ ਸਾਹਿਬ ਵਿੱਚ ਗੱਡੀਆਂ ਖੜ੍ਹੀਆਂ ਕਰਨ ਤੋਂ ਹੈ, ਕਿਉਂਕਿ ਦੋਨੋ ਧਿਰਾਂ ਹੀ ਗੁਰਦੁਆਰਾ ਸਾਹਿਬ ਵਿੱਚ ਗੱਡੀਆਂ ਖੜ੍ਹੀਆਂ ਕਰਦੀਆਂ ਸਨ। ਲਖਬੀਰ ਸਿੰਘ ਨੂੰ ਗੱਡੀ ਖੜ੍ਹੀ ਕਰਨ ਤੋਂ ਰੋਕਿਆ ਸੀ। ਇਹ ਵੀ ਵਰਨਣਯੋਗ ਹੈ ਕਿ ਪਿੰਡ ਸੈਚਾਂ ਦੇ ਗੁਰਦੁਆਰਾ ਸਾਹਿਬ ਵਿੱਚ ਪਾਠ ਸਾਹਿਬ ਦੀ ਡਿਊਟੀ ਕਰਨ ਆਏ ਗ੍ਰੰਥੀ ਕੁਲਦੀਪ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਪਿੰਡ ਅਲਾਦਾਲਾ ਜ਼ਿਲ੍ਹਾ ਫਿਰੋਜ਼ਪੁਰ, ਜਿਸ ਦੀ 13 ਅਪ੍ਰੈਲ ਨੂੰ ਉਕਤ ਮੁਕੱਦਮੇ ਦੇ ਸ਼ਿਕਾਇਤ ਕਰਤਾ ਜੀਤ ਸਿੰਘ ਪੁੱਤਰ ਹਰਨੇਕ ਸਿੰਘ ਵਾਸੀ ਪਿੰਡ ਸੈਚ (ਕੁੱਟਮਾਰ ਦਾ ਗ੍ਰੰਥ ਸ਼ਿਕਾਰ ਗ੍ਰੰਥੀ ਸਿੰਘ ਜੋ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਵਿਖੇ ਜ਼ੇਰੇ ਇਲਾਜ ਹੈ) ਨੇ ਕੁੱਟਮਾਰ ਕੀਤੀ ਸੀ। ਜਿਸ ਖਿਲਾਫ ਦਰਖਾਸਤ ਚੌਕੀ ਮੋਠਾਂਵਾਲ ਵਿਖੇ ਆਈ ਸੀ। ਜਿਸ ਦੀ ਵੱਖਰੇ ਤੌਰ 'ਤੇ ਪੜਤਾਲ ਚੱਲ ਰਹੀ ਹੈ।

## ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ



**ਮੋਹਾਲੀ (ਗੁਰਜੀਤ ਬਿੱਲਾ)**: ਇੱਥੇ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਹਿੰਦ ਦੀ ਚਾਦਰ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 404ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਪ੍ਰਕਾਸ਼ ਪੁਰਬ ਦੀ ਖੁਸ਼ੀ 'ਚ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਦੇਵ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਗੁਰੂ ਤੇਗ ਬਹਾਦਰ ਜੀ ਦਾ ਜੀਵਨ ਬਿਰਤਾਂਤ ਅਤੇ ਉਨ੍ਹਾਂ ਵੱਲੋਂ ਮਜ਼ਲੂਮਾਂ ਦੀ ਰਾਖੀ ਲਈ ਦਿੱਤੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਭਾਈ ਲਖਵਿੰਦਰ ਸਿੰਘ ਅੰਮ੍ਰਿਤਸਰ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲੋ ਨਿਹਾਲ ਕੀਤਾ।ਸ੍ਰੀਮਤੀ ਪ੍ਰਚਾਰਕ ਭਾਈ ਜਰਨੈਲ ਸਿੰਘ ਲੁਧਿਆਣੇ ਵਾਲਿਆਂ ਨੇ ਗੁਰੂ ਸਾਹਿਬ ਵੱਲੋਂ ਉਚਾਰਨ ਕੀਤੀ ਬਾਣੀ ਦੇ 15 ਰਾਗਾਂ ਵਿੱਚ 59 ਸ਼ਬਦ ਅਤੇ 57 ਸਲੋਕ ਜੋ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਸੁਸ਼ੋਭਿਤ ਹਨ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ।ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਪ੍ਰਬੰਧਕ ਕਮੇਟੀ ਗੁ: ਸਿੰਘ ਸ਼ਹੀਦਾਂ ਦੇ ਬੁਲਾਰੇ ਨੇ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੇ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦੇ ਹੋਏ 21 ਅਪ੍ਰੈਲ ਤੋਂ ਰੋਜ਼ਾਨਾ 40 ਦਿਨ ਸ੍ਰੀ ਸੁਖਮਨੀ ਸਾਹਿਬ ਜੀ ਦੇ 2 ਪਾਠ ਸੰਗਤ ਰੂਪ ਵਿੱਚ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਕੀਤੇ ਜਾਣਗੇ।

## ਦਰਬਾਰ ਮਈਆ ਅੱਗੇ ਗੰਦੇ ਪਾਣੀ ਨੂੰ ਲੈ ਕੇ ਫਕੀਰਾਂ ਵੱਲੋਂ ਧਰਨਾ 22 ਨੂੰ



**ਫਿਲੌਰ (ਬੀ ਐਸ ਕੈਨੇਡੀ)** ਇੱਥੇ ਮੁੱਖ ਮਾਰਗ 'ਤੇ ਸਥਿਤ ਦਰਬਾਰ ਮਈਆ ਦੇ ਮੁੱਖ ਐਂਟਰੀ ਗੇਟ ਦੇ ਅੱਗੇ ਬਣੇ ਪੁੱਲ ਹੇਠਾਂ ਪਿਛਲੇ ਤਿੰਨ ਚਾਰ ਸਾਲਾਂ ਤੋਂ ਪਿੰਡ ਰਾਮਗੜ੍ਹ ਦੇ ਸਿਵਰੇਜ ਦੇ ਇਕੱਠੇ ਹੋ ਰਹੇ ਗੰਦੇ ਪਾਣੀ ਕਾਰਨ ਸੰਗਤਾਂ ਵਿੱਚ ਭਾਰੀ ਰੋਸ ਹੈ। ਇਸ ਮਾਮਲੇ ਨੂੰ ਲੈ ਕੇ ਸੂਫ਼ੀਆਨਾ ਦਰਬਾਰ ਪ੍ਰਬੰਧਕ ਕਮੇਟੀ ਰਜਿ. ਪੰਜਾਬ ਦੇ ਵਾਇਸ ਚੇਅਰਮੈਨ ਬਾਬਾ ਸ਼ੰਭੂ ਰਾਮ ਦੀ ਦੇਖ ਰੇਖ ਹੇਠ ਇੱਕ ਮੀਟਿੰਗ ਹੋਈ ਜਿਸ ਵਿੱਚ ਫੈਸਲਾ ਲਿਆ ਗਿਆ ਹੈ ਕਿ ਪੰਜਾਬ ਭਰ ਦੇ ਵੱਖ ਵੱਖ ਦਰਬਾਰਾਂ ਦੇ ਫਕੀਰਾਂ ਵੱਲੋਂ 22 ਅਪ੍ਰੈਲ ਨੂੰ ਬੀ ਡੀ ਪੀ ਓ ਦਫ਼ਤਰ ਫਿਲੌਰ ਅੱਗੇ ਅਣਮਿੱਥੇ ਸਮੇਂ ਲਈ ਧਰਨਾ ਲਗਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਲਾਕੇ ਦੀਆਂ ਵੱਖ ਵੱਖ ਸਮਾਜਿਕ ਜੱਥੇਬੰਦੀਆਂ ਵੱਲੋਂ ਵੀ ਸੂਫ਼ੀਆਨਾ ਦਰਬਾਰ ਪ੍ਰਬੰਧਕ ਕਮੇਟੀ ਨੂੰ ਧਰਨੇ ਵਿੱਚ ਸਹਿਯੋਗ ਦੇਣ ਦਾ ਭਰੋਸਾ ਦਵਾਇਆ ਗਿਆ ਹੈ। ਉਨ੍ਹਾਂ ਦੱਸਿਆ ਇਸ ਸਮੱਸਿਆ ਦੇ ਹੱਲ ਲਈ ਕਈ ਵਾਰ ਵੱਖ ਵੱਖ ਸਮੇਂ ਉਚ ਅਧਿਕਾਰੀਆਂ ਤੱਕ ਅਰਜ਼ੀਆਂ ਵੀ ਦਿੱਤੀਆਂ ਗਈਆਂ ਸਨ, ਪਰ ਇਨ੍ਹਾਂ ਸਮਾਂ ਬੀਤ ਜਾਣ ਤੇ ਵੀ ਪ੍ਰਸ਼ਾਸਨ ਵੱਲੋਂ ਕੋਈ ਹੱਲ ਨਹੀਂ ਕੀਤਾ ਗਿਆ। ਡੀ ਡੀ ਪੀ ਓ ਜਲੰਧਰ ਵੱਲੋਂ ਵੀ ਸਿਰਫ਼ ਇੱਕ ਵਾਰ ਮੌਕਾ ਦੇਖਿਆ ਗਿਆ, ਪਰ ਹੱਲ ਨਹੀਂ ਹੋਇਆ। ਇਸ ਮੌਕੇ ਬਾਬਾ ਸ਼ੰਭੂ ਰਾਮ ਵਾਇਸ ਚੇਅਰਮੈਨ, ਚੇਅਰਮੈਨ ਬਾਬਾ ਮਨਜੀਤ ਸਾਬਰੀ, ਸਾਈਂ ਰਮੇਸ਼ ਅਲੀ ਸਾਬਰੀ, ਬਾਬਾ ਜਸਵੀਰ ਸਾਬਰੀ, ਸਾਈਂ ਕੁਲਰਾਜ ਮੁਹੰਮਦ, ਸਾਈਂ ਸੋਮੇ ਸ਼ਾਹ, ਬਾਬਾ ਬਲਵਿੰਦਰ ਰਾਜ ਤੋਂ ਹੋਰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਮੁੱਖੀ ਹਾਜ਼ਰ ਸਨ।

## ਪਾਰਟ ਟਾਈਮ ਸਵੀਪਰਾਂ ਨੂੰ ਰੈਗੂਲਰ ਕਰਨਾ ਜ਼ਿਲ੍ਹਾ ਸਿੱਖਿਆ ਦਫ਼ਤਰ ਦਾ ਇਤਿਹਾਸਕ ਕਦਮ : ਜਸਵੀਰ ਸਿੰਘ



**ਮੋਹਾਲੀ (ਗੁਰਜੀਤ ਬਿੱਲਾ)**- ਪਾਰਟ ਟਾਇਮ ਸਵੀਪਰਾਂ ਨੂੰ ਰੈਗੂਲਰ ਕਰਨਾ ਜ਼ਿਲ੍ਹਾ ਸਿੱਖਿਆ ਦਫ਼ਤਰ ਮੋਹਾਲੀ ਦਾ ਇੱਕ ਇਤਿਹਾਸਕ ਫੈਸਲਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਨਿਸਟ੍ਰੀਅਲ ਸਟਾਫ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਨੇ ਕੀਤਾ। ਇਸ ਸਬੰਧੀ ਜਥੇਬੰਦੀ ਦੇ ਕਿਰਨ ਪ੍ਰੈਸ਼ਰ ਨੇ ਦੱਸਿਆ ਕਿ ਪਾਰਟ ਟਾਇਮ ਸਵੀਪਰ ਪਿਛਲੇ ਢਾਈ ਦਹਾਕਿਆਂ ਦੇ ਸਮੇਂ ਤੋਂ ਨਿਗੂਣੇ ਮਾਣਭੱਤੇ 'ਤੇ ਕੰਮ ਕਰਦੇ ਹੋਏ, ਰੈਗੂਲਰ ਹੋਣ ਦੇ ਹੱਕੀ ਮੰਗ ਲਈ ਵਿਭਾਗ ਵੱਲ ਤੱਕ ਰਹੇ ਸਨ। ਪ੍ਰੰਤੂ ਬੀਤੇ ਦਿਨੀਂ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸ੍ਰੀਮਤੀ ਗਿੰਨੀ ਦੁੱਗਲ, ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਦਰਸ਼ਨਜੀਤ ਸਿੰਘ, ਸੁਪਰਡੈਂਟ ਜ਼ਿਲ੍ਹਾ ਸਿੱਖਿਆ ਦਫ਼ਤਰ ਮਨਜੀਤ ਸਿੰਘ ਮਸੀਹ, ਡਿਪਟੀ ਡੀ ਓ ਅੰਗਰੇਜ਼ ਸਿੰਘ, ਸਬੰਧਤ ਕਲਰਕ ਗੁਰਮੁਖ ਸਿੰਘ ਅਧਾਰਿਤ ਕਮੇਟੀ ਵੱਲੋਂ ਸਮੂਹ ਬਣਦੇ ਕੇਸਾਂ ਦਾ ਨਿਰੀਖਣ ਕਰਦੇ ਹੋਏ ਕੁੱਲ 12 ਪਾਰਟ ਟਾਇਮ ਸਵੀਪਰ ਕਰਮਚਾਰੀਆਂ ਨੂੰ ਉਹਨਾਂ ਦੀ ਬਣਦੀ ਯੋਗਤਾ ਤੇ ਤਜਰਬੇ ਦੇ ਅਧਾਰ 'ਤੇ ਬਤੌਰ ਦਰਜਾ ਚਾਰ ਵੱਖੋ ਵੱਖਰੀਆਂ ਅਸਾਮੀਆਂ 'ਤੇ ਰੈਗੂਲਰ ਕਰ ਦਿੱਤਾ ਹੈ। ਪ੍ਰਧਾਨ ਜਸਵੀਰ ਸਿੰਘ ਨੇ ਇਸ ਨੂੰ ਜ਼ਿਲ੍ਹਾ ਸਿੱਖਿਆ ਦਫ਼ਤਰ ਮੋਹਾਲੀ ਤੇ ਸਬੰਧਤ ਅਧਿਕਾਰੀਆਂ ਦਾ ਇਤਿਹਾਸਕ ਕਦਮ ਕਰਾਰ ਦਿੰਦਿਆਂ ਇਸ ਉਪਰਾਲੇ ਲਈ ਉਹਨਾਂ ਦਾ ਦਿਲੋਂ ਧੰਨਵਾਦ ਕੀਤਾ ਹੈ।

## 'ਵਰਸਿਟੀ ਟਾਪਰ ਬਣੀਆਂ ਸ੍ਰੀ ਹਨੂਮਤ ਆਈ ਐਮ ਟੀ ਦੀਆਂ ਵਿਦਿਆਰਥਣਾਂ



**ਗੁਰਾਇਆ (ਬਿੰਦਰ ਸੁਮਨ)**- ਪੰਜਾਬ ਟੈਕਨੀਕਲ ਯੂਨੀਵਰਸਿਟੀ (ਪੀ ਟੀ ਯੂ) ਵਲੋਂ ਬੀ.ਟੀ.ਟੀ.ਐਮ. ਦੇ ਐਲਾਨੇ ਗਏ ਨਤੀਜਿਆਂ 'ਚ ਸ੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਦੀਆਂ ਦੋ ਹੋਣਹਾਰ ਵਿਦਿਆਰਥਣਾਂ ਨੇ ਯੂਨੀਵਰਸਿਟੀ ਪੱਧਰ 'ਤੇ ਟਾਪ ਸ਼੍ਰੇਣੀ 'ਚ ਸਥਾਨ ਪ੍ਰਾਪਤ ਕੀਤਾ ਹੈ। ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਨੇ ਵਿਦਿਆਰਥਣਾਂ ਦੀ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਬੀ.ਟੀ.ਟੀ.ਐਮ. ਦੀ ਵਿਦਿਆਰਥਣ ਅੰਤਿਸ਼ਾ ਮੋਮੀ ਨੇ 8.98 ਐਸ.ਜੀ.ਪੀ.ਏ. ਜਦਕਿ ਕਾਜੋਲ ਕੌਰ ਸਿੰਘ ਨੇ 8.88 ਐਸ.ਜੀ.ਪੀ.ਏ. ਹਾਸਲ ਕਰਕੇ ਯੂਨੀਵਰਸਿਟੀ 'ਚ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਉਨ੍ਹਾਂ ਦੋਵਾਂ ਹੋਣਹਾਰ ਵਿਦਿਆਰਥਣਾਂ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ । ਡਾ. ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਸ਼ਿਮਟ ਇੰਸਟੀਚਿਊਟ ਵਿਖੇ ਵਿਦਿਆਰਥੀਆਂ ਨੂੰ ਤਜਰਬੇਕਾਰ ਅਤੇ ਸਮਰਪਤ ਸਟਾਫ਼ ਦੁਆਰਾ ਉੱਚ ਗੁਣਵੱਤਾ ਵਾਲੀ ਸਿੱਖਿਆ ਦੇ ਨਾਲ-ਨਾਲ ਵਿਹਾਰਕ ਸਿਖਲਾਈ ਦੇ ਸ਼ਾਨਦਾਰ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ। ਵਿਦਿਆਰਥਣਾਂ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਮਾਪਿਆਂ ਦੇ ਆਸ਼ੀਰਵਾਦ ਅਤੇ ਕਾਲਜ ਦੇ ਤਜਰਬੇਕਾਰ ਸਟਾਫ਼ ਦੇ ਸਹੀ ਮਾਰਗਦਰਸ਼ਨ ਨੂੰ ਦਿੱਤਾ। ਉਨ੍ਹਾਂ ਨੇ ਤਕਨੀਕੀ ਸਿੱਖਿਆ ਪ੍ਰਾਪਤ ਕਰਨ ਦੇ ਚਾਹਵਾਨ ਨੌਜਵਾਨਾਂ ਨੂੰ ਸ਼ਿਮਟ ਕਾਲਜ ਵਿੱਚ ਦਾਖਲਾ ਲੈਣ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਸ੍ਰੀ ਹਨੂਮਤ ਆਈ.ਐਸ.ਟੀ. ਉੱਤਰੀ ਭਾਰਤ ਦੇ ਵੱਕਾਰੀ ਵਿਦਿਅਕ ਸੰਸਥਾਨਾਂ ਵਿੱਚ ਮੋਹਰੀ ਸਥਾਨ ਰੱਖਦਾ ਹੈ। ਕਾਲਜ ਪ੍ਰਬੰਧਕ ਕਮੇਟੀ ਨੇ ਵੀ ਵਿਦਿਆਰਥਣਾਂ ਨੂੰ ਉਹਨਾਂ ਦੀ ਪ੍ਰਾਪਤੀ ਲਈ ਸ਼ੁੱਭ ਇੱਛਾਵਾਂ ਦਿੱਤੀਆਂ।

## ਸਾਈਕਲ ਸਟੈਂਡ, ਫੋਟੋਗ੍ਰਾਫੀ ਤੇ ਕੰਟੀਨ ਦੀ ਬੋਲੀ 21 ਨੂੰ

**ਨਵਾਂਸਹਿਰ (ਮਨੋਜ ਲਾਡੀ)** ਤਹਿਸੀਲ ਦਫਤਰ ਨਵਾਂਸਹਿਰ ਦੀ ਹਦੂਦ ਅੰਦਰ ਸਾਲ 2025-26 ਲਈ ਸਾਈਕਲ ਸਟੈਂਡ, ਫੋਟੋਗ੍ਰਾਫੀ ਅਤੇ ਚਾਹ ਦੀ ਕੰਟੀਨ ਦੇ ਠੇਕਿਆਂ ਦੀ ਨਿਲਾਮੀ 21 ਅਪ੍ਰੈਲ ਨੂੰ ਸਵੇਰੇ 10 ਵਜੇ ਤਹਿਸੀਲ ਦਫਤਰ, ਨਵਾਂਸਹਿਰ ਵਿਖੇ ਕੀਤੀ ਜਾਵੇਗੀ। ਇਹ ਜਾਣਕਾਰੀ ਦਿੰਦਿਆਂ ਤਹਿਸੀਲਦਾਰ ਨਵਾਂਸਹਿਰ ਮਨਿੰਦਰ ਸਿੰਘ ਨੇ ਦੱਸਿਆ ਕਿ ਬੋਲੀ ਵਿਚ ਭਾਗ ਲੈਣ ਲਈ ਹਰੇਕ ਬੋਲੀਕਾਰ ਨੂੰ 10 ਹਜ਼ਾਰ ਰੁਪਏ ਦੀ ਰਕਮ ਬਤੌਰ ਸਿਕਿਉਰਿਟੀ ਜਮ੍ਹਾ ਕਰਵਾਉਣੀ ਹੋਵੇਗੀ।

## ਡਿਪਟੀ ਕਮਿਸ਼ਨਰ ਵੱਲੋਂ ਲੰਮਾ ਪਿੰਡ-ਜੰਡੂਸਿੰਘਾ ਸੜਕ ਦਾ ਕੰਮ 31 ਮਈ ਤੱਕ ਮੁਕੰਮਲ ਕਰਨ ਦੇ ਨਿਰਦੇਸ਼

**ਜਲੰਧਰ (ਇਕਬਾਲ ਸਿੰਘ ਉਭੀ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਲੰਮਾ ਪਿੰਡ-ਜੰਡੂਸਿੰਘਾ ਸੜਕ ਦਾ ਜਾਇਜ਼ਾ ਲੈਣ ਲਈ ਮੌਕੇ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਸੜਕ ਦਾ ਕੰਮ 31 ਮਈ 2025 ਤੱਕ ਮੁਕੰਮਲ ਕਰਨ ਦੀਆਂ ਸਖ਼ਤ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਸੜਕ ਇਲਾਕੇ ਦੀ ਮਹੱਤਵਪੂਰਨ ਸੜਕ ਹੈ, ਜਿਸ ਨੂੰ ਸਮੇਂ ਸਿਰ ਮੁਕੰਮਲ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਸੰਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਗੁਣਵੱਤਾ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਕਿਉਂਕਿ ਕੁਆਲਟੀ ਪੱਖੋਂ ਕਿਸੇ ਕਿਸਮ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਵੱਲੋਂ ਡਿਪਟੀ ਕਮਿਸ਼ਨਰ ਨੂੰ ਜਾਣੂ ਕਰਵਾਇਆ ਗਿਆ ਕਿ ਹੁਣ ਤੱਕ ਸੜਕ ਦਾ ਬੇਸ ਵਰਕ 70 ਫੀਸਦੀ ਤੱਕ ਮੁਕੰਮਲ ਕੀਤਾ ਜਾ ਚੁੱਕਾ ਹੈ। ਇਸ ਉੱਤੇ ਡਿਪਟੀ ਕਮਿਸ਼ਨਰ ਨੇ ਕੰਮ ਦੀ ਰਫ਼ਤਾਰ ਨੂੰ ਹੋਰ ਤੇਜ਼ ਕਰਨ ਅਤੇ ਬਾਕੀ ਰਹਿੰਦੇ ਕਾਰਜ ਨੂੰ ਜਲਦ ਪੂਰਾ ਕਰਨ ਦੇ ਨਿਰਦੇਸ਼ ਦਿੱਤੇ । ਇਸ ਮੌਕੇ ਉਨ੍ਹਾਂ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਸੜਕ 'ਤੇ ਮੌਜੂਦ ਬਿਜਲੀ ਦੇ ਖੰਭਿਆਂ ਨੂੰ 15 ਦਿਨਾਂ ਦੇ ਅੰਦਰ-ਅੰਦਰ ਸ਼ਿਫਟ ਕੀਤਾ ਜਾਵੇ । ਇਸ ਮੌਕੇ ਉਨ੍ਹਾਂ ਦੇ ਨਾਲ ਐਸ.ਡੀ.ਐਮ. ਰਣਦੀਪ ਸਿੰਘ ਹੀਰ, ਐਕਸੀਅਨ ਲੋਕ ਨਿਰਮਾਣ ਵਿਭਾਗ ਸੰਦੀਪ ਕੁਮਾਰ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

## ਅਸਲ ਸਥਿਤੀ ਤੋਂ ਵਾਕਫ਼ ਹੋਵੇ ਆਪ ਸਰਕਾਰ : ਅਰਵਿੰਦ ਖੰਨਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਅਮਨ ਕਾਨੂੰਨ ਦੀ ਮਾੜੀ ਸਥਿਤੀ ਪ੍ਰਤੀ ਬਿਆਨ ਦੇਣ ਵਾਲੇ ਵਿਰੋਧੀ ਧਿਰ ਦੇ ਆਗੂਆਂ ਖਿਲਾਫ਼ ਪਰਚੇ ਦਰਜ ਕਰਵਾਉਣ ਤੋਂ ਜ਼ਿਆਦਾ ਮਹੱਤਵਪੂਰਨ ਹੈ ਕਿ ਮੁੱਖ ਮੰਤਰੀ ਪੰਜਾਬ ਦੀ ਅਸਲ ਸਥਿਤੀ ਤੋਂ ਵਾਕਫ਼ ਹੋਣ। ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਖੰਨਾ ਨੇ ਕਿਹਾ ਕਿ ਮੁੱਖ ਮੰਤਰੀ ਸਮੇਤ ਪੂਰੇ ਮੰਤਰੀ ਮੰਡਲ ਨੂੰ ਇਹ ਗੱਲ ਕਬੂਲ ਕਰ ਲੈਣੀ ਚਾਹੀਦੀ ਹੈ ਕਿ ਇਸ ਸਰਕਾਰ ਦੇ ਕਾਰਜਕਾਲ ਨੇ ਪੰਜਾਬ ਨੂੰ ਨਸ਼ੇ ਅਤੇ ਭ੍ਰਿਸ਼ਟਾਚਾਰ ਦੀ ਦਲਦਲ ਵਿੱਚ ਧੱਕ ਦਿੱਤਾ ਹੈ। ਇਸ ਤੋਂ ਇਲਾਵਾ ਹਰ ਦਿਨ ਪੰਜਾਬ ਵਿੱਚ ਸ਼ਰੇਆਮ ਗੁੰਡਾਗਰਦੀ ਕਾਰਨ ਕਤਲਾਂ ਦਾ ਸਿਲਸਿਲਾ ਸਿਖਰ 'ਤੇ ਹੈ, ਪਰ ਸਰਕਾਰ ਦਾ ਇਸ ਪਾਸੇ ਕੋਈ ਧਿਆਨ ਨਹੀਂ ਹੈ।ਉਨ੍ਹਾਂ ਕਿਹਾ ਕਿ ਜਿਹੜੇ ਉਦਘਾਟਨ ਜਾਂ ਕੰਮ ਸਥਾਨਕ ਪੱਧਰ ਦੇ ਆਗੂ ਜਾਂ ਸਰਪੰਚਾਂ ਨੂੰ ਕਰਵਾਉਣੇ ਚਾਹੀਦੇ ਹਨ ਉਹ ਸਰਕਾਰ ਦੇ ਮੰਤਰੀ ਕਰ ਰਹੇ ਹਨ। ਖੰਨਾ ਨੇ ਕਿਹਾ ਕਿ ਸੋਸ਼ਲ ਮੀਡਿਆ 'ਤੇ ਝੂਠਾ ਪ੍ਰਚਾਰ ਕਰਕੇ ਪੰਜਾਬ ਦੇ ਮੰਤਰੀ ਸੂਬੇ ਦੇ ਫਰਜ਼ੀ ਵਿਕਾਸ ਦੀ ਚਰਚਾ ਛੇੜਨੀ ਚਾਹੁੰਦੇ ਹਨ ਪਰ ਪੰਜਾਬ ਦੇ ਲੋਕ ਇਨ੍ਹਾਂ ਦੀ ਸਹੀ ਸਥਿਤੀ ਤੋਂ ਭਲੀਭਾਂਤ ਜਾਣੂ ਹਨ।ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਪ ਸਰਕਾਰ ਨੂੰ ਸਬਕ ਸਿਖਾਉਣ ਦਾ ਮਨ ਬਣਾ ਲਿਆ ਹੈ।ਪੰਜਾਬ ਦੇ ਕਿਸਾਨ, ਉਦਯੋਗਪਤੀ, ਮਜ਼ਦੂਰ ਤੇ ਵਿਦਿਆਰਥੀ ਹਰ ਵਰਗ ਬੇਚੈਨ ਅਤੇ ਨਿਰਾਸ਼ ਹੈ।

## ਯੂਥ ਕਾਂਗਰਸ ਤਾਨਾਸ਼ਾਹੀ ਤਾਕਤ ਅੱਗੇ ਕਦੇ ਵੀ ਗੋਡੇ ਨਹੀਂ ਟੇਕੇਗੀ : ਚੱਢਾ, ਸਾਬੀ



**ਗੁਰਾਇਆ (ਬਿੰਦਰ ਸੁੰਮਨ)**: ਈ.ਡੀ ਵੱਲੋਂ ਨੈਸ਼ਨਲ ਹੇਰਾਲਡ ਕੇਸ ਵਿੱਚ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਵਿਰੁੱਧ ਚਾਰਜ ਸ਼ੀਟ ਦਾਖਲ ਕੀਤੇ ਜਾਣ ਨੂੰ ਲੈ ਕੇ ਦੇਸ਼ ਭਰ ਵਿੱਚ ਵਿਰੋਧ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਇਸੇ ਨੂੰ ਲੈ ਕੇ ਜਲੰਧਰ ਵਿਖੇ ਵੀ ਯੂਥ ਕਾਂਗਰਸ ਵੱਲੋਂ ਯੂਥ ਕਾਂਗਰਸ ਦੇ ਪੰਜਾਬ ਪ੍ਰਧਾਨ ਮੋਹਿਤ ਮੋਹਿੰਦਰਾ ਦੀ ਅਗਵਾਈ ਹੇਠ ਈ ਡੀ ਦਫ਼ਤਰ ਦੇ ਬਾਹਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਲਈ ਹਲਕਾ ਫਿਲੌਰ ਤੋਂ ਯੂਥ ਦਾ ਇੱਕ ਵੱਡਾ ਕਾਫ਼ਲਾ ਯੂਥ ਕਾਂਗਰਸ ਪੰਜਾਬ ਦੇ ਜਨਰਲ ਸੈਕਟਰੀ ਮਨਪ੍ਰੀਤ ਸਿੰਘ ਚੱਢਾ ਸੰਗ ਢੇਸੀਆਂ ਅਤੇ ਯੂਥ ਕਾਂਗਰਸ ਹਲਕਾ ਫਿਲੌਰ ਦੇ ਪ੍ਰਧਾਨ ਸੁਖਜੀਤ ਸਿੰਘ ਸਾਬੀ ਦੀ ਅਗਵਾਈ ਹੇਠ ਗੁਰਾਇਆ ਤੋ ਰਾਵਨਾ ਹੋਇਆ। ਇਸ ਮੌਕੇ ਬੋਲਦਿਆਂ ਜਨਰਲ ਸੈਕਟਰੀ ਮਨਪ੍ਰੀਤ ਸਿੰਘ ਚੱਢਾ ਸੰਗ ਢੇਸੀਆਂ ਅਤੇ ਯੂਥ ਕਾਂਗਰਸ ਹਲਕਾ ਫਿਲੌਰ ਦੇ ਪ੍ਰਧਾਨ ਸੁਖਜੀਤ ਸਿੰਘ ਸਾਬੀ ਤੋਂ ਇਲਾਵਾ ਹੋਰ ਬੁਲਾਰਿਆ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵਲੋਂ ਈ.ਡੀ ਦੀ ਆੜ 'ਚ ਮਾਨਯੋਗ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਉਪੱਰ ਝੂਠੀ ਕਾਰਵਾਈ ਕੀਤੀ ਜਾ ਰਹੀ ਹੈ ਜਿਸ ਨੂੰ ਯੂਥ ਕਾਂਗਰਸ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਕੇਂਦਰੀ ਏਜੰਸੀਆਂ ਦੀ ਦੁਰਵਰਤੋ ਕਰ ਰਹੀ ਹੈ,ਕਾਂਗਰਸ ਤਾਨਾਸ਼ਾਹੀ ਤਾਕਤ ਅੱਗੇ ਕਦੇ ਵੀ ਗੋਡੇ ਨਹੀਂ ਟੇਕੇਗੀ। ਇਸ ਮੌਕੇ ਨਰੇਸ਼ ਸੂਰਜਾ, ਗੁਰਮਿੰਦਰ ਸਿੰਘ ਢੇਸੀ, ਪ੍ਰਦੀਪ ਢੇਸੀ, ਮੰਨਾ ਢੇਸੀ, ਬਲਵੀਰ ਸਿੰਘ ਢੇਸੀ, ਹਰਸ਼ ਢੇਸੀ, ਕਰਨੀ ਢੇਸੀ, ਗੁਰਸਿਮਰਨ ਤੱਖਰ, ਹਰਮਨ ਰੁੜਕਾ ਕਲਾਂ, ਹਰਮਨ ਡੱਬ ਤੋਂ ਇਲਾਵਾ ਵੱਡੀ ਗਿਣਤੀ 'ਚ ਯੂਥ ਕਾਂਗਰਸ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

## ਚੱਬੇਵਾਲ 'ਚ ਸਿੱਖਿਆ ਢਾਂਚੇ ਨੂੰ ਮਿਲੀ ਮਜ਼ਬੂਤੀ : ਡਾ. ਈਸ਼ਾਂਕ ਕੁਮਾਰ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਚੱਬੇਵਾਲ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ 'ਸਿੱਖਿਆ ਕ੍ਰਾਂਤੀ ਦੇ ਨਾਲ ਬਦਲਦਾ ਪੰਜਾਬ' ਮੁਹਿੰਮ ਅਧੀਨ ਪਿੰਡ ਬਜਰਾਵਰ, ਪੱਟੀ, ਬੋਹਣ ਅਤੇ ਅਟਲਗੜ੍ਹ ਦੇ ਸਰਕਾਰੀ ਸਕੂਲਾਂ ਵਿੱਚ ਪੂਰੇ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਹ ਕਾਰਜ ਸਕੂਲਾਂ ਵਿੱਚ ਨਵੇਂ ਕਲਾਸਰੂਮ, ਚਾਰਦੀਵਾਰੀ ਅਤੇ ਹੋਰ ਆਧਾਰਭੂਤ ਢਾਂਚੇ ਦੇ ਨਿਰਮਾਣ ਨਾਲ ਸਬੰਧਤ ਸਨ, ਜਿਨ੍ਹਾਂ 'ਤੇ ਕੁੱਲ 84.47 ਲੱਖ ਰੁਪਏ ਦੀ ਲਾਗਤ ਆਈ।ਇਸ ਮੌਕੇ ਸਿੱਖਿਆ ਵਿਭਾਗ ਦੇ ਕਈ ਅਧਿਕਾਰੀ ਅਤੇ ਇਲਾਕੇ ਦੇ ਪਤਵੰਤੇ ਮੌਜੂਦ ਰਹੇ।ਪ੍ਰੋਗਰਾਮ ਦੌਰਾਨ ਵਿਧਾਇਕ ਡਾ. ਈਸ਼ਾਂਕ ਨੇ ਕਿਹਾ ਕਿ ਸਿੱਖਿਆ ਹੀ ਸਮਾਜ ਦੀ ਤਰੱਕੀ ਦੀ ਅਸਲੀ ਕੁੰਜੀ ਹੈ। ਉਨ੍ਹਾਂ ਕਿਹਾ ਕਿ ਸਾਡਾ ਟੀਚਾ ਹੈ ਕਿ ਹਰ ਬੱਚੇ ਨੂੰ ਸੁਰੱਖਿਅਤ ਅਤੇ ਵਧੀਆ ਸਿੱਖਿਆ ਵਾਲਾ ਵਾਤਾਵਰਣ ਮਿਲੇ। ਪਿੰਡਾਂ ਦੇ ਸਕੂਲਾਂ ਨੂੰ ਸਮਾਰਟ ਸਕੂਲ ਬਣਾਉਣ ਵੱਲ ਇਹ ਇੱਕ ਵੱਡਾ ਕਦਮ ਹੈ।ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਸਿੱਖਿਆ ਨਾਲ ਸਬੰਧਤ ਇਨ੍ਹਾਂ ਯਤਨਾਂ ਨੂੰ ਅੱਗੇ ਵੀ ਜਾਰੀ ਰੱਖਿਆ ਜਾਵੇਗਾ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਲਲਿਤਾ ਅਰੋੜਾ ਨੇ ਕਿਹਾ ਕਿ ਸਰਕਾਰ ਦੀ ਸਿੱਖਿਆ ਨੀਤੀ ਹੁਣ ਜ਼ਮੀਨੀ ਪੱਧਰ 'ਤੇ ਦਿਖਾਈ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਕੂਲਾਂ ਦੀ ਹਾਲਤ 'ਚ ਆਇਆ ਸੁਧਾਰ ਨਾ ਸਿਰਫ ਵਿਦਿਆਰਥੀਆਂ ਲਈ, ਸਗੋਂ ਮਾਪਿਆਂ ਲਈ ਵੀ ਭਰੋਸਾ ਜਮਾਉਣ ਵਾਲਾ ਹੈ।ਇਸ ਮੌਕੇ ਪ੍ਰਿੰਸੀਪਲ ਮ੍ਰਿਦੁਲਾ ਸ਼ਰਮਾ, ਪ੍ਰਿੰਸੀਪਲ ਭਾਰਤ ਭੂਸ਼ਣ, ਪ੍ਰਿੰਸੀਪਲ ਧਰਮਿੰਦਰ ਸ਼ਰਮਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਵਧੀਆ ਆਧਾਰਭੂਤ ਢਾਂਚੇ ਕਾਰਨ ਵਿਦਿਆਰਥੀਆਂ ਦੀ ਹਾਜ਼ਰੀ ਅਤੇ ਪੜ੍ਹਾਈ ਪ੍ਰਤੀ ਰੁਚੀ ਦੋਹਾਂ ਵਿੱਚ ਵਾਧਾ ਹੋਇਆ ਹੈ।ਇਸ ਮੌਕੇ ਡਾ. ਅਨਿਲ ਗੋਗਨਾ, ਜ਼ਿਲ੍ਹਾ ਕੋਆਰਡੀਨੇਟਰ ਰਜਨੀਸ਼ ਕੁਮਾਰ ਗੁਲਿਆਨੀ, ਰਮਨ ਕੁਮਾਰ, ਪ੍ਰਿੰਸੀਪਲ ਮਲਕੀਅਤ ਕੌਰ, ਮਨੀਸ਼ ਮੋਦਗਿਲ, ਹਰਕਮਲ ਕੌਰ, ਗੁਰਚਰਨ ਸਿੰਘ, ਰਾਜਿੰਦਰ ਭਾਟੀਆ, ਸੰਦੀਪ ਸੈਣੀ, ਸਿਕੰਦਰ ਪਾਲ, ਸਤਨਾਮ ਸਿੰਘ ਸਮੇਤ ਕਈ ਹੋਰ ਪਤਵੰਤੇ ਵੀ ਮੌਜੂਦ ਰਹੇ।

## ਸਬਸਿਡੀ ਤੇ ਮਸ਼ੀਨਰੀ ਦੀ ਖਰੀਦ ਕਰਨ ਵਾਸਤੇ ਅਰਜ਼ੀਆਂ ਦੇਣ ਦੀ ਅਪੀਲ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਸ਼੍ਰੀਮਤੀ ਕੋਮਲ ਮਿੱਤਲ ਡਿਪਟੀ ਕਮਿਸ਼ਨਰ, ਐਸ.ਏ.ਐਸ. ਨਗਰ ਨੇ ਜ਼ਿਲ੍ਹੇ ਦੇ ਕਿਸਾਨ ਵੀਰਾਂ ਨੂੰ ਸਾਉਣੀ 2025 ਦੌਰਾਨ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ ਸਬਸਿਡੀ ਤੇ ਮਸ਼ੀਨਰੀ ਦੀ ਖਰੀਦ ਕਰਨ ਵਾਸਤੇ (ਐਗਰੀ ਮਸ਼ੀਨਰੀ ਪੀ.ਬੀ.ਡਾਟ ਕਾਮ ਵੈਬ ਸਾਈਟ) ਰਾਹੀਂ ਅਰਜੀਆਂ ਦੇਣ ਲਈ ਅਪੀਲ ਕੀਤੀ ਹੈ।ਉਹਨਾਂ ਨੇ ਦੱਸਿਆ ਕਿ ਵਿਅਕਤੀਗਤ ਕਿਸਾਨਾਂ ਨੂੰ 50 ਪ੍ਰਤੀਸ਼ਤ ਸਬਸਿਡੀ ਅਤੇ ਕਿਸਾਨ ਗਰੁੱਪਾਂ, ਪੰਚਾਇਤਾਂ, ਅਤੇ ਸਹਿਕਾਰੀ ਸਭਾਵਾਂ ਨੂੰ 80 ਪ੍ਰਤੀਸ਼ਤ ਸਬਸਿਡੀ ਤੇ ਸੁਪਰਸੀਡਰ, ਬੇਲਰ, ਰੇਕ, ਕਰਾਪ ਰੀਪਰ, ਉਲਟਾਵੇ ਹਲ ਆਦਿ ਲਈ ਮਿਤੀ 22.04.2025 ਤੋਂ 12.05.2025 (ਸ਼ਾਮ 5.00 ਵਜੇ) ਤੱਕ ਸਰਕਾਰ ਵੱਲੋ ਆਨਲਾਈਨ ਬਿਨੈ ਪੱਤਰ ਦੇਣ ਲਈ ਮੰਗ ਕੀਤੀ ਗਈ ਹੈ। ਇਸ ਤੋਂ ਇਲਾਵਾ ਕਿਸਾਨਾਂ ਵੱਲੋ ਕਸਟਮ ਹਾਇਰਿੰਗ ਸੈਂਟਰ ਅਤੇ ਪੈਡੀ ਸਪਲਾਈ ਚੇਨ ਸੈਂਟਰ ਸਥਾਪਿਤ ਕਰਨ ਲਈ ਵੀ ਅਰਜ਼ੀਆ ਦੀ ਮੰਗ ਬਾਰੇ ਉਹਨਾਂ ਵੱਲੋਂ ਜਾਣਕਾਰੀ ਦਿੱਤੀ ਗਈ। ਉਹਨਾਂ ਨੇ ਕਿਸਾਨਾਂ ਨੂੰ ਸਕੀਮ ਸਬੰਧੀ ਵਧੇਰੇ ਜਾਣਕਾਰੀ ਲੈਣ ਲਈ ਵਿਭਾਗ ਦੀ ਸਾਈਟ ਜਾਂ ਆਪਣੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਧਿਕਾਰੀ ਦੇ ਦਫਤਰ ਨਾਲ ਸੰਪਰਕ ਕਰਨ ਲਈ ਵੀ ਕਿਹਾ।

## ਲੋਕ ਇਨਸਾਫ਼ ਮੰਚ ਤੇ ਜਨਤਕ ਜਥੇਬੰਦੀਆਂ ਵੱਲੋਂ ਥਾਣੇ ਦਾ ਘਿਰਾਓ



**ਫਿਲੌਰ (ਨਿਰਮਲ)**- ਥਾਣਾ ਮੁਖੀ ਵਲੋਂ ਲੋਕ ਇਨਸਾਫ਼ ਮੰਚ ਤੇ ਜਨਤਕ ਜਥੇਬੰਦੀਆਂ ਦੇ ਆਗੂਆਂ ਵਲੋਂ ਉਠਾਏ ਲੋਕਾਂ ਦੇ ਮਸਲਿਆਂ ਨੂੰ ਵਾਰ ਵਾਰ ਅਣਗੌਲਿਆਂ ਕਰਨ ਵਿਰੁੱਧ ਬੀਤੀ ਸਾਰੀ ਰਾਤ ਝੱਖੜ ਵਿੱਚ ਥਾਣਾ ਫਿਲੌਰ ਦਾ ਘਿਰਾਓ ਕੀਤਾ ਗਿਆ। ਧਰਨੇ ਦੀ ਅਗਵਾਈ ਕਾਮਰੇਡ ਜਰਨੈਲ ਫਿਲੌਰ ਤੇ ਕੁਲਦੀਪ ਫਿਲੌਰ ਨੇ ਸਾਂਝੇ ਤੌਰ 'ਤੇ ਕੀਤੀ।ਲੋਕ ਇਨਸਾਫ਼ ਮੰਚ ਦੇ ਆਗੂਆਂ ਮਾਸਟਰ ਹੰਸ ਰਾਜ, ਅਸ਼ੋਕ ਕੁਮਾਰ, ਸੰਦੀਪ ਕੁਮਾਰ, ਅਮਰਜੀਤ ਲਾਡੀ, ਹਨੀ ਸੰਤੋਖਪੁਰਾ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂ ਕਰਨੈਲ ਫਿਲੌਰ, ਜਮਹੂਰੀ ਕਿਸਾਨ ਸਭਾ ਦੇ ਸਰਬਜੀਤ ਗੋਗਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਅਜੇ ਫਿਲੌਰ, ਪੁਰਾਣੀ ਪੈਨਸ਼ਨ ਬਹਾਲੀ ਦੇ ਕੁਲਦੀਪ ਵਾਲੀਆ ਨੇ ਸੰਬੋਧਨ ਕੀਤਾ। ਇਸ ਮੌਕੇ ਆਗੂਆਂ ਨੇ ਸਾਰੇ ਥਾਣਾ ਮੁਖੀਆਂ 'ਤੇ ਇਲਜ਼ਾਮ ਲਗਾਇਆ ਕਿ ਲੋਕਾਂ ਦੇ ਮਸਲਿਆਂ ਨੂੰ ਲਗਾਤਾਰ ਦਰ ਕਿਨਾਰ ਕੀਤਾ ਜਾ ਰਿਹਾ ਹੈ। ਧਰਨੇ ਦੇ ਦਬਾਅ ਸਦਕਾ ਡੀ ਐਸ ਪੀ ਫਿਲੌਰ ਨਾਲ ਲਿਖਤੀ ਮੀਟਿੰਗ ਤੈਅ ਹੋਣ ਬਾਅਦ ਧਰਨਾ ਸਮਾਪਤ ਕੀਤਾ ਗਿਆ।ਡੀ ਐਸ ਪੀ ਦੀ ਮੀਟਿੰਗ ਦੌਰਾਨ ਜਰਨੈਲ ਫਿਲੌਰ, ਕੁਲਦੀਪ ਫਿਲੌਰ, ਪਰਸ਼ੋਤਮ ਫਿਲੌਰ,ਮਾਸਟਰ ਹੰਸ ਰਾਜ, ਡਾਕਟਰ ਅਸ਼ੋਕ ਕੁਮਾਰ, ਸੰਜੀਵ ਭੌਰਾ, ਅਮਰਜੀਤ ਲਾਡੀ, ਡਾਕਟਰ ਸੰਦੀਪ ਕੁਮਾਰ, ਸਰਬਜੀਤ ਸਿੰਘ ਗੋਗਾ, ਜਸਵੰਤ ਬੋਧ, ਸਰੂਪ ਕਲੇਰ,ਕਿਰਤੀ ਕਿਸਾਨ ਯੂਨੀਅਨ ਦੇ ਸੰਤੋਖ ਸਿੰਘ ਸੰਧੂ, ਪੇਂਡੂ ਮਜਦੂਰ ਯੂਨੀਅਨ ਦੇ ਹੰਸ ਰਾਜ ਪਬਮਾ ਆਦਿ ਨੇ ਹਿੱਸਾ ਲਿਆ।ਉਹਨਾਂ ਮੰਗ ਕੀਤੀ ਕਿ ਤਹਿਸੀਲ ਫਿਲੌਰ ਵਿੱਚ ਰਾਮਜੀ ਦਾਸ ਗੰਨਾ ਪਿੰਡ ਅਤੇ ਕੁਲਦੀਪ ਲੰਬਰਦਾਰ ਤੇ ਪਾਇਆ ਝੂਠਾ ਕੇਸ ਰੱਦ ਕੀਤਾ ਜਾਵੇ, ਪਿੰਡ ਕੰਗ ਅਰਈਆਂ ਦੀ ਉਮਿੰਦਰ ਜੀਤ ਕੌਰ ਪਤਨੀ ਜਗਜੀਤ ਸਿੰਘ ਦੀ ਦਰਖ਼ਾਸਤ 'ਤੇ ਕਾਰਵਾਈ ਕੀਤੀ ਜਾਵੇ, ਪਿੰਡ ਮੁਠੱਡਾ ਕਲਾਂ ਦੀ ਦਰਖ਼ਾਸਤ ਨਰਿੰਦਰ ਕੁਮਾਰ ਅਤੇ ਕਰਮਜੀਤ ਐੱਫ ਆਈ ਆਰ ਨੰਬਰ 0103 'ਤੇ ਕਾਰਵਾਈ ਕਰਕੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ, ਪਿੰਡ ਨਵਾਂ ਖੇਰਾ ਬੇਟ ਦੇ ਦਿਲਬਾਗ ਸਿੰਘ ਦੀ ਦਰਖ਼ਾਸਤ 'ਤੇ ਕਾਰਵਾਈ ਕੀਤੀ ਜਾਵੇ, ਪਿੰਡ ਅੱਟੀ ਦੇ ਸੈਫਬਾਦ ਦੇ ਬਾਗ਼ ਕੋਲ਼ ਹੋਈ ਲੁੱਟ ਖੋਹ ਦੀ ਕਾਰਵਾਈ ਕੀਤੀ ਜਾਵੇ, ਪਿੰਡ ਬਿਲਗਾ ਦੇ ਐਨ ਆਰ ਆਈ ਨਿਰਮਲ ਸਿੰਘ ਦੀ ਹੋਈ ਲੁੱਟ 'ਤੇ ਤਰੁੰਤ ਕਾਰਵਾਈ ਕੀਤੀ ਜਾਵੇ, ਪਿੰਡ ਗੰਨਾ ਪਿੰਡ ਦੇ ਠੇਕੇ ਦੀ ਵਾਅਦੇ ਮੁਤਾਬਿਕ ਜਗ੍ਹਾ ਤਬਦੀਲ ਕੀਤੀ ਜਾਵੇ ਆਦਿ। ਇਸ ਮੌਕੇ ਡੀ ਐਸ ਪੀ ਫਿਲੌਰ ਵਲੋਂ ਆਗੂਆਂ ਨੂੰ ਵਿਸ਼ਵਾਸ਼ ਦੁਆਇਆ ਕਿ ਸਾਰੇ ਮਸਲਿਆਂ ਦਾ ਨਿਪਟਾਰਾ ਕੀਤਾ ਜਾਵੇਗਾ।

## ਸਿੱਖਿਆ ਬੋਰਡ ਵੱਲੋਂ ਮਿੱਠੇ ਬੋਲਾਂ ਤੇ ਨੈਤਿਕ ਕਦਰਾਂ-ਕੀਮਤਾਂ ਦੀ ਅਲਖ ਜਗਾਉਣ ਦਾ ਹੋਕਾ



**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਅਤੇ ਪੰਜਾਬੀ ਭਾਸ਼ਾ ਦੇ ਨਿੱਗਰ ਵਿਕਾਸ ਲਈ ਕੀਤੇ ਦਾ ਰਹੇ ਅਣਥੱਕ ਯਤਨਾਂ ਨਾਲ ਹਮਕਦਮ ਹੁੰਦਿਆਂ, ਪੰਜਾਬ ਸਕੂਲ ਸਿੱਖਿਆ ਬੋਰਡ ਨੇ ਇੱਕ ਨਿਵੇਕਲੀ ਪਹਿਲ ਵਜੋਂ, ਸਮਾਜ ਦੇ ਆਮ ਵਰਤਾਰੇ ਵਿੱਚੋਂ ਪੰਜਾਬੀ ਬੋਲੀ ਦੀ ਮਿਠਾਸ ਅਤੇ ਪੰਜਾਬੀਆਂ ਦੀਆਂ ਨੈਤਿਕ ਕਦਰਾਂ - ਕੀਮਤਾਂ ਦੀ ਪੁਨਰ-ਸੁਰਜੀਤੀ ਲਈ ਉਪਰਾਲੇ ਅਰੰਭੇ ਹਨ।ਇਸੇ ਦਿਸ਼ਾ ਵਿੱਚ ਇੱਕ ਵਿਚਾਰ - ਚਰਚਾ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮੁੱਖ ਦਫ਼ਤਰ ਵਿੱਚ ਕਰਵਾਈ ਗਈ ਜਿਸ ਦੌਰਾਨ ਹੋਰ ਸੰਚਾਰ ਮਾਧਿਅਮਾਂ ਦੇ ਨਾਲ -ਨਾਲ ਸੋਸ਼ਲ ਮੀਡੀਆ ਦੇ ਜ਼ਰੀਏ ਵੀ ਪੰਜਾਬੀ ਵਿਦਿਆਰਥੀਆਂ ਤੇ ਨੌਜਵਾਨੀ ਵਿੱਚ ਸ਼ਾਨਾਂ-ਮੱਤੇ ਇਤਿਹਾਸ ਅਤੇ ਸੱਭਿਆਚਾਰ ਤੋਂ ਪ੍ਰੇਰਣਾ ਲੈ ਕੇ ਕਿਰਦਾਰਾਂ ਦੀ ਨਵ-ਉਸਾਰੀ ਕੀਤੇ ਜਾਣ ਦੀ ਲੋੜ ਦਾ ਵਿਚਾਰ ਉਭਰਕੇ ਸਾਹਮਣੇ ਆਇਆ ।ਇਸ ਪਹਿਲ ਦੇ ਰਹਿਨੁਮਾ ਤੇ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਆਈ ਏ ਐੱਸ (ਰਿਟਾ.) ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਗੁਰੂਆਂ-ਪੀਰਾਂ ਦੀ ਵਰੋਸਾਈ ਇਸ ਧਰਤ ਦੀ ਮਾਖਿਓਂ ਮਿੱਠੀ ਬੋਲੀ ਵਿੱਚ ਅੱਪ-ਭਾਸ਼ਾ ਦਾ ਰਲੇਵਾਂ ਸਾਨੂੰ ਇਸ ਪਾਸੇ ਸੁਧਾਰ ਕਰਨ ਵੱਲ ਨਿੱਗਰ ਕਦਮ ਪੁੱਟਣ ਲਈ ਮਜਬੂਰ ਕਰਦਾ ਹੈ।ਡਾ. ਅਮਰਪਾਲ ਸਿੰਘ ਨੇ ਨੈਤਿਕ ਸਿੱਖਿਆ ਅਤੇ ਪੰਜਾਬੀ ਭਾਸ਼ਾ ਦੇ ਖੇਤਰਾਂ ਵਿੱਚ ਕੀਤੇ ਜਾ ਰਹੇ ਬੋਰਡ ਦੇ ਕਾਰਜਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਉੱਘੀ ਲੇਖਕਾ, ਸ਼ਾਇਰਾ ਅਤੇ ਸਾਬਕਾ ਪ੍ਰੋਫ਼ੈਸਰ ਸ਼੍ਰੀਮਤੀ ਮਨਜੀਤ ਇੰਦਰਾ ਨੇ ਪੰਜਾਬੀ ਭਾਸ਼ਾ ਤੇ ਨੈਤਿਕ ਕਦਰਾਂ-ਕੀਮਤਾਂ ਨੂੰ ਲਾਗੂ ਕਰਨ ਦੇ ਨਾਲ-ਨਾਲ ਬੱਚਿਆਂ ਦੇ ਬੌਧਿਕ ਪੱਧਰ ਨੂੰ ਉੱਚਾ ਚੁੱਕਣ 'ਤੇ ਉਚੇਚਾ ਜ਼ੋਰ ਦਿੱਤਾ।ਐਟਰਨਲ ਯੂਨੀਵਰਸਿਟੀ ਸ੍ਰੀ ਬੜੂ ਸਾਹਿਬ ਦੇ ਵਾਈਸ ਚਾਂਸਲਰ ਡਾ. ਜਸਵਿੰਦਰ ਸਿੰਘ ਨੇ ਬੋਰਡ ਦੀ ਸਿੱਖਿਆ ਦੇ ਖੇਤਰ ਵਿੱਚ ਸਾਖ਼ ਅਤੇ ਦੇਣ ਤੋਂ ਇਲਾਵਾ ਦਸਤਾਵੇਜ਼ਾਂ ਦੀ ਪ੍ਰਮਾਣਿਕਤਾ 'ਤੇ ਚਾਨਣਾ ਪਾਉਂਦਿਆਂ ਤਬਦੀਲੀਆਂ ਦੇ ਹਾਣੀ ਬਣਨ ਤੇ ਇਤਿਹਾਸਕ ਸ਼ਾਨ ਕਾਇਮ ਰੱਖਣ ਦਾ ਹੋਕਾ ਦਿੱਤਾ। ਸਮਾਗਮ ਦੌਰਾਨ ਪੰਜਾਬ ਸਟੇਟ ਫੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਆਰੰਭੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਨੈਤਿਕ ਕਦਰਾਂ-ਕੀਮਤਾਂ ਨੂੰ ਵੱਖ-ਵੱਖ ਸੰਚਾਰ ਮਾਧਿਅਮਾਂ ਰਾਹੀਂ ਪ੍ਰਚਾਰੇ ਜਾਣ ਦਾ ਹੋਕਾ ਦਿੱਤਾ ਅਤੇ ਕਿਹਾ ਕਿ ਸਮਾਜਿਕ ਤਬਦੀਲੀਆਂ ਦੇ ਨਾਲ ਇੱਕਸੁਰ ਹੁੰਦਿਆਂ ਮੁੱਢਲੇ ਗੁਣਾਂ ਦਾ ਘਾਣ ਨਾ ਹੋਣ ਦੇਣਾ ਵਰਤਮਾਨ ਦੀ ਜ਼ਿੰਮੇਵਾਰੀ ਬਣਦੀ ਹੈ। ਉਨ੍ਹਾਂ ਸਿੱਖਿਆ ਬੋਰਡ ਦੇ ਉਪਰਾਲਿਆਂ ਨੂੰ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਦੇਣ ਦਾ ਵਾਅਦਾ ਕੀਤਾ। ਡਾ.ਜਸਵੀਰ ਸਿੰਘ ਪ੍ਰਿੰਸੀਪਲ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਨੇ ਆਪਣੇ ਸੰਬੋਧਨੀ ਸ਼ਬਦਾਂ ਵਿੱਚ ਪੰਜਾਬੀ ਭਾਸ਼ਾ ਤੇ ਨੈਤਿਕ ਕਦਰਾਂ-ਕੀਮਤਾਂ ਨੂੰ ਇੱਕ ਸਿੱਕੇ ਦੇ ਦੋ ਪਹਿਲੂ ਦੱਸਿਆ ਅਤੇ ਆਪਣੇ ਕਾਲਜ 'ਚ ਨੈਤਿਕ ਸਿੱਖਿਆ ਨੂੰ ਵਿਸ਼ੇ ਵਜੋਂ ਪੜ੍ਹਾਏ ਜਾਣ ਦੀ ਜਾਣਕਾਰੀ ਸਾਂਝੀ ਕੀਤੀ।ਵਿਚਾਰ-ਚਰਚਾ ਵਿੱਚ ਕੈਨੇਡਾ ਸਥਿਤ ਸੰਸਥਾ 'ਜਗਤ ਪੰਜਾਬੀ ਸਭਾ' ਨੇ ਵੀ ਆਪਣੇ ਮੁਖੀ ਅਜੈਬ ਸਿੰਘ ਚੱਠਾ ਦੇ ਵੀਡਿਓ ਕਲਿੱਪ ਰਾਹੀਂ ਸਵਾਗਤੀ ਸੰਬੋਧਨ ਅਤੇ ਬੋਰਡ ਦੇ ਉਪਰਾਲਿਆਂ ਵਿੱਚ ਸਹਿਯੋਗ ਦੇਣ ਦੇ ਵਾਅਦੇ ਨਾਲ ਸ਼ਿਰਕਤ ਕੀਤੀ।

## ਮੱਛੀ ਪਾਲਣ ਦੀਆਂ ਅੱਠ ਸੇਵਾਵਾਂ ਹਰਿਆਣਾ ਸੇਵਾ ਦਾ ਅਧਿਕਾਰ ਐਕਟ ਦੇ ਦਾਇਰੇ 'ਚ

**ਚੰਡੀਗੜ੍ਹ**- ਹਰਿਆਣਾ ਸਰਕਾਰ ਨੇ ਮੱਛੀ ਪਾਲਣ ਵਿਭਾਗ ਦੀਆਂ ਅੱਠ ਸੇਵਾਵਾਂ ਨੂੰ ਹਰਿਆਣਾ ਸੇਵਾ ਦਾ ਅਧਿਕਾਰ ਐਕਟ ਦੇ ਦਾਅਰੇ ਵਿੱਚ ਲਿਆਉਂਦੇ ਹੋਏ ਇਨ੍ਹਾਂ ਸੇਵਾਵਾਂ ਦੀ ਸਮੇਂ ਸੀਮਾ ਨਿਰਧਾਰਿਤ ਕੀਤੀ ਹੈ।ਮੁੱਖ ਸਕੱਤਰ ਅਨੁਰਾਗ ਰਸਤੋਗੀ ਵੱਲੋਂ ਇਸ ਸਬੰਧੀ ਇੱਕ ਨੋਟਿਫਿਕੇਸ਼ਨ ਜਾਰੀ ਕੀਤੀ ਗਈ ਹੈ। ਇਸ ਦੇ ਅਨੁਸਾਰ ਸਘਨ ਮੱਛੀ ਵਿਕਾਸ ਪ੍ਰੋਗਰਾਮ ਤਹਿਤ ਪੰਚਾਇਤੀ ਤਲਾਬਾਂ ਅਤੇ ਨਿੱਜੀ ਤਲਾਬਾਂ ਦੇ ਸੁਧਾਰ ਲਈ ਸਬਸਿਡੀ 40 ਦਿਨਾਂ ਅੰਦਰ ਮੁਹਈਆ ਕਰਵਾਈ ਜਾਵੇਗੀ।ਸਘਨ ਮੱਛੀ ਵਿਕਾਸ ਪ੍ਰੋਗਰਾਮ ਦੇ ਨਾਲ ਨਾਲ ਮੱਛੀ ਪਾਲਣ ਖੇਤਰ ਨਾਲ ਜੁੜੇ ਅਨੁਸੂਚਿਤ ਜਾਤਿ ਨਾਲ ਸਬੰਧਤ ਪਰਵਾਰਾਂ ਦੀ ਭਲਾਈ ਲਈ, ਮੱਛੀ ਜਾਂ ਮੱਛੀ ਉਤਪਾਦਾਂ ਦੀ ਬਿਕਰੀ ਲਈ ਰੇਹੜੀ ਸਮੇਤ ਸਟੋਵ/ਗੈਸ ਚੁੱਲ੍ਹਾ, ਬਰਤਨ ਆਦਿ 'ਤੇ ਸਬਸਿਡੀ, ਮੱਛੀ ਫੜਨ ਦੇ ਜਾਲ ਦੀ ਖਰੀਦ ਅਤੇ ਖਾਦ-ਖੁਰਾਕ 'ਤੇ ਸਬਸਿਡੀ ਵੀ 40 ਦਿਨਾਂ ਅੰਦਰ ਮੁਹਈਆ ਕਰਵਾਈ ਜਾਵੇਗੀ।ਇਸ ਦੇ ਇਲਾਵਾ ਕੇਵਲ ਫਿਸ਼ਿੰਗ ਰਾਡ ਨਾਲ ਮੱਛੀ ਫੜਨ ਦਾ ਲਾਇਸੈਂਸ ਤਿੰਨ ਦਿਨ ਅੰਦਰ ਜਾਰੀ ਕੀਤਾ ਜਾਵੇਗਾ।ਇਨ੍ਹਾਂ ਸਾਰੀਆਂ ਸੇਵਾਵਾਂ ਲਈ ਸਬੰਧਤ ਜ਼ਿਲ੍ਹੇ ਦੇ ਮੱਛੀ ਪਾਲਣ ਅਧਿਕਾਰੀ ਨੂੰ ਨਾਮਜਦ ਅਧਿਕਾਰੀ ਵੱਜੋਂ ਨਿਯੁਕਤ ਕੀਤਾ ਗਿਆ ਹੈ।

## ਇਨੋਸੈਂਟ ਹਾਰਟਸ ਸਕੂਲ 'ਚ 'ਐਮਬਰੇਸਿੰਗ ਹਿਸਟਰੀ ਸੈਲੀਬਰੇਟਿੰਗ ਡਾਇਵਰਸਿਟੀ' ਨਾਲ ਮਨਾਇਆ 'ਵਰਲਡ ਹੈਰੀਟੇਜ ਡੇ'



**ਜਲੰਧਰ (ਸ਼ੈਲੀ ਐਲਬਰਟ)** ਇੰਨੋਸੈਂਟ ਹਾਰਟਸ ਦੇ ਪੰਜਾਂ ਕੈਂਪਸਾਂ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਛਾਉਣੀ ਜੰਡਿਆਲਾ ਰੋਡ, ਨੂਰਪੁਰ ਅਤੇ ਕਪੂਰਥਲਾ ਰੋਡ) 'ਚ ਸੰਯੁਕਤ ਰਾਸ਼ਟਰ ਦੇ ਥੀਮ 'ਐਮਬਰੇਸਿੰਗ ਹਿਸਟਰੀ ਸੈਲੀਬਰੇਟਿੰਗ ਡਾਇਵਰਸਿਟੀ' ਦੇ ਤਹਿਤ ਵਿਸ਼ਵ ਵਿਰਾਸਤ ਦਿਵਸ ਮਨਾਉਣ ਲਈ ਇਕੱਠੇ ਹੋਏ, ਜੋ ਕਿ ਟਿਕਾਊ ਵਿਕਾਸ ਟੀਚਾ 4 (ਐਸ ਡੀ ਜੀ 4) ਵਿੱਚ ਦਰਸਾਏ ਗਏ ਸਮਾਵੇਸ਼ੀ, ਗੁਣਵੱਤਾ ਵਾਲੀ ਸਿੱਖਿਆ ਦੀ ਮਹੱਤਤਾ ਨੂੰ ਮਜ਼ਬੂਤ ਕਰਦੇ ਹਨ। ਪਹਿਲੀ ਤੋਂ ਦਸਵੀਂ ਜਮਾਤ ਦੇ ਵਿਦਿਆਰਥੀ ਕਈ ਤਰ੍ਹਾਂ ਦੀਆਂ ਰਚਨਾਤਮਕ, ਡਿਜੀਟਲ-ਸਾਖਰਤਾ-ਅਧਾਰਤ ਗਤੀਵਿਧੀਆਂ ਵਿੱਚ ਰੁੱਝੇ ਹੋਏ ਸਨ ਜਿਨ੍ਹਾਂ ਨੇ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਜੀਵਨ ਵਿੱਚ ਲਿਆਂਦਾ।ਦਿਵਸ ਸਮਾਰੋਹ ਦੇ ਮੁੱਖ ਗਤੀਵਿਧੀਆਂ , ਪਹਿਲੀ ਤੋਂ ਤੀਜੀ ਜਮਾਤ: 'ਸਾਡਾ ਦੇਸ਼, ਸਾਡੀ ਸ਼ਾਨ - ਅਦੁੱਤੀ ਭਾਰਤ' ਨੌਜਵਾਨ ਸਿਖਿਆਰਥੀਆਂ ਨੇ ਭਾਰਤ ਦੇ ਸਮਾਰਕਾਂ, ਤਿਉਹਾਰਾਂ ਅਤੇ ਲੋਕ ਪਰੰਪਰਾਵਾਂ ਨੂੰ ਪ੍ਰਦਰਸ਼ਿਤ ਕਰਦੇ ਹੋਏ ਜੀਵੰਤ ਪਾਵਰਪੁਆਇੰਟ ਸਲਾਈਡ ਸ਼ੋਅ ਦੇਖੇ। ਡਿਜੀਟਲ ਸਾਖਰਤਾ ਅਤੇ ਸਾਈਬਰ ਸੁਰੱਖਿਆ ਕਲੱਬ ਦੇ ਪੀਅਰ ਐਜੂਕੇਟਰਾਂ ਨੇ ਇੱਕ ਛੋਟੀ ਵੀਡੀਓ ਪੇਸ਼ਕਾਰੀ ਅਤੇ ਪੀਪੀਟੀ ਦਿੱਤੀ ਕਿ ਡਿਜੀਟਲ ਟੂਲ ਵਿਰਾਸਤ ਨੂੰ ਜ਼ਿੰਮੇਵਾਰੀ ਨਾਲ ਕਿਵੇਂ ਸੁਰੱਖਿਅਤ ਅਤੇ ਉਤਸ਼ਾਹਿਤ ਕਰ ਸਕਦੇ ਹਨ। ਗ੍ਰੇਡ 4-5 ਦੇ ਵਿਦਿਆਰਥੀਆਂ ਨੇ ਵਰਚੁਅਲ ਸਮਾਰਕ ਟੂਰ ਦੇਖੇ. ਕਸਟਮ ਵੀਡੀਓ ਕਲਿੱਪਾਂ ਰਾਹੀਂ, ਵਿਦਿਆਰਥੀਆਂ ਨੇ ਤਾਜ ਮਹਿਲ, ਲਾਲ ਕਿਲ੍ਹਾ ਅਤੇ ਹੰਪੀ ਵਰਗੇ ਸਥਾਨਾਂ ਦਾ ਦੌਰਾ ਕੀਤਾ। ਪੀਅਰ ਐਜੂਕੇਟਰਸ ਦੁਆਰਾ ਲਾਈਵ ਬਿਆਨ ਨੇ ਹਰੇਕ ਸਥਾਨ ਦੇ ਇਤਿਹਾਸ, ਆਰਕੀਟੈਕਚਰਲ ਅਜੂਬਿਆਂ ਅਤੇ ਵਿਜ਼ਿਟਿੰਗ ਜਾਣਕਾਰੀ ਨੂੰ ਉਜਾਗਰ ਕੀਤਾ। ਗ੍ਰੇਡ 7-8 ਦੇ ਵਿਦਿਆਰਥੀਆਂ ਲਈ ਇੱਕ ਵਿਦਿਅਕ ਯਾਤਰਾ ਦਾ ਆਯੋਜਨ ਕੀਤਾ ਗਿਆ। ਉਹ ਜੰਗ-ਏ-ਆਜ਼ਾਦੀ ਇੱਕ ਇਤਿਹਾਸਕ ਸਥਾਨ ਗਏ ਜਿੱਥੇ ਉਨ੍ਹਾਂ ਦੇ ਸਲਾਹਕਾਰ ਇਸਦੇ ਇਤਿਹਾਸਕ ਮਹੱਤਵ ਦੇ ਇੱਕ ਗਾਈਡਡ ਵਾਕ-ਥਰੂ ਵਿੱਚ ਸ਼ਾਮਲ ਸਨ।ਇੰਟਰ ਹਾਊਸ ਕੁਇਜ਼ ਵਿਸ਼ਵ ਵਿਰਾਸਤ ਸਥਾਨਾਂ, ਭਾਰਤੀ ਸੱਭਿਆਚਾਰਕ ਟ੍ਰਿਵੀਆ ਅਤੇ ਸੰਭਾਲ ਅਭਿਆਸਾਂ ਤੇ ਵਿਰਾਸਤ ਦਿਵਸ 'ਤੇ ਆਯੋਜਿਤ ਕੀਤਾ ਗਿਆ। ਜੇਤੂਆਂ ਨੂੰ 'ਹੈਰੀਟੇਜ ਚੈਂਪੀਅਨ' ਦਾ ਤਾਜ ਪਹਿਨਾਇਆ ਗਿਆ ਅਤੇ ਵਿਸ਼ੇਸ਼ ਸਰਟੀਫਿਕੇਟ ਪ੍ਰਦਾਨ ਕੀਤੇ ਗਏ।ਇੰਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ, ਡਾ. ਅਨੂਪ ਬੌਰੀ ਨੇ ਜ਼ਿਕਰ ਕੀਤਾ ਕਿ ਸਾਰੇ ਪੰਜ ਸਕੂਲ ਵਿਸ਼ਵ ਵਿਰਾਸਤ ਦਿਵਸ ਨੂੰ ਬਹੁਤ ਉਤਸ਼ਾਹ ਨਾਲ ਲੈ ਗਏ, ਸਾਡਾ ਉਦੇਸ਼ ਨਾ ਸਿਰਫ਼ ਵਿਦਿਆਰਥੀਆਂ ਨੂੰ ਸਾਡੇ ਅਤੀਤ ਬਾਰੇ ਸਿਖਾਉਣਾ ਸੀ, ਸਗੋਂ ਉਨ੍ਹਾਂ ਨੂੰ 21ਵੀਂ ਸਦੀ ਵਿੱਚ ਉਸ ਵਿਰਾਸਤ ਦੀ ਰੱਖਿਆ ਅਤੇ ਸਾਂਝਾ ਕਰਨ ਲਈ ਲੋੜੀਂਦੇ ਡਿਜੀਟਲ ਹੁਨਰਾਂ ਨਾਲ ਸਸ਼ਕਤ ਬਣਾਉਣਾ ਵੀ ਸੀ।

## ਤਨਜ਼ਾਨੀਆ ਦੇ ਵਿਦਿਆਰਥੀਆਂ ਨੇ ਆਰ ਬੀ ਯੂ ਵਿਖੇ ਤਾਪੀਸ਼ਾ ਦਿਵਸ ਮਨਾਇਆ



**ਮੋਹਾਲੀ, ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅੱਗਰਵਾਲ)** ਤਨਜ਼ਾਨੀਆ ਸਟੂਡੈਂਟਸ ਐਸੋਸੀਏਸ਼ਨ ਆਫ ਪੰਜਾਬ ਐਂਡ ਹਰਿਆਣਾ ਨੇ ਰਾਸ਼ਟਰਪਤੀ ਜੌਨ ਪੌਂਬੇ ਮਾਗੁਫੁਲੀ ਦੀ ਵਿਰਾਸਤ ਦਾ ਸਨਮਾਨ ਕਰਦੇ ਹੋਏ ਤਾਪੀਸ਼ਾ ਦਿਵਸ ਮਨਾਇਆ।ਇਸ ਐਸੋਸੀਏਸ਼ਨ ਦੇ ਮੈਂਬਰ ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਆਪਣੇ ਪਿਆਰੇ 5ਵੇਂ ਰਾਸ਼ਟਰਪਤੀ, ਡਾ. ਜੌਨ ਪੌਂਬੇ ਮਾਗੁਫੁਲੀ ਦੀ ਯਾਦ ਅਤੇ ਉਨ੍ਹਾਂ ਦੀ ਮੌਤ 'ਤੇ ਸ਼ੋਕ ਨੂੰ ਸਮਰਪਿਤ ਤਪੀਸ਼ਾ ਦਿਵਸ ਮਨਾਉਣ ਲਈ ਇਕੱਠੇ ਹੋਏ।ਇਹ ਦਿਨ ਉਨ੍ਹਾਂ ਦੀ ਲੀਡਰਸ਼ਿਪ, ਵਿਰਾਸਤ ਅਤੇ ਤਨਜ਼ਾਨੀਆ ਤੇ ਉਨ੍ਹਾਂ ਦੇ ਡੂੰਘੇ ਪ੍ਰਭਾਵ ਦੇ ਪ੍ਰਤੀਬਿੰਬ ਵਜੋਂ ਖੜ੍ਹਾ ਹੈ।ਡੀਨ ਅਕਾਦਮਿਕ ਮਾਮਲੇ ਡਾ. ਸਤੀਸ਼ ਕੁਮਾਰ ਬਾਂਸਲ ਨੇ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਇਸ ਮਹੱਤਵਪੂਰਨ ਦਿਨ ਨੂੰ ਮਨਾਉਣ ਅਤੇ ਆਪਣੇ ਪੂਰਵ ਰਾਸ਼ਟਰਪਤੀਆਂ ਦੀ ਵਿਰਾਸਤ ਨੂੰ ਸਨਮਾਨਿਤ ਕਰਨ ਦੀ ਭਾਵਨਾ ਦੀ ਸਰਾਹਨਾ ਕੀਤੀ।ਕੋਆਰਡੀਨੇਟਰ ਮਾਈਕਲ ਨੇ ਰਿਆਤ ਬਾਹਰਾ ਯੂਨੀਵਰਸਿਟੀ ਦਾ ਆਪਣੇ ਅੰਤਰਰਾਸ਼ਟਰੀ ਵਿਦਿਆਰਥੀਆਂ ਦੇ ਮੁੱਲਾਂ ਅਤੇ ਵਿਸ਼ਵਾਸਾਂ ਦਾ ਸਤਿਕਾਰ ਕਰਨ ਅਤੇ ਉਨ੍ਹਾਂ ਨੂੰ ਇਹ ਦਿਨ ਮਨਾਉਣ ਦੀ ਇਜਾਜ਼ਤ ਦੇਣ ਲਈ ਧੰਨਵਾਦ ਕੀਤਾ। ਅੰਤਰਰਾਸ਼ਟਰੀ ਮਾਮਲਿਆਂ ਦੀ ਡਾਇਰੈਕਟਰ ਡਾ. ਸਿਮਰਜੀਤ ਕੌਰ ਨੇ ਦੱਸਿਆ ਕਿ ਐਸੋਸੀਏਸ਼ਨ ਨੇ ਜ਼ਾਂਜ਼ੀਬਾਰ ਦੇ ਪਹਿਲੇ ਰਾਸ਼ਟਰਪਤੀ ਸ਼ੇਖ ਅਬੇਦ ਅਮਾਨੀ ਕਰੂਮੇ ਦੀ ਵਿਰਾਸਤ ਨੂੰ ਵੀ ਸਨਮਾਨਿਤ ਕੀਤਾ, ਜੋ ਉਨ੍ਹਾਂ ਦੀ ਲੀਡਰਸ਼ਿਪ, ਆਜ਼ਾਦੀ ਲਈ ਯੋਗਦਾਨ ਅਤੇ ਤਨਜ਼ਾਨੀਆ ਦੀ ਏਕਤਾ ਲਈ ਕੀਤੇ ਗਏ ਉਪਕਾਰਾਂ ਲਈ ਯਾਦਗਾਰ ਹੈ। ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਰਿਆਤ ਬਾਹਰਾ ਯੂਨੀਵਰਸਿਟੀ 50 ਤੋਂ ਵੱਧ ਦੇਸ਼ਾਂ ਦੇ ਵਿਦਿਆਰਥੀਆਂ ਨੂੰ ਗੁਣਵੱਤਾਪੂਰਕ ਸਿੱਖਿਆ ਪ੍ਰਦਾਨ ਕਰਦਿਆਂ ਉਨ੍ਹਾਂ ਦੇ ਕਰੀਅਰ ਨਿਰਮਾਣ 'ਚ ਯੋਗਦਾਨ ਪਾ ਰਹੀ ਹੈ।ਇਸ ਦੌਰਾਨ ਫੁੱਟਬਾਲ ਮੈਚ ਵੀ ਹੋਏ। ਸਿਟੀ ਯੂਨੀਵਰਸਿਟੀ ਦੀ ਟੀਮ ਨੇ ਫੁੱਟਬਾਲ ਮੈਚ ਜਿੱਤਿਆ ਅਤੇ ਉਸ ਨੂੰ ਮੈਡਲ ਅਤੇ ਟਰਾਫੀ ਨਾਲ ਸਨਮਾਨਿਤ ਕੀਤਾ ਗਿਆ।

## ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਮਹਾਂਮਾਈ ਦੀ ਚੌਂਕੀ ਕਰਵਾਈ



**ਸ਼ਾਹਕੋਟ (ਗਿਆਨ ਸੈਦਪੁਰੀ)** ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਪਿੰਡ ਸੋਹਲ ਖਾਲਸਾ ਵਿੱਚ ਮਾਂ ਭਗਵਤੀ ਦੀ ਚੌਂਕੀ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਸੰਸਥਾਨ ਦੇ ਸੰਚਾਲਕ ਅਤੇ ਸੰਸਥਾਪਕ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ ਮਹਾਤਮਾ ਸੁਨੀਲ ਨੇ ਮਾਂ ਦੀ ਮਹਿਮਾ ਦਾ ਗੁਣਗਾਨ ਕਰਦਿਆਂ ਕਿਹਾ ਕਿ ਸੈਂਕੜੇ ਸਾਲ ਪਹਿਲਾਂ ਮਧੁ-ਕੈਟਭ, ਮਹਿਸ਼ਾਸੁਰ, ਚੰਡ-ਮੁੰਡ ਆਦਿ ਨਾਮਾਂ ਵਾਲੇ ਦੈਂਤ ਬਣੇ ਸਨ।ਉਨ੍ਹਾਂ ਦੇ ਸੰਹਾਰ ਲਈ ਦੈਵੀ ਸ਼ਕਤੀਆਂ ਨੂੰ ਮਹਿਸ਼ਾਸੁਰਮਰਦਿਨੀ ਆਦਿ ਰੂਪਾਂ ਵਿੱਚ ਪ੍ਰਗਟ ਹੋਣਾ ਪਿਆ।ਸਮਰ ਸਜੇ, ਰਣਭੇਰੀਆਂ ਵੱਜੀਆਂ, ਰਕਤਪਾਤ ਹੋਇਆ ਅਤੇ ਉਨ੍ਹਾਂ ਦਾਨਵਾਂ ਦਾ ਨਾਸ਼ ਕੀਤਾ ਗਿਆ।ਅੱਜ ਦੇ ਸਮਾਜ ਵਿੱਚ ਵੀ ਚੰਡ-ਮੁੰਡ ਵਰਗੇ ਦਾਨਵ ਖੁੱਲ੍ਹੇ ਤੌਰ 'ਤੇ ਘੁੰਮ ਰਹੇ ਹਨ।ਰਕਤਬੀਜ ਵਰਗੇ ਆਤੰਕੀ, ਜਿਨ੍ਹਾਂ ਵਿੱਚੋਂ ਇੱਕ ਮਰਦਾ ਹੈ ਤਾਂ ਸੈਂਕੜੇ ਹੋਰ ਜਨਮ ਲੈ ਲੈਂਦੇ ਹਨ।ਮਧੁ-ਕੈਟਭ ਵਰਗੇ ਭ੍ਰਿਸ਼ਟਾਚਾਰੀ ਅਤੇ ਸਵਾਰਥੀ ਸੱਤਾਧਾਰੀ ਸਮਾਜ ਨੂੰ ਪਤਨ ਵੱਲ ਧਕੇਲ ਰਹੇ ਹਨ।ਇਨ੍ਹਾਂ ਦਾ ਸੰਹਾਰ ਕਰਨ ਲਈ ਅੱਜ ਵੀ ਦਿਵਯ ਸ਼ਕਤੀ ਦੇ ਪ੍ਰਗਟ ਹੋਣ ਦੀ ਲੋੜ ਹੈ।ਮਹਾਤਮਾ ਸੁਨੀਲ ਨੇ ਦੱਸਿਆ ਕਿ ਮਨ ਦੇ ਅੰਦਰ ਉਠਣ ਵਾਲੇ ਕੁਵਿਚਾਰ ਹੀ ਦੈਂਤਾਂ ਦੇ ਸਮਾਨ ਹਨ। ਦਿਵਿਆ ਸ਼ਕਤੀਆਂ ਵੀ ਮਨੁੱਖ ਦੇ ਅੰਦਰ ਹੀ ਸੁੱਤ ਹਾਲਤ ਵਿੱਚ ਮੌਜੂਦ ਹਨ। ਇਨ੍ਹਾਂ ਨੂੰ ਜਾਗਰਿਤ ਕਰਨ ਦੀ ਲੋੜ ਹੈ।ਇਹ ਸਾਰੀ ਸ੍ਰਿਸ਼ਟੀ ਦੀਆਂ ਸ਼ਕਤੀਆਂ ਜਗਾਉਣ ਵਾਲੀ ਤਾਕਤ ਸ੍ਰੀ ਸਤਿਗੁਰੂ ਦੇਵ ਹੀ ਹੁੰਦੇ ਹਨ, ਕਿਉਂਕਿ ਜਦੋਂ ਪੂਰਨ ਗੁਰੂ ਸਾਨੂੰ ਬ੍ਰਹਮ ਗਿਆਨ ਦੇ ਕੇ ਦੀਖਸ਼ਿਤ ਕਰਦੇ ਹਨ, ਤਦ ਹੀ ਉਹ ਸਾਨੂੰ ਅੰਦਰਲੀ ਦੁਨੀਆਂ ਵਿੱਚ ਲੁਕੀਆਂ ਹੋਈਆਂ ਦਿਵਯ ਸ਼ਕਤੀਆਂ ਦਾ ਦਰਸ਼ਨ ਕਰਾਉਂਦੇ ਹਨ ਅਤੇ ਉਨ੍ਹਾਂ ਨੂੰ ਜਾਗਰਿਤ ਕਰਦੇ ਹਨ।ਇਸ ਤਰ੍ਹਾਂ ਸ਼ਕਤੀਸ਼ਾਲੀ, ਜਾਗਰਿਤ ਸਾਧਕ ਹੀ ਆਪਣੇ ਗਿਆਨ ਦੇ ਤੇਜ ਨਾਲ ਸਮਾਜ ਵਿੱਚ ਫੈਲ ਰਹੀਆਂ ਆਸੁਰੀ ਸ਼ਕਤੀਆਂ ਦਾ ਸੰਹਾਰ ਕਰ ਸਕਦੇ ਹਨ ਅਤੇ ਨਵ ਯੁਗ ਦਾ ਨਿਰਮਾਣ ਕਰ ਸਕਦੇ ਹਨ।